12-JUNE-PAGE-1.qxd 6/11/2023 9:10 PM Page 1

ਸੋਮਵਾਰ, 12 ਜੂਨ, 2023
29 ਜੇਠ { ਨਾਨਕਸ਼ਾਹੀ 555 / ਬਿਕਰਮੀ 2080 }
ਜਿਲਦ/VOL. : 72
ਅੰਕ/NO. : 11

# ਨਵਾਂ ਜ਼ਮਾਨਾ

DAILY NAWAN ZAMANA • MONDAY, 12 JUNE, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਕੈਨੇਡਾ ਤੋਂ ਰਾਹਤ ਭਰੀ ਖਬਰ

**ਨਵੀਂ ਦਿੱਲੀ :** ਸਰਕਾਰੀ ਸੂਤਰਾਂ ਨੇ ਐਤਵਾਰ ਕਿਹਾ ਕਿ ਕੈਨੇਡਾ 'ਚ ਜਾਲ੍ਹੀ ਦਾਖਲਾ ਪੱਤਰਾਂ ਦੀ ਵਰਤੋਂ ਕਰਕੇ ਵੀਜ਼ਾ ਪ੍ਰਾਪਤ ਕਰਨ ਦੇ ਦੋਸ਼ 'ਚ ਜਿਨ੍ਹਾਂ ਵਿਦਿਆਰਥੀਆਂ ਸਿਰ ਡਿਪੋਰਟ ਕੀਤੇ ਜਾਣ ਦੀ ਤਲਵਾਰ ਲਟਕ ਰਹੀ ਸੀ, ਉਨ੍ਹਾਂ ਵਿਚੋਂ ਕੁਝ ਭਾਰਤੀ ਵਿਦਿਆਰਥੀਆਂ ਨੂੰ ਕੈਨੇਡੀਅਨ ਅਧਿਕਾਰੀਆਂ ਤੋਂ 'ਸਟੇਅ ਆਰਡਰ' ਪ੍ਰਾਪਤ ਹੋਏ ਹਨ। ਯਾਦ ਰਹੇ ਕਿ ਭਾਰਤ ਵੱਲੋਂ ਕੈਨੇਡੀਅਨ ਅਧਿਕਾਰੀਆਂ ਨੂੰ ਨਿਰਪੱਖ ਅਤੇ ਮਾਨਵਤਾਵਾਦੀ ਪਹੁੰਚ ਅਪਣਾਉਣ ਦੀ ਲਗਾਤਾਰ ਅਪੀਲ ਕੀਤੀ ਜਾ ਰਹੀ ਹੈ, ਕਿਉਂਕਿ ਵਿਦਿਆਰਥੀ ਕਥਿਤ ਤੌਰ 'ਤੇ ਕੁਝ ਏਜੰਟਾਂ ਵੱਲੋਂ ਕੀਤੀ ਧੋਖਾਧੜੀ ਦਾ ਸ਼ਿਕਾਰ ਹਨ। ਸੂਤਰਾਂ ਨੇ ਕਿਹਾ ਕਿ ਕੈਨੇਡਾ ਤੋਂ ਵਾਪਸ ਉਨ੍ਹਾਂ ਦੇ ਮੁਲਕ ਭੇਜੇ ਜਾਣ ਵਾਲੇ ਭਾਰਤੀ ਵਿਦਿਆਰਥੀਆਂ, ਜਿਨ੍ਹਾਂ ਵਿਚੋਂ ਬਹੁਤੇ ਪੰਜਾਬ ਨਾਲ ਸੰਬੰਧਤ ਹਨ, ਦੀ ਗਿਣਤੀ 700 ਤੋਂ ਕਿਤੇ ਘੱਟ ਹੈ। ਸੂਤਰਾਂ ਮੁਤਾਬਕ ਇਨ੍ਹਾਂ ਵਿੱਚੋਂ ਬਹੁਤੇ ਵਿਦਿਆਰਥੀ 2017-2019 ਦੇ ਅਰਸੇ ਦੌਰਾਨ ਕੈਨੇਡਾ ਗਏ ਸਨ। ਇਨ੍ਹਾਂ ਵਿਚੋਂ ਕੁਝ ਵਿਦਿਆਰਥੀਆਂ ਨੂੰ ਪੜ੍ਹਾਈ ਪੂਰੀ ਕਰਨ ਮਗਰੋਂ ਵਰਕ ਪਰਮਿਟ ਮਿਲ ਗਏ ਸਨ, ਜਦੋਂਕਿ ਬਾਕੀ ਕੈਨੇਡਾ 'ਚ ਪੜ੍ਹਾਈ ਕਰ ਰਹੇ ਸਨ।

## ਇੰਟਰਨੈੱਟ ਸੇਵਾਵਾਂ 'ਤੇ ਰੋਕ ਵਧੀ

**ਇੰਫਾਲ :** ਮਨੀਪੁਰ ਸਰਕਾਰ ਨੇ ਹਿੰਸਾ ਦੇ ਝੰਬੇ ਸੂਬੇ ਵਿਚ ਇੰਟਰਨੈੱਟ ਸੇਵਾਵਾਂ 'ਤੇ ਲੱਗੀ ਪਾਬੰਦੀ 15 ਜੂਨ ਤੱਕ ਵਧਾ ਦਿੱਤੀ ਹੈ। ਅਧਿਕਾਰਤ ਰਿਲੀਜ਼ ਮੁਤਾਬਕ ਝੂਠੀਆਂ ਖਬਰਾਂ, ਅਫਵਾਹਾਂ ਤੇ ਸੋਸ਼ਲ ਮੀਡੀਆ ਮੰਚਾਂ ਜ਼ਰੀਏ ਗਲਤ ਜਾਣਕਾਰੀ ਦੇ ਪ੍ਰਚਾਰ-ਪਾਸਾਰ ਨੂੰ ਰੋਕਣ ਲਈ ਇੰਟਰਨੈੱਟ ਸੇਵਾਵਾਂ 'ਤੇ ਲੱਗੀ ਪਾਬੰਦੀ ਪੰਜ ਹੋਰ ਦਿਨਾਂ ਲਈ ਵਧਾਈ ਗਈ ਹੈ। ਬਿਆਨ ਮੁਤਾਬਕ ਪਾਬੰਦੀ 15 ਜੂਨ ਸ਼ਾਮ 3 ਵਜੇ ਤੱਕ ਜਾਰੀ ਰਹੇਗੀ। ਇਸ ਦੌਰਾਨ ਮਨੀਪੁਰ ਦੇ ਸੂਚਨਾ ਅਤੇ ਲੋਕ ਸੰਪਰਕ ਮੰਤਰੀ ਡਾ. ਸਪਮ ਰੰਜਨ ਨੇ ਸ਼ਨੀਵਾਰ ਕਿਹਾ ਕਿ ਰਾਜ ਦੇ ਕਿਸੇ ਵੀ ਹਿੱਸੇ ਤੋਂ ਪਿਛਲੇ 24 ਘੰਟਿਆਂ 'ਚ ਕੋਈ ਅਣਸੁਖਾਵੀਂ ਘਟਨਾ ਦੀ ਰਿਪੋਰਟ ਨਹੀਂ ਮਿਲੀ, ਜੋ ਰਾਜ 'ਚ ਅਮਨ ਬਹਾਲੀ ਦਾ ਸੰਕੇਤ ਹੈ।

## ਮੰਗਲ ਢਿੱਲੋਂ ਦਾ ਦੇਹਾਂਤ



**ਲੁਧਿਆਣਾ :** ਕੈਂਸਰ ਦੀ ਬਿਮਾਰੀ ਨਾਲ ਜੂਝ ਰਹੇ ਅਦਾਕਾਰ ਤੇ ਫਿਲਮਸਾਜ਼ ਮੰਗਲ ਢਿੱਲੋਂ (64) ਨੇ ਐਤਵਾਰ ਇੱਥੋਂ ਦੇ ਹਸਪਤਾਲ 'ਚ ਆਖਰੀ ਸਾਹ ਲਏ। ਫਰੀਦਕੋਟ ਜ਼ਿਲ੍ਹੇ ਨਾਲ ਸੰਬੰਧ ਰੱਖਣ ਵਾਲੇ ਢਿੱਲੋਂ ਨੇ ਦੂਰਦਰਸ਼ਨ ਤੇ ਰੇਡੀਓ 'ਤੇ ਕਈ ਨਾਟਕ ਖੇਡੇ। ਫਿਰ ਉਨ੍ਹਾ ਨਵੀਂ ਦਿੱਲੀ ਤੇ ਮੁੰਬਈ 'ਚ ਕੁਝ ਕਮਰਸ਼ੀਅਲ ਵੁਆਇਸ ਓਵਰ ਵੀ ਕੀਤੇ। 1987 'ਚ ਉਨ੍ਹਾ ਨੂੰ ਰਮੇਸ਼ ਸਿੱਪੀ ਦੇ ਟੀ ਵੀ ਲੜੀਵਾਰ 'ਬੁਨਿਆਦ' ਵਿਚ ਲੁਭਾਇਆ ਰਾਮ ਦਾ ਕਿਰਦਾਰ ਮਿਲਿਆ, ਜਿਸ ਨੇ ਮੁੰਬਈ ਫਿਲਮ ਤੇ ਟੈਲੀਵਿਜ਼ਨ ਸਨਅਤ 'ਚ ਉਨ੍ਹਾ ਦੀ ਨੀਂਹ ਰੱਖੀ। 'ਬੁਨਿਆਦ' ਮਗਰੋਂ ਉਨ੍ਹਾ 25-30 ਹਿੰਦੀ ਫਿਲਮਾਂ ਤੇ ਟੀ ਵੀ ਲੜੀਵਾਰਾਂ 'ਚ ਕੰਮ ਕੀਤਾ, ਜਿਨ੍ਹਾਂ ਵਿਚ 'ਯੁਗਾਂਤਰ', 'ਲਕਸ਼ਮਣ ਰੇਖਾ', 'ਨਿਸ਼ਾਨਾ', 'ਵਿਸ਼ਵਾਤਮਾ', 'ਖ਼ੂਨ ਭਰੀ ਮਾਂਗ' ਤੇ 'ਆਜ਼ਾਦ ਦੇਸ਼ ਕੇ ਗੁਲਾਮ' ਤੋਂ ਇਲਾਵਾ 'ਜਨੂੰਨ' ਤੇ 'ਪੈਂਥਰ' ਜਿਹੇ ਲੜੀਵਾਰ ਵੀ ਸ਼ਾਮਲ ਹਨ।

## ਅੰਮ੍ਰਿਤਸਰ ਤੋਂ ਅਹਿਮਦਾਬਾਦ ਲਈ ਉੱਡਿਆ ਜਹਾਜ਼ ਗੁੱਜਰਾਂਵਾਲਾ ਪੁੱਜ ਗਿਆ

**ਇਸਲਾਮਾਬਾਦ :** ਇੰਡੀਗੋ ਏਅਰਲਾਈਨਜ਼ ਦੀ ਅੰਮ੍ਰਿਤਸਰ ਤੋਂ ਅਹਿਮਦਾਬਾਦ ਜਾ ਰਹੀ ਉਡਾਣ ਖਰਾਬ ਮੌਸਮ ਕਰਕੇ ਰਾਹ ਭਟਕਣ ਨਾਲ ਲਾਹੌਰ ਨਜ਼ਦੀਕ ਪਾਕਿਸਤਾਨ ਦੇ ਹਵਾਈ ਖੇਤਰ 'ਚ ਦਾਖਲ ਹੋਣ ਮਗਰੋਂ ਗੁੱਜਰਾਂਵਾਲਾ ਤੱਕ ਗਈ ਤੇ ਬਿਨਾਂ ਕਿਸੇ ਹਾਦਸੇ ਦੇ ਭਾਰਤੀ ਹਵਾਈ ਖੇਤਰ 'ਚ ਪਰਤ ਆਈ। ਰੋਜ਼ਨਾਮਾ 'ਡਾਅਨ' ਨੇ ਆਪਣੀ ਇਕ ਰਿਪੋਰਟ ਵਿਚ ਕਿਹਾ ਕਿ ਫਲਾਈਟ ਰਡਾਰ ਮੁਤਾਬਕ ਭਾਰਤੀ ਜਹਾਜ਼ ਸਨਿੱਚਰਵਾਰ ਰਾਤ ਸਾਢੇ ਸੱਤ ਵਜੇ ਦੇ ਕਰੀਬ 454 ਨੌਟਸ ਦੀ ਜ਼ਮੀਨੀ ਰਫਤਾਰ ਨਾਲ ਲਾਹੌਰ ਦੇ ਉੱਤਰੀ ਹਵਾਈ ਖੇਤਰ 'ਚ ਦਾਖਲ ਹੋਇਆ ਤੇ 8:01 ਵਜੇ ਵਾਪਸ ਭਾਰਤ ਪਰਤ ਗਿਆ। ਉਧਰ ਇੰਡੀਗੋ ਏਅਰਲਾਈਨਜ਼ ਨੇ ਅਜੇ ਤੱਕ ਇਸ ਬਾਰੇ ਕੋਈ ਅਧਿਕਾਰਤ ਟਿੱਪਣੀ ਨਹੀਂ ਕੀਤੀ।

## ਲੋਕਾਂ ਦਾ ਵਿਸ਼ਵਾਸ ਹੀ ਸਭ ਤੋਂ ਵੱਡਾ ਅਸਾਸਾ : ਪਾਇਲਟ



**ਦੌਸਾ :** ਰਾਜਸਥਾਨ ਦੇ ਬਾਗੀ ਕਾਂਗਰਸੀ ਆਗੂ ਸਚਿਨ ਪਾਇਲਟ ਨੇ ਐਤਵਾਰ ਕਿਹਾ ਕਿ ਲੋਕਾਂ ਦਾ ਵਿਸ਼ਵਾਸ ਹੀ ਉਨ੍ਹਾ ਲਈ ਸਭ ਤੋਂ ਵੱਡਾ ਅਸਾਸਾ ਹੈ। ਪਾਇਲਟ ਨੇ ਕਿਹਾ ਕਿ ਉਹ ਲੋਕਾਂ ਨੂੰ ਇਨਸਾਫ ਦਿਵਾਉਣ ਲਈ ਵਿੱਢੀ ਲੜਾਈ ਜਾਰੀ ਰੱਖਣਗੇ ਤੇ ਆਪਣੀਆਂ ਮੰਗਾਂ ਤੋਂ ਪਿੱਛੇ ਨਹੀਂ ਹਟਣਗੇ। ਪਾਇਲਟ ਵਸੁੰਧਰਾ ਰਾਜੇ ਦੀ ਅਗਵਾਈ ਵਾਲੀ ਪਿਛਲੀ ਭਾਜਪਾ ਸਰਕਾਰ ਖਿਲਾਫ ਭ੍ਰਿਸ਼ਟਾਚਾਰ ਦੇ ਦੋਸ਼ਾਂ ਨੂੰ ਲੈ ਕੇ ਕੋਈ ਕਾਰਵਾਈ ਨਾ ਕੀਤੇ ਜਾਣ 'ਤੇ ਆਪਣੀ ਹੀ ਪਾਰਟੀ ਦੀ ਅਸ਼ੋਕ ਗਹਿਲੋਤ ਸਰਕਾਰ ਨੂੰ ਨਿਸ਼ਾਨਾ ਬਣਾਉਂਦੇ ਰਹੇ ਹਨ। ਪਾਇਲਟ ਆਪਣੇ ਪਿਤਾ ਤੇ ਸਾਬਕਾ ਕੇਂਦਰੀ ਮੰਤਰੀ ਰਾਜੇਸ਼ ਪਾਇਲਟ ਦੀ ਬਰਸੀ ਮੌਕੇ ਗੁੱਜਰ ਹੋਸਟਲ 'ਚ ਉਨ੍ਹਾ ਦੇ ਬੁੱਤ ਤੋਂ ਪਰਦਾ ਚੁੱਕਣ ਮਗਰੋਂ ਰੈਲੀ ਨੂੰ ਸੰਬੋਧਨ ਕਰ ਰਹੇ ਸਨ। ਚਰਚੇ ਸਨ ਕਿ ਪਾਇਲਟ ਨਵੀਂ ਪਾਰਟੀ ਬਣਾਉਣ ਦਾ ਐਲਾਨ ਕਰ ਸਕਦੇ ਹਨ, ਪਰ ਉਨ੍ਹਾ ਵੱਲੋਂ ਅਜਿਹਾ ਕੋਈ ਐਲਾਨ ਨਾ ਕੀਤੇ ਜਾਣ ਨਾਲ ਕਾਂਗਰਸ ਹਾਈਕਮਾਨ ਨੇ ਸੁੱਖ ਦਾ ਸਾਹ ਲਿਆ ਹੋਵੇਗਾ। ਰਾਜਸਥਾਨ ਅਸੰਬਲੀ ਚੋਣਾਂ ਛੇ ਮਹੀਨਿਆਂ ਤੱਕ ਹੋਣ ਵਾਲੀਆਂ ਹਨ।

# ਭਾਰਤ ਨੇ ਮਹਿਲਾ ਜੂਨੀਅਰ ਹਾਕੀ ਏਸ਼ੀਆ ਕੱਪ ਜਿੱਤਿਆ



**ਕਾਕਾਮੀਗਾਹਾਰਾ (ਜਾਪਾਨ) :** ਭਾਰਤ ਨੇ ਚਾਰ ਵਾਰ ਦੇ ਚੈਂਪੀਅਨ ਦੱਖਣੀ ਕੋਰੀਆ ਨੂੰ ਐਤਵਾਰ ਇਕ ਦੇ ਮੁਕਾਬਲੇ ਦੋ ਗੋਲਾਂ ਨਾਲ ਹਰਾ ਕੇ ਮਹਿਲਾਵਾਂ ਦਾ ਜੂਨੀਅਰ ਹਾਕੀ ਏਸ਼ੀਆ ਕੱਪ ਜਿੱਤ ਲਿਆ। ਭਾਰਤ ਲਈ ਅਨੂੰ ਤੇ ਨੀਲਮ ਨੇ ਗੋਲ ਕੀਤੇ, ਜਦਕਿ ਦੱਖਣੀ ਕੋਰੀਆ ਵੱਲੋਂ ਪਾਰਕ ਸਿਓ ਯਿਓਨ ਨੇ ਇਕਲੌਤਾ ਗੋਲ ਕੀਤਾ।

ਪਹਿਲਾ ਕੁਆਰਟਰ ਗੋਲ-ਰਹਿਤ ਰਹਿਣ ਤੋਂ ਬਾਅਦ ਭਾਰਤ ਨੇ ਅਨੂੰ ਵੱਲੋਂ 22ਵੇਂ ਮਿੰਟ 'ਚ ਪੈਨਲਟੀ ਕਾਰਨਰ ਨਾਲ ਕੀਤੇ ਗੋਲ ਨਾਲ ਲੀਡ ਲਈ। ਪਾਰਕ ਨੇ ਤਿੰਨ ਮਿੰਟਾਂ ਬਾਅਦ ਗੋਲ ਉਤਾਰ ਕੇ ਮੈਚ ਬਰਾਬਰੀ 'ਤੇ ਲੈ ਆਂਦਾ। ਨੀਲਮ ਨੇ 41ਵੇਂ ਮਿੰਟ 'ਚ ਮੈਦਾਨੀ ਗੋਲ ਕਰਕੇ ਫਿਰ ਲੀਡ ਦਿਵਾਈ। ਦੱਖਣੀ ਕੋਰੀਆ ਨੇ ਇਸ ਤੋਂ ਬਾਅਦ ਕਈ ਪੈਨਲਟੀ ਕਾਰਨਰ ਹਾਸਲ ਕੀਤੇ, ਪਰ ਗੋਲ ਕਰਨ ਵਿਚ ਨਾਕਾਮ ਰਿਹਾ। ਇਸ ਤੋਂ ਪਹਿਲਾਂ ਭਾਰਤ 2012 ਵਿਚ ਬੈਂਕਾਕ 'ਚ ਫਾਈਨਲ 'ਚ ਪੁੱਜਾ ਸੀ, ਪਰ ਚੀਨ ਹੱਥੋਂ ਦੋ ਦੇ ਮੁਕਾਬਲੇ ਪੰਜ ਗੋਲਾਂ ਨਾਲ ਹਾਰ ਗਿਆ ਸੀ। ਭਾਰਤੀ ਕਪਤਾਨ ਪ੍ਰੀਤੀ, ਜਿਸ ਨੂੰ ਪਲੇਅਰ ਆਫ ਦੀ ਮੈਚ ਐਲਾਨਿਆ ਗਿਆ, ਨੇ ਕਿਹਾ ਕਿ ਰਾਊਂਡ ਰੋਬਿਨ ਸਟੇਜ 'ਚ ਦੱਖਣੀ ਕੋਰੀਆ ਨਾਲ 1-1 'ਤੇ ਬਰਾਬਰ ਰਹਿਣ ਤੋਂ ਬਾਅਦ ਉਨ੍ਹਾਂ ਫਾਈਨਲ ਲਈ ਨਵੀਂ ਰਣਨੀਤੀ ਬਣਾਈ ਸੀ।

ਹਾਕੀ ਇੰਡੀਆ ਨੇ ਹਰੇਕ ਖਿਡਾਰਨ ਨੂੰ ਦੋ-ਦੋ ਲੱਖ ਰੁਪਏ ਅਤੇ ਸਪੋਰਟ ਸਟਾਫ ਨੂੰ ਇਕ-ਇਕ ਲੱਖ ਰੁਪਏ ਦੇਣ ਦਾ ਐਲਾਨ ਕੀਤਾ ਹੈ। ਭਾਰਤ ਟੂਰਨਾਮੈਂਟ ਵਿਚ ਕਿਸੇ ਤੋਂ ਨਹੀਂ ਹਾਰਿਆ ਤੇ ਉਹ ਇੱਥੋਂ ਸਾਲ ਦੇ ਅਖੀਰ ਵਿਚ ਚਿੱਲੀ 'ਚ ਹੋਣ ਵਾਲੇ ਮਹਿਲਾ ਜੂਨੀਅਰ ਵਰਲਡ ਕੱਪ-2023 ਲਈ ਵੀ ਕੁਆਲੀਫਾਈ ਕਰ ਗਿਆ ਹੈ।

# ਭਾਰਤ ਲਗਾਤਾਰ ਦੂਜੀ ਵਾਰ ਵਰਲਡ ਟੈੱਸਟ ਚੈਂਪੀਅਨਸ਼ਿਪ ਹਾਰਿਆ



ਵਿਰਾਟ ਕੋਹਲੀ ਨੂੰ ਆਊਟ ਕਰਨ ਦੀ ਖੁਸ਼ੀ ਮਨਾਉਂਦੇ ਆਸਟਰੇਲੀਆਈ ਖਿਡਾਰੀ। (ਇਨਸੈੱਟ) ਕੋਹਲੀ ਦੇ ਬੋਲੈਂਡ ਦੀ ਗੇਂਦ 'ਤੇ ਸਮਿੱਥ ਹੱਥੋਂ ਕੈਚ ਆਊਟ ਹੋਣ ਤੋਂ ਬਾਅਦ ਅਨੁਸ਼ਕਾ ਸ਼ਰਮਾ ਸੁੰਨ ਹੋ ਗਈ। ਮੈਚ ਦੇਖਣ ਵਾਲੇ ਟੀਮ ਦੇ ਹੋਰਨਾਂ ਪ੍ਰਸੰਸਕਾਂ ਦਾ ਵੀ ਇਹੀ ਹਾਲ ਹੋਇਆ।

**ਲੰਡਨ :** ਆਸਟਰੇਲੀਆ ਨੇ ਐਤਵਾਰ ਭਾਰਤ ਨੂੰ 209 ਦੌੜਾਂ ਨਾਲ ਹਰਾ ਕੇ ਵਰਲਡ ਟੈੱਸਟ ਚੈਂਪੀਅਨਸ਼ਿਪ ਜਿੱਤ ਲਈ। ਇਹ ਭਾਰਤ ਦੀ ਫਾਈਨਲ ਵਿਚ ਲਗਾਤਾਰ ਦੂਜੀ ਹਾਰ ਹੈ। 2021 ਵਿਚ ਪਹਿਲੀ ਚੈਂਪੀਅਨਸ਼ਿਪ 'ਚ ਉਸ ਨੇ ਨਿਊ ਜ਼ੀਲੈਂਡ ਹੱਥੋਂ ਮਾਰ ਖਾਧੀ ਸੀ।

444 ਦੌੜਾਂ ਦਾ ਪਿੱਛਾ ਭਾਰਤ ਨੇ ਪੰਜਵੇਂ ਦਿਨ ਤਿੰਨ ਵਿਕਟਾਂ 'ਤੇ 164 ਦੌੜਾਂ ਦੇ ਸਕੋਰ ਤੋਂ ਅੱਗੇ ਖੇਡਦਿਆਂ ਕਰਨਾ ਸ਼ੁਰੂ ਕੀਤਾ। ਛੇਤੀ ਬਾਅਦ ਵਿਰਾਟ ਕੋਹਲੀ (49), ਰਵਿੰਦਰ ਜਡੇਜਾ (0) ਤੇ ਅਜਿੰਕਯਾ ਰਹਾਣੇ (43) ਦੇ ਆਊਟ ਹੋਣ ਤੋਂ ਬਾਅਦ ਸਾਰੀ ਟੀਮ 63.3 ਓਵਰਾਂ 'ਚ 234 ਦੌੜਾਂ 'ਤੇ ਆਊਟ ਹੋ ਗਈ। 46 ਦੌੜਾਂ ਦੇ ਕੇ ਤਿੰਨ ਵਿਕਟਾਂ ਲੈਣ ਵਾਲੇ ਸਕੌਟ ਬੋਲੈਂਡ ਨੇ ਕੋਹਲੀ ਤੇ ਜਡੇਜਾ ਨੂੰ ਇਕ ਓਵਰ ਵਿਚ ਆਊਟ ਕੀਤਾ। ਨਾਥਨ ਲਿਓਨ ਨੇ 41 ਦੌੜਾਂ ਦੇ ਕੇ ਚਾਰ ਵਿਕਟਾਂ ਲਈਆਂ। ਆਸਟਰੇਲੀਆ ਨੇ ਪਹਿਲੀ ਪਾਰੀ 'ਚ 469 ਦੌੜਾਂ ਬਣਾਈਆਂ ਸਨ ਤੇ ਦੂਜੀ ਪਾਰ 8 ਵਿਕਟਾਂ 'ਤੇ 270 ਦੌੜਾਂ ਦੇ ਸਕੋਰ 'ਤੇ ਮੁਕੰਮਲ ਐਲਾਨ ਦਿੱਤੀ ਸੀ। ਭਾਰਤ ਪਹਿਲੀ ਪਾਰੀ ਵਿਚ 296 ਦੌੜਾਂ ਬਣਾ ਸਕਿਆ ਸੀ।

# ਕੇਂਦਰੀ ਆਰਡੀਨੈਂਸ ਦਿੱਲੀ ਦੇ ਲੋਕਾਂ ਦਾ ਅਪਮਾਨ : ਕੇਜਰੀਵਾਲ



**ਨਵੀਂ ਦਿੱਲੀ :** ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਐਤਵਾਰ ਰਾਮ ਲੀਲ੍ਹਾ ਮੈਦਾਨ 'ਚ ਕੇਂਦਰ ਸਰਕਾਰ ਦੇ ਆਰਡੀਨੈਂਸ ਖਿਲਾਫ 'ਮਹਾ ਰੈਲੀ' ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੌਮੀ ਰਾਜਧਾਨੀ 'ਚ ਸੇਵਾਵਾਂ ਦੇ ਕੰਟਰੋਲ ਨੂੰ ਲੈ ਕੇ ਲਿਆਂਦਾ ਗਿਆ ਆਰਡੀਨੈਂਸ ਦਿੱਲੀ ਦੇ ਲੋਕਾਂ ਦਾ ਅਪਮਾਨ ਹੈ।

ਉਨ੍ਹਾ ਕਿਹਾ—ਭਾਜਪਾ ਮੈਨੂੰ ਨਿੱਤ ਗਾਲ੍ਹਾਂ ਕੱਢਦੀ ਹੈ, ਪਰ ਆਰਡੀਨੈਂਸ ਲਿਆ ਕੇ ਕੇਂਦਰ ਨੇ ਦਿੱਲੀ ਦੇ ਲੋਕਾਂ ਦਾ ਨਿਰਾਦਰ ਕੀਤਾ ਹੈ।

ਕੇਜਰੀਵਾਲ ਨੇ ਕਿਹਾ ਕਿ ਕੇਂਦਰੀ ਆਰਡੀਨੈਂਸ ਖਿਲਾਫ ਵਿੱਢੀ ਲੜਾਈ ਸੰਵਿਧਾਨ ਨੂੰ ਬਚਾਉਣ ਦੀ ਲੜਾਈ ਹੈ। ਉਨ੍ਹਾ ਕਿਹਾ ਕਿ ਆਰਡੀਨੈਂਸ ਜ਼ਰੀਏ ਪਹਿਲਾ ਹਮਲਾ ਦਿੱਲੀ 'ਤੇ ਕੀਤਾ ਗਿਆ ਹੈ ਤੇ ਜਲਦੀ ਹੀ ਅਜਿਹੇ ਹੋਰ ਆਰਡੀਨੈਂਸ ਹੋਰਨਾਂ ਰਾਜਾਂ 'ਚ ਵੀ ਲਿਆਂਦੇ ਜਾਣਗੇ। 'ਆਪ' ਸੁਪਰੀਮੋ ਨੇ ਕਿਹਾ ਕਿ ਦਿੱਲੀ ਸਰਕਾਰ ਵੱਲੋਂ ਸਿੱਖਿਆ ਤੇ ਸਿਹਤ ਦੇ ਖੇਤਰ 'ਚ ਕੀਤੇ ਜਾ ਰਹੇ ਕੰਮਾਂ ਨੂੰ ਰੋਕਣ ਲਈ ਉਨ੍ਹਾਂ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਤੇ ਸਾਬਕਾ ਸਿਹਤ ਮੰਤਰੀ ਸਤੇਂਦਰ ਜੈਨ ਨੂੰ ਜੇਲ੍ਹ 'ਚ ਬੰਦ ਕਰ ਦਿੱਤਾ, ਪਰ ਕੇਂਦਰ ਸਰਕਾਰ ਸ਼ਾਇਦ ਭੁੱਲ ਗਈ ਕਿ ਸਾਡੇ ਕੋਲ 100 ਸਿਸੋਦੀਆ ਤੇ 100 ਜੈਨ ਹਨ।

ਰੈਲੀ 'ਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਪੰਜਾਬ ਤੋਂ ਰਾਜ ਸਭਾ ਮੈਂਬਰ ਰਾਘਵ ਚੱਢਾ, ਸੀਨੀਅਰ ਵਕੀਲ ਤੇ ਰਾਜ ਸਭਾ ਮੈਂਬਰ ਕਪਿਲ ਸਿੱਬਲ ਤੇ ਹੋਰ ਆਗੂ ਮੌਜੂਦ ਸਨ।

ਸਿੱਬਲ ਨੇ ਕਿਹਾ ਕਿ ਮੋਦੀ ਸਰਕਾਰ ਡਬਲ ਇੰਜਣ ਸਰਕਾਰ ਨਹੀਂ, ਸਗੋਂ ਡਬਲ ਬੈਰਲ ਸਰਕਾਰ ਹੈ। ਇਹ ਦੋ ਬੈਰਲਾਂ ਹਨ—ਈ ਡੀ ਤੇ ਸੀ ਬੀ ਆਈ। ਮੋਦੀ ਨੂੰ ਹਰਾਉਣ ਲਈ ਸਾਰੇ ਲੋਕਾਂ ਨੂੰ ਇਕੱਠੇ ਹੋਣਾ ਚਾਹੀਦਾ ਹੈ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਭਾਜਪਾ ਚੋਣਾਂ ਨਾ ਜਿੱਤਣ ਤੋਂ ਬਾਅਦ ਆਪੋਜ਼ੀਸ਼ਨ ਦੀਆਂ ਸੂਬਾਈ ਸਰਕਾਰਾਂ ਨੂੰ ਅਨੈਤਿਕ ਢੰਗਾਂ ਨਾਲ ਉਲਟਾਉਣ ਦੀ ਕੋਸ਼ਿਸ਼ ਕਰਦੀ ਹੈ। ਉਨ੍ਹਾ ਕਿਹਾ ਕਿ ਦੇਸ਼ ਵਿਚ ਜਮਹੂਰੀਅਤ ਨਹੀਂ ਰਹੀ ਤੇ ਲੋਕਾਂ ਨੂੰ ਰਾਸ਼ਟਰ ਨੂੰ ਬਚਾਉਣ ਲਈ ਮੋਦੀ ਖਿਲਾਫ ਲੜਨਾ ਪੈਣਾ। ਜੇ ਭਾਜਪਾ 2024 ਦੀਆਂ ਚੋਣਾਂ ਜਿੱਤ ਗਈ ਤਾਂ ਫਿਰ ਚੋਣਾਂ ਨਹੀਂ ਹੋਣੀਆਂ। ਨਰਿੰਦਰ ਮੋਦੀ ਨੇ ਨਰਿੰਦਰ ਪੂਤਿਨ ਬਣ ਜਾਣਾ।

ਆਮ ਆਦਮੀ ਪਾਰਟੀ ਦੀ ਇਸ ਮਹਾਂ ਰੈਲੀ ਲਈ ਰਾਮਲੀਲ੍ਹਾ ਮੈਦਾਨ ਤੇ ਨੇੜਲੇ ਇਲਾਕਿਆਂ 'ਚ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਸਨ।

# ਕੈਸਰਗੰਜ ਸੇ ਲੜੂੰਗਾ, ਲੜੂੰਗਾ, ਲੜੂੰਗਾ : ਬ੍ਰਿਜ ਭੂਸ਼ਣ



**ਗੋਂਡਾ :** ਮਹਿਲਾ ਭਲਵਾਨਾਂ ਵੱਲੋਂ ਲਾਏ ਜਿਨਸੀ ਸ਼ੋਸ਼ਣ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਤੇ ਭਾਜਪਾ ਸਾਂਸਦ ਬ੍ਰਿਜ ਭੂਸ਼ਣ ਸ਼ਰਣ ਸਿੰਘ ਨੇ ਅਗਲੇ ਸਾਲ ਹੋਣ ਵਾਲੀਆਂ ਲੋਕ ਸਭਾ ਚੋਣਾਂ ਲੜਨ ਦਾ ਐਲਾਨ ਕੀਤਾ ਹੈ। ਸਿੰਘ ਨੇ ਐਤਵਾਰ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਦੇ ਨੌਂ ਸਾਲ ਪੂਰੇ ਹੋਣ ਮੌਕੇ ਯੂ ਪੀ ਦੇ ਗੋਂਡਾ ਜ਼ਿਲ੍ਹੇ 'ਚ ਰੱਖੀ ਰੈਲੀ ਨੂੰ ਸੰਬੋਧਨ ਕਰਦਿਆਂ ਇਹ ਐਲਾਨ ਕੀਤਾ। ਇਹ ਰੈਲੀ 2024 ਚੋਣਾਂ ਲਈ ਭਾਜਪਾ ਦੇ 'ਮਹਾਂ-ਸੰਪਰਕ ਅਭਿਆਨ' ਤਹਿਤ ਰੱਖੀ ਗਈ ਸੀ।

ਆਪਣੇ 'ਤੇ ਲੱਗੇ ਦੋਸ਼ਾਂ ਤੋਂ ਬਾਅਦ ਪਹਿਲੀ ਰੈਲੀ ਨੂੰ ਸੰਬੋਧਨ ਕਰਦਿਆਂ ਬ੍ਰਿਜ ਭੂਸ਼ਣ ਨੇ ਤੜੀ ਨਾਲ ਕਿਹਾ—ਕੈਸਰਗੰਜ ਲੋਕ ਸਭਾ ਸੀਟ ਸੇ ਚੁਨਾਵ ਲੜੂੰਗਾ, ਲੜੂੰਗਾ, ਲੜੂੰਗਾ। ਦੋਸ਼ਾਂ ਦਾ ਸਿੱਧਾ ਜ਼ਿਕਰ ਨਾ ਕਰਦਿਆਂ ਉਸ ਨੇ ਆਪਣੀ ਤਕਰੀਰ ਦੀ ਸ਼ੁਰੂਆਤ ਇਸ ਅੰਦਾਜ਼ ਵਿਚ ਕੀਤੀ—ਯੇ ਮਿਲਾ ਮੁਝਕੋ ਮੁਹੱਬਤ ਕਾ ਸਿਲਾ, ਬੇਵਫਾ ਕਹਿਕੇ ਮੇਰਾ ਨਾਮ ਲਿਆ ਜਾਤਾ ਹੈ। ਇਸਕੋ ਰੁਸਵਾਈ ਕਹੇਂ ਕਿ ਸ਼ੋਹਰਤ ਅਪਨੀ, ਦਬੇ ਹੋਠੋਂ ਸੇ ਮੇਰਾ ਨਾਮ ਲਿਆ ਜਾਤਾ ਹੈ।

ਬ੍ਰਿਜ ਭੂਸ਼ਣ ਗੱਡੀਆਂ ਦੇ ਕਾਫਲੇ ਦੀ ਸ਼ਕਲ ਵਿਚ ਰੈਲੀ ਵਾਲੀ ਥਾਂ ਪੁੱਜਾ। ਉਹ ਇਕ ਗੱਡੀ ਦੇ ਉਪਰ ਬੈਠਾ ਹੋਇਆ ਸੀ। ਸਟੇਜ 'ਤੇ ਚੜ੍ਹਨ ਵੇਲੇ ਨਾਅਰਾ ਲੱਗਾ—ਯੂ ਪੀ ਟਾਈਗਰ ਬ੍ਰਿਜ ਭੂਸ਼ਣ ਸਿੰਘ। ਉਸ ਨੇ ਕਿਹਾ ਕਿ ਜਵਾਹਰ ਲਾਲ ਨਹਿਰੂ ਦੇ ਰਾਜ 'ਚ ਦੇਸ਼ ਨੇ ਹਜ਼ਾਰਾਂ ਕਿੱਲੋਮੀਟਰ ਇਲਾਕਾ ਪਾਕਿਸਤਾਨ ਤੇ ਚੀਨ ਨੂੰ ਗੁਆਇਆ।

ਬ੍ਰਿਜ ਭੂਸ਼ਣ ਨੇ ਕਿਹਾ ਕਿ 1971 ਵਿਚ ਮੋਦੀ ਹੁੰਦੇ ਤਾਂ ਪਾਕਿਸਤਾਨ ਤੇ ਚੀਨ ਵੱਲੋਂ ਹੜੱਪੀ ਜ਼ਮੀਨ ਛੁਡਵਾ ਲੈਂਦੇ। 92 ਹਜ਼ਾਰ ਪਾਕਿਸਤਾਨੀ ਫੌਜੀਆਂ ਨੂੰ ਬੰਦੀ ਬਣਾਉਣ ਦੇ ਬਾਅਦ ਤੱਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਪੁਰਾਣਾ ਹਿਸਾਬ ਚੁਕਾਏ ਬਿਨਾਂ ਉਨ੍ਹਾਂ ਨੂੰ ਛੱਡ ਦਿੱਤਾ। ਉਸ ਨੇ ਕਾਂਗਰਸ 'ਤੇ ਸਿੱਖਾਂ ਦੇ ਕਤਲੇਆਮ ਦਾ ਦੋਸ਼ ਵੀ ਲਾਇਆ।

ਉਸ ਨੇ ਦਾਅਵਾ ਕੀਤਾ ਕਿ 2014 ਤੇ 2019 ਵਾਂਗ 2024 ਵਿਚ ਵੀ ਭਾਜਪਾ ਸੱਤਾ 'ਚ ਆਏਗੀ। ਉਸ ਨੇ ਕਿਹਾ ਕਿ ਕਸ਼ਮੀਰ ਵਿਚ ਭਾਜਪਾ ਸਰਕਾਰ ਨੇ ਵਧੀਆ ਕੰਮ ਕੀਤਾ ਹੈ ਤੇ ਅਯੁੱਧਿਆ ਵਿਚ ਰਾਮ ਮੰਦਰ ਵੀ ਬਣਾਇਆ ਹੈ। ਇਸ ਦਾ ਸਿਹਰਾ ਮੋਦੀ ਨੂੰ ਜਾਂਦਾ ਹੈ, ਪਰ ਉਸ ਤੋਂ ਪਹਿਲਾਂ ਪਾਰਟੀ ਵਰਕਰਾਂ ਨੂੰ ਜਾਂਦਾ ਹੈ, ਜਿਨ੍ਹਾਂ ਮੋਦੀ ਜੀ ਨੂੰ ਇਸ ਕਾਬਲ ਬਣਾਇਆ। ਭਾਜਪਾ ਐੱਮ ਐੱਲ ਸੀ ਮੰਜੂ ਸਿੰਘ ਨੇ ਬ੍ਰਿਜ ਭੂਸ਼ਣ ਨੂੰ 'ਪੂਰਵਾਂਚਲ ਕੇ ਗੌਰਵ' ਕਿਹਾ। ਰੈਲੀ ਦੇ ਮੁੱਖ ਮਹਿਮਾਨ ਤੇ ਮੱਧ ਪ੍ਰਦੇਸ਼ ਦੇ ਮੰਤਰੀ ਮੋਹਨ ਯਾਦਵ ਨੇ ਬ੍ਰਿਜ ਭੂਸ਼ਣ ਦੇ ਹੱਕ ਵਿਚ ਇਸ ਲਈ ਤਾੜੀਆਂ ਮਾਰਨ ਲਈ ਕਿਹਾ ਕਿ ਉਸ ਨੇ ਇਲਾਕੇ 'ਚ ਸਿੱਖਿਆ ਦੇ ਪਸਾਰ ਲਈ 55 ਕਾਲਜ ਤੇ ਸਕੂਲ ਬਣਵਾਏ।

# ਜਿਨਸੀ ਹਮਲੇ ਨੂੰ ਕੈਮਰੇ 'ਚ ਕੈਦ ਕਰਨਾ ਪਵੇਗਾ : ਸਿੱਬਲ



**ਨਵੀਂ ਦਿੱਲੀ :** ਰਾਜ ਸਭਾ ਮੈਂਬਰ ਕਪਿਲ ਸਿੱਬਲ ਨੇ ਬ੍ਰਿਜ ਭੂਸ਼ਣ ਸ਼ਰਣ ਸਿੰਘ ਖਿਲਾਫ ਲਾਏ ਜਿਨਸੀ ਸ਼ੋਸ਼ਣ ਦੇ ਦੋਸ਼ਾਂ ਲਈ ਦਿੱਲੀ ਪੁਲਸ ਵੱਲੋਂ ਦੋ ਮਹਿਲਾ ਭਲਵਾਨਾਂ ਤੋਂ ਤਸਵੀਰਾਂ, ਆਡੀਓ ਤੇ ਵੀਡੀਓ ਸਬੂਤ ਮੰਗੇ ਜਾਣ ਦੇ ਹਵਾਲੇ ਨਾਲ ਐਤਵਾਰ ਤਨਜ਼ ਕੱਸਦਿਆਂ ਕਿਹਾ ਕਿ ਪੀੜਤਾਂ ਨੂੰ ਆਪਣੇ 'ਤੇ ਹਮਲੇ ਨੂੰ ਕੈਮਰੇ 'ਚ ਰਿਕਾਰਡ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ। ਸੁਪਰੀਮ ਕੋਰਟ 'ਚ ਪ੍ਰਦਰਸ਼ਨਕਾਰੀ ਭਲਵਾਨਾਂ ਦੀ ਨੁਮਾਇੰਦਗੀ ਕਰ ਰਹੇ ਸਿੱਬਲ ਦਾ ਇਹ ਪ੍ਰਤੀਕਰਮ ਇਕ ਮੀਡੀਆ ਰਿਪੋਰਟ ਨੂੰ ਲੈ ਕੇ ਸਾਹਮਣੇ ਆਇਆ ਹੈ, ਜਿਸ 'ਚ ਦਿੱਲੀ ਪੁਲਸ ਨੇ ਪੀੜਤਾਂ ਨੂੰ ਆਪਣੇ ਦੋਸ਼ਾਂ ਦੀ ਪੈਰਵੀ ਲਈ ਤਸਵੀਰਾਂ, ਆਡੀਓ ਤੇ ਵੀਡੀਓ ਸਬੂਤ ਮੁਹੱਈਆ ਕਰਵਾਉਣ ਲਈ ਕਿਹਾ ਹੈ। ਸਿੱਬਲ ਨੇ ਟਵੀਟ ਕੀਤਾ—ਬ੍ਰਿਜ ਭੂਸ਼ਣ ਕੇਸ ਦੀ ਜਾਂਚ : ਪੁਲਸ ਸਬੂਤ ਵਜੋਂ ਵੀਡੀਓ, ਆਡੀਓ, ਕਾਲ ਰਿਕਾਰਡਿੰਗਾਂ ਤੇ ਵਟਸਐਪ ਚੈਟ ਚਾਹੁੰਦੀ ਹੈ। ਪੀੜਤਾਂ ਨੂੰ ਆਪਣੇ 'ਤੇ ਹੋਣ ਵਾਲੇ (ਜਿਨਸੀ) ਹਮਲੇ ਨੂੰ ਹੁਣ ਕੈਮਰੇ 'ਤੇ ਰਿਕਾਰਡ ਕਰਨ ਲਈ ਤਿਆਰ ਰਹਿਣਾ ਹੋਵੇਗਾ।

## ਪਾਕਿ ਦੇ ਵਿਸ਼ਵ ਕ੍ਰਿਕਟ ਕੱਪ 'ਚ ਖੇਡਣ ਦੇ ਆਸਾਰ ਬਣੇ

**ਨਵੀਂ ਦਿੱਲੀ :** ਭਾਰਤੀ ਕ੍ਰਿਕਟ ਕੰਟਰੋਲ ਬੋਰਡ ਦੇ ਸਕੱਤਰ ਜੈ ਸ਼ਾਹ ਦੀ ਅਗਵਾਈ ਵਾਲੀ ਏਸ਼ੀਆਈ ਕ੍ਰਿਕਟ ਕੌਂਸਲ (ਏ ਸੀ ਸੀ) ਵੱਲੋਂ ਭਾਰਤ ਦੀ ਗੈਰਮੌਜੂਦਗੀ ਵਾਲੇ ਏਸ਼ੀਆ ਕੱਪ ਦੇ ਚਾਰ ਮੁਕਾਬਲੇ ਪਾਕਿਸਤਾਨ 'ਚ, ਜਦੋਂਕਿ ਬਾਕੀ ਮੁਕਾਬਲੇ ਸ੍ਰੀਲੰਕਾ ਦੇ ਗਾਲੇ ਤੇ ਪੱਲੇਕਲ 'ਚ ਕਰਵਾਉਣ ਬਾਰੇ ਪਾਕਿਸਤਾਨ ਕ੍ਰਿਕਟ ਬੋਰਡ (ਪੀ ਸੀ ਬੀ) ਵੱਲੋਂ ਪ੍ਰਸਤਾਵਤ 'ਹਾਈਬ੍ਰਿਡ ਮਾਡਲ' ਨੂੰ ਹਰੀ ਝੰਡੀ ਦਿੱਤੇ ਜਾਣ ਦੀ ਸੰਭਾਵਨਾ ਹੈ। ਏ ਸੀ ਸੀ ਮੰਗਲਵਾਰ ਨੂੰ ਇਸ ਬਾਰੇ ਰਸਮੀ ਐਲਾਨ ਕਰ ਸਕਦੀ ਹੈ।

ਹਾਈਬ੍ਰਿਡ ਮਾਡਲ ਨੂੰ ਅਧਿਕਾਰਤ ਮਨਜ਼ੂਰੀ ਮਿਲਣ ਮਗਰੋਂ ਪਾਕਿਸਤਾਨ ਕ੍ਰਿਕਟ ਟੀਮ ਦੇ ਅਕਤੂਬਰ-ਨਵੰਬਰ 'ਚ ਭਾਰਤ ਵਿਚ ਹੋਣ ਵਾਲੇ ਇਕ ਰੋਜ਼ਾ ਕ੍ਰਿਕਟ ਵਿਸ਼ਵ ਕੱਪ 'ਚ ਸ਼ਮੂਲੀਅਤ ਦਾ ਰਾਹ ਵੀ ਸਾਫ ਹੋ ਜਾਵੇਗਾ। ਕ੍ਰਿਕਟ ਵਿਸ਼ਵ ਕੱਪ ਦੌਰਾਨ ਭਾਰਤ ਤੇ ਪਾਕਿਸਤਾਨ ਅਹਿਮਦਾਬਾਦ 'ਚ ਇਕ-ਦੂਜੇ ਨਾਲ ਖੇਡ ਸਕਦੇ ਹਨ। ਪਾਕਿਸਤਾਨ ਦੇ ਬਾਕੀ ਮੁਕਾਬਲੇ ਚੇਨਈ ਤੇ ਹੈਦਰਾਬਾਦ 'ਚ ਹੋ ਸਕਦੇ ਹਨ।

# ਮਗਨਰੇਗਾ 'ਚ ਫੈਲੇ ਭ੍ਰਿਸ਼ਟਾਚਾਰ ਨੂੰ ਨੱਥ ਪਾਈ ਜਾਵੇ : ਮਜ਼ਦੂਰ ਆਗੂ

**ਨਵੀਂ ਦਿੱਲੀ (ਗਿਆਨ ਸੈਦਪੁਰੀ)**

ਕੇਂਦਰੀ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਅਤੇ ਸਕੱਤਰ ਪੇਂਡੂ ਵਿਕਾਸ (ਮਗਨਰੇਗਾ) ਨੂੰ ਮਿਲ ਕੇ ਮੰਗ ਪੱਤਰ ਦੇਣ ਉਪਰੰਤ ਵੱਖ-ਵੱਖ ਮਜ਼ਦੂਰ ਜਥੇਬੰਦੀਆਂ ਦੇ ਸਿਖਰਲੇ ਆਗੂਆਂ ਨੇ ਪ੍ਰੈੱਸ ਕਾਨਫਰੰਸ ਕੀਤੀ। ਪ੍ਰੈੱਸ ਕਾਨਫਰੰਸ ਵਿੱਚ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਸਕੱਤਰ ਵੀ. ਐੱਸ ਨਿਰਮਲ, ਆਲ ਇੰਡੀਆ ਵਰਕਰਜ਼ ਯੂਨੀਅਨ ਦੇ ਆਗੂ ਡਾ. ਬਿਕਰਮ ਸਿੰਘ ਤੇ ਵੀ ਸ਼ਿਵਦਾਸਨ, ਆਲ ਇੰਡੀਆ ਐਗਰੀਕਲਚਰ ਐਂਡ ਰੂਰਲ ਲੇਬਰ ਐਸੋਸੀਏਸ਼ਨ ਦੇ ਆਗੂ ਰਾਧਿਕਾ ਮੈਨਨ, ਆਲ ਇੰਡੀਆ ਸਮਾਇਕਤਾ ਕਿਸਾਨ ਸਭਾ ਦੇ ਆਗੂ ਆਜਿਤ ਗਾਂਗੁਲੀ ਅਤੇ ਆਲ ਇੰਡੀਆ ਐਗਰੀਕਲਚਰ ਕ੍ਰਿਸ਼ੀ ਸ਼ਰਮਿਕ ਯੂਨੀਅਨ ਦੇ ਆਗੂ ਧਰਮੇਂਦਰ ਵਰਮਾ ਸ਼ਾਮਲ ਸਨ। ਆਗੂਆਂ ਦੱਸਿਆ ਕਿ ਦੋਵੇਂ ਆਗੂਆਂ ਨੇ ਵੱਖ-ਵੱਖ ਮੰਗਾਂ ਪ੍ਰਤੀ ਹਾਂ-ਪੱਖੀ ਹੁੰਗਾਰਾ ਭਰਿਆ। ਅਸ਼ਵਨੀ ਵੈਸ਼ਨਵ ਕੋਲੋਂ ਮੰਗ ਕੀਤੀ ਗਈ ਕਿ ਬਾਲਾਸੌਰ (ਉੜੀਸਾ) ਵਿੱਚ ਹੋਏ ਭਿਆਨਕ ਰੇਲ ਹਾਦਸੇ ਵਿੱਚ ਮਾਰੇ ਗਏ ਵਿਅਕਤੀਆਂ ਦੇ ਪਰਵਾਰਾਂ ਨੂੰ 50-50 ਲੱਖ ਰੁਪਏ ਦੀ ਗਰਾਂਟ ਦਿੱਤੀ ਜਾਵੇ। ਰੇਲ ਵਿਭਾਗ ਵਿੱਚ ਖਾਲੀ ਪਈਆਂ ਤਿੰਨ ਲੱਖ ਬਾਰਾਂ ਹਜ਼ਾਰ ਪੋਸਟਾਂ ਜਲਦੀ ਭਰਾਈਆਂ ਜਾਣ। ਰੇਲ ਗੱਡੀਆਂ ਦੇ ਸਧਾਰਨ ਡੱਬਿਆਂ ਦੀ ਗਿਣਤੀ ਵਧਾਈ

● ਬਾਕੀ ਸਫ਼ਾ 2 'ਤੇ



ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਵੀ ਐੱਸ ਨਿਰਮਲ ਤੇ ਹੋਰ।

## ਅੱਜ-ਨਾਮਾ

ਵਿਕਦਾ ਜਾਅਲੀ ਸਮਾਨ ਆ ਹਿੰਦ ਅੰਦਰ,
ਲੋਕਾਂ ਕਾਰਡ ਨੇ ਜਾਅਲੀ ਬਣਵਾਏ ਬੇਲੀ।
ਜਾਅਲੀ ਬੈਂਕ ਦਾ ਖਾਤਾ ਹਨ ਪੇਸ਼ ਕਰਦੇ,
ਕਈ ਕਈ ਥਾਈਂ ਨੇ ਖਾਤੇ ਚਲਾਏ ਬੇਲੀ।
ਬੱਸਾਂ ਵਾਸਤੇ ਜਾਅਲੀ ਹਨ ਰੂਟ ਪਰਮਿਟ,
ਪਰਖਣ ਵਾਸਤੇ ਅਫਸਰ ਨਾ ਜਾਏ ਬੇਲੀ।
ਖੇਚਲ ਪਰਖ ਦੀ ਕਿਸੇ ਵੀ ਕਿਉਂ ਕਰਨੀ,
ਬੱਧਾ ਕਮਿਸ਼ਨ ਕੋਈ ਘਰੇ ਪੁਚਾਏ ਬੇਲੀ।
ਜਾਅਲੀ-ਜਾਅਲੀ ਦਾ ਗੇੜ ਆ ਬੜਾ ਲੰਮਾ,
ਵਿੰਹਦਿਆਂ ਉਲਟਦੀ ਕਿਸੇ ਦੀ ਮੱਤ ਬੇਲੀ।
ਹਰ ਥਾਂ ਚੌਧਰ ਜਿਹੀ ਚੋਰ-ਉਚੱਕਿਆਂ ਦੀ,
ਢਕ ਲਿਆ ਝੂਠ ਨੇ ਸੱਭੇ ਥਾਂ 'ਸੱਤ' ਬੇਲੀ।

-ਤੀਸ ਮਾਰ ਖਾਂ

# ਪੰਜਾਬ ਦੀ ਅਮੀਰ ਵਿਰਾਸਤ ਤੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਲੱਗਣਗੇ ਮੇਲੇ : ਅਨਮੋਲ ਗਗਨ ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੀ ਅਮੀਰ ਵਿਰਾਸਤ ਅਤੇ ਸੱਭਿਆਚਾਰ ਬਾਰੇ ਦੇਸ਼ ਦੁਨੀਆ ਨੂੰ ਜਾਣੂੰ ਕਰਵਾਉਣ, ਸੂਬੇ ਵਿਚ ਸੈਰ-ਸਪਾਟਾ ਖੇਤਰ ਨੂੰ ਹੋਰ ਪ੍ਰਫੁੱਲਤ ਕਰਨ ਅਤੇ ਪੰਜਾਬ ਨੂੰ 'ਰੰਗਲਾ ਪੰਜਾਬ' ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ। ਇਸ ਉਦੇਸ਼ ਦੀ ਪ੍ਰਾਪਤੀ ਲਈ ਹੁਣ ਪੰਜਾਬ ਸਰਕਾਰ ਇੱਥੋਂ ਦੀ ਅਮੀਰ ਵਿਰਾਸਤ ਅਤੇ ਸੱਭਿਆਚਾਰਕ ਮਹੱਤਤਾ ਨੂੰ ਉਜਾਗਰ ਕਰਨ ਲਈ ਵਿਰਾਸਤੀ ਮੇਲਿਆਂ ਦਾ ਧੂਮਧਾਮ ਨਾਲ ਆਯੋਜਨ ਕਰੇਗੀ। ਇਹ ਜਾਣਕਾਰੀ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਮੰਤਰੀ ਅਨਮੋਲ ਗਗਨ ਮਾਨ ਨੇ ਐਤਵਾਰ ਨੂੰ ਚੰਡੀਗੜ੍ਹ ਵਿਖੇ ਪ੍ਰੈੱਸ ਵਾਰਤਾ ਦੌਰਾਨ ਸਾਂਝੀ ਕੀਤੀ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਲੇਬਰ, ਪ੍ਰਾਹੁਣਚਾਰੀ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਅਨਮੋਲ ਗਗਨ ਮਾਨ ਨੇ ਕਿਹਾ ਕਿ ਪੰਜਾਬ ਦੀ ਅਮੀਰ ਵਿਰਾਸਤ ਅਤੇ ਸੱਭਿਆਚਾਰ ਤੋਂ ਦੁਨੀਆ ਨੂੰ ਜਾਣੂ ਕਰਵਾਉਣ, ਸੂਬੇ ਵਿੱਚ ਸੈਰ-ਸਪਾਟਾ ਖੇਤਰ ਨੂੰ ਹੋਰ ਪ੍ਰਫੁੱਲਤ ਕਰਨ ਅਤੇ ਸੈਲਾਨੀਆਂ ਨੂੰ ਪੰਜਾਬ ਵੱਲ ਆਕਰਸ਼ਿਤ ਕਰਨ ਲਈ ਸੂਬੇ ਵਿੱਚ ਸਾਲ ਭਰ ਵਿਰਾਸਤੀ ਮੇਲਿਆਂ ਅਤੇ ਤਿਉਹਾਰਾਂ ਨੂੰ ਬੜੀ ਧੂਮ-ਧਾਮ ਨਾਲ ਮਨਾਇਆ ਜਾਵੇਗਾ।

**■ ਸ੍ਰੀ ਆਨੰਦਪੁਰ ਸਾਹਿਬ ਵਿਖੇ 'ਨਿਹੰਗ ਓਲੰਪਿਕ' ਦੀ ਹੋਵੇਗੀ ਸ਼ੁਰੂਆਤ**



ਉਨ੍ਹਾ ਕਿਹਾ ਕਿ ਪੰਜਾਬ ਨੂੰ 'ਰੰਗਲਾ ਪੰਜਾਬ' ਬਣਾਉਣ ਲਈ ਸੂਬਾ ਸਰਕਾਰ ਵਲੋਂ ਸੈਰ-ਸਪਾਟਾ ਖੇਤਰ 'ਚ ਨਵੀਂਆਂ ਪਹਿਲਕਦਮੀਆਂ ਉਲੀਕਿਆਂ ਗਈਆਂ ਹਨ।

ਉਹਨਾ ਦੱਸਿਆ ਕਿ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦੇ ਉਦੇਸ਼ ਨਾਲ ਸੂਬੇ ਵਿੱਚ ਸਾਲ ਭਰ 22 ਮੇਲੇ ਕਰਵਾਏ ਜਾਣਗੇ। ਉਨ੍ਹਾ ਦੱਸਿਆ ਕਿ ਸ੍ਰੀ ਮੁਕਤਸਰ ਸਾਹਿਬ ਵਿਖੇ ਮਾਘੀ ਫੈਸਟੀਵਲ, ਫਿਰੋਜ਼ਪੁਰ ਵਿਖੇ ਬਸੰਤ ਫੈਸਟੀਵਲ, ਜਨਵਰੀ ਵਿਚ ਕਪੂਰਥਲਾ ਹੈਰੀਟੇਜ ਫੈਸਟੀਵਲ ਹੋਵੇਗਾ। ਇਸ ਤੋਂ ਇਲਾਵਾ ਤੋਂ ਲੁਧਿਆਣਾ ਵਿਖੇ ਕਿਲ੍ਹਾ ਰਾਏਪੁਰ ਦਿਹਾਤੀ ਓਲੰਪਿਕ ਹੋਵੇਗਾ। ਉਨ੍ਹਾ ਕਿਹਾ ਕਿ ਬਠਿੰਡਾ 'ਚ ਵਿਰਾਸਤੀ ਮੇਲਾ ਅਤੇ ਵਿਸਾਖੀ ਮੇਲਾ, ਮਾਰਚ 'ਚ ਪਟਿਆਲਾ 'ਚ ਹੈਰੀਟੇਜ ਫੈਸਟੀਵਲ, ਮਾਰਚ ਵਿੱਚ ਸ੍ਰੀ ਆਨੰਦਪੁਰ ਸਾਹਿਬ ਵਿਖੇ ਹੋਲਾ ਮਹੱਲਾ, ਅਗਸਤ ਵਿੱਚ ਸੰਗਰੂਰ ਵਿਖੇ ਤੀਆਂ ਦਾ ਮੇਲਾ, ਸਤੰਬਰ ਵਿੱਚ ਐੱਸ ਬੀ ਐੱਸ ਨਗਰ ਵਿਖੇ ਇਨਕਲਾਬ ਫੈਸਟੀਵਲ, ਮਾਨਸਾ ਵਿਖੇ ਮਾਲਵਾ ਦੇ ਸੱਭਿਆਚਾਰ ਅਤੇ ਪਕਵਾਨਾਂ ਨੂੰ ਉਜਾਗਰ ਕਰਨ ਵਾਲਾ ਦੂਨ ਫੈਸਟੀਵਲ, ਫਾਜ਼ਿਲਕਾ ਵਿਖੇ ਪੰਜਾਬ ਹੈਂਡੀਕਰਾਫਟ ਫੈਸਟੀਵਲ, ਨਵੰਬਰ ਵਿੱਚ ਜਲੰਧਰ ਵਿਖੇ ਘੋੜਸਵਾਰ ਮੇਲਾ, ਚੰਡੀਗੜ੍ਹ ਵਿਖੇ ਮਿਲਟਰੀ ਲਿਟਰੇਚਰ ਫੈਸਟੀਵਲ, ਪਠਾਨਕੋਟ ਵਿਖੇ ਦਰਿਆਵਾਂ ਦਾ ਮੇਲਾ, ਮਾਲੇਰਕੋਟਲਾ ਵਿਖੇ ਸੂਫੀ ਫੈਸਟੀਵਲ ਆਦਿ ਮੇਲੇ ਪੰਜਾਬ ਦੀ ਅਮੀਰ ਵਿਰਾਸਤ ਅਤੇ ਸੱਭਿਆਚਾਰ ਨੂੰ ਉਜਾਗਰ ਕਰਨਗੇ।

ਸ੍ਰੀ ਆਨੰਦਪੁਰ ਸਾਹਿਬ ਵਿਖੇ 'ਨਿਹੰਗ ਓਲੰਪਿਕ' ਦੀ ਸ਼ੁਰੂਆਤ ਕੀਤੀ ਜਾਵੇਗੀ। ਉਨ੍ਹਾ ਦੱਸਿਆ ਕਿ ਤਰਨ ਤਾਰਨ 'ਚ ਦਾਰਾ ਸਿੰਘ ਛਿੰਝ ਓਲੰਪਿਕ ਦੀ ਸ਼ੁਰੂਆਤ ਹੋਵੇਗੀ, ਜਿਸ ਵਿੱਚ ਜੇਤੂ ਨੂੰ ਸੂਬਾ ਸਰਕਾਰ ਵੱਲੋਂ ਨਗਦ ਇਨਾਮ ਤੇ ਰੁਸਤਮੇ-ਏ-ਪੰਜਾਬ ਦਾ ਖਿਤਾਬ ਦਿੱਤਾ ਜਾਵੇਗਾ। ਉਨ੍ਹਾ ਕਿਹਾ ਕਿ ਰੋਪੜ ਅਤੇ ਪਠਾਨਕੋਟ ਵਿੱਚ ਸਾਲਾਨਾ ਐਡਵੈਂਚਰ ਸਪੋਰਟਸ ਵੀ ਸ਼ੁਰੂ ਕੀਤੇ ਜਾਣਗੇ। ਗੁਰਦਾਸਪੁਰ ਵਿੱਚ ਪਹਿਲਾ 'ਸਰਦਾਰ ਹਰੀ ਸਿੰਘ ਨਲਵਾ ਜੋਸ਼ ਫੈਸਟੀਵਲ' ਸ਼ੁਰੂ ਕੀਤਾ ਜਾਵੇਗਾ, ਜੋ ਕਿ ਪੰਜਾਬੀਆਂ ਦੀ ਬਹਾਦਰੀ ਨੂੰ ਉਜਾਗਰ ਕਰੇਗਾ।

ਉਹਨਾ ਦੱਸਿਆ ਕਿ ਜਨਵਰੀ ਵਿਚ ਅੰਮ੍ਰਿਤਸਰ ਵਿਖੇ ਰੰਗਲਾ ਪੰਜਾਬ ਤਿਉਹਾਰ ਹੋਵੇਗਾ, ਜਿਸ ਵਿਚ ਪੰਜਾਬੀ ਸੱਭਿਆਚਾਰ ਦੇ ਸਾਰੇ ਪਹਿਲੂਆਂ ਨੂੰ ਇੱਕ ਥਾਂ ਤੇ ਪ੍ਰਦਰਸ਼ਿਤ ਕੀਤਾ ਜਾਵੇਗਾ, ਜਿਸ ਵਿੱਚ ਉੱਘੇ ਨਾਵਲਕਾਰ ਅਤੇ ਕਵੀ ਹਿੱਸਾ ਲੈਣਗੇ। ਪੰਜਾਬ ਦੇ ਸੁਆਦਲੇ ਪਕਵਾਨ ਮੁਕਾਬਲੇ ਕਰਵਾਏ ਜਾਣਗੇ।

ਪੰਜਾਬ ਦੇ ਸੱਭਿਆਚਾਰ ਨੂੰ ਦਰਸਾਉਂਦੇ ਰੰਗਾਰੰਗ ਪ੍ਰੋਗਰਾਮ ਕਰਵਾਏ ਜਾਣਗੇ ਅਤੇ ਪੰਜਾਬ ਦੀ ਕਲਾ ਅਤੇ ਸ਼ਿਲਪਕਾਰੀ ਪੇਸ਼ ਕੀਤੀ। ਉਨ੍ਹਾ ਕਿਹਾ ਕਿ ਜਲਦੀ ਹੀ ਮੁਹਾਲੀ ਵਿਖੇ ਸੈਰ-ਸਪਾਟਾ ਸੰਮੇਲਨ ਅਤੇ ਪੰਜਾਬ ਟਰੈਵਲ ਮਾਰਟ ਆਯੋਜਿਤ ਕੀਤਾ ਜਾਵੇਗਾ।

CMYK

## ਜਗਰਾਓਂ ਨੂੰ ਗਰੀਨ ਸ਼ਹਿਰ ਬਣਾਉਣ ਦੀ ਕੋਸ਼ਿਸ਼ ਕਰਾਂਗੇ : ਐੱਸ ਡੀ ਐੱਮ



**ਜਗਰਾਓਂ (ਅਮਿਤ ਖੰਨਾ, ਸੰਜੀਵ ਅਰੋੜਾ)**-ਗਰੀਨ ਪੰਜਾਬ ਮਿਸ਼ਨ ਟੀਮ ਵੱਲੋਂ ਮੁੱਖ ਸੇਵਾਦਾਰ ਸਤਪਾਲ ਸਿੰਘ ਦੇਹੜਕਾ ਦੀ ਯੋਗ ਅਗਵਾਈ ਹੇਠ ਜਗਰਾਓਂ ਦੇ ਨਵੇਂ ਐੱਸ ਡੀ ਐੱਮ ਮੈਡਮ ਮਨਜੀਤ ਕੌਰ ਨੂੰ ਬੂਟੇ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਐੱਸ ਡੀ ਐੱਮ ਮੈਡਮ ਮਨਜੀਤ ਕੌਰ ਨੇ ਗ੍ਰੀਨ ਪੰਜਾਬ ਮਿਸ਼ਨ ਟੀਮ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਮੈਨੂੰ ਵੀ ਬੂਟਿਆਂ ਨਾਲ ਬਹੁਤ ਪਿਆਰ ਹੈ ਤੇ ਮੈਂ ਵੀ ਇਨ੍ਹਾਂ ਵਿੱਚ ਜਾਨ ਮਹਿਸੂਸ ਕਰਦੀ ਹਾਂ। ਉਨ੍ਹਾ ਗ੍ਰੀਨ ਪੰਜਾਬ ਮਿਸ਼ਨ ਟੀਮ ਨੂੰ ਪੂਰਾ ਸਹਿਯੋਗ ਦੇਣ ਦੀ ਗੱਲ ਆਖੀ। ਇਸ ਮੌਕੇ ਤਹਿਸੀਲਦਾਰ ਮਨਮੋਹਨ ਕੌਸ਼ਿਕ, ਕੈਪਟਨ ਨਰੇਸ਼ ਵਰਮਾ, ਕੰਚਨ ਗੁਪਤਾ, ਹਰਨਰਾਇਣ ਸਿੰਘ, ਪਰਮਿੰਦਰ ਸਿੰਘ ਤੇ ਕੇਵਲ ਮਲਹੋਤਰਾ ਹਾਜ਼ਰ ਸਨ।

## ਸਿਵਲ ਹਸਪਤਾਲ 'ਚ ਮਲੇਰੀਆ ਵਿਰੁੱਧ ਜਾਗਰੂਕਤਾ ਕੈਂਪ



**ਸਮਰਾਲਾ (ਸੁਰਜੀਤ ਸਿੰਘ)**-ਸਿਵਲ ਹਸਪਤਾਲ ਸਮਰਾਲਾ ਵਿਖੇ ਸੀਨੀਅਰ ਮੈਡੀਕਲ ਅਫਸਰ ਡਾ. ਤਾਰਕਜੋਤ ਸਿੰਘ ਦੀ ਅਗਵਾਈ ਹੇਠ ਐਂਟੀ ਮਲੇਰੀਆ ਕੈਂਪ ਲਗਾਇਆ ਗਿਆ। ਸੀਨੀਅਰ ਮੈਡੀਕਲ ਅਫਸਰ ਡਾ. ਤਾਰਕਜੋਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜੂਨ ਮਹੀਨੇ ਨੂੰ ਐਂਟੀ ਮਲੇਰੀਆ ਮਹੀਨੇ ਵਜੋਂ ਮਨਾਇਆ ਜਾ ਰਿਹਾ ਹੈ। ਮਲੇਰੀਆ ਬੁਖਾਰ ਮਾਦਾ ਮੱਛਰਾਂ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਸਾਫ ਖੜ੍ਹੇ ਪਾਣੀ ਵਿੱਚ ਪੈਦਾ ਹੁੰਦੇ ਹਨ ਤੇ ਰਾਤ ਵੇਲੇ ਕੱਟਦੇ ਹਨ। ਮਰੀਜ਼ ਨੂੰ ਕਾਂਬੇ ਨਾਲ ਤੇਜ਼ ਬੁਖਾਰ ਤੇ ਸਿਰ ਦਰਦ ਹੁੰਦਾ ਹੈ ਬੁਖਾਰ ਉਤਰਨ 'ਤੇ ਕਮਜ਼ੋਰੀ ਮਹਿਸੂਸ ਹੁੰਦੀ ਹੈ। ਬੁਖਾਰ ਹੋਣ ਦੀ ਸੂਰਤ ਵਿੱਚ ਆਪਣੇ ਖੂਨ ਦੀ ਜਾਂਚ ਕਰਵਾਉਣੀ ਚਾਹੀਦੀ ਹੈ ਅਤੇ ਇਹ ਜਾਂਚ ਤੇ ਇਸ ਦਾ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਬਿਲਕੁੱਲ ਮੁਫਤ ਕੀਤਾ ਜਾਂਦਾ ਹੈ। ਮਲੇਰੀਆ ਤਹਿਤ ਸ਼ਹਿਰ ਦੇ ਵਿੱਦਿਅਕ ਸੰਸਥਾਵਾਂ, ਫੈਕਟਰੀਆਂ, ਮੁਹੱਲਿਆਂ ਵਿੱਚ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਇਸ ਮੌਕੇ ਪ੍ਰਦੀਪ ਕੁਮਾਰ ਮਲਟੀਪਰਪਜ਼ ਹੈਲਥ ਵਰਕਰ ਨੇ ਸ਼ਹਿਰ ਦੀਆਂ ਫੈਕਟਰੀਆਂ ਵਿੱਚ ਐਂਟੀ ਮਲੇਰੀਆ ਜਾਗਰੂਕਤਾ ਕੈਂਪ ਲਗਾਏ। ਉਨ੍ਹਾ ਦੱਸਿਆ ਕਿ ਸਾਨੂੰ ਹਰ ਸ਼ੁੱਕਰਵਾਰ ਨੂੰ ਡਰਾਈ ਡੇ ਵਜੋਂ ਮਨਾਉਣਾ ਚਾਹੀਦਾ ਹੈ। ਇਸ ਮੌਕੇ ਡਾ. ਲਖਵਿੰਦਰ ਸਿੰਘ, ਡਾ. ਸੰਦੀਪ ਮਾਨਵ, ਡਾ. ਕਰਨਵੀਰ ਸਿੰਘ, ਡਾ. ਸੰਚਾਰੀ ਸਾਹਾ, ਅਪਥੇਲਿਮਕ ਅਫਸਰ ਸੰਗੀਤਾ ਥਰੇਜਾ, ਨਰਸਿੰਗ ਸਿਸਟਰ ਅਪਵਿੰਦਰ ਕੌਰ, ਬਲਦੀਸ਼ ਕੌਰ ਮ ਪ ਹ ਵ (ਫੀਮੇਲ), ਜੋਤੀ ਫਾਰਮੇਸੀ ਅਫਸਰ, ਅਮਨਦੀਪ ਕੌਰ ਟੀ ਬੀ, ਰਸ਼ਪਿੰਦਰ ਕੌਰ, ਪ੍ਰਿੰਸ, ਰਾਜੇਸ਼ ਕੁਮਾਰ, ਗੁਰਦੀਪ ਸਿੰਘ, ਸਿਵਲ ਹਸਪਤਾਲ ਸਮਰਾਲਾ ਦਾ ਸਮੂਹ ਸਟਾਫ, ਲੁਧਿਆਣਾ ਨਰਸਿੰਗ ਇੰਸਟੀਚਿਊਟ ਕਟਾਣੀ ਕਲਾਂ ਦੇ ਵਿਦਿਆਰਥੀ ਹਾਜ਼ਰ ਸਨ।

## ਯੂਥ ਕਲੱਬ ਗਿੱਲ ਵੱਲੋਂ ਅੱਖਾਂ ਦਾ ਚੈੱਕਅੱਪ ਕੈਂਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੁੱਦਕੀ ਦੇ ਨਜ਼ਦੀਕੀ ਪਿੰਡ ਗਿੱਲ ਦੇ ਗੁਰਦੁਆਰਾ ਗੁਰੂਸਰ ਵਿਖੇ ਸ਼ਹੀਦ ਭਗਤ ਸਿੰਘ ਯੂਥ ਕਲੱਬ ਪਿੰਡ ਗਿੱਲ ਵੱਲੋਂ ਅੱਖਾਂ ਦਾ ਫਰੀ ਚੈੱਕਅੱਪ ਕੈਂਪ ਲਗਾਇਆ ਗਿਆ, ਜਿਸ 'ਚ ਡਾ. ਅਮਨਦੀਪ ਸਿੰਘ ਗੁਰਦੁਆਰਾ ਸ਼ਹੀਦ ਗੰਜ ਮੁੱਦਕੀ ਤੇ ਉਨ੍ਹਾਂ ਦੀ ਟੀਮ ਡਾ. ਬਲਦੇਵ ਸਿੰਘ ਤੇ ਗੁਰਵੀਰ ਸਿੰਘ ਵੱਲੋਂ ਜਾਂਚ ਕੀਤੀ ਗਈ। ਪਿੰਡ ਗਿੱਲ ਦੇ ਲੱਗਭੱਗ 100 ਮਰੀਜ਼ਾਂ ਦਾ ਚੈੱਕਅੱਪ ਕੀਤਾ ਗਿਆ। ਉਨ੍ਹਾਂ ਨੂੰ ਦਵਾਈ ਮੁਫਤ ਦਿੱਤੀ ਗਈ। ਇਸ ਮੌਕੇ ਕਲੱਬ ਪ੍ਰਧਾਨ ਸੁਖਜੰਟ ਸਿੰਘ ਦਿਉਲ, ਸੰਦੀਪ ਸਿੰਘ ਦਿਉਲ, ਹਰਜੀਤ ਸਿੰਘ ਬੱਬੂ, ਤਾਰ ਸਿੰਘ ਮੀਤ ਪ੍ਰਧਾਨ, ਗੁਰਮੇਲ ਸਿੰਘ ਗਿੱਲ, ਇਕਬਾਲ ਸਿੰਘ, ਵੱਸਣ ਸਿੰਘ, ਸੁਖਦੇਵ ਸਿੰਘ ਗਿੱਲ, ਤੇਜ ਸਿੰਘ ਤੇਜੂ, ਮਾਸਟਰ ਗੁਰਮੀਤ ਸਿੰਘ ਆਦਿ ਕਲੱਬ ਮੈਂਬਰ ਹਾਜ਼ਰ ਸਨ।

## ਹੇਡੋਂ ਬੇਟ 'ਚ ਝੋਨੇ ਦੀ ਸਿੱਧੀ ਬਿਜਾਈ ਕਰਵਾਈ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ 'ਪਾਣੀ ਬਚਾਓ-ਪੰਜਾਬ ਬਚਾਓ' ਮੁਹਿੰਮ ਤਹਿਤ ਮੁੱਖ ਖੇਤੀਬਾੜੀ ਅਫ਼ਸਰ ਲੁਧਿਆਣਾ ਡਾ. ਨਰਿੰਦਰਪਾਲ ਸਿੰਘ ਬੈਨੀਪਾਲ ਦੇ ਦਿਸ਼ਾ-ਨਿਰਦੇਸ਼ ਤੇ ਖੇਤੀਬਾੜੀ ਅਫ਼ਸਰ ਮਾਛੀਵਾੜਾ ਡਾ. ਦਾਰਾ ਸਿੰਘ ਦੀ ਅਗਵਾਈ ਹੇਠ ਪਿੰਡ ਹੇਡੋਂ ਬੇਟ ਵਿਖੇ ਕਿਸਾਨਾਂ ਨੂੰ ਜਾਗਰੂਕ ਕਰਦਿਆਂ ਝੋਨੇ ਦੀ ਸਿੱਧੀ ਬਿਜਾਈ ਕਰਵਾਈ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਏ.ਡੀ.ਓ. ਗਗਨਦੀਪ ਸਿੰਘ ਦੱਸਿਆ ਕਿ ਕਿਸਾਨ ਸੱਜਣ ਸਿੰਘ ਦੇ 5 ਏਕੜ ਵਿੱਚ ਝੋਨੇ ਦੀ ਸਿੱਧੀ ਬਿਜਾਈ ਤਰ ਵੱਤਰ ਤਕਨੀਕ ਰਾਹੀਂ ਕਰਵਾਈ ਗਈ। ਉਨ੍ਹਾਂ ਕਿਹਾ ਕਿ ਹਰ ਇੱਕ ਕਿਸਾਨ ਝੋਨੇ ਦੀ ਸਿੱਧੀ ਬਿਜਾਈ ਹੇਠ ਥੋੜ੍ਹਾ ਬਹੁਤਾ ਰਕਬਾ ਲਿਆਵੇ ਤਾਂ ਜੋ ਪਾਣੀ ਬਚਾਉਣ ਲਈ ਯੋਗਦਾਨ ਪਾਇਆ ਜਾ ਸਕੇ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਦਿੱਤੀ ਜਾਣ ਵਾਲੀ 1500 ਰੁਪਏ ਪ੍ਰਤੀ ਏਕੜ ਵਿੱਤੀ ਸਹਾਇਤਾ ਬਾਰੇ ਜਾਣਕਾਰੀ ਵੀ ਦਿੱਤੀ, ਜਿਸ ਲਈ ਕਿਸਾਨ ਆਨਲਾਈਨ ਪੋਰਟਲ ਐਗਰੀਮਸ਼ੀਨਰੀ ਪੀਬੀ ਡਾਟ ਕਾਮ 'ਤੇ 25 ਜੂਨ ਤੱਕ ਰਜਿਸਟ੍ਰੇਸ਼ਨ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਵਿਧੀ ਨੂੰ ਕਾਮਯਾਬ ਕਰਨ ਲਈ ਜ਼ਮੀਨ ਨੂੰ ਲੇਜ਼ਰ ਲੈਵਲ ਕਰਨਾ ਤੇ ਬਿਜਾਈ ਸਮੇਂ ਨਦੀਨ ਨਾਸ਼ਕ ਦਵਾਈਆਂ ਦੀ ਵਰਤੋਂ ਕਰਨੀ ਬਹੁਤ ਜ਼ਰੂਰੀ ਹੈ। ਏ.ਟੀ.ਐੱਮ. ਅਵਤਾਰ ਸਿੰਘ ਨੇ ਮਿੱਟੀ ਪਰਖ਼ ਦੀ ਮਹੱਤਤਾ ਦੱਸਦਿਆਂ ਖਾਦਾਂ ਦੀ ਸੁਚੱਜੀ ਵਰਤੋਂ ਬਾਰੇ ਕਿਸਾਨਾਂ ਨੂੰ ਜਾਗਰੂਕ ਕੀਤਾ। ਇਸ ਮੌਕੇ ਜਸਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਬਲਵਿੰਦਰ ਸਿੰਘ ਬੈਰਸਾਲ ਕਲਾਂ, ਜਗਦੀਪ ਸਿੰਘ ਚੀਮਾ ਤੇ ਹੋਰ ਕਿਸਾਨ ਹਾਜ਼ਰ ਸਨ।

## ਸੀਟੀ 'ਵਰਸਿਟੀ ਵੱਲੋਂ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ



**ਜਗਰਾਉਂ (ਸੰਜੀਵ ਅਰੋੜਾ)**-ਸੀਟੀ ਯੂਨੀਵਰਸਿਟੀ ਵੱਲੋਂ ਸਨਮਾਨ ਸਮਾਰੋਹ 'ਸ਼ਾਈਨਿੰਗ ਸਟਾਰ' ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪੰਜਾਬ ਭਰ ਦੇ 40 ਤੋਂ ਵੱਧ ਸਕੂਲਾਂ ਤੋਂ ਆਏ 850 ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਇਨ੍ਹਾਂ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਦਸਵੀਂ ਤੇ ਬਾਰਵੀਂ ਬੋਰਡ ਇਮਤਿਹਾਨਾਂ 'ਚ ਪਹਿਲੀ ਡਵੀਜ਼ਨ ਪ੍ਰਾਪਤ ਕਰਨ ਲਈ ਸਨਮਾਨਤ ਕੀਤਾ ਗਿਆ। ਪੰਜਾਬ ਭਰ ਦੇ ਵੱਖ-ਵੱਖ ਸ਼ਹਿਰਾਂ ਲੁਧਿਆਣਾ, ਮੋਗਾ, ਰਾਏਕੋਟ ਆਦਿ ਤੋਂ ਆਏ ਇਨ੍ਹਾਂ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਦੇ ਪ੍ਰਤੀਕ ਵਜੋਂ ਸਰਟੀਫਿਕੇਟ ਤੇ ਮੋਮੈਂਟੋ ਭੇਟ ਕੀਤੇ ਗਏ। ਸੀਟੀ ਯੂਨੀਵਰਸਿਟੀ ਦੇ ਚਾਂਸਲਰ ਚਰਨਜੀਤ ਸਿੰਘ ਚੰਨੀ ਨੇ ਵਿਦਿਆਰਥੀਆਂ ਦੇ ਅਟੁੱਟ ਦ੍ਰਿੜ੍ਹ ਇਰਾਦੇ ਦੀ ਪ੍ਰਸ਼ੰਸਾ ਕੀਤੀ ਤੇ ਉਨ੍ਹਾਂ ਨੂੰ ਚੰਗੀ ਮਿਹਨਤ ਅਤੇ ਹੌਸਲੇ ਨਾਲ ਅੱਗੇ ਵਧਦੇ ਰਹਿਣ ਲਈ ਪ੍ਰੇਰਿਤ ਕੀਤਾ। ਸੀਟੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ (ਕਾਰਜਕਾਰੀ) ਡਾ. ਅਭਿਸ਼ੇਕ ਕੁਮਾਰ ਤ੍ਰਿਪਾਠੀ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਵਿਦਿਆਰਥੀਆਂ ਦੁਆਰਾ ਦਿਖਾਈ ਗਈ ਕਮਾਲ ਦੀ ਮਿਹਨਤ ਤੇ ਲਗਨ ਦਾ ਹੀ ਇਹ ਨਤੀਜਾ ਹੈ ਅਤੇ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਵਧਾਈਆਂ ਵੀ ਦਿੱਤੀਆਂ। ਇਸ ਮੌਕੇ ਡਾ. ਅਭਿਸ਼ੇਕ ਕੁਮਾਰ ਤ੍ਰਿਪਾਠੀ, ਵਾਈਸ ਚਾਂਸਲਰ (ਕਾਰਜਕਾਰੀ) ਡਾ. ਅਤਿ ਪ੍ਰਿਯੇ, ਡਾਇਰੈਕਟਰ ਆਈਕਿਊਏਸੀ, ਯੋਜਨਾ ਤੇ ਵਿਕਾਸ ਪ੍ਰੋ. ਡਾ. ਅਵਧੇਸ਼ ਕੁਮਾਰ ਗੁਪਤਾ, ਡੀਨ ਅਕਾਦਮਿਕ ਦਵਿੰਦਰ ਸਿੰਘ, ਡਿਪਟੀ ਡਾਇਰੈਕਟਰ ਵਿਦਿਆਰਥੀ ਭਲਾਈ ਵਿਭਾਗ ਗੁਰਵਿੰਦਰ ਸਿੰਘ ਆਦਿ ਹਾਜ਼ਰ ਸਨ।

## ਪਟਿਆਲਾ ਸੂਬਾ ਪੱਧਰੀ ਧਰਨੇ 'ਚ ਵਰਕਰ ਪਰਵਾਰਾਂ ਸਣੇ ਸ਼ਾਮਲ ਹੋਣਗੇ : ਫਲੀਆਂਵਾਲਾ



**ਜਲਾਲਾਬਾਦ (ਜੀਤ ਕੁਮਾਰ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਬ੍ਰਾਂਚ ਜਲਾਲਾਬਾਦ ਦੀ ਮੀਟਿੰਗ ਬ੍ਰਾਂਚ ਪ੍ਰਧਾਨ ਗੁਰਮੀਤ ਸਿੰਘ ਆਲਮਕੇ ਦੀ ਪ੍ਰਧਾਨਗੀ ਹੇਠ ਸਥਾਨਕ ਸ਼ਹੀਦ ਊਧਮ ਸਿੰਘ ਪਾਰਕ ਵਿਖੇ ਸੰਪੰਨ ਹੋਈ, ਜਿਸ ਵਿੱਚ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਵਿਸ਼ੇਸ਼ ਤੌਰ 'ਤੇ ਪੁੱਜੇ, ਜਦਕਿ ਵੱਡੀ ਗਿਣਤੀ ਵਿੱਚ ਪਹੁੰਚੇ ਵਰਕਰਾਂ ਵੱਲੋਂ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੀਆਂ ਪੇਂਡੂ ਜਲ ਸਪਲਾਈ ਸਕੀਮਾਂ 'ਤੇ ਫੀਲਡ ਤੇ ਦਫਤਰਾਂ ਵਿੱਚ ਸਾਲਾਂਬੱਧੀ ਅਰਸੇ ਤੋਂ ਇੱਕ ਵਰਕਰ ਦੇ ਰੂਪ ਵਿੱਚ ਕੰਮ ਕਰਦੇ ਇਨਲਿਸਟਮੈਂਟ ਤੇ ਆਊਟਸੋਰਸ ਕਾਮਿਆਂ ਨੂੰ ਵਿਭਾਗ ਵਿੱਚ ਮਰਜ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਵਾਲੀ ਪਾਲਸੀ ਬਣਾਉਣ ਦੀ ਮੰਗ ਲਈ ਪੰਜਾਬ ਸਰਕਾਰ ਦੇ ਆਦੇਸ਼ਾਂ ਤਹਿਤ ਵਿਭਾਗੀ ਮੁਖੀ ਵੱਲੋਂ ਚੀਫ ਇੰਜੀਨੀਅਰ ਦੀ ਨਿਗਰਾਨੀ ਹੇਠ ਵਿਭਾਗੀ ਅਧਿਕਾਰੀਆਂ ਦੀ ਗਠਿਤ ਸਬ ਕਮੇਟੀ ਖਿਲਾਫ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਵੱਲੋਂ ਹੈੱਡ ਆਫਿਸ ਪਟਿਆਲਾ ਵਿਖੇ ਪਰਿਵਾਰਾਂ ਤੇ ਬੱਚਿਆਂ ਸਮੇਤ ਅਣਮਿੱਥੇ ਸਮੇਂ ਲਈ ਦਿੱਤੇ ਜਾ ਰਹੇ ਸੂਬਾ ਪੱਧਰੀ ਧਰਨੇ ਵਿੱਚ ਸ਼ਾਮਲ ਹੋਣ ਲਈ ਵਿਚਾਰ ਚਰਚਾ ਕੀਤੀ ਗਈ। ਆਗੂਆਂ ਨੇ ਕਿਹਾ ਕਿ ਜਲਾਲਾਬਾਦ ਤੋਂ ਵੱਡੀ ਗਿਣਤੀ ਵਿਚ ਵਰਕਰ ਆਪਣੇ ਪਰਿਵਾਰਾਂ ਤੇ ਬੱਚਿਆਂ ਸਮੇਤ ਪਟਿਆਲਾ ਵੱਲ ਵਹੀਰਾ ਘੱਤਣਗੇ, ਜਿਸ ਲਈ ਅੱਜ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਆਗੂ ਬਲਵਿੰਦਰ ਸਿੰਘ ਨੂਰ ਸਮੰਦ, ਰਾਕੇਸ਼ ਸਿੰਘ, ਜਸਵਿੰਦਰ ਸਿੰਘ ਚੱਕ ਜਾਨੀਸਰ, ਸੁਖਚੈਨ ਸਿੰਘ ਸੋਢੀ, ਨਾਨਕ ਸਿੰਘ, ਸਤਪਾਲ ਸਿੰਘ, ਕੁੰਦਨ ਸਿੰਘ, ਮਹਿੰਦਰ ਸਿੰਘ ਮੰਨੇਵਾਲਾ ਆਦਿ ਹਾਜ਼ਰ ਸਨ।

## ਡਾਇਰੈਕਟਰ ਦੀ ਪੋਸਟ 'ਤੇ ਪੀ ਸੀ ਐੱਸ ਅਧਿਕਾਰੀ ਲਗਾਉਣਾ ਤਰਕਹੀਣ : ਡੀ ਟੀ ਐੱਫ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਨੇ ਸਰਕਾਰ ਵੱਲੋਂ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਅਕਾਦਮਿਕ ਅਹੁਦਿਆਂ 'ਤੇ ਤਾਇਨਾਤ ਕਰਨ ਦੀ ਕਵਾਇਦ ਨੂੰ ਲਗਾਤਾਰ ਅੱਗੇ ਵਧਾਏ ਜਾਣ ਦਾ ਗੰਭੀਰ ਨੋਟਿਸ ਲਿਆ ਹੈ। ਹਾਲ ਹੀ ਵਿੱਚ ਪੰਜਾਬ ਸਰਕਾਰ ਨੇ ਇੱਕ ਪੀ. ਸੀ.ਐੱਸ. ਅਧਿਕਾਰੀ ਐੱਸ. ਸੀ. ਈ. ਆਰ. ਟੀ. (ਸਟੇਟ ਕਾਊਂਸਲ ਆਫ ਐਜੂਕੇਸ਼ਨਲ ਰਿਸਰਚ ਐਂਡ ਟਰੇਨਿੰਗ-ਪੰਜਾਬ ਰਾਜ ਵਿੱਦਿਅਕ ਖੋਜ ਤੇ ਸਿਖਲਾਈ ਸੰਸਥਾ) ਦਾ ਡਾਇਰੈਕਟਰ ਨਿਯੁਕਤ ਕੀਤਾ ਹੈ। ਡੀ.ਟੀ.ਐੱਫ. ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ ਨੇ ਕਿਹਾ ਕਿ ਐੱਸ.ਸੀ.ਈ.ਆਰ.ਟੀ. ਰਾਜ ਪਾਠਕ੍ਰਮ ਫਰੇਮਵਰਕ (ਐੱਸ.ਸੀ.ਐੱਫ.) ਤਿਆਰ ਕਰਨ, ਕੇਂਦਰ ਸਰਕਾਰ ਵੱਲੋਂ ਕੌਮੀ ਪਾਠਕ੍ਰਮ ਫਰੇਮਵਰਕ (ਐੱਨ.ਸੀ.ਐੱਫ.) ਤਿਆਰ ਕਰਵਾਏ ਜਾਣ ਸਮੇਂ ਸੂਬੇ ਦੇ ਸੰਦਰਭ 'ਚ ਸੁਝਾਅ ਦੇਣ, ਵੱਖ-ਵੱਖ ਕਲਾਸਾਂ ਦੇ ਪਾਠਕ੍ਰਮ ਤਿਆਰ ਕਰਨ, ਲਰਨਿੰਗ ਆਊਟਕ੍ਰਮ ਤੈਅ ਕਰਨ, ਪਾਠਕ੍ਰਮਾਂ ਦੀ ਸੁਧਾਈ, ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾਵਾਂ ਦਾ ਸੰਚਾਲਨ, ਅਧਿਆਪਕ ਟ੍ਰੇਨਿੰਗ, ਵਿੱਦਿਅਕ ਖੋਜ ਆਦਿ ਵਰਗੇ ਨਿਰੋਲ ਵਿੱਦਿਅਕ ਤੇ ਬਹੁਤ ਸੰਵੇਦਨਸ਼ੀਲ ਕਾਰਜ ਕਰਦੀ ਹੈ। ਇਹ ਕਾਰਜ ਤਾਂ ਹੀ ਸਿੱਖਿਆ ਦਾ ਕੁਝ ਸੰਵਾਰ ਸਕਦੇ ਹਨ, ਜੇ ਇਸ ਸੰਸਥਾ ਦਾ ਡਾਇਰੈਕਟਰ ਉਹ ਸਿੱਖਿਆ ਸ਼ਾਸਤਰੀ ਭਾਵ ਸਿੱਖਿਆ ਦੇ ਖੇਤਰ 'ਚ ਕੰਮ ਕਰਨ ਵਾਲਾ ਅਧਿਆਪਕ ਹੋਵੇ, ਜਿਸ ਕੋਲ ਅਧਿਆਪਨ, ਬਾਲ ਮਾਨਸਿਕਤਾ ਤੇ ਵਿੱਦਿਅਕ ਪ੍ਰਕਿਰਿਆਵਾਂ ਆਦਿ ਦਾ ਵਿਸ਼ਾਲ ਅਨੁਭਵ ਹੋਵੇ। ਆਗੂਆਂ ਨੇ ਇਸ ਡਾਇਰੈਕਟਰ ਦੀ ਪੋਸਟ 'ਤੇ ਤੁਰੰਤ ਪ੍ਰਸ਼ਾਸਨਕ ਅਧਿਕਾਰੀ ਦੀ ਥਾਂ ਪਹਿਲਾਂ ਵਾਂਗ ਹੀ ਸੀਨੀਅਰ ਸਿੱਖਿਆ ਅਧਿਕਾਰੀ ਲਾਉਣ ਦੀ ਮੰਗ ਕੀਤੀ ਹੈ। ਕਾਫੀ ਸਮਾਂ ਪਹਿਲਾਂ ਸਰਕਾਰ ਨੇ ਇਸੇ ਤਰ੍ਹਾਂ ਚੁੱਪ ਚੁਪੀਤੇ ਡੀ.ਐੱਸ.ਈ. (ਡਾਇਰੈਕਟਰ ਸਕੂਲ ਸਿੱਖਿਆ) ਦੀ ਪੋਸਟ 'ਤੇ ਵੀ ਪੀ.ਸੀ.ਐੱਸ. ਅਧਿਕਾਰੀ ਨਿਯੁਕਤ ਕਰਨੇ ਸ਼ੁਰੂ ਕੀਤੇ ਸੀ, ਜੋ ਅਮਲ ਹੁਣ ਪੱਕਾ ਹੋ ਚੁੱਕਾ ਹੈ।

## ਸ਼ਹਿਰ ਨੂੰ ਵਿਸ਼ੇਸ਼ ਪੈਕੇਜ ਦਾ ਐਲਾਨ ਨਾ ਹੋਣ ਕਰਕੇ ਗੰਭੀਰ ਸਮੱਸਿਆਵਾਂ ਜਿਉਂ ਦੀਆਂ ਤਿਉਂ : ਸੀ ਪੀ ਆਈ



**ਮਾਨਸਾ/ਬੁਢਲਾਡਾ (ਅਸ਼ੋਕ ਲਾਕੜਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਮੰਤਰੀ ਮੰਡਲ ਦੀ ਮਾਨਸਾ ਮੀਟਿੰਗ ਸਬੰਧੀ ਜ਼ਿਲ੍ਹੇ ਭਰ ਦੇ ਲੋਕਾਂ ਵਿੱਚ ਵੱਡੀ ਉਮੀਦ ਤੇ ਖੁਸ਼ੀ ਵੇਖਣ ਨੂੰ ਮਿਲ ਰਹੀ ਸੀ। ਪ੍ਰੰਤੂ ਮੀਟਿੰਗ ਮੌਕੇ ਆਮ ਲੋਕਾਂ ਤੇ ਜਨਤਕ ਜਥੇਬੰਦੀਆਂ ਵੱਲੋਂ ਲੋਕ ਮਸਲਿਆਂ ਨੂੰ ਲੈ ਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮਾਂ ਤਹਿ ਕੀਤਾ ਗਿਆ ਸੀ। ਪਰ 'ਸਰਕਾਰ ਤੁਹਾਡੇ ਦੁਆਰ' ਦੇ ਨਾਅਰੇ ਦੇ ਉਲਟ ਜਥੇਬੰਦੀਆਂ ਤੇ ਆਮ ਲੋਕਾਂ ਦੀ ਸੁਣਵਾਈ ਨਾ ਹੋਣ ਕਾਰਨ ਨਿਰਾਸ਼ਾ ਦਾ ਮਾਹੌਲ ਵੇਖਣ ਨੂੰ ਮਿਲਿਆ ਅਤੇ ਮੁਲਾਜ਼ਮ ਤੇ ਕਿਸਾਨ ਮਜ਼ਦੂਰ ਅਤੇ ਮੈਡੀਕਲ ਪ੍ਰੈਕਟੀਸ਼ਨਰਾਂ ਆਦਿ ਜਥੇਬੰਦੀਆਂ ਨੂੰ ਦਰਕਿਨਾਰ ਕਰਕੇ ਪ੍ਰਸ਼ਾਸਨ ਵੱਲੋਂ ਕੀਤੀ ਧੱਕੇਸ਼ਾਹੀ ਅਤੀ ਨਿੰਦਣਯੋਗ ਹੈ। ਇਹ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ ਨੇ ਕੀਤਾ।

ਸਾਥੀ ਚੌਹਾਨ ਨੇ ਸੂਬੇ ਅੰਦਰ ਨਸ਼ਿਆਂ ਕਾਰਨ ਖਤਮ ਹੋ ਰਹੀ ਜਵਾਨੀ ਤੇ ਨਸ਼ਿਆਂ ਖਿਲਾਫ਼ ਮਾਨਸਾ ਤੋਂ ਵਿੱਢੀ ਗਈ ਮੁਹਿੰਮ ਨੂੰ ਉਤਸ਼ਾਹ ਕਰਨ ਦੀ ਬਜਾਏ ਸਰਕਾਰ ਦੀ ਲਾਹਪ੍ਰਵਾਹੀ ਇਹ ਸਾਬਤ ਕਰਦੀ ਹੈ। ਨਸ਼ਾ ਤਸਕਰ ਤੇ ਸਮਾਜ ਵਿਰੋਧੀ ਅਨਸਰ ਗਠਜੋੜ ਭਾਰੂ ਹੈ। ਸ਼ਹਿਰੀਆਂ ਸਮੇਤ ਜ਼ਿਲ੍ਹੇ ਭਰ ਦੇ ਲੋਕਾਂ ਨੂੰ ਵਿਸ਼ੇਸ਼ ਪੈਕੇਜ ਦਾ ਐਲਾਨ ਕਰਨ ਸਬੰਧੀ ਵੱਡੀ ਉਮੀਦ ਬਣੀ ਹੋਈ ਸੀ, ਪਰ ਸਰਕਾਰ ਵੱਲੋਂ ਖਾਲੀ ਪੱਲਾ ਝਾੜਣ ਦੀ ਨੀਤੀ ਨੇ ਸਹਿਰ ਸਮੇਤ ਜ਼ਿਲ੍ਹੇ ਦੀ ਸਮੱਸਿਆਵਾਂ ਜਿਉਂ ਦੀਆਂ ਤਿਉਂ ਤੇ ਧਰੀਆਂ ਧਰਾਈਆਂ ਰਹਿ ਗਈਆਂ। ਜਦੋਂਕਿ ਸੀਵਰੇਜ ਦੇ ਗੰਦੇ ਪਾਣੀ ਦੀ ਨਿਕਾਸੀ ਕਾਨੂੰਨ ਤਹਿਤ ਬਨਾਂਵਾਲੀ ਥਰਮਲ ਪਲਾਂਟ ਵਿਖੇ ਆਪਣੇ ਖਰਚੇ ਲਿਜਾਣ ਸਬੰਧੀ ਫੌਰੀ ਹੁਕਮ ਦੀ ਲੋੜ ਸੀ, ਟੋਬੇ ਦੇ ਕੂੜੇ ਤੇ ਸਫ਼ਾਈ ਸਬੰਧੀ ਰੁਕੇ ਕੰਮ ਨੂੰ ਚਲਾਉਣ ਲਈ ਵਿਸ਼ੇਸ਼ ਧਿਆਨ ਦੀ ਲੋੜ ਹੈ। ਸਰਕਾਰ ਦੀਆਂ ਐਨ ਓ ਸੀ ਤੇ ਵਧੇ ਕੁਲੈਕਟਰ ਰੇਟ ਜਾਇਦਾਦ ਖਰੀਦ ਤੇ ਵੇਚਣ ਵਿੱਚ ਵੱਡੇ ਅੜਿੱਕੇ ਲਾ ਰਹੇ ਹਨ। ਲੋੜ ਹੈ ਐਨ.ਓ.ਸੀ ਦੀਆਂ ਸ਼ਰਤਾਂ ਨੂੰ ਸਰਲ ਤੇ ਨਰਮ ਕਰਨ ਦੀ। ਸ਼ਹਿਰ ਰੇਲਵੇ ਲਾਇਨ ਕਾਰਨ ਦੋ ਹਿੱਸਿਆਂ ਵਿੱਚ ਵੰਡਿਆ ਹੋਇਆ ਹੈ ਤੇ ਬਾਰਸ਼ਾਂ ਤੇ ਗੰਦੇ ਪਾਣੀ ਨਿਕਾਸੀ ਲਈ ਜੋ ਰੇਲਵੇ ਪੁਲੀ ਬਣੀ ਹੋਈ ਉਹ ਡੂੰਘੀ ਤੇ ਛੋਟੀ ਹੋਣ ਕਰਕੇ ਕਰਕੇ ਨਿਕਾਸੀ ਨਹੀਂ ਹੋ ਰਹੀ, ਜਿਸ ਕਾਰਨ ਸ਼ਹਿਰ ਪਾਣੀ ਮਕਾਨਾਂ ਅਤੇ ਦੁਕਾਨਾਂ ਦਾ ਭਾਰੀ ਨੁਕਸਾਨ ਹੋ ਰਿਹਾ ਹੈ। ਰੇਲਵੇ ਪੁਲੀ ਨੂੰ ਚੌੜੀ ਬਣਾਉਣ ਦੀ ਲੋੜ ਹੈ। ਅੰਤ ਵਿੱਚ ਕਮਿਊਨਿਸਟ ਆਗੂ ਨੇ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਵੱਲੋਂ ਇਨਸਾਫ਼ ਲਈ ਮੁੱਖ ਮੰਤਰੀ ਨੂੰ ਮਿਲਣ ਨਾ ਦੇਣ ਦੀ ਸਖਤ ਸ਼ਬਦਾਂ ਵਿੱਚ ਨਿੰਦਿਆ ਕੀਤੀ ਤੇ ਪਰਵਾਰ ਨੂੰ ਫੌਰੀ ਇਨਸਾਫ਼ ਦੀ ਮੰਗ ਵੀ ਕੀਤੀ।

## ਇੱਕੋ ਪਰਵਾਰ ਦੇ ਤਿੰਨ ਜੀਆਂ ਨੇ ਮਰਨ ਉਪਰੰਤ ਦੇਹ ਮੈਡੀਕਲ ਖੋਜ ਲਈ ਦਾਨ ਕਰਨ ਦਾ ਲਿਆ ਫ਼ੈਸਲਾ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਤਰਕਸ਼ੀਲ ਸੁਸਾਇਟੀ ਬਸੀ ਪਠਾਣਾਂ ਨਾਲ ਜੁੜੇ ਰਿਟਾਇਰਡ ਸਬ ਇੰਸਪੈਕਟਰ ਕੁਲਵੰਤ ਸਿੰਘ, ਉਨ੍ਹਾਂ ਦੀ ਧਰਮਪਤਨੀ ਗੁਰਮੇਲ ਕੌਰ ਤੇ ਉਨ੍ਹਾਂ ਦੀ ਭੈਣ ਸਤਵਿੰਦਰ ਕੌਰ ਨੇ ਮਰਨ ਉਪਰੰਤ ਆਪਣਾ ਸਰੀਰ ਪੀ.ਜੀ.ਆਈ. ਚੰਡੀਗੜ੍ਹ ਨੂੰ ਦਾਨ ਕਰਨ ਦਾ ਫੈਸਲਾ ਕੀਤਾ ਹੈ। ਕੁਲਵੰਤ ਸਿੰਘ, ਗੁਰਮੇਲ ਕੌਰ ਤੇ ਸਤਵਿੰਦਰ ਕੌਰ ਵੱਲੋਂ ਇਸ ਸਬੰਧੀ ਲੋੜੀਂਦੇ ਫਾਰਮ ਆਪਣੇ ਪੁੱਤਰ ਸ਼ਰਨਦੀਪ ਸਿੰਘ ਤੇ ਨੂੰਹ ਇੰਦਰਜੀਤ ਕੌਰ ਦੀ ਹਾਜ਼ਰੀ 'ਚ ਭਰੇ ਗਏ।

ਤਰਕਸ਼ੀਲ ਸੁਸਾਇਟੀ ਪੰਜਾਬ ਦੇ ਮਾਨਸਿਕ ਸਿਹਤ ਵਿੰਗ ਦੇ ਸੂਬਾਈ ਮੁਖੀ ਅਜੀਤ ਪ੍ਰਦੇਸੀ ਨੇ ਦੱਸਿਆ ਕਿ ਮੈਡੀਕਲ ਖੋਜ ਲਈ ਮ੍ਰਿਤਕ ਦੇਹ ਦਾਨ ਕਰਨ ਦਾ ਫ਼ੈਸਲਾ ਸਲਾਹੁਣਯੋਗ ਹੈ, ਕਿਉਂਕਿ ਜਿੱਥੇ ਇਸ ਨਾਲ ਸਰੀਰ ਦਾਨ ਕਰਨ ਵਾਲੇ ਨੂੰ ਮਾਨਸਿਕ ਸਕੂਨ ਮਿਲਦਾ ਹੈ, ਉੱਥੇ ਹੀ ਅਜਿਹਾ ਕਰਨ ਨਾਲ ਲੱਕੜ ਦੀ ਬੱਚਤ ਹੋਣ ਤੋਂ ਇਲਾਵਾ ਹਵਾ ਅਤੇ ਪਾਣੀ ਦਾ ਪ੍ਰਦੂਸ਼ਣ ਵੀ ਘਟਦਾ ਹੈ। ਇਸ ਮੌਕੇ ਅਜੀਤ ਪ੍ਰਦੇਸੀ ਤੋਂ ਇਲਾਵਾ ਸੁਸਾਇਟੀ ਦੀ ਬਸੀ ਪਠਾਣਾਂ ਇਕਾਈ ਤੋਂ ਮੇਹਰ ਸਿੰਘ ਤੇ ਪੀ.ਐਨ.ਬੀ. ਦੇ ਸਾਬਕਾ ਏ.ਜੀ.ਐਮ. ਹਰਨੇਕ ਸਿੰਘ ਵੀ ਹਾਜ਼ਰ ਸਨ।

### ਮਾਮਲਾ ਪੀੜਤ ਕਿਸਾਨ ਨੂੰ ਮੁਆਵਜ਼ਾ ਦੁਆਉਣ ਦਾ

## ਕਿਰਤੀ ਕਿਸਾਨ ਯੂਨੀਅਨ ਚੰਦ ਪੁਰਾਣਾ ਟੋਲ ਪਲਾਜ਼ੇ 'ਤੇ ਲਾਵੇਗੀ ਪੱਕਾ ਧਰਨਾ



**ਮੋਗਾ (ਅਮਰਜੀਤ ਬੱਬਰੀ)**-ਕਿਰਤੀ ਕਿਸਾਨ ਯੂਨੀਅਨ ਦੀ ਪਿੰਡ ਰਾਜਿਆਣਾ ਵਿਖੇ ਬਲਾਕ ਪ੍ਰਧਾਨ ਅਜਮੇਰ ਸਿੰਘ ਛੋਟਾਘਰ ਦੀ ਅਗਵਾਈ ਹੇਠ ਮੀਟਿੰਗ ਹੋਈ। ਬਲਾਕ ਪ੍ਰੈੱਸ ਸਕੱਤਰ ਜਸਮੇਲ ਸਿੰਘ ਰਾਜਿਆਣਾ ਨੇ ਦੱਸਿਆ ਕਿ ਪਿਛਲੇ ਸਾਲ ਮੋਗਾ-ਕੋਟਕਪੂਰਾ ਰੋਡ ਉੱਪਰ ਸੜਕ ਨਿਰਮਾਣ ਅਧੀਨ ਕੰਮ ਚੱਲ ਰਿਹਾ ਸੀ, ਜਿਸ ਵਿੱਚ ਪਿੰਡ ਰਾਜਿਆਣਾ ਤੇ ਰੋਡੇ ਕਾਲਜ ਦੇ ਵਿਚਕਾਰ ਸੜਕ ਵਿਭਾਗ ਅਤੇ ਵਣ ਵਿਭਾਗ ਵਲੋਂ ਸਾਂਝੇ ਤੌਰ 'ਤੇ ਦੋ ਦਰੱਖਤ 16 ਅਤੇ 17 ਨੰਬਰ ਦੀ ਪੁਟਾਈ ਕੀਤੀ ਗਈ ਅਤੇ ਦਰੱਖਤ ਪੱਟ ਕੇ ਟੋਆ ਖੁੱਲ੍ਹਾ ਛੱਡ ਦਿੱਤਾ ਗਿਆ ਤੇ ਟੋਏ ਦੀ ਮਿੱਟੀ ਮੇਨ ਰੋਡ ਉੱਪਰ ਚਿੱਟੀ ਪੱਟੀ ਤੋਂ ਅੱਗੇ ਰੋਡ ਦੇ ਵਿਚਕਾਰ ਢੇਰੀ ਲਾਈ ਗਈ। ਮਿਤੀ 17/9/2022 ਨੂੰ ਤਕਰੀਬਨ ਸਵੇਰੇ ਪੰਜ ਵਜੇ ਦੇ ਕਰੀਬ ਪਿੰਡ ਰਾਜਿਆਣਾ ਦਾ ਕਿਸਾਨ ਹਿੰਮਤ ਸਿੰਘ, ਜਦ ਉਸ ਟੋਏ ਕੋਲੋਂ ਆਪਣਾ ਮੋਟਰਸਾਈਕਲ ਲੈ ਕੇ ਲੰਘਣ ਲੱਗਿਆ ਤਾਂ ਉਸਦਾ ਮੋਟਰਸਾਈਕਲ ਉਸ ਸੜਕ ਵਿਚਕਾਰ ਪਈ ਮਿੱਟੀ ਦੀ ਢੇਰੀ ਉੱਪਰ ਚੜ੍ਹ ਗਿਆ ਤਾਂ ਪੀੜਤ ਕਿਸਾਨ ਹਿੰਮਤ ਸਿੰਘ ਉਸ ਟੋਏ ਵਿੱਚ ਜਾ ਡਿੱਗਿਆ, ਤਾਂ ਉਸਦੇ ਮਣਕੇ ਪ੍ਰਭਾਵਤ ਹੋ ਗਏ ਤੇ ਪੀੜਤ ਕਿਸਾਨ ਨੂੰ ਚੁੱਕ ਕੇ ਹਸਪਤਾਲ ਪੁਚਾਇਆ ਗਿਆ, ਉਸ ਕਿਸਾਨ ਦੇ ਇਲਾਜ 'ਤੇ ਤਕਰੀਬਨ 8 ਲੱਖ ਦੇ ਕਰੀਬ ਖਰਚ ਆ ਗਿਆ, ਜੋ ਅੱਜ ਵੀ ਮੰਜੇ ਉੱਪਰ ਪਿਆ ਆਪਣੀ ਕਿਸਮਤ ਨੂੰ ਕੋਸ ਰਿਹਾ ਹੈ। ਜਦ ਇਸ ਬਾਰੇ ਸੜਕ ਦੇ 12 ਸਾਲ ਤੋਂ ਲੱਗੇ ਚੰਦਪੁਰਾਣਾ ਕੋਲ ਟੋਲ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਤਾਂ ਉਹ ਟਾਲਮਟੋਲ ਕਰਨ ਲੱਗੇ ਤੇ ਪੀੜਤ ਕਿਸਾਨ ਨੂੰ ਮੁਆਵਜ਼ਾ ਦੇਣ ਤੋਂ ਸਾਫ਼ ਇਨਕਾਰ ਕਰਨ ਲੱਗੇ, ਜਿਸਦੇ ਸਬੰਧ ਵਿੱਚ ਥਾਣੇ ਵੀ ਰਿਪੋਰਟ ਦਰਜ ਕਰਾਈ, ਥਾਣੇ ਦੇ ਅਧਿਕਾਰੀਆਂ ਨੇ ਕੁੱਝ ਨਹੀਂ ਕੀਤਾ ਤੇ ਐਸਡੀਐਮ ਬਾਘਾਪੁਰਾਣਾ ਦੇ ਧਿਆਨ ਵਿੱਚ ਵੀ ਇਹ ਮਸਲਾ ਲਿਆਂਦਾ, ਪ੍ਰੰਤੂ ਕੋਈ ਵੀ ਸੁਣਵਾਈ ਨਹੀਂ ਹੋਈ, ਜਿਸ ਦੇ ਚੱਲਦਿਆਂ ਇਹ ਮਸਲਾ ਕਿਰਤੀ ਕਿਸਾਨ ਯੂਨੀਅਨ ਦੇ ਧਿਆਨ ਵਿੱਚ ਆਇਆ ਤਾਂ ਬਲਾਕ ਆਗੂਆਂ ਨੇ ਵੀ ਟੋਲ ਅਧਿਕਾਰੀਆਂ ਨਾਲ ਸੰਪਰਕ ਕੀਤਾ ਤਾਂ ਟੋਲ ਮੈਨੇਜਰ ਇਸ ਗੱਲ ਤੋਂ ਸਾਫ਼ ਮੁਨਕਰ ਹੋ ਗਿਆ। ਇਸ ਲਈ ਪੀੜਤ ਕਿਸਾਨ ਹਿੰਮਤ ਸਿੰਘ ਰਾਜਿਆਣਾ ਨੂੰ ਇਨਸਾਫ਼ ਦਿਵਾਉਣ ਲਈ ਯੂਨੀਅਨ ਵੱਲੋਂ 16 ਜੂਨ ਨੂੰ ਟੋਲ ਪਲਾਜ਼ੇ ਉੱਪਰ ਅਣਮਿੱਥੇ ਸਮੇਂ ਲਈ ਧਰਨਾ ਲਾਇਆ ਜਾਵੇਗਾ।

## ਸਿਵਲ ਸਰਵਿਸਿਜ਼ ਪ੍ਰੀਖਿਆਵਾਂ ਦੀ ਤਿਆਰੀ ਲਈ ਮੁਫਤ ਸਿਖਲਾਈ ਦਿੱਤੀ ਜਾਵੇਗੀ : ਗਰੇਵਾਲ



**ਸਮਰਾਲਾ (ਸੁਰਜੀਤ ਸਿੰਘ)**-ਬੱਚਿਆਂ ਨੂੰ ਆਈਲੈਟਸ ਕਰਕੇ ਵਿਦੇਸ਼ਾਂ ਨੂੰ ਭੱਜਣ ਤੋਂ ਰੋਕਣ ਲਈ ਅਤੇ ਉਨ੍ਹਾਂ ਨੂੰ ਉੱਚੇ ਅਹੁਦਿਆਂ ਤੱਕ ਪਹੁੰਚਣ ਦੇ ਨਿਸ਼ਾਨੇ ਲਈ ਸਿਵਲ ਸਰਵਿਸਜ਼ ਦੇ ਮੁਕਾਬਲਿਆਂ ਦੀ ਤਿਆਰੀ ਦੀ ਸਿਖਲਾਈ ਲਈ ਸਮਰਾਲਾ ਵਿਖੇ ਮੁਫਤ ਟ੍ਰੇਨਿੰਗ ਸੈਂਟਰ ਖੋਲ੍ਹਿਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦੇ ਹੋਏ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਤੇਜਿੰਦਰ ਸਿੰਘ ਗਰੇਵਾਲ ਨੇ ਦੱਸਿਆ ਕਿ ਪੰਜਾਬ ਦੀ ਜਵਾਨੀ ਨੂੰ ਵਿਦੇਸ਼ਾਂ ਵੱਲ ਨੂੰ ਭੱਜਣ ਤੋਂ ਰੋਕਣ ਲਈ ਉਨ੍ਹਾਂ ਨੂੰ ਉੱਚੇ ਅਹੁਦਿਆਂ ਵੱਲ ਰੁਚਿਤ ਕਰਨਾ ਲਾਜ਼ਮੀ ਹੋ ਗਿਆ ਹੈ। ਉਨ੍ਹਾ ਕਿਹਾ ਕਿ ਪੰਜਾਬ ਕਿਸੇ ਨਾਲੋਂ ਘੱਟ ਨਹੀਂ, ਪਰ ਸਿਵਲ ਸਰਵਿਸਜ਼ ਦੇ ਖੇਤਰ ਵਿੱਚ ਉਹ ਬਹੁਤ ਪੱਛੜ ਗਿਆ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਨੂੰ ਮੁੜ ਰੰਗਲਾ ਬਣਾਉਣ ਤੇ ਮੁੜ ਪੈਰਾਂ 'ਤੇ ਖੜਾ ਕਰਨ, ਵਿਦੇਸ਼ਾਂ ਨੂੰ ਭੱਜੀ ਜਾ ਰਹੀ ਜਵਾਨੀ ਨੂੰ ਰੋਕਣ ਤੇ ਪੰਜਾਬ ਦੇ ਨੌਜਵਾਨ ਲੜਕੇ, ਲੜਕੀਆਂ ਨੂੰ ਉੱਚ ਅਹੁਦਿਆਂ 'ਤੇ ਬਿਠਾਉਣ ਦਾ ਸੁਪਨਾ ਪੂਰਾ ਕਰਨ ਲਈ ਸਮਰਾਲਾ ਹਲਕੇ ਵਿੱਚ ਪਹਿਲੀ ਵਾਰ ਇੱਕ ਨਿਵੇਕਲੀ ਕਿਸਮ ਦਾ ਉਪਰਾਲਾ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਕਸਦ ਲਈ ਵਿਸ਼ੇਸ਼ ਸਟਾਫ ਰੱਖਿਆ ਗਿਆ ਹੈ, ਜੋ ਬੱਚਿਆਂ ਨੂੰ ਤਿਆਰੀ ਕਰਵਾਏਗਾ। ਉਨ੍ਹਾ ਕਿਹਾ ਕਿ ਜੋ ਬੱਚੇ ਉੱਚ ਅਹੁਦਿਆਂ 'ਤੇ ਜਾਣਾ ਚਾਹੁੰਦੇ ਹਨ, ਉਨ੍ਹਾਂ ਦੀ ਤਿਆਰੀ ਨੂੰ ਮੱਦੇਨਜ਼ਰ ਰੱਖਦੇ ਹੋਏ ਸਿਲੇਬਸ ਤਿਆਰ ਕਰਕੇ ਵੱਖ ਵੱਖ ਉਮਰ ਵਰਗ ਦੇ ਬੱਚਿਆਂ ਅੰਦਰ ਮੁਕਾਬਲੇ ਦੀ ਭਾਵਨਾ ਜਾਗਰੂਕ ਕਰਨ ਦੀ ਮਨਸਾ ਹਿੱਤ 'ਗਿਆਨ ਜਾਗਰੂਕਤਾ' ਮੁਕਾਬਲਾ 30 ਜੁਲਾਈ ਨੂੰ ਸਮਰਾਲਾ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਮੁਕਾਬਲੇ 'ਚ ਭਾਗ ਲੈਣ ਲਈ ਕੋਈ ਫੀਸ ਨਹੀਂ ਲਈ ਜਾਵੇਗੀ। ਇਹ ਮੁਕਾਬਲਾ ਤਿੰਨ ਵਰਗਾਂ 'ਚ ਵੰਡਿਆ ਗਿਆ ਹੈ। ਪਹਿਲੇ ਵਰਗ 'ਚ ਤੀਜੀ, ਚੌਥੀ ਤੇ ਪੰਜਵੀਂ ਜਮਾਤ ਦੇ ਵਿਦਿਆਰਥੀ ਭਾਗ ਲੈ ਸਕਣਗੇ।

ਦੂਸਰੇ ਵਰਗ 'ਚ ਛੇਵੀਂ, ਸੱਤਵੀਂ ਤੇ ਅੱਠਵੀਂ ਜਮਾਤ ਦੇ ਵਿਦਿਆਰਥੀ ਭਾਗ ਲੈ ਸਕਣਗੇ। ਤੀਸਰੇ ਵਰਗ 'ਚ ਨੌਵੀਂ, ਦਸਵੀਂ, ਗਿਆਰਵੀਂ ਤੇ ਬਾਰਵੀਂ ਜਮਾਤ ਦੇ ਵਿਦਿਆਰਥੀ ਭਾਗ ਲੈ ਸਕਣਗੇ। ਇਸ ਮੁਕਾਬਲੇ 'ਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਸਹੂਲਤ ਲਈ ਵਟਸਐਪ ਨੰਬਰ 89479-000111 ਜਾਰੀ ਕਰ ਦਿੱਤਾ ਗਿਆ ਹੈ, ਜਿਸ ਉੱਤੇ 25 ਜੁਲਾਈ ਤੱਕ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।

## ਘਰੇਲੂ ਕਾਮਿਆਂ ਦੇ ਮੁੱਦਿਆਂ ਨੂੰ ਉਜਾਗਰ ਕਰਨ ਬਾਰੇ ਸੈਮੀਨਾਰ



**ਮੋਗਾ (ਅਮਰਜੀਤ ਬੱਬਰੀ)**-ਸਵੈ-ਰੁਜ਼ਗਾਰ ਮਹਿਲਾ ਐਸੋਸੀਏਸ਼ਨ (ਸੇਵਾ) ਵੱਲੋਂ ਘਰੇਲੂ ਕਾਮਿਆਂ ਦੇ ਮੁੱਦਿਆਂ ਨੂੰ ਉਜਾਗਰ ਕਰਨ ਲਈ ਰਾਜਿੰਦਰਾ ਸਟੇਟ ਮੋਗਾ ਦੇ ਸਾਹਮਣੇ ਸੈਮੀਨਾਰ ਕੀਤਾ ਗਿਆ, ਜਿਸ ਵਿੱਚ ਸਖੀ ਵਨ ਸਟਾਪ ਸੈਂਟਰ ਵੱਲੋਂ ਮੈਡਮ ਐਡਵੋਕੇਟ ਦੀਪਿਕਾ ਕੌਸ਼ਲ ਹਾਜ਼ਰ ਸਨ।

ਉਨ੍ਹਾਂ ਨੇ ਘਰੇਲੂ ਹਿੰਸਾ ਬਾਰੇ ਤੇ ਸੈਕਸੂਅਲ ਹਰਾਸਮੈਂਟ ਬਾਰੇ ਜਾਣਕਾਰੀ ਦਿੱਤੀ। ਘਰੇਲੂ ਕਾਮਿਆਂ ਦੀ ਲਹਿਰ ਤੇ ਸਮੂਹ ਕਾਮਿਆਂ ਵਜੋਂ ਉਨ੍ਹਾਂ ਦੇ ਅਧਿਕਾਰਾਂ ਅਤੇ ਹੱਕਾਂ ਦੀ ਹਮਾਇਤ ਨੂੰ ਸਮੂਹਿਕ ਅਵਾਜ਼ ਦੇਣ ਲਈ ਉਨ੍ਹਾਂ ਦਾ ਸਮਰਥਨ ਸਵੈ-ਰੁਜ਼ਗਾਰ ਮਹਿਲਾ ਐਸੋਸੀਏਸ਼ਨ (ਸੇਵਾ) ਕਰ ਰਹੀ ਹੈ, ਜੋ ਪੰਜਾਬ ਵਿੱਚ 4000 ਤੋਂ ਵੱਧ ਕਾਮਿਆਂ ਨਾਲ ਕੰਮ ਕਰ ਰਹੀ ਹੈ। ਸੇਵਾ ਘਰੇਲੂ ਕਾਮਿਆਂ ਨੂੰ ਰੁਜ਼ਗਾਰ ਦੇਣ ਵਾਲਿਆਂ/ਸ਼ਹਿਰ ਵਾਸੀਆਂ ਵਿੱਚ ਘਰੇਲੂ ਦਰਪੇਸ਼ ਮੁੱਦਿਆਂ ਬਾਰੇ ਜਾਗਰੂਕ ਕਰਨ ਦੇ ਨਾਲ ਉਨ੍ਹਾਂ ਦੀਆਂ ਸਥਿਤੀਆਂ ਵਿੱਚ ਸੁਧਾਰ, ਜੋ ਲੰਬੇ ਸਮੇਂ ਤੋਂ ਬਕਾਇਆ ਹੈਠ ਲਿਆਉਣ ਲਈ ਰਾਜ ਸਰਕਾਰ ਤੋਂ ਮੰਗ ਕਰਦੀ ਹੈ। ਉਨ੍ਹਾਂ ਕਿਹਾ ਕਿ ਭਾਰਤ ਵਿਚ 400 ਮਿਲੀਅਨ ਗੈਰ ਰਸਮੀ ਕਾਮਿਆਂ ਵਿਚੋਂ 90% ਔਰਤਾਂ ਹਨ ਜਿਸ ਵਿੱਚੋਂ ਵੱਡੀ ਪ੍ਰਤੀਸ਼ਤ ਘਰੇਲੂ ਕੰਮਾਂ ਵਿਚ ਲੱਗੀ ਹੋਈ ਹੈ ਜਦੋਂ ਘਰੇਲੂ ਕਾਮਿਆਂ ਦੀ ਭਾਲ ਕਰ ਲਿੱਤੀ ਜਾਂਦੀ ਹੈ, ਉਹਨਾਂ ਨਾਲ ਘੱਟ ਹੀ ਕਾਮਿਆਂ ਵਾਂਗ ਵਰਤਾਓ ਕੀਤਾ ਜਾਂਦਾ ਹੈ ਅਤੇ ਨਾ ਹੀ ਉਹ ਆਪਣੇ ਆਪ ਨੂੰ ਕਾਮੇ ਮੰਨਦੇ ਹਨ। ਮਾਲਕ ਨੂੰ ਉਹਨਾਂ ਦੇ ਅਧਿਕਾਰ ਬਾਰੇ ਬਹੁਤ ਘੱਟ ਜਾਂ ਕੋਈ ਜਾਗਰੂਕਤਾ ਨਹੀਂ ਹੈ। ਉਹ ਨਹੀਂ ਸਮਝਦੇ ਕਿ ਨਿਯਮਤ ਕੰਮ ਕਰਨ ਦਾ ਸਮਾਂ, ਵਧੀਆ ਤਨਖਾਹ, ਹਫਤਾਵਾਰੀ ਛੁੱਟੀ ਆਦਿ ਉਹਨਾਂ ਦੇ ਅਧਿਕਾਰ ਹਨ। ਇਸ ਦੇ ਮੱਦੇਨਜਰ ਅੱਜ ਸੇਵਾ ਪੰਜਾਬ ਦੇ ਘਰੇਲੂ ਕਰਮਚਾਰੀ ਮੈਂਬਰਾਂ ਵਲੋਂ ਜਾਗਰੂਕਤਾ ਸੈਮੀਨਾਰ ਵਿੱਚ ਆਪਣੀਆਂ ਚਿੰਤਾਵਾਂ ਨੂੰ ਉਠਾਇਆ ਗਿਆ। ਇਸ ਸਮੇਂ ਸੇਵਾ ਪੰਜਾਬ ਦੇ ਮੈਂਬਰਾਂ ਜੋ ਆਪਣੇ ਆਪ ਵਿੱਚ ਇੱਕ ਘਰੇਲੂ ਕਰਮਚਾਰੀ ਹਨ ਨੇ ਕਿਹਾ ਕਿ ਅਸੀਂ ਆਪਣੇ ਅਧਿਕਾਰਾਂ ਲਈ ਅਪੀਲ ਕਰ ਰਹੇ ਹਾਂ ਪਰ ਸਰਕਾਰ ਅਤੇ ਸਾਡੇ ਮਾਲਕ ਸਾਡੀ ਲਹਿਰ ਨੂੰ ਮਾਨਤਾ ਦੇਣ ਤੋਂ ਇਨਕਾਰ ਕਰਦੇ ਹਨ। ਇੱਥੇ ਹਜ਼ਾਰਾਂ ਲੋਕ ਘਰੇਲੂ ਕੰਮਾਂ ਵਿੱਚ ਰੁੱਝੇ ਹੋਏ ਹਨ ਪਰ ਸਾਡੇ ਕੋਲ ਬੁਨਿਆਦੀ ਸਹੂਲਤਾਂ ਜਾਂ ਕੋਈ ਸਿਹਤ ਲਾਭ ਨਹੀਂ ਹਨ। ਸਾਨੂੰ ਸਰਕਾਰ ਦੁਆਰਾ ਕੋਈ ਸਹਾਇਤਾ ਪ੍ਰਾਪਤ ਨਹੀਂ ਹੋਈ। ਸਾਡੇ ਵਿੱਚੋਂ ਬਹੁਤ ਸਾਰੀਆਂ ਇਕੱਲੀਆਂ ਮਾਵਾਂ ਵੀ ਹਨ ਇਸ ਲਈ ਇਹ ਉਹੀ ਕੰਮ ਹੈ ਜੋ ਸਾਨੂੰ ਰੋਜ਼ੀ-ਰੋਟੀ ਪ੍ਰਦਾਨ ਕਰਦਾ ਹੈ ਫਿਰ ਵੀ, ਵਰਕਰਾਂ ਵਜੋਂ ਸਾਡੀ ਕੋਈ ਸੁਰੱਖਿਆ ਨਹੀਂ ਹੈ। ਕਿਉਂ? ਅਸੀਂ ਦੂਜੇ ਕਾਮਿਆਂ ਤੋਂ ਕਿਵੇਂ ਵੱਖਰੇ ਹਾਂ?"

ਆਗੂਆਂ ਨੇ ਕਿਹਾ ਕਿ, ਇਸ ਸੈਕਟਰ ਦੀਆਂ ਵਿਸੇਸ ਸਰਤਾਂ ਨੂੰ ਵੇਖਦੇ ਹੋਏ, ਘਰੇਲੂ ਮਜ਼ਦੂਰਾਂ ਲਈ ਸਰਕਾਰ ਦੁਆਰਾ ਕਨਵੈਨਸ਼ਨ 189 ਨੂੰ ਪ੍ਰਮਾਣਤ ਕੀਤਾ ਜਾਵੇ, ਘਰੇਲੂ ਮਜ਼ਦੂਰਾਂ ਲਈ ਇਕ ਵਿਸਾਲ ਵਿਆਪਕ ਕਾਨੂੰਨ ਜਿਸ ਦੇ ਮੱਦੇਨਜ਼ਰ ਭਾਰਤ ਵੀ ਸੰਮੇਲਨ 189 ਨੂੰ ਪ੍ਰਵਾਨਗੀ ਦੇਵੇਗਾ ਅਤੇ ਦੱਖਣੀ ਏਸ਼ਿਆਈ ਦੇਸਾਂ ਨੂੰ ਪ੍ਰਦਰਸ਼ਤ ਕਰਨ ਦੇ ਯੋਗ ਹੋਵੇਗਾ ਕਿ ਭਾਰਤ ਮਜ਼ਦੂਰਾਂ ਦੇ ਇਸ ਕਮਜ਼ੋਰ ਵਰਗ ਦੀ ਦੇਖਭਾਲ ਕਰਦਾ ਹੈ, ਸਾਰੇ ਘਰੇਲੂ ਕਾਮਿਆਂ ਨੂੰ ਕਿਰਤ ਵਿਭਾਗ ਵਿੱਚ ਰਜਿਸਟਰ ਕੀਤਾ ਜਾਵੇ। ਇਪਟਾ ਮੋਗਾ ਦੀ ਟੀਮ ਵਲੋਂ ਨਾਟਕ 'ਮੇਰੀ ਪਹਿਚਾਣ' ਪੇਸ਼ ਕੀਤਾ ਗਿਆ।

## ਭਾਜਪਾ ਯੁਵਾ ਮੋਰਚਾ ਦੀ ਟੀਮ ਪਾਰਟੀ ਨੀਤੀਆਂ ਨੂੰ ਘਰ-ਘਰ ਪੁਚਾਏਗੀ : ਪ੍ਰਧਾਨ ਅੰਕੁਸ਼



**ਜਗਰਾਉਂ (ਅਮਿਤ ਖੰਨਾ)**-ਭਾਜਪਾ ਜ਼ਿਲ੍ਹਾ ਯੁਵਾ ਮੋਰਚਾ ਦੀ ਮੀਟਿੰਗ ਪੁਰਾਣੀ ਦਾਣਾ ਮੰਡੀ ਧਰਮਸ਼ਾਲਾ ਵਿਖੇ ਹੋਈ, ਜਿਸ ਵਿੱਚ ਜ਼ਿਲ੍ਹਾ ਯੁਵਾ ਮੋਰਚਾ ਪ੍ਰਧਾਨ ਅੰਕੁਸ਼ ਸਹਿਜਪਾਲ ਵੱਲੋਂ ਆਪਣੀ ਟੀਮ ਦਾ ਐਲਾਨ ਕੀਤਾ ਗਿਆ। ਮੀਟਿੰਗ ਵਿੱਚ ਨਵ ਨਿਯੁਕਤ ਮੈਂਬਰਾਂ ਨੂੰ ਸਿਰੋਪੇ ਪਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮੇਜਰ ਸਿੰਘ ਦੇਤਵਾਲ, ਕਪਿਲ ਗਰਗ ਤੇ ਪਰਦੀਪ ਕੁਮਾਰ ਜੰਡ ਨੇ ਟੀਮ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਭਾਰਤੀ ਜਨਤਾ ਪਾਰਟੀ ਦੇ 9 ਸਾਲ ਬੇਮਿਸਾਲ ਤੇ ਪਾਰਟੀ ਹੁਣ ਤੱਕ ਦੇ ਅਨੇਕਾਂ ਹੀ ਜਨ ਕਲਿਆਣ ਦੇ ਕੰਮਾਂ ਬਾਰੇ ਜਾਣੂ ਕਰਾਇਆ ਅਤੇ 2024 ਲੋਕ ਸਭਾ ਇਲੈਕਸ਼ਨ ਵਿਚ ਮੋਦੀ ਨੂੰ ਦੁਬਾਰਾ ਤੋਂ ਪ੍ਰਧਾਨ ਮੰਤਰੀ ਬਣਾਉਣ ਲਈ ਭਾਜਪਾ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਲੈ ਜਾਣ ਲਈ ਆਖਿਆ। ਇਸ ਮੌਕੇ ਜਗਦੀਪ ਜੱਗੀ, ਅਕਾਸ ਅਰੋੜਾ, ਦਿਲਰਾਜ ਹਠੂਰ ਨੂੰ ਉੱਪ ਪ੍ਰਧਾਨ, ਸੁਖਮਿੰਦਰ ਸਿੰਘ ਤੇ ਮੋਹਿਤ ਗੋਇਲ ਨੂੰ ਜਨਰਲ ਸਕੱਤਰ, ਸਾਹਿਲ ਸਰਮਾ, ਅਕਾਸ਼ ਜੱਸਲ, ਸੰਜੂ ਗਿੱਲ, ਸ਼ੁਭਦੀਪ ਸਿੰਘ ਗਿੱਲ ਤੇ ਵਰੁਨ ਅਨੰਦ ਨੂੰ ਸਕੱਤਰ, ਗੁਰਜੋਤ ਸਿੰਘ ਉੱਪਲ ਨੂੰ ਖ਼ਜ਼ਾਨਚੀ, ਵਿਸ਼ਾਲ ਕੁਮਾਰ, ਹਰਦੀਪ ਸਿੰਘ, ਅਕਾਸ਼ ਸਿੰਘ, ਵਿਸ਼ਨੂੰ ਕੁਮਾਰ, ਹਿਮਾਂਸ਼ੂ, ਅਰਸ਼ਦੀਪ ਸਿੰਘ, ਸਾਹਿਲ ਸ਼ਰਮਾ, ਸੁਖਦੀਪ ਸਿੰਘ, ਮਾਨਾ ਬਾਊਂਸਰ, ਪਵਨ ਸਿੰਘ, ਜਗਰਾਜ ਸਿੰਘ, ਸੁਸਾਰ ਰੂਮੀ, ਰਾਜ ਸਰਪੰਚ ਨੂੰ ਕਾਰਜਕਾਰੀ ਮੈਂਬਰ ਲਾਇਆ।

## ਫੈਕਟਰੀਆਂ ਵਾਲਿਆਂ ਵੱਲੋਂ ਤੇਜ਼ਾਬੀ ਪਾਣੀ ਸੁੱਟਣਾ ਲਗਾਤਾਰ ਜਾਰੀ

**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਨੇੜੇ ਦੀਆਂ ਫੈਕਟਰੀਆਂ ਵੱਲੋਂ ਕੈਮੀਕਲ ਵਾਲਾ ਪਾਣੀ ਸ਼ਹਿਰ ਨੇੜੇ ਸੁੰਨਸਾਨ ਕਾਵਾਂ ਹੱਥ ਹੈ। ਇਹ ਫੈਕਟਰੀਆਂ ਵਾਲੇ ਹਰ ਰਾਤ ਦੇ ਹਨੇਰੇ ਦਾ ਫ਼ਾਇਦਾ ਉਠਾ ਕੇ ਜੀ ਟੀ ਰੋਡ ਨਾਲ ਲੱਗਦੇ ਸਰਵਿਸ ਰੋਡ ਉਪਰ ਸੁੰਨਸਾਨ ਥਾਂਵਾਂ 'ਤੇ ਤੇਜ਼ਾਬੀ ਪਾਣੀ ਸੁੱਟਦੇ ਅਕਸਰ ਦੇਖੇ ਜਾ ਸਕਦੇ ਹਨ। ਬੀਤੀ ਸ਼ਾਮ ਆਮ ਆਦਮੀ ਦੇ ਵਲੰਟੀਅਰ ਜਸਵਿੰਦਰ ਸਿੰਘ ਮਾਨ ਪਿੰਡ ਸਲੋਦੀ ਸਿੰਘਾਂ ਦੀ ਨੇ ਪਿੰਡ ਸਲੋਦੀ ਦੇ ਨੇੜੇ ਤੋਂ ਲੰਘ ਰਹੇ ਹੈ ਰਜਵਾਹੇ ਵਿੱਚ ਤੇਜ਼ਾਬੀ ਪਾਣੀ ਦਾ ਟੈਂਕ ਖਾਲੀ ਕਰਦੇ ਦੋ ਵਿਅਕਤੀ ਕੁਲਵੰਤ ਸਿੰਘ ਵਾਸੀ ਅਮਰਗੜ੍ਹ ਅਤੇ ਵਿੱਕੀ ਸਰਮਾ ਵਾਸੀ ਅਮਰਗੜ੍ਹ ਨੂੰ ਸਮੇਤ ਗੱਡੀ ਨੰਬਰ ਪੀ ਬੀ13 ਏ ਆਰ 3793 ਟਾਟਾ 407 ਟੈਂਕਰ ਰੋਕਿਆ ਗਿਆ। ਜਸਵਿੰਦਰ ਸਿੰਘ ਮਾਨ ਵੱਲੋਂ ਮੌਕੇ 'ਤੇ ਨਹਿਰੀ ਵਿਭਾਗ ਦੇ ਕ੍ਰਮਚਾਰੀਆਂ ਨੂੰ ਫੋਨ ਕਰਕੇ ਬੁਲਾਇਆ ਤੇ ਇਨ੍ਹਾਂ ਉਪਰ ਕਾਰਵਾਈ ਕਰਾਈ ਗਈ। ਕੁਲਵੰਤ ਸਿੰਘ ਤੇ ਵਿੱਕੀ ਸ਼ਰਮਾ ਨੇ ਦੱਸਿਆ ਕੀ ਇਹ ਪਾਣੀ ਅਸੀਂ ਖੰਨਾ ਸਮਰਾਲਾ ਰੋਡ ਉਪਰ ਇੱਕ ਪਿੰਡ ਲੱਗੀ ਜੂਸ ਬਣਾਉਣ ਵਾਲੀ ਫੈਕਟਰੀ 'ਚੋਂ ਭਰ ਕੇ ਲਿਆਂਦਾ ਹੈ। ਮੌਕੇ 'ਤੇ ਪਹੁੰਚੇ ਨਹਿਰੀ ਵਿਭਾਗ ਦੇ ਜੇ ਈ ਅਰਵਿੰਦ ਵਰਮਾ ਨੇ ਦੱਸਿਆ ਕਿ ਮੇਰੇ ਵੱਲੋਂ ਲਿਖਤੀ ਕਾਰਵਾਈ ਦੀ ਕਾਪੀ ਸਬੰਧਤ ਵਿਭਾਗ ਦੇ ਐਸਡੀਓ ਨੂੰ ਭੇਜ ਦਿੱਤੀ ਗਈ ਹੈ। ਅਗਲੀ ਕਾਰਵਾਈ ਉਹ ਸਾਰੀ ਜਾਂਚ ਕਰਕੇ ਸਬੰਧਤ ਮਹਿਕਮਿਆਂ ਨੂੰ ਲੈ ਕੇ ਭੇਜ ਦੇਣਗੇ।

## ਸੋਸ਼ਲ ਮੀਡੀਆ 'ਤੇ ਫੋਟੋ ਵਾਇਰਲ, ਸਫ਼ਾਈ ਨਾ ਹੋਣ ਕਾਰਨ ਲੋਕ ਪ੍ਰੇਸ਼ਾਨ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)** ਸੋਸ਼ਲ ਮੀਡੀਆ 'ਤੇ ਮੰਜਾ ਮਾਰਕੀਟ ਨਾਂਅ ਦੇ ਫੇਸਬੁਕ ਅਕਾਊਂਟ ਵੱਲੋਂ ਵਾਰਡ ਨੰਬਰ 14 ਸੇ ਕੌਂਸਲਰ ਸੰਦੀਪ ਘਈ ਦੀ ਫੋਟੋ ਪਾ ਕੇ ਨਾਲ ਇਕ ਰਿਪੋਰਟ ਕਾਰਡ ਲਿਖ ਕੇ ਕੁਝ ਆਰੋਪ ਲਾਏ ਗਏ। ਇਨ੍ਹਾਂ ਕਥਿਤ ਦੋਸ਼ਾਂ ਵਿੱਚ ਲਿਖਿਆ ਗਿਆ ਹੈ ਕਿ ਕੌਂਸਲਰ ਸੰਦੀਪ ਘਈ ਦੇ ਵਾਰਡ ਵਿਚ ਗਲੀਆਂ ਵਿੱਚ ਗਾਰਾ ਤੇ ਚਿੱਕੜ ਹੈ, ਕੋਈ ਸਫ਼ਾਈ ਕ੍ਰਮਚਾਰੀ ਨਾ ਹੋਣ ਕਰਕੇ ਗਲੀਆਂ ਅਤੇ ਖਾਲੀ ਪਲਾਟਾਂ ਵਿਚ ਕੂੜਾ ਹੈ ਅਤੇ ਕੌਂਸਲਰ ਘਈ ਲੋਕਾਂ ਨਾਲ ਸਹਿਚਾਰ ਵੀ ਨਹੀਂ ਰੱਖਦੇ। ਦੋਸ਼ ਤਸਦੀਕ ਕਰਨ ਲਈ ਜਦੋਂ ਅਸੀਂ ਵਾਰਡ ਦਾ ਨਿਰੀਖਣ ਕੀਤਾ ਤਾਂ ਦੋਸ਼ਾਂ ਵਿੱਚ ਸੱਚਾਈ ਦਿਸੀ। ਵਾਰਡ ਦੀਆਂ ਗਲੀਆਂ ਵਿਚ ਤਾਂ ਸੀਵਰੇਜ ਦਾ ਪਾਣੀ ਇਸ ਤਰ੍ਹਾਂ ਭਰਿਆ ਹੋਇਆ ਹੈ ਕਿ ਲੋਕ ਬਿਨਾਂ ਆਪਣਾ ਪੈਰ ਪਾਣੀ ਵਿਚ ਰੱਖੇ ਪੈਦਲ ਲੰਘ ਨਹੀਂ ਸਕਦੇ। ਸਫ਼ਾਈ ਦਾ ਵੀ ਵਾਰਡ ਵਿਚ ਮਾੜਾ ਹਾਲ ਹੈ। ਸੋਸ਼ਲ ਮੀਡੀਆ ਦੀ ਪੋਸਟ ਵਿੱਚ ਕੌਂਸਲਰ ਸੰਦੀਪ ਘਈ ਖੁਦ ਵੀ ਕੁਮੈਂਟ ਕਰਦੇ ਨਜ਼ਰ ਆਏ। ਉਨ੍ਹਾਂ ਵੱਲੋਂ ਕੁਮੈਂਟ ਬਾਕਸ ਵਿਚ ਆਪਣਾ ਬਚਾਅ ਕਰਦੇ ਹੋਏ ਕੁਝ ਫੋਟੋਆਂ ਪਾਈਆਂ ਗਈਆਂ, ਜਿਨ੍ਹਾਂ ਵਿੱਚ ਵਾਰਡ ਦੀ ਸਫ਼ਾਈ ਕੀਤੀ ਜਾ ਰਹੀ ਸੀ। ਇਸ ਸਫਾਈ ਦੀ ਫੋਟੋਆਂ ਦੇ ਬਾਵਜੂਦ ਵੀ ਵਾਰਡ ਵਿਚ ਕਈ ਗਲੀਆਂ ਵਿਚ ਗੰਦਗੀ ਅਤੇ ਸੀਵਰੇਜ ਦਾ ਗੰਦਾ ਪਾਣੀ ਦਿਖਾਈ ਦੇ ਰਿਹਾ ਸੀ।

ਜਦੋਂ ਕੌਂਸਲਰ ਸੰਦੀਪ ਘਈ ਨਾਲ ਫੋਨ 'ਤੇ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਸਫ਼ਾਈ ਕਰਵਾਈ ਜਾ ਰਹੀ ਹੈ ਅਤੇ ਮਸ਼ੀਨ ਲਾ ਕੇ ਸੀਵਰੇਜ ਦਾ ਪਾਣੀ ਵੀ ਖਾਲੀ ਕਰਾ ਰਹੇ ਹਾਂ। ਜੋ ਵਾਰਡ ਨੰਬਰ 13 ਨਾਲ ਲਗਦੀ ਗਲੀ ਹੈ, ਉਸ ਦੀ ਫੋਟੋ ਵਾਇਰਲ ਹੋ ਰਹੀ ਹੈਠ ਪਜ ਸਾਰੇ ਸਿਰਫ ਮੈਨੂੰ ਹੀ ਕਹਿੰਦੇ ਹਨ। 13 ਨੰਬਰ ਵਾਰਡ ਦੇ ਕੌਂਸਲਰ ਨੂੰ ਕੋਈ ਕੁਝ ਨਹੀਂ ਕਹਿੰਦਾ। ਜਦੋਂ ਵਾਰਡ ਨੰਬਰ 13 ਦੇ ਕੌਂਸਲਰ ਪਤੀ ਤੇ ਸੀਨੀਅਰ ਅਕਾਲੀ ਆਗੂ ਯਾਦਵਿੰਦਰ ਸਿੰਘ ਯਾਦੂ ਨਾਲ ਫੋਨ 'ਤੇ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਅਸੀਂ ਸ਼ੁਰੂ ਤੋਂ ਹੀ ਇਸ ਗ਼ਲਤ ਪੈ ਰਹੇ ਸੀਵਰੇਜ ਦਾ ਵਿਰੋਧ ਕੀਤਾ ਹੈ। ਉਸ ਸਮੇਂ ਕਾਂਗਰਸ ਦੀ ਸਰਕਾਰ ਸੀ। ਹੁਣ ਕੁਝ ਦਿਨ ਵਿਚ ਜੇਕਰ ਇਸਦਾ ਪੱਕਾ ਇਲਾਜ ਨਾ ਕੀਤਾ ਗਿਆ ਤਾਂ ਅਸੀਂ ਇਸਦੀ ਜਾਂਚ ਵੀ ਕਰਾਵਾਂਗੇ ਅਤੇ ਨਾਲ ਹੀ ਜੇ ਇਸਦੇ ਖਿਲਾਫ ਸਾਨੂੰ ਕੋਰਟ ਵਿਚ ਜਾਣਾ ਪਿਆ ਤਾਂ ਅਸੀਂ ਜਾਵਾਂਗੇ। ਵਾਰਡ ਨੰਬਰ 14 ਦੇ ਸਾਬਕਾ ਕੌਂਸਲਰ ਸੁਧੀਰ ਕੁਮਾਰ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਵਾਰਡ ਨੰਬਰ 14 ਦਾ ਕੌਂਸਲਰ ਨਿਕੰਮਾ ਹੈ। ਇਸ ਕੋਲ ਅਪਣੇ ਕੰਮ ਤੋਂ ਸਮਾਂ ਹੀ ਨਹੀਂ ਹੈ। ਜੇਕਰ ਇਹ ਵਾਰਡ 'ਤੇ ਧਿਆਨ ਦੇਵੇਗਾ ਤਾਂ ਹੀ ਸਫਾਈ ਹੋਵੇਗੀ।

### ...ਸਫ਼ਾ 1 ਦਾ ਬਾਕੀ

## ਮਗਨਰੇਗਾ 'ਚ ਫੈਲੇ ..

ਜਾਵੇ ਅਤੇ ਖੇਤ ਮਜ਼ਦੂਰਾਂ ਨੂੰ ਕਿਰਾਏ ਵਿੱਚ 50 ਫੀਸਦੀ ਛੋਟ ਦੇ ਕੇ ਉਨ੍ਹਾਂ ਦੇ ਪਛਾਣ ਜਾਰੀ ਕੀਤੇ ਜਾਣ। ਹੋਰ ਵੀ ਕਈ ਮੰਗਾਂ ਮੰਤਰੀ ਅੱਗੇ ਰੱਖੀਆਂ ਗਈਆਂ। ਇਸੇ ਤਰ੍ਹਾਂ ਸਕੱਤਰ ਪੇਂਡੂ ਵਿਕਾਸ (ਮਗਨਰੇਗਾ) ਕੋਲੋਂ ਮੰਗ ਕੀਤੀ ਗਈ ਕਿ ਮਗਨਰੇਗਾ ਵਿੱਚ ਵਿਆਪਕ ਪੱਧਰ 'ਤੇ ਫੈਲ ਚੁੱਕੇ ਭ੍ਰਿਸ਼ਟਾਚਾਰ ਨੂੰ ਖਤਮ ਕੀਤਾ ਜਾਵੇ। ਆਨਲਾਈਨ ਹਾਜ਼ਰੀ ਲਗਵਾਉਣੀ ਬੰਦ ਕੀਤੀ ਜਾਵੇ। ਮਗਨਰੇਗਾ ਦੇ ਬਜਟ ਵਿੱਚ ਵਾਧਾ ਕੀਤਾ ਜਾਵੇ। ਸਾਲ ਵਿੱਚ 200 ਦਿਨਾਂ ਦੇ ਕੰਮ ਨੂੰ ਯਕੀਨੀ ਬਣਾਇਆ ਜਾਵੇ ਅਤੇ ਪੂਰੇ ਭਾਰਤ ਵਿੱਚ ਮਗਨਰੇਗਾ ਮਜ਼ਦੂਰਾਂ ਨੂੰ 600 ਰੁਪਏ ਦਿਹਾੜੀ ਦਿੱਤੀ ਜਾਵੇ।

ਵੀ ਐੱਸ ਨਿਰਮਲ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਸਕੱਤਰ ਪੇਂਡੂ ਵਿਕਾਸ (ਮਗਨਰੇਗਾ) ਨਾਲ ਮਜ਼ਦੂਰ ਜਥੇਬੰਦੀ ਦੇ ਆਗੂਆਂ ਦੀ ਗੱਲਬਾਤ ਬੜੇ ਸੁਖਾਵੇਂ ਮਾਹੌਲ ਵਿੱਚ ਹੋਈ। ਅਧਿਕਾਰੀ ਨੇ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਬਣਦੀਆਂ ਮੰਗਾਂ ਪੂਰੀਆਂ ਕੀਤੀਆਂ ਜਾਣਗੀਆਂ।

## ਲਿਖਾਰੀ ਸਭਾ ਵੱਲੋਂ 'ਸਾਂਝੇ ਸੁਰ' ਲੋਕ ਅਰਪਣ




**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਜ਼ਿਲ੍ਹਾ ਲਿਖਾਰੀ ਸਭਾ ਦੀ ਮਾਸਿਕ ਇਕੱਤਰਤਾ ਮੌਕੇ ਅਸ਼ੋਕਾ ਸੀਨੀਅਰ ਸੈਕੰਡਰੀ ਸਕੂਲ ਸਰਹਿੰਦ ਵਿਖੇ ਸਭਾ ਦੀ ਪ੍ਰਧਾਨ ਬੀਬੀ ਪਰਮਜੀਤ ਕੌਰ ਸਰਹਿੰਦ ਵੱਲੋਂ ਸੰਪਾਦਤ ਕੀਤਾ ਗਿਆ ਸਭਾ ਦਾ ਕਵਿ-ਸੰਗ੍ਰਹਿ 'ਸਾਂਝੇ ਸੁਰ' ਲੋਕ ਅਰਪਣ ਕੀਤਾ ਗਿਆ। ਸਾਦੇ ਤੇ ਪ੍ਰਭਾਵਸ਼ਾਲੀ ਸਮਾਗਮ ਵਿੱਚ ਜਗਜੀਤ ਸਿੰਘ ਜ਼ਿਲ੍ਹਾ ਭਾਸ਼ਾ ਅਫ਼ਸਰ ਮੁੱਖ ਮਹਿਮਾਨ ਵਜੋਂ ਤੇ ਉੱਘੇ ਲੇਖਕ/ ਚਿੰਤਕ ਡਾ. ਜਲੌਰ ਸਿੰਘ ਖੀਵਾ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਸਮਾਗਮ ਦੀ ਪ੍ਰਧਾਨਗੀ ਬੀਬੀ ਪਰਮਜੀਤ ਕੌਰ ਸਰਹਿੰਦ ਨੇ ਕੀਤੀ।

ਸਮੁੱਚੇ ਪ੍ਰਬੰਧ ਦੀ ਜ਼ਿੰਮੇਵਾਰੀ ਮੈਨੇਜਰ ਉਧਮ ਸਿੰਘ ਤੇ ਬਲਤੇਜ ਸਿੰਘ ਬਠਿੰਡਾ ਨੇ ਨਿਭਾਈ। ਮੰਚ ਸੰਚਾਲਨ ਪ੍ਰਿੰਸੀਪਲ ਸੁਖਵਿੰਦਰ ਸਿੰਘ ਢਿੱਲੋਂ ਨੇ ਕੀਤਾ। ਪੁਸਤਕ 'ਸਾਂਝੇ ਸੁਰ' ਦੀ ਸੰਪੂਰਨਤਾ ਤੇ ਲੋਕ ਅਰਪਣ ਕਰਨ 'ਤੇ ਵਧਾਈ ਦਿੰਦਿਆਂ ਉਨ੍ਹਾਂ ਕਿਹਾ ਕਿ ਬੀਬੀ ਪਰਮਜੀਤ ਕੌਰ ਦੀ ਅਣਥੱਕ ਮਿਹਨਤ ਸਦਕਾ ਇਹ ਪੁਸਤਕ ਇੱਕ ਹਫਤੇ ਵਿੱਚ ਛਪ ਕੇ ਸਾਡੇ ਹੱਥਾਂ ਵਿੱਚ ਆ ਗਈ ਹੈ।

ਗੀਤਕਾਰ ਹਰਜਿੰਦਰ ਸਿੰਘ ਗੋਪਾਲੋਂ ਵੱਲੋਂ ਸਭਾ ਦੀ ਕੀਤੀ ਗਈ ਵਿਤੀ ਸਹਾਇਤਾ ਲਈ ਉਨ੍ਹਾਂ ਦਾ ਧੰਨਵਾਦ ਪ੍ਰਗਟ ਕੀਤਾ। ਉਪਰੰਤ ਹਰਲੀਨ ਕੌਰ ਸਾਨੀਪੁਰ ਨੇ ਸੁਰੀਲੀ ਆਵਾਜ਼ ਵਿੱਚ ਗੀਤ ਸੁਣਾ ਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਆਏ ਸ਼ਾਇਰਾਂ ਜਗਪ੍ਰੀਤ ਸਿੰਘ, ਲਛਮਣ ਦਾਸ ਜਤੀ, ਗੁਰਦੀਪ ਸਿੰਘ ਚਨਾਰਥਲ, ਅਵਤਾਰ ਸਿੰਘ ਪੁਆਰ, ਦੇਵ ਮਲਿਕ, ਜਸਨਪ੍ਰੀਤ ਕੌਰ ਲਛਮਣ ਸਿੰਘ ਤਰੌੜਾ, ਪ੍ਰੋ. ਸਾਧੂ ਸਿੰਘ ਪਨਾਗ, ਮਨਜੀਤ ਸਿੰਘ ਘੁੰਮਣ, ਪ੍ਰਿਤਪਾਲ ਸਿੰਘ ਭੜੀ, ਗੁਰਵਿੰਦਰ ਸਿੰਘ, ਜਸਨਪ੍ਰੀਤ ਕੌਰ ਮਾਤਾ ਗੁਜਰੀ ਕਾਲਜ, ਹਰਜਿੰਦਰ ਸਿੰਘ ਗੋਪਾਲੋਂ, ਗੁਰਨਾਮ ਸਿੰਘ ਬਿਜਲੀ, ਅਮਰਬੀਰ ਸਿੰਘ ਚੀਮਾ ਮਲਿਕਾ ਰਾਣੀ, ਜਸਵਿੰਦਰ ਸਿੰਘ, ਰਣਜੀਤ ਸਿੰਘ, ਬਲਤੇਜ ਸਿੰਘ ਬਠਿੰਡਾ ਤੇ ਛਿੱਬਰ ਸਹੇੜੀ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ।

ਦੂਜੇ ਦੌਰ ਵਿੱਚ ਮੁੱਖ ਵਕਤਾ ਡਾ. ਜਲੌਰ ਸਿੰਘ ਖੀਵਾ ਨੇ ਪੁਸਤਕ ਨੂੰ ਬਾਰੀਕਬੀਨੀ ਨਾਲ ਵਾਚ ਕੇ ਉਸਾਰੂ ਟਿੱਪਣੀਆਂ ਕੀਤੀਆਂ। ਪੰਜਾਬੀ ਬੋਲੀ ਤੇ ਲੋਕ-ਕਾਵਿ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸੰਪਾਦਕ ਪਰਮਜੀਤ ਕੌਰ ਸਰਹਿੰਦ ਨੇ 'ਸਾਂਝੇ ਸੁਰ' ਦੀ ਸੰਪਾਦਨਾ ਬਹੁਤ ਵਧੀਆ ਢੰਗ ਨਾਲ ਕੀਤੀ ਹੈ ਤੇ ਉਨ੍ਹਾਂ ਨੇ ਸੰਪਾਦਕਾਂ ਨੂੰ ਵਧਾਈ ਦਿੱਤੀ। ਜ਼ਿਲ੍ਹਾ ਭਾਸ਼ਾ ਅਫ਼ਸਰ ਜਗਜੀਤ ਸਿੰਘ ਨੇ ਬੀਬੀ ਪਰਮਜੀਤ ਕੌਰ ਸਰਹਿੰਦ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਨ੍ਹਾਂ ਦੀ ਮਿਹਨਤ ਸਦਕਾ ਸਭਾ ਦੇ ਪੰਦਰਾਂ ਕਵੀਆਂ ਦੀਆਂ ਕਵਿਤਾਵਾਂ ਪਾਠਕਾਂ ਦੇ ਹੱਥਾਂ ਵਿੱਚ ਪੁੱਜੀਆਂ ਹਨ।

ਜ਼ਿਲ੍ਹਾ ਭਾਸ਼ਾ ਅਫ਼ਸਰ ਦੀ ਸੁਪਤਨੀ ਬੀਬਾ ਮਨਪ੍ਰੀਤ ਕੌਰ ਨੂੰ ਫੁਲਕਾਰੀ ਭੇਟ ਕਰਕੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਪੁਸਤਕ ਲੋਕ ਅਰਪਣ ਦੀ ਰਸਮ ਸਮੇਂ ਪੁਸਤਕ ਵਿੱਚ ਸਾਮਿਲ ਕਵੀਆਂ ਨੂੰ ਪੰਜ-ਪੰਜ ਪੁਸਤਕਾਂ ਤੇ ਸਮਾਗਮ ਵਿੱਚ ਪੁੱਜੇ ਸਾਰੇ ਲਿਖਾਰੀਆਂ ਤੇ ਮਹਿਮਾਨਾਂ ਨੂੰ ਵੀ ਪੁਸਤਕਾਂ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮੈਨੇਜਰ ਉਧਮ ਸਿੰਘ ਵੱਲੋਂ ਸਭਾ ਦੇ ਵਿਦਿਆਰਥੀ ਮੈਂਬਰ ਦੇਵ ਮਲਿਕ ਤੇ ਜਸ਼ਨਪ੍ਰੀਤ ਕੌਰ ਨੂੰ ਸਭਾ ਪ੍ਰਤੀ ਉਨ੍ਹਾਂ ਦੀਆਂ ਸੇਵਾਵਾਂ ਤੇ ਸਮਰਪਣ ਦੇ ਮੱਦੇਨਜ਼ਰ ਵਿਸ਼ੇਸ਼ ਸਨਮਾਨ ਕੀਤਾ ਗਿਆ ਸਨਮਾਨ ਦਿੱਤਾ।

## ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਬੱਸ ਯਾਤਰਾ ਰਵਾਨਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਸੰਸਥਾ ਦੇਵੀ ਦਰਸ਼ਨ ਬੱਸ ਯਾਤਰਾ ਸੁਸਾਇਟੀ ਵੱਲੋਂ ਪਟਿਆਲਾ ਵਿੱਚ ਹਿੰਦੂ-ਸਿੱਖ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ 12ਵੀਂ ਬੱਸ ਯਾਤਰਾ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਬੱਸ ਭੇਜਣ ਦੀ ਰਸਮ ਬਾਬਾ ਫ਼ਰੀਦ ਮਾਰਕੀਟ ਐਸੋਸੀਏਸ਼ਨ ਦੇ ਮੋਹਿਤ ਕੁਮਾਰ ਉਰਫ਼ ਮਿੱਕੀ ਪ੍ਰਧਾਨ ਵੱਲੋਂ ਨਿਭਾਈ ਗਈ।

ਇਸ ਮੌਕੇ ਦੇਵੀ ਦਰਸ਼ਨ ਬੱਸ ਯਾਤਰਾ ਸੁਸਾਇਟੀ ਦੇ ਪ੍ਰਧਾਨ ਰੰਜੀਵ ਬਾਵਾ, ਅਹੁਦੇਦਾਰ ਨਰੇਸ਼ ਮਦਾਨ, ਸੁਰਿੰਦਰਾ ਚੋਪੜਾ, ਪ੍ਰੇਮ ਚੌਹਾਨ, ਪ੍ਰਿੰਸ ਸ਼ਰਮਾ, ਆਤਮਾ ਪ੍ਰਕਾਸ਼, ਸੰਤੋਖ ਰਾਏ, ਸੌਰਵ ਕਟਾਰੀਆ, ਐੱਨ ਆਰ ਆਈ ਦਿਨੇਸ਼ ਬਹਿਲ, ਦੀਪਕ ਕੁਮਾਰ, ਸੰਨੀ ਪਾਇਲਟ ਨੇ ਦੱਸਿਆ ਕਿ ਇਸ ਬੱਸ ਯਾਤਰਾ ਰਾਹੀਂ ਸ਼ਰਧਾਲੂਆਂ ਨੂੰ ਮਾਂ ਭੱਦਰਕਾਲੀ ਸ਼ਕਤੀਪੀਠ, ਗੁਰਦੁਆਰਾ ਸ੍ਰੀ ਦੁੱਖਨਿਵਾਰਨ ਸਾਹਿਬ, ਛੋਟੇ ਸਾਹਿਬਜ਼ਾਦਿਆਂ ਦੀ ਯਾਦ ਵਿੱਚ ਸੁਸ਼ੋਭਿਤ ਗੁਰਦੁਆਰਾ ਠੰਡਾ ਬੁਰਜ ਦੇ ਦਰਸ਼ਨਾਂ ਲਈ ਲਿਜਾਇਆ ਜਾ ਰਿਹਾ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri
ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਡਾ. ਕੇ ਐੱਸ ਪਾਰਸ 'ਭਾਰਤ ਗੌਰਵ ਰਤਨ ਸ਼੍ਰੀ ਐਵਾਰਡ' ਨਾਲ ਸਨਮਾਨਿਤ




**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਜੋਤਿਸ਼ ਦੀ ਦੁਨੀਆ ਵਿੱਚ ਅੱਜਕੱਲ ਬਹੁਤ ਸਾਰੇ ਅਜਿਹੇ ਲੋਕ ਆ ਗਏ ਹਨ ਜੋ ਕਿ ਭੋਲੇ ਭਾਲੇ ਲੋਕਾਂ ਨੂੰ ਠੱਗਣ ਲਈ ਹਰ ਯਤਨ ਕਰਦੇ ਹਨ ਅਤੇ ਆਮ ਜਨਤਾ ਨੂੰ ਵਹਿਮਾਂ-ਭਰਮਾਂ ਵਿਚ ਪਾ ਕੇ ਠੱਗਦੇ ਹਨ। ਪਰ ਇਕ ਅਜਿਹਾ ਆਸਟਰੋਲੋਜਰ ਵੀ ਹੈ ਜੋ ਕਿ ਅਜਿਹੇ ਲੋਕਾਂ ਦੀ ਠੱਗੀ ਦੀਆਂ ਦੁਕਾਨਾਂ ਬੰਦ ਕਰਵਾਉਣ ਲਈ ਕੰਮ ਕਰ ਰਿਹਾ ਹੈ ਅਤੇ ਉਹ ਖੁਦ ਲੋਕਾਂ ਨੂੰ ਵਹਿਮਾਂ-ਭਰਮਾਂ ਵਿਚੋਂ ਕੱਢਣ ਲਈ ਤਤਪਰ ਰਹਿੰਦਾ ਹੈ। ਉਸ ਆਸਟਰੋਲੋਜਰ ਦਾ ਨਾਮ ਹੈ ਡਾ. ਕੇ. ਐੱਸ. ਪਾਰਸ ਜੋ ਕਿ ਬੀਤੇ ਤਿੰਨ ਦਹਾਕਿਆਂ ਤੋਂ ਆਮ ਲੋਕਾਂ ਦੀ ਸੇਵਾ ਕਰ ਰਿਹਾ ਹੈ। ਹੁਣ ਤੱਕ ਪਾਰਸ ਨੂੰ ਜੋਤਿਸ਼ ਵਿੱਦਿਆ ਦੇ ਖੇਤਰ ਵਿਚ 18 ਗੋਲਡ ਮੈਡਲ ਮਿਲ ਚੁੱਕੇ ਹਨ। ਕੇ. ਐੱਸ. ਪਾਰਸ ਨੂੰ ਉਸਦੇ ਤਜਰਬੇ ਲਈ ਆਨਰੇਰੀ ਡਾਕਟਰੇਟ ਦੀ ਉਪਾਧੀ ਨਾਲ ਵੀ ਸਨਮਾਨਿਤ ਕੀਤਾ ਜਾ ਚੁਕਾ ਹੈ। ਹੁਣ ਪਾਰਸ ਨੂੰ ਵਰਲਡ ਹਿਊਮਨ ਰਾਈਟਸ ਪ੍ਰੋਟੈਕਸ਼ਨ ਕਮਿਸ਼ਨ ਵਲੋਂ ਭਾਰਤ ਗੌਰਵ ਰਤਨ ਸ਼੍ਰੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ। ਉਨ੍ਹਾਂ ਦੀਆਂ ਜੋਤਿਸ਼ ਦੇ ਖੇਤਰ ਵਿਚ ਉਪਲਬਧੀਆਂ ਨੂੰ ਦੇਖਦੇ ਹੋਏ ਹੀ ਬੀਤੇ ਦਿਨੀਂ ਨਵੀ ਦਿੱਲੀ ਵਿਖੇ ਵਾਤਾਵਰਣ ਦਿਵਸ ਮੌਕੇ ਕਰਵਾਏ ਗਏ ਇਕ ਸਮਾਗਮ ਵਿੱਚ ਪਾਰਸ ਨੂੰ ਇਸ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ। ਇਸ ਐਵਾਰਡ ਨੂੰ ਪ੍ਰਾਪਤ ਕਰਨ ਤੋਂ ਬਾਅਦ ਪਾਰਸ ਨੇ ਪੱਤਰਕਾਰਾਂ ਦੀ ਟੀਮ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਐਵਾਰਡ ਉਨ੍ਹਾਂ ਦੀ ਜ਼ਿੰਗਦੀ ਦਾ ਸਰਬਉੱਚ ਸਨਮਾਨ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਕਿਸੇ ਵੀ ਮੁਕਾਮ ਨੂੰ ਹਾਸਿਲ ਕਰਨ ਲਈ ਜਦੋਂ ਕੋਈ ਵਿਅਕਤੀ ਦਿਲ ਵਿਚ ਠਾਣ ਲੈਂਦਾ ਹੈ ਤਾਂ ਕੋਈ ਵੀ ਮੁਸ਼ਕਿਲ ਉਸਦਾ ਰਸਤਾ ਨਹੀਂ ਰੋਕ ਸਕਦੀ। ਇਸ ਮੌਕੇ ਪਾਰਸ ਨੇ ਕਿਹਾ ਕਿ ਉਨਾਂ ਦੇ ਪਰਿਵਾਰ, ਦੋਸਤਾਂ-ਮਿਤਰਾਂ ਅਤੇ ਉਨ੍ਹਾਂ ਨੂੰ ਚਾਹੁਣ ਵਾਲਿਆਂ ਦੇ ਪਿਆਰ ਦਾ ਨਤੀਜਾ ਹੈ ਕਿ ਉਹ ਅਜਿਹਾ ਮੁਕਾਮ ਹਾਸਿਲ ਕਰ ਸਕੇ ਹਨ ਜਿਸਨੂੰ ਹਾਸਿਲ ਕਰਨ ਲਈ ਲੋਕ ਸਾਰੀ ਜ਼ਿੰਦਗੀ ਮਿਹਨਤ ਕਰਦੇ ਰਹਿੰਦੇ ਹਨ। ਉਨ੍ਹਾਂ ਨੇ ਕਿਹਾ ਕਿ ਮੇਰਾ ਜੋਤਿਸ਼ ਦੇ ਖੇਤਰ ਵਿਚ ਕੰਮ ਕਰ ਰਹੇ ਲੋਕਾਂ ਨੂੰ ਇਕ ਹੀ ਸੁਝਾਅ ਹੈ ਕਿ ਲੋਕਾਂ ਨੂੰ ਵਹਿਮਾਂ ਭਰਮਾਂ ਵਿਚੋਂ ਕੱਢਣ ਦੀ ਕੋਸ਼ਿਸ਼ ਕੀਤੀ ਜਾਵੇ ਨਾ ਕੇ ਉਨ੍ਹਾਂ ਨੂੰ ਹੋਰ ਉਲਝਾਇਆ ਜਾਵੇ।

# ਪੱਟੀ 'ਚ ਖੁੱਲ੍ਹੇ ਫਿਜ਼ੀਓਥਰੈਪੀ ਸੈਂਟਰ ਦਾ ਲੋਕ ਵੱਧ ਤੋਂ ਵੱਧ ਲਾਭ ਉਠਾਉਣ : ਗੁਰਪ੍ਰੀਤ ਪੰਨਗੋਟਾ



**ਪੱਟੀ (ਬਲਦੇਵ ਸਿੰਘ ਕਿਰਤੋਵਾਲ/ਸ਼ਮਸ਼ੇਰ ਸਿੰਘ ਯੋਧਾ)**-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਡਾਕਟਰ ਐਸ. ਪੀ. ਸਿੰਘ ਓਬਰਾਏ ਦਾ ਨਾਮ ਦੁਨੀਆ ਵਿੱਚ ਗਰੀਬਾਂ ਦੇ ਮਸੀਹੇ ਵਜੋਂ ਲਿਆ ਜਾਂਦਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਤਰਨਤਾਰਨ ਜ਼ਿਲ੍ਹੇ ਦੇ ਜਰਨਲ ਸਕੱਤਰ ਗੁਰਪ੍ਰੀਤ ਸਿੰਘ ਪੰਨਗੋਟਾ ਅਤੇ ਖਜ਼ਾਨਚੀ ਡਾਕਟਰ ਇੰਦਰਪ੍ਰੀਤ ਸਿੰਘ ਧਾਮੀ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਤਰਨਤਾਰਨ ਜ਼ਿਲ੍ਹੇ ਵਿੱਚ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਅਨੇਕਾਂ ਸੇਵਾ ਕਾਰਜ ਚੱਲ ਰਹੇ ਹਨ। ਟਰੱਸਟ ਵੱਲੋਂ ਸਿਹਤ ਦੇ ਖੇਤਰ ਵਿੱਚ ਆਮ ਲੋਕਾਂ ਨੂੰ ਸਹੂਲਤਾਂ ਦੇਣ ਲਈ ਅਨੇਕਾਂ ਪ੍ਰੋਜੈਕਟ ਚਲਾਏ ਜਾ ਰਹੇ ਹਨ, ਜਿਸ ਤਹਿਤ ਤਰਨਤਾਰਨ ਜ਼ਿਲ੍ਹੇ ਵਿੱਚ ਇਸ ਵਕਤ 4 ਲੈਬੋਰਟਰੀਆਂ ਜੋ ਕਿ ਤਰਨਤਾਰਨ ਸ਼ਹਿਰ, ਪੱਟੀ ਸ਼ਹਿਰ, ਭਿੱਖੀਵਿੰਡ ਅਤੇ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਸਫਲਤਾਪੂਰਵਕ ਚਲਾਈਆਂ ਜਾ ਰਹੀਆਂ ਹਨ ਜਿੱਥੇ ਰੋਜ਼ਾਨਾ ਸੈਂਕੜੇ ਦੀ ਤਾਦਾਦ ਵਿੱਚ ਲੋੜਵੰਦ ਮਰੀਜ਼ ਇਸ ਦਾ ਲਾਹਾ ਲੈ ਰਹੇ ਹਨ। ਇਸੇ ਲੜੀ ਤਹਿਤ ਹੀ ਟਰੱਸਟ ਵੱਲੋਂ ਪੱਟੀ ਸ਼ਹਿਰ ਦੀ ਮੋਦੀਖਾਨਾ ਇਮਾਰਤ ਵਿਖੇ ਫਿਜ਼ੀਓਥਰੈਪੀ ਸੈਂਟਰ ਦੀ ਸ਼ੁਰੂਆਤ ਕੀਤੀ ਗਈ ਹੈ ਜੋ ਕਿ ਇਲਾਕੇ ਦੇ ਲੋਕਾਂ ਲਈ ਵਰਦਾਨ ਸਾਬਿਤ ਹੋਵੇਗਾ। ਇੱਥੇ ਉੱਚ ਤਕਨੀਕ ਦੀਆਂ ਮਸ਼ੀਨਾਂ ਅਤੇ ਤਜਰਬੇਕਾਰ ਫਿਜ਼ੀਓਥੈਰਾਪਿਸਟ ਮੌਜੂਦ ਹਨ, ਨਾਮਾਤਰ ਖਰਚੇ 'ਤੇ ਲੋਕ ਇਸ ਸਹੂਲਤ ਦਾ ਲਾਹਾ ਲੈ ਸਕਦੇ ਹਨ। ਕਈ ਵਾਰ ਮਰੀਜ਼ ਕੋਲ ਜਾਣਕਾਰੀ ਨਾ ਹੋਣ ਕਾਰਨ ਜਾਂ ਤਾਂ ਇਲਾਜ ਕਰਵਾਉਣ ਤੋਂ ਪਾਸਾ ਵੱਟ ਜਾਂਦਾ ਹੈ ਜਾਂ ਫਿਰ ਮਹਿੰਗਾ ਇਲਾਜ ਕਰਵਾਉਣ ਲਈ ਬੇਬੱਸ ਹੋ ਜਾਂਦਾ ਹੈ, ਅਸੀਂ ਚਾਹੁੰਦੇ ਹਾਂ ਕਿ ਵੱਧ ਤੋਂ ਵੱਧ ਲੋਕ ਇਸ ਬਾਰੇ ਜਾਗਰੂਕ ਹੋਣ ਅਤੇ ਇਸ ਸਹੂਲਤ ਦਾ ਲਾਹਾ ਲੈਣ। ਇਸ ਮੌਕੇ ਉਨ੍ਹਾਂ ਕਿਹਾ ਕਿ ਅਸੀਂ ਡਾਕਟਰ ਓਬਰਾਏ ਦੇ ਦਿਲੋਂ ਧੰਨਵਾਦੀ ਹਾਂ ਕਿ ਸਾਡੇ ਸਰਹੱਦੀ ਖੇਤਰ ਵਿੱਚ ਜਿੱਥੇ ਸਿਹਤ ਸਹੂਲਤਾਂ ਦੀ ਘਾਟ ਹੈ ਓਥੇ ਟਰੱਸਟ ਵੱਲੋਂ ਅਜਿਹੇ ਲੋਕ ਪੱਖੀ ਕਾਰਜ ਕੀਤੇ ਜਾ ਰਹੇ ਹਨ।

# ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ ਮਿਲਣਗੇ 1500 ਰੁਪਏ ਪ੍ਰਤੀ ਏਕੜ : ਡਾ. ਢਿੱਲੋਂ




**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਕਿਸਾਨ ਪਰਾਲੀ ਦੀ ਸਾਂਭ-ਸੰਭਾਲ ਲਈ ਵੱਖ-ਵੱਖ ਮਸ਼ੀਨਾਂ ਦੀ ਸਬਸਿਡੀ ਪ੍ਰਾਪਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਅਰੰਭੇ ਉਪਰਾਲਿਆਂ ਦਾ ਲਾਭ ਲੈਣ ਲਈ www.agarimachinery.pb.com ਉਤੇ ਰਜਿਸਟਰ ਕਰਨ। ਇਹ ਪ੍ਰਗਟਾਵਾ ਕਰਦਿਆਂ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਡਾ. ਕ੍ਰਿਪਾਲ ਸਿੰਘ ਢਿਲੋਂ ਨੇ ਦੱਸਿਆ ਕਿ ਪੰਜਾਬ ਸਰਕਾਰ ਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਗੁਰਵਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਵਿਭਾਗ ਨੇ ਕਿਸਾਨਾਂ ਦੀ ਸਹੂਲਤ ਲਈ ਲੋੜੀਂਦੇ ਪ੍ਰਬੰਧ ਕੀਤੇ ਹਨ।

ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਸੁਪਰ ਐਸ.ਐਮ.ਐਸ., ਹੈਪੀ ਸੀਡਰ, ਪੈਡੀ ਸਟਰਾਅ ਚੌਪਰ, ਸਰੈਡਰ, ਮਲਚਰ, ਸਮਾਰਟ ਸੀਡਰ, ਜ਼ੀਰੋ ਟਿੱਲ ਡਰਿੱਲ, ਸੁਪਰ ਸੀਡਰ, ਬੇਲਰ, ਰੇਕ, ਸਰਬ ਮਾਸਟਰ, ਰੋਟਰੀ ਸਲੈਸ਼ਰ, ਕਰਾਪ ਰੀਪਰ, ਉਲਟਾਵੇਂ ਹੱਲ ਦੀ ਸਬਸਿਡੀ ਲਈ ਮਿਤੀ 15.07.2023 ਤੱਕ ਅਪਲਾਈ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇਹਨਾਂ ਮਸ਼ੀਨਾਂ ਉਪਰ ਸਬਸਿਡੀ ਦੀ ਦਰ ਸੀ.ਆਰ.ਐਮ ਸਕੀਮ ਦੀਆਂ ਗਾਇਡਲਾਇਨਜ਼ ਅਨੁਸਾਰ ਹੋਵੇਗੀ। ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਲਈ ਪੋਰਟਲ 24.06.2023 ਤੱਕ ਖੁੱਲ੍ਹਾ ਰਹੇਗਾ ਜਿਸ ਉਪਰੰਤ ਖੇਤੀਬਾੜੀ ਵਿਭਾਗ, ਬਾਗਬਾਨੀ ਵਿਭਾਗ, ਮੰਡੀ ਬੋਰਡ ਤੇ ਭੂਮੀ ਰੱਖਿਆ ਵਿਭਾਗ ਦੇ ਅਧਿਕਾਰੀਆਂ ਵੱਲੋਂ ਪਹਿਲੀ ਵੈਰੀਫਿਕੇਸ਼ਨ ਮਿਤੀ 26 ਜੂਨ, 2023 ਤੋਂ 15 ਜੁਲਾਈ, 2023 ਤੱਕ ਕੀਤੀ ਜਾਵੇਗੀ। ਇਸ ਉਪਰੰਤ ਦੂਜੀ ਵੈਰੀਫਿਕੇਸ਼ਨ ਕਰਨ ਉਪਰੰਤ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਕਿਸਾਨਾਂ ਦੇ ਖਾਤਿਆਂ ਵਿੱਚ 1500 ਰੁਪਏ ਪ੍ਰਤੀ ਏਕੜ ਦੀ ਵਿੱਤੀ ਰਾਸ਼ੀ ਜਾਰੀ ਕੀਤੀ ਜਾਵੇਗੀ।

# ਵਿਧਾਨ ਸਭਾ ਹਲਕਾ ਫਿਲੌਰ ਦੇ ਵਿਕਾਸ ਕੰਮਾਂ ਲਈ ਕਰੋੜਾਂ ਰੁਪਏ ਖਰਚ ਕੀਤੇ ਜਾਣਗੇ : ਸੁਸ਼ੀਲ ਕੁਮਾਰ ਰਿੰਕੂ



**ਗੁਰਾਇਆ, (ਬਿੰਦਰ ਸੁੰਮਨ)**- ਲੋਕ ਸਭਾ ਹਲਕਾ ਜਲੰਧਰ ਤੋਂ ਮੈਂਬਰ ਪਾਰਲੀਮੈਂਟ ਬਣਨ ਤੋਂ ਬਾਅਦ ਸੁਸ਼ੀਲ ਕੁਮਾਰ ਰਿੰਕੂ ਪਹਿਲੀ ਵਾਰ ਲੋਕਾਂ ਦਾ ਧੰਨਵਾਦ ਕਰਨ ਲਈ ਹਲਕਾ ਫਿਲੌਰ ਪਹੁੰਚੇ, ਜਿਥੇ ਪਾਰਟੀ ਵਰਕਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਰਿੰਕੂ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਫਿਲੌਰ ਦੇ ਪਾਰਟੀ ਵਰਕਰਾਂ ਨੇ ਦਿਨ ਰਾਤ ਮਿਹਨਤ ਕਰਕੇ ਪਾਰਟੀ ਦਾ ਝੰਡਾ ਬੁਲੰਦ ਰੱਖ ਕੇ ਆਮ ਆਦਮੀ ਪਾਰਟੀ ਦੀ ਹਾਜ਼ਰੀ ਦਿੱਲੀ ਲੋਕ ਸਭਾ ਵਿੱਚ ਲਗਵਾਈ, ਇਸ ਕਰਕੇ ਮੈਂ ਵਿਧਾਨ ਸਭਾ ਹਲਕਾ ਫਿਲੌਰ ਦੇ ਵੋਟਰਾਂ ਦਾ ਦਿਲ ਦੀ ਗਹਿਰਾਈ ਤੋਂ ਕੋਟਨ ਕੋਟ ਧੰਨਵਾਦ ਕਰਦਾ ਹਾਂ। ਉਨ੍ਹਾ ਅੱਗੇ ਕਿਹਾ ਕਿ ਫਿਲੌਰ ਅਤੇ ਗੁਰਾਇਆ ਵਾਸੀਆਂ ਦੀ ਮੰਗ ਹੈ ਕਿ ਇੱਥੇ ਰੇਲਵੇ ਦੇ ਅੰਡਰ ਬਰਿਜ ਬਣਾਏ ਜਾਣ, ਬੱਸ ਸਟੈਂਡ ਦੀ ਘਾਟ ਨੂੰ ਪੂਰਾ ਕੀਤਾ ਜਾਵੇ ਅਤੇ ਗੰਦੇ ਪਾਣੀ ਦੇ ਨਿਕਾਸ ਦੀ ਸਮੱਸਿਆ ਨੂੰ ਹੱਲ ਕੀਤਾ ਜਾਵੇ। ਉਨ੍ਹਾ ਕਿਹਾ ਕਿ ਇਹ ਸਮੱਸਿਆਵਾਂ ਅੱਜ ਦੀਆਂ ਨਹੀਂ ਹਨ। ਇਨ੍ਹਾਂ ਸਮੱਸਿਆਂਵਾ ਨੂੰ ਪਹਿਲਾਂ ਰਹੇ ਲੋਕ ਸਭਾ ਮੈਂਬਰ ਵੱਲੋਂ ਹੱਲ ਕਰ ਦੇਣਾ ਚਾਹੀਦਾ ਸੀ। ਉਨ੍ਹਾ ਕਿਹਾ ਜ਼ਿਮਨੀ ਚੋਣ ਸਮੇਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਖਸਤਾ ਹਾਲਤ ਸੜਕਾਂ 'ਤੇ ਰੋਡ ਸ਼ੋਅ ਕੱਢੇ ਗਏ, ਉਨਾਂ ਸੜਕਾਂ ਨੂੰ ਪਹਿਲ ਦੇ ਅਧਾਰ 'ਤੇ ਬਣਾਇਆ ਜਾਵੇਗਾ। ਉਨ੍ਹਾ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਮਾਨ ਵੱਲੋਂ ਆਦੇਸ਼ ਆ ਗਏ ਹਨ ਕਿ ਜ਼ਿਮਨੀ ਚੋਣ ਦੌਰਾਨ ਜੋ ਵੋਟਰਾਂ ਨਾਲ ਵਾਅਦੇ ਕੀਤੇ ਹਨ 2024 ਦੀਆਂ ਲੋਕ ਸਭਾ ਚੋਣਾਂ ਤੋ ਪਹਿਲਾਂ ਪਹਿਲਾਂ ਪੂਰੇ ਕੀਤੇ ਜਾਣ। ਉਨਾਂ ਕਿਹਾ ਕਿ ਵਿਧਾਨ ਸਭਾ ਹਲਕਾ ਫਿਲੌਰ ਦੇ ਵਿਕਾਸ ਦੇ ਕੰਮ ਪੰਜਾਬ ਸਰਕਾਰ ਤੋਂ ਕਰੋੜਾਂ ਰੁਪਏ ਲਿਆ ਕੇ ਕੀਤੇ ਜਾਣਗੇ। ਕੇਂਦਰ ਸਰਕਾਰ ਸੰਬੰਧੀ ਉਨ੍ਹਾ ਕਿਹਾ ਕਿ ਮੋਦੀ ਸਰਕਾਰ ਦਿੱਲੀ ਅਤੇ ਪੰਜਾਬ ਦੀਆਂ ਸਰਕਾਰਾਂ ਤੋਂ ਡਰੀ ਹੋਈ ਹੈ, ਉਨ੍ਹਾਂ ਨੂੰ ਡਰ ਹੈ ਕਿ 2024 ਦੀਆਂ ਲੋਕ ਸਭਾ ਚੋਣਾਂ ਦੌਰਾਨ ਭਾਰਤ ਦੇ ਪ੍ਰਧਾਨ ਮੰਤਰੀ ਅਰਵਿੰਦ ਕੇਜਰੀਵਾਲ ਨਾ ਬਣ, ਜਿਸ ਕਰਕੇ ਭਾਜਪਾ ਦੀ ਸਰਕਾਰ ਆਪ ਦੇ ਲੀਡਰਾਂ 'ਤੇ ਝੂਠੇ ਪਰਚੇ ਦਰਜ ਕਰਕੇ ਜੇਲ੍ਹਾਂ ਵਿੱਚ ਬੰਦ ਕਰ ਰਹੀ ਹੈ। ਧੰਨਵਾਦੀ ਸਮਾਗਮ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਐਮ ਪੀ ਸੁਸ਼ੀਲ ਕੁਮਾਰ ਰਿੰਕੂ ਨੇ ਕਿਹਾ ਫਿਲੌਰ ਅੰਦਰ ਭ੍ਰਿਸ਼ਟਾਚਾਰ ਨੂੰ ਨੱਥ ਪਾਈ ਜਾਵੇਗੀ, ਜਲਦੀ ਹੀ ਵਿਧਾਨ ਸਭਾ ਹਲਕਾ ਫਿਲੌਰ ਦੇ ਵਿਕਾਸ ਕਾਰਜਾਂ ਸੰਬੰਧੀ ਸੰਬੰਧਤ ਮਹਿਕਮਿਆਂ ਨਾਲ ਮੀਟਿੰਗ ਕੀਤੀ ਜਾਵੇਗੀ। ਇਸ ਮੌਕੇ ਵੱਡੀ ਗਿਣਤੀ ਵਿੱਚ ਆਮ ਪਾਰਟੀ ਦੇ ਆਗੂ ਅਤੇ ਵਰਕਰ ਹਾਜ਼ਰ ਸਨ।

# ਬਾਪੂ ਰਾਮਦਾਸ ਸੇਵਕ ਜਥੇ ਨੇ ਠੰਡੇ-ਮਿੱਠੇ ਜਲ ਦੀ ਛਬੀਲ ਲਗਾਈ



**ਜੰਡਿਆਲਾ ਗੁਰੂ (ਹਰਿੰਦਰਪਾਲ ਸਿੰਘ)**-ਧੰਨ-ਧੰਨ ਸ੍ਰੀ ਗੁਰੂ ਰਾਮਦਾਸ ਦੇ ਘਰ ਸ੍ਰੀ ਦਰਬਾਰ ਸਾਹਿਬ ਵਿਖੇ ਬਾਬਾ ਬੁੱਢਾ ਜੀ ਛਬੀਲ ਘਰ ਉਪਰ ਸੇਵਾਦਾਰ ਬਾਪੂ ਰਾਮਦਾਸ ਦੇ ਜਥੇ ਵਲੋਂ ਹਰ ਐਤਵਾਰ ਦੀ ਤਰ੍ਹਾਂ ਅੱਜ ਵੀ ਠੰਡੇ-ਮਿੱਠੇ ਜਲ ਦੀ ਛਬੀਲ ਲਗਾਈ ਗਈ। ਐਤਵਾਰ ਦਾ ਦਿਨ ਹੋਣ ਕਰਕੇ ਸੰਗਤਾਂ ਦਾ ਭਾਰੀ ਇਕੱਠ ਸੀ। ਸੰਗਤਾਂ ਨੇ ਸ਼ਰਧਾਪੂਰਵਕ ਸ੍ਰੀ ਹਰਿਮੰਦਰ ਸਾਹਿਬ ਮੱਥਾ ਟੇਕਿਆ ਅਤੇ ਇਸ਼ਨਾਨ ਕੀਤਾ। ਸੇਵਾਦਾਰ ਬਾਪੂ ਰਾਮਦਾਸ ਦੇ ਜਥੇ ਵਿਚ ਹੋਰਨਾਂ ਤੋਂ ਇਲਾਵਾ ਜੰਡਿਆਲਾ ਪ੍ਰੈੱਸ ਕਲੱਬ ਦੇ ਪ੍ਰਧਾਨ ਵਰਿੰਦਰ ਸਿੰਘ ਮਲਹੋਤਰਾ, ਪ੍ਰੈੱਸ ਕਲੱਬ ਦੇ ਸੀਨੀਅਰ ਮੀਤ ਪ੍ਰਧਾਨ ਹਰਿੰਦਰ ਪਾਲ ਸਿੰਘ, ਐਡਵੋਕੇਟ ਅਮਨਦੀਪ ਸਿੰਘ ਲੀਗਲ ਐਡਵਾਈਜ਼ਰ ਪ੍ਰੈੱਸ ਕਲੱਬ, ਚਾਨਣ ਸਿੰਘ ਮੀਤ ਪ੍ਰਧਾਨ ਪਟਵਾਰੀ ਯੂਨੀਅਨ ਜ਼ਿਲਾ ਅੰਮ੍ਰਿਤਸਰ, ਹਰਪਾਲ ਸਿੰਘ, ਜਸਵਿੰਦਰ ਸਿੰਘ ਲਾਲੀ, ਗੁਰਪ੍ਰੀਤ ਸਿੰਘ ਮਲਹੋਤਰਾ, ਸਰਬਜੋਤ ਸਿੰਘ ਮਲਹੋਤਰਾ, ਜਸਵਿੰਦਰ ਸਿੰਘ ਜੱਸ, ਜਗਤਾਰ ਸਿੰਘ ਵਡਾਲੀ, ਨਿਰਮਲ ਸਿੰਘ ਖਾਲਸਾ, ਕੁਲਜੀਤ ਸਿੰਘ ਕਾਲਾ, ਡਾ. ਰਵੀ ਬਜਾਜ ਮਹਿਮਾ, ਰਛਪਾਲ ਸਿੰਘ, ਅਮਰਜੀਤ ਸਿੰਘ, ਸੁਰਿੰਦਰਪਾਲ ਸਿੰਘ ਸਰਪੰਚ, ਲਖਵਿੰਦਰ ਸਿੰਘ ਅਤੇ ਦਵਿੰਦਰ ਸਿੰਘ ਨੰਬਰਦਾਰ ਆਦਿ ਹਾਜ਼ਰ ਸਨ।

# 'ਪ੍ਰਤੀਗਾਮੀ ਸ਼ੰਕਿਆਂ ਤੋਂ ਸਿਰਜਣਾਤਮਕ ਪ੍ਰਸ਼ਨ ਵੱਲ' ਜੀਪੀ ਦਾ ਨਿਵੇਕਲਾ ਉਪਰਾਲਾ

**ਚੰਡੀਗੜ੍ਹ** : ਸਿੱਖ ਇਤਿਹਾਸ ਜਾਂ ਧਰਮ ਗ੍ਰੰਥ ਸਬੰਧੀ ਕਈ ਬੁੱਧੀਜੀਵੀਆਂ ਵੱਲੋਂ ਪਿਛਲੇ ਕਈ ਦਹਾਕਿਆਂ ਤੋਂ ਉਠਾਏ ਜਾਂਦੇ ਸਵਾਲਾਂ ਨਾਲ ਨਜਿੱਠਦੀ ਹੋਈ ਕਿਤਾਬ 'ਪ੍ਰਤੀਗਾਮੀ ਸ਼ੰਕਿਆਂ ਤੋਂ ਸਿਰਜਣਾਤਮਕ ਪ੍ਰਸ਼ਨ ਵੱਲ' ਗੁਰਪ੍ਰੀਤ ਸਿੰਘ ਜੀਪੀ ਦਾ ਇੱਕ ਨਿਵੇਕਲਾ ਉਪਰਾਲਾ ਹੈ। ਉਨ੍ਹਾਂ ਇਹ ਕਿਤਾਬ ਪੰਜਾਬੀ ਦੇ ਨਾਲ-ਨਾਲ ਹਿੰਦੀ ਵਿੱਚ ਵੀ ਪ੍ਰਕਾਸ਼ਿਤ ਕਰਵਾਈ ਹੈ, ਜਿਸਦਾ ਸਿਰਲੇਖ 'ਪ੍ਰਤੀਗਾਮੀ ਸੰਦੇਹ ਸੇ ਸਿਰਜਨਾਤਮਕ ਪ੍ਰਸ਼ਨ ਕੀ ਓਰ' ਹੈ। ਲੇਖਕ ਨੇ ਅਨੇਕਾਂ ਹੀ ਮਹੱਤਵਪੂਰਨ ਸੰਵੇਦਨਸ਼ੀਲ ਸਵਾਲਾਂ ਨਾਲ ਨਜਿੱਠਣ ਦੀ ਹਿੰਮਤ ਕੀਤੀ ਹੈ, ਜਿਹੜੇ ਇਨਸਾਨ ਦੇ ਦਿਮਾਗ ਨੂੰ ਭਟਕਾਉਣ ਦਾ ਕੰਮ ਕਰਦੇ ਹਨ। ਆਪਣੇ ਇਸ ਯਤਨ ਸਬੰਧੀ ਬੋਲਦਿਆਂ ਜੀ. ਪੀ. ਨੇ ਕਿਹਾ ਕਿ ਕਿਸਾਨ ਅੰਦੋਲਨ ਦੌਰਾਨ ਉਨ੍ਹਾਂ ਨੂੰ ਅਹਿਸਾਸ ਹੋਇਆ ਕਿ ਬੇਸ਼ੱਕ ਹਿੰਦੀ ਭਾਸ਼ਾਈ ਲੋਕ ਸਿੱਖੀ ਵੱਲ ਆਕਰਸ਼ਿਤ ਹੋ ਰਹੇ ਹਨ, ਪਰ ਹਿੰਦੀ ਵਿੱਚ ਬਹੁਤ ਘੱਟ ਚੰਗੀਆਂ ਕਿਤਾਬਾਂ ਲਿਖੀਆਂ ਗਈਆਂ ਹਨ ਜੋ ਉਨ੍ਹਾਂ ਨੂੰ ਸਿੱਖ ਇਤਿਹਾਸ ਵਾਚਣ ਵਿੱਚ ਮਦਦ ਕਰ ਸਕਣ।

# 14 ਦੇ ਨਾਟਕ ਮੇਲੇ ਦੀਆਂ ਤਿਆਰੀਆਂ ਮੁਕੰਮਲ: ਸੁਖਦੇਵ ਸਿੰਘ ਕਾਲਾ



**ਭਿੱਖੀਵਿੰਡ (ਨਜ਼ਸ)**—ਸੀਪੀਆਈ ਚੇਲਾ ਮੋੜ ਭਿੱਖੀਵਿੰਡ ਬ੍ਰਾਂਚ ਦੀ ਮੀਟਿੰਗ ਡਾਕਟਰ ਰਸਾਲ ਸਿੰਘ ਪਹੂਵਿੰਡ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾਈ ਆਗੂ ਸੁਖਦੇਵ ਸਿੰਘ ਕਾਲਾ ਨੇ ਕਿਹਾ ਕਿ ਨਰੇਗਾ ਮਸਲਿਆਂ ਨੂੰ ਲੈ ਕੇ ਭਿੱਖੀਵਿੰਡ ਬਲਾਕ ਵਿੱਚ ਨਾਟਕ ਮੇਲਾ ਜੋ 14 ਜੂਨ ਨੂੰ ਹੋ ਰਿਹਾ ਹੈ, ਦੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ। ਨਾਟਕ ਮੇਲੇ ਦੀ ਮੁੱਖ ਮੰਗ ਹੈ ਕਿ ਸਾਲ ਵਿੱਚ 200 ਦਿਨ ਕੰਮ ਅਤੇ ਦਿਹਾੜੀ 700 ਰੁਪਏ ਦਿੱਤੀ ਜਾਵੇ। ਕਲਾ ਦੇ ਜੌਹਰ ਚੰਡੀਗੜ੍ਹ ਤੇ ਪਟਿਆਲਾ ਯੂਨੀਵਰਸਿਟੀ ਦੀਆਂ ਟੀਮਾਂ ਵਿਖਾ ਰਹੀਆਂ ਹਨ। ਸੰਬੋਧਨ ਕਰਨ ਲਈ ਵਿਸ਼ੇਸ਼ ਤੌਰ 'ਤੇ ਸੀਪੀਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਗੁਰਦਿਆਲ ਸਿੰਘ ਖਡੂਰ ਸਾਹਿਬ, ਪੰਜਾਬ ਇਸਤਰੀ ਸਭਾ ਦੀ ਜ਼ਿਲ੍ਹਾ ਕੈਸ਼ੀਅਰ ਕਿਰਨਜੀਤ ਕੌਰ ਵਲਟੋਹਾ, ਸੀਪੀਆਈ ਦੇ ਸੂਬਾ ਕਾਰਜਕਾਰਨੀ ਮੈਂਬਰ ਦਵਿੰਦਰ ਸੋਹਲ, ਏਟਕ ਆਗੂ ਪੂਰਨ ਸਿੰਘ ਮਾੜੀਮੇਘਾ ਤੇ ਰੁਪਿੰਦਰ ਕੌਰ ਮਾੜੀਮੇਘਾ ਪਹੁੰਚ ਰਹੇ ਹਨ।

# ਸਾਬਕਾ ਸੈਨਿਕ ਵੈੱਲਫੇਅਰ ਕਮੇਟੀ ਪੰਜਾਬ ਵੱਲੋਂ ਮੀਟਿੰਗ ਆਯੋਜਿਤ

## 18 ਨੂੰ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਮੰਗ ਪੱਤਰ ਦੇਣ ਦਾ ਐਲਾਨ



**ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)**-ਹਲਕਾ ਫਤਿਹਗੜ੍ਹ ਚੂੜੀਆਂ ਅਧੀਨ ਆਉਂਦੇ ਪਿੰਡ ਬੱਦੋਵਾਲ ਦੇ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਵਿਖੇ ਸਾਬਕਾ ਸੈਨਿਕ ਵੈੱਲਫੇਅਰ ਕਮੇਟੀ ਪੰਜਾਬ ਦੀ ਮੀਟਿੰਗ ਬਲਾਕ ਪ੍ਰਧਾਨ ਸਤਨਾਮ ਸਿੰਘ ਦੀ ਅਗਵਾਈ ਹੇਠ ਹੋਈ। ਮੀਟਿੰਗ 'ਚ ਕਮੇਟੀ ਨੇ ਅਹਿਮ ਵਿਚਾਰਾਂ ਕੀਤੀਆਂ। ਇਸ ਮੌਕੇ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਗੁਰਦੀਪ ਸਿੰਘ ਢਾਂਡੇ ਨੇ ਸ਼ਿਰਕਤ ਕੀਤੀ। ਇਸ ਮੌਕੇ ਵੱਖ-2 ਬੁਲਾਰਿਆਂ ਨੇ ਸੰਬੋਧਨ ਕਰਦਿਆਂ ਜੇਸੀਓ ਜਵਾਨਾਂ ਨਾਲ ਵਨ ਰੈਂਕ ਵਨ ਪੈਨਸ਼ਨ ਵਿੱਚ ਅਫਸਰਸ਼ਾਹੀ ਅਤੇ ਕੇਂਦਰ ਸਰਕਾਰ ਨੇ ਜੋ ਧੱਕਾ ਕੀਤਾ ਉਸ ਬਾਰੇ ਬਲਾਕ ਦੇ ਸਾਰੇ ਸਾਬਕਾ ਸੈਨਿਕਾਂ ਨੂੰ ਜਾਣੂ ਕਰਵਾਇਆ ਗਿਆ, ਸਾਰੇ ਸਾਬਕਾ ਸੈਨਿਕਾਂ ਨੇ ਦਿੱਲੀ ਜੰਤਰ-ਮੰਤਰ ਵਿਖੇ ਚੱਲ ਰਹੇ ਧਰਨੇ ਨੂੰ ਸਮਰਥਨ ਕਰਨ ਦਾ ਅਹਿਦ ਕੀਤਾ। ਉਕਤ ਆਗੂਆਂ ਸਲਾਹ ਕੀਤੀ ਕਿ 18 ਜੂਨ ਨੂੰ ਗ੍ਰਹਿ ਮੰਤਰੀ ਅਮਿਤ ਸ਼ਾਹ ਗੁਰਦਾਸਪੁਰ ਜ਼ਿਲ੍ਹੇ 'ਚ ਆ ਰਹੇ ਹਨ, ਮਾਨਯੋਗ ਡਿਪਟੀ ਕਮਿਸ਼ਨਰ ਡਾ. ਹਿਮਾਸ਼ੂ ਅਗਰਵਾਲ ਨੂੰ ਮਿਲ ਕੇ ਮੰਗ ਪੱਤਰ ਦਿੱਤਾ ਜਾਵੇਗਾ ਅਤੇ ਗ੍ਰਹਿ ਮੰਤਰੀ ਨੂੰ ਮਿਲਣ ਦਾ ਸਮਾਂ ਲਿਆ ਜਾਵੇਗਾ। ਆਗੂਆਂ ਕਿਹਾ ਕਿ ਫਤਿਹਗੜ੍ਹ ਚੂੜੀਆਂ ਤਹਿਸੀਲ ਨੂੰ ਪੰਜਾਬ ਸਰਕਾਰ ਡੇਰਾ ਬਾਬਾ ਨਾਨਕ ਤਬਦੀਲ ਕਰਨਾ ਚਾਹੁੰਦੀ ਹੈ, ਜਿਸਨੂੰ ਰੋਕਣ ਵਾਸਤੇ ਕਮੇਟੀ ਡੀਸੀ ਗੁਰਦਾਸਪੁਰ ਨੂੰ ਮੰਗ ਪੱਤਰ ਦੇਵੇਗੀ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਬਲਵਿੰਦਰ ਸਿੰਘ ਭੱਟੀ, ਗੁਰਬਾਜ ਸਿੰਘ, ਗੁਰਚਰਨ ਸਿੰਘ, ਬਲਾਕ ਪ੍ਰਧਾਨ ਹਰਪਾਲ ਸਿੰਘ, ਬਲਬੀਰ ਸਿੰਘ, ਸੂਬੇਦਾਰ ਪੂਰਨ ਸਿੰਘ ਲਾਲੇਨੰਗਲ, ਸੂਬੇਦਾਰ ਅਮਰਜੀਤ ਸਿੰਘ ਵੀਲ੍ਹਾ ਤੇਜਾ, ਗੁਰਦਿਆਲ ਸਿੰਘ ਬੱਦੋਵਾਲ, ਭੁਪਿੰਦਰ ਸਿੰਘ ਢਾਡਾ, ਦਿਲਬਾਗ ਸਿੰਘ ਸਮਰਾ, ਗੁਰਮੁੱਖ ਸਿੰਘ ਅਵਾਣ, ਸੂਬੇਦਾਰ ਜਗਤਾਰ ਸਿੰਘ ਰਵਾਲ, ਸੂਬੇਦਾਰ ਮੇਜਰ ਸਿੰਘ, ਦਿਲਬਾਗ ਸਿੰਘ ਫੱਤੇਵਾਲੀਆ, ਸਰਬਜੀਤ ਸਿੰਘ ਦਾਦੂਯੋਧ ਆਦਿ ਕਮੇਟੀ ਮੈਬਰ ਹਾਜ਼ਰ ਸਨ।

# ਜ਼ਿਲ੍ਹਾ ਹੁਸ਼ਿਆਰਪੁਰ ਦੇ ਸੀ ਪੀ ਆਈ ਐੱਮ ਦੇ ਮੈਂਬਰਾਂ ਨੂੰ ਪਾਰਟੀ ਦੇ ਇਨਕਲਾਬੀ ਸਿਧਾਂਤਾਂ ਤੋਂ ਜਾਣੂ ਕਰਾਇਆ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਅੱਜ ਇੱਥੇ ਪਾਰਟੀ ਦੇ ਸਾਥੀਆਂ ਦਾ ਜ਼ਿਲ੍ਹਾ ਪੱਧਰੀ ਸਕੂਲ ਸਾਥੀ ਗੁਰਨੇਕ ਸਿੰਘ ਦੀ ਪ੍ਰਧਾਨਗੀ ਹੇਠ ਹੋਇਆ। ਇਸ ਵਿੱਚ ਪਾਰਟੀ ਦੇ ਪੰਜਾਬ ਸਕੱਤਰ ਸੁਖਵਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਇਨਕਲਾਬੀ ਸਿਧਾਂਤਾਂ ਤੋਂ ਬਗੈਰ ਇਨਕਲਾਬੀ ਜਥੇਬੰਦੀ ਨਹੀਂ ਬਣ ਸਕਦੀ। ਉਨ੍ਹਾ ਨੇ ਕਿਹਾ ਕਿ 1964 ਤੋਂ ਲੈ ਕੇ ਲਗਾਤਾਰ ਵਿਚਾਰਧਾਰਕ ਸੰਘਰਸ਼ ਰਾਹੀਂ ਪਾਰਟੀ ਨੂੰ ਪਹਿਲੀਆਂ ਕਤਾਰਾਂ ਵਿੱਚ ਖੜ੍ਹਾ ਕੀਤਾ ਹੈ। ਅੱਜ ਇਹ ਦੇਸ਼ ਦੀ ਸਭ ਤੋਂ ਵੱਡੀ ਕਮਿਊਨਿਸਟ ਪਾਰਟੀ ਹੈ ਜਿਸ ਦੀਆਂ ਜਥੇਬੰਦੀਆਂ ਦੀ ਮੈਂਬਰਸ਼ਿਪ ਕਰੋੜਾਂ ਤੱਕ ਪਹੁੰਚ ਗਈ ਹੈ ਅਤੇ ਪਾਰਟੀ ਮੈਂਬਰਸ਼ਿਪ ਵੀ ਲੱਖਾਂ ਵਿੱਚ ਹੈ। ਦੇਸ਼ ਦੀ ਰਾਜਨੀਤਕ ਹਾਲਤ ਮੁਤਾਬਕ ਪਾਰਟੀ ਪ੍ਰੋਗਰਾਮ ਦੀ ਰੋਸ਼ਨੀ ਵਿੱਚ ਦਾਅਪੇਚਕ ਲਾਈਨ ਬਣਾਈ ਜਾਂਦੀ ਹੈ ਜਿਸ ਨੂੰ ਪਾਰਟੀ ਦੇ ਮਹਾਂਸੰਮੇਲਨ ਵਿੱਚ ਬਹਿਸ ਕਰਕੇ ਪਾਸ ਕਰਾਇਆ ਜਾਂਦਾ ਹੈ। 23 ਵੇਂ ਪਾਰਟੀ ਸੰਮੇਲਨ ਨੇ ਫਿਰਕੂ ਫਾਸ਼ੀਵਾਦੀ ਕਾਰਪੋਰੇਟ ਦੇ ਗੱਠਜੋੜ ਨੂੰ ਹਰਾਉਣ ਦਾ ਫੈਸਲਾ ਕੀਤਾ ਹੈ। ਸਾਥੀ ਸੇਖੋਂ ਨੇ ਪੰਜਾਬ ਦੇ ਕਮਿਊਨਿਸਟਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਪਾਰਟੀ ਲੋਕ ਸਭਾ ਦੀਆ 4 ਸੀਟਾਂ ਅਨੰਦਪੁਰ ਸਾਹਿਬ ਫਤਿਹਗੜ੍ਹ ਸਾਹਿਬ, ਖਡੂਰ ਸਾਹਿਬ ਤੇ ਜਲੰਧਰ ਵਿੱਚ ਆਪਣੇ ਉਮੀਦਵਾਰ ਖੜ੍ਹੇ ਕਰੇਗੀ ਜਿਸ ਦੀਆਂ ਤਿਅਰੀਆਂ ਅਰੰਭ ਕਰ ਦਿੱਤੀਆਂ ਹਨ। ਦੇਸ਼ ਅੰਦਰ ਜਿਸ ਤਰ੍ਹਾਂ ਦੇ ਸਿਆਸੀ ਹਾਲਾਤ ਬਣੇ ਹੋਏ ਹਨ ਉਨ੍ਹਾਂ ਦੇ ਟਾਕਰੇ ਲਈ ਮਾਰਕਸਵਾਦੀ ਵਿਚਾਰਧਾਰਾ ਦਾ ਫੈਲਾਅ ਕਰਨਾ ਅਤੀ ਜ਼ਰੂਰੀ ਹੈ। ਪਾਰਟੀ ਦੇ ਕੰਟਰੋਲ ਕਮਿਸ਼ਨ ਦੇ ਚੇਅਰਮੈਨ ਸਾਥੀ ਰਣਵੀਰ ਵਿਰਕ, ਸੂਬਾ ਕਮੇਟੀ ਮੈਂਬਰ ਗੁਰਮੇਸ਼ ਸਿੰਘ ਨੇ ਵੀ ਪਾਰਟੀ ਦਾ ਫਲਸਫਾ ਕਮਿਊਨਿਸਟ ਕੀ ਚਾਹੁੰਦੇ ਹਨ ਵਿਸ਼ਿਆਂ 'ਤੇ ਪੜ੍ਹਾਇਆ। ਇਸ ਮੌਕੇ ਸੀ ਪੀ ਐਮ ਦੇ ਦਰਸ਼ਨ ਮੱਟੂ, ਸੁਭਾਸ਼ ਮੱਟੂ, ਮਹਿੰਦਰ ਕੁਮਾਰ ਬੱਡੋਆਣ, ਆਸ਼ਾ ਨੰਦ, ਕਮਲਜੀਤ ਰਾਜਪੁਰ ਭਾਈਆਂ, ਹਰਭਜਨ ਅਟਵਾਲ, ਸੁਰਿੰਦਰ ਚੁੰਬਰ, ਨੀਲਮ ਬੱਡੋਆਣ, ਪਰੇਮ ਲਤਾ, ਹਰਬੰਸ ਧੂਤ, ਚੈਂਚਲ ਸਿੰਘ ਵੀ ਹਾਜ਼ਰ ਸਨ।

# ਪੈਟਰੋਲ/ਡੀਜ਼ਲ ਦੇ ਰੇਟਾਂ 'ਚ ਵਾਧਾ ਜੇਬਾਂ 'ਤੇ ਸ਼ਰੇਆਮ ਡਾਕਾ : ਕਾਮਰੇਡ ਦਦੇਹਰ



**ਚੋਹਲਾ ਸਾਹਿਬ (ਨਜ਼ਸ)**—ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਪੈਟਰੋਲ ਅਤੇ ਡੀਜ਼ਲ ਦੇ ਰੇਟਾਂ ਵਿਚ ਵਾਧਾ ਕਰਕੇ ਲੋਕਾਂ ਦੀਆਂ ਜੇਬਾਂ 'ਤੇ ਡਾਕਾ ਮਾਰਿਆ। ਕਾਮਰੇਡ ਦਦੇਹਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਸੀਪੀਆਈ ਦੇ ਬਲਾਕ ਚੋਹਲਾ ਸਾਹਿਬ ਦੇ ਨੌਸ਼ਹਿਰਾ ਪੰਨੂਆਂ ਦੇ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਕਿ ਪੰਜਾਬ ਦੇ ਲੋਕਾਂ ਨੇ ਮਾਨ ਸਰਕਾਰ ਨੂੰ ਬੜੀਆਂ ਆਸਾਂ ਨਾਲ ਵੋਟਾਂ ਪਾਈਆਂ ਸੀ ਕਿ ਜੇ ਇਸ ਪਾਰਟੀ ਦੀ ਸਰਕਾਰ ਆਈ ਤਾਂ ਪੰਜਾਬ ਦਾ ਚੰਗਾ ਭਵਿੱਖ ਹੋ ਜਾਵੇਗਾ ਪਰ ਹੋਇਆ ਇਸ ਦੇ ਉਲਟ। ਦਿਨ-ਦਿਹਾੜੇ ਲੁੱਟਾਂ ਖੋਹਾਂ ਅਤੇ ਸ਼ਰੇਆਮ ਕਤਲ ਹੋ ਰਹੇ ਹਨ। ਸਰਕਾਰ ਨੇ ਵੋਟਾਂ ਵਿਚ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਜੇ ਪੰਜਾਬ ਵਿਚ ਸਾਡੀ ਸਰਕਾਰ ਆਈ ਤਾਂ ਰੇਤ ਮਾਫੀਆ, ਸ਼ਰਾਬ ਮਾਫੀਆ ਖਤਮ ਹੋ ਜਾਵੇਗਾ ਪਰ ਇਸ ਸਰਕਾਰ ਨੇ ਇਹ ਕੰਮ ਵੱਡੇ ਕਾਰਪੋਰੇਟ ਘਰਾਣੇ ਨੂੰ ਦੇ ਦਿੱਤੇ ਹਨ। ਹੁਣ ਇਸ ਸਰਕਾਰ ਨੇ ਪੈਟਰੋਲ 92 ਪੈਸੇ ਤੇ ਡੀਜ਼ਲ 90 ਪੈਸੇ ਰੇਟ ਵਧਾ ਦਿੱਤੇ ਹਨ। ਗਰੀਬਾਂ ਦੀ ਜੇਬ 'ਤੇ ਡਾਕਾ ਮਾਰਿਆ ਹੈ। ਪੈਟਰੋਲ ਡੀਜ਼ਲ ਦੇ ਰੇਟ ਵਧਣ ਨਾਲ ਢੋਆ-ਢੋਆਈ ਦੇ ਵਾਧੇ ਨਾਲ ਗਰੀਬਾਂ 'ਤੇ ਮਾੜਾ ਅਸਰ ਪਵੇਗਾ। ਪੰਜਾਬ ਸਰਕਾਰ ਤੋਂ ਇਹ ਮੰਗ ਕੀਤੀ ਕਿ ਪੈਟਰੋਲ/ਡੀਜ਼ਲ ਦੇ ਵਧਾਏ ਰੇਟ ਵਾਪਿਸ ਲਏ ਜਾਣ ਨਹੀਂ ਤਾਂ ਲੋਕ ਮਜਬੂਰ ਹੋ ਕੇ ਸੰਘਰਸ਼ ਵਿੱਢਣ ਲਈ ਤਿਆਰ ਹੋ ਜਾਣਗੇ। ਇਸ ਲਈ ਜ਼ਿੰਮੇਵਾਰ ਸਰਕਾਰ ਹੋਵੇਗੀ।

# ਲਵਪ੍ਰੀਤ ਨੂੰ ਡਿਪੋਰਟ ਕਰਨ 'ਤੇ ਲੱਗੀ ਰੋਕ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪਿਛਲੇ ਕਈ ਦਿਨਾਂ ਤੋਂ ਕੈਨੇਡਾ ਵਿਚੋਂ ਜਬਰੀ ਵਤਨ ਵਾਪਸੀ ਦੀ ਮਾਰ ਝੱਲ ਰਹੇ ਪੰਜਾਬੀ ਨੌਜਵਾਨਾਂ ਲਈ ਇਕ ਖੁਸ਼ ਖਬਰ ਸਾਹਮਣੇ ਆ ਰਹੀ ਹੈ। ਕੈਨੇਡਾ ਦੀ ਰਾਜਧਾਨੀ ਓਟਾਵਾ ਤੋਂ ਖਬਰ ਆਈ ਹੈ ਕਿ ਇਕ ਪੰਜਾਬੀ ਵਿਦਿਆਰਥੀ ਲਵਪ੍ਰੀਤ ਸਿੰਘ ਦੀ ਵਤਨ ਵਾਪਸੀ 'ਤੇ ਕੈਨੇਡਾ ਸਰਕਾਰ ਨੇ ਰੋਕ ਲਗਾ ਦਿੱਤੀ ਹੈ। ਇਸ ਬਾਬਤ ਆਪਣਾ ਪ੍ਰਤੀਕਰਮ ਦਿੰਦਿਆਂ ਪ੍ਰਵਾਸੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਪਿਛਲੇ ਕਈ ਦਿਨਾਂ ਤੋਂ ਇਸ ਮਾਮਲੇ ਉੱਤੇ ਨਜ਼ਰ ਰੱਖ ਰਹੇ ਹਨ ਅਤੇ ਉਨ੍ਹਾ ਦੀਆਂ ਸਪੱਸ਼ਟ ਹਦਾਇਤਾਂ ਹਨ ਕਿ ਇਨ੍ਹਾਂ 700 ਵਿਦਿਆਰਥੀਆਂ ਦੇ ਹਿੱਤਾਂ ਲਈ ਪੰਜਾਬ ਸਰਕਾਰ ਜੋ ਵੀ ਕੋਸ਼ਿਸ਼ ਅਤੇ ਯਤਨ ਕਰ ਸਕਦੀ ਹੈ, ਉਹ ਕੀਤੇ ਜਾਣ।

ਇਨ੍ਹਾਂ ਵਿਦਿਆਰਥੀਆਂ ਵਿਚੋਂ ਜ਼ਿਆਦਾ ਪੰਜਾਬੀ ਹਨ ਅਤੇ ਮੁੱਖ ਮੰਤਰੀ ਵੱਲੋਂ ਮਿਲੇ ਨਿਰਦੇਸ਼ਾਂ ਨੂੰ ਧਿਆਨ ਵਿਚ ਰੱਖਦਿਆਂ ਕੁਲਦੀਪ ਸਿੰਘ ਧਾਲੀਵਾਲ ਨੇ ਜਿੱਥੇ ਵਿਦਿਆਰਥੀਆਂ ਨਾਲ ਵੀਡੀਓ ਕਾਨਫਰੰਸਿੰਗ ਜ਼ਰੀਏ ਗੱਲ ਕੀਤੀ ਸੀ ਉੱਥੇ ਹੀ ਪ੍ਰਭਾਵਿਤ ਵਿਦਿਆਰਥੀਆਂ ਨੂੰ ਮੁਫਤ ਕਾਨੂੰਨੀ ਸਹਾਇਤਾ ਦੇਣ ਦਾ ਐਲਾਨ ਵੀ ਕੀਤਾ ਸੀ। ਧਾਲੀਵਾਲ ਨੇ ਕਿਹਾ ਕਿ ਮੈਂ ਬੀਤੇ ਦਿਨੀਂ ਹੀ ਭਾਰਤ ਦੇ ਹਾਈ ਕਮਿਸ਼ਨਰ (ਓਟਾਵਾ, ਓਂਟਾਰੀਓ) ਸੰਜੇ ਕੁਮਾਰ ਵਰਮਾ ਅਤੇ ਕੈਨੇਡਾ ਦੇ ਹਾਈ ਕਮਿਸ਼ਨਰ (ਦੱਖਣੀ ਪੱਛਮੀ, ਦਿੱਲੀ) ਕੈਮਰਨ ਮੈਕੇ ਨੂੰ ਪੱਤਰ ਲਿਖ ਕੇ ਕੈਨੇਡਾ ਤੋਂ ਜਬਰੀ ਵਾਪਸੀ ਦਾ ਸਾਹਮਣਾ ਕਰ ਰਹੇ ਇਨ੍ਹਾਂ ਵਿਦਿਆਰਥੀਆਂ ਦੇ ਮਸਲੇ ਨੂੰ ਹੱਲ ਕਰਨ ਦੀ ਬੇਨਤੀ ਕੀਤੀ ਸੀ।

ਉਨ੍ਹਾਂ ਕਿਹਾ ਕਿ ਹਾਲੇ ਤਾਂ ਸਿਰਫ ਇਕ ਨੌਜਵਾਨ ਨੂੰ ਰਾਹਤ ਮਿਲੀ ਹੈ ਅਤੇ ਜਦੋਂ ਤੱਕ ਸਾਰੇ ਵਿਦਿਆਰਥੀਆਂ ਦਾ ਮਸਲਾ ਹੱਲ ਨਹੀਂ ਹੋ ਜਾਂਦਾ ਉਹ ਹਰ ਤਰ੍ਹਾਂ ਦੇ ਯਤਨ ਕਰਦੇ ਰਹਿਣਗੇ। ਉਨ੍ਹਾ ਕੈਨੇਡਾ ਦੇ ਪੰਜਾਬੀ ਮੂਲ ਦੇ ਸਾਰੇ ਐਮ.ਪੀਜ਼ ਦਾ ਵੀ ਧੰਨਵਾਦ ਕੀਤਾ ਹੈ ਜਿਹੜੇ ਇਨ੍ਹਾਂ ਵਿਦਿਆਰਥੀਆਂ ਦੀ ਸਹਾਇਤਾ ਲਈ ਅੱਗੇ ਆਏ ਹਨ। ਧਾਲੀਵਾਲ ਨੇ ਕਿਹਾ ਕਿ ਮੈਂ ਪੰਜਾਬੀ ਮੂਲ ਦੇ ਸਾਰੇ ਕੈਨੇਡੀਅਨ ਐਮ.ਪੀਜ਼ ਨੂੰ ਵੀ ਪੱਤਰ ਲਿਖ ਕੇ ਬੇਨਤੀ ਕੀਤੀ ਸੀ ਕਿ ਇਨ੍ਹਾਂ ਬੱਚਿਆਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਉਹ ਪਹਿਲਕਦਮੀ ਕਰਨ। ਧਾਲੀਵਾਲ ਨੇ ਉਮੀਦ ਜਤਾਈ ਕਿ ਬਾਕੀ ਵਿਦਿਆਰਥੀਆਂ ਦਾ ਮਸਲਾ ਵੀ ਜਲਦ ਹੀ ਹੱਲ ਹੋ ਜਾਵੇਗਾ।

# ਸ੍ਰੀ ਹੇਮਕੁੰਟ ਸਾਹਿਬ ਲੰਗਰ ਸੇਵਾ ਸੋਸਾਇਟੀ ਦਾ ਦੂਸਰਾ ਜਥਾ ਰਵਾਨਾ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਸਿੱਖ ਗੁਰਧਾਮ ਸ੍ਰੀ ਹੇਮਕੁੰਟ ਸਾਹਿਬ ਦੇ ਦਰਸ਼ਨ ਦੀਦਾਰੇ ਕਰਨ ਲਈ ਆਉਣ ਜਾਣ ਵਾਲੀਆਂ ਸ਼ਰਧਾਲੂ ਸੰਗਤਾਂ ਲਈ ਰਿਸ਼ੀਕੇਸ਼ ਤੋਂ 80 ਕਿਲੋਮੀਟਰ ਅੱਗੇ ਮੂਲੇ ਗਾਉਂ ਵਿਖੇ ਅਜਨਾਲਾ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਹੇਮਕੁੰਟ ਸਾਹਿਬ ਲੰਗਰ ਸੇਵਾ ਸੋਸਾਇਟੀ ਅਜਨਾਲਾ ਵੱਲੋਂ 22 ਮਈ ਤੋਂ ਨਿਰੰਤਰ ਚੱਲ ਰਹੇ ਗੁਰੂ ਦੇ ਅਤੁੱਟ ਲੰਗਰ ਦੇ ਸੇਵਾ ਕਾਰਜਾਂ ਅਤੇ ਉਕਤ ਗੁਰਧਾਮ ਦੇ ਦਰਸ਼ਨਾਂ ਲਈ ਗੁਰਦੁਆਰਾ ਅਮਰ ਸ਼ਹੀਦ ਬਾਬਾ ਦੀਪ ਸਿੰਘ ਅਜਨਾਲਾ ਤੋਂ ਜਥੇਬੰਦੀ ਦੇ ਸੀਨੀਅਰ, ਮੀਤ ਪ੍ਰਧਾਨ ਭਗਵੰਤ ਸਿੰਘ ਗੁੱਜਰਪੁਰਾ ਦੀ ਅਗਵਾਈ 'ਚ ਸ਼ਰਧਾਲੂ ਸੇਵਾਦਾਰਾਂ ਦੇ ਦੂਸਰੇ ਜਥੇ ਨੂੰ ਬਾਬਾ ਮਹਿੰਦਰ ਸਿੰਘ ਸੁਰੇਪੁਰ ਵੱਲੋਂ ਸਰਪ੍ਰਸਤ ਅਮਰਜੀਤ ਸਿੰਘ ਬਾਜਵਾ ਤੇ ਖਜਾਨਚੀ ਵਿਜੇ ਅਰੋੜਾ ਦੀ ਵਿਸ਼ੇਸ਼ ਹਾਜ਼ਰੀ 'ਚ ਸਿਰੋਪਾਓ ਦੇਣ ਉਪਰੰਤ ਖਾਲਸਾਈ ਜੈਕਾਰਿਆਂ ਦੀ ਗੂੰਜ 'ਚ ਰਵਾਨਾ ਕੀਤਾ ਗਿਆ। ਇਸ ਮੌਕੇ ਜਥੇਬੰਦੀ ਦੇ ਉਪ-ਸਰਪ੍ਰਸਤ ਜਸਬੀਰ ਸਿੰਘ ਢਿੱਲੋਂ, ਸੀਨੀਅਰ 'ਆਪ' ਆਗੂ ਰਸ਼ਪਾਲ ਸਿੰਘ ਕੋਟਲਾ ਕਾਜ਼ੀਆਂ, ਪੀ. ਏ. ਨਵਤੇਜ ਸਿੰਘ ਸੁੱਗਾ, ਸੁਖਵਿੰਦਰ ਸਿੰਘ ਰਾਜੂ, ਫੋਰਮੈਨ ਕੁਲਦੀਪ ਸਿੰਘ, ਆਪ ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂੰ, ਪ੍ਰਮਜੀਤ ਸਿੰਘ ਪੰਮਾ ਆਦਿ ਹਾਜ਼ਰ ਸਨ

# ਸੰਜੇ ਅਟਵਾਲ ਦੇ ਦਫਤਰ ਪਹੁੰਚੇ ਸੁਸ਼ੀਲ ਕੁਮਾਰ ਰਿੰਕੂ, ਲੋਕਾਂ ਦਾ ਕੀਤਾ ਧੰਨਵਾਦ

**ਗੁਰਾਇਆ (ਬਿੰਦਰ ਸੁਮਨ)**-ਲੋਕ ਸਭਾ ਹਲਕਾ ਜਲੰਧਰ ਤੋਂ ਮੈਂਬਰ ਪਾਰਲੀਮੈਂਟ ਬਣਨ ਤੋਂ ਬਾਅਦ ਸੁਸ਼ੀਲ ਕੁਮਾਰ ਰਿੰਕੂ ਅਤੇ ਪ੍ਰਧਾਨ ਮਹਿਲਾ ਵਿੰਗ ਪੰਜਾਬ ਬੀਬੀ ਰਾਜਵਿੰਦਰ ਕੌਰ ਪਹਿਲੀ ਵਾਰ ਲੋਕਾਂ ਦਾ ਧੰਨਵਾਦ ਕਰਨ ਲਈ ਵਿਧਾਨ ਸਭਾ ਹਲਕਾ ਫਿਲੌਰ ਦੇ ਸ਼ਹਿਰ ਗੁਰਾਇਆ ਦੇ ਵਾਰਡ ਨੰਬਰ 'ਚ 7 ਸੰਜੇ ਅਟਵਾਲ ਦੇ ਦਫਤਰ ਪਹੁੰਚੇ ਜਿਥੇ ਪਾਰਟੀ ਵਰਕਰਾਂ ਨੇ ਫੁੱਲਾਂ ਦੇ ਹਾਰ ਪਾ ਕੇ ਉਨ੍ਹਾ ਦਾ ਭਰਵਾਂ ਸਵਾਗਤ ਕੀਤਾ। ਇਸ ਮੌਕੇ ਸੁਸ਼ੀਲ ਕੁਮਾਰ ਰਿੰਕੂ ਨੇ ਵਾਰਡ ਵਾਸੀਆਂ ਵੱਲੋਂ ਵੋਟਾਂ ਦੌਰਾਨ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਕੀਤਾ। ਇਸ ਮੌਕੇ ਬੀਬੀ ਰਾਜਵਿੰਦਰ ਕੌਰ ਥਿਆੜਾ ਨੇ ਮਹਿਲਾਵਾਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਅਤੇ ਪਹਿਲ ਦੇ ਅਧਾਰ 'ਤੇ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਅਵਸਰ 'ਤੇ ਵਾਰਡ ਵਾਸੀਆਂ ਵੱਲੋਂ ਮੈਂਬਰ ਪਾਰਲੀਮੈਂਟ ਸੁਸ਼ੀਲ ਕੁਮਾਰ ਰਿੰਕੂ ਅਤੇ ਬੀਬੀ ਰਾਜਵਿੰਦਰ ਕੌਰ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਮੁਸਲਿਮ ਭਾਈਚਾਰੇ ਅਤੇ ਇਸਾਈ ਭਾਈਚਾਰੇ ਵੱਲੋਂ ਵੀ ਆਪਣੀਆਂ ਸਮੱਸਿਆਵਾਂ ਨੂੰ ਐਮ ਪੀ ਰਿੰਕੂ ਦੇ ਧਿਆਨ ਵਿੱਚ ਲਿਆਂਦਾ ਗਿਆ। ਇਸ ਮੌਕੇ ਸੰਜੇ ਅਟਵਾਲ, ਗੁਰਵਿੰਦਰ ਸਿੰਘ ਨੌਰਾ, ਅਜਵਿੰਦਰ ਸਿੰਘ, ਸਾਬਕਾ ਬਲਾਕ ਸੰਮਤੀ ਮੈਂਬਰ ਬੂਟਾ ਸਿੰਘ ਢੇਸੀ, ਸੁਦੇਸ਼ ਕੁਮਾਰ ਬਿੱਲਾ, ਸੰਜੀਵ ਹੀਰ, ਜਸਵਿੰਦਰ ਪਾਠਕ, ਮਨਦੀਪ ਰਾਏ ਤੋਂ ਇਲਾਵਾ ਵੱਡੀ ਗਿਣਤੀ 'ਚ ਪਾਰਟੀ ਵਰਕਰ ਹਾਜ਼ਰ ਸਨ।

# ਸ਼ਹੀਦਾਂ ਦੀ ਯਾਦ ਨੂੰ ਸਮਰਪਤ ਲਗਾਈ ਛਬੀਲ

**ਫਗਵਾੜਾ, (ਜਸਵਿੰਦਰ ਢੱਡਾ)**- ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਸਾਕਾ ਨੀਲਾ ਤਾਰਾ ਦੇ ਸਮੂਹ ਸਿੰਘ ਸ਼ਹੀਦਾਂ ਦੀ ਯਾਦ ਨੂੰ ਸਮਰਪਤ ਪਿੰਡ ਅਕਾਲਗੜ੍ਹ ਦੀ ਸਮੂਹ ਸਾਧ ਸੰਗਤ ਵੱਲੋਂ ਪ੍ਰਵਾਸੀਆਂ ਭਾਰਤੀਆਂ ਅਤੇ ਇਲਾਕੇ ਭਰ ਦੇ ਸਹਿਯੋਗ ਨਾਲ ਗੁਰਦੁਆਰਾ ਸ਼ਹੀਦਾਂ ਸਿੰਘਾਂ ਸਾਹਿਬ ਭੁੱਲਾਰਾਈ ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਛੋਲਿਆਂ ਦੇ ਪ੍ਰਸ਼ਾਦਿ ਦਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਉਣ ਉਪਰੰਤ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕਰਨ ਉਪਰੰਤ ਠੰਢੇ ਮਿੱਠੇ ਜਲ ਦੀ ਛਬੀਲ ਦੀ ਅਰੰਭਤਾ ਕੀਤੀ ਗਈ। ਇਸ ਮੌਕੇ ਜਥੇਦਾਰ ਲਾਲ ਸਿੰਘ ਅਕਾਲਗੜ੍ਹ ਨੇ ਇਸ ਮਹਾਨ ਕਾਰਜ ਵਿੱਚ ਯੋਗਦਾਨ ਪਾਉਣ ਲਈ ਜਿੱਥੇ ਸਮੂਹ ਸੰਗਤਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਉੱਥੇ ਹੀ ਉਨ੍ਹਾ ਨੇ ਸਮੂਹ ਨੌਜਵਾਨਾਂ ਨੂੰ ਸਿੰਘ ਸ਼ਹੀਦਾਂ ਦੇ ਪਾਏ ਹੋਏ ਪੂਰਨਿਆਂ 'ਤੇ ਚੱਲਣ ਦੀ ਅਪੀਲ ਕੀਤੀ। ਇਸ ਮੌਕੇ ਗੁਰੂ ਦੇ ਲੰਗਰ ਵੀ ਅਤੁੱਟ ਵਰਤਾਏ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਥੇਦਾਰ ਲਾਲ ਸਿੰਘ ਅਕਾਲਗੜ੍ਹ, ਸਰਪੰਚ ਪ੍ਰੀਤ ਅਕਾਲਗੜ੍ਹ, ਗੁਰਪ੍ਰੀਤ ਸਿੰਘ, ਜੱਸਾ, ਅਮਨਦੀਪ, ਜੀਤਾ, ਕਾਕੂ, ਹਨੀ, ਅਮਰਜੀਤ ਸਿੰਘ, ਤਜਿੰਦਰ ਸਿੰਘ ਫਤਹਿ, ਜਲਵਿੰਦਰ ਸਿੰਘ, ਮੱਖਣ ਲਾਲ, ਜਗਜੀਤ ਸਿੰਘ, ਧਰਮਿੰਦਰ ਸਿੰਘ, ਅਮਨਪ੍ਰੀਤ ਸਿੰਘ, ਗੁਰਜੋਤ ਸਿੰਘ, ਹਰਜਿੰਦਰ ਸਿੰਘ, ਅਮਰਿੰਦਰ ਸਿੰਘ, ਸਤਵਿੰਦਰ ਸਿੰਘ, ਰਜਵਿੰਦਰ ਸਿੰਘ, ਜਸਪ੍ਰੀਤ, ਸਿਮਰਨ ਸਿੰਘ, ਵਿੱਕੀ ਅਕਾਲਗੜ੍ਹ, ਗਗਨਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਜਸਬੀਰ ਆਦਿ ਹਾਜ਼ਰ ਸਨ।

# ਧਰਮੀ ਫੌਜੀਆਂ ਨੂੰ ਵੱਖ-ਵੱਖ ਵਰਗਾਂ 'ਚ ਵੰਡਣ ਵਾਲਾ ਮਤਾ ਰੱਦ ਨਾ ਹੋਇਆ ਤਾਂ ਸੰਘਰਸ਼ ਵਿੱਢਾਂਗੇ: ਬਲਦੇਵ ਸਿੰਘ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸਮੂਹ ਸਿੱਖ ਧਰਮੀ ਫੌਜੀ ਪਰਿਵਾਰ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਤੇ ਹੋਰ ਧਰਮੀ ਫੌਜੀਆਂ ਨੇ ਜੂਨ 1984 ਦੌਰਾਨ ਬੈਰਕਾਂ ਛੱਡ ਕੇ ਸ੍ਰੀ ਅੰਮ੍ਰਿਤਸਰ ਵੱਲ ਕੂਚ ਕਰਨ ਵਾਲੇ ਸੰਘਰਸ਼ਮਈ ਅਤੇ ਸਰਕਾਰੀ ਤਸ਼ੱਦਦ ਝੱਲਣ ਦੀ ਦਾਸਤਾਨ ਸੁਣਾਉਂਦੇ ਹੋਏ ਇਥੇ ਕਿਹਾ ਕਿ ਧਰਮੀ ਫੌਜੀ ਬੈਰਕਾਂ ਨਾ ਛੱਡਦੇ ਤਾਂ ਸ੍ਰੀ ਦਰਬਾਰ ਸਾਹਿਬ ਫੌਜ ਤੋਂ ਮੁਕਤ ਨਹੀਂ ਸੀ ਹੋਣਾ। ਉਨ੍ਹਾਂ ਕਿਹਾ ਕਿ ਜੂਨ 1984 ਦੌਰਾਨ ਸ੍ਰੀ ਅਕਾਲ ਤਖਤ ਸਾਹਿਬ 'ਤੇ ਤੋਪਾਂ ਟੈਂਕਾਂ ਨਾਲ ਹੋਏ ਹਮਲੇ ਦੀ ਖਬਰ ਸੁਣਦਿਆਂ ਹੀ ਸਿੱਖ ਧਰਮੀ ਫੌਜੀਆਂ ਨੇ 7 ਜੂਨ 1984 ਦੀ ਰਾਤ ਨੂੰ ਬੈਰਕਾਂ ਛੱਡ ਕੇ ਸ੍ਰੀ ਅੰਮ੍ਰਿਤਸਰ ਵੱਲ ਕੂਚ ਸ਼ੁਰੂ ਕੀਤਾ। ਇਸ ਦੌਰਾਨ ਦੇਸ਼ ਦੇ ਕੋਨੇ ਕੋਨੇ 'ਤੇ ਤੈਨਾਤ ਵੱਖ-ਵੱਖ ਰੈਜੀਮੈਂਟਾਂ ਦੇ ਸਿੱਖ ਨੌਜਵਾਨਾਂ ਨੇ ਧਰਮ ਅਤੇ ਕੌਮ ਦੀ ਹੋਂਦ ਖਤਰੇ ਵਿੱਚ ਪੈਂਦੀ ਵੇਖ ਕੇ ਆਪਣੀਆਂ ਨੌਕਰੀਆਂ ਅਤੇ ਪਰਿਵਾਰਾਂ ਦੀ ਪਰਵਾਹ ਨਾ ਕਰਦੇ ਹੋਏ ਅਸਲੇ ਸਮੇਤ ਬੈਰਕਾਂ ਛੱਡ ਕੇ ਸ੍ਰੀ ਦਰਬਾਰ ਸਾਹਿਬ ਵੱਲ ਤੁਰ ਪਏ। ਉਸ ਸਮੇਂ ਦੀਆਂ ਸਰਕਾਰਾਂ ਨੇ ਸਿੱਖ ਫੌਜੀ ਨੌਜਵਾਨਾਂ ਨੂੰ ਰੋਕਣ ਲਈ ਉਨ੍ਹਾਂ ਤੇ ਤਸ਼ੱਦਦ ਢਾਹੁਣੇ ਸ਼ੁਰੂ ਕਰ ਦਿੱਤੇ। ਇਹ ਪ੍ਰਗਟਾਵਾ ਸਮੂਹ ਸਿੱਖ ਧਰਮੀ ਫੌਜੀ ਪਰਿਵਾਰ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਆਪਣੇ ਸਾਥੀਆਂ ਸਮੇਤ ਪੁਰਾਣੀਆਂ ਯਾਦਾਂ ਤਾਜ਼ਾ ਕਰਦਿਆਂ ਧਾਰੀਵਾਲ ਵਿਖੇ ਮੀਡੀਆ ਨਾਲ ਕੀਤਾ। ਧਰਮੀ ਫੌਜੀਆਂ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਸਿੱਖ ਧਰਮੀ ਫੌਜੀਆਂ ਨੂੰ ਰੋਕਣ ਲਈ ਵੱਖ-ਵੱਖ ਸਥਾਨਾਂ ਤੇ ਸਰਕਾਰਾਂ ਵੱਲੋਂ ਹਰ ਹੀਲਾ ਵਰਤੇ ਕੇ ਕਈਆਂ ਨੂੰ ਸ਼ਹੀਦ ਕੀਤਾ, ਕਈ ਫੱਟੜ ਅਤੇ ਕਈਆਂ ਦੇ ਅੰਗ ਨਕਾਰਾ ਕਰ ਦਿੱਤੇ। ਕਈ ਧਰਮੀ ਫੌਜੀਆਂ ਨੂੰ ਗ੍ਰਿਫਤਾਰ ਕਰਕੇ ਅਣ-ਮਨੁੱਖੀ ਤਸੀਹੇ ਦੇ ਕੇ ਜ਼ਲੀਲ ਕੀਤਾ ਗਿਆ ਅਤੇ ਸਜ਼ਾਵਾਂ ਦੇ ਕੇ ਜੇਲ੍ਹਾਂ ਅੰਦਰ ਸੁੱਟਿਆ ਗਿਆ। ਧਰਮੀ ਫੌਜੀਆਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ 'ਤੇ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਐਸਜੀਪੀਸੀ ਵੱਲੋਂ 23-8-2021 ਦੀ ਅੰਤ੍ਰਿੰਗ ਕਮੇਟੀ ਦੇ ਇਕ ਮਤੇ ਰਾਹੀਂ ਧਰਮੀ ਫੌਜੀਆਂ ਨੂੰ ਵੱਖ-ਵੱਖ ਵਰਗਾਂ ਵਿੱਚ ਵੰਡਣ ਦਾ ਯਤਨ ਕੀਤਾ ਗਿਆ ਹੈ।

ਧਰਮੀ ਫੌਜੀਆਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਧਰਮੀ ਫੌਜੀਆਂ ਨੂੰ ਵੱਖ-ਵੱਖ ਵਰਗਾਂ ਵਿੱਚ ਵੰਡਣ ਵਾਲਾ ਮਤਾ ਰੱਦ ਨਾ ਕੀਤਾ ਤਾਂ ਧਰਮੀ ਫੌਜੀ ਸੰਘਰਸ਼ ਵਿੱਢਣਗੇ। ਇਸ ਮੌਕੇ ਸਮੂਹ ਸਿੱਖ ਧਰਮੀ ਫੌਜੀ ਪਰਿਵਾਰ ਵੈੱਲਫੇਅਰ ਐਸੋਸੀਏਸ਼ਨ ਦੇ ਸਰਪ੍ਰਸਤ ਬਾਬਾ ਕਰਨੈਲ ਸਿੰਘ ਯੂ.ਕੇ.,ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ, ਸੀਨੀਅਰ ਮੀਤ ਪ੍ਰਧਾਨ ਰਣਧੀਰ ਸਿੰਘ, ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਸਵਿੰਦਰ ਸਿੰਘ ਸੋਹੀ, ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਗੁਲਜਾਰ ਸਿੰਘ, ਗੁਰਨਾਮ ਸਿੰਘ ਆਦਿ ਹਾਜ਼ਰ ਸਨ।

# ਪੀ ਐੱਸ ਪੀ ਸੀ ਐੱਲ ਵੱਲੋਂ ਬਿਜਲੀ ਖਪਤਕਾਰਾਂ ਲਈ ਹੈਲਪਲਾਈਨ ਨੰਬਰ ਜਾਰੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ) ਝੋਨੇ ਦੇ ਸੀਜ਼ਨ ਦੌਰਾਨ 10 ਜੂਨ ਤੋਂ ਪੰਜਾਬ ਦੇ ਲਗਭਗ 14 ਲੱਖ ਖੇਤੀਬਾੜੀ ਟਿਊਬਵੈਲ ਖਪਤਕਾਰਾਂ ਨੂੰ ਰੋਜ਼ਾਨਾ ਅੱਠ ਘੰਟੇ ਨਿਰਵਿਘਨ ਬਿਜਲੀ ਸਪਲਾਈ ਦੇਣ ਲਈ ਵਚਨਬੱਧ ਹੈ। ਪੀ.ਐਸ.ਪੀ.ਸੀ.ਐਲ. ਨੇ ਪੀਕ ਦੌਰਾਨ ਬਿਜਲੀ ਦੀ ਮੰਗ ਨੂੰ ਪੂਰਾ ਕਰਨ ਲਈ ਪਹਿਲਾਂ ਹੀ ਪੁਖਤਾ ਪ੍ਰਬੰਧ ਕਰ ਲਏ ਹਨ। ਝੋਨੇ ਦੇ ਸੀਜ਼ਨ ਦੌਰਾਨ ਰਾਜ ਵਿੱਚ ਖੇਤੀਬਾੜੀ ਖਪਤਕਾਰਾਂ ਨੂੰ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਪੀ.ਐਸ.ਪੀ.ਸੀ.ਐਲ. ਨੇ ਸੂਬੇ ਭਰ ਵਿੱਚ ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਵੀ ਮਜ਼ਬੂਤ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਦੱਸਿਆ ਕਿ ਝੋਨੇ ਦੇ ਸੀਜ਼ਨ ਦੌਰਾਨ ਖਪਤਕਾਰਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਅਤੇ ਬਿਜਲੀ ਸਪਲਾਈ ਦੀ ਸਥਿਤੀ ਸੰਬੰਧੀ ਅਪਡੇਟ ਲਈ ਜ਼ੋਨਲ ਪੱਧਰ 'ਤੇ ਅਤੇ ਮੁੱਖ ਦਫਤਰ ਪਟਿਆਲਾ ਵਿਖੇ ਵਿਸ਼ੇਸ਼ ਕੰਟਰੋਲ ਰੂਮ ਸਥਾਪਤ ਕੀਤੇ ਜਾ ਰਹੇ ਹਨ। ਉਨ੍ਹਾ ਦੱਸਿਆ ਕਿ ਖਪਤਕਾਰਾਂ ਦੀ ਸਹੂਲਤ ਲਈ ਇਨ੍ਹਾਂ ਕੇਂਦਰਾਂ ਦੇ ਹੈਲਪਲਾਈਨ ਨੰਬਰ ਪਹਿਲਾਂ ਹੀ ਜਾਰੀ ਕਰ ਦਿੱਤੇ ਗਏ ਹਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਬਾਰਡਰ ਜ਼ੋਨ (ਅੰਮ੍ਰਿਤਸਰ, ਤਰਨ ਤਾਰਨ, ਗੁਰਦਾਸਪੁਰ, ਪਠਾਨਕੋਟ) ਲਈ ਹੈਲਪਲਾਈਨ ਨੰਬਰ 0183-2212425, 96461-82959, ਉੱਤਰੀ ਜ਼ੋਨ (ਜਲੰਧਰ, ਨਵਾਂਸ਼ਹਿਰ, ਕਪੂਰਥਲਾ, ਹੁਸ਼ਿਆਰਪੁਰ) ਲਈ 96461-16679, 9646114414, 0181-2220924, ਦੱਖਣੀ ਜ਼ੋਨ (ਪਟਿਆਲਾ, ਸੰਗਰੂਰ, ਬਰਨਾਲਾ, ਰੋਪੜ, ਮੋਹਾਲੀ) ਲਈ 96461-48833, 96461-46400, ਪੱਛਮੀ ਜ਼ੋਨ (ਬਠਿੰਡਾ, ਫਰੀਦਕੋਟ, ਮੁਕਤਸਰ, ਫਿਰੋਜ਼ਪੁਰ, ਮੋਗਾ, ਮਾਨਸਾ, ਫਾਜ਼ਿਲਕਾ) ਲਈ 96466-96300, 96461-85267, ਕੇਂਦਰੀ ਜ਼ੋਨ (ਲੁਧਿਆਣਾ, ਖੰਨਾ, ਫਤਹਿਗੜ੍ਹ ਸਾਹਿਬ) ਲਈ 96461-22070, 96461-22158 ਅਤੇ ਪੀ.ਐਸ.ਪੀ.ਸੀ.ਐਲ. ਹੈੱਡਕੁਆਰਟਰ ਪਟਿਆਲਾ ਵਿਖੇ ਸੈਂਟਰਲਾਈਜ਼ਡ ਸ਼ਿਕਾਇਤ ਕੇਂਦਰ ਲਈ 96461-06835, 96461-06836 ਹੈ। ਹਰਭਜਨ ਸਿੰਘ ਈ.ਟੀ.ਓ ਨੇ ਦੱਸਿਆ ਕਿ ਹੁਣ ਪੀ.ਐਸ.ਪੀ.ਸੀ.ਐਲ. ਦੇ ਖਪਤਕਾਰ ਪੀ.ਐਸ.ਪੀ.ਸੀ.ਐਲ. ਦੇ ਟੋਲ ਫਰੀ ਨੰਬਰ 1800-180-1512 'ਤੇ ਮਿਸ ਕਾਲ ਦੇ ਕੇ ਜਾਂ 9646101912 'ਤੇ ਵਟਸਐਪ ਮੈਸੇਜ ਭੇਜ ਕੇ ਵੀ ਆਪਣੀ ਸ਼ਿਕਾਇਤ ਦਰਜ ਕਰਵਾ ਸਕਦੇ ਹਨ। ਉਨ੍ਹਾ ਦੱਸਿਆ ਕਿ ਇਨ੍ਹਾਂ ਫੋਨ ਨੰਬਰਾਂ ਤੋਂ ਇਲਾਵਾ ਖਪਤਕਾਰ ਫੋਨ ਨੰਬਰ 1912 ਜ਼ਰੀਏ ਜਾਂ ਫੋਨ ਕਾਲ ਰਾਹੀਂ ਵੀ ਆਪਣੀਆਂ ਸ਼ਿਕਾਇਤਾਂ ਦਰਜ ਕਰਵਾ ਸਕਦੇ ਹਨ।

# ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਮਹੀਨਾਵਾਰ ਮੀਟਿੰਗ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਮਹੀਨਾਵਾਰ ਮੀਟਿੰਗ ਨਸੀਬ ਸਿੰਘ ਜੜੌਤ ਰੂਪਨਗਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਪੈਨਸ਼ਨਰਾਂ ਦੇ ਮਸਲਿਆਂ 'ਤੇ ਵਿਚਾਰ ਚਰਚਾ ਕੀਤੀ ਗਈ। ਇਸ ਵਿਚਾਰ ਚਰਚਾ ਵਿੱਚ ਸੂਬਾ ਕਮੇਟੀ ਮੈਂਬਰ ਕਾਮਰੇਡ ਮੁਕੰਦ ਲਾਲ, ਬਲਵਿੰਦਰ ਸਿੰਘ ਸੰਧੂ, ਮਹਿੰਦਰ ਸਿੰਘ ਸਰਸੀਣੀ, ਜਸਵੀਰ ਸਿੰਘ ਮਲਕਪੁਰ, ਦੀਦਾਰ ਸਿੰਘ, ਸੁਰਿੰਦਰ ਸਿੰਘ, ਬਲਵਿੰਦਰ ਸਿੰਘ ਨੰਬਰਦਾਰ ਨੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਕਾਮਰੇਡ ਮੁਕੰਦ ਲਾਲ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕੁਰੱਪਸ਼ਨ ਸੰਬੰਧੀ ਦ੍ਰਿੜ੍ਹ ਇਰਾਦੇ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਭ੍ਰਿਸ਼ਟਾਚਾਰ ਜਿਨ੍ਹਾਂ ਦੇ ਹੱਡੀਂ ਰਚਿਆ ਹੋਇਆ ਹੈ ਉਹ ਬੇਸ਼ਰਮੀ ਨਾਲ ਇਸ ਨੂੰ ਅੰਜਾਮ ਦੇ ਰਹੇ ਹਨ। ਕੋਈ ਦਿਨ ਅਜਿਹਾ ਨਹੀਂ ਲੰਘਦਾ ਜਿਸ ਦਿਨ ਕੋਈ ਰਿਸ਼ਵਤਖੋਰ ਮੁਲਾਜ਼ਮ ਫੜਿਆ ਨਾ ਜਾਵੇ। ਉਨ੍ਹਾ ਕਿਹਾ ਕਿ ਇਹ ਆਮ ਤੌਰ 'ਤੇ ਉੱਚ ਅਧਿਕਾਰੀਆਂ ਦੀ ਛਤਰ ਛਾਇਆ ਥੱਲੇ ਹੀ ਹੋ ਸਕਦਾ ਹੈ। ਉਨ੍ਹਾਂ ਮੰਗ ਕੀਤੀ ਕਿ ਭ੍ਰਿਸ਼ਟਾਚਾਰੀਆਂ ਨੂੰ ਬਰਖਾਸਤ ਕਰਕੇ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦਿੱਤਾ ਜਾਵੇ। ਉਨ੍ਹਾਂ ਪੈਨਸ਼ਨਰਾਂ ਦੀਆਂ ਮੰਗਾਂ ਸੰਬੰਧੀ ਮੰਗ ਕੀਤੀ ਹੈ ਕਿ ਛੇਵੇਂ ਪੇ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਉਨ੍ਹਾਂ ਦੀ ਪੈਨਸ਼ਨ 2.59% ਦੇ ਫਾਰਮੂਲੇ ਨਾਲ ਸੋਧ ਕੇ ਦਿੱਤੀ ਜਾਵੇ। ਮੈਡੀਕਲ ਬਿੱਲਾਂ ਦੀ ਅਦਾਇਗੀ ਤਿੰਨ ਮਹੀਨਿਆਂ ਵਿਚ ਕਰਕੇ ਹਾਈਕੋਰਟ ਦੇ ਹੁਕਮਾਂ ਦੀ ਪਾਲਣਾ ਕੀਤੀ ਜਾਵੇ। ਬੀਤੇ ਦਿਨੀਂ ਮਾਨ ਸਰਕਾਰ ਵੱਲੋਂ ਦਸ ਸਾਲ ਦੀ ਸੇਵਾ ਕਰਨ ਵਾਲੇ ਤਿੰਨ ਹਜ਼ਾਰ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਆਉਟਸੋਰਸ ਪ੍ਰਣਾਲੀ ਬੰਦ ਕਰਕੇ ਚਾਰ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਰਬਾਰਾ ਸਿੰਘ, ਸੱਤਪਾਲ, ਰਚਨ ਸਿੰਘ ਇੰਸ, ਅਵਤਾਰ ਸਿੰਘ, ਬਿਸ਼ਨ ਦਾਸ, ਦਿਲਬਾਰਾ ਸਿੰਘ, ਬਲਵੀਰ ਸਿੰਘ, ਬਲਜੀਤ ਸਿੰਘ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਸੋਮਵਾਰ, 12 ਜੂਨ 2023

# ਅਧਿਕਾਰ ਵਿਹੂਣੇ ਖੇਤ ਮਜ਼ਦੂਰ

*2014 ਵਿਚ ਪਹਿਲੀ ਵਾਰ ਖੇਤ ਮਜ਼ਦੂਰਾਂ ਦੀਆਂ ਖ਼ੁਦਕੁਸ਼ੀਆਂ ਨੂੰ ਵੱਖਰੇ ਤੌਰ 'ਤੇ ਦਰਜ ਕਰਨ ਦੀ ਸ਼ੁਰੂਆਤ ਹੋਈ। ਉਸ ਸਾਲ 5650 ਕਿਸਾਨਾਂ ਤੇ 6710 ਖੇਤ ਮਜ਼ਦੂਰਾਂ ਦੀਆਂ ਖ਼ੁਦਕੁਸ਼ੀਆਂ ਦਰਜ ਕੀਤੀਆਂ ਗਈਆਂ ਸਨ, ਜਿਹੜੀਆਂ ਉਨ੍ਹਾਂ ਹਾਲਤਾਂ ਦਾ ਸੰਕੇਤ ਸਨ, ਜਿਨ੍ਹਾਂ ਵਿਚ ਉਹ ਰਹਿ ਰਹੇ ਹਨ। ਕੌਮੀ ਅਪਰਾਧ ਰਿਕਾਰਡ ਬਿਊਰੋ ਦੀ ਰਿਪੋਰਟ ਮੁਤਾਬਕ 2021 ਵਿਚ 5563 ਖੇਤ ਮਜ਼ਦੂਰ ਖ਼ੁਦਕੁਸ਼ੀ ਕਰਨ ਲਈ ਮਜਬੂਰ ਹੋਏ। ਕੁਲ ਮਿਲਾ ਕੇ 2014 ਤੋਂ ਬਾਅਦ ਤੋਂ 40685 ਖੇਤ ਮਜ਼ਦੂਰ ਖ਼ੁਦਕੁਸ਼ੀਆਂ ਕਰ ਚੁੱਕੇ ਹਨ। ਬਦਕਿਸਮਤੀ ਨੂੰ ਖੇਤ ਮਜ਼ਦੂਰਾਂ ਦੀ ਸੁਰੱਖਿਆ ਲਈ ਕੋਈ ਕਾਨੂੰਨ ਨਹੀਂ ਹੈ। ਖੇਤ ਮਜ਼ਦੂਰਾਂ ਦੀਆਂ ਸਮੱਸਿਆਵਾਂ ਦੀ ਪਛਾਣ ਕਰਨ ਲਈ 1950-51, 1956-57, 1963-65 ਤੇ 1974-75 ਵਿਚ ਕਮੇਟੀਆਂ ਬਣੀਆਂ, ਪਰ ਕੋਈ ਕਾਨੂੰਨ ਨਹੀਂ ਬਣ ਸਕਿਆ। 1977 ਦੇ ਮਈ 'ਚ ਇਕ ਤਿੰਨ-ਧਿਰੀ ਕਿਰਤ ਸੰਮੇਲਨ ਤੇ 1978 ਵਿਚ ਇਕ ਵਿਸ਼ੇਸ਼ ਸੰਮੇਲਨ ਨੇ ਖੇਤ ਮਜ਼ਦੂਰਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਥਾਈ ਸਲਾਹਕਾਰ ਤੰਤਰ ਕਾਇਮ ਕਰਨ ਦੀ ਸਿਫ਼ਾਰਸ਼ ਕੀਤੀ। ਇਸ ਦੇ ਚਲਦਿਆਂ ਸਤੰਬਰ 1978 ਵਿਚ ਪੇਂਡੂ ਮਜ਼ਦੂਰਾਂ ਬਾਰੇ ਇਕ ਕੇਂਦਰੀ ਕਮੇਟੀ ਦੀ ਸਥਾਪਨਾ ਕੀਤੀ ਗਈ। ਵੇਲੇ ਦੇ ਕਿਰਤ ਮੰਤਰੀ ਇਸ ਦੇ ਮੁਖੀ ਸਨ। ਇਸ ਕਮੇਟੀ ਵਿਚ ਮਜ਼ਦੂਰਾਂ ਤੇ ਮਾਲਕਾਂ ਦੇ ਸੰਗਠਨਾਂ, ਕੇਂਦਰੀ ਤੇ ਸੂਬਾਈ ਸਰਕਾਰਾਂ ਦੇ ਸੰਬੰਧਤ ਵਿਭਾਗਾਂ, ਸਮਾਜੀ ਕਾਰਜਾਂ ਨਾਲ ਜੁੜੇ ਸੰਸਥਾਨਾਂ, ਸੰਗਠਨਾਂ ਤੇ ਖੇਤ ਮਜ਼ਦੂਰਾਂ ਦੀ ਭਲਾਈ ਨਾਲ ਜੁੜੇ ਲੋਕਾਂ ਦੇ ਨੁਮਾਇੰਦੇ ਇਸ ਵਿਚ ਸ਼ਾਮਲ ਕੀਤੇ ਗਏ। ਕਮੇਟੀ ਦਾ ਕੰਮ ਖੇਤ ਮਜ਼ਦੂਰਾਂ ਦੇ ਰੁਜ਼ਗਾਰ ਦੀ ਸੁਰੱਖਿਆ, ਕੰਮ ਦੇ ਘੰਟੇ, ਮਜ਼ਦੂਰੀ ਦਾ ਭੁਗਤਾਨ, ਸਮਾਜੀ ਸੁਰੱਖਿਆ, ਮਸ਼ੀਨੀਕਰਨ ਵਿਚ ਸੁਰੱਖਿਆ, ਝਗੜਾ ਨਿਪਟਾਊ ਮਸ਼ੀਨਰੀ ਆਦਿ ਲਈ ਇਕ ਕੇਂਦਰੀ ਕਾਨੂੰਨ ਘੜਨਾ ਅਤੇ ਖੇਤ ਮਜ਼ਦੂਰਾਂ ਦੀਆਂ ਜਥੇਬੰਦੀਆਂ ਲਈ ਨੇਮ-ਕਾਇਦੇ ਬਣਾਉਣਾ ਸੀ। 29 ਜਨਵਰੀ 1979 ਨੂੰ ਇਸ ਕਮੇਟੀ ਦੀ ਪਹਿਲੀ ਬੈਠਕ ਵਿਚ ਤਿੰਨ ਸਬ-ਕਮੇਟੀਆਂ ਬਣਾਈਆਂ ਗਈਆਂ। ਪਹਿਲੀ ਨੇ ਖੇਤ ਮਜ਼ਦੂਰਾਂ ਦੀ ਮਜ਼ਦੂਰੀ, ਰੁਜ਼ਗਾਰ ਦੀਆਂ ਸ਼ਰਤਾਂ ਤੇ ਵਿਵਾਦਾਂ ਦੇ ਨਬੇੜੇ ਲਈ ਤੰਤਰ ਤਿਆਰ ਕਰਨ ਲਈ ਕੇਂਦਰੀ ਕਾਨੂੰਨ ਦੀ ਸੰਭਾਵਨਾ 'ਤੇ ਵਿਚਾਰ ਕਰਨਾ ਸੀ। ਦੂਜੀ ਬੰਧੂਆ ਮਜ਼ਦੂਰਾਂ ਬਾਰੇ ਸੀ ਤੇ ਤੀਜੀ ਨੇ ਖੇਤ ਮਜ਼ਦੂਰਾਂ ਦੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਜ਼ਰੂਰੀ ਪ੍ਰਸ਼ਾਸਨਕ ਤੇ ਕਾਨੂੰਨੀ ਉਪਾਵਾਂ ਬਾਰੇ ਰਿਪੋਰਟ ਦੇਣੀ ਸੀ। ਕਮੇਟੀਆਂ ਨੇ ਜਿਹੜੀਆਂ ਸਿਫ਼ਾਰਸ਼ਾਂ ਕੀਤੀਆਂ, ਉਨ੍ਹਾਂ ਵਿਚ ਇਕ ਅਹਿਮ ਸਿਫ਼ਾਰਸ਼ ਖੇਤ ਮਜ਼ਦੂਰਾਂ ਲਈ ਇਕ ਸਰਵਸਮਾਵੇਸ਼ੀ ਕੇਂਦਰੀ ਕਾਨੂੰਨ ਬਣਾਉਣ ਦੀ ਸੀ, ਜਿਹੜੀ ਅਜੇ ਵੀ ਸਿਫ਼ਾਰਸ਼ ਹੀ ਬਣੀ ਹੋਈ ਹੈ। ਸਰਕਾਰ ਵੱਲੋਂ ਕੋਈ ਪੱਲਾ ਨਾ ਫੜਾਉਣ 'ਤੇ 2010, 2016, 2018 ਤੇ 2022 ਵਿਚ ਸੰਸਦ 'ਚ ਨਿੱਜੀ ਬਿੱਲ ਪੇਸ਼ ਕੀਤੇ ਗਏ, ਪਰ ਉਹ ਕਿਸੇ ਸਿਰੇ ਨਹੀਂ ਲੱਗੇ।*

*ਤਕਨੀਕ ਦੇ ਵਿਕਾਸ ਦੇ ਨਾਲ ਖੇਤ ਮਜ਼ਦੂਰਾਂ ਦੀ ਕਾਰਜਸ਼ੈਲੀ ਵਿਕਸਤ ਕਰਕੇ ਉਤਪਾਦਕਤਾ ਵਧ ਸਕਦੀ ਹੈ। ਕਿਸੇ ਵੀ ਦੇਸ਼ ਦੇ ਵਿਕਾਸ ਲਈ ਇਹ ਅਹਿਮ ਹੈ, ਪਰ ਇਸ ਪ੍ਰਕਿਰਿਆ 'ਚ ਸਭ ਤੋਂ ਅਹਿਮ ਹੈ ਖੇਤ ਮਜ਼ਦੂਰਾਂ ਦੇ ਅਧਿਕਾਰ। ਇਸ ਅਧਿਕਾਰ ਦਾ ਆਧਾਰ ਰਹਿਮਦਿਲੀ ਨਹੀਂ, ਸਗੋਂ ਕਾਨੂੰਨੀ ਹੋਣਾ ਚਾਹੀਦਾ ਹੈ। ਇਸ ਲਈ ਖੇਤ ਮਜ਼ਦੂਰਾਂ ਲਈ ਇਕ ਵਿਆਪਕ ਕੇਂਦਰੀ ਕਾਨੂੰਨ ਦੀ ਸਿਰਫ ਮਜ਼ਦੂਰਾਂ ਨੂੰ ਹੀ ਨਹੀਂ, ਸਗੋਂ ਦੇਸ਼ ਨੂੰ ਵੀ ਲੋੜ ਹੈ।*

# 14 ਫੀਸਦੀ ਸਰਕਾਰੀ ਪ੍ਰਾਇਮਰੀ ਸਕੂਲਾਂ 'ਚ ਇੱਕ ਹੀ ਅਧਿਆਪਕ

**ਚਰਨ ਸਿੰਘ ਸਰਾਭਾ**

ਸਾਡਾ ਭਾਰਤ ਮਹਾਨ ਆਜ਼ਾਦੀ ਪ੍ਰਾਪਤੀ ਦੇ 75 ਸਾਲ ਪੂਰੇ ਕਰ ਚੁੱਕਾ ਹੈ ਅਤੇ ਹੁਣ ਸਾਡੇ ਕਈ ਸਿਆਸੀ ਅਤੇ ਸਰਕਾਰੀ ਆਗੂਆਂ ਅਤੇ ਕਾਰਕੁੰਨਾਂ ਵੱਲੋਂ ਭਾਰਤ ਦੇ ਚੱਲ ਰਹੇ ਵਿਕਾਸ ਸੰਬੰਧੀ ਪ੍ਰਸ਼ਨਾਤਮਕ ਵਿਚਾਰ ਪ੍ਰਗਟ ਕੀਤੇ ਜਾਂਦੇ ਹਨ ਕਿ 15 ਅਗਸਤ 2047 ਤੱਕ ਭਾਵ ਆਜ਼ਾਦੀ ਪ੍ਰਾਪਤੀ ਦੇ ਸੌ ਸਾਲ ਪੂਰੇ ਕਰਨ ਸਮੇਂ ਤੱਕ ਸਾਡਾ ਭਾਰਤ ਵਿਕਾਸ ਦੇ ਕਿਸ ਉਚੇਰੇ ਪੱਧਰ 'ਤੇ ਪੁੱਜ ਚੁੱਕਾ ਹੋਵੇਗਾ। ਅਜਿਹੀਆਂ ਵਿਚਾਰਕ ਟਿੱਪਣੀਆਂ ਵਿਚਕਾਰ ਹੀ ਅੱਜ ਦੀ ਅਵਸਥਾ ਤੋਂ ਪਿਛਲੇ 75 ਸਾਲਾਂ ਵਿੱਚ ਰਹੀ ਭਾਰਤੀ ਵਿਕਾਸ ਦੀ ਦਿਸ਼ਾ ਸੰਬੰਧੀ ਵੀ ਵੱਖ-ਵੱਖ ਪ੍ਰਕਾਰ ਦੇ ਹਵਾਲੇ ਦਿੱਤੇ ਜਾਂਦੇ ਹਨ, ਕਿਉਂਕਿ ਵਿਕਾਸ ਦੀ ਦਿਸ਼ਾ ਅਤੇ ਪਰਿਭਾਸ਼ਾ ਸੰਬੰਧੀ ਵੱਖ-ਵੱਖ ਸਿਆਸੀ ਪਾਰਟੀਆਂ ਅਤੇ ਆਗੂਆਂ ਦੇ ਵੱਖ-ਵੱਖ ਵਿਚਾਰ ਅਤੇ ਦ੍ਰਿਸ਼ਟੀਕੋਨ ਹਨ ਅਤੇ ਵਧੇਰੇ ਕਰਕੇ ਅਜਿਹੀਆਂ ਟਿੱਪਣੀਆਂ ਕਰਦੇ ਸਮੇਂ ਵੀ ਇੱਕ-ਦੂਜੀ ਸਿਆਸੀ ਪਾਰਟੀ ਜਾਂ ਰਹਿ ਚੁੱਕੀਆਂ ਜਾਂ ਵਰਤਮਾਨ ਸਰਕਾਰਾਂ ਵਿਰੁੱਧ ਕੇਵਲ ਦੂਸ਼ਣਬਾਜ਼ੀ ਹੀ ਭਾਰੂ ਹੁੰਦੀ ਹੈ। ਅਜਿਹੇ ਆਗੂਆਂ ਦੇ ਨਾਂਅ ਲਏ ਜਾਣ ਤੋਂ ਬਿਨਾਂ ਅਸੀਂ ਕਹਿ ਸਕਦੇ ਹਾਂ ਕਿ ਅਜਿਹਾ ਕੋਈ ਵਿਰਲਾ ਸਿਆਸੀ ਆਗੂ ਹੀ ਹੋਵੇਗਾ, ਜੋ ਭਾਰਤ ਦੇ ਵਿਕਾਸ ਦੀ ਗੱਲ ਕਰਦੇ ਸਮੇਂ ਭਾਰਤ ਦੇ ਅੱਜ ਦੇ "ਮਨੁੱਖੀ ਵਿਕਾਸ" ਸੰਬੰਧੀ ਕੌਮਾਂਤਰੀ ਮਨੁੱਖੀ ਵਿਕਾਸ ਦੀ ਲੜੀ ਵਿੱਚ ਭਾਰਤ ਦੀ ਸਥਿਤੀ ਦੀ ਗੱਲ ਕਰਦਾ ਹੋਵੇ।

ਇਸ ਮੁੱਦੇ ਵੱਲ ਧਿਆਨ ਕੇਂਦਰਤ ਕਰਨ ਲਈ ਸਾਂਝਾ ਕੀਤਾ ਜਾਂਦਾ ਹੈ ਕਿ ਸਾਡੇ ਭਾਰਤ ਨੂੰ ਸੰਸਾਰ ਦਾ ਸਭ ਤੋਂ ਵੱਡਾ ਲੋਕਤੰਤਰਕ ਦੇਸ਼ ਕਿਹਾ ਜਾਂਦਾ ਹੈ ਅਤੇ ਮੰਨਿਆ ਜਾਂਦਾ ਹੈ। ਪਰ ਇਸ ਦੇ ਨਾਲ ਸਾਨੂੰ ਭਾਰਤੀਆਂ ਨੂੰ ਇਹ ਗੱਲ ਸੰਜੀਦਗੀ ਨਾਲ ਵਿਚਾਰਨੀ ਹੋਵੇਗੀ ਕਿ ਪਿਛਲੇ 75 ਸਾਲਾਂ ਵਿੱਚ ਵੋਟਾਂ ਰਾਹੀਂ ਬਣੀਆਂ, ਆਈਆਂ ਅਤੇ ਗਈਆਂ ਸਰਕਾਰਾਂ ਦੀ ਕਾਰਕਰਦਗੀ ਅਸਲ ਵਿੱਚ ਕੀ ਲੋਕਤੰਤਰਕ ਰਹੀ ਹੈ? ਕੀ ਭਾਰਤੀ ਸੰਵਿਧਾਨ ਦਾ ਨਿਰਦੇਸ਼ਕ ਸਿਧਾਂਤਾਂ 'ਤੇ ਅਮਲ ਕੀਤਾ ਗਿਆ ਹੈ? ਅਤੇ ਕੀ ਅੱਜ ਦੀਆਂ ਸਰਕਾਰਾਂ ਵੀ ਇਸ ਸੰਬੰਧੀ ਸੰਜੀਦਾ ਹਨ? ਸਾਡੀ ਸਮਝ ਅਨੁਸਾਰ ਸਾਡਾ ਸੰਵਿਧਾਨ ਦੇ ਨਿਰਦੇਸ਼ਕ ਸਿਧਾਂਤਾਂ ਅਨੁਸਾਰ, ਸਾਡੀਆਂ ਸਰਕਾਰਾਂ ਦੀ ਕਾਰਕਰਦਗੀ ਠੀਕ ਨਹੀਂ ਹੋਈ ਹੈ। ਜਦੋਂ ਅਖ਼ਬਾਰਾਂ ਵਿੱਚ ਖ਼ਬਰ ਛਪਦੀ ਹੈ ਕਿ ਭਾਰਤ ਵਿੱਚ ਇੱਕੀ ਅਰਬਪਤੀਆਂ ਕੋਲ ਏਨਾ ਧਨ ਇਕੱਠਾ ਹੋ ਗਿਆ ਹੈ, ਜਿੰਨਾ ਭਾਰਤ ਦੇ 70 ਕਰੋੜ ਆਮ ਲੋਕਾਂ ਕੋਲ ਅਨੁਮਾਨਤ ਧਨ ਕੁਲ ਮਿਲਾ ਕੇ ਬਣਦਾ ਹੈ। ਦੂਜੀ ਖ਼ਬਰ ਇਹ ਛਪਦੀ ਹੈ ਕਿ ਭਾਰਤ ਦੇ ਅੱਸੀ ਕਰੋੜ ਲੋਕਾਂ ਨੂੰ ਕੇਂਦਰੀ ਸਰਕਾਰ ਵੱਲੋਂ ਹਰ ਮਹੀਨੇ ਪੰਜ ਕਿਲੋ ਅਨਾਜ ਪ੍ਰਤੀ ਜੀ ਦੇ ਹਿਸਾਬ ਮੁਫ਼ਤ ਦੇਣਾ ਪੈਂਦਾ ਹੈ। ਅਜਿਹੀਆਂ ਖ਼ਬਰਾਂ ਦੇ ਸੰਦਰਭ ਵਿੱਚ ਸਾਂਝਾ ਕੀਤਾ ਜਾਂਦਾ ਹੈ ਕਿ ਭਾਰਤੀ ਸੰਵਿਧਾਨ ਦੇ ਨਿਰਦੇਸ਼ਕ ਸਿਧਾਂਤਾਂ ਵਿੱਚ ਤਾਂ ਨਿਰਦੇਸ਼ ਸ਼ਾਮਲ ਹੈ ਕਿ ਸਾਡੀਆਂ ਸਰਕਾਰਾਂ ਦੀ ਕਾਰਜਵਿਧੀ ਅਜਿਹੀ ਹੋਵੇਗੀ ਕਿ ਦੇਸ਼ ਦੇ ਪਦਾਰਥਕ ਸੋਮਿਆਂ ਦਾ ਕੰਟਰੋਲ ਅਤੇ ਮਾਲਕੀ ਇਸ ਸਰਕਾਰ ਦੀ ਹੋਵੇਗੀ ਸਾਰੇ ਲੋਕਾਂ ਦੀ ਭਲਾਈ ਯਕੀਨੀ ਬਣਾਈ ਜਾ ਸਕੇ। ਮਾਲਕੀ ਇਸ ਸਰਕਾਰ ਦੀ ਹੋਵੇਗੀ।

ਪਰ ਅੱਜ ਵਿਸ਼ੇਸ਼ ਤੌਰ 'ਤੇ 1990-91 ਤੋਂ ਲੈ ਕੇ ਜਦੋਂ ਤੋਂ ਭਾਰਤ ਵਿੱਚ ਸੰਸਾਰ ਬੈਂਕ ਮਾਰਕਾ ਆਰਥਿਕ ਸੁਧਾਰ ਲਾਗੂ ਕੀਤੇ ਗਏ ਹਨ, ਉਦੋਂ ਤੋਂ ਲੈ ਕੇ ਭਾਰਤ ਵਿੱਚ ਦੋ ਉਪਰੋਕਤ ਦੱਸੇ ਵਿਤਕਰਿਆਂ ਅਤੇ ਪਾੜਿਆਂ ਪ੍ਰਤੀ ਇਸ ਤਰ੍ਹਾਂ ਦੀ ਚੁੱਪ ਹੈ, ਜਿਵੇਂ ਇਨ੍ਹਾਂ ਨੂੰ ਅੱਜ ਦੇ ਅਖੌਤੀ ਵਿਕਾਸ ਦਾ ਅੰਗ ਹੀ ਮੰਨਿਆ ਜਾਂਦਾ ਹੋਵੇ। ਪ੍ਰੰਤੂ ਜਦੋਂ ਦੇਸ਼ ਦੇ ਵਿਕਾਸ ਦੀਆਂ ਗੱਲਾਂ ਦਾ ਸੰਖੇਪ ਜਿਹਾ ਵਿਸ਼ਲੇਸ਼ਣ ਵੀ ਕਰੀਏ ਤਾਂ ਕੁਦਰਤੀ ਤੌਰ 'ਤੇ ਧਿਆਨ ਦੇਸ਼ ਦੇ ਮਨੁੱਖੀ ਵਿਕਾਸ ਵੱਲ ਚਲਿਆ ਜਾਂਦਾ ਹੈ। ਕਿਸੇ ਵੀ ਦੇਸ ਦੇ ਵਿਕਾਸ ਸੰਬੰਧੀ ਅਮਰੀਕਾ ਦੇ ਪ੍ਰਸਿੱਧ ਵਿਦਵਾਨ ਮਾਰਟਨ ਲੂਥਰ ਨੇ ਕਿਹਾ ਸੀ, "ਕਿਸੇ ਵੀ ਦੇਸ਼ ਦੀ ਖ਼ੁਸ਼ਹਾਲੀ ਉਸ ਦੇ ਵਸੀਲਿਆਂ ਦੀ ਬਹੁਤਾਤ ਵੱਡੀਆਂ ਕਿਲ੍ਹਾਬੰਦੀਆਂ ਅਤੇ ਸੁੰਦਰ ਦਿਸਦੀਆਂ ਇਮਾਰਤਾਂ 'ਤੇ ਨਿਰਭਰ ਨਹੀਂ ਕਰਦੀ, ਪ੍ਰੰਤੂ ਇਸ ਗੱਲ 'ਤੇ ਨਿਰਭਰ ਕਰਦੀ ਹੈ ਕਿ ਉਸ ਦੇ ਲੋਕ ਕਿੰਨੇ ਸੁਚੱਜੇ ਵਰਤਾਅ ਵਾਲੇ ਹਨ ਅਤੇ ਪੜ੍ਹੇ ਹੋਏ ਹਨ। ਉਹ ਕਿੰਨੇ ਸੂਝਵਾਨ ਅਤੇ ਚੰਗੇ ਆਚਾਰ ਅਤੇ ਕਿਰਦਾਰ ਵਾਲੇ ਹਨ, ਪਰ ਅਫ਼ਸੋਸ ਦੀ ਗੱਲ ਹੈ ਕਿ ਕੌਮਾਂਤਰੀ ਪੱਧਰ 'ਤੇ ਛਾਪੀ ਜਾਂਦੀ ਮਨੁੱਖੀ ਵਿਕਾਸ ਸੰਬੰਧੀ ਸੂਚੀ ਵਿੱਚ ਭਾਰਤ ਦੀ ਸਥਿਤੀ 134ਵੀਂ ਹੈ, ਜੋ ਪੱਛੜੇਪਨ ਦਾ ਸੰਕੇਤ ਹੈ। ਜਦੋਂ ਅਸੀਂ ਭਾਰਤੀ ਮਨੁੱਖੀ ਵਿਕਾਸ ਦੀ ਗੱਲ ਕਰਦੇ ਹਾਂ ਤਾਂ ਸਾਡਾ ਧਿਆਨ ਫਿਰ ਨਿਰਦੇਸ਼ਕ ਸਿਧਾਂਤਾਂ ਦੀ ਵਿਵਸਥਾ ਵੱਲ ਜਾਂਦਾ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਭਾਰਤੀ ਸੰਵਿਧਾਨ ਲਾਗੂ ਹੋਣ ਦੀ ਮਿਤੀ ਤੋਂ ਦਸ ਸਾਲ ਦੇ ਸਮੇਂ ਵਿੱਚ ਭਾਰਤ ਦੇ 0-14 ਆਯੂ ਗੁੱਟ ਦੇ ਸਾਰੇ ਬੱਚਿਆਂ ਨੂੰ ਮੁਢਲੀ ਜ਼ਰੂਰੀ ਗੁਣਾਤਮਕ ਸਿੱਖਿਆ ਪ੍ਰਦਾਨ ਕੀਤੀ ਜਾਵੇਗੀ।

ਇਸ ਤੋਂ ਹੋਰ ਅੱਗੇ ਅਜ਼ਾਦ ਭਾਰਤ ਦੀ ਸਿੱਖਿਆ ਸੰਬੰਧੀ 1968 ਵਿੱਚ ਭਾਰਤ ਦੀ ਪਹਿਲੀ ਸਿੱਖਿਆ ਨੀਤੀ ਕੋਠਾਰੀ ਸਿੱਖਿਆ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਦੇ ਅਧਾਰ 'ਤੇ ਨਿਰਧਾਰਤ ਕੀਤੀ ਗਈ ਸੀ। ਇਸ ਨੀਤੀ ਨੂੰ ਸਫ਼ਲਤਾ-ਪੂਰਵਕ ਲਾਗੂ ਕਰਨ ਲਈ ਭਾਰਤੀ ਲੋਕ ਸਭਾ ਨੇ ਸਵੀਕਾਰ ਕੀਤਾ ਸੀ ਕਿ ਹਰ ਸਾਲ ਭਾਰਤੀ ਜੀ ਡੀ ਪੀ ਦਾ 6% ਸਿੱਖਿਆ ਲਈ ਰੱਖਿਆ ਜਾਵੇਗਾ। ਸਿੱਖਿਆ ਲਈ ਰੱਖੇ ਗਏ ਅਜਿਹੇ ਬੱਜਟ ਵਿੱਚੋਂ 50% ਪ੍ਰਾਇਮਰੀ ਸਿੱਖਿਆ ਅਤੇ 25% ਸੈਕੰਡਰੀ ਸਿੱਖਿਆ ਲਈ ਰੱਖਿਆ ਜਾਵੇਗਾ ਜਦੋਂ ਤੱਕ ਸਾਰੇ ਭਾਰਤੀ ਬੱਚੇ ਸਕੂਲ ਪੱਧਰ ਦੀ ਸਿੱਖਿਆ ਪ੍ਰਾਪਤ ਨਾ ਕਰ ਲੈਣ, ਪਰ ਅੱਜ ਤੱਕ ਕਿਸੇ ਵੀ ਭਾਰਤੀ ਸਰਕਾਰ ਨੇ ਸਿੱਖਿਆ ਲਈ ਜੀ ਡੀ ਪੀ ਦਾ 6% ਰਾਖਵਾਂ ਨਹੀਂ ਕੀਤਾ। ਜਿਸ ਦੇ ਸਿੱਟੇ ਵਜੋਂ ਅੱਜ ਤਕ ਭਾਰਤ ਦੇ ਸਾਰੇ ਬੱਚਿਆਂ ਲਈ ਲੋੜੀਂਦੇ ਅਤੇ ਮੁਢਲੀਆਂ ਲੋੜਾਂ ਪੂਰੀਆਂ ਕਰਦੇ ਸਰਕਾਰੀ ਪ੍ਰਾਇਮਰੀ ਸਕੂਲ ਵੀ ਉਪਲੱਬਧ ਨਹੀਂ ਕਰਵਾਏ ਜਾ ਸਕੇ ਅਤੇ ਅਜਿਹੀਆਂ ਲੋੜਾਂ ਤੋਂ ਅਧੂਰੇ ਚੱਲ ਰਹੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਲੋੜ ਅਨੁਸਾਰ ਰੈਗੂਲਰ ਸਿੱਖਿਅਤ ਅਧਿਆਪਕ ਵੀ ਨਿਯੁਕਤ ਨਹੀਂ ਕੀਤੇ ਜਾ ਸਕੇ। 1986 ਵਿੱਚ ਭਾਰਤੀ ਸਿੱਖਿਆ ਦੀ ਸਥਿਤੀ ਸੰਬੰਧੀ ਪੜਚੋਲ ਕਰਦਿਆਂ ਕੇਂਦਰੀ ਸਿੱਖਿਆ ਮੰਤਰਾਲੇ ਵੱਲੋਂ ਅਜਿਹੀ ਗੈਰ ਸੰਜੀਦਗੀ ਵਾਲੀ ਪਹੁੰਚ ਨੂੰ ਸਵੀਕਾਰ ਕੀਤਾ ਗਿਆ ਅਤੇ ਇਹ ਫੈਸਲਾ ਵੀ ਕੀਤਾ ਗਿਆ ਕਿ 1990 ਤੱਕ ਹਰ ਪ੍ਰਾਇਮਰੀ ਸਕੂਲ ਵਿੱਚ ਘੱਟੋ-ਘੱਟ ਦੋ ਰੈਗੂਲਰ ਅਧਿਆਪਕ ਜ਼ਰੂਰ ਨਿਯੁਕਤ ਕੀਤੇ ਜਾਣ ਅਤੇ ਉਸ ਉਪਰੰਤ 1992 ਤੱਕ ਹਰ ਸਰਕਾਰੀ ਪ੍ਰਾਇਮਰੀ ਸਕੂਲ ਨੂੰ ਘੱਟੋ-ਘੱਟ ਤਿੰਨ ਰੈਗੂਲਰ ਅਧਿਆਪਕਾਂ ਵਾਲਾ ਸਕੂਲ ਬਣਾਇਆ ਜਾਵੇ, ਪਰ ਇਹ ਫ਼ੈਸਲਾ ਵੀ ਲਾਗੂ ਨਾ ਹੋ ਸਕਿਆ। 1990-91 ਤੋਂ ਪਿੱਛੋਂ 1986 ਵਾਲੇ ਫ਼ੈਸਲੇ ਵਿੱਚ ਹੀ ਛੱਡ ਦਿੱਤੇ ਗਏ ਅਤੇ ਸੰਸਾਰ ਬੈਂਕ ਮਾਰਕਾ ਨਵੀਂ ਅਖੌਤੀ ਸਰਬ ਸਿੱਖਿਆ ਅਭਿਆਨ ਵਾਲੀ ਵਿਵਸਥਾ ਲਿਆਂਦੀ ਗਈ, ਜਿਸ ਵਿੱਚ ਹਰ ਜਮਾਤ ਅਨੁਸਾਰ ਸਿੱਖਿਅਤ ਰੈਗੂਲਰ ਅਧਿਆਪਕ ਦੇਣ ਦੀ ਥਾਂ ਅਣਸਿੱਖਿਅਤ ਪੈਰਾ ਟੀਚਰ ਠੇਕੇ ਉੱਪਰ ਰੱਖਣ ਦੀ ਵਿਵਸਥਾ ਚਾਲੂ ਕੀਤੀ ਗਈ, ਜੋ ਅੱਜ ਵੀ ਕਾਫ਼ੀ ਹੱਦ ਤੱਕ ਜਾਰੀ ਹੈ। ਸਾਲ 2009 ਵਿੱਚ ਮੁਢਲੀ ਐਲੀਮੈਂਟਰੀ ਜ਼ਰੂਰੀ ਸਿੱਖਿਆ ਲਈ ਵਿਧਾਨਕ ਹੱਕ ਦਾ ਕਾਨੂੰਨ-2009 ਬਣਾਇਆ ਗਿਆ, ਪ੍ਰੰਤੂ ਲੋੜੀਂਦੀਆਂ ਰੈਗੂਲਰ ਅਧਿਆਪਕ ਨਿਯੁਕਤੀਆਂ ਸੰਬੰਧੀ ਇਸ ਦੀਆਂ ਵਿਵਸਥਾਵਾਂ ਵੀ ਪੂਰਨ ਰੂਪ ਵਿੱਚ ਲਾਗੂ ਨਹੀਂ ਕੀਤੀਆਂ ਗਈਆਂ। ਹੁਣ ਪਿਛਲੇ ਦਿਨੀਂ ਕੌਮੀ ਪੱਧਰ ਦੇ ਇੱਕ ਅੰਗਰੇਜ਼ੀ ਅਖ਼ਬਾਰ ਵਿੱਚ ਛਪੀ ਇੱਕ ਰਿਪੋਰਟ ਅਨੁਸਾਰ ਭਾਰਤ ਦੇ 14.7% ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਇੱਕ ਹੀ ਅਧਿਆਪਕ ਹੈ। ਇਹ ਖ਼ਬਰ ਕੋਈ ਨਵੀਂ ਖ਼ਬਰ ਨਹੀਂ ਹੈ। ਇਹ ਨਿਰੰਤਰ ਕਈ ਸਾਲਾਂ ਤੋਂ ਵੱਖ-ਵੱਖ ਅਖ਼ਬਾਰਾਂ ਵਿੱਚ ਛਪਦੀ ਆ ਰਹੀ ਹੈ। ਇਸ ਦੇ ਨਾਲ ਇਹ ਖ਼ਬਰ ਵੀ ਆਉਂਦੀ ਰਹੀ ਹੈ ਕਿ ਭਾਰਤ ਵਿੱਚ ਐਲੀਮੈਂਟਰੀ ਪੱਧਰ ਦੇ ਸਕੂਲਾਂ ਵਿੱਚ ਦਸ ਲੱਖ ਅਧਿਆਪਕਾਂ ਦੀ ਘਾਟ ਹੈ ਅਤੇ ਨਿਯੁਕਤ ਹੋਏ ਅਧਿਆਪਕਾਂ ਵਿੱਚੋਂ ਪੰਜ ਲੱਖ ਤੋਂ ਵੱਧ ਅਧਿਆਪਕ ਠੇਕੇ 'ਤੇ ਕੰਮ ਕਰਦੇ ਅਧਿਆਪਕ ਹਨ, ਜਿਨ੍ਹਾਂ ਨੂੰ ਨੀਵੇਂ ਪੱਧਰ ਦੀਆਂ ਉਜਰਤਾਂ ਦਿੱਤੀਆਂ ਜਾ ਰਹੀਆਂ ਹਨ।

ਜਿਵੇਂ ਕਿ ਉੱਪਰ ਦੱਸਿਆ ਗਿਆ ਹੈ ਕਿ ਸਾਡੇ ਦੇਸ਼ ਵਿੱਚ ਸਰਕਾਰੀ ਪ੍ਰਾਇਮਰੀ ਐਲੀਮੈਂਟਰੀ ਸਕੂਲਾਂ ਵਿੱਚ 1986 ਤੋਂ ਪਹਿਲਾਂ ਤੋਂ ਹੀ ਲੋੜੀਂਦੇ ਅਧਿਆਪਕ ਨਿਯੁਕਤ ਨਹੀਂ ਕੀਤੇ ਗਏ ਸਨ। 1986 ਵਿੱਚ ਇਹ ਘਾਟ ਪੂਰੀ ਕਰਨ ਲਈ "ਬਲੈਕ ਬੋਰਡ ਸਕੀਮ' ਤਜਵੀਜ਼ਤ ਕੀਤੀ ਗਈ ਸੀ, ਉਹ ਵੀ ਲਾਗੂ ਨਾ ਹੋ ਸਕੀ। ਇਹ ਸਾਰਾ ਕੁਝ ਸੰਬੰਧਤ ਸਰਕਾਰਾਂ ਦੀ ਮੁਢਲੀ ਜ਼ਰੂਰੀ ਐਲੀਮੈਂਟਰੀ ਸੈਕੰਡਰੀ ਸਕੂਲੀ ਸਿੱਖਿਆ ਪ੍ਰਤੀ ਗੈਰ ਸੰਜੀਦਗੀ ਕਾਰਨ ਰਿਹਾ ਹੈ। ਇਸ ਸੰਬੰਧ ਵਿੱਚ ਹੀ ਭਾਰਤ ਦੇ ਸਾਬਕਾ ਸਵ: ਰਾਸ਼ਟਰਪਤੀ ਮਾਨਯੋਗ ਕੇ ਆਰ ਨਰਾਇਣਨ ਦੀ 13 ਅਗਸਤ 2005 ਦੇ ਇੱਕ ਪ੍ਰਸਿੱਧ ਅੰਗਰੇਜ਼ੀ ਸਪਤਾਹਕ ਰਸਾਲੇ ਵਿੱਚ ਛਪੀ ਇੱਕ ਤਕਰੀਰ ਵਿੱਚ ਉਨ੍ਹਾ ਕਿਹਾ ਸੀ, "ਮੈਂ ਕੇਂਦਰੀ ਰਾਜ ਮੰਤਰੀ ਹੋਣ ਕਾਰਨ ਭਾਰਤੀ ਯੋਜਨਾ ਕਮਿਸ਼ਨ ਨਾਲ ਸੰਖੇਪ ਸਮੇਂ ਲਈ ਸੰਬੰਧਤ ਹੋਣ ਦਾ ਇਹ ਸੰਦੇਹ ਭਰਪੂਰ ਅਨੁਭਵ ਕੀਤਾ ਸੀ ਕਿ ਸਾਡੇ ਯੋਜਨਾਕਾਰ ਵੀ ਭਾਰਤੀ ਵਸੋਂ ਦੇ ਬੱਚਿਆਂ ਨੂੰ ਸਮੂਹਕ ਰੂਪ ਵਿੱਚ ਸਿੱਖਿਆ ਪ੍ਰਦਾਨ ਕਰਨ ਸੰਬੰਧੀ ਦੁਚਿੱਤੀ ਵਿੱਚ ਰਹਿੰਦੇ ਸਨ, ਕਿਉਂਕਿ ਉਨ੍ਹਾਂ ਦੇ ਮਨਾਂ ਵਿੱਚ ਇਹ ਡਰ ਸੀ ਕਿ ਜੇਕਰ ਸਾਰੇ ਲੋਕ ਗੁਣਾਤਮਕ ਸਿੱਖਿਆ ਪ੍ਰਾਪਤ ਕਰ ਲੈਣਗੇ ਤਾਂ ਉਨ੍ਹਾ ਦਾ ਸਰਕਾਰ ਪ੍ਰਤੀ ਵਤੀਰਾ ਕਿਹੋ ਜਿਹਾ ਹੋਵੇਗਾ। ਯੋਜਨਾਕਾਰਾਂ ਦੇ ਮਨਾਂ ਵਿੱਚ ਇਹ ਡਰ ਡੂੰਘਾ ਹੋਇਆ ਸੀ।"

ਹੁਣ ਦੀ ਸਥਿਤੀ ਵੀ ਇਸ ਤੋਂ ਹੋਰ ਨਿਘਾਰ ਵੱਲ ਗਈ ਹੈ। ਕੇਂਦਰ ਦੀ ਵਰਤਮਾਨ ਮੋਦੀ ਦੀ ਸਰਕਾਰ ਨੇ ਪਹਿਲੇ ਹੀ ਸਾਲ 2014 ਦੇ ਬੱਜਟ ਵਿੱਚ ਸਿੱਖਿਆ ਅਤੇ ਸਿਹਤ ਦੇ ਬੱਜਟ ਵਿੱਚ ਗੰਭੀਰ ਕੱਟਾਂ ਲਾਈਆਂ ਸਨ। ਹੁਣ 13 ਮਈ 2023 ਨੂੰ ਅੰਗਰੇਜ਼ੀ ਦੇ ਇੱਕ ਪ੍ਰਸਿੱਧ ਅਖ਼ਬਾਰ ਵਿੱਚ ਛਪੇ ਲੇਖ ਅਨੁਸਾਰ ਭਾਰਤੀ ਜੀ ਡੀ ਪੀ ਦੇ ਅਨੁਪਾਤ ਅਨੁਸਾਰ ਸਕੂਲ ਸਿੱਖਿਆ ਬੱਜਟ ਵਿੱਚ ਲਗਾਤਾਰ ਕੱਟਾਂ ਲੱਗੀਆਂ ਹਨ। ਇਸ ਲੇਖ ਅਨੁਸਾਰ ਇਹ 2014 ਵਿੱਚ ਜੀ ਡੀ ਪੀ ਦਾ 0.37% ਸੀ ਅਤੇ 2023-24 ਲਈ ਘਟ ਕੇ 0.23% ਰਹਿ ਗਿਆ ਹੈ। ਇਸ ਤੋਂ ਪਹਿਲਾਂ 10 ਮਈ 2022 ਦੇ ਅਖ਼ਬਾਰਾਂ ਦੀਆਂ ਖ਼ਬਰਾਂ ਵੀ ਸਨ ਕਿ ਸਤੰਬਰ 2018 ਅਤੇ ਸਤੰਬਰ 2019 ਦੇ ਸਮੇਂ ਵਿੱਚ ਭਾਰਤ ਵਿੱਚ ਇਕਵੰਜਾ ਹਜ਼ਾਰ ਸਰਕਾਰੀ ਸਕੂਲ ਬੰਦ ਹੋ ਗਏ ਸਨ। ਅਜਿਹੀਆਂ ਘਟਨਾਵਾਂ ਇੱਕ ਦਿਨ ਵਿੱਚ ਨਹੀਂ ਵਾਪਰਦੀਆਂ। ਇਹ ਸਰਕਾਰਾਂ ਦੀ ਯੋਜਨਾਬੰਦੀ ਦਾ ਹੀ ਨਤੀਜਾ ਹਨ। ਇਥੇ ਇਹ ਵੀ ਵਿਚਾਰ ਕਰਨਾ ਬਣਦਾ ਹੈ ਕਿ ਸਾਡੀਆਂ ਸਰਕਾਰਾਂ ਦੀਆਂ ਵਰਤਮਾਨ ਨੀਤੀਆਂ ਵਿੱਚ ਕੁਝ ਚੋਣਵੇਂ ਸਕੂਲਾਂ ਨੂੰ ਵਿਸ਼ੇਸ਼ ਸਹੂਲਤਾਂ ਵਾਲੇ ਸਕੂਲ ਬਣਾਉਣ ਦਾ ਮਤਲਬ ਬਾਕੀ ਸਕੂਲਾਂ ਦੇ ਲੱਖਾਂ ਵਿਦਿਆਰਥੀਆਂ ਨੂੰ ਗੁਣਾਤਮਕ ਸਿੱਖਿਆ ਤੋਂ ਵਾਂਝੇ ਰਹਿਣ ਦਿੱਤਾ ਜਾਵੇਗਾ। ਸਾਨੂੰ ਸੰਸਾਰ ਭਰ ਦੇ ਵਿਕਸਤ ਦੇਸ਼ਾਂ ਦੇ ਇਤਿਹਾਸ ਅਤੇ ਸਾਡੇ ਦੇਸ਼ ਦੇ ਸੰਸਾਰ ਪ੍ਰਸਿੱਧ ਸਿੱਖਿਆ ਸ਼ਾਸਤਰੀਆਂ ਦੇ ਵਿਚਾਰਾਂ ਨੂੰ ਵੀ ਧਿਆਨ ਵਿੱਚ ਰੱਖਣਾ ਚਾਹੀਦਾ ਹੈ। ਜੋ ਇਹ ਸਪੱਸ਼ਟ ਕਰਦੇ ਹਨ ਕਿ ਜਦੋਂ ਤੱਕ ਦੇਸ਼ ਦੇ ਸਾਰੇ ਬੱਚਿਆਂ ਨੂੰ ਸਿੱਖਿਆ ਪ੍ਰਾਪਤੀ ਦੇ ਬਰਾਬਰ ਅਵਸਰ ਉਪਲੱਬਧ ਨਹੀਂ ਕਰਵਾਏ ਜਾਂਦੇ, ਉਦੋਂ ਤੱਕ ਸਿੱਖਿਆ ਦੀ ਗੁਣਾਤਮਕਤਾ ਵਧ ਨਹੀਂ ਸਕਦੀ ਅਤੇ ਅਜਿਹਾ ਕੇਵਲ ਸਰਕਾਰ ਦੀ ਜ਼ਿੰਮੇਵਾਰੀ ਅਧੀਨ ਹੀ ਹੋ ਸਕਦਾ ਹੈ। ਮੁਨਾਫ਼ਾਖੋਰ ਪ੍ਰਾਈਵੇਟ ਏਜੰਸੀਆਂ ਦੇ ਰਹਿਮ 'ਤੇ ਛੱਡ ਕੇ ਨਹੀਂ। ਅਜਿਹੀ ਪਹੁੰਚ ਧਾਰਨ ਕਰਕੇ ਹੀ ਭਾਰਤ ਨੂੰ ਵਿਕਸਤ ਦੇਸ਼ ਬਣਨ ਦਾ ਸਾਰਥਿਕ ਅਧਾਰ ਬਣ ਸਕੇਗਾ। ਇਸ ਸੰਬੰਧ ਵਿੱਚ ਸੰਜੀਦਾ ਭਾਰਤੀ ਜਨ ਸਮੂਹਾਂ ਨੂੰ ਵੀ ਆਪਣੀ ਚੁੱਪੀ ਤੋੜਨੀ ਹੋਵੇਗੀ ਤਾਂ ਜੋ ਉਨ੍ਹਾਂ ਦੇ ਬੱਚਿਆਂ ਦੇ ਭਵਿੱਖ ਵੀ ਸੁਰੱਖਿਅਤ ਹੋ ਸਕਨ।

*# ਸੰਪਰਕ : 94177-51888*

**ਅੰਤਰਰਾਸ਼ਟਰੀ ਬਾਲ ਮਜ਼ਦੂਰੀ ਰੋਕ ਦਿਵਸ 'ਤੇ ਵਿਸ਼ੇਸ਼**

# ਬਾਲ ਮਜ਼ਦੂਰੀ ਸਰੀਰਕ, ਮਾਨਸਿਕ ਤੇ ਬੌਧਿਕ ਵਿਕਾਸ 'ਚ ਰੁਕਾਵਟ


ਲਲਿਤ ਗੁਪਤਾ

ਬੱਚਿਆਂ ਨੂੰ ਉਨ੍ਹਾਂ ਦੇ ਬਚਪਨ ਤੋਂ ਵਾਂਝਾ ਕਰਨਾ ਅਤੇ ਉਨ੍ਹਾਂ ਨੂੰ ਮਜਬੂਰੀ ਵਿਚ ਕੰਮ ਕਰਨ ਲਈ ਮਜਬੂਰ ਕਰਨ ਨੂੰ ਬਾਲ ਮਜ਼ਦੂਰੀ ਕਿਹਾ ਜਾਂਦਾ ਹੈ। ਬਹੁਤੀ ਵਾਰ ਤਾਂ ਬਾਲ ਮਜ਼ਦੂਰੀ ਦੌਰਾਨ ਬੱਚਿਆਂ ਨੂੰ ਉਨ੍ਹਾਂ ਦੇ ਪਰਵਾਰਾਂ ਤੋਂ ਦੂਰ ਰੱਖਿਆ ਜਾਂਦਾ ਹੈ ਅਤੇ ਉਨ੍ਹਾਂ ਨਾਲ ਗੁਲਾਮਾਂ ਵਰਗਾ ਸਲੂਕ ਕੀਤਾ ਜਾਂਦਾ ਹੈ। ਬਾਲ ਮਜ਼ਦੂਰੀ ਵਿੱਚ ਬੱਚੇ ਦੇ ਬਚਪਨ ਨੂੰ ਉਸ ਤੋਂ ਖੋਹ ਕੇ ਪੈਸੇ ਦੇ ਬਦਲੇ ਜਾਂ ਕਿਸੇ ਹੋਰ ਲਾਲਚ ਵਿੱਚ ਦੱਬ ਕੇ ਕੰਮ ਲਿਆ ਜਾਂਦਾ ਹੈ। ਇਸ ਤਰ੍ਹਾਂ ਦੀ ਮਜਬੂਰੀ ਵਿਚ ਜ਼ਿਆਦਾਤਰ ਕੰਮ ਪੈਸੇ ਜਾਂ ਲੋੜਾਂ ਦੇ ਬਦਲੇ ਕੀਤੇ ਜਾਂਦੇ ਹਨ। ਬਾਲ ਮਜ਼ਦੂਰੀ ਵਿੱਚ ਸ਼ਾਮਲ ਬੱਚੇ ਅਕਸਰ 14 ਸਾਲ ਤੋਂ ਘੱਟ ਉਮਰ ਦੇ ਹਨ। ਉਨ੍ਹਾਂ ਤੋਂ ਉਨ੍ਹਾਂ ਦਾ ਬਚਪਨ, ਖੇਡਾਂ, ਪੜ੍ਹਾਈ ਦਾ ਅਧਿਕਾਰ ਖੋਹ ਕੇ ਉਨ੍ਹਾਂ ਨੂੰ ਸਰੀਰਕ, ਮਾਨਸਿਕ ਅਤੇ ਸਮਾਜਿਕ ਤੌਰ 'ਤੇ ਕੰਮ ਦਿਵਾਉਣਾ, ਘੱਟ ਪੈਸਿਆਂ 'ਤੇ ਕੰਮ ਕਰਵਾ ਕੇ ਉਨ੍ਹਾਂ ਦਾ ਸੋਸ਼ਣ ਕਰਨਾ, ਉਨ੍ਹਾਂ ਦੇ ਬਚਪਨ ਨੂੰ ਮਜ਼ਦੂਰੀ ਵਿਚ ਬਦਲ ਦੇਣਾ ਇਹ ਸਭ ਬਾਲ ਮਜ਼ਦੂਰੀ ਅਧੀਨ ਆਉਂਦਾ ਹੈ। ਬਾਲ ਮਜ਼ਦੂਰੀ ਪੂਰੀ ਤਰ੍ਹਾਂ ਗੈਰ-ਕਾਨੂੰਨੀ ਹੈ। ਇਸ ਤਰ੍ਹਾਂ ਦੀ ਮਜ਼ਦੂਰੀ ਦੀ ਸਮਾਜ ਦੇ ਹਰ ਵਰਗ ਵੱਲੋਂ ਨਿਖੇਧੀ ਵੀ ਕੀਤੀ ਜਾਂਦੀ ਹੈ। ਭਾਰਤੀ ਸੰਵਿਧਾਨ 1950 ਦੇ 24ਵੇਂ ਅਨੁਛੇਦ ਅਨੁਸਾਰ 14 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਮਜ਼ਦੂਰਾਂ, ਫੈਕਟਰੀਆਂ, ਹੋਟਲਾਂ, ਢਾਬਿਆਂ, ਘਰੇਲੂ ਨੌਕਰਾਂ ਆਦਿ ਵਜੋਂ ਕੰਮ ਕਰਨਾ ਬਾਲ ਮਜ਼ਦੂਰੀ ਦੇ ਅਧੀਨ ਆਉਂਦਾ ਹੈ। ਜੇਕਰ ਕੋਈ ਵਿਅਕਤੀ ਅਜਿਹਾ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਲਈ ਢੁਕਵੀਂ ਸਜ਼ਾ ਦਾ ਪ੍ਰਬੰਧ ਹੈ। ਤਾਜ਼ਾ ਰਿਪੋਰਟ ਅਨੁਸਾਰ ਭਾਰਤ ਵਿੱਚ 35 ਮਿਲੀਅਨ ਤੋਂ ਵੱਧ ਬੱਚੇ ਬਾਲ ਮਜ਼ਦੂਰੀ ਵਿੱਚ ਲੱਗੇ ਹੋਏ ਹਨ। ਬਾਲ ਮਜ਼ਦੂਰੀ ਦਾ ਸਭ ਤੋਂ ਵੱਡਾ ਕਾਰਨ ਸਾਡੇ ਦੇਸ਼ ਵਿੱਚ ਗਰੀਬੀ ਹੈ। ਗਰੀਬ ਪਰਵਾਰਾਂ ਦੇ ਲੋਕ ਆਪਣਾ ਗੁਜ਼ਾਰਾ ਚਲਾਉਣ ਤੋਂ ਅਸਮਰੱਥ ਹਨ, ਇਸ ਲਈ ਉਹ ਆਪਣੇ ਬੱਚਿਆਂ ਨੂੰ ਬਾਲ ਮਜ਼ਦੂਰੀ ਲਈ ਭੇਜਦੇ ਹਨ। ਸਿੱਖਿਆ ਦੀ ਘਾਟ ਕਾਰਨ ਮਾਪੇ ਸੋਚਦੇ ਹਨ ਕਿ ਉਨ੍ਹਾਂ ਦੇ ਬੱਚੇ ਜਿੰਨੀ ਜਲਦੀ ਕਮਾਉਣਾ ਸਿੱਖਣਗੇ, ਓਨਾ ਹੀ ਉਨ੍ਹਾਂ ਲਈ ਚੰਗਾ ਹੋਵੇਗਾ। ਕੁਝ ਸਰਪ੍ਰਸਤਾਂ ਦੇ ਮਾਪੇ ਲਾਲਚੀ ਹੁੰਦੇ ਹਨ, ਜੋ ਖ਼ੁਦ ਕੰਮ ਨਹੀਂ ਕਰਨਾ ਚਾਹੁੰਦੇ ਅਤੇ ਆਪਣੇ ਬੱਚਿਆਂ ਨੂੰ ਥੋੜ੍ਹੇ-ਥੋੜ੍ਹੇ ਪੈਸਿਆਂ ਲਈ ਸਖ਼ਤ ਮਿਹਨਤ ਕਰਨ ਲਈ ਭੇਜ ਦਿੰਦੇ ਹਨ। ਕਈ ਵਾਰ ਦੁਕਾਨ ਜਾਂ ਢਾਬਾ ਮਾਲਕ ਵੱਲੋਂ ਵੀ ਬਾਲ ਮਜ਼ਦੂਰੀ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ, ਕਿਉਂਕਿ ਬੱਚਿਆਂ ਤੋਂ ਕੰਮ ਕਰਵਾਉਣ ਤੋਂ ਬਾਅਦ ਘੱਟ ਪੈਸੇ ਦਿੱਤੇ ਜਾਂਦੇ ਹਨ, ਜਿਸ ਕਾਰਨ ਲੋਕ ਛੋਟੇ ਬੱਚਿਆਂ ਨੂੰ ਜ਼ਿਆਦਾ ਕੰਮ 'ਤੇ ਰੱਖਣ ਨੂੰ ਤਰਜੀਹ ਦਿੰਦੇ ਹਨ। ਬਾਲ ਮਜ਼ਦੂਰੀ ਸੰਸਾਰ ਵਿੱਚ ਇੱਕ ਸਰਾਪ ਵਾਂਗ ਹੈ, ਮੂਲ ਰੂਪ ਵਿੱਚ ਬਾਲ ਮਜ਼ਦੂਰੀ ਵਰਗੇ ਕੰਮ ਪੱਛੜੇ, ਵਿਕਾਸਸ਼ੀਲ ਅਤੇ ਵਧੇਰੇ ਆਬਾਦੀ ਵਾਲੇ ਦੇਸ਼ਾਂ ਵਿੱਚ ਦੇਖੇ ਜਾਂਦੇ ਹਨ, ਜਿੱਥੇ ਛੋਟੇ ਬੱਚਿਆਂ ਨੂੰ ਵੀ ਵੱਡਿਆਂ ਵਾਂਗ ਆਪਣੇ ਮੋਢਿਆਂ 'ਤੇ ਜ਼ਿੰਮੇਵਾਰੀਆਂ ਚੁੱਕਣੀਆਂ ਪੈਂਦੀਆਂ ਹਨ, ਜਿਸ ਕਾਰਨ ਉਨ੍ਹਾਂ ਨੂੰ ਬਚਪਨ ਨੂੰ ਭੁੱਲ ਕੇ ਖੇਡਣ-ਕੁੱਦਣ ਦੀ ਉਮਰ 'ਚ ਭਾਰੀ ਕੰਮ ਕਰਨੇ ਪੈਂਦੇ ਹਨ ਅਤੇ ਇਹੀ ਕਾਰਨ ਹੈ ਕਿ ਉਨ੍ਹਾਂ ਦੇ ਮਾਨਸਕ ਵਿਕਾਸ 'ਚ ਰੁਕਾਵਟ ਆਉਂਦੀ ਹੈ ਜਾਂ ਇਹ ਬੱਚੇ ਕੁਪੋਸ਼ਣ ਵਰਗੀਆਂ ਘਾਤਕ ਬਿਮਾਰੀਆਂ ਦਾ ਸ਼ਿਕਾਰ ਹੋ ਜਾਂਦੇ ਹਨ। ਕਈ ਵਾਰ ਬੱਚਿਆਂ ਦੀਆਂ ਪਰਿਵਾਰਕ ਮਜਬੂਰੀਆਂ ਵੀ ਹੁੰਦੀਆਂ ਹਨ, ਕਿਉਂਕਿ ਕੁਝ ਅਜਿਹੇ ਹਾਦਸੇ ਵਾਪਰ ਜਾਂਦੇ ਹਨ, ਜਿਸ ਕਾਰਨ ਉਨ੍ਹਾਂ ਦੇ ਪਰਵਾਰ ਵਿੱਚ ਕੋਈ ਕਮਾਉਣ ਵਾਲਾ ਨਹੀਂ ਹੁੰਦਾ, ਇਸ ਲਈ ਉਨ੍ਹਾਂ ਨੂੰ ਬਚਪਨ ਵਿੱਚ ਹੀ ਹੋਟਲਾਂ, ਢਾਬਿਆਂ, ਚਾਹ ਦੀਆਂ ਦੁਕਾਨਾਂ, ਫੈਕਟਰੀਆਂ ਵਿੱਚ ਕੰਮ ਕਰਨ ਲਈ ਜਾਣਾ ਪੈਂਦਾ ਹੈ। ਅਬਾਦੀ ਵਿੱਚ ਵਾਧਾ ਬਾਲ ਮਜ਼ਦੂਰੀ ਨੂੰ ਉਤਸ਼ਾਹਤ ਕਰਨ ਦਾ ਇੱਕ ਜਾਇਜ਼ ਕਾਰਨ ਹੈ ਭਾਰਤ ਵਿੱਚ ਜਨਸੰਖਿਆ ਵਾਧੇ ਦੀ ਦਰ ਬਹੁਤ ਤੇਜ਼ੀ ਨਾਲ ਵਧ ਰਹੀ ਹੈ, ਹਾਲ ਹੀ ਵਿੱਚ ਭਾਰਤ ਆਬਾਦੀ ਦੇ ਮਾਮਲੇ ਵਿੱਚ ਵਿਸ਼ਵ ਵਿੱਚ ਨੰਬਰ ਇੱਕ ਬਣ ਗਿਆ ਹੈ, ਜਿਸ ਕਾਰਨ ਜ਼ਰੂਰੀ ਵਸਤਾਂ ਦੀ ਕੀਮਤ ਦਿਨੋਂ-ਦਿਨ ਵਧਦੀ ਜਾ ਰਹੀ ਹੈ।

ਇੰਟਰਨੈਸ਼ਨਲ ਲੇਬਰ ਆਰਗੇਨਾਈਜ਼ੇਸ਼ਨ (ਆਈ ਐੱਲ ਓ) ਨੇ ਬਾਲ ਮਜ਼ਦੂਰੀ ਵਿੱਚ ਲੱਗੇ ਬੱਚਿਆਂ ਦੀ ਦੁਰਦਸ਼ਾ ਨੂੰ ਉਜਾਗਰ ਕਰਨ ਦੇ ਤਰੀਕੇ ਵਜੋਂ 2002 ਵਿੱਚ ਬਾਲ ਮਜ਼ਦੂਰੀ ਵਿਰੁੱਧ ਪਹਿਲਾ ਵਿਸ਼ਵ ਦਿਵਸ ਸ਼ੁਰੂ ਕੀਤਾ। 12 ਜੂਨ ਨੂੰ ਮਨਾਇਆ ਜਾਣ ਵਾਲਾ ਇਹ ਦਿਨ ਬਾਲ ਮਜ਼ਦੂਰੀ ਵਿਰੁੱਧ ਵਧ ਰਹੀ ਵਿਸ਼ਵ ਵਿਆਪੀ ਲਹਿਰ ਅਤੇ ਵਿਸ਼ਵ ਨੂੰ ਇੱਕ ਬਿਹਤਰ ਸੰਸਾਰ ਬਣਾਉਣ ਲਈ ਬਾਲ ਮਜਦੂਰੀ ਨੂੰ ਰੋਕਣ ਦੀ ਲੋੜ ਲਈ ਇੱਕ ਉਤਪ੍ਰੇਰਕ ਵਜੋਂ ਕੰਮ ਕਰਨ ਦਾ ਇਰਾਦਾ ਰੱਖਦਾ ਹੈ। ਬਾਲ ਮਜ਼ਦੂਰੀ ਇੱਕ ਅਜਿਹਾ ਅਪਰਾਧ ਹੈ, ਜੋ ਬੱਚੇ ਦਾ ਮਜ਼ੇਦਾਰ ਬਚਪਨ ਖੋਹ ਲੈਂਦਾ ਹੈ। ਇਸ ਦਾ ਮਤਲਬ ਅਜਿਹੇ ਕੰਮ ਵਿੱਚ ਲੱਗੇ ਬੱਚੇ ਮਾਨਸਿਕ, ਸਰੀਰਕ, ਸਮਾਜਿਕ ਜਾਂ ਨੈਤਿਕ ਤੌਰ ਪਿੱਛੇ ਰਹਿ ਜਾਂਦੇ ਹਨ। ਇਸ ਲਈ ਛੋਟੀ ਉਮਰ ਵਿੱਚ ਕੀਤਾ ਕੰਮ ਖਤਰਨਾਕ ਅਤੇ ਬੱਚਿਆਂ ਲਈ ਨੁਕਸਾਨਦੇਹ ਹੈ। ਇਸ ਉਮਰ ਵਿੱਚ ਬੱਚਿਆਂ ਤੋਂ ਕਮਾਈ ਕਰਨ, ਪੱਥਰ ਤੋੜਨ, ਇਮਾਰਤਾਂ ਬਣਾਉਣ ਅਤੇ ਢਾਬਿਆਂ ਵਿੱਚ ਖਾਣਾ ਜਾਂ ਚਾਹ ਬਣਾਉਣ ਦੀ ਉਮੀਦ ਨਹੀਂ ਕੀਤੀ ਜਾਣੀ ਚਾਹੀਦੀ। ਬਾਲ ਮਜ਼ਦੂਰੀ ਨੂੰ ਰੋਕਣ ਅਤੇ ਜਾਗਰੂਕਤਾ ਪੈਦਾ ਕਰਨ ਲਈ ਹਰ ਸਾਲ 12 ਜੂਨ ਨੂੰ 'ਵਿਸ਼ਵ ਬਾਲ ਮਜ਼ਦੂਰੀ ਰੋਕੂ ਦਿਵਸ' ਮਨਾਇਆ ਜਾਂਦਾ ਹੈ। ਬਾਲ ਮਜ਼ਦੂਰੀ ਦੌਰਾਨ ਬੱਚਿਆਂ ਨੂੰ ਵੀ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜਿੱਥੇ ਬੱਚਿਆਂ ਤੋਂ ਕੰਮ ਕਰਵਾਇਆ ਜਾਂਦਾ ਹੈ, ਉੱਥੇ ਲੋਕ ਬੱਚਿਆਂ ਪ੍ਰਤੀ ਗੰਦੀ ਭਾਸ਼ਾ ਅਤੇ ਗਾਲ੍ਹਾਂ ਦੀ ਵਰਤੋਂ ਕਰਦੇ ਹਨ। ਨਾਲ ਹੀ ਉਨ੍ਹਾਂ ਦੇ ਰਹਿਣ-ਸਹਿਣ ਦੇ ਹਾਲਾਤ ਵੀ ਠੀਕ ਨਹੀਂ ਹਨ, ਜਿਸ ਕਾਰਨ ਬੱਚੇ ਵੀ ਉਨ੍ਹਾਂ ਦੀ ਭਾਸ਼ਾ ਸਿੱਖਦੇ ਹਨ ਅਤੇ ਉਨ੍ਹਾਂ ਦੇ ਨਾਲ ਰਹਿਣ ਕਾਰਨ ਉਨ੍ਹਾਂ ਵਾਂਗ ਜੀਵਨ ਬਤੀਤ ਕਰਦੇ ਹਨ ਅਤੇ ਉਨ੍ਹਾਂ ਦੀ ਮਾਨਸਿਕ ਸਥਿਤੀ ਵੀ ਕਮਜ਼ੋਰ ਹੋ ਜਾਂਦੀ ਹੈ, ਜਿਸ ਕਾਰਨ ਚੰਗੇ ਸਮਾਜ ਦਾ ਵਿਕਾਸ ਨਹੀਂ ਹੁੰਦਾ। ਬੱਚਾ ਅਨਪੜ੍ਹ ਰਹਿੰਦਾ ਹੈ। ਦੇਸ਼ ਦਾ ਭਵਿੱਖ ਹਨੇਰੇ ਵੱਲ ਜਾ ਰਿਹਾ ਹੈ।

ਸਮਾਜ ਨੂੰ ਬਾਲ ਮਜ਼ਦੂਰੀ ਮੁਕਤ ਬਣਾਉਣ ਲਈ ਸਾਨੂੰ ਬੱਚਿਆਂ ਦੀ ਸੁਰੱਖਿਆ ਅਤੇ ਉਨ੍ਹਾਂ ਦੇ ਸ਼ੋਸ਼ਣ ਨੂੰ ਰੋਕਣ ਲਈ ਸਾਡੇ ਸੰਵਿਧਾਨ ਵਿੱਚ ਦਰਜ ਉਪਬੰਧਾਂ ਨੂੰ ਜਾਣਨ ਦੀ ਲੋੜ ਹੈ। ਇਹ ਬਾਲ ਮਜ਼ਦੂਰੀ ਖਤਮ ਹੋਣੀ ਚਾਹੀਦੀ ਹੈ। ਸਾਲ 2023 ਬਾਲ ਮਜ਼ਦੂਰੀ ਦੇ ਖਾਤਮੇ ਲਈ ਅੰਤਰਰਾਸ਼ਟਰੀ ਸਾਲ ਹੈ। 2023 ਦਾ ਥੀਮ 'ਸਭ ਲਈ ਸਮਾਜਿਕ ਨਿਆਂ, ਬਾਲ ਮਜ਼ਦੂਰੀ ਦਾ ਅੰਤ' ਹੈ ਸਰਕਾਰ ਵੱਲੋਂ ਕਈ ਕੰਮ ਕੀਤੇ ਜਾਂਦੇ ਹਨ ਅਤੇ ਬਾਲ ਮਜ਼ਦੂਰੀ ਨੂੰ ਰੋਕਣ ਲਈ ਕਈ ਕਾਨੂੰਨ ਬਣਾਏ ਜਾਂਦੇ ਹਨ। ਦੇਸ਼ ਨੂੰ ਬਾਲ ਮਜ਼ਦੂਰੀ ਤੋਂ ਪੂਰੀ ਤਰ੍ਹਾਂ ਮੁਕਤ ਕਰਨ ਲਈ ਸਰਕਾਰ ਕਈ ਕਾਨੂੰਨ ਬਣਾ ਰਹੀ ਹੈ, ਪਰ ਜਦੋਂ ਤੱਕ ਅਸੀਂ ਅਤੇ ਤੁਸੀਂ ਇਨ੍ਹਾਂ ਕਾਨੂੰਨਾਂ ਦੀ ਸਹੀ ਢੰਗ ਨਾਲ ਪਾਲਣਾ ਨਹੀਂ ਕਰਦੇ, ਉਦੋਂ ਤੱਕ ਦੇਸ਼ ਨੂੰ ਬਾਲ ਮਜ਼ਦੂਰੀ ਤੋਂ ਪੂਰੀ ਤਰ੍ਹਾਂ ਮੁਕਤ ਕਰਨਾ ਸੰਭਵ ਨਹੀਂ। ਸਰਕਾਰ ਦੁਆਰਾ ਬਣਾਏ ਗਏ ਕੁਝ ਕਾਨੂੰਨ- ਬਾਲ ਮਜ਼ਦੂਰੀ ਨੂੰ ਜੜ੍ਹ ਤੋਂ ਖਤਮ ਕਰਨ ਲਈ ਸਾਡੀ ਸਰਕਾਰ ਵੱਲੋਂ 1986 ਵਿੱਚ ਬਾਲ ਮਜ਼ਦੂਰੀ ਐਕਟ ਬਣਾਇਆ ਗਿਆ ਹੈ, ਜਿਸ ਤਹਿਤ 14 ਸਾਲ ਤੋਂ ਘੱਟ ਉਮਰ ਦੇ ਬੱਚੇ ਨੂੰ ਕੰਮ 'ਤੇ ਲਗਵਾਉਣਾ ਸਜ਼ਾਯੋਗ ਅਪਰਾਧ ਮੰਨਿਆ ਜਾਵੇਗਾ।

ਕੇਅਰ ਐਂਡ ਪ੍ਰੋਟੈਕਸ਼ਨ ਆਫ ਚਿਲਡਰਨ ਐਕਟ 2000 ਦੇ ਤਹਿਤ, ਕਿਸੇ ਵੀ ਵਿਅਕਤੀ ਦੇ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ, ਜੋ ਬੱਚਿਆਂ ਨੂੰ ਕੰਮ ਕਰਵਾਉਂਦਾ ਹੈ ਜਾਂ ਉਨ੍ਹਾਂ ਨੂੰ ਅਜਿਹਾ ਕਰਨ ਲਈ ਮਜਬੂਰ ਕਰਦਾ ਹੈ। ਇਸ ਤੋਂ ਇਲਾਵਾ ਬੱਚਿਆਂ ਲਈ ਮੁਫਤ ਅਤੇ ਲਾਜ਼ਮੀ ਸਿੱਖਿਆ ਦਾ ਕਾਨੂੰਨ ਬਣਾਇਆ ਗਿਆ। ਇਹ ਕਾਨੂੰਨ ਸਾਲ 2009 ਵਿੱਚ ਬਣਾਇਆ ਗਿਆ ਸੀ, ਜਿਸ ਤਹਿਤ 6 ਤੋਂ 14 ਸਾਲ ਦੀ ਉਮਰ ਦੇ ਬੱਚਿਆਂ ਨੂੰ ਮੁਫਤ ਸਿੱਖਿਆ ਦਿੱਤੀ ਜਾਵੇਗੀ। ਬਾਲ ਮਜ਼ਦੂਰੀ ਸਾਡੇ ਦੇਸ਼ ਲਈ ਇੱਕ ਗੰਭੀਰ ਸਮੱਸਿਆ ਹੈ, ਜੇਕਰ ਇਸ ਨੂੰ ਜਲਦੀ ਖਤਮ ਨਾ ਕੀਤਾ ਗਿਆ ਤਾਂ ਇਹ ਸਾਡੇ ਦੇਸ਼ ਦੇ ਵਿਕਾਸ ਵਿੱਚ ਰੁਕਾਵਟ ਸਾਬਤ ਹੋਵੇਗੀ। ਇਸ ਦੇ ਨਾਲ ਹੀ ਜਿਨ੍ਹਾਂ ਬੱਚਿਆਂ ਨੂੰ ਬਚਪਨ ਵਿੱਚ ਹੱਸਣਾ, ਖੇਡਣਾ ਅਤੇ ਪੜ੍ਹਾਈ ਕਰਨੀ ਚਾਹੀਦੀ ਹੈ, ਜੇ ਉਹ ਬੱਚੇ ਉਸ ਉਮਰ ਵਿਚ ਕੰਮ ਕਰਨਗੇ ਤਾਂ ਸਾਡੇ ਦੇਸ਼ ਦਾ ਭਵਿੱਖ ਖਰਾਬ ਹੋਵੇਗਾ। ਇਸ ਲਈ ਸਾਨੂੰ ਅੱਜ ਹੀ ਬਾਲ ਮਜ਼ਦੂਰੀ ਵਿਰੁੱਧ ਆਵਾਜ਼ ਉਠਾਉਣੀ ਚਾਹੀਦੀ ਹੈ।

ਅਸੀਂ ਸਾਰਿਆਂ ਨੇ ਮਿਲ ਕੇ ਇਸ ਬਿਮਾਰੀ ਦਾ ਹੱਲ ਕੱਢਣਾ ਹੈ। ਜਿੱਥੇ ਸਰਕਾਰ ਆਪਣੇ ਕੋਲੋਂ ਨਵੇਂ-ਨਵੇਂ ਕਾਨੂੰਨ ਬਣਾ ਕੇ ਕੁਝ ਕਦਮ ਚੁੱਕ ਰਹੀ ਹੈ, ਉੱਥੇ ਸਾਨੂੰ ਵੀ ਆਪਣੀਆਂ ਜ਼ਿੰਮੇਵਾਰੀਆਂ ਦਾ ਅਹਿਸਾਸ ਕਰਦਿਆਂ ਆਪਣੇ ਦਿਲ ਨੂੰ ਨਰਮ ਬਣਾ ਕੇ ਇੱਕ ਚੰਗੇ ਨਾਗਰਿਕ ਦਾ ਫਰਜ ਨਿਭਾਉਣਾ ਹੋਵੇਗਾ। ਬਾਲ ਮਜ਼ਦੂਰੀ ਨੂੰ ਖਤਮ ਕਰਨਾ ਸਿਰਫ ਸਰਕਾਰ ਦਾ ਹੀ ਫਰਜ਼ ਨਹੀਂ, ਸਾਡਾ ਵੀ ਫਰਜ਼ ਹੈ ਭਾਰਤ ਵਰਗੇ ਵਿਕਾਸਸ਼ੀਲ ਦੇਸ਼ ਲਈ ਬਾਲ ਮਜ਼ਦੂਰੀ ਵਰਗੀ ਭੈੜੀ ਪ੍ਰਥਾ ਨੂੰ ਜੜ੍ਹੋਂ ਪੁੱਟਣਾ ਬਹੁਤ ਜ਼ਰੂਰੀ ਹੈ। ਜਦੋਂ ਅਸੀਂ ਤਰੱਕੀ ਕਰਨ ਦੀ ਗੱਲ ਕਰਦੇ ਹਾਂ ਤਾਂ ਇਸ ਦੇ ਲਈ ਸਾਨੂੰ ਸਾਰਿਆਂ ਨੂੰ ਇਕੱਠੇ ਹੋ ਕੇ ਚੱਲਣਾ ਹੋਵੇਗਾ। ਸਰਕਾਰ ਨੂੰ ਵੀ ਆਪਣੀਆਂ ਨੀਤੀਆਂ ਵਿੱਚ ਨਿਸਚਿਤ ਸੁਧਾਰ ਕਰਕੇ ਸਿੱਖਿਆ, ਗਰੀਬੀ, ਬੇਰੁਜ਼ਗਾਰੀ ਵਰਗੀਆਂ ਸਮੱਸਿਆਵਾਂ ਨੂੰ ਖਤਮ ਕਰਨਾ ਹੋਵੇਗਾ। 2023 ਦੇ ਵਿਸ਼ਵ ਸਮਾਜਿਕ ਨਿਆਂ ਅਤੇ ਬਾਲ ਮਜ਼ਦੂਰੀ ਦਿਵਸ 'ਤੇ 'ਸਭ ਲਈ ਸਮਾਜਿਕ ਨਿਆਂ' ਅਤੇ 'ਬਾਲ ਮਜ਼ਦੂਰੀ ਖਤਮ ਕਰੋ' ਦੇ ਨਾਅਰੇ ਨੂੰ ਲਾਗੂ ਕਰਕੇ ਬਾਲ ਮਜ਼ਦੂਰੀ ਨੂੰ ਜੜ੍ਹੋਂ ਪੁੱਟਣ ਦਾ ਪ੍ਰਣ ਕਰਨ ਦੀ ਲੋੜ ਹੈ।

*# ਸੰਪਰਕ : 97815-90500*

# ਕਿਸਾਨਾਂ ਦੀ ਤ੍ਰਾਸਦੀ : ਫਸਲ ਮੰਡੀਆਂ 'ਚ ਕੌਡੀਆਂ ਦੇ ਭਾਅ ਰੁਲੇ


ਨਰਾਇਣ ਦੱਤ

ਪੂਰੇ ਮੁਲਕ ਅੰਦਰ ਹਾਲੇ ਵੀ ਖੇਤੀ ਉੱਪਰ ਮੁਲਕ ਦੀ ਅੱਧੀ ਤੋਂ ਜ਼ਿਆਦਾ ਵਸੋਂ ਨਿਰਭਰ ਹੈ। ਖੇਤੀ ਦਾ ਪੈਦਾਵਾਰ ਵਿੱਚ ਹਿੱਸਾ ਘਟ ਕੇ ਮਹਿਜ਼ 14-15 ਪ੍ਰਤੀਸ਼ਤ ਰਹਿ ਗਿਆ ਹੈ। ਸਮੁੱਚੇ ਮੁਲਕ ਅੰਦਰ ਕੇਂਦਰ ਸਰਕਾਰ ਨੇ ਸਿਰਫ 23 ਫਸਲਾਂ ਦਾ ਘੱਟੋ-ਘੱਟ ਸਮਰਥਨ ਮੁੱਲ ਨਿਰਧਾਰਤ ਕੀਤਾ ਹੋਇਆ ਹੈ। ਪਰ ਕਣਕ, ਝੋਨੇ ਤੋਂ ਸਿਵਾਏ (ਉਹ ਵੀ ਪੰਜਾਬ, ਹਰਿਆਣਾ ਅਤੇ ਪੱਛਮੀ ਯੂ.ਪੀ 6 ਫੀਸਦੀ ਰਕਬੇ ਤੱਕ) ਕਿਸੇ ਵੀ ਫਸਲ ਦੀ ਸਰਕਾਰੀ ਖਰੀਦ ਯਕੀਨੀ ਨਹੀਂ ਬਣਾਈ ਜਾਂਦੀ। ਬਿਹਾਰ, ਬੰਗਾਲ, ਉੜੀਸਾ ਆਦਿ ਰਾਜਾਂ ਵਿੱਚ ਕਿਸਾਨਾਂ ਦੀ ਫਸਲ ਨੂੰ ਕੌਡੀਆਂ ਦੇ ਭਾਅ (ਅੱਧੇ ਤੋਂ ਵੀ ਘੱਟ ਰੇਟ 'ਤੇ) ਵਪਾਰੀਆਂ ਵੱਲੋਂ ਲੁੱਟ ਲਿਆ ਜਾਂਦਾ ਹੈ।

ਕਿਸਾਨਾਂ ਨੂੰ ਧਰਨੇ ਲਾਉਣ ਲਈ ਮਜਬੂਰ ਸਮੇਂ-ਸਮੇਂ ਦੀਆਂ ਸਰਕਾਰਾਂ ਵੱਲੋਂ ਕੀਤਾ ਜਾਂਦਾ ਹੈ। ਹਰਿਆਣੇ ਦੇ ਕਿਸਾਨਾਂ ਦੀ ਮੰਗ ਵਾਜਬ ਹੈ ਕਿ ਭਾਰਤ ਵੱਡੀ ਮਾਤਰਾ ਵਿੱਚ ਤੇਲ ਬੀਜ ਜਿਨ੍ਹਾਂ ਵਿੱਚ ਸੂਰਜਮੁਖੀ ਵੀ ਸ਼ਾਮਲ ਹੈ, ਬਾਹਰਲੇ ਮੁਲਕਾਂ ਵਿੱਚੋਂ ਮੰਗਵਾਉਂਦਾ ਹੈ। ਰੂਸ-ਯੂਕਰੇਨ ਜੰਗ ਕਾਰਨ ਇਸ ਦਰਾਮਦ ਵਿੱਚ ਰੁਕਾਵਟ ਆ ਗਈ ਸੀ, ਪਰ ਜੁਲਾਈ 2022 ਵਿੱਚ ਅਨਾਜ ਦੀ ਆਵਾਜਾਈ ਲਈ ਹੋਏ ਸਮਝੌਤੇ ਤੋਂ ਬਾਅਦ ਯੂਕਰੇਨ ਤੋਂ ਅਨਾਜ ਤੇ ਤੇਲ ਬੀਜ ਵੱਖ-ਵੱਖ ਦੇਸ਼ਾਂ ਦੀਆਂ ਮੰਡੀਆਂ ਵਿੱਚ ਪਹੁੰਚਣ ਲੱਗ ਗਏ। ਭਾਰਤ ਨੇ 2017-18 ਵਿੱਚ 145.17 ਲੱਖ ਟਨ ਸੂਰਜਮੁਖੀ ਤੇਲ ਦਰਾਮਦ ਕੀਤਾ ਸੀ। 2022-23 ਦੌਰਾਨ ਇਹ ਦਰਾਮਦ 80.02 ਲੱਖ ਟਨ ਸੀ। ਇਸ ਉੱਪਰ 751.46 ਮਿਲੀਅਨ ਅਮਰੀਕੀ ਡਾਲਰ ਖਰਚ ਕੀਤੇ ਗਏ। ਇਸ ਲਈ ਜੇ ਦੇਸ਼ ਇਸ ਜਿਣਸ ਨੂੰ ਦਰਾਮਦ ਕਰਨ ਲਈ ਖਰਚ ਕਰ ਸਕਦਾ ਹੈ ਤਾਂ ਇਹ ਜ਼ਰੂਰੀ ਬਣਦਾ ਹੈ ਕਿ ਘਰੇਲੂ ਪੈਦਾਵਾਰ ਨੂੰ ਮੰਡੀਆਂ ਵਿੱਚ ਰੋਲਣ ਦੀ ਥਾਂ ਕਿਸਾਨਾਂ ਤੋਂ ਇਹ ਫਸਲ ਤਰਜੀਹ ਦੇ ਆਧਾਰ 'ਤੇ ਘੱਟੋ ਘੱਟ ਖਰੀਦ ਮੁੱਲ 'ਤੇ ਖਰੀਦੀ ਜਾਵੇ। ਭਾਰਤ ਸੂਰਜਮੁਖੀ ਦਾ ਤੇਲ ਦਰਾਮਦ ਕਰਨ ਵਾਲਾ ਦੁਨੀਆ ਦਾ ਦੂਜਾ ਸਭ ਤੋਂ ਵੱਡਾ ਮੁਲਕ ਹੈ।

ਪੰਜਾਬ, ਹਰਿਆਣਾ ਅਤੇ ਪੱਛਮੀ ਯੂ ਪੀ ਕਣਕ, ਝੋਨਾ ਪੈਦਾ ਕਰਨ ਵਾਲੇ ਮੁੱਖ ਸੂਬੇ ਹਨ। ਯੂ.ਪੀ, ਮਹਾਰਾਸ਼ਟਰ ਗੰਨਾ ਪੈਦਾ ਕਰਨ ਵਾਲੇ ਸੂਬੇ ਹਨ। ਹਿਮਾਚਲ ਅਤੇ ਕਸ਼ਮੀਰ ਫਲਾਂ ਦੀ ਪੈਦਾਵਾਰ ਕਰਨ ਵਾਲੇ ਸੂਬੇ ਹਨ। ਵੱਖ-ਵੱਖ ਸੂਬੇ ਪੌਣ-ਪਾਣੀ ਅਤੇ ਵਾਤਾਵਰਨ ਅਨੁਸਾਰ ਵੱਖੋ-ਵੱਖ ਫਸਲਾਂ ਉਗਾਉਂਦੇ ਹਨ। ਬਿਹਾਰ, ਹਰਿਆਣਾ, ਕਰਨਾਟਕ, ਮਹਾਰਾਸ਼ਟਰ ਤੇ ਉੜੀਸਾ ਸੂਰਜਮੁਖੀ ਦੀ ਕਾਸ਼ਤ ਕਰਨ ਵਾਲੇ ਮੁੱਖ ਸੂਬੇ ਹਨ। ਦੇਸ਼ ਦੀ ਪੈਦਾਵਾਰ ਦਾ ਲਗਭਗ 48 ਫੀਸਦੀ ਹਿੱਸਾ ਕਰਨਾਟਕ ਵਿੱਚ ਤੇ ਬਾਕੀ ਹੋਰ ਸੂਬਿਆਂ ਵਿੱਚ ਪੈਦਾ ਹੁੰਦਾ ਹੈ । ਉੜੀਸਾ ਕੁੱਲ ਪੈਦਾਵਾਰ ਦਾ 9.4 ਫੀਸਦੀ ਪੈਦਾ ਕਰ ਕੇ ਦੂਜੇ ਨੰਬਰ ਅਤੇ ਹਰਿਆਣਾ 7.9 ਫੀਸਦੀ ਪੈਦਾ ਕਰ ਕੇ ਤੀਜੇ ਨੰਬਰ 'ਤੇ ਹੈ। ਸੂਰਜਮੁਖੀ ਦਾ ਘੱਟੋ-ਘੱਟ ਸਮਰਥਨ ਮੁੱਲ 6400 ਰੁਪਏ ਪ੍ਰਤੀ ਕੁਇੰਟਲ ਤੈਅ ਕੀਤਾ ਗਿਆ ਸੀ, ਪਰ ਹਰਿਆਣਾ ਵਿੱਚ ਉਨ੍ਹਾਂ ਨੂੰ ਇਹ 4000 ਰੁਪਏ ਪ੍ਰਤੀ ਕੁਇੰਟਲ 'ਤੇ ਵੇਚਣਾ ਪੈ ਰਿਹਾ ਹੈ। ਕਿਸਾਨ ਸਰਕਾਰ ਦੀ 'ਭਾਵਾਂਤਰ ਭਰਪਾਈ ਯੋਜਨਾ' ਦੇ ਵੀ ਵਿਰੁੱਧ ਹਨ, ਜਿਸ ਤਹਿਤ ਸਰਕਾਰ ਇਸ ਫਸਲ 'ਤੇ ਘੱਟੋ-ਘੱਟ ਸਮਰਥਨ ਮੁੱਲ ਤੋਂ ਘੱਟ ਭਾਅ 'ਤੇ ਵਿਕਣ 'ਤੇ ਕਿਸਾਨ ਨੂੰ 1000 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਇਵਜ਼ਾਨਾ ਦੇਵੇਗੀ। ਇਹ ਸਵਾਲ ਪੁੱਛਿਆ ਜਾਣਾ ਵੀ ਸੁਭਾਵਿਕ ਹੈ ਕਿ ਜਿਣਸਾਂ ਦੇ ਘੱਟੋ-ਘੱਟ ਖਰੀਦ ਮੁੱਲ ਤੈਅ ਕਰਨ ਦਾ ਕੀ ਫਾਇਦਾ ਹੈ ਜੇ ਸਰਕਾਰ ਨੇ ਉਸ ਮੁੱਲ ਦੇ ਹਿਸਾਬ ਨਾਲ ਖਰੀਦ ਹੀ ਨਹੀਂ ਕਰਨੀ। ਸਰਕਾਰ ਦੀਆਂ ਨੀਤੀਆਂ ਸਪੱਸ਼ਟ ਨਹੀਂ ਹਨ, ਇੱਕ ਪਾਸੇ ਜਿਣਸ ਦੀ ਦਰਾਮਦ ਹੋ ਰਹੀ ਹੈ, ਦੂਸਰੇ ਪਾਸੇ ਕਿਸਾਨ ਨੂੰ ਜਿਣਸ ਦਾ ਤੈਅਸ਼ੁਦਾ ਭਾਅ ਵੀ ਨਹੀਂ ਮਿਲ ਰਿਹਾ।

ਤੇਲ ਲੋਕਾਂ ਦੀ ਖ਼ੁਰਾਕ ਦਾ ਅਹਿਮ ਹਿੱਸਾ ਹਨ ਅਤੇ ਰੁਝਾਨ ਇਹ ਰਿਹਾ ਹੈ ਕਿ ਵਧ ਰਹੀ ਮਹਿੰਗਾਈ ਕਾਰਨ ਇਨ੍ਹਾਂ ਦੀ ਖਪਤ ਘਟੀ ਹੈ। ਦੂਰਦ੍ਰਿਸ਼ਟੀ ਵਾਲੀ ਅੰਨ ਤੇ ਖ਼ੁਰਾਕ ਨੀਤੀ ਮੰਗ ਕਰਦੀ ਹੈ ਕਿ ਲੋਕਾਂ ਨੂੰ ਅਨਾਜ ਦੇ ਨਾਲ-ਨਾਲ ਤੇਲ, ਘਿਓ, ਦਾਲਾਂ ਆਦਿ ਲੋੜੀਂਦੀ ਮਾਤਰਾ ਵਿੱਚ ਮਿਲਣੀਆਂ ਚਾਹੀਦੀਆਂ ਹਨ। ਸੂਰਜਮੁਖੀ ਨੂੰ ਸਿਹਤਮੰਦ ਤੇਲ ਮੰਨਿਆ ਜਾਂਦਾ ਹੈ ਤੇ ਸਰਕਾਰਾਂ ਦਾ ਫਰਜ਼ ਬਣਦਾ ਹੈ ਕਿ ਇਸ ਜਿਣਸ ਦੀ ਖੇਤੀ ਕਰਨ ਵਾਲੇ ਕਿਸਾਨਾਂ ਨੂੰ ਉਤਸ਼ਾਹਤ ਕੀਤਾ ਜਾਵੇ। ਹਰਿਆਣਾ ਵਿੱਚ 15000 ਹੈਕਟੇਅਰ ਤੋਂ ਜ਼ਿਆਦਾ ਰਕਬੇ 'ਤੇ ਸੂਰਜਮੁਖੀ ਦੀ ਖੇਤੀ ਹੁੰਦੀ ਰਹੀ ਹੈ। ਨੀਤੀ ਘਾੜਿਆਂ ਦੀ ਤਰਜੀਹ ਇਹ ਹੋਵੇ ਕਿ ਇਸ ਜਿਣਸ ਦੀ ਪੂਰੀ ਪੈਦਾਵਾਰ ਦੀ ਘੱਟੋ-ਘੱਟ ਸਮਰਥਨ ਮੁੱਲ 'ਤੇ ਖਰੀਦ ਕੀਤੀ ਜਾਵੇ ਤਾਂ ਜੋ ਇਸ ਦੀ ਕਾਸ਼ਤ ਹੇਠਲਾ ਰਕਬਾ ਵਧੇ ਅਤੇ ਦੇਸ਼ ਨੂੰ ਇਹ ਜਿਣਸ ਘੱਟ ਤੋਂ ਘੱਟ ਦਰਾਮਦ ਕਰਨੀ ਪਵੇ। ਹਰਿਆਣਾ ਸਰਕਾਰ ਦੀਆਂ ਏਜੰਸੀਆਂ ਪਹਿਲਾਂ ਵੀ ਸੂਰਜਮੁਖੀ ਦੀ ਖਰੀਦ ਕਰਦੀਆਂ ਰਹੀਆਂ ਹਨ ਅਤੇ ਸਰਕਾਰ ਨੂੰ ਹੁਣ ਵੀ ਘੱਟੋ-ਘੱਟ ਸਮਰਥਨ ਮੁੱਲ 'ਤੇ ਇਸ ਦੀ ਖਰੀਦ ਯਕੀਨੀ ਬਣਾਉਣੀ ਚਾਹੀਦੀ ਹੈ।

ਇਹ ਵਰਤਾਰਾ ਸਿਰਫ ਹਰਿਆਣਾ ਦਾ ਹੀ ਨਹੀਂ, ਪੰਜਾਬ ਵਿੱਚ ਹਰ ਸਾਲ ਨਰਮੇ ਦੀ ਫਸਲ, ਪਿਛਲੇ ਸਾਲ ਮੂੰਗੀ ਦੀ ਫਸਲ, ਆਲੂ, ਸਰ੍ਹੋਂ, ਮੱਕੀ, ਸਬਜ਼ੀਆਂ ਅਤੇ ਫਲ ਕੌਡੀਆਂ ਦੇ ਭਾਅ ਵਪਾਰੀਆਂ ਵੱਲੋਂ ਲੁੱਟ ਲਈਆਂ ਜਾਂਦੀਆਂ ਹਨ। ਪਿਛਲੇ ਸਾਲ ਹੀ ਮੂੰਗੀ ਦਾ ਘੱਟੋ-ਘੱਟ ਖਰੀਦ ਮੁੱਲ ਨਿਰਧਾਰਤ 7225 ਰੁਪਏ ਦੇ ਮੁਕਾਬਲੇ 5000-5500 ਰੁਪਏ ਨੂੰ ਵਪਾਰੀਆਂ ਵੱਲੋਂ ਲੁੱਟ ਲਈ ਗਈ। ਇਸ ਵਾਰ ਵੱਡੀ ਪੱਧਰ 'ਤੇ ਕਾਸ਼ਤ ਕੀਤੀ ਸਰ੍ਹੋਂ ਦੀ ਫਸਲ 5450 ਰੁ. ਦੀ ਥਾਂ 4000-4500 ਰੁਪਏ ਮੰਡੀਆਂ ਵਿੱਚ ਰੁਲ ਰਹੀ ਹੈ। ਕਦੇ ਪੰਜਾਬ ਦਾ ਕਿਸਾਨ ਆਲੂਆਂ ਦੀ ਫਸਲ ਨੂੰ ਸੜਕਾਂ 'ਤੇ ਸੁੱਟਣ ਲਈ ਮਜਬੂਰ ਹੁੰਦਾ ਹੈ ਤੇ ਕਦੇ ਮਹਾਰਾਸ਼ਟਰ ਦੇ ਕਿਸਾਨਾਂ ਦੇ ਪਿਆਜ਼ ਦੀ ਫਸਲ ਦੀ ਮੰਡੀਆਂ ਵਿੱਚ ਹੁੰਦੀ ਦੁਰਦਸ਼ਾ ਦੀਆਂ ਖਬਰਾਂ ਨਸ਼ਰ ਹੁੰਦੀਆਂ ਹਨ। 2014 ਵਿੱਚ ਭਾਜਪਾ ਦੀ ਅਗਵਾਈ ਵਾਲੀ ਮੋਦੀ ਸਰਕਾਰ ਵੱਲੋਂ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦੇ ਵਾਅਦਿਆਂ ਦੀ ਅਸਲੀਅਤ ਇਹ ਹੈ ਕਿ ਤਿੰਨ ਸਾਲ ਤੋਂ ਕਿਸਾਨ ਖੁਦਕੁਸ਼ੀਆਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਸੋਨ ਰੰਗੀਆਂ ਫਸਲਾਂ ਵਾਲੇ ਖੇਤਾਂ ਵਿੱਚ ਹੁਣ ਖੁਦਕੁਸ਼ੀਆਂ ਦੀ ਖੇਤੀ ਉੱਗ ਰਹੀ ਹੈ।

ਇਸੇ ਸਮੇਂ ਕੇਂਦਰ ਅਤੇ ਸੂਬਾ ਸਰਕਾਰਾਂ ਫਸਲੀ ਵਿਭਿੰਨਤਾ ਦਾ ਨਾਹਰੇ ਦੀ ਕਾਵਾਂਰੌਲੀ ਬਹੁਤ ਕੂਕ-ਕੂਕ ਕੇ ਪਾਉਂਦੀਆਂ ਹਨ। ਸਰਕਾਰਾਂ ਦੇ ਇਹ ਨਾਹਰਿਆਂ ਦੀ ਹਕੀਕਤ ਦਾ ਪਤਾ ਉਸ ਸਮੇਂ ਲਗਦਾ ਹੈ, ਜਦ ਕਿਸਾਨ ਆਪਣੀਆਂ ਪੁੱਤਾਂ ਵਾਂਗ ਪਾਲੀਆਂ ਫਸਲਾਂ ਦਾ ਘੱਟੋ-ਘੱਟ ਸਮਰਥਨ ਮੁੱਲ ਹਾਸਲ ਕਰਨ ਲਈ ਸੰਘਰਸ਼ ਦਾ ਰਸਤਾ ਅਖਤਿਆਰ ਕਰਨ ਲਈ ਮਜਬੂਰ ਹੁੰਦੇ ਹਨ ਤਾਂ ਹਕੂਮਤੀ ਢਾਂਚਾ ਉਨ੍ਹਾਂ ਨੂੰ ਅੱਥਰੂ ਗੈਸ, ਗੋਲੀਆਂ, ਡਾਂਗਾਂ ਨਾਲ ਨਿਵਾਜ਼ਦਾ ਹੈ। ਆਗੂਆਂ ਨੂੰ ਜੇਲ੍ਹਾਂ ਵਿੱਚ ਤੁੰਨਿਆ ਜਾਂਦਾ ਹੈ। ਇਸ ਦਾ ਅਸਲ ਕਾਰਨ ਇਹ ਹੈ ਕਿ ਖੇਤੀ ਮੁਲਕ ਦੇ 142 ਕਰੋੜ ਲੋਕਾਂ ਦਾ ਢਿੱਡ ਭਰਨ ਦੀ ਥਾਂ ਅੰਨ੍ਹੇ ਮੁਨਾਫੇ ਦੀ ਹੋੜ ਵਿੱਚੋਂ ਮੰਡੀ ਦੀ ਲੋੜ ਵਜੋਂ ਪੈਦਾ ਹੋਣ ਵਾਲੀ ਵਸਤ ਵਿੱਚ ਤਬਦੀਲ ਕਰ ਦਿੱਤੀ ਗਈ ਹੈ। ਤਿੰਨ ਖੇਤੀਬਾੜੀ ਕਾਨੂੰਨਾਂ ਰਾਹੀਂ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਬੋਲਿਆ ਹੱਲਾ ਇਸੇ ਸੰਦਰਭ ਵਿੱਚ ਵੇਖਿਆ ਜਾਣਾ ਚਾਹੀਦਾ ਹੈ। ਇੱਕ ਵਾਰ ਭਲੇ ਹੀ ਮੋਦੀ ਹਕੂਮਤ ਦੇ ਦੇਸੀ-ਬਦੇਸ਼ੀ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਦੀ ਪੂਰਤੀ ਦੇ ਹੱਲੇ ਨੂੰ ਐੱਸ ਕੇ ਐੱਮ ਦੀ ਅਗਵਾਈ ਵਿੱਚ ਚੱਲੇ ਇਤਿਹਾਸਕ ਕਿਸਾਨ ਅੰਦੋਲਨ ਰਾਹੀਂ ਪਛਾੜ ਦਿੱਤਾ ਗਿਆ ਸੀ। ਘੱਟੋ-ਘੱਟ ਖਰੀਦ ਨੂੰ ਪੂਰੇ ਮੁਲਕ ਵਿੱਚ ਸਾਰੀਆਂ ਫਸਲਾਂ 'ਤੇ ਲਾਗੂ ਕਰਵਾਉਣ ਦੀ ਵੱਡੀ ਲੜਾਈ ਲਈ ਕਿਸਾਨ ਜਥੇਬੰਦੀਆਂ ਪੜਾਅਵਾਰ ਤਿਆਰੀ ਕਰ ਰਹੀਆਂ ਹਨ, ਪਰ ਸਾਮਰਾਜੀ ਤਾਕਤਾਂ ਦੇ ਸੂਖਮ ਹੱਲੇ ਵਧੇਰੇ ਖਤਰਨਾਕ ਹਨ। ਇਨ੍ਹਾਂ ਨੂੰ ਪਛਾੜਨ ਲਈ ਚੇਤੰਨ ਵਿਆਪਕ ਅਧਾਰ ਵਾਲੇ ਸਾਂਝੇ ਜਥੇਬੰਦਕ ਸੰਘਰਸ਼ਾਂ ਦੀ ਲੋੜ ਹੈ।

ਹਰਿਆਣਾ ਦੇ ਕਿਸਾਨ ਘੱਟੋ-ਘੱਟ ਸਮਰਥਨ ਮੁੱਲ 'ਤੇ ਸੂਰਜਮੁਖੀ ਦੀ ਖਰੀਦ ਸ਼ੁਰੂ ਨਾ ਹੋਣ ਵਿਰੁੱਧ ਧਰਨਾ ਦੇ ਰਹੇ ਸਨ। ਪੁਲਸ ਨੇ ਕਈ ਕਿਸਾਨ ਆਗੂਆਂ ਨੂੰ ਹਿਰਾਸਤ ਵਿੱਚ ਲਿਆ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਜ਼ਖਮੀ ਹੋਏ। ਇੱਕ ਕਿਸਾਨ ਦੀ ਹਾਲਤ ਗੰਭੀਰ ਦੱਸੀ ਗਈ ਹੈ। ਹਰਿਆਣੇ ਦੇ ਸਾਹਬਾਦ ਵਿਖੇ ਨੈਸ਼ਨਲ ਹਾਈਵੇ 'ਤੇ ਧਰਨਾ ਦੇ ਰਹੇ ਕਿਸਾਨਾਂ 'ਤੇ ਪੁਲਸ ਵੱਲੋਂ ਵਰ੍ਹਾਈਆਂ ਲਾਠੀਆਂ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ, ਗ੍ਰਿਫਤਾਰ ਕੀਤੇ ਗੁਰਨਾਮ ਸਿੰਘ ਚੜੂੰਨੀ ਸਮੇਤ ਸਾਰੇ ਕਿਸਾਨਾਂ ਨੂੰ ਬਿਨਾਂ ਸ਼ਰਤ ਰਿਹਾਅ ਕਰਨ ਦੀ ਮੰਗ ਵਾਜਬ ਹੈ। ਪੁਲਸੀ ਜਬਰ ਦੀ ਸਭਨਾਂ ਸੰਘਰਸ਼ਸ਼ੀਲ ਤਬਕਿਆਂ ਨੂੰ ਨਿਖੇਧੀ ਕਰਨ ਤੋਂ ਅੱਗੇ ਪੁਲਸੀ ਜਬਰ ਖਿਲਾਫ ਸਾਂਝੇ ਤੌਰ 'ਤੇ ਆਵਾਜ਼ ਬੁਲੰਦ ਕਰਨ ਵੱਲ ਵਧਣਾ ਚਾਹੀਦਾ ਹੈ।

*ਸੰਪਰਕ : 84275-11770*

CMYK

# ਚੱਕਰਵਰਤੀ ਤੂਫਾਨ ਤੇ ਭਾਰੀ ਮੀਂਹ ਨੇ ਇਲਾਕੇ 'ਚ ਮਚਾਈ ਤਬਾਹੀ

## ਬਿੰਦਾਸ ਸ਼ੈੱਲਰ ਦਾ 86000 ਸਕੇਅਰ ਫੁੱਟ ਦਾ ਸ਼ੈੱਡ ਢਹਿ-ਢੇਰੀ, ਚਾਵਲ ਤੇ ਸੀਮੈਂਟ ਫੈਕਟਰੀ ਦਾ ਮਟੀਰੀਅਲ ਵੀ ਆਇਆ ਮੀਂਹ ਦੀ ਲਪੇਟ 'ਚ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਪਿਛਲੇ ਕੁਝ ਦਿਨਾਂ ਤੋਂ ਪੈ ਰਹੀ ਅੱਤ ਦੀ ਗਰਮੀ ਤੋਂ ਬਾਅਦ ਬੀਤੀ ਦੇਰ ਸ਼ਾਮ ਤੇ ਸਾਰੀ ਰਾਤ ਤੇਜ਼ ਹਨੇਰੀ ਦੇ ਨਾਲ-ਨਾਲ ਭਾਰੀ ਮੀਂਹ ਪੈਂਦਾ ਰਿਹਾ, ਜਿਸ ਨਾਲ ਜਿੱਥੇ ਲੋਕਾਂ ਨੂੰ ਗਰਮੀ ਤੋਂ ਰਾਹਤ ਮਿਲੀ, ਉੱਥੇ ਵੱਡੇ ਕਾਰੋਬਾਰੀ ਸ਼ੈੱਲਰ, ਫੈਕਟਰੀਆਂ ਦੇ ਮਾਲਕਾਂ ਲਈ ਕੁਦਰਤੀ ਆਫਤ ਬਣ ਬਹੁੜਿਆ, ਕਿਉਂਕਿ ਇਸ ਦੌਰਾਨ ਲੋਕਾਂ ਦੇ ਅਣਗਿਣਤ ਰੁਪਇਆਂ ਦਾ ਨੁਕਸਾਨ ਹੋਇਆ। ਇਸ ਸੰਬੰਧੀ ਮੌਕੇ ਦਾ ਜਾਇਜ਼ਾ ਲੈਣ ਮੌਕੇ ਸਥਾਨਕ ਸ਼ਹਿਰ ਦੀ ਮੁੱਦਕੀ ਸੜਕ ਉੱਪਰ ਸਥਿਤ ਬਿੰਦਾਸ ਫੂਡ ਪ੍ਰਾਈਵੇਟ ਲਿਮਿਟਡ ਦੇ ਮਾਲਕ ਬਾਲ ਕ੍ਰਿਸ਼ਨ ਬਾਲੀ ਨੇ ਦੱਸਿਆ ਕਿ ਉਨ੍ਹਾਂ ਦੇ ਯੂਨਿਟ-1 ਵਿੱਚ ਲੱਗੇ ਸੋਲਰ ਸਿਸਟਮ ਦੀਆਂ ਪਲੇਟਾਂ, ਚਾਵਲਾਂ ਦੇ ਕਮਰੇ ਉੱਪਰ ਤੇ ਛਿਲਕੇ ਵਾਲੇ ਪਾਸੇ ਪਾਏ ਹੋਏ ਸ਼ੈੱਡ ਦੀਆਂ ਚਾਦਰਾਂ ਭਾਰੀ ਤੂਫਾਨ ਵਿੱਚ ਉੱਡ ਗਈਆ ਤੇ ਬਾਅਦ ਵਿੱਚ ਪਏ ਭਾਰੀ ਮੀਂਹ ਨਾਲ ਚਾਵਲ ਪਾਣੀ ਦੀ ਲਪੇਟ ਵਿੱਚ ਆ ਕੇ ਨੁਕਸਾਨੇ ਗਏ। ਉਨ੍ਹਾਂ ਦੱਸਿਆ ਕਿ ਬਿੰਦਾਸ ਦੇ ਯੂਨਿਟ-2 ਵਿੱਚ 240×360 ਅਕਾਰ ਦਾ ਬਿਲਕੁਲ ਨਵਾਂ ਸ਼ੈੱਡ, ਜੋ ਕਿ ਲਗਭਗ 86 ਹਜ਼ਾਰ ਸਕੇਅਰ ਫੁੱਟ ਬਣਦਾ ਹੈ, ਉਹ ਵੀ ਇਸ ਭਾਰੀ ਤੂਫਾਨ ਦੀ ਲਪੇਟ ਵਿੱਚ ਆ ਕੇ ਤਹਿਸ-ਨਹਿਸ ਹੋ ਗਿਆ। ਉਨ੍ਹਾਂ ਦੱਸਿਆ ਕਿ ਇਸ ਨੁਕਸਾਨ ਦਾ ਮੁੱਲ ਲੱਖਾਂ ਰੁਪਏ ਬਣਦਾ ਹੈ, ਪ੍ਰੰਤੂ ਬਰੀਕੀ ਨਾਲ ਜਾਂਚ ਕਰਨ 'ਤੇ ਹੋ ਸਕਦਾ ਹੈ ਕਿ ਨੁਕਸਾਨ ਇਸ ਤੋਂ ਵੀ ਜ਼ਿਆਦਾ ਹੋਵੇ। ਇਸ ਸ਼ੈੱਲਰ ਦੇ ਲਾਗਲੀ ਸ਼ਕਤੀਸ਼ਾਲੀ ਸੀਮੈਂਟ ਫੈਕਟਰੀ ਦੇ ਮਾਲਕ ਪੰਕਜ ਗਰਗ ਨੇ ਦੱਸਿਆ ਕਿ ਇਸ ਹਨੇਰੀ-ਤੂਫਾਨ ਤੇ ਮੀਂਹ ਵਿੱਚ ਜਿੱਥੇ ਵੱਡੇ ਅਕਾਰ ਦਾ ਸ਼ੈੱਡ ਨੁਕਸਾਨਿਆ ਗਿਆ ਹੈ, ਉੱਥੇ ਸੀਮੈਂਟ ਬਣਾਉਣ ਲਈ ਵਰਤੇ ਜਾਣ ਵਾਲੇ ਕਲੈਂਕਰ ਤੇ ਹੋਰ ਮਟੀਰੀਅਰ ਉੱਪਰ ਸ਼ੈੱਡ ਉੱਡਣ ਕਰਕੇ ਮੀਂਹ ਦਾ ਪਾਣੀ ਪੈ ਗਿਆ, ਜਿਸ ਕਰਕੇ ਲੱਖਾਂ ਰੁਪਏ ਦਾ ਨੁਕਸਾਨ ਹੋਣ ਦਾ ਅੰਦਾਜ਼ਾ ਲਗਾਇਆ ਜਾ ਰਿਹਾ ਹੈ। ਇਸ ਸ਼ੈੱਲਰ ਤੇ ਫੈਕਟਰੀ ਨੇੜਲੀ ਇੱਕ ਹੋਰ ਰਾਈਸ ਇੰਡਸਟਰੀ ਐੱਸ ਐੱਮ ਰਾਈਸ ਲੈਂਡ ਪ੍ਰਾਈਵੇਟ ਲਿਮਿਟਡ ਦੇ ਮਾਲਕ ਸੁਨੀਲ ਮਿੱਤਲ ਤੇ ਹੋਰਨਾਂ ਪ੍ਰਬੰਧਕਾਂ ਨੇ ਦੱਸਿਆ ਕਿ ਬੀਤੀ ਰਾਤ ਭਾਰੀ ਮੀਂਹ ਤੇ ਹਨੇਰੀ-ਤੂਫਾਨ ਵਿੱਚ ਸ਼ੈੱਲਰ ਉੱਪਰ ਪਾਇਆ ਸ਼ੈੱਡ ਕਈ ਹਿੱਸਿਆਂ ਵਿੱਚ ਉੱਡ ਗਿਆ, ਜਿਸ ਨਾਲ ਸ਼ੈੱਡ ਥੱਲੇ ਪਏ ਕਰੋੜਾਂ ਰੁਪਏ ਮੁੱਲ ਦੇ ਚਾਵਲ ਪਾਣੀ ਨਾਲ ਭਿੱਜ ਗਏ ਤੇ ਹੁਣ ਚਾਵਲਾਂ ਨੂੰ ਬਾਹਰ ਕੱਢਿਆ ਜਾ ਰਿਹਾ ਹੈ, ਕੁਝ ਸਮੇਂ ਬਾਅਦ ਪਤਾ ਲੱਗੇਗਾ ਕਿ ਸਹੀ ਕਿੰਨਾ ਨੁਕਸਾਨ ਹੋਇਆ ਹੈ। ਇਸੇ ਦੌਰਾਨ ਇੱਥੋਂ ਨੇੜਲੇ ਪਿੰਡ ਘੋਲੀਆਂ ਕਲਾਂ ਵਿਖੇ ਸਥਿਤ ਸ੍ਰੀ ਰਾਮ ਐਗਰੋ ਫੂਡ ਦੀ 250 ਫੁੱਟ ਦੇ ਕਰੀਬ ਕੰਧ ਨੂੰ ਬੀਤੀ ਰਾਤ ਚੱਲੀ ਤੇਜ਼ ਹਨੇਰੀ ਨੇ ਢਹਿ ਢੇਰੀ ਕਰ ਦਿੱਤਾ, ਜਿਸ ਕਾਰਨ ਉਕਤ ਸ੍ਰੀ ਰਾਮ ਐਗਰੋ ਫੂਡ ਦਾ ਦੋ ਲੱਖ ਦੇ ਕਰੀਬ ਨੁਕਸਾਨ ਹੋਇਆ ਹੈ, ਪਰ ਜਾਨੀ ਨੁਕਸਾਨ ਹੋਣੋਂ ਬਚਾਅ ਰਿਹਾ। ਗਰਗ ਰਾਈਸ ਇੰਡਸਟਰੀ ਦੇ ਮਾਲਕ ਅਚਲ ਕੁਮਾਰ ਗਰਗ ਨੇ ਕਿਹਾ ਕਿ ਬੀਤੀ ਰਾਤ ਮੀਂਹ ਹਨੇਰੀ ਇੰਨੀ ਤੇਜ਼ ਸੀ ਕਿ ਉਨ੍ਹਾਂ ਦੇ ਸ੍ਰੀ ਰਾਮ ਐਗਰੋ ਫੂਡ ਦੀ 250 ਫੁੱਟ ਦੇ ਕਰੀਬ ਕੰਧ ਸੀ, ਉਹ ਡਿੱਗ ਪਈ, ਜਿਸ ਨਾਲ ਉਨ੍ਹਾਂ ਦਾ ਕਾਫ਼ੀ ਨੁਕਸਾਨ ਹੋਇਆ ਹੈ।

## ਨਿਸ਼ਾਨਦੇਹੀ ਕਰਾਉਣ ਲਈ ਵਸੂਲੇ ਜਾਂਦੇ ਰੇਟ ਨਿਰਧਾਰਤ ਕਰਨ ਦੀ ਮੰਗ

**ਸਰਦੂਲਗੜ੍ਹ (ਅਵਤਾਰ ਜਟਾਣਾ)**-ਆਪਣੀ ਜ਼ਮੀਨ ਦੀ ਮਿਣਤੀ ਅਤੇ ਨਿਸ਼ਾਨਦੇਹੀ ਵਿੱਚ ਕਿਸਾਨਾਂ ਨੂੰ ਖੱਜਲ-ਖੁਆਰੀ ਝੱਲਣੀ ਪੈ ਰਹੀ ਹੈ।

ਪਿਛਲੇ ਕੁਝ ਸਮੇਂ ਤੋਂ ਕਿਸਾਨਾਂ ਨੂੰ ਆਪਣੀਆਂ ਜ਼ਮੀਨਾਂ ਦੀ ਨਿਸ਼ਾਨਦੇਹੀ ਕਰਾਉਣ ਲਈ ਆਪਣੇ ਪੱਧਰ 'ਤੇ ਹੀ ਨਿਸ਼ਾਨਦੇਹੀ ਮਸ਼ੀਨ ਦਾ ਇੰਤਜ਼ਾਮ ਕਰਨਾ ਪੈਂਦਾ ਹੈ, ਅਜਿਹੀਆਂ ਨਿੱਜੀ ਮਸ਼ੀਨਾਂ ਬਹੁਤ ਘੱਟ ਹੋਣ ਕਰਕੇ ਮਸ਼ੀਨ ਮਾਲਕਾਂ ਵਲੋਂ ਥੋੜ੍ਹੇ ਜਿਹੇ ਰਕਬੇ ਦੇ ਹੀ ਹਜ਼ਾਰਾਂ ਰੁਪਏ ਵਸੂਲੇ ਜਾ ਰਹੇ ਤੇ ਇਨ੍ਹਾਂ ਮਨਮਰਜ਼ੀ ਦੇ ਰੇਟਾਂ ਕਰਕੇ ਕਿਸਾਨਾਂ ਤੇ ਆਮ ਜਨਤਾ ਦਾ ਆਰਥਿਕ ਸੋਸ਼ਣ ਹੋ ਰਿਹਾ ਹੈ। ਕਿਸਾਨ ਯੂਨੀਅਨ ਲੱਖੋਵਾਲ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਦਰਸ਼ਨ ਸਿੰਘ ਜਟਾਣਾ ਨੇ ਦੱਸਿਆ ਕਿ ਜ਼ਮੀਨਾਂ ਦੀ ਨਿਸ਼ਾਨਦੇਹੀ ਸਬੰਧੀ ਫਰੀਦਕੋਟ ਜ਼ਿਲ੍ਹੇ ਤੋਂ ਇਲਾਵਾ ਹੋਰ ਕਿਸੇ ਜ਼ਿਲ੍ਹੇ 'ਚ ਤੈਅਸ਼ੁਦਾ ਰੇਟ ਨਾ ਹੁਣ ਕਰਕੇ ਕਿਸਾਨ ਮਜਬੂਰੀ ਵੱਸ ਮੂੰਹ ਮੰਗਵੀਂ ਰਕਮ ਦੇ ਰਹੇ ਹਨ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਕੁਲੈਕਟਰ ਵੱਲੋਂ ਪਿਛਲੇ ਮਈ ਮਹੀਨੇ ਆਮ ਜਨਤਾ ਦੇ ਆਰਥਿਕ ਹਿੱਤਾਂ ਨੂੰ ਮੁੱਖ ਰੱਖਦਿਆਂ ਮਹੱਤਵਪੂਰਨ ਹੁਕਮ ਜਾਰੀ ਕੀਤੇ ਗਏ ਸਨ ਕਿ ਜ਼ਿਲ੍ਹੇ 'ਚ ਕੋਈ ਵੀ ਮਸ਼ੀਨ ਮਾਲਕ ਆਮ ਜਨਤਾ ਪਾਸੋਂ 25 ਏਕੜ ਤੱਕ ਰਕਬੇ ਦੀ ਨਿਸ਼ਾਨਦੇਹੀ ਲਈ 6 ਹਜ਼ਾਰ ਰੁਪਏ ਵਸੂਲ ਸਕੇਗਾ ਅਤੇ 25 ਏਕੜ ਤੋਂ ਜ਼ਿਆਦਾ ਦੀ ਨਿਸ਼ਾਨਦੇਹੀ ਲਈ 250 ਰੁਪਏ ਪ੍ਰਤੀ ਏਕੜ ਹੀ ਵਸੂਲ ਕਰ ਸਕਦਾ ਹੈ। ਜੇਕਰ ਕੋਈ ਮਸ਼ੀਨ ਮਾਲਕ ਇਸ ਨਿਰਧਾਰਤ ਰੇਟ ਤੋਂ ਜ਼ਿਆਦਾ ਰੇਟ ਵਸੂਲ ਕਰਦਾ ਹੈ ਤਾਂ ਉਸ ਖ਼ਿਲਾਫ਼ ਬਣਦੀ ਕਾਰਵਾਈ ਕਰਨ ਬਾਰੇ ਵੀ ਲਿਖਿਆ ਸੀ। ਇਸ ਦੇ ਨਾਲ ਹੀ ਉਨ੍ਹਾਂ ਜ਼ਿਲ੍ਹੇ ਦੇ ਸਾਰੇ ਕਾਨੂੰਗੋ ਨੂੰ ਵੀ ਉਕਤ ਰੇਟਾਂ ਨੂੰ ਲਾਗੂ ਕਰਵਾਉਣ ਦੀ ਹਦਾਇਤ ਕਰਦਿਆਂ ਕਿਹਾ ਕਿ ਨਿਰਧਾਰਤ ਰੇਟਾਂ ਤੋਂ ਜ਼ਿਆਦਾ ਵਸੂਲੀ ਦੀ ਸ਼ਿਕਾਇਤ 'ਤੇ ਨਿਸ਼ਾਨਦੇਹੀ ਕਰਨ ਵਾਲੇ ਸਬੰਧਤ ਕਾਨੂੰਗੋ ਖ਼ਿਲਾਫ਼ ਵੀ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਹ ਰੇਟ ਵੀ ਆਮ ਸਰਵੇ ਤੇ ਨਿਸ਼ਾਨਦੇਹੀ ਕਰ ਰਹੇ ਮਸ਼ੀਨ ਅਪਰੇਟਰਾਂ ਨਾਲ ਵਿਚਾਰ ਕਰਨ ਉਪਰੰਤ ਹੀ ਨਿਰਧਾਰਤ ਕੀਤੇ ਗਏ ਹਨ।

## ਰਵਿਦਾਸਪੁਰਾ ਟਿੱਬੀ ਸੁਨਾਮ ਨੂੰ ਲਤੀਫਪੁਰ ਨਹੀਂ ਬਣਨ ਦੇਵਾਂਗੇ : ਲਿਬਰੇਸ਼ਨ




**ਦਿੜ੍ਹਬਾ (ਜਸਵੀਰ ਲਾਡੀ)**

ਕਈ ਦਹਾਕਿਆਂ ਤੋਂ ਵਸਦੇ ਰਵਿਦਾਸਪੁਰਾ ਟਿੱਬੀ ਸੁਨਾਮ ਦੇ ਮਜ਼ਦੂਰਾਂ ਨੂੰ ਜਬਰੀ ਉਜਾੜਨ ਖਿਲਾਫ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਘਰ ਅੱਗੇ ਲੱਗੇ ਮੋਰਚੇ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਸੂਬਾ ਆਗੂ ਹਰਭਗਵਾਨ ਭੀਖੀ ਨੇ ਕਿਹਾ ਕਿ ਰਵਿਦਾਸਪੁਰਾ ਟਿੱਬੀ ਸੁਨਾਮ ਦੇ ਮਜ਼ਦੂਰ ਦੀ ਬਸਤੀ ਨੂੰ ਲਤੀਫਪੁਰ 'ਚ ਨਹੀਂ ਬਦਲਣ ਦੇਵਾਂਗੇ, ਕਿਉਂਕਿ ਪਿਛਲੇ ਦਿਨਾਂ ਤੋਂ ਲਗਾਇਆ ਧਰਨਾ ਅੱਜ ਗਿਆਰਵੇਂ ਦਿਨ ਵਿੱਚ ਸ਼ਾਮਲ ਹੋ ਚੁੱਕਾ ਹੈ। ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੀ ਅਗਵਾਈ ਵਿੱਚ ਚੱਲ ਰਹੇ ਮੋਰਚੇ ਨੂੰ ਸੰਬੋਧਨ ਕਰਦਿਆਂ ਹਰਭਗਵਾਨ ਭੀਖੀ, ਘੁਮੰਡ ਸਿੰਘ ਖਾਲਸਾ ਤੇ ਧਰਮਪਾਲ ਸੁਨਾਮ ਨੇ ਕਿਹਾ ਕਿ ਲੋਕਾਂ ਨਾਲ ਝੂਠੇ ਵਾਅਦੇ ਕਰਕੇ ਸੱਤਾ 'ਤੇ ਕਾਬਜ਼ ਹੋਈ ਮਾਨ ਸਰਕਾਰ ਪਿਛਲੀਆਂ ਸਰਕਾਰਾਂ ਤੋਂ ਵੀ ਨਿਕੰਮੀ ਸਾਬਿਤ ਹੋਈ ਹੈ। ਉਨ੍ਹਾਂ ਕਿਹਾ ਕਿ ਪੇਂਡੂ ਧਨਾਢਾਂ, ਸਰਮਾਏਦਾਰਾਂ ਤੇ ਡੇਰਿਆਂ ਵੱਲੋਂ ਕੀਤੇ ਹੋਏ ਨਜਾਇਜ਼ ਕਬਜ਼ੇ ਛੁਡਵਾਉਣ ਦੀ ਬਜਾਏ ਗਰੀਬ ਲੋਕਾਂ ਦੇ ਘਰਾਂ 'ਤੇ ਬੁਲਡੋਜ਼ਰ ਚਲਾ ਰਹੀ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਕੜਾਕੇ ਦੀ ਠੰਢ ਵਿੱਚ ਜਲੰਧਰ ਦੇ ਪਿੰਡ ਲਤੀਫਪੁਰ ਦੇ ਮਜ਼ਦੂਰਾਂ ਨੂੰ ਉਜਾੜਿਆ ਹੈ, ਹੁਣ ਸੁਨਾਮ ਦੇ ਦਲਿਤ ਮਜ਼ਦੂਰਾਂ ਨੂੰ ਉਜਾੜਨ ਦੇ ਕੋਝੇ ਯਤਨ ਕੀਤੇ ਜਾ ਰਹੇ ਹਨ, ਜਿਨ੍ਹਾਂ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਬੁਲਾਰਿਆਂ ਨੇ 14 ਜੂਨ ਨੂੰ ਸੁਨਾਮ ਵਿਖੇ ਰੱਖੇ ਗਏ ਵੱਡੇ ਇਕੱਠ ਨੂੰ ਸਫਲ ਕਰਨ ਦੀ ਵੀ ਅਪੀਲ ਕੀਤੀ। ਮੋਰਚੇ ਦੀ ਮਜ਼ਬੂਤੀ ਲਈ ਅੱਜ ਬਿਗੜਵਾਲ, ਜਨਾਲ, ਢੰਡੋਲੀ, ਸੇਰੋਂ ਤੇ ਸੁਨਾਮ ਦੇ ਵਾਰਡਾਂ ਵਿੱਚ ਮੀਟਿੰਗਾਂ, ਰੈਲੀਆਂ ਕੀਤੀਆਂ ਗਈਆਂ।

ਇਸ ਮੌਕੇ ਉਕਤ ਆਗੂਆਂ ਤੋਂ ਇਲਾਵਾ ਸੀ.ਪੀ.ਆਈ. (ਐੱਮ.ਐੱਲ.) ਲਿਬਰੇਸ਼ਨ ਪਾਰਟੀ ਸਰਦੂਲਗੜ੍ਹ ਬਲਾਕ ਦੇ ਪ੍ਰਧਾਨ ਦਰਸ਼ਨ ਸਿੰਘ ਦਾਨੇਵਾਲਾ, ਜ਼ਿਲ੍ਹਾ ਮਾਨਸਾ ਦੇ ਆਗੂ ਬਲਵਿੰਦਰ ਸਿੰਘ ਘਰਾਂਗਣਾ, ਜ਼ਿਲ੍ਹੇਦਾਰ ਬਲਵਿੰਦਰ ਸਿੰਘ, ਸੱਤਪਾਲ ਸਿੰਘ ਫੌਜੀ, ਸੋਨੀ ਸਿੰਘ, ਗੁਰਤੇਜ ਸਿੰਘ, ਸੁੱਖਾ ਸਿੰਘ, ਸੀਰਾ ਸਿੰਘ, ਦਰਬਾਰਾ ਸਿੰਘ, ਬਲਵੀਰ ਸਿੰਘ ਬਿਗੜਵਾਲ, ਹਰਭਜਨ ਸਿੰਘ ਢੰਡੋਲੀ, ਮੇਜਰ ਸਿੰਘ, ਪਾਲੀ ਸੁਨਾਮ ਆਦਿ ਨੇ ਵੀ ਸੰਬੋਧਨ ਕੀਤਾ।

## ਕਾਤਰਾਂ

### ਕਾਤਲਾਨਾ ਹਮਲਾ ਕਰਨ ਦੇ ਦੋਸ਼ 'ਚ ਨਾਮਜ਼ਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਅਮੀਰ ਖਾਸ ਦੀ ਪੁਲਸ ਨੇ ਪਿੰਡ ਨੱਥੂ ਚਿਸਤੀ ਵਿਖੇ ਪਿਸਟਲ ਨਾਲ ਫਾਇਰ ਕਰਕੇ ਇੱਕ ਵਿਅਕਤੀ 'ਤੇ ਕਤਲਾਨਾ ਹਮਲਾ ਕਰਨ ਦੇ ਦੋਸ਼ ਵਿੱਚ ਮਾਮਲਾ ਦਰਜ ਕੀਤਾ ਹੈ। ਪ੍ਰਾਪਤ ਜਾਣਕਾਰੀ ਦੇ ਅਨੁਸਾਰ ਮੁਦੱਈ ਕੁਲਵੰਤ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਨੱਥੂ ਚਿਸਤੀ ਵੱਲੋਂ ਪੁਲਸ ਕੋਲ ਬਿਆਨ ਦਰਜ ਕਰਵਾਏ ਹਨ ਕਿ 9 ਜੂਨ 2023 ਨੂੰ ਉਹ ਆਪਣੇ ਘਰ ਵਿੱਚ ਮੌਜੂਦ ਸੀ ਤਾਂ ਗੁਰਪ੍ਰੀਤ ਸਿੰਘ ਉਰਫ ਗੋਪੀ ਪੁੱਤਰ ਹੰਸਾ ਸਿੰਘ ਵਾਸੀ ਹਸਤੇਕੇ ਥਾਣਾ ਸਦਰ ਫਿਰੋਜ਼ਪੁਰ ਉਸ ਦੇ ਘਰ ਬਾਹਰ ਆ ਕੇ ਉਸ ਨੂੰ ਅਵਾਜ਼ ਮਾਰ ਕੇ ਕਹਿੰਦਾ ਕਿ ਉਸ ਨੇ ਪਾਣੀ ਪੀਣਾ ਹੈ। ਉਹ ਇਸ ਵਿਅਕਤੀ ਨੂੰ ਪਹਿਲਾਂ ਵੀ ਜਾਣਦਾ ਸੀ, ਜਿਸ 'ਤੇ ਉਸ ਨੇ ਇਸ ਵਿਅਕਤੀ ਨੂੰ ਪਾਣੀ ਪਿਲਾਉਣ ਲਈ ਘਰ ਦੇ ਬਾਹਰ ਆਇਆ ਤਾਂ ਇਸ ਵਿਅਕਤੀ ਨੇ ਪਿਸਟਲ ਕੱਢ ਕੇ ਉਸ ਤੇ ਫਾਇਰ ਕਰ ਦਿੱਤੇ, ਪਰ ਉਹ (ਮੁਦੱਈ) ਪਿਸਟਲ ਦੇਖ ਕੇ ਪਿੱਛੇ ਆਪਣੇ ਘਰ ਵੱਲ ਮੁੜਨ ਲੱਗਿਆ ਤਾਂ ਉਸ ਦੀ ਪਿੱਠ ਤੇ ਪਿਸਟਲ ਦਾ ਫਾਇਰ ਕੀਤਾ, ਜੋ ਉਸ ਦੀ ਰੀੜ੍ਹ ਦੀ ਹੱਡੀ ਤੇ ਖੱਬੇ ਪਾਸੇ ਥੱਲੇ ਨੂੰ ਲੱਗਾ ਅਤੇ ਉਹ ਡਿੱਗ ਪਿਆ। ਇਸ ਦੌਰਾਨ ਰੌਲਾ ਪਾਉਣ 'ਤੇ ਇਹ ਵਿਅਕਤੀ ਗੁਰਪ੍ਰੀਤ ਸਿੰਘ ਆਪਣਾ ਮੋਟਰਸਾਈਕਲ ਭਜਾ ਕੇ ਸ਼ਹਿਰ ਵੱਲ ਨੂੰ ਭੱਜ ਗਿਆ, ਜਿਸ 'ਤੇ ਪੁਲਸ ਨੇ ਮੁਦਈ ਕੁਲਵੰਤ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਗੁਰਪ੍ਰੀਤ ਸਿੰਘ ਖਿਲਾਫ ਧਾਰਾ 307 ਆਈਪੀਸੀ ਅਤੇ 25,27/54/59 ਆਈਪੀਸੀ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

### ਦੁਨੀਆ ਦੇ ਚਾਰ ਸਥਾਨ ਕਦੇ ਨਹੀਂ ਭਰਦੇ : ਬੀ ਕੇ ਸ਼ਾਂਤਨੂੰ



**ਜੈਤੋ (ਸਤੀਸ਼ ਕੁਮਾਰ ਭੰਗੀ)**-ਮਾਊਂਟ ਆਬੂ ਈਸ਼ਵਰੀਆ ਵਿਸ਼ਵਵਿਦਿਆਲਿਆ ਦੇ ਰਾਸ਼ਟਰੀ ਮੀਡੀਆ ਇੰਚਾਰਜ ਬੀ ਕੇ ਸ਼ਾਂਤਨੂੰ ਨੇ ਕਿਹਾ ਕਿ ਲੋਕ ਤੁਹਾਡਾ ਨਹੀਂ, ਤੁਹਾਡੇ ਅਹੁਦੇ ਦਾ ਸਤਿਕਾਰ ਕਰਦੇ ਹਨ, ਜਿਸ ਦਿਨ ਤੁਹਾਡਾ ਅਹੁਦਾ ਗਿਆ, ਉਸ ਦਿਨ ਲੋਕ ਤੁਹਾਡੇ ਕੋਲ ਵੀ ਖੜੇ ਨਹੀਂ ਹੋਣਗੇ। ਇਹ ਇੱਕ ਕੌੜਾ ਸੱਚ ਹੈ, ਇਸ ਲਈ ਸੰਬੰਧ ਪਰਵਾਰਕ ਬਣਾਓ, ਮਤਲਬ ਦੇ ਨਹੀਂ। ਉਨ੍ਹਾਂ ਅੱਗੇ ਕਿਹਾ ਕਿ ਦੁਨੀਆ ਦੇ ਚਾਰ ਸਥਾਨ ਕਦੇ ਵੀ ਨਹੀਂ ਭਰਦੇ ਜਿਵੇਂ ਕਿ ਸਮੁੰਦਰ, ਸ਼ਮਸ਼ਾਨ, ਲਾਲਸਾ ਦਾ ਖੱਡਾ ਤੇ ਆਦਮੀ ਦਾ ਮਨ। ਸ਼ਾਂਤਨੂੰ ਨੇ ਕਿਹਾ ਕਿ ਜਿਸ ਸਮੇਂ ਤੋਂ ਸਾਡਾ ਮਨ ਦੂਜਿਆਂ ਲਈ ਚੰਗਾ ਸੋਚਣਾ ਸ਼ੁਰੂ ਕਰ ਦਿੰਦਾ ਹੈ। ਸ਼ਾਂਤੀ ਉਸੇ ਸਮੇਂ ਤੋਂ ਸਾਡੇ ਜੀਵਨ ਵਿੱਚ ਆਉਣਾ ਸ਼ੁਰੂ ਕਰ ਦਿੰਦੀ ਹੈ।

### ਚੈੱਕ ਬਾਊਂਸ ਦੇ ਮਾਮਲੇ 'ਚ ਔਰਤ ਨੂੰ 15 ਮਹੀਨੇ ਦੀ ਸਜ਼ਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਅਦਾਲਤ ਵੱਲੋਂ ਚੈੱਕ ਬਾਊਂਸ ਦੇ ਮਾਮਲੇ ਵਿੱਚ ਇੱਕ ਔਰਤ ਨੂੰ ਦੋਸ਼ੀ ਕਰਾਰ ਦਿੰਦੇ ਹੋਏ 15 ਮਹੀਨੇ ਦੀ ਸਜ਼ਾ ਦਾ ਹੁਕਮ ਸੁਣਾਇਆ ਹੈ। ਮਿਲੀ ਜਾਣਕਾਰੀ ਅਨੁਸਾਰ ਪਿਆਰਾ ਸਿੰਘ ਪੁੱਤਰ ਅਤਰ ਸਿੰਘ ਵਾਸੀ ਸਰਦਾਰ ਕਾਲੋਨੀ ਫ਼ਿਰੋਜ਼ਪੁਰ ਨੇ ਦਾਇਰ ਮਾਮਲੇ ਵਿੱਚ ਦੱਸਿਆ ਕਿ ਉਸ ਨੇ ਜਸਵੰਤ ਕੌਰ ਪਤਨੀ ਬੂਟਾ ਸਿੰਘ ਵਾਸੀ ਸ਼ਹੀਦ ਭਗਤ ਸਿੰਘ ਕਾਲੋਨੀ ਫ਼ਿਰੋਜ਼ਪੁਰ ਨੂੰ 5 ਲੱਖ ਰੁਪਏ ਉਧਾਰ ਦਿੱਤੇ ਸਨ, ਜਿਸ ਦੇ ਇਵਜ਼ ਵਿੱਚ ਜਸਵੰਤ ਕੌਰ ਨੇ 18 ਜੂਨ 2018 ਵਾਲਾ 5 ਲੱਖ ਦਾ ਚੈੱਕ ਜਾਰੀ ਕਰ ਦਿੱਤਾ। ਚੈੱਕ ਬਾਊਂਸ ਹੋਣ ਉਪਰੰਤ ਦਾਇਰ ਮਾਮਲੇ ਵਿੱਚ ਫ਼ੈਸਲਾ ਦਿੰਦੇ ਹੋਏ ਜੁਡੀਸ਼ੀਅਲ ਮੈਜਿਸਟ੍ਰੇਟ ਫ਼ਸਟ ਕਲਾਸ ਫ਼ਿਰੋਜ਼ਪੁਰ ਮੈਡਮ ਨਵਜੀਤ ਪਾਲ ਕੌਰ ਦੀ ਅਦਾਲਤ ਨੇ ਜਸਵੰਤ ਕੌਰ ਨੂੰ 15 ਮਹੀਨੇ ਦੀ ਸਜ਼ਾ ਤੇ ਚੈੱਕ ਬਰਾਬਰ ਮੁਆਵਜ਼ਾ ਦੇਣ ਦਾ ਹੁਕਮ ਸੁਣਾਇਆ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ ਹੋਈ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਮਹਿਲ ਕਲਾਂ ਪੰਡੋਰੀ ਗਰੁੱਪ ਦੀ ਵਿਸ਼ੇਸ਼ ਮੀਟਿੰਗ ਬਲਾਕ ਪ੍ਰਧਾਨ ਦਲਵਾਰ ਸਿੰਘ ਮਹਿਲ ਕਲਾਂ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਹੋਈ। ਚੇਅਰਮੈਨ ਅਮਰਜੀਤ ਸਿੰਘ ਕਾਲਸਾਂ ਨੇ ਕਿਹਾ ਕਿ ਸਾਰਿਆਂ ਨੂੰ ਜਥੇਬੰਦੀ ਦੀ ਮਜ਼ਬੂਤੀ ਲਈ ਡਟ ਕੇ ਪਹਿਰਾ ਦੇਣ ਦੀ ਲੋੜ ਹੈ, ਕਿਉਂਕਿ ਸੂਬਾ ਸਰਕਾਰ ਤਾਂ ਕੀਤੇ ਵਾਅਦਿਆਂ ਤੋ ਸਾਫ਼ ਮੁੱਕਰ ਰਹੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਪਿੰਡਾਂ ਸਿਹਤ ਸੇਵਾਵਾਂ ਦੇ ਰਹੇ ਮੈਡੀਕਲ ਪ੍ਰੈਕਟੀਸ਼ਨਰਾਂ ਨਾਲ ਕਿਸੇ ਤਰ੍ਹਾਂ ਦੀ ਬੇਇਨਸਾਫ਼ੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਆਗੂਆਂ ਨੇ ਜੰਤਰ-ਮੰਤਰ ਦਿੱਲੀ ਵਿਖੇ ਇਨਸਾਫ ਲੈਣ ਲਈ ਸੰਘਰਸ਼ ਕਰ ਰਹੇ ਕੁਸ਼ਤੀ ਪਹਿਲਵਾਨਾਂ ਉਪਰ ਢਾਹੇ ਗਏ ਜਬਰ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕਰਦਿਆਂ ਜਥੇਬੰਦੀ ਵੱਲੋਂ ਡਟਵੀਂ ਹਮਾਇਤ ਕਰਨ ਦਾ ਐਲਾਨ ਕੀਤਾ। ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਪਿਛਲੇ ਲੰਮੇਂ ਸਮੇਂ ਤੋਂ ਸੂਬਾ ਕਮੇਟੀ ਨੇ ਬਲਾਕ ਮਹਿਲ ਕਲਾਂ ਦੀ ਕੋਈ ਵੀ ਸਾਰ ਨਹੀਂ ਲਈ, ਜਿਸ ਤੋਂ ਨਰਾਜ਼ ਹੋ ਕੇ ਸਮੂਹ ਬਲਾਕ ਮੈਂਬਰਾਂ ਨੇ ਸੂਬਾ ਕਮੇਟੀ ਨਾਤਾ ਤੋੜਨ ਦਾ ਐਲਾਨ ਕੀਤਾ। ਅਗਲੇ ਪ੍ਰੋਗਰਾਮ ਲਈ ਪੰਜ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ। ਇਸ ਮੌਕੇ ਨਿਰਭੈ ਸਿੰਘ ਨਿਹਾਲੂਵਾਲ, ਮੇਜਰ ਸਿੰਘ ਛਾਪਾ, ਕੇਸਰ ਖ਼ਾਨ, ਜਸਵੰਤ ਸਿੰਘ, ਗੁਰਮੀਤ ਸਿੰਘ ਗਹਿਲ, ਕੇਵਲ ਸਿੰਘ ਜਲਾਲਦੀਵਾਲ, ਗੁਰਚਰਨ ਸਿੰਘ ਹੁੰਝਣ ਰਾਜਗੜ੍ਹ, ਸੋਮ ਨਾਥ, ਬਚਿੱਤਰ ਸਿੰਘ, ਰਵਿੰਦਰ ਕੁਮਾਰ ਤੇ ਬਲੌਰ ਸਿੰਘ ਆਦਿ ਹਾਜ਼ਰ ਸਨ।

## ਬਦਮਾਸ਼ਾਂ ਕਾਰ ਮਾਲਕ ਨੂੰ ਮਾਰੀ ਗੋਲੀ

### ਜ਼ਖਮੀ ਹਿਮਾਂਸ਼ੂ ਸਿੰਗਲਾ ਦੇ ਘਰ ਪਹੁੰਚੇ ਵਿਧਾਇਕ ਗੋਇਲ, ਕਿਹਾ; ਬਦਮਾਸ਼ਾਂ ਨੂੰ ਸਿਰ ਨਹੀਂ ਚੁੱਕਣ ਦੇਵਾਂਗੇ



ਵਿਧਾਇਕ ਗੋਇਲ ਜ਼ਖਮੀ ਹਿਮਾਂਸ਼ੂ ਸਿੰਗਲਾ ਦੇ ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਕਰਦੇ ਹੋਏ।

**ਲਹਿਰਾਗਾਗਾ (ਰਾਕੇਸ਼ ਕੁਮਾਰ ਗੁਪਤਾ)**

ਬੀਤੇ ਦਿਨੀਂ ਹਲਕਾ ਲਹਿਰਾ ਦੀ ਮੰਡੀ ਖਨੌਰੀ ਵਿਖੇ ਦੋ ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਕਾਰ ਖੋਹਣ ਦੀ ਨੀਅਤ ਨਾਲ ਨੌਜਵਾਨ ਨੂੰ ਗੋਲੀ ਮਾਰ ਦਿੱਤੀ। ਜ਼ਖ਼ਮੀ ਹਾਲਤ ਵਿੱਚ ਕਾਰ ਮਾਲਕ ਨੂੰ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਖਨੌਰੀ ਦੇ ਇੰਚਾਰਜ ਨੇ ਦੱਸਿਆ ਕਿ ਹਿਮਾਂਸ਼ੂ ਸਿੰਗਲਾ ਪੁੱਤਰ ਪਰਸ ਰਾਮ ਸਿੰਗਲਾ ਵਾਸੀ ਵਾਰਡ ਨੰਬਰ 5 ਖਨੌਰੀ ਮੇਨ ਸੜਕ 'ਤੇ ਆਪਣੀ ਕਾਰ ਖੜੀ ਕਰਕੇ ਆਪਣੇ ਘਰ ਚਲਾ ਗਿਆ। ਰਾਤ ਕਰੀਬ 8 ਵਜੇ ਜਦੋਂ ਉਹ ਕਾਰ ਵਿੱਚੋਂ ਸਾਮਾਨ ਕੱਢ ਕੇ ਵਾਪਸ ਘਰ ਮੁੜਨ ਲੱਗਾ ਤਾਂ 2 ਅਣਪਛਾਤੇ ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਉਸ ਕੋਲੋਂ ਗੱਡੀ ਦੀ ਚਾਬੀ ਖੋਹਣ ਦੀ ਕੋਸ਼ਿਸ਼ ਕੀਤੀ, ਪਰ ਉਸ ਨੇ ਚਾਬੀ ਨਹੀਂ ਦਿੱਤੀ, ਜਿਸ ਦੇ ਚਲਦੇ ਮੋਟਰਸਾਈਕਲ ਸਵਾਰ ਨੌਜਵਾਨਾਂ ਵਿੱਚੋਂ ਇੱਕ ਨੌਜਵਾਨ ਨੇ ਹਿਮਾਂਸ਼ੂ ਸਿੰਗਲਾ 'ਤੇ ਗੋਲੀ ਚਲਾ ਦਿੱਤੀ, ਜੋ ਕਿ ਉਸ ਦੀ ਲੱਤ ਵਿੱਚ ਗੋਡੇ ਤੋਂ ਥੱਲੇ ਲੱਗੀ। ਗੋਲੀ ਦੀ ਆਵਾਜ਼ ਸੁਣ ਕੇ ਲੋਕਾਂ ਦਾ ਇਕੱਠ ਹੁੰਦਾ ਦੇਖ ਦੋਨੋਂ ਅਣਪਛਾਤੇ ਮੋਟਰਸਾਈਕਲ ਸਵਾਰ ਨੌਜਵਾਨ ਫਰਾਰ ਹੋ ਗਏ। ਪੁਲਸ ਨੇ ਮੁਦਈ ਹਿਮਾਂਸ਼ੂ ਸਿੰਗਲਾ ਦੇ ਬਿਆਨਾਂ 'ਤੇ ਦੋ ਨਾਮਾਲੂਮ ਮੋਟਰਸਾਈਕਲ ਸਵਾਰ ਨੌਜਵਾਨਾਂ ਵਿਰੁੱਧ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

ਉਨ੍ਹਾਂ ਕਿਹਾ ਕਿ ਦੋਸ਼ੀਆਂ ਨੂੰ ਜਲਦੀ ਗ੍ਰਿਫਤਾਰ ਕਰ ਲਿਆ ਜਾਵੇਗਾ ਤੇ ਕਿਸੇ ਨੂੰ ਵੀ ਸ਼ਹਿਰ ਦਾ ਮਾਹੌਲ ਖਰਾਬ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

ਦੂਜੇ ਪਾਸੇ ਹਲਕਾ ਵਿਧਾਇਕ ਐਡਵੋਕੇਟ ਬਰਿੰਦਰ ਗੋਇਲ ਨੇ ਹਿਮਾਂਸ਼ੂ ਸਿੰਗਲਾ ਦੇ ਘਰ ਪਹੁੰਚ ਕੇ ਪਰਿਵਾਰਕ ਮੈਂਬਰਾਂ ਕੋਲੋਂ ਹਸਪਤਾਲ ਵਿੱਚਜ਼ੇਰੇ ਇਲਾਜ ਹਿਮਾਂਸ਼ੂ ਸਿੰਗਲਾ ਬਾਰੇ ਜਾਣਕਾਰੀ ਹਾਸਲ ਕਰਦਿਆਂ ਹਾਲ-ਚਾਲ ਜਾਣਿਆ ਤੇ ਉਸ ਦੇ ਜਲਦੀ ਸਿਹਤਯਾਬ ਹੋਣ ਦੀ ਕਾਮਨਾ ਕੀਤੀ। ਵਿਧਾਇਕ ਗੋਇਲ ਨੇ ਹਿਮਾਂਸ਼ੂ ਸਿੰਗਲਾ ਦੇ ਪਰਿਵਾਰ ਦੇ ਨਾਲ ਨਾਲ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਸਰਕਾਰ ਲੋਕਾਂ ਦੀ ਜਾਨ ਮਾਲ ਦੀ ਰਾਖੀ ਲਈ ਵਚਨਬੱਧ ਹੈ, ਹਲਕੇ ਅੰਦਰ ਸ਼ਰਾਰਤੀ ਅਨਸਰਾਂ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ, ਪੁਲਸ ਨੂੰ ਸਖ਼ਤ ਨਿਰਦੇਸ਼ ਦਿੱਤੇ ਗਏ ਹਨ ਕਿ ਦੋਸ਼ੀਆਂ ਨੂੰ ਜਲਦ ਗ੍ਰਿਫਤਾਰ ਕੀਤਾ ਜਾਵੇ। ਇਸ ਮੌਕੇ ਓ ਐੱਸ ਡੀ ਰਕੇਸ਼ ਕੁਮਾਰ ਗੁਪਤਾ ਵਿੱਕੀ, ਡੀ ਐੱਸ ਪੀ ਮਨੋਜ ਗੋਰਸੀ, ਐੱਸ ਐੱਚ ਓ ਸੋਰਵ ਅਗਰਵਾਲ, ਨਗਰ ਪੰਚਾਇਤ ਦੇ ਸਾਬਕਾ ਵਾਈਸ ਪ੍ਰਧਾਨ ਤਰਸੇਮ ਚੰਦ ਸਿੰਗਲਾ, ਸਾਬਕਾ ਪ੍ਰਧਾਨ ਗਿਰਧਾਰੀ ਲਾਲ, ਸੁਰਿੰਦਰ ਸਿੰਘ ਕਰੌਦਾ, ਸੁਰਜੀਤ ਸਿੰਘ ਪ੍ਰਧਾਨ ਟਰੱਕ ਯੂਨੀਅਨ, ਜੋਰਾ ਸਿੰਘ ਸਾਬਕਾ ਪ੍ਰਧਾਨ, ਵਿਸ਼ਾਲ ਕਾਂਸਲ, ਅਨੀਲ ਕੁਮਾਰ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਇਕਬਾਲ ਸਿੰਘ ਪੀ ਆਰ ਓ, ਜਨਕ ਰਾਜ ਜਨਰਲ ਸਕੱਤਰ ਤੇ ਜਵੰਦਾ ਸੋਸ਼ਲ ਮੀਡੀਆ ਇੰਚਾਰਜ ਨਿਯੁਕਤ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਐਂਟੀ ਡਰੱਗ ਐਂਡ ਸੋਸ਼ਲ ਵੈੱਲਫੇਅਰ ਆਰਗੇਨਾਈਜ਼ੇਸ਼ਨ ਪੰਜਾਬ ਦੇ ਚੇਅਰਮੈਨ ਸੰਜੀਵ ਗਰਗ ਦੀ ਅਗਵਾਈ ਹੇਠ ਇਕ ਵਿਸ਼ੇਸ਼ ਮੀਟਿੰਗ ਹੋਈ ਸੀ, ਜਿਸ ਵਿੱਚ ਸ੍ਰੀ ਜਨਕ ਰਾਜ ਨੂੰ ਪੰਜਾਬ ਦਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ, ਜੋ ਪਹਿਲਾਂ ਜ਼ਿਲ੍ਹਾ ਪਟਿਆਲਾ ਦੇ ਜਨਰਲ ਸਕੱਤਰ ਸਨ। ਇਸ ਦੇ ਇਲਾਵਾ ਇਕਬਾਲ ਸਿੰਘ ਬੱਲ ਪੱਤਰਕਾਰ ਨੂੰ ਪੰਜਾਬ ਦਾ ਪੀ ਆਰ ਓ ਨਿਯੁਕਤ ਕੀਤਾ ਗਿਆ, ਜੋ ਪਹਿਲਾਂ ਪਟਿਆਲਾ ਜ਼ਿਲ੍ਹੇ ਦੇ ਪੀ ਆਰ ਓ ਸਨ ਅਤੇ ਹਰਜਿੰਦਰ ਸਿੰਘ ਜਵੰਦਾ ਪੱਤਰਕਾਰ ਨੂੰ ਪੰਜਾਬ ਦਾ ਸੋਸ਼ਲ ਮੀਡੀਆ ਇੰਚਾਰਜ ਨਿਯੁਕਤ ਕੀਤਾ ਗਿਆ। ਇਸ ਮੌਕੇ ਨਵ-ਨਿਯੁਕਤ ਅਹੁਦੇਦਾਰਾਂ ਨੇ ਆਪਣੀ ਨਿਯੁਕਤੀ ਲਈ ਜਿੱਥੇ ਚੇਅਰਮੈਨ ਸੰਜੀਵ ਗਰਗ ਦਾ ਧੰਨਵਾਦ ਕੀਤਾ, ਉੱਥੇ ਹੀ ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਆਰਗੇਨਾਈਜ਼ੇਸ਼ਨ ਦੀ ਬਿਹਤਰੀ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰਨਗੇ ਤੇ ਇਸ ਸੇਵਾ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਐਡਵੋਕੇਟ ਕ੍ਰਿਸ਼ਨ ਕੁਮਾਰ ਮੁਰਾਰੀ, ਨੌਜਵਾਨ ਆਗੂ ਲਖਵਿੰਦਰ ਸਿੰਘ ਕਾਕਾ ਜਵੰਦਾ ਤੇ ਸੁਭਨੀਤ ਗਰਗ (ਮਾਈਂਡਗਲੋ ਅਕੈਡਮੀ ਦੇ ਐੱਮ ਡੀ) ਆਦਿ ਮੌਜੂਦ ਸਨ।

### ਬਗਾਵਤੀ ਧਮਾਕੇ ਨੂੰ ਡਿਫਿਊਜ਼ ਕਰਨ ਹਿੱਤ ਭਾਜਪਾ ਵੱਲੋਂ ਯਤਨ ਤੇਜ਼

## ਆਦਿਤਿਆ ਚੌਟਾਲਾ ਨੂੰ ਜ਼ਿਲ੍ਹਾ ਪ੍ਰਧਾਨ ਦੇ ਅਹੁਦੇ ਤੋਂ ਹਟਾਉਣ 'ਤੇ ਅੜੇ ਪੁਰਾਣੇ ਭਾਜਪਾ ਮੈਂਬਰ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ 18 ਜੂਨ ਦੀ ਸਿਰਸਾ ਰੈਲੀ ਨੂੰ ਲੈ ਕੇ ਭਾਜਪਾ ਹਾਈਕਮਾਂਡ ਨੇ ਨਾਰਾਜ਼ ਤੇ ਪੁਰਾਣੇ ਅਹਿਲਕਾਰਾਂ ਨੂੰ ਸੰਭਾਲਣਾ ਸ਼ੁਰੂ ਕਰ ਦਿੱਤਾ ਹੈ।ਪਾਰਟੀ ਸੰਗਠਨ ਵਿੱਚ ਹੋ ਰਿਹਾ ਨੁਕਸਾਨ ਹਾਈਕਮਾਂਡ ਤੱਕ ਪਹੁੰਚ ਗਿਆ ਹੈ।ਪਾਰਟੀ ਨੇ ਤਾਜ਼ਾ ਹਾਲਾਤ ਦਰਮਿਆਨ ਧੜਿਆਂ ਨੂੰ ਮਨਾਉਣ ਦੀ ਦਿਸ਼ਾ ਵਿੱਚ ਕਦਮ ਚੁੱਕਦੇ ਹੋਏ ਸਿਰਸਾ ਵਿੱਚ ਹੀ ਮੀਟਿੰਗ ਕਰਨ ਦਾ ਫੈਸਲਾ ਕੀਤਾ ਹੈ। ਇਸ ਲਈ ਹੁਣ ਭਾਜਪਾ ਦੇ ਸੰਗਠਨ ਮੰਤਰੀ ਰਵਿੰਦਰ ਰਾਜੂ ਤੇ ਕਰਨਾਲ ਦੇ ਸੰਸਦ ਮੈਂਬਰ ਸੰਜੇ ਭਾਟੀਆ ਸਿਰਸਾ ਪਹੁੰਚ ਕੇ ਨਾਰਾਜ਼ ਆਗੂਆਂ ਦਾ ਦਰਦ ਸੁਣਨਗੇ।ਅਸਲ ਵਿੱਚ ਇਹ ਪੁਰਾਣੇ ਭਾਜਪਾ ਮੈਂਬਰ ਚੇਅਰਮੈਨ ਆਦਿੱਤਿਆ ਚੌਟਾਲਾ ਨੂੰ ਜ਼ਿਲ੍ਹਾ ਪ੍ਰਧਾਨ ਦੇ ਅਹੁਦੇ ਤੋਂ ਹਟਾਉਣ 'ਤੇ ਅੜੇ ਹੋਏ ਹਨ। ਸਿਰਸਾ ਵਿੱਚ ਭਾਜਪਾ ਸੰਗਠਨ ਨੂੰ ਮਜ਼ਬੂਤ ??ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਪੁਰਾਣੇ ਭਾਜਪਾਈਆਂ ਨੇ ਹਾਈਕਮਾਂਡ ਨੂੰ ਸਾਫ਼ ਕਹਿ ਦਿੱਤਾ ਹੈ ਕਿ ਉਨ੍ਹਾਂ ਨੂੰ ਜ਼ਿਲ੍ਹਾ ਪ੍ਰਧਾਨ ਅਦਿੱਤਿਆ ਚੌਟਾਲਾ ਦੀ ਤਾਜਪੋਸ਼ੀ ਮਨਜ਼ੂਰ ਨਹੀਂ ਹੈ, ਜੇਕਰ ਉਨ੍ਹਾਂ ਨੂੰ ਹਰਿਆਣਾ ਮਾਰਕੀਟਿੰਗ ਬੋਰਡ ਦੇ ਚੇਅਰਮੈਨ ਵਜੋਂ ਤਾਜ਼ ਪਹਿਨਾਇਆ ਜਾਣਾ ਸੀ ਤਾਂ ਉਨ੍ਹਾਂ ਨੂੰ ਜ਼ਿਲ੍ਹਾ ਪ੍ਰਧਾਨ ਦੇ ਅਹੁਦੇ ਤੋਂ ਫਾਰਗ ਕਰਕੇ ਕਿਸੇ ਹੋਰ ਸਾਥੀ ਨੂੰ ਜ਼ਿੰਮੇਵਾਰੀ ਦਿੱਤੀ ਜਾਵੇ।ਹੁਣ ਮਾਮਲਾ ਇਹ ਕਿ ਸ਼ਾਹ ਦੀ ਰੈਲੀ ਤੱਕ ਭਾਜਪਾ ਅਜਿਹਾ ਕੋਈ ਜੋਖਮ ਨਹੀਂ ਉਠਾਉਣਾ ਚਾਹੁੰਦੀ ਤਾਂ ਜੋ ਰੈਲੀ ਦੀ ਕਾਮਯਾਬੀ 'ਤੇ ਕੋਈ ਸਵਾਲੀਆ ਨਿਸ਼ਾਨ ਨਾ ਲੱਗੇ। ਧਿਆਨ ਰਹੇ ਕਿ ਸੀ ਐੱਮ ਮਨੋਹਰ ਲਾਲ ਵੱਲੋਂ ਪਿਛਲੇ ਦਿਨੀਂ ਸਿਰਸਾ ਦੇ ਤਿੰਨ ਦਿਨਾ ਜਨ ਸੰਵਾਦ ਪ੍ਰੋਗਰਾਮ ਦੌਰਾਨ ਹੀ ਭਾਜਪਾ 'ਚ ਧੜੇਬੰਦੀ ਦਿਖਾਈ ਦੇ ਰਹੀ ਸੀ ਤੇ ਆਰ ਐੱਸ ਐੱਸ ਨਾਲ ਜੁੜੇ ਸੀਨੀਅਰ ਆਗੂ ਮੁੱਖ ਮੰਤਰੀ ਦੇ ਸਿਰਸਾ ਵਿੱਚ ਹੋਣ ਦੇ ਬਾਵਜੂਦ ਪ੍ਰੋਗਰਾਮ ਤੋਂ ਦੂਰ ਰਹੇ। ਇਹੀ ਨਹੀਂ ਕੇਂਦਰੀ ਮੰਤਰੀ ਗਜੇਂਦਰ ਸ਼ੇਖਾਵਤ ਦੇ ਸਿਰਸਾ ਦੇ ਦੌਰੇ ਦੌਰਾਨ ਵੀ ਬੀਜੇਪੀ ਦੇ ਪੁਰਾਣੇ ਲੋਕ ਨਜ਼ਰ ਨਹੀਂ ਆਏ।ਨੇੜਲੇ ਸੂਤਰ ਦੱਸਦੇ ਹਨ ਕਿ ਪਾਰਟੀ ਵਿੱਚ ਬਗਾਵਤੀ ਯਤਨਾਂ ਨੂੰ ਗੁਪਤ ਭਾਵ ਅੱਗ 'ਤੇ ਫੂਸ ਰੱਖ ਕੇ ਦਬਾਇਆ ਜਾ ਰਿਹਾ ਹੈ।

## ਮਜ਼ਦੂਰ ਮੁਕਤੀ ਮੋਰਚਾ ਵੱਲੋਂ ਪੰਜਾਬ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ



ਮੁੱਖ ਮੰਤਰੀ ਨੂੰ ਮਿਲਣ ਤੋਂ ਰੋਕਦੇ ਪੁਲਸ ਮੁਲਾਜ਼ਮ।

**ਭੀਖੀ (ਧਰਮਵੀਰ ਸ਼ਰਮਾ)**-ਕੈਬਿਨਟ ਮੀਟਿੰਗ ਤੋਂ ਬਾਅਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪ੍ਰਸ਼ਾਸਨ ਰਾਹੀਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਆਗੂਆਂ ਨੂੰ ਮਿਲਣ ਦਾ ਸਮਾਂ ਦੇ ਕੇ ਨਾ ਮਿਲਣ ਤੇ ਵਾਅਦਾ ਖਿਲਾਫੀ ਕਰਨ ਦੇ ਰੋਸ ਵਜੋਂ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਵਿਜੈ ਕੁਮਾਰ ਭੀਖੀ ਤੇ ਗੁਰਸੇਵਕ ਸਿੰਘ ਮਾਨ ਨੇ ਕਿਹਾ ਕਿ ਅੱਜ ਭਗਵੰਤ ਮਾਨ ਸਰਕਾਰ ਨੇ ਮਾਨਸਾ ਜ਼ਿਲ੍ਹੇ ਵਿੱਚ ਸਰਕਾਰ ਤੁਹਾਡੇ ਦੁਆਰ ਦੇ ਨਾਅਰੇ ਤਹਿਤ ਕੈਬਨਿਟ ਮੰਤਰੀਆਂ ਦੀ ਬੈਠਕ ਦਾ ਡਰਾਮਾ ਕੀਤਾ ਹੈ, ਇਸ ਸਰਕਾਰ ਨੇ ਦਰ 'ਤੇ ਖੜੇ ਮਜ਼ਦੂਰ ਆਗੂਆਂ ਦੀ ਗੱਲ਼ ਤੱਕ ਨਹੀਂ ਸੁਣੀ ਤੇ ਚੋਰਾਂ ਵਾਂਗ ਲੋਕ ਰੋਹ ਤੋਂ ਡਰਦੇ ਮੁੱਖ ਮੰਤਰੀ ਭਜ ਗਿਆ। ਮੋਰਚੇ ਦੇ ਆਗੂਆਂ ਨੇ ਪੰਜਾਬ ਦੇ ਪੇਂਡੂ ਤੇ ਦਲਿਤ ਖ਼ੇਤ ਮਜ਼ਦੂਰਾਂ ਦੀਆਂ ਮੰਗਾਂ ਮਸਲਿਆਂ ਸਹਿਤ ਪੰਜਾਬ ਅੰਦਰ ਦਲਿਤਾਂ ਉੱਤੇ ਵਧ ਰਹੇ ਹਮਲਿਆਂ, ਕਤਲ ਸਹਿਤ ਪ੍ਰਵਾਸੀ ਮਜ਼ਦੂਰਾਂ ਉੱਪਰ ਹੁੰਦੇ ਜਾਨੀ ਹਮਲਿਆਂ ਸਹਿਤ ਸੁਨਾਮ ਵਿਖੇ ਰਵੀਦਾਸਪੁਰ ਟਿੱਬੀ ਬਸਤੀ ਦੇ ਮਜ਼ਦੂਰਾਂ ਨੂੰ ਉਨ੍ਹਾਂ ਦੇ ਘਰਾਂ ਦੀ ਮਾਲਕੀ ਦਿੱਤੀ ਜਾਵੇ ਤੇ ਉਨ੍ਹਾਂ ਨੂੰ ਉਜਾੜੇ ਦੇ ਹੁਕਮ ਵਾਪਸ ਲਏ ਜਾਣ, ਘਰਾਂ ਨੂੰ ਬਚਾਉਣ ਲਈ ਸੰਘਰਸ਼ ਕਰ ਰਹੇ ਟਿੱਬੀ ਬਸਤੀ ਦੇ ਗ੍ਰਿਫ਼ਤਾਰ ਕੀਤੇ ਗਏ ਮਜ਼ਦੂਰਾਂ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ, ਪੰਜਾਬ ਸਰਕਾਰ ਵੱਲੋਂ ਅੱਪਗਰੇਡ ਕੀਤੇ ਗਏ ਮਾਨਸਾ ਜ਼ਿਲ੍ਹੇ ਦੇ ਜੋਗਾ ਸਰਕਲ ਵਿੱਚ ਪੈਂਦੇ ਪਿੰਡ ਖੜਕ ਸਿੰਘ ਵਾਲਾ ਸਰਕਾਰੀ ਹਾਈ ਸਕੂਲ ਨੂੰ ਸੁਚਾਰੂ ਰੂਪ ਵਿੱਚ ਚਲਾਇਆ ਜਾਵੇ, ਉਸ 'ਚ ਅਧਿਆਪਕ, ਸਫ਼ਾਈ ਕਰਮੀ ਸਹਿਤ ਹੋਰ ਸਟਾਫ ਪੂਰਾ ਕੀਤਾ ਜਾਵੇ, ਔਰਤਾਂ ਦੇ ਖਾਤੇ 'ਚ 1000 ਰੁਪਏ ਪਾਉਣ ਦੇ ਵਾਅਦੇ ਨੂੰ ਪੂਰਾ ਕੀਤਾ ਜਾਵੇ, ਮਨਰੇਗਾ ਸਕੀਮ ਤਹਿਤ ਕੀਤੇ ਜਾਣ ਵਾਲੇ 100 ਦਿਨ ਦੇ ਕੰਮ ਨੂੰ 200 ਦਿਨ ਕੀਤਾ ਜਾਵੇ ਤੇ ਮਨਰੇਗਾ ਮਜ਼ਦੂਰਾਂ ਦੀ ਦਿਹਾੜੀ 700/ ਰੁਪਏ ਕੀਤੀ ਜਾਵੇ, ਪੰਜਾਬ ਸਰਕਾਰ ਵੱਲੋਂ ਚੋਣ ਵਾਅਦੇ ਮੁਤਾਬਕ ਬੁਢਾਪਾ/ਵਿਧਵਾ/ਆਸ਼ਰਿਤ ਬੱਚਿਆਂ ਦੀ ਪੈਨਸ਼ਨ ਨੂੰ 25 ਸੌ ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇ ਤੇ ਨਵੀਆਂ ਪੁਰਾਣੀਆਂ ਪੈਨਸ਼ਨਾਂ ਲਈ ਜਨਮ ਸਰਟੀਫਿਕੇਟ ਤੇ ਦਸਵੀਂ ਦੇ ਸਰਟੀਫਿਕੇਟ ਦੀ ਸ਼ਰਤ ਫੌਰੀ ਤੌਰ 'ਤੇ ਹਟਾਈ ਜਾਵੇ।

ਪਿੰਡਾਂ 'ਚ ਰਹਿਣ ਵਾਲੇ ਗਰੀਬ ਤੇ ਮਜ਼ਦੂਰ ਪਰਵਾਰਾਂ ਨੂੰ 5-5 ਮਰਲੇ ਦੇ ਪਲਾਟ ਅਲਾਟ ਕੀਤੇ ਜਾਣ ਤੇ ਇਨ੍ਹਾਂ 'ਤੇ ਮਕਾਨ ਬਣਾਉਣ ਲਈ ਘੱਟੋ-ਘੱਟ 5 ਲੱਖ ਤੱਕ ਦੀ ਗਰਾਂਟ ਜਾਰੀ ਕੀਤੀ ਜਾਵੇ। ਪੰਜਾਬ ਵਿੱਚ ਜਿਹੜੇ ਜਨਰਲ ਵਰਗ ਦੇ ਵਿਅਕਤੀਆਂ ਨੇ ਅਨੁਸੂਚਿਤ ਜਾਤੀ ਨਾਲ ਸਬੰਧਤ ਜਾਲ੍ਹੀ ਵਾ ਫਰਜ਼ੀ ਸਰਟੀਫਿਕੇਟ ਬਣਾ ਕੇ ਨੌਕਰੀਆਂ ਹਾਸਲ ਕੀਤੀਆਂ ਹੋਈਆਂ ਹਨ, ਉਨ੍ਹਾਂ ਦੀ ਪੜਤਾਲ ਕਰਕੇ ਉਨ੍ਹਾਂ ਖਿਲਾਫ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤੇ ਉਨ੍ਹਾਂ ਦੀ ਜਗ੍ਹਾ ਨਵੇਂ ਨੌਜਵਾਨਾਂ ਦੀ ਭਰਤੀ ਕੀਤੀ ਜਾਵੇ ਆਦਿ ਮੰਗਾਂ ਸਬੰਧੀ ਉਨ੍ਹਾਂ ਦੇ ਹੱਲ ਲਈ ਮਿਲਣਾ ਸੀ, ਪਰ ਮਾਨ ਸਰਕਾਰ ਨੇ ਇਹ ਸਾਬਿਤ ਕਰ ਦਿੱਤਾ ਕਿ ਇਹ ਸਰਕਾਰ ਵੀ ਪੁਰਾਣੀਆਂ ਸਰਕਾਰਾਂ ਵਾਂਗ ਮਜ਼ਦੂਰ ਵਿਰੋਧੀ ਸਰਕਾਰ ਹੈ, ਜਿਸ ਪ੍ਰਕਾਰ ਲੋਕਾਂ ਨੇ ਸੰਗਰੂਰ ਵਿਚ ਮਾਨ ਸਰਕਾਰ ਨੂੰ ਸ਼ੀਸ਼ਾ ਦਿਖਾਇਆ ਸੀ, ਉਸੇ ਤਰ੍ਹਾਂ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਵੀ ਹਾਰ ਦਾ ਮੂੰਹ ਦਿਖਾਉਣਗੇ।

## ਕਿਸਾਨਾਂ ਵੱਲੋਂ ਪਾਵਰਕਾਮ ਦਫਤਰ ਮੂਹਰੇ ਰੋਸ ਪ੍ਰਦਰਸ਼ਨ



**ਗੁਰੂ ਹਰਸਹਾਏ (ਦੀਪਕ ਵਧਾਵਨ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਚਿੱਪ ਵਾਲੇ ਸਮਾਰਟ ਮੀਟਰਾਂ ਦਾ ਲਗਾਤਾਰ ਵਿਰੋਧ ਕੀਤਾ ਜਾ ਰਿਹਾ ਹੈ ਤੇ ਇਸ ਦੇ ਵਿਰੋਧ ਵਿੱਚ ਕਿਸਾਨਾਂ ਵੱਲੋਂ ਪਾਵਰਕਾਮ ਗੁਰੂ ਹਰਸਹਾਏ ਦੇ ਦਫਤਰ ਮੂਹਰੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਕਿਸਾਨ ਮਜ਼ਦੂਰ ਸੰਘਰਸ ਕਮੇਟੀ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਧਰਮ ਸਿੰਘ ਸਿੱਧੂ ਤੇ ਜ਼ੋਨ ਪ੍ਰਧਾਨ ਗੁਰਬਖ਼ਸ਼ ਸਿੰਘ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਿੰਡਾਂ ਅੰਦਰ ਬਿਜਲੀ ਵਾਲੇ ਸਮਾਰਟ ਕਿਸੇ ਵੀ ਕੀਮਤ 'ਤੇ ਨਹੀਂ ਲੱਗਣ ਦਿੱਤੇ ਜਾਣਗੇ। ਉਨ੍ਹਾਂ ਬਿਜਲੀ ਦੇ ਰੇਟ 2 ਰੁਪਏ ਯੂਨਿਟ ਕਰਨ, ਓਵਰਲੋਡ ਟ੍ਰਾਂਸਫਾਰਮਰ, ਗਰਿੱਡ ਫੀਡਰ ਡੀਲੋਡ ਕਰਨ, ਸੜੇ ਹੋਏ ਟ੍ਰਾਂਸਫਾਰਮਰ 24 ਘੰਟੇ ਵਿੱਚ ਬਦਲਣ, ਬਿਜਲੀ ਦਫਤਰ 'ਚ ਰਿਸ਼ਵਤਖੋਰੀ ਬੰਦ ਕਰਨ ਦੀ ਮੰਗ ਵੀ ਕੀਤੀ। ਇਸ ਮੌਕੇ ਕਿਸਾਨ ਆਗੂ ਮੰਗਲ ਸਿੰਘ ਤੇ ਮੇਜਰ ਸਿੰਘ ਵੱਲੋਂ ਹਰਿਆਣਾ ਵਿੱਚ ਕਿਸਾਨਾਂ 'ਤੇ ਹੋਏ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਿਆ ਕੀਤੀ ਗਈ ਤੇ ਖੱਟਰ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਫੁੰਮਣ ਸਿੰਘ, ਸੁਖਦੇਵ ਸਿੰਘ, ਰਾਜ ਕੁਮਾਰ, ਕ੍ਰਿਸ਼ਨ ਲਾਲ, ਸਵਰਨ ਸਿੰਘ, ਪ੍ਰੀਤਮ ਸਿੰਘ, ਅਵਤਾਰ ਸਿੰਘ ਆਦਿ ਹਾਜ਼ਰ ਸਨ।

## ਵਿਦਿਆਰਥੀ ਨੇ ਪੀ ਟੀ ਈ 'ਚੋਂ 63 ਸਕੋਰ ਪ੍ਰਾਪਤ ਕੀਤੇ



**ਬਾਘਾਪੁਰਾਣਾ (ਮਨੀ ਸਿੰਗਲਾ)**-ਜੇ.ਐੱਮ.ਐੱਸ ਇਮੀਗ੍ਰੇਸ਼ਨ ਦੇ ਵਿਦਿਆਰਥੀ ਗੁਰਵੀਰ ਸਿੰਘ ਸਪੁੱਤਰ ਮੱਖਣ ਸਿੰਘ ਵਾਸੀ ਰੋਡੇ (ਮੋਗਾ) ਨੇ ਬਹੁਤ ਹੀ ਘੱਟ ਸਮੇਂ ਵਿੱਚ ਲਿਸਨਿੰਗ 65, ਰੀਡਿੰਗ 58, ਰਾਈਟਿੰਗ 62, ਸਪੀਕਿੰਗ 68 ਤੇ ਓਵਰਆਲ 63 ਸਕੋਰ ਪ੍ਰਾਪਤ ਕਰਕੇ ਸੰਸਥਾ ਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ। ਸੰਸਥਾ ਦੀ ਐੱਮ.ਡੀ ਅੰਮ੍ਰਿਤਪਾਲ ਕੌਰ ਤੇ ਸਟਾਫ਼ ਮੈਂਬਰਾਂ ਨੇ ਵਿਦਿਆਰਥੀ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਵਿਦਿਆਰਥੀਆਂ ਨੂੰ ਜਾਗਰੂਕ ਕਰਦਿਆਂ ਦੱਸਿਆ ਕਿ ਆਈਲੈੱਟਸ ਤੇ ਪੀ.ਟੀ.ਈ ਦੇ ਨਵੇਂ ਬੈਚ ਸ਼ੁਰੂ ਹੋ ਚੁੱਕੇ ਹਨ, ਗਰਮੀ ਦੀਆਂ ਛੁੱਟੀਆਂ ਦੇ ਮੱਦੇਨਜ਼ਰ ਵਿਦਿਆਰਥੀਆਂ ਨੂੰ ਫ਼ੀਸ ਵਿੱਚ ਭਾਰੀ ਛੋਟ ਦਿੱਤੀ ਜਾ ਰਹੀ ਹੈ।

## 'ਵਰਸਿਟੀ ਦੀਆਂ ਸ਼ਰਤਾਂ ਨੂੰ ਲੈ ਕੇ ਨਰਸਿੰਗ ਕਾਲਜਾਂ ਦੇ ਪ੍ਰਧਾਨ ਨੇ ਸੰਧਵਾਂ ਨੂੰ ਸੌਂਪਿਆ ਮੰਗ ਪੱਤਰ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਪੰਜਾਬ ਭਰ ਦੇ ਨਰਸਿੰਗ ਕਾਲਜਾਂ ਦੀਆਂ ਮੁਸ਼ਕਲਾਂ ਤੋਂ ਜਾਣੂ ਕਰਾਉਣ ਦੇ ਨਾਲ-ਨਾਲ ਬਾਬਾ ਫ਼ਰੀਦ ਹੈਲਥ ਐਂਡ ਸਾਇੰਸਿਜ ਯੂਨੀਵਰਸਿਟੀ ਵੱਲੋਂ ਪੰਜਾਬ ਭਰ ਦੇ ਨਰਸਿੰਗ ਦੀ ਪੜ੍ਹਾਈ ਕਰਨ ਵਾਲੇ ਵਿਦਿਆਰਥੀਆਂ ਲਈ ਰੱਖੇ ਟੈੱਸਟ ਨਾਲ ਹੋਣ ਵਾਲੇ ਨੁਕਸਾਨ ਸਬੰਧੀ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਨੂੰ ਲਿਖਤੀ ਪੱਤਰ ਸੌਂਪਦਿਆਂ ਨਰਸਿੰਗ ਟ੍ਰੇਨਿੰਗ ਇੰਸਟੀਚਿਊਟ ਐਸੋਸੀਏਸ਼ਨ ਪੰਜਾਬ ਦੇ ਸੂਬਾਈ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਯੂਨੀਵਰਸਿਟੀ ਦੀਆਂ ਉਕਤ ਸ਼ਰਤਾਂ ਨਾਲ ਪੰਜਾਬ ਤੋਂ ਬਾਹਰਲੇ ਵਿਦਿਆਰਥੀਆਂ ਦਾ ਆਉਣਾ ਰੁਕ ਸਕਦਾ ਹੈ, ਜਿਸ ਨਾਲ ਸਰਕਾਰ ਦੀ ਆਮਦਨ ਤੇ ਨਰਸਿੰਗ ਕਾਲਜਾਂ ਲਈ ਆਰਥਿਕ ਸੰਕਟ ਦੀ ਮੁਸੀਬਤ ਖੜੀ ਹੋ ਸਕਦੀ ਹੈ। ਸਪੀਕਰ ਸੰਧਵਾਂ ਨਾਲ ਮੀਟਿੰਗ ਦੌਰਾਨ ਡਾ. ਢਿੱਲੋਂ ਨੇ ਦੱਸਿਆ ਕਿ ਨਰਸਿੰਗ ਦਾ ਕਿੱਤਾ ਅਹਿਮ ਹੋਣ ਕਰਕੇ ਪੰਜਾਬ ਭਰ ਵਿੱਚ ਉੱਭਰ ਕੇ ਸਾਹਮਣੇ ਆ ਰਿਹਾ ਹੈ, ਕਿਉਂਕਿ ਕੋਵਿਡ ਤੋਂ ਬਾਅਦ ਮਹਿਸੂਸ ਹੋਇਆ ਕਿ ਸਿਰਫ਼ ਭਾਰਤ ਦੇਸ਼ ਨੂੰ ਹੀ 40 ਲੱਖ ਤੋਂ ਜ਼ਿਆਦਾ ਨਰਸਾਂ ਦੀ ਜ਼ਰੂਰਤ ਹੈ, ਜਦਕਿ ਵਿਦੇਸ਼ਾਂ 'ਚ ਵੀ ਨਰਸਿੰਗ ਦੀਆਂ ਡਿਗਰੀਆਂ ਪ੍ਰਾਪਤ ਕਰਨ ਵਾਲੇ ਨੌਜਵਾਨਾ ਦੀ ਮੰਗ ਵਧ ਰਹੀ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਯੂਨੀਵਰਸਿਟੀ ਵਲੋਂ ਨਰਸਿੰਗ ਦੀ ਪੜਾਈ ਕਰਨ ਵਾਲੇ ਹਰ ਵਿਦਿਆਰਥੀ ਲਈ ਟੈੱਸਟ ਜ਼ਰੂਰੀ ਕਰ ਦੇਣ ਨਾਲ ਪੰਜਾਬ ਤੋਂ ਇਲਾਵਾ ਗੁਆਂਢੀ ਰਾਜਾਂ ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼, ਹਰਿਆਣਾ, ਰਾਜਸਥਾਨ ਸਮੇਤ ਦਿੱਲੀ, ਯੂ.ਪੀ, ਬਿਹਾਰ, ਮਹਾਂਰਾਸ਼ਟਰ ਤੇ ਆਂਧਰਾ ਪ੍ਰਦੇਸ਼ ਦੇ ਵਿਦਿਆਰਥੀ ਪੰਜਾਬ 'ਚ ਆਉਣ ਤੋਂ ਸੰਕੋਚ ਕਰਨਗੇ, ਜਿਸ ਨਾਲ ਜਿੱਥੇ ਸਰਕਾਰ ਦੀ ਕਰੋੜਾਂ ਰੁਪਏ ਦੀ ਆਮਦਨ ਪ੍ਰਭਾਵਤ ਹੋਵੇਗੀ, ਉੱਥੇ ਨਰਸਿੰਗ ਕਾਲਜ ਵੀ ਆਰਥਿਕ ਸੰਕਟ ਦਾ ਸ਼ਿਕਾਰ ਹੋ ਸਕਦੇ ਹਨ, ਕਿਉਂਕਿ ਨਰਸਿੰਗ ਕਾਲਜਾਂ ਵਾਲੇ ਆਪਣੇ ਤੌਰ 'ਤੇ ਸੀਟਾਂ ਪੂਰੀਆਂ ਕਰਦੇ ਹਨ। ਸਪੀਕਰ ਸੰਧਵਾਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਇਸ ਮੁੱਦੇ 'ਤੇ ਜਲਦ ਮੁੱਖ ਮੰਤਰੀ ਤੇ ਸਿਹਤ ਮੰਤਰੀ ਨਾਲ ਗੱਲਬਾਤ ਕਰਕੇ ਸਮੱਸਿਆ ਦਾ ਹੱਲ ਜ਼ਰੂਰ ਕਰਾਉਣਗੇ।

## ਲੋਕ ਭਲਾਈ ਦੇ ਕੰਮ ਕਰਕੇ ਸਾਡੇ ਦਿਲ ਨੂੰ ਸਕੂਨ ਮਿਲਦਾ : ਗੁਰਦੀਪ

**ਬਰੇਟਾ (ਰੀਤਵਾਲ)**-ਕਾਲੀ ਮਾਤਾ ਮੰਡਲ ਵੱਲੋ ਲੋਕ ਭਲਾਈ ਦੇ ਕੰਮਾਂ 'ਚ ਵਧ-ਚੜ੍ਹ ਕੇ ਹਿੱਸਾ ਲਿਆ ਜਾ ਰਿਹਾ ਹੈ। ਮੰਡਲ ਦੇ ਮੈਂਬਰਾਂ ਵੱਲੋਂ ਹਰ ਮੰਗਲਵਾਰ ਨੂੰ ਬਜਰੰਗ ਬਲੀ ਦੀ ਸੇਵਾ ਪਿੰਡ ਬਖਸ਼ੀਵਾਲਾ ਵਿਖੇ ਬਾਦਰਾਂ ਨੂੰ ਛੋਲੇ ਰੋਟੀਆਂ, ਪੂਰੀਆਂ, ਕੇਲੇ ਅਤੇ ਹੋਰ ਖਾਣ ਵਾਲੀਆਂ ਚੀਜ਼ਾਂ ਪਾ ਕੇ ਕੀਤੀ ਜਾ ਰਹੀ ਹੈ।

ਇਸ ਤੋਂ ਇਲਾਵਾ ਮੰਡਲ ਦੇ ਮੈਂਬਰਾਂ ਵੱਲੋਂ ਹਰ ਸ਼ਨੀਵਾਰ ਨੂੰ ਕਾਲੀ ਮਾਤਾ ਮੰਦਰ ਪਟਿਆਲਾ ਵਿਖੇ ਪਾਣੀ ਦੀ ਛਬੀਲ ਲਗਾ ਕੇ ਸੇਵਾ ਕੀਤੀ ਜਾ ਰਹੀ ਹੈ। ਮੰਡਲ ਦੇ ਆਗੂ ਗੁਰਦੀਪ ਸ਼ਰਮਾ ਤੇ ਜੱਗੀ ਮੰਡੇਰ ਨੇ ਕਿਹਾ ਅਜਿਹੇ ਲੋਕ ਭਲਾਈ ਦੇ ਕੰਮ ਕਰਕੇ ਸਾਡੇ ਦਿਲ ਨੂੰ ਬਹੁਤ ਸਕੂਨ ਮਿਲਦਾ ਹੈ।

ਇਸ ਮੌਕੇ ਮਣੀ ਬਰੇਟਾ, ਧਰਮਾ ਸਿੰਘ, ਸੋਨੀ ਸਿੰਘ, ਮਨਿੰਦਰ ਸ਼ਰਮਾ ਤੇ ਹੋਰ ਮੰਡਲ ਮੈਂਬਰ ਹਾਜ਼ਰ ਸਨ।



## ਆਦਰਸ਼ ਸਕੂਲ ਮੁਲਾਜ਼ਮ ਯੂਨੀਅਨ ਦਾ ਸੂਬਾਈ ਵਫ਼ਦ ਕੈਬਨਿਟ ਸਬ-ਕਮੇਟੀ ਨੂੰ ਮਿਲਿਆ



**ਮਾਨਸਾ (ਆਤਮਾ ਸਿੰਘ)**

ਆਦਰਸ਼ ਸਕੂਲ ਮੁਲਾਜ਼ਮ ਯੂਨੀਅਨ ਪੰਜਾਬ (ਪੀਪੀਪੀ ਤਰਜ਼) ਦੇ ਸੂਬਾਈ ਆਗੂਆਂ ਦਾ ਵਫ਼ਦ ਕੈਬਨਿਟ ਸਬ ਕਮੇਟੀ ਦੇ ਪ੍ਰਮੁੱਖ ਤੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਪੰਜਾਬ ਕੈਬਨਿਟ ਦੀ ਮੀਟਿੰਗ ਉਪਰੰਤ ਮਿਲਿਆ। ਆਗੂਆਂ ਨੇ ਯੂਨੀਅਨ ਦੀਆਂ ਸਮੁੱਚੀਆਂ ਹੱਕੀ ਮੰਗਾਂ ਕੈਬਨਿਟ ਵਜ਼ੀਰਾਂ ਅੱਗੇ ਰੱਖੀਆਂ ਤੇ ਤੁਰੰਤ ਪੂਰੀਆਂ ਕਰਨ ਦੀ ਮੰਗ ਕੀਤੀ ਹੈ। ਵਫ਼ਦ ਵਿੱਚ ਜਥੇਬੰਦੀ ਦੇ ਸੂਬਾ ਪ੍ਰਧਾਨ ਮੱਖਣ ਸਿੰਘ ਬੀਰ, ਜਨਰਲ ਸਕੱਤਰ ਸੁਖਬੀਰ ਸਿੰਘ ਪਾਤੜਾਂ, ਪ੍ਰਚਾਰਕ ਸਕੱਤਰ ਅਮਨਦੀਪ ਸ਼ਾਸ਼ਤਰੀ, ਮੀਡੀਆ ਇੰਚਾਰਜ ਸਲੀਮ ਮੁਹੰਮਦ, ਮੀਤ ਪ੍ਰਧਾਨ ਵਿਸ਼ਾਲ ਭਠੇਜਾ, ਸੂਬਾ ਕਮੇਟੀ ਮੈਂਬਰ ਮੈਡਮ ਪਰਮਿੰਦਰ ਕੌਰ, ਵੀਰਪਾਲ ਕੌਰ, ਕਿਰਨਜੀਤ ਕੌਰ, ਮੋਨਿਕਾ ਅਰੋੜਾ, ਜਗਤਾਰ ਸਿੰਘ ਗੰਢੂਆਂ ਸ਼ਾਮਲ ਸਨ। ਆਗੂਆਂ ਵੱਲੋਂ ਕੈਬਨਿਟ ਸਬ ਕਮੇਟੀ ਅੱਗੇ ਪੇਸ਼ ਮੰਗਾਂ ਨੂੰ/ਪੜ੍ਹਨ/ਸੁਣਨ ਤੋਂ ਬਾਅਦ ਸ੍ਰੀ ਚੀਮਾ, ਧਾਲੀਵਾਲ ਅਤੇ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਆਦਰਸ਼ ਸਕੂਲਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ਼ ਕਰਕੇ ਅਧਿਆਪਕਾਂ ਅਤੇ ਦਰਜਾ ਚਾਰ ਮੁਲਾਜ਼ਮਾਂ ਦੀਆਂ ਨੌਕਰੀਆਂ ਪੱਕੀਆਂ ਕਰਨ ਸਮੇਤ ਹੋਰ ਸਾਰੀਆਂ ਮੰਗਾਂ ਪੂਰੀਆਂ ਕਰੇਗੀ। ਉਨ੍ਹਾਂ ਕਿਹਾ ਕਿ ਥੋੜ੍ਹਾ ਸਮਾਂ ਹੋਰ ਸਬਰ ਜ਼ਰੂਰ ਕਰਨਾ ਪਵੇਗਾ, ਪਰ ਇਹ ਨਿਸਚਿਤ ਹੈ ਕਿ ਮੁਲਾਜ਼ਮਾਂ ਦੀਆਂ ਮੰਗਾਂ ਮੰਨੀਆਂ ਜਾਣਗੀਆਂ। ਉੱਧਰ ਜਥੇਬੰਦੀ ਦੇ ਆਗੂਆਂ ਨੇ ਕਿਹਾ ਹੈ ਕਿ ਜੇਕਰ ਸਰਕਾਰ ਹੋਰ ਟਾਲ ਮਟੋਲ ਕਰੇਗੀ ਤਾਂ ਯੂਨੀਅਨ ਕੋਲ ਤਿੱਖੇ ਘੋਲਾਂ ਤੋਂ ਸਿਵਾਏ ਹੋਰ ਕੋਈ ਰਸਤਾ ਵੀ ਬਾਕੀ ਨਹੀਂ ਬਚਦਾ ਹੈ।

## ਮੋਦੀ ਸਰਕਾਰ ਵਾਅਦੇ ਅਨੁਸਾਰ ਕਿਸਾਨਾਂ ਦੀ ਆਮਦਨ ਦੁੱਗਣੀ ਨਾ ਕਰ ਸਕੀ : ਲੱਖੋਵਾਲ




**ਸਮਰਾਲਾ (ਸੁਰਜੀਤ ਸਿੰਘ)**

ਭਾਰਤੀ ਕਿਸਾਨ ਯੂਨੀਅਨ ਪੰਜਾਬ ਦੀ ਮਹੀਨੇਵਾਰ ਮੀਟਿੰਗ ਅਵਤਾਰ ਸਿੰਘ ਮੇਹਲੋਂ ਸੂਬਾ ਮੀਤ ਪ੍ਰਧਾਨ ਪੰਜਾਬ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਯੂਨੀਅਨ ਦੇ ਅਹੁਦੇਦਾਰ, ਅਗਜ਼ੈਕਟਿਵ ਮੈਂਬਰ ਤੇ ਸਾਰੇ ਜ਼ਿਲ੍ਹਾ ਪ੍ਰਧਾਨ ਸ਼ਾਮਲ ਹੋਏ। ਮੀਟਿੰਗ 'ਚ ਕਿਸਾਨੀ ਮੁੱਦਿਆਂ 'ਤੇ ਵਿਚਾਰਾਂ ਕੀਤੀਆਂ ਗਈਆਂ। ਹਰਿੰਦਰ ਸਿੰਘ ਲੱਖੋਵਾਲ ਜਨਰਲ ਸਕੱਤਰ ਨੇ ਕਿਹਾ ਕਿ ਭਾਜਪਾ ਨੇ ਲੋਕ ਸਭਾ ਦੀਆਂ ਚੋਣਾਂ ਸਮੇਂ ਕਿਸਾਨਾਂ ਦਾ ਸਮੁੱਚਾ ਕਰਜ਼ਾ ਮੁਆਫ਼ ਕਰਨਾ ਤੇ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਅਤੇ ਹਰੇਕ ਫ਼ਸਲ ਐੱਮ.ਐੱਸ.ਪੀ ਤੇ ਖਰੀਦਣ ਤੇ ਡਾ. ਸੁਆਮੀਨਾਥਨ ਦੀ ਰਿਪੋਰਟ ਅਨੁਸਾਰ ਦੇਣ ਦੇ ਵਾਅਦੇ ਕਰਕੇ ਸਰਕਾਰ ਬਣਾਈ ਸੀ, ਪਰ ਹਕੀਕਤ ਵਿਚ ਮੋਦੀ ਸਰਕਾਰ ਨੇ ਨਾ ਕਰਜ਼ਾ ਮੁਆਫ਼ ਕੀਤਾ ਤੇ ਨਾ ਡਾ. ਸੁਆਮੀਨਥਨ ਦੀ ਰਿਪੋਰਟ ਅਨੁਸਾਰ ਫਸਲਾਂ ਦੇ ਭਾਅ ਕਿਸਾਨਾਂ ਨੂੰ ਦਿੱਤੇ।

ਨਿਰਮਲ ਸਿੰਘ ਝੰਡੂਕੇ ਤੇ ਸਰੂਪ ਸਿੰਘ ਰਾਮਾ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਨੇ ਕਿਸਾਨਾਂ ਨਾਲ ਵਾਅਦਾ ਕੀਤਾ ਸੀ ਕਿ ਹਰੇਕ ਫ਼ਸਲ ਐੱਮ.ਐੱਸ.ਪੀ ਤੇ ਖਰੀਦਣ ਦਾ ਪ੍ਰਬੰਧ ਕਰੇਗੀ, ਪਰ ਸਰਕਾਰ ਹੁਣ ਮੰਡੀਆਂ 'ਚ ਆ ਚੁੱਕੀ ਮੂੰਗੀ, ਮੱਕੀ, ਸੂਰਜਮੁਖੀ ਦੀ ਫ਼ਸਲ ਨੂੰ ਐੱਮ.ਐੱਸ.ਪੀ ਤੇ ਹਰੇਕ ਜ਼ਿਲ੍ਹੇ ਵਿੱਚ ਖਰੀਦਣਾ ਸ਼ੁਰੂ ਕਰੇ ਮੰਡੀਆਂ ਵਿੱਚ ਮੱਕੀ 1500 ਤੋਂ 1700 ਰੁ: ਦਾ ਭਾਅ ਪ੍ਰਾਈਵੇਟ ਵਪਾਰੀ ਲਾ ਕੇ ਕਿਸਾਨਾਂ ਦੀ ਲੁੱਟ ਕਰ ਰਹੇ ਹਨ। ਸਰਕਾਰ ਤੁਰੰਤ ਮੱਕੀ ਤੇ ਮੂੰਗੀ ਦੀ ਸਰਕਾਰੀ ਖਰੀਦ ਸ਼ੁਰੂ ਕਰਾਵੇ ਤੇ ਜੋ ਪਿਛਲੇ ਸਮੇਂ ਦੌਰਾਨ ਪੰਜਾਬ ਵਿੱਚ ਗੜ੍ਹੇਮਾਰੀ, ਝੱਖੜ, ਵਬੰਡਰਾਂ ਨਾਲ ਕਣਕ ਤੇ ਬਾਗਾਂ ਦੀਆਂ ਫ਼ਸਲਾਂ ਦਾ ਭਾਰੀ ਨੁਕਸਾਨ ਹੋਇਆ ਸੀ। ਨੁਕਸਾਨੀ ਫ਼ਸਲ ਉੱਪਰ ਪੰਜਾਬ ਸਰਕਾਰ ਨੇ ਮੁਆਵਜ਼ੇ ਦਾ ਐਲਾਨ ਵੀ ਕੀਤਾ ਸੀ, ਪਰ ਹੁਣ ਤੱਕ ਕਿਸਾਨਾਂ ਨੂੰ ਮੁਆਵਜ਼ਾ ਰਾਸ਼ੀ ਨਹੀਂ ਮਿਲੀ ਸਰਕਾਰ ਜਲਦ ਤੋਂ ਜਲਦ ਮੁਆਵਜ਼ਾ ਰਾਸ਼ੀ ਕਿਸਾਨਾਂ ਦੇ ਖਾਤਿਆਂ ਵਿੱਚ ਪਾਵੇ।

ਪਰਮਜੀਤ ਸਿੰਘ ਮਾਣਕਪੁਰ ਤੇ ਪਰਮਿੰਦਰ ਸਿੰਘ ਪਾਲਮਾਜਰਾ ਨੇ ਕਿਹਾ ਕਿ ਝੋਨੇ ਦੇ ਸੀਜ਼ਨ ਨੂੰ ਮੁੱਖ ਰੱਖਦੇ ਹੋਏ ਬਿਜਲੀ ਦੀ ਸਪਲਾਈ ਨਿਰੰਤਰ 10 ਘੰਟੇ ਤੇ ਨਹਿਰੀ ਪਾਣੀ ਹਰੇਕ ਖੇਤ ਤੱਕ ਪੁੱਜਦਾ ਕਰਨ ਦਾ ਵਾਅਦਾ ਪੂਰਾ ਕਰੇ ਅਵਾਰਾ ਪਸ਼ੂਆਂ ਤੇ ਕੁੱਤਿਆਂ ਨੂੰ ਸਾਂਭਣ ਦਾ ਪ੍ਰਬੰਧ ਕਰੇ। ਬੰਦੀ ਸਿੱਖਾਂ ਦੀ ਰਿਹਾਈ ਲਈ ਚੱਲ ਰਹੇ ਮੋਹਾਲੀ ਸੰਘਰਸ਼ ਦੇ ਪ੍ਰਬੰਧਕਾਂ ਨਾਲ ਗੱਲਬਾਤ ਕਰਕੇ ਮਸਲੇ ਦਾ ਹੱਲ ਕਰੇ ਤੇ ਬੰਦੀ ਸਿੱਖ ਤੁਰੰਤ ਰਿਹਾਅ ਕੀਤੇ ਜਾਣ ਤੇ ਕੇਂਦਰ ਸਰਕਾਰ ਨੇ ਕਰਨਾਲ ਵਿੱਚ ਸੂਰਜਮੁਖੀ ਦੀ ਫ਼ਸਲ ਤੇ ਐੱਮ.ਐੱਸ.ਪੀ ਦੀ ਮੰਗ ਕਰ ਰਹੇ ਕਿਸਾਨਾਂ ਉੱਪਰ ਜੋ ਲਾਠੀਚਾਰਜ ਕੀਤਾ ਹੈ ਤੇ ਕਿਸਾਨ ਨੇਤਾ ਗੁਰਨਾਮ ਸਿੰਘ ਚੜੂਨੀ ਦੀ ਗ੍ਰਿਫਤਾਰੀ ਕੀਤੀ ਹੈ, ਉਸ ਦੀ ਯੂਨੀਅਨ ਘੋਰ ਨਿੰਦਾ ਕਰਦੀ ਹੈ ਤੇ ਉਨ੍ਹਾਂ ਦੇ ਸਮਰਥਨ ਵਜੋਂ 12 ਜੂਨ ਨੂੰ ਕਰਨਾਲ ਵਿੱਚ ਭਾਰੀ ਇਕੱਤਰਤਾ ਕੀਤੀ ਜਾ ਰਹੀ ਹੈ।

# ਸ਼ਾਹ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਹੋਏ ਨਤਮਸਤਕ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਭਾਜਪਾ ਦੇ ਚਾਣਕਿਆ ਵਜੋਂ ਜਾਣੇ ਜਾਂਦੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤਖਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਵਿਖੇ ਨਤਮਸਤਕ ਹੋਏ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਏਅਰਪੋਰਟ ਤੋਂ ਅਮਿਤ ਸ਼ਾਹ ਦਾ ਕਾਫਲਾ ਗੁਰਦੁਆਰਾ ਸਾਹਿਬ ਦੇ ਗੇਟ ਨੰਬਰ 2 'ਤੇ ਪੁੱਜਣ ਉਪਰੰਤ ਗੁਰਦੁਆਰਾ ਸੱਚਖੰਡ ਬੋਰਡ ਦੇ ਪ੍ਰਸ਼ਾਸਨਿਕ ਅਧਿਕਾਰੀ ਡਾ. ਪਰਵਿੰਦਰ ਸਿੰਘ ਪਸਰੀਚਾ, ਮਨਜਿੰਦਰ ਸਿੰਘ ਸਿਰਸਾ ਸੀਨੀਅਰ ਬੀਜੇਪੀ ਨੇਤਾ ਅਤੇ ਜਸਬੀਰ ਸਿੰਘ ਧਾਮ ਨੇ ਉਨ੍ਹਾਂ ਨੂੰ ਜੀ ਆਇਆਂ ਕਿਹਾ ਅਤੇ ਨਿੱਘਾ ਸਵਾਗਤ ਕੀਤਾ।

ਤਖ਼ਤ ਸੱਚਖੰਡ ਸਾਹਿਬ ਵਿਖੇ ਸ੍ਰੀ ਅਮਿਤ ਸ਼ਾਹ ਦਾ ਸਨਮਾਨ ਕੀਤਾ ਗਿਆ। ਇਸ ਸਮੇਂ ਦਵਿੰਦਰ ਫੜਨਵੀਸ ਡਿਪਟੀ ਮੁੱਖ ਮੰਤਰੀ ਮਹਾਰਾਸ਼ਟਰ, ਪ੍ਰਤਾਪ ਰਾਵ ਚਿਖਲੀਕਰ ਐਮ.ਪੀ. ਨਾਂਦੇੜ, ਬੀਜੇਪੀ ਦੇ ਹੋਰ ਉੱਘੇ ਕੇਂਦਰੀ ਤੇ ਰਾਜ ਪੱਧਰ ਦੇ ਲੀਡਰ ਸਾਹਿਬਾਨ ਨੇ ਵੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਇਸ ਇਤਿਹਾਸਕ ਅਸਥਾਨ 'ਤੇ ਮੱਥਾ ਟੇਕਿਆ ਤੇ ਆਸ਼ੀਰਵਾਦ ਹਾਸਲ ਕੀਤਾ।

ਇਸ ਮੌਕੇ ਗੁਰਦੁਆਰਾ ਸੱਚਖੰਡ ਬੋਰਡ ਦੇ ਸੁਪਰਡੈਂਟ ਨਾਨ ਸਿੰਘ ਬੁੰਗਈ, ਸ਼ਰਨ ਸਿੰਘ ਸੋਢੀ ਜੁਆਇੰਟ ਸੁਪਰਡੈਂਟ, ਸਹਾਇਕ ਸੁਪਰਡੈਂਟ, ਜੈਮਲ ਸਿੰਘ ਢਿੱਲੋਂ ਪੀ. ਏ. ਪ੍ਰਸ਼ਾਸਕ ਸਾਹਿਬ ਤੇ ਸਹਾ, ਸੁਪਰਡੈਂਟ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ ।

# ਵੱਖ-ਵੱਖ ਜਥੇਬੰਦੀਆਂ ਨੇ ਥਾਣੇ ਸਾਹਮਣੇ ਕੀਤਾ ਚੱਕਾ ਜਾਮ



ਮੇਹਟੀਆਣਾ (ਜਗਤਾਰ ਭੁੰਗਰਨੀ) ਇੱਥੇ ਵੱਖ ਵੱਖ ਜਥੇਬੰਦੀਆਂ ਵੱਲੋਂ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੂੰ ਮੰਗ ਪੱਤਰ ਦੇਣ ਦੇ ਬਾਵਜੂਦ ਅਜੇ ਤੱਕ ਗੁੱਜਰ ਭਾਈਚਾਰੇ ਵੱਲੋਂ ਕਿਸਾਨਾਂ ਦੀਆਂ ਫਸਲਾਂ ਦੇ ਕੀਤੇ ਜਾ ਰਹੇ ਉਜਾੜੇ, ਸੜਕਾਂ ਤੇ ਹੋਰਨਾਂ ਜਨਤਕ ਥਾਵਾਂ 'ਤੇ ਲਗਾਏ ਬੂਟਿਆਂ ਦੇ ਨੁਕਸਾਨ ਤੇ ਸਰੇਆਮ ਸੜਕਾਂ 'ਤੇ ਪਸ਼ੂਆਂ ਨੂੰ ਘੁਮਾਉਣ ਦੇ ਚਲਦਿਆਂ ਵਾਪਰ ਰਹੇ ਹਾਦਸਿਆਂ ਨੂੰ ਰੋਕਣ ਲਈ ਪ੍ਰਸ਼ਾਸਨ ਵੱਲੋਂ ਕੋਈ ਵੀ ਪੁਖਤਾ ਕਾਰਵਾਈ ਨਹੀਂ ਕੀਤੀ ਗਈ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਮੂਹ ਨਗਰ ਵਾਸੀਆਂ, ਗ੍ਰਾਮ ਪੰਚਾਇਤਾਂ ਤੇ ਵੱਖ ਵੱਖ ਜਥੇਬੰਦੀਆਂ ਦੇ ਸਹਿਯੋਗ ਨਾਲ ਹੁਸ਼ਿਆਰਪੁਰ-ਫਗਵਾੜਾ ਮਾਰਗ 'ਤੇ ਥਾਣਾ ਮੇਹਟੀਆਣਾ ਸਾਹਮਣੇ ਚੱਕਾ ਜਾਮ ਕਰਕੇ ਥਾਣਾ ਮੁਖੀ ਇੰਸਪੈਕਟਰ ਹਰਦੇਵਪ੍ਰੀਤ ਸਿੰਘ ਨੂੰ ਯਾਦ ਪੱਤਰ ਦੇਣ ਮੌਕੇ ਲਗਾਏ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਦੋਆਬਾ ਜਨਰਲ ਕੈਟਾਗਰੀਜ ਫਰੰਟ ਪੰਜਾਬ ਦੇ ਪ੍ਰਧਾਨ ਬਲਵੀਰ ਸਿੰਘ ਫੁਗਲਾਨਾ ਤੇ ਜਨਰਲ ਸਕੱਤਰ ਜਗਤਾਰ ਸਿੰਘ ਭੁੰਗਰਨੀ ਨੇ ਕੀਤਾ। ਉਨ੍ਹਾਂ ਕਿਹਾ ਕਿ ਇਲਾਕੇ ਦੇ ਵੱਖ-ਵੱਖ ਮੁੱਦਿਆਂ 'ਤੇ ਗੁੱਜਰ ਭਾਈਚਾਰੇ ਵੱਲੋਂ ਸਰੇਆਮ ਸੜਕਾਂ, ਪਿੰਡ ਦੀਆਂ ਗਰਾਊਡਾਂ, ਸਮਸ਼ਾਨਘਾਟਾਂ, ਫਸਲਾਂ ਦੇ ਉਜਾੜੇ ਸੰਬੰਧੀ ਡਿਪਟੀ ਕਮਿਸ਼ਨਰ, ਐੱਸ ਐੱਸ ਪੀ ਤੇ ਹੋਰ ਅਧਿਕਾਰੀਆਂ ਨੂੰ ਮੰਗ ਪੱਤਰ ਦੇਣ ਦੇ ਬਾਵਜੂਦ ਕਿਸੇ ਵੀ ਸਮੱਸਿਆ ਦਾ ਹੱਲ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਜਦੋਂ ਕੋਈ ਵੀ ਕਿਸਾਨ ਆਪਣੇ ਉਜਾੜੇ ਸੰਬੰਧੀ ਗੱਲ ਕਰਦਾ ਹੈ ਤਾਂ ਉਕਤ ਭਾਈਚਾਰਾ ਜਨਾਨੀਆਂ ਨੂੰ ਸਾਹਮਣੇ ਕਰ ਦਿੰਦਾ ਹੈ ਜਿਸ ਕਾਰਨ ਦੂਜੀ ਧਿਰ ਚੁੱਪ ਰਹਿਣ 'ਚ ਭਲਾਈ ਸਮਝਦੀ ਹੈ। ਉਨ੍ਹਾਂ ਕਿਹਾ ਕਿ ਸਮੂਹ ਜਥੇਬੰਦੀਆਂ ਇਹ ਮੰਗ ਕਰਦੀਆਂ ਹਨ ਕਿ ਪਸ਼ੂਆਂ ਨੂੰ ਆਪਣੇ ਡੇਰਿਆਂ ਜਾਂ ਘਰਾਂ 'ਚ ਬੰਨ੍ਹ ਕੇ ਹੀ ਰੱਖਿਆ ਜਾਵੇ ਤਾਂ ਜੋ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ। ਇਸ ਮੌਕੇ ਸਾਹਿਬਜਾਦਾ ਬਾਬਾ ਫਤਿਹ ਸਿੰਘ ਤਰਨਾ ਦਲ ਬਜਵਾੜਾ, ਕੰਢੀ ਕਿਰਸਾਨ ਯੂਨੀਅਨ ਪੰਜਾਬ, ਮਾਤਾ ਅਮਰ ਕੌਰ ਚਰਨ ਕੌਰ ਵੈੱਲਫੇਅਰ ਸੁਸਾਇਟੀ ਭੁੰਗਰਨੀ, ਜਮਹੂਰੀ ਕਿਸਾਨ ਸਭਾ ਪੰਜਾਬ, ਕੰਢੀ ਕਿਸਾਨ ਯੂਨੀਅਨ ਪੰਜਾਬ ਆਦਿ ਜਥੇਬੰਦੀਆਂ ਦੇ ਆਗੂਆਂ ਸਮੇਤ ਸਰਪੰਚ ਸੁਖਵਿੰਦਰ ਸਿੰਘ ਡਰੋਲੀ ਖੁਰਦ, ਜਗਜੀਤ ਸਿੰਘ, ਰਘੁਵੀਰ ਸਿੰਘ ਹਰਮੋਇਆਂ, ਬਲਵਿੰਦਰ ਸਿੰਘ ਗਿੱਲ, ਨੰਬਰਦਾਰ ਸਰਨਜੀਤ ਸਿੰਘ, ਨੰਬਰਦਾਰ ਤਰਲੋਚਨ ਸਿੰਘ ਪੱਟੀ, ਜਸਪਾਲ ਸਿੰਘ ਮੰਡੇਰ, ਬਰਿੰਦਰ ਸਿੰਘ ਭਿੰਡਰ, ਸਰਜਿੰਦਰ ਸਿੰਘ ਕਿੰਗ, ਜਸਵਿੰਦਰ ਸਿੰਘ ਸੰਘਾ, ਮਾ. ਅਵਤਾਰ ਸਿੰਘ ਮੋਨਾ ਕਲਾਂ, ਗੁਰਦਿਆਲ ਸਿੰਘ ਪੰਡੋਰੀ, ਸਰਪੰਚ ਸੋਢੀ ਰਾਮ ਬਡਿਆਲ, ਨੰਬਰਦਾਰ ਸਤਨਾਮ ਸਿੰਘ ਪੰਜੌੜ, ਭੁਪਿੰਦਰ ਸਿੰਘ ਬਿੰਦਾ ਮੇਹਟੀਆਣਾ ,ਅਵਤਾਰ ਸਿੰਘ ਨੰਬਰਦਾਰ,ਬਲਵਿੰਦਰ ਸਿੰਘ ਭਾਮ, ਅਜੀਤ ਸਿੰਘ ਖਨੌੜਾ, ਗੁਰਦਿਆਲ ਸਿੰਘ ਪੰਡੋਰੀ ਕੱਦ ਕਰਮਜੀਤ ਸਿੰਘ ਅਟਵਾਲ, ਸਤਨਾਮ ਸਿੰਘ ਸ਼ਿੰਦੂ ਆਦਿ ਸਮੇਤ ਵੱਡੀ ਗਿਣਤੀ 'ਚ ਇਲਾਕਾ ਵਾਸੀ ਹਾਜ਼ਰ ਸਨ।

# ਪੰਜਾਬ ਬੰਦ ਨੂੰ ਸਾਡਾ ਪੂਰਾ ਸਮਰਥਨ: ਨਾਹਰ

ਜਲੰਧਰ (ਨਜ਼ਸ)—ਦਿਹਾਤੀ ਮਜ਼ਦੂਰ ਸਭਾ ਪੰਜਾਬ, ਦਲਿਤ ਸੰਗਠਨਾਂ ਦੇ 12 ਜੂਨ ਦੇ ਪੰਜਾਬ ਬੰਦ ਦੇ ਸੱਦੇ ਦਾ ਪੂਰਨ ਸਮਰਥਨ ਕਰੇਗੀ।

ਉਕਤ ਐਲਾਨ ਅੱਜ ਇੱਥੋਂ ਜਾਰੀ ਇੱਕ ਸਾਂਝੇ ਬਿਆਨ ਰਾਹੀਂ ਸੂਬਾ ਪ੍ਰਧਾਨ ਦਰਸ਼ਨ ਨਾਹਰ, ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ, ਵਿੱਤ ਸਕੱਤਰ ਮਹੀਪਾਲ ਅਤੇ ਪ੍ਰੈੱਸ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਕੀਤਾ ਹੈ। ਸੂਬਾਈ ਆਗੂਆਂ ਨੇ ਕਿਹਾ ਕਿ ਦਿਹਾਤੀ ਮਜ਼ਦੂਰ ਸਭਾ ਝੂਠੇ ਜਾਤੀ ਦਸਤਾਵੇਜ਼ਾਂ ਰਾਹੀਂ ਰਾਖਵਾਂਕਰਨ ਦਾ ਲਾਭ ਲੈਣ ਵਾਲਿਆਂ ਖਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੇ ਜਾਣ ਦੀ ਅਤਿ ਵਾਜਬ ਮੰਗ ਦੀ ਪੂਰਤੀ ਲਈ ਚੱਲ ਰਹੇ ਹੱਕੀ ਘੋਲ ਦੀ ਵੀ ਮੁਕੰਮਲ ਹਿਮਾਇਤ ਦਾ ਐਲਾਨ ਕਰਦੀ ਹੈ।

ਆਗੂਆਂ ਨੇ ਕਿਹਾ ਕਿ ਉਕਤ ਮੰਗ ਪੂਰੀ ਕਰਵਾਉਣ ਲਈ ਮੁੱਖ ਮੰਤਰੀ ਨਾਲ ਮੁਲਾਕਾਤ ਦੇ ਚਾਹਵਾਨ ਆਗੂਆਂ ਨਾਲ ਮਾਨਸਾ ਵਿਖੇ ਪੁਲਸ ਵੱਲੋਂ ਕੀਤਾ ਗਿਆ ਦੁਰਵਿਹਾਰ ਸਿਰੇ ਦਾ ਧੱਕੜਸ਼ਾਹ ਅਤੇ ਮੰਦਭਾਗਾ ਵਰਤਾਰਾ ਹੈ।

# ਸਿਵਲ ਹਸਪਤਾਲ ਫਾਜ਼ਿਲਕਾ ਬਣਿਆ ਚੋਰਾਂ ਦਾ ਅੱਡਾ



ਫਾਜ਼ਿਲਕਾ, (ਕ੍ਰਿਸ਼ਨ ਸਿੰਘ)-ਫਾਜ਼ਿਲਕਾ 'ਚ ਚੋਰੀ ਦੀਆਂ ਘਟਨਾਵਾਂ ਰੁਕਣ ਦਾ ਨਾਂ ਨਹੀਂ ਲੈ ਰਹੀਆਂ ਹਨ। ਪਿਛਲੇ ਲੰਮੇ ਸਮੇਂ ਤੋਂ ਸਿਵਲ ਹਸਪਤਾਲ ਵਿੱਚ ਵੀ ਚੋਰੀ ਦੀਆਂ ਕਈ ਘਟਨਾਵਾਂ ਸਾਹਮਣੇ ਆ ਚੁੱਕੀਆਂ ਹਨ। ਇਸੇ ਤਰ੍ਹਾਂ ਸ਼ਨੀਵਾਰ ਨੂੰ ਸਿਵਲ ਹਸਪਤਾਲ 'ਚ ਇਕ ਵਿਅਕਤੀ ਦਾ ਮੋਟਰਸਾਈਕਲ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਇਸ ਵਿਅਕਤੀ ਨੇ ਇੱਥੇ ਪਾਰਕਿੰਗ ਦੀ ਪਰਚੀ ਵੀ ਕਟਾਈ ਹੋਈ ਸੀ। ਇਸ ਤੋਂ ਬਾਅਦ ਵੀ ਚੋਰੀ ਹੋਣ ਦੀ ਘਟਨਾ ਪਰਚੀ ਠੇਕੇਦਾਰਾਂ 'ਤੇ ਸਵਾਲ ਖੜ੍ਹੇ ਕਰਦੀ ਹੈ। ਜਾਣਕਾਰੀ ਦਿੰਦਿਆਂ ਪਿੰਡ ਹਸਤਾ ਕਲਾਂ ਦੇ ਵਾਸੀ ਕਸ਼ਮੀਰ ਸਿੰਘ ਅਤੇ ਰਾਜੂ ਨੇ ਦੱਸਿਆ ਕਿ ਉਹ ਸ਼ਨੀਵਾਰ ਸਵੇਰੇ 9 ਵਜੇ ਦੇ ਕਰੀਬ ਇਲਾਜ ਲਈ ਸਿਵਲ ਹਸਪਤਾਲ ਆਏ ਸਨ। ਹਸਪਤਾਲ ਦੇ ਗੇਟ ਅੰਦਰ ਦਾਖਲ ਹੁੰਦਿਆਂ ਹੀ ਉਥੇ ਮੌਜੂਦ ਪਾਰਕਿੰਗ ਠੇਕੇਦਾਰ ਦੇ ਮੁਲਾਜ਼ਮਾਂ ਨੇ ਉਸ ਦੀ ਪਰਚੀ ਕੱਟ ਦਿੱਤੀ। ਜਿਸ 'ਤੇ ਕਲਰਕ ਪਾਰਕਿੰਗ ਲਿਖਿਆ ਹੋਇਆ ਸੀ। ਇਸ 'ਤੇ ਸੀਰੀਅਲ ਨੰਬਰ 2972 ਲਿਖਿਆ ਹੋਇਆ ਸੀ ਅਤੇ ਇਸ 'ਤੇ ਨਾ ਤਾਂ ਕਿਸੇ ਦਾ ਨਾਂ ਅਤੇ ਨਾ ਹੀ ਕਿਸੇ ਦਾ ਮੋਬਾਈਲ ਨੰਬਰ ਲਿਖਿਆ ਹੋਇਆ ਸੀ। ਇਸ ਤੋਂ ਬਾਅਦ ਹਸਪਤਾਲ ਤੋਂ ਡਾਕਟਰ ਨੂੰ ਦਿਖਾ ਕੇ ਜਦੋਂ ਉਹ ਦੁਪਹਿਰ 2:30 ਵਜੇ ਦੇ ਕਰੀਬ ਬਾਹਰ ਆਇਆ ਤਾਂ ਦੇਖਿਆ ਕਿ ਉਥੋਂ ਉਸ ਦਾ ਮੋਟਰਸਾਈਕਲ ਚੋਰੀ ਹੋ ਚੁੱਕਾ ਸੀ। ਉਸ ਨੇ ਦੱਸਿਆ ਕਿ ਉਸ ਨੇ ਆਪਣੇ ਸਾਈਕਲ ਦੀ ਪਾਰਕਿੰਗ ਪਰਚੀ ਵੀ ਕਟਾਈ ਹੋਈ ਸੀ ਅਤੇ ਆਪਣੀ ਮੋਟਰਸਾਈਕਲ ਸਿਵਲ ਹਸਪਤਾਲ ਦੀ ਓ ਪੀ ਡੀ ਦੇ ਸਾਹਮਣੇ ਖੜ੍ਹੀ ਕਰ ਦਿੱਤੀ ਸੀ। ਉਸ ਨੇ ਇਹ ਵੀ ਦੱਸਿਆ ਕਿ ਉਸ ਨੇ ਇਹ ਸਾਈਕਲ ਆਪਣੇ ਪਿੰਡ ਦੇ ਕਿਸੇ ਵਿਅਕਤੀ ਤੋਂ ਮੰਗਿਆ ਸੀ ਅਤੇ ਹੁਣ ਜਦੋਂ ਇਹ ਚੋਰੀ ਹੋ ਗਿਆ ਹੈ ਤਾਂ ਉਸ ਨੂੰ ਇਸ ਦਾ ਖਮਿਆਜ਼ਾ ਭੁਗਤਣਾ ਪਵੇਗਾ। ਉਸ ਵੱਲੋਂ ਥਾਣਾ ਸਿਟੀ ਫਾਜ਼ਿਲਕਾ ਵਿਖੇ ਸ਼ਿਕਾਇਤ ਦਿੱਤੀ ਗਈ ਹੈ। ਦੂਜੇ ਪਾਸੇ ਜਦੋਂ ਇਸ ਸੰਬੰਧੀ ਸੰਬੰਧਤ ਪਾਰਕਿੰਗ ਪਰਚੀ ਦੇ ਠੇਕੇਦਾਰ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਸਿਵਲ ਹਸਪਤਾਲ ਦੀ ਪਾਰਕਿੰਗ ਦਾ ਠੇਕਾ ਉਨ੍ਹਾਂ ਕੋਲ ਨਹੀਂ ਹੈ ਅਤੇ ਇਸ ਦਾ ਠੇਕਾ ਕਿਸੇ ਹੋਰ ਨਾਲ ਹੈ। ਇਸੇ ਕਰਕੇ ਇਹ ਪਰਚੀ ਉਸ ਵੱਲੋਂ ਜਾਂ ਉਸ ਦੇ ਕਿਸੇ ਮੁਲਾਜ਼ਮ ਵੱਲੋਂ ਨਹੀਂ ਕੱਟੀ ਗਈ। ਪਾਰਕਿੰਗ ਠੇਕੇਦਾਰ ਨੇ ਇਹ ਪਰਚੀ ਜਾਅਲੀ ਹੋਣ ਦਾ ਖਦਸ਼ਾ ਵੀ ਪ੍ਰਗਟਾਇਆ ਹੈ। ਦੂਜੇ ਪਾਸੇ ਜਦੋਂ ਇਸ ਸੰਬੰਧੀ ਸਿਵਲ ਹਸਪਤਾਲ ਫਾਜ਼ਿਲਕਾ ਦੇ ਪਾਰਕਿੰਗ ਠੇਕੇਦਾਰ ਨਾਲ ਫੋਨ 'ਤੇ ਸੰਪਰਕ ਕੀਤਾ ਗਿਆ ਤਾਂ ਉਨ੍ਹਾ ਆਪਣਾ ਫੋਨ ਨਹੀਂ ਚੁੱਕਿਆ।

## ਸ਼ਾਹ ਤੇ ਨੱਢਾ ਦੀਆਂ ਰੈਲੀਆਂ ਪੰਜਾਬ ਦੇ ਸਿਆਸੀ ਮਾਹੌਲ ਨੂੰ ਬਦਲ ਦੇਣਗੀਆਂ : ਗਰਗ



ਮੋਗਾ (ਅਮਰਜੀਤ ਬੱਬਰੀ)-ਪੰਜਾਬ ਵਿਚ ਭਾਜਪਾ ਵੱਲੋਂ ਆਪਣੀ ਤਾਕਤ ਨੂੰ ਹੋਰ ਮਜ਼ਬੂਤ ਕਰਨ ਲਈ ਜੂਨ ਦੇ ਮਹੀਨੇ ਵਿਚ ਸਾਰੇ ਲੋਕ ਸਭਾ ਹਲਕੇ ਵਿਚ ਰੈਲੀਆਂ ਕੀਤੀਆਂ ਜਾਣਗੀਆਂ। ਜਿਸ ਤਹਿਤ 14 ਜੂਨ ਨੂੰ ਹੁਸ਼ਿਆਰਪੁਰ ਵਿਖੇ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਜੇ.ਪੀ.ਨੱਢਾ ਦੀ ਰੈਲੀ ਅਤੇ 18 ਜੂਨ ਨੂੰ ਗੁਰਦਾਸਪੁਰ ਵਿਖੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਰੈਲੀ ਆਯੋਜਿਤ ਕੀਤੀ ਜਾਵੇਗੀ। ਜਿਸ ਵਿਚ ਕੇਂਦਰੀ ਅਤੇ ਸੂਬਾ ਆਗੂ ਸ਼ਾਮਲ ਹੋ ਕੇ ਦੇਸ਼ ਦੀ ਰਾਜਨੀਤੀ ਬਾਰੇ ਲੋਕਾਂ ਨੂੰ ਜਾਗਰੂਕ ਕਰਨਗੇ। ਇਸ ਦੇ ਨਾਲ ਹੀ 18 ਜੂਨ ਨੂੰ ਫਰੀਦਕੋਟ ਜ਼ਿਲ੍ਹੇ ਦੀ ਲੋਕ ਸਭਾ ਦੇ 9 ਵਿਧਾਨ ਸਭਾ ਹਲਕਿਆਂ ਦੀ ਰੈਲੀ ਮੋਗਾ ਦੀ ਪੁਰਾਣੀ ਦਾਣਾ ਮੰਡੀ ਵਿਖੇ ਆਯੋਜਿਤ ਕੀਤੀ ਜਾਵੇਗੀ। ਜਿਸ ਵਿਚ ਕੇਂਦਰੀ ਆਗੂਆਂ ਦੇ ਨਾਲ-ਨਾਲ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ, ਸੂਬਾ ਸੰਗਠਨ ਮੰਤਰੀ ਸ਼੍ਰੀਨਿਵਾਸਲੂ, ਮਹਾ ਮੰਤਰੀ ਜੀਵਨ ਗੁਪਤਾ ਦੇ ਇਲਾਵਾ ਹੋਰ ਵੀ ਆਗੂ ਸੰਬੋਧਨ ਕਰਨਗੇ। ਇਹ ਜਾਣਕਾਰੀ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ.ਸੀਮਾਂਤ ਗਰਗ ਨੇ ਭਾਜਪਾ ਦੇ ਪੁਰਾਣੀ ਦਾਣਾ ਮੰਡੀ ਸਥਿਤ ਜ਼ਿਲ੍ਹਾ ਦਫਤਰ ਵਿਖੇ ਫਰੀਦਕੋਟ ਲੋਕਸਭਾ ਹਲਕੇ ਦੇ ਆਗੂਆਂ ਦੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪ੍ਰਗਟ ਕੀਤੇ। ਇਸ ਮੌਕੇ ਤੇ ਮਹਾ ਮੰਤਰੀ ਤੇ ਸਾਬਕਾ ਐਸ.ਪੀ. ਮੁਖਤਿਆਰ ਸਿੰਘ, ਮਹਾ ਮੰਤਰੀ ਵਿੱਕੀ ਸਿਤਾਰਾ, ਲਲਿਤ ਮਹਾਜਨ ਲੋਕਸਭਾ ਪ੍ਰਭਾਰੀ ਫਰੀਦਕੋਟ, ਸਾਬਕਾ ਐਮ.ਪੀ. ਕੇਵਲ ਸਿੰਘ, ਹੇਮੰਤ ਸੂਦ ਆਦਿ ਤੋ ਇਲਾਵਾ ਵੱਡੀ ਗਿਣਤੀ ਵਿਚ ਭਾਜਪਾ ਵਰਕਰ ਹਾਜ਼ਰ ਸਨ।

# ਕਲਾਸੀਫਾਈਡ ਇਸ਼ਤਿਹਾਰ

### Public Notice

I, Monika D/o Vijay Kumar R/o VPO. Dhaur, Dhor (10), Dhaur, Jhajjar, Haryana-124201. Declare that Name of My Father has been wrongly written as Vijay Singh in my 10th Class Certificate. The actual name of My Father is Vijay Kumar, which may be amended accordingly. All Please Note.

I Surinder Singh s/o Sant Ram power of attorney on behalf of Giano Sahota declare that Giano Sahota w/o Baljit Singh is my sister in-law and on some documents her name is mentioned as Giano Sahota and on other documents her name is written as Kulwant Kaur. Giano Sahota and Kulwant alias Kulwant Kaur are the name of one and the same person.

### ਆਮ ਸੂਚਨਾ

ਜ਼ੋਰਾ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਘਨੌਰੀ ਕਲਾਂ ਤਹਿਸ਼ੀਲ ਧੂਰੀ (ਸੰਗਰੂਰ) ਦੇ ਨਾਮ ਚਲਦਾ ਮੋਟਰ ਕੁਨੈਕਸ਼ਨ ਖਾਤਾ ਨੰਬਰ 179/ਏਪੀ ਪਾਵਰ 17.5 ਲਖਵੀਰ ਸਿੰਘ ਪੁੱਤਰ ਜ਼ੋਰਾ ਸਿੰਘ ਵਾਸੀ ਘਨੌਰੀ ਕਲਾਂ ਦੇ ਨਾਮ ਕਰਨਾ ਹੈ। ਇਤਰਾਜ਼ਕਰਤਾ 15 ਦਿਨਾਂ ਅੰਦਰ ਸਹਾਇਕ ਇੰਜਨੀਅਰ ਪੀਐਸਪੀਸੀਐਲ ਉਪ-ਮੰਡਲ ਸ਼ੇਰਪੁਰ-2 ਨਾਲ ਸੰਪਰਕ ਕਰੇ।

ਮੋਟਰ ਕਨੈਕਸ਼ਨ ਖਾਤਾ ਨੰਬਰ ਏ.ਪੀ.19/0519 ਗੁਰਬਚਨ ਸਿੰਘ ਪੁੱਤਰ ਜਗਤਾਰ ਸਿੰਘ ਨੂੰ ਆਪਣੇ ਨਾਮ ਕਰਨ ਲਈ ਰੋਮਾ ਰਾਣੀ ਪਤਨੀ ਮਨਜੀਤ ਸਿੰਘ ਰਕਬਾ ਅਰਾਜੀ ਸਭਰਾ ਨੇ ਇਸ ਦਫਤਰ ਨੂੰ ਬੇਨਤੀ ਕੀਤੀ ਹੈ ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿਚ ਐਸ. ਡੀ. ਓ. ਵੰਡ ਮੱਖੂ ਨਾਲ ਸੰਪਰਕ ਕਰੇ । (Lakhwinder)

ਮੋਟਰ ਕਨੈਕਸ਼ਨ ਖਾਤਾ ਨੰਬਰ ਏ.ਪੀ.51/0130 ਸ਼ੇਰ ਸਿੰਘ ਪੁੱਤਰ ਸ਼ਿੰਗਾਰਾ ਸਿੰਘ ਨੂੰ ਆਪਣੇ ਨਾਮ ਕਰਨ ਲਈ ਰੋਮਾ ਰਾਣੀ ਪਤਨੀ ਮਨਜੀਤ ਸਿੰਘ ਰਕਬਾ ਅਰਾਜੀ ਸਭਰਾ ਨੇ ਇਸ ਦਫਤਰ ਨੂੰ ਬੇਨਤੀ ਕੀਤੀ ਹੈ ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿਚ ਐਸ. ਡੀ. ਓ. ਵੰਡ ਮੱਲਾਂ ਵਾਲਾ ਨਾਲ ਸੰਪਰਕ ਕਰੇ । (Lakhwinder)

### ਨਾਂਅ ਦੀ ਬਦਲੀ

ਮੈਂ, ਅਬਦੁੱਲਾ ਪੁੱਤਰ ਸ੍ਰੀ ਮੇਲਾ ਰਾਮ ਵਾਸੀ ਪਿੰਡ ਭੁਲਪੁਰ ਬੋਹੜਾ, ਤਹਿ: ਟਾਂਡਾ (ਹੁਸ਼ਿਆਰਪੁਰ) ਨੇ ਆਪਣਾ ਨਾਂਅ ਅਬਦੁੱਲਾ ਤੋਂ ਬਦਲ ਕੇ ਮੱਖਣ ਸਿੰਘ ਰੱਖ ਲਿਆ ਹੈ। ਸੰਬੰਧਤ ਨੋਟ ਕਰਨ। (ਬਹਿਲ)

### Change of Name

I, Rajeev S/O Ram Prakash Umat R/O F7/375, Kashmir Avenue, Batala Road, Amritsar, Lavanya Modern School, Amritsar have changed my name from Rajeev to Rajeev Umat. Concerned please note.

I Jasbir Minhas S/O Joginder Singh Resident Of Village Lutera Kalan,Po-Kalra, Distt-Jalandhar-144030 Do Hereby Solemnly Affirm And State That I Changed My Name From Jasbir Minhas To Jasvir Singh And Henceforth I Shall Be Known As The Jasvir Singh For All . All Concerned Please Note .

I Kamalpreet S/O Surjit Chand Resident Of Kadiana, Distt Jalandhar-144102 Do Hereby Solemnly Affirm And Declare That I Changed My Name From Kamalpreet To Thind Kamalpreet And Henceforth I Shall Be Known As The Thind Kamalpreet For All Purposes. All Concerned Please Note .

I Rohan S/O Kulvir Chand Resident Of Vill- Kadiana, Distt-Jalandhar-144102 Do Hereby Solemnly Affirm And State That I Changed My Name From Rohan To Thind Rohan And Henceforth I Shall Be Known As The Thind Rohan For All Purposes. All Concerned Please Note .

I Azad S/O Soni Lal, R/O H.No. 140, Sidharth Nagar, Near Bootan Mandi, Jalandhar-1, Jalandhar, 144003, Punjab Do Hereby Solemnly Affirm And Declare That I Have Changed My Name From Azad To Azad Nar. All Concerned Please Note .

I, Daljit Singh Narula S/O Kulwant Singh Narula R/O #B33/494 New Ashok Nagar Ward No -5 Ludhiana -141008, I Have Changed My Name Daljeet Singh Narula To Daljit Singh Narula .

I, Vikram Kumar S/O Hari Ram R/O House No 1117, Street No 15 Ward No 39 Field Ganj Ludhiana -141008, I Have Changed My Name Vikram To Vikram Kumar .

I, hitherto Known as Vipan Kumar Jain S/o Satish Kumar Jain R/o 401, Adarsh Nagar, Grain Market, Jalandhar-144008, Punjab have changed my name and shall hereafter be known as Vipan Jain. (Raj)

### Change of Name

I, Sadhu Singh s/o Shankar Singh r/o Vill.Nano Mallian Po.Bhano Langha,Kapurthala declare that the correct spelling of my name is Sadhu Singh instead of Sado Singh. All Please Note.

I, Aryan s/o Rohit Kumar Aggarwal r/o H.No.61/62, Street No. 23, Old Phagwara Road, Jalandhar Cantt, Jalandhar have changed my name to Aryan Aggarwal. All Please Note.

I, Beena w/o Jaswinder Singh r/o Deera Preet Nagar, Po. Ladhewali, Jalandhar have changed my name from Beena to Beena Kumari. All Please Note.

I, Madhav S/o Sandeep Gaur R/o SCF 7 and 8, Dayal Bagh Colony, Surajkund Faridabad, Haryana-121009, have changed my name and shall hereafter be Known as Dhruv Gaur. All Please Note.

I, Ishwar Singh S/o Kalu Ram R/o Nangal Bihalan, Tehsil Mukerian, Distt.Hoshiarpur, Punjab-144205, have changed my name and shall hereafter be Known as Ishar Singh. All Please Note.

I, Amarpreet Singh Didar S/o Didar Singh R/o H.No.248, Mohalla Kaulsar Khothran Road, Phagwara, Kapurthala, Punjab-144401, have changed my name as Amarpreet Singh. All Please Note.

I, Parminder Kaur Didar W/o Amarpreet Singh R/o H. No.248, Mohalla Kaulsar Khothran Road, Phagwara, Kapurthala, Punjab-144401. have changed my name as Parminder Kaur. All Please Note.

I, Amarpreet Singh S/o Didar Singh R/o H. No.248, Mohalla Kaulsar Khothran Road, Phagwara, Kapurthala, Punjab-144401. have changed the name of my minor daughter from Jasleen Kaur Didar to Jasleen Kaur. All Please Note.

I, Amarpreet Singh S/o Didar Singh R/o H.No.248, Mohalla Kaulsar Khothran Road, Phagwara, Kapurthala, Punjab-144401. have changed the name of my minor Son from Tej Pratap Singh Didar to Tej Pratap Singh. All Please Note.

I, Shakuntala Rani W/o Baldev Raj Sehgal R/o H.No. 2022, Ward No- 10, Sector 32A, Tajpur Road, Ludhiana, Punjab-141010. have changed my name as Ekta Rani.

I, Rakesh Kumar S/o Dharam Pal R/o H.No.1137/18, Lachhu Ram Street. Dr Banarsi Dass, Mohalla Sainiyan, Hisar, Haryana-125001 I have changed the name of my minor daughter from Tanvi to Tanvi Saini. All Please Note.

I, Varinder Kaur @ Veero S/o Bhupinder Singh R/o Vill. Kalsian Khurd, Tehsil Patti, Distt. Tarn Taran, Punjab have changed my name from Varinder Kaur @ Veero to Varinder Kaur. All Please Note.

I, Paramjit Singh S/o Santokh Singh R/o VPO Gakhal, Distt. Jalandhar have changed my name from Paramjit Singh to Paramjit Singh Gakhal. (Gakhal as surname) All Please Note.

I, Kulwant Singh S/o Kewal Singh R/o VPO. Kahlwan, Distt. Jalandhar have changed my name from Kulwant Singh to Singh Kulwant. All Please Note.

I, Akash S/o Bodh Singh R/o Vill.Rajpur, Po.Rajpur Gahot, Distt.Hoshiarpur, Punjab have added my surname from Akash to Akash Bhatia (Surname as Bhatia) All Please Note.

I, Gurwinder Kaur And Gurpinder Kaur W/O Lakhbir Singh R/O 485 Rajinder Nagar, Road, Amritsar Have Declare That Above Both Names Are Mine One And Same Person

I, Sunaina Batra W/O Pardeep Batra R/O House No 130/1 Peeru Banda Salem Tabri Ludhiana -141008, I Have Changed My Name Sunaina Rikhi To Sunaina Batra

I, Danial s/o Rahimat Masih r/o VPO Bhikhariwal (Gurdaspur) have changed my name to Danial Masih. Concerned note.

# ਦੁਕਾਨਦਾਰ 'ਤੇ ਫਾਇਰਿੰਗ ਕਰਨ ਵਾਲਾ ਪਿਸਤੌਲ ਤੇ ਕਾਰ ਸਮੇਤ ਕਾਬੂ



ਪਾਤੜਾਂ ਪੁਲਸ ਵੱਲੋਂ ਕਾਬੂ ਕੀਤਾ ਗਿਆ ਵਿਅਕਤੀ ਪੁਲਸ ਪਾਰਟੀ ਨਾਲ।

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਪਾਤੜਾਂ ਪੁਲਸ ਨੇ ਕੁਝ ਦਿਨ ਪਹਿਲਾਂ ਰੇਟ ਨੂੰ ਲੈ ਕੇ ਸ਼ਹਿਰ ਦੇ ਨਰਵਾਣਾ ਰੋਡ ਉੱਤੇ ਕਾਰਾਂ ਦੇ ਨਵੇਂ ਅਤੇ ਪੁਰਾਣੇ ਸਪੇਅਰ ਪਾਰਟਸ ਵੇਚਣ ਵਾਲੇ ਦੁਕਾਨਦਾਰ ਉੱਤੇ ਜਾਨੋਂ ਮਾਰ ਦੇਣ ਦੇ ਇਰਾਦੇ ਨਾਲ ਫਾਇਰਿੰਗ ਕਰਨ ਵਾਲੇ ਇਕ ਵਿਅਕਤੀ ਨੂੰ ਪਿਸਟਲ ਅਤੇ ਵਾਰਦਾਤ ਮਗਰੋਂ ਵਰਤੀ ਗਈ ਕਾਰ ਸਮੇਤ ਬਰਾਮਦ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ। ਪੁਲਸ ਨੇ ਕਾਬੂ ਕੀਤੇ ਗਏ ਵਿਅਕਤੀ ਨੂੰ ਅਦਾਲਤ ਵਿੱਚ ਪੇਸ਼ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਜਦੋਂਕਿ ਫਰਾਰ ਹੋਏ ਵਿਅਕਤੀ ਨੂੰ ਜਲਦੀ ਗ੍ਰਿਫਤਾਰ ਕਰਨ ਦਾ ਦਾਅਵਾ ਕੀਤਾ ਹੈ। ਜਾਣਕਾਰੀ ਦਿੰਦਿਆਂ ਡੀ ਐਸ ਪੀ ਪਾਤੜਾਂ ਗੁਰਦੀਪ ਸਿੰਘ ਦਿਓਲ ਨੇ ਦੱਸਿਆ ਕਿ 5 ਜੂਨ ਨੂੰ ਬਾਅਦ ਦੁਪਹਿਰ 2 ਵਿਅਕਤੀਆਂ ਨੇ ਨਰਵਾਣਾ ਰੋਡ 'ਤੇ ਕਾਰ ਸਪੇਅਰ ਪਾਰਟਸ ਦੀ ਦੁਕਾਨ ਉਤੇ ਆ ਕੇ ਸਮਾਨ ਦੀ ਮੰਗ ਕੀਤੀ ਸੀ ਪਰ ਦੋਹਾਂ ਧਿਰਾਂ ਵਿਚਕਾਰ ਭਾਅ ਨੂੰ ਲੈ ਕੇ ਹੋਈ ਬਹਿਸਬਾਜ਼ੀ ਮਗਰੋਂ ਤੈਸ਼ ਵਿੱਚ ਆ ਕੇ ਇੱਕ ਵਿਅਕਤੀ ਨੇ ਦੁਕਾਨ ਦੇ ਮਾਲਕ ਨਵੀਸ਼ੇਕ ਬਾਂਸਲ ਨੂੰ ਜਾਨੋਂ ਮਾਰਨ ਦੀ ਨੀਅਤ ਨਾਲ ਗੋਲੀ ਚਲਾ ਦਿੱਤੀ ਸੀ। ਜਿਸ ਦਾ ਪਤਾ ਲੱਗਦਿਆਂ ਹੀ ਉਨ੍ਹਾਂ ਥਾਣਾ ਮੁਖੀ ਪਾਤੜਾਂ ਹਰਮਨਪ੍ਰੀਤ ਸਿੰਘ ਚੀਮਾ ਅਤੇ ਸਿਟੀ ਪੁਲਸ ਚੌਕੀ ਇੰਚਾਰਜ ਬਲਜੀਤ ਸਿੰਘ ਨਾਲ ਮੌਕੇ ਉੱਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲੈਂਦਿਆਂ ਸਾਰੇ ਪੱਖਾਂ ਤੋਂ ਬਾਰੀਕੀ ਨਾਲ ਪੜਤਾਲ ਕਰਨ ਅਤੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਚੈੱਕ ਕਰਨ ਅਤੇ ਦੁਕਾਨਦਾਰ ਦੇ ਦੱਸਣ ਅਨੁਸਾਰ ਕਥਿਤ ਦੋਸ਼ੀ ਦੀ ਪਛਾਣ ਗੁਰਵਿੰਦਰ ਸਿੰਘ ਵਾਸੀ ਦੁਗਾਲ ਖੁਰਦ ਅਤੇ ਇੱਕ ਅਣਪਛਾਤੇ ਵਿਅਕਤੀ ਖਿਲਾਫ ਇਰਾਦਾ ਕਤਲ ਅਤੇ ਆਰਮਡ ਐਕਟ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ ਸੀ। ਕੇਸ ਦੀ ਪੜਤਾਲ ਦੌਰਾਨ ਗੁਰਵਿੰਦਰ ਸਿੰਘ ਨੂੰ ਪੁਲਸ ਨੇ ਨਿਆਲ ਬਾਈਪਾਸ ਤੋਂ 32 ਬੋਰ ਦੇ ਪਿਸਤੌਲ ਸਮੇਤ ਚਾਰ ਜ਼ਿੰਦਾ ਕਾਰਤੂਸ ਅਤੇ ਹਰਿਆਣਾ ਨੰਬਰੀ ਕਾਰ ਸਮੇਤ ਗ੍ਰਿਫਤਾਰ ਕਰ ਲਿਆ ਹੈ। ਉਨ੍ਹਾ ਜਾਣਕਾਰੀ ਦਿੱਤੀ ਕਿ ਗ੍ਰਿਫਤਾਰ ਕੀਤੇ ਗਏ ਗੁਰਵਿੰਦਰ ਸਿੰਘ ਖਿਲਾਫ ਪਹਿਲਾਂ ਵੀ ਲੜਾਈ ਝਗੜੇ ਦੇ ਅੱਧੀ ਦਰਜਨ ਦੇ ਕਰੀਬ ਕੇਸ ਦਰਜ ਹਨ। ਉਨ੍ਹਾ ਦੱਸਿਆ ਕਿ ਮੁਢਲੀ ਪੜਤਾਲ ਦੌਰਾਨ ਦੂਸਰੇ ਕਥਿਤ ਦੋਸ਼ੀ ਦੀ ਪਛਾਣ ਕੁਲਵਿੰਦਰ ਸਿੰਘ ਵਾਸੀ ਦਿੜ੍ਹਬਾ (ਸੰਗਰੂਰ) ਵਜੋਂ ਹੋਈ ਹੈ ਜਿਸ ਨੂੰ ਜਲਦੀ ਪੁਲਸ ਵੱਲੋਂ ਕਾਬੂ ਕਰ ਲਿਆ ਜਾਵੇਗਾ।

## ਗੱਜਣਵਾਲਾ ਦਾ ਸਰਪੰਚ ਸਾਥੀਆਂ ਸਮੇਤ 'ਆਪ' 'ਚ ਸ਼ਾਮਲ

*** ਵਿਧਾਇਕ ਸੁਖਾਨੰਦ ਨੇ ਕੀਤਾ ਸਨਮਾਨਤ**



ਸਰਪੰਚ ਮੰਗਲ ਸਿੰਘ ਤੇ ਸਾਥੀਆਂ ਨੂੰ ਸਨਮਾਨਤ ਕਰਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ।

ਬਾਘਾ ਪੁਰਾਣਾ, (ਮਨੀ ਸਿੰਗਲਾ)-ਗੱਜਣਵਾਲਾ ਦਾ ਸਰਪੰਚ ਮੰਗਲ ਸਿੰਘ ਕਾਂਗਰਸ ਪਾਰਟੀ ਨੂੰ ਛੱਡ ਕੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਇਸ ਮੌਕੇ 'ਆਪ' ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਸਰਪੰਚ ਮੰਗਲ ਸਿੰਘ ਤੇ ਉਸ ਦੇ ਸਾਥੀਆਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ।

ਇਸ ਮੌਕੇ ਪੰਜਾਬ ਟ੍ਰੇਡ ਵਿੰਗ ਦੇ ਪ੍ਰਧਾਨ ਰਮਨ ਮਿੱਤਲ ਰਿੰਪੀ, ਮਾਨ ਕੋਟਲਾ, ਸੋਨੀ ਧਾਲੀਵਾਲ, ਕੁਲਵਿੰਦਰ ਸਿੰਘ ਕਿੰਦਾ ਜੈਮਲਵਾਲਾ, ਪ੍ਰੇਮ ਬਾਥ, ਅਰਸ਼ ਭਲੂਰ, ਜਗਮੋਹਨ ਗੱਜਣਵਾਲਾ, ਗੁਰਤੇਜ ਗੱਜਣਵਾਲਾ ਤੇ ਹੋਰ ਸ਼ਾਮਲ ਸਨ। ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ, ਜੋ ਕਹਿੰਦੀ ਹੈ, ਉਹ ਕਰਕੇ ਦਿਖਾ ਰਹੀ ਹੈ, ਕਿਉਂਕਿ ਪਹਿਲੇ ਸਾਲ ਵਿੱਚ ਹੀ ਲੋਕਾਂ ਨੂੰ ਸਹੂਲਤਾਂ ਦੇਣੀਆਂ ਸ਼ੁਰੂ ਕਰ ਦਿੱਤੀਆਂ ਹਨ ਤੇ ਲੋਕ ਸੁੱਖ ਦਾ ਸਾਹ ਲੈ ਰਹੇ ਹਨ। ਪਹਿਲੇ ਸਾਲ 'ਚ ਹੀ ਰਿਸ਼ਵਤਖੋਰੀ ਬੰਦ, ਪਿੰਡਾਂ 'ਚੋਂ ਐਨ.ਓ.ਸੀ. ਮਾਫ, 600 ਯੂਨਿਟ ਬਿਜਲੀ ਮਾਫ, ਟਾਈਮ 'ਚ ਤਬਦੀਲੀ, ਨੌਜਵਾਨਾਂ ਨੂੰ ਨੌਕਰੀਆਂ ਦੇ ਦਿੱਤੀਆਂ ਹਨ।

## ਪੰਜਾਬ ਸਰਕਾਰ ਮਜ਼ਦੂਰਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ : ਲਖਬੀਰ ਸਿੰਘ



**ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਪਿਛਲੇ ਦਿਨੀਂ ਪਿੰਡ ਨਮੋਲ ਤੇ ਭੀਮਾ ਖੇੜੀ (ਪਟਿਆਲਾ) ਵਿਖੇ ਦਲਿਤ ਮਜ਼ਦੂਰਾਂ 'ਤੇ ਕੀਤੇ ਹਮਲੇ ਖਿਲਾਫ ਮਜ਼ਦੂਰਾਂ ਵੱਲੋਂ ਪਿੰਡ ਬੀਰ ਕਲਾਂ ਵਿਖੇ ਮੀਟਿੰਗ ਕੀਤੀ ਗਈ। ਇਸ ਮੌਕੇ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ (ਪੰਜਾਬ) ਦੇ ਸੂਬਾ ਸਕੱਤਰ ਲਖਵੀਰ ਸਿੰਘ ਲੌਂਗੋਵਾਲ ਤੇ ਇਲਾਕਾ ਆਗੂ ਗੁਰਦੀਪ ਸਿੰਘ ਫੌਜੀ ਨੇ ਕਿਹਾ ਕਿ ਪੰਜਾਬ ਵਿੱਚ ਦਲਿਤਾਂ 'ਤੇ ਹਮਲੇ ਰੁਕਣ ਦਾ ਨਾ ਹੀ ਨਹੀਂ ਲੈ ਰਹੇ, ਜੇਕਰ ਸਰਕਾਰ ਘੜੱਮ ਚੌਧਰੀਆਂ 'ਤੇ ਸਖਤ ਕਾਰਵਾਈ ਕਰੇ ਤਾਂ ਹੀ ਇਨ੍ਹਾਂ ਹਮਲਿਆਂ ਨੂੰ ਰੋਕਿਆ ਜਾ ਸਕਦਾ ਹੈ, ਪਰ ਮਾਨ ਸਰਕਾਰ ਮਜ਼ਦੂਰਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ। ਉਨ੍ਹਾ ਕਿਹਾ ਕਿ ਪਿਛਲੇ ਦਿਨੀਂ ਪਿੰਡ ਨਮੋਲ ਵਿਖੇ ਮਜ਼ਦੂਰਾਂ ਦੀ ਰੂੜੀਆਂ ਵਾਲੀ ਥਾਂ 'ਤੇ ਧੱਕੇ ਨਾਲ ਭਰਤ ਪਾ ਕੇ ਪਾਰਕ ਬਣਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ, ਜਦੋਂ ਮਜ਼ਦੂਰਾਂ ਵੱਲੋਂ ਵਿਰੋਧ ਕੀਤਾ ਗਿਆ ਤਾਂ ਉਨ੍ਹਾਂ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ ਗਈ।

ਇਸੇ ਤਰ੍ਹਾਂ ਪਿੰਡ ਭੀਮਾ ਖੇੜੀ (ਪਟਿਆਲਾ) ਵਿਖੇ ਵੀ ਮਜ਼ਦੂਰਾਂ ਨੇ ਪਿਛਲੇ ਸਾਲ ਲੰਮਾ ਸੰਘਰਸ਼ ਕਰਕੇ ਪੰਚਾਇਤੀ ਜ਼ਮੀਨ ਪ੍ਰਾਪਤ ਕੀਤੀ ਸੀ, ਜੋ ਕਿ ਪਿੰਡ ਦੇ ਇੱਕ ਵਿਅਕਤੀ ਨੇ ਹੀ ਦੱਬ ਰੱਖੀ ਸੀ, ਜਦੋਂ ਹੁਣ ਮਜ਼ਦੂਰ ਆਪਣੇ ਕੰਮ ਕਾਰ ਲਈ ਖੇਤ ਜਾਂਦੇ ਹਨ ਤਾਂ ਉਸ ਵੱਲੋਂ ਜ਼ਮੀਨ ਨੂੰ ਜਾਂਦੇ ਰਾਸਤੇ ਨੂੰ ਵਾਰ ਵਾਰ ਬੰਦ ਕਰ ਦਿੱਤਾ ਜਾਂਦਾ ਹੈ ਤੇ ਪਿਛਲੇ ਦਿਨੀਂ ਜਦੋਂ ਮਜ਼ਦੂਰ ਆਪਣੀ ਪੰਚਾਇਤੀ ਜ਼ਮੀਨ 'ਚ ਕੰਮ ਕਾਰ ਲਈ ਗਏ ਤਾਂ ਘੜੱਮ ਚੌਧਰੀਆਂ ਨੇ ਮਜ਼ਦੂਰਾਂ 'ਤੇ ਹਮਲਾ ਕਰ ਦਿੱਤਾ ਤੇ ਮਜ਼ਦੂਰਾਂ 'ਤੇ ਟਰੈਕਟਰ ਚੜ੍ਹਾਉਣ ਦੀ ਕੋਸ਼ਿਸ਼ ਕੀਤੀ ਗਈ। ਇਸ ਸਮੇਂ ਇੱਕ ਮਜ਼ਦੂਰ ਔਰਤ ਦਾ ਪੈਰ ਕਹੀ ਨਾਲ ਵੱਢ ਦਿੱਤਾ ਗਿਆ। ਇਸ ਹਮਲੇ ਨੂੰ ਤਕਰੀਬਨ ਦਸ ਦਿਨ ਬੀਤ ਜਾਣ 'ਤੇ ਵੀ ਮੁਲਜ਼ਮਾਂ 'ਤੇ ਕੋਈ ਕਾਰਵਾਈ ਨਹੀਂ ਹੋਈ। ਉਨ੍ਹਾਂ ਕਿਹਾ ਕਿ ਮੁਲਜ਼ਮਾਂ 'ਤੇ ਐੱਸ ਸੀ/ਐੱਸ ਟੀ ਐਕਟ ਤਹਿਤ ਤੇ ਬਣਦੀਆਂ ਹੋਰ ਧਾਰਾਵਾਂ ਤਹਿਤ ਪਰਚਾ ਦਰਜ ਕਰਵਾਉਣ ਲਈ ਭੀਮਾ ਖੇੜੀ (ਪਟਿਆਲੇ) ਤੇ ਪਿੰਡ ਨਮੋਲ ਦੇ ਮਸਲੇ 'ਤੇ 14 ਜੂਨ ਨੂੰ ਧਰਨੇ 'ਚ ਮਜ਼ਦੂਰਾਂ ਨੂੰ ਪਹੁੰਚਣ ਦੀ ਅਪੀਲ ਕੀਤੀ ਗਈ। ਇਸ ਮੌਕੇ ਕਾਕਾ ਸਿੰਘ, ਬੂਟਾ ਸਿੰਘ, ਮੰਗੂ ਸਿੰਘ, ਬਿੱਟੂ ਸਿੰਘ, ਰਣਜੀਤ ਸਿੰਘ ਤੋਤਾ, ਸੀਤਾ ਸਿੰਘ, ਹਰਪ੍ਰੀਤ ਸਿੰਘ ਆਦਿ ਮੌਜੂਦ ਸਨ।

## ਜਾਲ੍ਹੀ ਸਰਟੀਫਿਕੇਟ ਵਾਲਿਆਂ 'ਤੇ ਹੋਵੇ ਸਖਤ ਕਾਰਵਾਈ : ਢੋਸੀਵਾਲ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)**-ਐੱਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਚੇਅਰਮੈਨ ਤੇ ਆਲ ਇੰਡੀਆ ਐੱਸ.ਸੀ./ਬੀ.ਸੀ./ਐੱਸ.ਟੀ. ਏਕਤਾ ਭਲਾਈ ਮੰਚ ਦੇ ਰਾਸ਼ਟਰੀ ਪ੍ਰਧਾਨ ਦਲਿਤ ਰਤਨ ਜਗਦੀਸ਼ ਰਾਏ ਢੋਸੀਵਾਲ ਨੇ ਅਨੁਸੂਚਿਤ ਜਾਤੀ ਦੇ ਜਾਲ੍ਹੀ ਸਰਟੀਫਿਕੇਟ ਬਣਵਾਉਣ ਤੇ ਜਾਲ੍ਹੀ ਡਿਗਰੀਆਂ ਪ੍ਰਾਪਤ ਕਰਕੇ ਸਰਕਾਰੀ ਨੌਕਰੀ ਕਰਨ ਵਾਲੇ ਜਨਰਲ ਵਰਗ ਦੇ ਵਿਅਕਤੀਆਂ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਭ੍ਰਿਸ਼ਟਾਚਾਰ ਪ੍ਰਤੀ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾਉਣ ਵਾਲੀ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੂੰ ਉਕਤ ਗੈਰ-ਕਾਨੂੰਨੀ ਕਾਰਜ ਕਰਨ ਵਾਲੇ ਵਿਅਕਤੀਆਂ ਵਿਰੁੱਧ ਸਖਤ ਕਾਰਵਾਈ ਕੀਤੇ ਜਾਣ ਦੀ ਮੰਗ ਕੀਤੀ ਹੈ। ਅਜਿਹੇ ਕਰਮਚਾਰੀਆਂ ਦੀਆਂ ਜਾਇਦਾਦਾਂ ਜ਼ਬਤ ਕੀਤੀਆਂ ਜਾਣੀਆਂ ਚਾਹੀਦੀਆਂ ਹਨ ਤੇ ਇਨ੍ਹਾਂ ਨੂੰ ਉਮਰ ਭਰ ਲਈ ਜੇਲ੍ਹ 'ਚ ਸੁੱਟਣਾ ਚਾਹੀਦਾ ਹੈ ਤਾਂ ਜੋ ਭਵਿੱਖ ਵਿੱਚ ਕੋਈ ਵੀ ਵਿਅਕਤੀ ਅਜਿਹਾ ਗੈਰ-ਕਾਨੂੰਨੀ ਕੰਮ ਨਾ ਕਰ ਸਕੇ। ਢੋਸੀਵਾਲ ਨੇ ਕਿਹਾ ਕਿ ਲੋਕ ਗਾਇਕ ਅੰਮ੍ਰਿਤ ਮਾਨ ਦੇ ਪਿਤਾ ਸਰਬਜੀਤ ਸਿੰਘ ਮਾਨ ਵੱਲੋਂ ਜੱਟ ਸਿੱਖ ਬਰਾਦਰੀ ਨਾਲ ਸਬੰਧਤ ਹੋਣ ਦੇ ਬਾਵਜੂਦ ਅਨੁਸੂਚਿਤ ਜਾਤੀ ਦਾ ਸਰਟੀਫਿਕੇਟ ਬਣਾਉਣ ਨਾਲ 'ਪਰਾ ਹੱਟ ਜਾ ਸੋਹਣਿਆ, ਐੱਸ. ਸੀ. ਸਰਟੀਫਿਕੇਟ ਵਾਲੇ ਜੱਟ ਆਏ ਐ' ਵਾਲੀ ਕਹਾਵਤ ਸਿੱਧ ਕਰ ਦਿੱਤੀ ਹੈ।

## ਮਾਨ ਸਰਕਾਰ ਪਿੰਡਾਂ 'ਚ ਖੇਡ ਕਲੱਬਾਂ ਨੂੰ ਮੁੜ ਤੋਂ ਸੁਰਜੀਤ ਕਰੇਗੀ : ਜੱਸੀ ਸੋਹੀਆਂ ਵਾਲਾ



ਕ੍ਰਿਕਟ ਟੂਰਨਾਮੈਂਟ ਦੌਰਾਨ ਚੇਅਰਮੈਨ ਜੱਸੀ ਸੋਹੀਆਂ ਵਾਲਾ ਜੇਤੂ ਟੀਮਾਂ ਨੂੰ ਇਨਾਮ ਵੰਡਦੇ, ਨਾਲ ਕਲੱਬ ਪ੍ਰਧਾਨ ਅਕਾਸ਼ ਗੋਲੂ ਤੇ ਹੋਰ।

ਨਾਭਾ, (ਵਰਿੰਦਰ ਵਰਮਾ)-ਨੌਜਵਾਨ ਏਕਤਾ ਕਲੱਬ ਸਰੈਣਦਾਸ ਕਲੋਨੀ ਵੱਲੋਂ ਕਰਵਾਏ ਗਏ ਕ੍ਰਿਕਟ ਟੂਰਨਾਮੈਂਟ ਦੌਰਾਨ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕਰਕੇ ਖਿਡਾਰੀਆਂ ਨਾਲ ਜਾਣ ਪਹਿਚਾਣ ਕੀਤੀ ਤੇ ਜੇਤੂ ਟੀਮਾਂ ਨੂੰ ਇਨਾਮ ਵੰਡੇ। ਇਸ ਮੌਕੇ ਉਨ੍ਹਾਂ ਇਕੱਤਰ ਖਿਡਾਰੀਆਂ ਤੇ ਖੇਡ ਪ੍ਰੇਮੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਖੇਡਾਂ ਨੂੰ ਪ੍ਰਫੁਲਤ ਕਰਨ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਆਉਣ ਵਾਲੇ ਸਮੇਂ ਵਿੱਚ ਖੇਡਾਂ ਕਰਵਾਉਣ ਲਈ ਪਿੰਡਾਂ 'ਚ ਖੇਡ ਕਲੱਬਾਂ ਨੂੰ ਮੁੜ ਤੋਂ ਸੁਰਜੀਤ ਕਰੇਗੀ। ਇਸ ਮੌਕੇ ਕਲੱਬ ਪ੍ਰਧਾਨ ਅਕਾਸ਼ ਕੁਮਾਰ ਗੋਲੂ ਤੇ ਸ਼ਸੋਕ ਕੁਮਾਰ ਦੀ ਅਗਵਾਈ ਹੇਠ ਸਮੁੱਚੇ ਪ੍ਰਬੰਧਕਾਂ ਵੱਲੋਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਤੇ ਹੋਰ ਆਏ ਮਹਿਮਾਨਾਂ ਦਾ ਮਾਨ ਸਨਮਾਨ ਕੀਤਾ ਗਿਆ। ਕ੍ਰਿਕਟ ਮੈਚਾਂ 'ਚ ਪਿੰਡ ਸਾਲੂਵਾਲ ਦੀ ਟੀਮ ਨੇ ਪਹਿਲਾ, ਸਰੈਣਦਾਸ ਕਲੋਨੀ ਨੇ ਦੂਜਾ ਤੇ ਦੁਲੱਦੀ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੂਬੇਦਾਰ ਸਿਆਮ ਸਿੰਘ, ਓਮੀ ਰਾਮ, ਸਾਨੂੰ ਰਾਮ, ਕਰਨ ਜੱਜ, ਅਮਨ ਜੱਗੀ, ਅਕਾਸ਼ ਨੀਰਜ, ਜਸਕਰਨਵੀਰ ਸਿੰਘ ਤੇਜੇ, ਲਾਡੀ ਖਹਿਰਾ, ਰਿਟਾ. ਮੈਨੇਜਰ ਬੁੱਧ ਰਾਮ ਆਦਿ ਹਾਜ਼ਰ ਸਨ।

## ਕੋਆਪ੍ਰੇਟਿਵ ਸੁਸਾਇਟੀ ਦੀ ਚੋਣ, ਰਾਜਵਿੰਦਰ ਰਾਜੂ ਬਣੇ ਪ੍ਰਧਾਨ



ਪ੍ਰਧਾਨ ਰਾਜਵਿੰਦਰ ਸਿੰਘ ਰਾਜੂ ਤੇ ਮੈਂਬਰਾਂ ਨੂੰ ਹਾਰ ਪਾ ਕੇ ਵਧਾਈ ਦਿੰਦੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ।

ਮੋਗਾ (ਅਮਰਜੀਤ ਬੱਬਰੀ)-ਪਿੰਡ ਬਘੇਲੇਵਾਲਾ ਤੇ ਸੋਸਣ ਵਿਖੇ ਸਰਬਸੰਮਤੀ ਨਾਲ ਕੋਆਪ੍ਰੇਟਿਵ ਸੁਸਾਇਟੀ ਦੀ ਚੋਣ ਕੀਤੀ ਗਈ। ਇਸ ਚੋਣ ਵਿੱਚ ਪ੍ਰਧਾਨ ਰਾਜਵਿੰਦਰ ਸਿੰਘ ਰਾਜੂ ਬਘੇਲੇਵਾਲਾ ਅਤੇ ਮੈਂਬਰ ਗੁਰਤੇਜ ਸਿੰਘ, ਹਰਬੰਸ ਸਿੰਘ, ਮੋਹਨ ਸਿੰਘ, ਜਸਵਿੰਦਰ ਕੌਰ, ਬਲਜਿੰਦਰ ਸਿੰਘ, ਸਪੂੰਰਨ ਸਿੰਘ ਨੂੰ ਚੁਣਿਆ ਗਿਆ। ਇਸ ਮੌਕੇ ਮੋਗਾ ਹਲਕੇ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪਿੰਡ ਬਘੇਲੇਵਾਲਾ ਤੇ ਸੋਸਣ ਵਿਖੇ ਸਰਬਸੰਮਤੀ ਨਾਲ ਚੋਣ ਹੋਈ ਹੈ। ਅਸੀਂ ਸਾਰੀ ਟੀਮ ਨੂੰ ਬਹੁਤ ਵਧਾਈ ਦਿੰਦੇ ਹਾਂ। ਅਸੀਂ ਕਾਮਨਾ ਕਰਦੇ ਹਾਂ ਕਿ ਸੁਸਾਇਟੀ ਆਉਣ ਵਾਲੇ ਦਿਨਾਂ ਵਿੱਚ ਚੰਗਾ ਕੰਮ ਕਰੇਗੀ। ਉਨ੍ਹਾ ਸਾਰੀ ਚੁਣੀ ਗਈ ਨਵੀਂ ਟੀਮ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਜੇਕਰ ਕਿਸੇ ਨੂੰ ਵੀ ਕਿਸੇ ਪ੍ਰਕਾਰ ਦੀ ਸਮੱਸਿਆ ਪੇਸ਼ ਆਉਂਦੀ ਹੈ ਤਾਂ ਉਨ੍ਹਾਂ ਦੇ ਧਿਆਨ 'ਚ ਲਿਆਉਣ, ਜਿਸ ਦਾ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਨਵੇਂ ਚੁਣੇ ਗਏ ਪ੍ਰਧਾਨ ਰਾਜਵਿੰਦਰ ਸਿੰਘ ਰਾਜੂ ਤੇ ਮੈਂਬਰਾਂ ਨੇ ਕਿਹਾ ਕਿ ਜੋ ਉਨ੍ਹਾਂ 'ਤੇ ਜ਼ੁੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਵੱਡੀ ਗਿਣਤੀ 'ਚ ਪਿੰਡ ਵਾਸੀ ਤੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਹਾਜ਼ਰ ਸਨ।

## ਸੁਸ਼ੀਲ ਜੈਨ ਦੀ ਬਰਸੀ 'ਤੇ 35 ਜ਼ਰੂਰਤਮੰਦ ਪਰਵਾਰਾਂ ਨੂੰ ਵੰਡਿਆ ਰਾਸ਼ਨ



**ਜਗਰਾਓਂ (ਅਮਿਤ ਖੰਨਾ)**-ਪੀ ਡੀ ਜੈਨ ਚੈਰੀਟੇਬਲ ਟਰੱਸਟ ਜਗਰਾਓਂ ਵੱਲੋਂ ਚੇਅਰਮੈਨ ਰਜਿੰਦਰ ਜੈਨ ਦੀ ਅਗਵਾਈ ਹੇਠ ਕੁਸ਼ਟ ਆਸ਼ਰਮ ਜਗਰਾਓਂ ਦੇ 35 ਜ਼ਰੂਰਤਮੰਦ ਪਰਿਵਾਰਾਂ ਨੂੰ ਮਹੀਨਾਵਾਰ ਰਾਸ਼ਨ ਵੰਡਿਆ ਗਿਆ। ਇਹ ਪ੍ਰੋਗਰਾਮ ਰਜਿੰਦਰ ਜੈਨ ਦੇ ਛੋਟੇ ਭਰਾ ਸਵ: ਸੁਸ਼ੀਲ ਜੈਨ ਦੀ ਤੀਸਰੀ ਬਰਸੀ ਨੂੰ ਸਮਰਪਤ ਸੀ। ਸਾਰੇ ਬਜ਼ੁਰਗਾਂ ਨੇ ਰਜਿੰਦਰ ਜੈਨ ਦੀ ਲੰਬੀ ਉਮਰ ਦੀ ਕਾਮਨਾ ਕੀਤੀ। ਇਸ ਮੌਕੇ ਰਾਜ ਕੁਮਾਰ ਭੱਲਾ, ਗੁਲਸ਼ਨ ਅਰੋੜਾ, ਗੁਰਿੰਦਰ ਸਿੰਘ ਸਿੱਧੂ, ਕੈਪਟਨ ਨਰੇਸ਼ ਵਰਮਾ, ਕੰਚਨ ਗੁਪਤਾ, ਸਤਪਾਲ ਸਿੰਘ ਦੇਹਰਕਾ, ਮੋਹਿਤ ਜੈਨ, ਰੋਮੇਸ਼ ਜੈਨ ਤੇ ਦਿਨੇਸ਼ ਯਾਦਵ ਹਾਜ਼ਰ ਸਨ।

# ਮਾਊਂਟ ਲਿਟਰਾ ਜੀ ਸਕੂਲ ਵਿਖੇ ਸਮਰ ਕੈਂਪ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਸਥਾਨਕ ਮਾਊਂਟ ਲਿਟਰਾ ਜੀ ਸਕੂਲ ਫਰੀਦਕੋਟ ਵਿਖੇ 10 ਰੋਜ਼ਾ ਸਮਰ ਕੈਂਪ ਸਫਲਤਾਪੂਰਵਕ ਸਮਾਪਤ ਹੋ ਗਿਆ। ਸਕੂਲ ਦੇ ਚੇਅਰਮੈਨ ਇੰਜ. ਚਮਨ ਲਾਲ ਗੁਲਾਟੀ ਨੇ ਦੱਸਿਆ ਕਿ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਇਨ੍ਹਾਂ ਛੁੱਟੀਆਂ ਦੀ ਸੁਚੱਜੀ ਵਰਤੋਂ ਕਰਦੇ ਹੋਏ ਸਕੂਲ ਵੱਲੋਂ ਵਿਦਿਆਰਥੀਆਂ ਲਈ ਇੱਕ ਕੈਂਪ ਲਗਾਇਆ ਗਿਆ ਸੀ। ਇਸ ਕੈਂਪ ਤਹਿਤ ਵਿਦਿਆਰਥੀਆਂ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ, ਜਿਸ ਵਿੱਚ ਤੈਰਾਕੀ, ਮੈਡੀਟੇਸ਼ਨ, ਡਾਂਸ, ਆਰਟ ਐਂਡ ਕਰਾਫਟ, ਕੁਕਿੰਗ, ਟੇਬਲ ਟੈਨਿਸ, ਸਕੇਟਿੰਗ, ਰੋਬੋਟਿਕਸ, ਫ੍ਰੈਂਚ ਭਾਸ਼ਾ, ਕਮਿਊਨੀਕੇਸ਼ਨ ਸਕਿੱਲ, ਪਰਸਨੈਲਿਟੀ ਡਿਵੈਲਪਮੈਂਟ ਆਦਿ ਸ਼ਾਮਲ ਸਨ। ਇਨ੍ਹਾਂ ਗਤੀਵਿਧੀਆਂ ਵਿੱਚ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ ਤੇ ਨਵੀਆਂ ਗਤੀਵਿਧੀਆਂ ਸਿਖ ਕੇ ਆਤਮ ਵਿਸ਼ਵਾਸ ਵਿੱਚ ਵਾਧਾ ਕੀਤਾ। ਕੈਂਪ ਦੇ ਅਖੀਰਲੇ ਦਿਨ ਵਿਦਿਆਰਥੀਆਂ ਲਈ ਪੂਲ ਪਾਰਟੀ ਦਾ ਆਯੋਜਨ ਕੀਤਾ ਗਿਆ, ਜਿਸ 'ਚ ਵਿਦਿਆਰਥੀਆਂ ਨੇ ਬਹੁਤ ਆਨੰਦ ਮਾਣਿਆ। ਇਸ ਤੋਂ ਇਲਾਵਾ ਵੱਖ ਵੱਖ ਗਤਿਵਿਧੀਆਂ ਦੇ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ ਤੇ ਚੇਅਰਮੈਨ ਚਮਨ ਲਾਲ ਗੁਲਾਟੀ, ਪ੍ਰਿੰਸੀਪਲ ਡਾ. ਸੁਰੇਸ਼ ਸ਼ਰਮਾ ਨੇ ਜੇਤੂ ਵਿਦਿਆਰਥੀਆਂ ਨੂੰ ਪ੍ਰਸੰਸਾ ਪੱਤਰ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਸਕੂਲ ਸਕੱਤਰ ਪੰਕਜ ਗੁਲਾਟੀ ਨੇ ਦੱਸਿਆ ਕਿ ਸਕੂਲ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਸਮਰਪਤ ਹੈ ਤੇ ਹਮੇਸ਼ਾ ਰਹੇਗਾ।

### Court Notice

In the Court of Ms. Ankita Gupta Judicial Magistrate-Ist Class-1, Fatehgarh Sahib.

CNR No. PBFG03-002680-2022
Next Date : 15.7.2023
U/S 138 NI Act PS Mulepur
Sukhpal Singh
Versus
Sukhvir Singh

Publication issued to : Sukhvir Singh Father Binder Singh Vill. Tarkheri Khurd, Tehsil Nabha, Distt. Patiala-147104

In above titled case, the accused could not be served. It is ordered that accused should appear in person or through counsel on 15.7.2023 at 10.00 a.m.

For details logon to https://highcourtchd.gov.in/?trs=district notice & district=Fetehgarh Sahib

Judicial Magistrate-Ist Class-1, Fatehgarh Sahib.
Dated, this day of 9.6.2023

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

12-JUNE-PAGE-7.qxd 6/11/2023 9:14 PM Page 1



# ਜਥੇਬੰਦੀਆਂ ਨੇ ਵਫਦ ਨੂੰ ਬੁਲਾ ਕੇ ਸਮਾਂ ਨਾ ਦੇਣ ’ਤੇ ਮੁੱਖ ਮੰਤਰੀ ਖਿਲਾਫ ਜਤਾਇਆ ਰੋਸ

**ਮੁੱਖ ਮੰਤਰੀ ਨੇ ਅਪਣੇ ਗੈਰ-ਜ਼ਿੰਮੇਵਾਰ ਵਤੀਰੇ ਨਾਲ ਜ਼ਿਲ੍ਹੇ ਦੀ ਜਨਤਾ ਸਮੇਤ ਸਮੁੱਚੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਵੀ ਕੀਤਾ ਅਪਮਾਨਤ**


ਮੁੱਖ ਮੰਤਰੀ ਦਾ ਫਲੈਕਸ ਪਾੜ ਕੇ ਰੋਸ ਪ੍ਰਗਟਾਉਂਦਾ ਇੱਕ ਮੈਂਬਰ।

**ਮਾਨਸਾ (ਆਤਮਾ ਸਿੰਘ ਪਮਾਰ)**-ਬੀਤੇ ਦਿਨ ਕੈਬਨਿਟ ਮੀਟਿੰਗ ਲਈ ਮਾਨਸਾ ਪਹੁੰਚੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਮਾਂ ਦੇ ਕੇ ਜਨਤਕ ਜਥੇਬੰਦੀਆਂ ਦੇ ਵਫਦਾਂ ਨੂੰ ਨਾ ਮਿਲਣ ਬਦਲੇ ਜ਼ਿਲ੍ਹੇ ਵਿੱਚ ਨਸ਼ਿਆਂ ਦੇ ਮਾਰੂ ਕਾਰੋਬਾਰ ਖਿਲਾਫ ਮੁਹਿੰਮ ਚਲਾ ਰਹੇ ‘ਨਸ਼ੇ ਨਹੀਂ, ਰੁਜ਼ਗਾਰ ਦਿਓ’ ਤੇ ‘ਐਂਟੀ ਡਰੱਗ ਫੋਰਸ’ ਦੇ ਆਗੂਆਂ ਨੇ ਇਸ ਵਾਅਦਾ ਖਿਲਾਫੀ ਬਦਲੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖਿਲਾਫ ਰੋਸ ਜਤਾਇਆ ਹੈ। ਮੁੱਖ ਮੰਤਰੀ ਨਾਲ ਮੁਲਾਕਾਤ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬੁਲਾਏ ਗਏ ਵਫਦ ਵਿੱਚ ਲਿਬਰੇਸ਼ਨ ਆਗੂ ਕਾਮਰੇਡ ਰਾਜਵਿੰਦਰ ਸਿੰਘ ਰਾਣਾ, ਪਰਮਿੰਦਰ ਸਿੰਘ ਝੋਟਾ, ਜਸਬੀਰ ਕੌਰ ਨੱਤ, ਕ੍ਰਿਸ਼ਨ ਸਿੰਘ ਚੌਹਾਨ, ਡਾਕਟਰ ਧੰਨਾ ਮੱਲ ਗੋਇਲ ਤੇ ਸੁਰਿੰਦਰ ਕੁਮਾਰ ਸ਼ਾਮਲ ਸਨ। ਇਨ੍ਹਾਂ ਆਗੂਆਂ ਨੇ ਦੱਸਿਆ ਕਿ ਉਨ੍ਹਾਂ ਨੇ ਮੁੱਖ ਮੰਤਰੀ ਨੂੰ ਜ਼ਿਲ੍ਹੇ ਵਿੱਚ ਮਾਨਸਾ ਮੈਡੀਕਲ ਹਾਲ ਸਮੇਤ ਕੁਝ ਮੈਡੀਕਲ ਸਟੋਰਾਂ ਵੱਲੋਂ ਵੱਡੇ ਪੈਮਾਨੇ ’ਤੇ ਖੁੱਲ੍ਹੇਆਮ ਮੈਡੀਕਲ ਨਸ਼ਿਆਂ ਦੀ ਵਿਕਰੀ ਕਰਨ ਅਤੇ ਪੁਲਸ ਤੇ ਸਿਹਤ ਵਿਭਾਗ ਦੇ ਡਰੱਗ ਇੰਸਪੈਕਟਰ ਵੱਲੋਂ ਅਜਿਹੇ ਅਨਸਰਾਂ ਤੋਂ ਮੋਟੀਆਂ ਰਕਮਾਂ ਵਸੂਲਣ ਦੇ ਬਦਲੇ ’ਚ ਇਨ੍ਹਾਂ ਦੀ ਸਰਪ੍ਰਸਤੀ ਕਰਨ ਬਦਲੇ ਇਨ੍ਹਾਂ ਖਿਲਾਫ ਕਾਰਵਾਈ ਦੀ ਮੰਗ ਕਰਨੀ ਸੀ।

ਉਨ੍ਹਾਂ ਕਿਹਾ ਕਿ ਸਾਡੀ ਮੰਗ ਸੀ ਕਿ ਕਾਲੇ ਕਾਰੋਬਾਰ ’ਚ ਸ਼ਾਮਲ ਇਨ੍ਹਾਂ ਮੈਡੀਕਲ ਸਟੋਰਾਂ ਦੇ ਮਾਲਕਾਂ ਤੇ ਸਰਕਾਰੀ ਅਧਿਕਾਰੀਆਂ, ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਤੇ ਨੇੜਲਿਆਂ ਦੀਆਂ ਚੱਲ ਅਚੱਲ ਸੰਪਤੀਆਂ ਦੀ ਜਾਂਚ ਸਟੇਟ ਵਿਜੀਲੈਂਸ ਤੋਂ ਕਰਵਾਈ ਜਾਵੇ। ਇਨ੍ਹਾਂ ਨਸ਼ੇ ਦੇ ਸੌਦਾਗਰਾਂ ਨਾਲ ਗੁਪਤ ਮੀਟਿੰਗ ਕਰਨ ਪਿੱਛੋਂ ਉਨ੍ਹਾਂ ਦੇ ਕਹਿਣ ’ਤੇ ਜਿਨ੍ਹਾਂ ਵੀ ਪੁਲਸ ਅਫਸਰਾਂ ਨੇ ਨਸ਼ਿਆਂ ਖਿਲਾਫ ਮੁਹਿੰਮ ਚਲਾਉਣ ਵਾਲੇ ਪਰਮਿੰਦਰ ਸਿੰਘ ਉਰਫ ਝੋਟਾ ਨੂੰ ਝੂਠੇ ਕੇਸ ਵਿੱਚ ਫਸਾਇਆ ਤੇ ਨਾਬਾਲਗ ਬੱਚੇ ਕਾਲੀ ਤੇ ਅਕਾਸ਼ਦੀਪ ਨੂੰ ਨਜਾਇਜ਼ ਹਿਰਾਸਤ ’ਚ ਰੱਖ ਕੇ ਉਨ੍ਹਾਂ ਨੂੰ ਜਾਤੀ ਤੇ ਧਾਰਮਿਕ ਤੌਰ ’ਤੇ ਅਪਮਾਨਤ ਕਰਕੇ ਤਸ਼ੱਦਦ ਦਾ ਸ਼ਿਕਾਰ ਬਣਾਇਆ, ਉਨ੍ਹਾਂ ਸਾਰਿਆਂ ਖਿਲਾਫ ਪੁਲਸ ਕੇਸ ਦਰਜ ਕੀਤਾ ਜਾਵੇ, ਪਰ ਮੁੱਖ ਮੰਤਰੀ ਨੇ ਵਫਦ ਨੂੰ ਸਮਾਂ ਨਾ ਦੇ ਕੇ ਅਪਣੇ ਨਾਹਰੇ ‘ਸਰਕਾਰ ਤੁਹਾਡੇ ਦਰਬਾਰ’ ਦਾ ਖੁਦ ਹੀ ਜਲੂਸ ਕੱਢ ਲਿਆ ਹੈ। ਉਨ੍ਹਾਂ ਕਿਹਾ ਕਿ ਅਜਿਹਾ ਗੈਰ-ਜ਼ਿੰਮੇਵਾਰ ਵਰਤਾਓ ਕਰਕੇ ਭਗਵੰਤ ਮਾਨ ਨੇ ਨਾ ਸਿਰਫ ਜ਼ਿਲ੍ਹੇ ਦੀ ਪੁਲਸ ਤੇ ਅਫਸਰਸ਼ਾਹੀ ਨੂੰ ਹੀ ਅਪਮਾਨਤ ਕੀਤਾ ਹੈ, ਸਗੋਂ ਮਾਨਸਾ ਜ਼ਿਲ੍ਹੇ ਲਈ ਕੋਈ ਵੀ ਸਾਰਥਕ ਐਲਾਨ ਨਾ ਕਰਕੇ ‘ਹਾਥੀ ਦੇ ਦੰਦ ਖਾਣ ਨੂੰ ਹੋਰ, ਵਿਖਾਉਣ ਨੂੰ ਹੋਰ’ ਵਾਲੀ ਕਹਾਵਤ ਨੂੰ ਵੀ ਮੁੜ ਸਹੀ ਸਾਬਿਤ ਕਰ ਦਿੱਤਾ ਹੈ।

## ਖ਼ਾਨਪੁਰ ਦਾ ਨੌਜਵਾਨ ਇੰਡੀਅਨ ਆਰਮੀ ’ਚ ਕਮਿਸ਼ਨਡ ਅਫ਼ਸਰ ਬਣਿਆ

*ਪਿੰਡ ਵਾਸੀਆਂ ’ਚ ਖ਼ੁਸ਼ੀ ਦੀ ਲਹਿਰ*



**ਮਲੇਰਕੋਟਲਾ (ਅਸਗਰ ਪਰਿਹਾਰ)**-ਮਲੇਰਕੋਟਲਾ ਜ਼ਿਲ੍ਹੇ ਦੇ ਹਲਕਾ ਅਮਰਗੜ੍ਹ ’ਚ ਪੈਂਦੇ ਪਿੰਡ ਖ਼ਾਨਪੁਰ ਦਾ ਪਹਿਲਾ ਨੌਜਵਾਨ ਜ਼ੋਰਾਵਰ ਸਿੰਘ ਗਰੇਵਾਲ ਇੰਡੀਅਨ ਆਰਮੀ ਵਿੱਚ ਡਾਇਰੈਕਟ ਲੈਫਟੀਨੈਂਟ ਭਰਤੀ ਹੋਣ ਤੇ ਜਿੱਥੇ ਪਿੰਡ ਵਾਸੀਆਂ ’ਚ ਖੁਸ਼ੀ ਦਾ ਮਾਹੌਲ ਪਾਇਆ ਜਾ ਰਿਹਾ ਹੈ, ਉੱਥੇ ਹੀ ਪਿੰਡ ਦੇ ਨੌਜਵਾਨ ਜ਼ੋਰਾਵਰ ਸਿੰਘ ਗਰੇਵਾਲ ਦਾ ਆਪਣੀ ਮਿਹਨਤ ਸਦਕਾ ਸਿੱਧੇ ਤੌਰ ’ਤੇ ਭਰਤੀ ਹੋ ਕੇ ਕਮਿਸ਼ਨਡ ਅਫਸਰ ਬਣਨਾ ਹਲਕਾ ਅਮਰਗੜ੍ਹ ਤੇ ਜ਼ਿਲ੍ਹਾ ਮਾਲੇਰਕੋਟਲਾ ਲਈ ਫਖਰ ਦੀ ਗੱਲ ਹੈ। ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੇ ਚਾਚਾ ਰਾਜਦੀਪ ਸਿੰਘ ਗਰੇਵਾਲ (ਕੁੰਵਰ) ਨੇ ਪ੍ਰਮਾਤਮਾ ਦਾ ਸ਼ੁਕਰਾਨਾ ਕਰਦੇ ਹੋਏ ਪਿੰਡ ਦੇ ਲੋਕਾਂ ਤੇ ਸਮੂਹ ਇਲਾਕਾ ਨਿਵਾਸੀਆਂ ਨੂੰ ਮੁਬਾਰਕਬਾਦ ਦਿੰਦਿਆਂ ਦੱਸਿਆ ਕਿ ਰਿਟਾ. ਬਾਇਓ ਲੈਕਚਰਾਰ ਪ੍ਰਦੀਪ ਸਿੰਘ ਗਰੇਵਾਲ ਤੇ ਲੈਕਚਰਾਰ ਸੁਮਨਦੀਪ ਕੌਰ ਦਾ ਹੋਣਹਾਰ ਸਪੁੱਤਰ ਲੈਫਟੀਨੈਂਟ ਜ਼ੋਰਾਵਰ ਸਿੰਘ ਗਰੇਵਾਲ ਦਾ ਐਤਵਾਰ ਸਵੇਰੇ 8 ਵਜੇ ਆਪਣੇ ਪਿੰਡ ਖਾਨਪੁਰ ਪਹੁੰਚਣ ’ਤੇ ਭਰਵਾਂ ਸਵਾਗਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਮੁੱਚੇ ਪਰਿਵਾਰ, ਰਿਸ਼ਤੇਦਾਰਾਂ ਤੇ ਪਿੰਡ ਦੇ ਲੋਕਾਂ ਵਿੱਚ ਖੁਸ਼ੀ ਦਾ ਮਾਹੌਲ ਪਾਇਆ ਜਾ ਰਿਹਾ ਹੈ।

# ਨਵਾਂ ਸਲੇਮਸ਼ਾਹ ’ਚ ਜ਼ਮੀਨੀ ਵਿਵਾਦ ਦੇ ਮਾਮਲੇ ’ਚ ਕਿਸਾਨ ਤੇ ਹੋਰ ਜਥੇਬੰਦੀਆਂ ਆਹਮੋ-ਸਾਹਮਣੇ

**■ ਜ਼ਮੀਨ ਦੇ ਕਬਜ਼ੇ ਸੰਬੰਧੀ ਪ੍ਰਸ਼ਾਸਨ ਨੂੰ ਦਿੱਤਾ ਮੰਗ ਪੱਤਰ**



**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਫਾਜ਼ਿਲਕਾ ਨੇੜੇ ਦੇ ਪਿੰਡ ਨਵਾਂ ਸਲੇਮਸ਼ਾਹ ਵਿੱਚ ਕਿਸਾਨ ਮਜ਼ਦੂਰ ਸੰਘਰਸ ਕਮੇਟੀ ਵੱਲੋਂ ਪਿੰਡ ਦੀ ਪੰਚਾਇਤੀ ਜ਼ਮੀਨ ਦੇ ਵਿਵਾਦ ਨੂੰ ਲੈ ਕੇ ਧਰਨਾ ਲਗਾਇਆ ਹੋਇਆ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਜ਼ਮੀਨ ਕਸਟੋਡੀਅਨ ਦੀ ਹੈ, ਜਿਸ ’ਤੇ ਹੁਣ ਪਿੰਡ ਦੀ ਪੰਚਾਇਤ ਵੱਲੋਂ ਬੋਲੀ ਲਗਾ ਕੇ ਸਬੰਧਤ ਕਿਸਾਨ ਨੂੰ ਖੇਤੀ ਲਈ ਦੇ ਦਿੱਤੀ ਗਈ ਹੈ, ਜਿਸ ਕਾਰਨ ਉਨ੍ਹਾਂ ਵੱਲੋਂ ਪ੍ਰਸ਼ਾਸਨ ਤੇ ਪੰਚਾਇਤ ਖਿਲਾਫ ਧਰਨਾ ਦਿੱਤਾ ਜਾ ਰਿਹਾ ਹੈ।

ਦੂਜੇ ਪਾਸੇ 5 ਜਥੇਬੰਦੀਆਂ ਵੱਲੋਂ ਪਿੰਡ ਨਵਾਂ ਸਲੇਮਸ਼ਾਹ ਵਿੱਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਦਿੱਤੇ ਜਾ ਰਹੇ ਧਰਨੇ ਖਿਲਾਫ ਜ਼ਿਲ੍ਹਾ ਪ੍ਰਸ਼ਾਸਨ ਨੂੰ ਇੱਕ ਮੰਗ-ਪੱਤਰ ਸੌਂਪਿਆ ਗਿਆ ਹੈ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਮਾਨਸਾ ਦੇ ਜ਼ਿਲ੍ਹਾ ਪ੍ਰਧਾਨ ਜਸਵੀਰ ਸਿੰਘ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਸੁਬੇਗ ਸਿੰਘ ਤੇ ਹੋਰ ਆਗੂਆਂ ਨੇ ਮੀਡੀਆ ਸਾਹਮਣੇ ਦੱਸਿਆ ਕਿ 4 ਸਾਲ ਪਹਿਲਾਂ ਹਾਈਕੋਰਟ ਦੇ ਹੁਕਮਾਂ ਅਨੁਸਾਰ ਕਮਿਸ਼ਨ ਤੈਅ ਕਰਕੇ 22 ਏਕੜ ਜ਼ਮੀਨ ਗ੍ਰਾਮ ਪੰਚਾਇਤ ਨੂੰ ਸੌਂਪੀ ਗਈ ਸੀ, ਜੋ ਪਿਛਲੇ 4 ਸਾਲਾਂ ਤੋਂ ਠੇਕੇ ’ਤੇ ਦਿੱਤੀ ਜਾ ਰਿਹੀ ਸੀ, ਪਰ ਕੁਝ ਅਖੌਤੀ ਕਿਸਾਨ ਜਥੇਬੰਦੀਆਂ ਦੇ ਇੰਚਾਰਜਾਂ ਨੇ ਆਪਣੇ ਲਾਲਚ ਕਾਰਨ ਤੇ ਆਪਣੀਆਂ ਜੇਬਾਂ ਭਰਨ ਲਈ ਉਸ ਗ੍ਰਾਮ ਪੰਚਾਇਤ ਦੀ ਜ਼ਮੀਨ ’ਤੇ ਧਰਨਾ ਲਗਾ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਇਸ ਅਖੌਤੀ ਕਿਸਾਨ ਜਥੇਬੰਦੀ ਦੇ ਆਗੂ ਜਗਦੀਸ਼ ਸਿੰਘ ਦੇ ਧੋਖੇ ਬਾਰੇ ਪ੍ਰਸ਼ਾਸਨ ਨੂੰ ਵੀ ਜਾਣੂ ਕਰਵਾਇਆ ਗਿਆ ਕਿ ਉਹ ਕਿਸ ਤਰ੍ਹਾਂ ਲੋਕਾਂ ਨਾਲ ਠੱਗੀ ਮਾਰ ਕੇ ਜਥੇਬੰਦੀ ਨਾਲ ਧੋਖਾਧੜੀ ਕਰਕੇ ਆਪਣੀਆਂ ਜੇਬਾਂ ਭਰਨ ’ਚ ਲੱਗਾ ਹੋਇਆ ਹੈ, ਜਿਸ ਕਾਰਨ ਪ੍ਰਸ਼ਾਸਨ ਵੀ ਸੰਤੁਸ਼ਟ ਹੋ ਗਿਆ ਹੈ ਤੇ ਉਨ੍ਹਾਂ ਨੇ ਵੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਹੈ।

ਦੂਜੇ ਪਾਸੇ ਸਬੰਧਤ ਕਿਸਾਨ ਆਗੂ ਜਗਦੀਸ਼ ਸਿੰਘ ਨੇ ਆਪਣੇ ’ਤੇ ਲੱਗੇ ਦੋਸ਼ਾਂ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਹੈ। ਉਸ ਦਾ ਕਹਿਣਾ ਹੈ ਕਿ ਉਸ ’ਤੇ ਦੋਸ਼ ਲਾਉਣ ਵਾਲਿਆਂ ਨੂੰ ਉਸ ਵਿਰੁੱਧ ਸਬੂਤ ਦਿਖਾਉਣੇ ਚਾਹੀਦੇ ਹਨ ਤੇ ਜੇਕਰ ਉਸ ਨੇ ਕਿਸੇ ਨਾਲ ਪੈਸੇ ਜਾਂ ਧੋਖਾਧੜੀ ਕੀਤੀ ਹੈ ਤਾਂ ਉਹ ਸਾਬਿਤ ਕਰਨ।

## ਕਾਤਰਾਂ

### ਪੰਜਾਬ ਰਾਜ ਗੱਤਕਾ ਚੈਂਪੀਅਨਸ਼ਿਪ ਭਲਕ ਤੋਂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪੰਜਾਬ ਗੱਤਕਾ ਐਸੋਸੀਏਸ਼ਨ ਵੱਲੋਂ ਗੁਰਦੁਆਰਾ ਈਸਰ ਪ੍ਰਕਾਸ਼, ਰਤਵਾੜਾ ਸਾਹਿਬ ਮੋਹਾਲੀ ਵਿਖੇ 8ਵੀਂ ਪੰਜਾਬ ਰਾਜ ਗੱਤਕਾ ਚੈਂਪੀਅਨਸ਼ਿਪ 13, 14 ਤੇ 15 ਜੂਨ 2023 ਨੂੰ ਕਰਵਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸੋਸੀਏਸ਼ਨ ਦੇ ਜਰਨਲ ਸਕੱਤਰ ਬਲਜਿੰਦਰ ਸਿੰਘ ਨੇ ਦੱਸਿਆ ਕਿ ਚੈਂਪੀਅਨਸ਼ਿਪ ਦਾ ਉਦਘਾਟਨ ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਵੱਲੋਂ ਕੀਤਾ ਜਾਵੇਗਾ, ਜਦਕਿ ਮੁੱਖ ਮਹਿਮਾਨ ਵਜੋਂ ਬਾਬਾ ਲਖਬੀਰ ਸਿੰਘ ਰਤਵਾੜਾ ਸਾਹਿਬ ਵਾਲੇ ਸ਼ਿਰਕਤ ਕਰਨਗੇ। ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਗੱਤਕਾ ਫੈਡਰੇਸ਼ਨ ਆਫ਼ ਇੰਡੀਆ ਦੇ ਪ੍ਰਧਾਨ ਹਰਚਰਨ ਸਿੰਘ ਭੁੱਲਰ (ਆਈਪੀਐੱਸ) ਤੇ ਐਸੋਸੀਏਸ਼ਨ ਦੇ ਪ੍ਰਧਾਨ ਡਾਕਟਰ ਰਜਿੰਦਰ ਸਿੰਘ ਸੋਹਲ ਵੱਲੋਂ ਕੀਤੀ ਜਾਵੇਗੀ। ਇਸ ਮੌਕੇ ਵਾਈਸ ਪ੍ਰਧਾਨ ਦਵਿੰਦਰ ਸਿੰਘ ਜੁਗਨੀ, ਅਰਸ਼ਦ ਡਾਲੀ, ਰਘਬੀਰ ਸਿੰਘ ਡੇਹਲੋਂ, ਹਰਮਨ ਸਿੰਘ, ਰਾਜਵੀਰ ਸਿੰਘ, ਗੁਰਲਾਲ ਸਿੰਘ, ਤਲਵਿੰਦਰ ਸਿੰਘ ਹਾਜ਼ਰ ਸਨ।

### ਬ੍ਰਾਹਮਣ ਸਮਾਜ ਦੀ ਵਿਸ਼ੇਸ਼ ਮੀਟਿੰਗ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਬ੍ਰਾਹਮਣ ਸਮਾਜ ਸਮਾਣਾ ਦੀ ਇੱਕ ਵਿਸ਼ੇਸ਼ ਮੀਟਿੰਗ ਸਥਾਨਕ ਭਗਵਾਨ ਪਰਸ਼ੂਰਾਮ ਧਰਮਸ਼ਾਲਾ ਵਿਖੇ ਪ੍ਰਧਾਨ ਪਾਰਸ ਸ਼ਰਮਾ ਦੀ ਅਗਵਾਈ ਹੇਠ ਹੋਈ। ਇਸ ਮੌਕੇ ਪ੍ਰਧਾਨ ਪਾਰਸ ਸ਼ਰਮਾ, ਆਰ ਡੀ ਸ਼ਰਮਾ, ਗੋਪਾਲ ਸ਼ਰਮਾ, ਸ਼ਿਵ ਸ਼ਰਮਾ ਤੇ ਭੋਚਿੰਦਰ ਸ਼ਰਮਾ ਆਦਿ ਨੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਬ੍ਰਾਹਮਣ ਸਮਾਜ ਵੱਲੋਂ ਸ਼ਹਿਰ ’ਚ ਭਾਈਚਾਰੇ ਲਈ ਲਗਾਤਾਰ ਗਤੀਵਿਧੀਆਂ ਜਾਰੀ ਰੱਖੀਆਂ ਜਾਣਗੀਆਂ। ਆਰਥਿਕ ਤੌਰ ’ਤੇ ਕਮਜ਼ੋਰ ਬ੍ਰਾਹਮਣ ਪਰਿਵਾਰਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਏਗੀ। ਬ੍ਰਾਹਮਣ ਸਮਾਜ ’ਚ ਏਕਤਾ ਬਣਾਉਣ ਲਈ ਆਪਸੀ ਭਾਈਚਾਰਕ ਸਾਂਝ ਕਾਇਮ ਕੀਤੀ ਜਾਏਗੀ। ਇਸ ਮੌਕੇ ਸ਼ੇਖਰ ਸ਼ਰਮਾ, ਸ਼ਿਵ ਸ਼ਰਮਾ, ਪਿੰਕਾ ਸ਼ਰਮਾ, ਸੋਨੂੰ ਸ਼ਰਮਾ, ਕਸ਼ਮੀਰ ਸ਼ਰਮਾ, ਜਸਵੰਤ ਸ਼ਰਮਾ, ਧੀਰਜ ਸ਼ਰਮਾ ਤੇ ਮੱਖਣ ਸ਼ਰਮਾ ਆਦਿ ਨੇ ਵਿਚਾਰ ਪੇਸ਼ ਕੀਤੇ।

### ਕੁੱਟਮਾਰ ਕਰਨ ਦੇ ਦੋਸ਼ ’ਚ 9 ਨਾਮਜ਼ਦ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਪੁਲਸ ਵੱਲੋਂ ਮਨਦੀਪ ਸਿੰਘ ਵਾਸੀ ਲੁਹਾਰੀਆਂ ਦੀ ਸ਼ਿਕਾਇਤ ਦੇ ਅਧਾਰ ’ਤੇ ਘਰ ਵਿੱਚ ਦਾਖਲ ਹੋ ਕੇ ਕੁੱਟਮਾਰ ਕਰਨ ਦੇ ਕਥਿਤ ਦੋਸ਼ ਹੇਠ ਹਰਮਨ ਕੌਰ, ਦਿਲਾਵਰ ਸਿੰਘ ਵਾਸੀ ਲੁਹਾਰੀਆਂ, ਗੋਪੀ, ਜਸ਼ਨ, ਸਮਨ ਤੇ ਹੋਰ 4 ਅਣਪਛਾਤੇ ਵਿਅਕਤੀਆਂ ਖਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ। ਮਨਦੀਪ ਸਿੰਘ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਉਹ ਰਾਤ 10 ਵਜੇ ਆਪਣ ਘਰ ਮੌਜੂਦ ਸੀ ਕਿ ਉਸਦੇ ਪਿੰਡ ਦੀ ਹੀ ਹਰਮਨ ਕੌਰ ਤੇ ਦਿਲਾਵਰ ਸਿੰਘ ਆਪਣੇ ਨਾਲ ਕੁਝ ਵਿਅਕਤੀਆਂ ਸਮੇਤ ਘਰ ਵਿੱਚ ਦਾਖਲ ਹੋ ਗਏ ਤੇ ਕਹਿਣ ਲੱਗੇ ਕਿ ਤੂੰ ਸਾਡੀ ਝੂਠੀ ਬਦਨਾਮੀ ਕਰਦਾ ਹੈ। ਇਨ੍ਹਾਂ ਸਾਰੇ ਵਿਅਕਤੀਆਂ ਨੇ ਮੇਰੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ ਤੇ ਜਦੋਂ ਮੈਂ ਰੌਲਾ ਪਾਇਆ ਤਾਂ ਇਕੱਠ ਨੂੰ ਦੇਖ ਇਹ ਸਾਰੇ ਵਿਅਕਤੀ ਮੈਨੂੰ ਜਾਨੋ ਮਾਰਨ ਦੀਆਂ ਧਮਕੀਆਂ ਦੇ ਕੇ ਫ਼ਰਾਰ ਹੋ ਗਏ। ਪੁਲਸ ਵੱਲੋਂ ਉਕਤ 9 ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।

### ਮੁੱਖ ਮੰਤਰੀ ਦਾ ਕੱਚੇ ਮੁਲਾਜ਼ਮਾਂ ਵੱਲੋਂ ਵਿਰੋਧ

**ਮਾਨਸਾ (ਗੀਤਵਾਲ)**-ਮੁੱਖ ਮੰਤਰੀ ਭਗਵੰਤ ਮਾਨ ਦਾ ਮਾਨਸਾ ਪੁੱਜਣ ’ਤੇ ਕੱਚੇ ਮੁਲਾਜ਼ਮਾਂ ਵੱਲੋਂ ਵਿਰੋਧ ਕੀਤਾ ਗਿਆ। ਮੁੱਖ ਮੰਤਰੀ ਖ਼ਿਲਾਫ਼ ਵੇਰਕਾ ਸਮੇਤ ਅਨੇਕਾਂ ਹੋਰ ਵਿਭਾਗਾਂ ਵਿੱਚ ਕੰਮ ਕਰਦੇ ਕੱਚੇ ਮੁਲਾਜ਼ਮਾਂ ਨੇ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵਾਅਦੇ ਕਰਕੇ ਮੁਕਰਨ ਵਾਲਿਆਂ ਵਿੱਚੋਂ ਹੈ ਤੇ ਪੰਜਾਬ ਸਰਕਾਰ ਖਿਲਾਫ ਮੁਰਦਾਬਾਦ ਦੇ ਨਾਅਰੇ ਲਗਾਏ। ਇਸ ਦੌਰਾਨ ਪੁਲਸ ਮੁਲਾਜ਼ਮਾਂ ਨੇ ਉਨ੍ਹਾਂ ਦੀ ਖਿੱਚ-ਧੂਹ ਵੀ ਕੀਤੀ ਤੇ ਕਾਮਿਆਂ ਨੂੰ ਥਾਣੇ ਵਿੱਚ ਬੰਦ ਕਰ ਦਿੱਤਾ ਗਿਆ।

### ਦੜੇ-ਸੱਟੇ ਦੀ ਰਾਸ਼ੀ ਸਣੇ 2 ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਨੇ ਦੜੇ ਸੱਟੇ ਦੀ 11130 ਰੁਪਏ ਰਾਸ਼ੀ ਸਣੇ 2 ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਪਾਰਟੀ ਗਸ਼ਤ ਦੌਰਾਨ ਲਾਇਟਾਂ ਵਾਲਾ ਚੌਕ ਜਲਾਲਾਬਾਦ ਵਿਖੇ ਪੁੱਜਣ ’ਤੇ ਮੁਖਬਰ ਖਾਸ ਨੇ ਪੁਲਸ ਨੂੰ ਇਤਲਾਹ ਦਿੱਤੀ ਕਿ ਸੁਰਜੀਤ ਸਿੰਘ ਪੁੱਤਰ ਮੰਗਲ ਸਿੰਘ ਵਾਸੀ ਲੱਲਾ ਬਸਤੀ ਜਲਾਲਾਬਾਦ ਦੜਾ ਸੱਟਾ ਲਿਖਣ ਦਾ ਆਦੀ ਹੈ, ਜੋ ਹੁਣ ਵੀ ਸ਼ਰੇਆਮ ਦੜਾ ਸੱਟਾ ਲਿਖ ਰਿਹਾ ਹੈ, ਇਸ ’ਤੇ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ ਸੁਰਜੀਤ ਸਿੰਘ ਨੂੰ 340 ਰੁਪਏ ਦੜੇ ਸੱਟੇ ਦੀ ਰਾਸ਼ੀ ਸਣੇ ਕਾਬੂ ਕੀਤਾ ਗਿਆ। ਇਸੇ ਦੌਰਾਨ ਮੋਨੂੰ ਕੁਮਾਰ ਪੁੱਤਰ ਸੁਰਤ ਸਿੰਘ ਵਾਸੀ ਲੱਲ੍ਹਾ ਬਸਤੀ ਜਲਾਲਾਬਾਦ ਨੂੰ 10790 ਰੁਪਏ ਦੀ ਰਾਸ਼ੀ ਸਣੇ ਕਾਬੂ ਕੀਤਾ ਗਿਆ। ਪੁਲਸ ਨੇ ਇਨ੍ਹਾਂ ਖਿਲਾਫ ਕੇਸ ਦਰਜ ਕੀਤਾ ਹੈ।

## ਬਿਜਲੀ ਏਕਤਾ ਮੰਚ ਨੇ ਸਹਾਇਕ ਲਾਈਨਮੈਨਾਂ ਦੇ ਹੱਕ ’ਚ ਵਜਾਇਆ ਸੰਘਰਸ਼ ਦਾ ਬਿਗਲ



**ਸੰਗਰੂਰ (ਪ੍ਰਵੀਨ ਸਿੰਘ)**-ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੀ ਬੀਤੇ ਦਿਨੀਂ ਹੋਈ ਮੀਟਿੰਗ ਵਿੱਚ ਸੀਆਰਏ 295/19 ਤੇ ਹੋਰ ਮੰਗਾਂ ਸੰਬੰਧੀ ਸੰਘਰਸ਼ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ, ਜਿਸ ਦੇ ਅਨੁਸਾਰ 7 ਜੂਨ ਤੋਂ ਲੈ ਕੇ 20 ਜੂਨ ਤੱਕ ਡਵੀਜ਼ਨ ਪੱਧਰ ’ਤੇ ਰੋਸ ਰੈਲੀਆਂ ਤੇ ਭੁੱਖ ਹੜਤਾਲ 13 ਜੂਨ ਤੋਂ 23 ਜੂਨ ਤੱਕ ਸਮੁੱਚੇ ਮੁਲਾਜ਼ਮਾਂ ਵੱਲੋਂ ਵਰਕ ਟੂ ਰੂਲ ਡਿਊਟੀ ਕੀਤੀ ਜਾਵੇਗੀ ਤੇ 24/06/2023 ਨੂੰ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਦੀ ਰਿਹਾਇਸ਼ ’ਤੇ ਰੋਸ ਪ੍ਰਦਰਸ਼ਨ ਕੀਤਾ ਜਾਣਾ ਹੈ। ਮੰਚ ਵੱਲੋਂ ਉਲੀਕੇ ਸਘੰਰਸ਼ ਦੇ ਤਹਿਤ ਅੱਜ ਪਾਵਰਕਾਮ ਦੀ ਡਵੀਜ਼ਨ ਦਿੜ੍ਹਬਾ ਗੇਟ ’ਤੇ ਰੋਸ ਰੈਲੀ ਕੀਤੀ ਗਈ।

ਇਹ ਰੋਸ ਰੈਲੀ ਗੁਰਜੀਤ ਸਿੰਘ ਸ਼ੇਰਗਿੱਲ ਸੀਨੀ: ਮੀਤ ਪ੍ਰਧਾਨ (ਆਈ ਟੀ ਆਈ ਇੰਪਲਾਈਜ਼ ਐਸੋਸੀਏਸ਼ਨ) ਤੇ ਇੰਜ. ਜਗਦੀਪ ਸਿੰਘ ਗੁੱਜਰਾਂ ਜਨਰਲ ਸਕੱਤਰ ਸਰਕਲ ਸੰਗਰੂਰ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਸੀ ਆਰ ਏ 295/19 ਵਾਲੇ ਮੁਲਾਜ਼ਮਾਂ ਦਾ ਪਰਖਕਾਲ ਸਮਾਂ ਪੂਰਾ ਹੋਣ ’ਤੇ ਪੂਰੀ ਤਨਖਾਹ ਦੇਣ ਸੰਬੰਧੀ ਤੇ ਝੂਠੇ ਪਰਚੇ ਰੱਦ ਕਰਨ ਸਬੰਧੀ ਰੋਸ ਪ੍ਰਦਰਸ਼ਨ ਕੀਤਾ ਅਤੇ ਆਉਣ ਵਾਲੇ ਦਿਨਾਂ ਵਿੱਚ ਜੋ ਵੀ ਬਿਜਲੀ ਏਕਤਾ ਮੰਚ ਪੰਜਾਬ ਵੱਲੋਂ ਡਵੀਜ਼ਨ ਪੱਧਰ ਦਾ ਜੋ ਪ੍ਰੋਗਰਾਮ ਦਿੱਤਾ ਗਿਆ ਹੈ, ਉਸ ਵਿੱਚ ਸਮੁੱਚੇ ਮੁਲਾਜ਼ਮਾਂ ਵੱਲੋਂ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਪੈਡੀ ਸੀਜ਼ਨ ਨੂੰ ਮੁੱਖ ਰੱਖਦਿਆਂ ਪਾਵਰਕਾਮ ਮੈਨੇਜਮੈਂਟ ਤੇ ਪੰਜਾਬ ਸਰਕਾਰ ਨੂੰ ਇਸ ਦੇ ਨਿਕਲਣ ਵਾਲੇ ਸਿੱਟਿਆਂ ਦਾ ਸਾਹਮਣਾ ਕਰਨਾ ਪਵੇਗਾ। ਮੀਟਿੰਗ ਖਤਮ ਹੋਣ ਉਪਰੰਤ ਐਕਸੀਅਨ ਦਿੜ੍ਹਬਾ ਇੰਜੀ. ਮਨੀਸ਼ ਕੁਮਾਰ ਗਰਗ ਨੂੰ ਏਕਤਾ ਮੰਚ ਪੰਜਾਬ ਦੇ ਉਲੀਕੇ ਸੰਘਰਸ਼ ਅਨੁਸਾਰ ਮੰਗ ਪੱਤਰ ਵੀ ਸੌਂਪਿਆ ਗਿਆ ਤੇ ਆਉਣ ਵਾਲੇ ਦਿਨਾਂ ’ਚ ਜੋ ਵੀ ਏਕਤਾ ਮੰਚ ਪੰਜਾਬ ਵੱਲੋਂ ਦਿੱਤੇ ਸੰਘਰਸ਼ ਬਾਰੇ ਜਾਣੂ ਕਰਵਾਇਆ ਗਿਆ। ਮੀਟਿੰਗ ਵਿੱਚ ਸ਼ਾਮਲ ਸਾਥੀ ਅੰਮ੍ਰਿਤ ਸਿੰਘ ਭੜੋ, ਵੀਰ ਸਿੰਘ, ਲਖਵਿੰਦਰ ਸਿੰਘ, ਰਣਜੀਤ ਸਿੰਘ, ਮੇਜਰ ਸਿੰਘ, ਗੁਰਪ੍ਰੀਤ ਸਿੰਘ ਖੇਤਲਾ, ਹਾਕਮ ਦਾਸ, ਮਨਦੀਪ ਸਿੰਘ, ਜਰਨੈਲ ਸਿੰਘ, ਗੁਰਜੀਤ ਸਿੰਘ, ਬਿਕਰਮਜੀਤ ਸਿੰਘ ਆਦਿ ਨੇ ਸੰਬੋਧਨ ਕੀਤਾ।

## ਐੱਸ ਸੀ ਵਰਗ ਨੂੰ ਤੰਗ-ਪ੍ਰੇਸ਼ਾਨ ਕਰਨ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ : ਪੂਨਮ ਕਾਂਗੜਾ



**ਜਗਰਾਉਂ (ਸੰਜੀਵ ਅਰੋੜਾ)**

ਮੈਡਮ ਪੂਨਮ ਕਾਂਗੜਾ ਮੈਂਬਰ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਚੰਡੀਗੜ੍ਹ ਜ਼ਿਲ੍ਹਾ ਲੁਧਿਆਣਾ ਨਾਲ ਸਬੰਧਤ ਪਿੰਡਾਂ ਅੰਦਰ ਵੱਖ-ਵੱਖ ਪ੍ਰੋਗਰਾਮਾਂ ਵਿੱਚ ਹਿੱਸਾ ਲੈਣ ਲਈ ਪਹੁੰਚੇ। ਉਨ੍ਹਾਂ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਵਿਰਕ ਵਿਖੇ ਪੱਤਰਕਾਰ ਨਸੀਬ ਸਿੰਘ ਵਿਰਕ ਦੇ ਨਿਵਾਸ ਸਥਾਨ ’ਤੇ ਦਰਸ਼ਨ ਸਿੰਘ ਕਾਂਗੜਾ ਤੇ ਆਪਣੀ ਟੀਮ ਸਮੇਤ ਵਿਸ਼ੇਸ਼ ਤੌਰ ’ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਐੱਸ. ਸੀ. ਵਰਗ ਨੂੰ ਇਨਸਾਫ਼ ਦਿਵਾਉਣ ਲਈ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦ੍ਰਿੜ੍ਹਤਾ ਨਾਲ ਕੰਮ ਕਰ ਰਿਹਾ ਹੈ।

ਅੱਜ ਦੇ ਦੌਰੇ ਸਬੰਧੀ ਉਨ੍ਹਾਂ ਕਿਹਾ ਕਿ ਉਹ ਅੱਜ ਨਿੱਜੀ ਤੌਰ ’ਤੇ ਵੱਖ ਵੱਖ ਜਗ੍ਹਾ ’ਤੇ ਸਮਾਜਿਕ ਤੇ ਧਾਰਮਿਕ ਪ੍ਰੋਗਰਾਮਾਂ ਵਿੱਚ ਹਿੱਸਾ ਲੈਣ ਲਈ ਆਏ ਸਨ। ਮੈਡਮ ਪੂਨਮ ਕਾਂਗੜਾ ਨੇ ਕਿਹਾ ਕਿ ਕਿਸੇ ਵਿਸ਼ੇਸ਼ ਵਰਗ ’ਤੇ ਅੱਤਿਆਚਾਰਾਂ ਨੂੰ ਰੋਕਣ ਲਈ ਸਮੇਂ-ਸਮੇਂ ਦੀਆਂ ਸਰਕਾਰਾਂ ਵੱਲੋਂ ਅਨੇਕਾਂ ਕਾਨੂੰਨ ਬਣਾਏ ਗਏ ਹਨ, ਪ੍ਰੰਤੂ ਇਸ ਦੇ ਬਾਵਜੂਦ ਕੁਝ ਲੋਕ ਐੱਸ. ਸੀ. ਵਰਗ ਦੇ ਮਾਸੂਮ ਲੋਕਾਂ ਉਪਰ ਜ਼ੁਲਮ ਕਰ ਰਹੇ ਹਨ, ਅਜਿਹੀਆਂ ਘਟਨਾਵਾਂ ਨੂੰ ਅੰਜਾਮ ਪਹੁੰਚਾਉਣ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

ਇਸ ਮੌਕੇ ਪੱਤਰਕਾਰਾਂ ਵੱਲੋਂ ਮੈਡਮ ਪੂਨਮ ਕਾਂਗੜਾ ਦੇ ਧਿਆਨ ਵਿੱਚ ਵੱਖ-ਵੱਖ ਜ਼ਿਲ੍ਹਿਆਂ ਨਾਲ ਸਬੰਧਤ ਦਲਿਤਾਂ ਨਾਲ ਹੋਈਆਂ ਘਟਨਾਵਾਂ ਵੀ ਧਿਆਨ ਵਿੱਚ ਲਿਆਂਦੀਆਂ ਗਈਆਂ, ਜਿਸ ਸਬੰਧੀ ਉਨ੍ਹਾ ਕਿਹਾ ਕਿ ਐੱਸ. ਸੀ. ਵਰਗ ਨੂੰ ਇਨਸਾਫ਼ ਦਿਵਾਉਣ ਤੇ ਉਨ੍ਹਾਂ ’ਤੇ ਜ਼ੁਲਮ ਕਰਨ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਕਰਵਾਉਣ ਲਈ ਮੀਡੀਆ ਦਾ ਬਹੁਤ ਵੱਡਾ ਯੋਗਦਾਨ ਹੈ। ਐੱਸ. ਸੀ. ਵਰਗ ਨਾਲ ਹੋਈਆਂ ਵਧੀਕੀਆਂ ਨਾਲ਼ ਸਬੰਧਤ ਅਨੇਕਾਂ ਅਜਿਹੇ ਮਾਮਲੇ ਹਨ, ਜੋ ਮੀਡੀਆ ਵੱਲੋਂ ਚੁੱਕਣ ਤੋਂ ਬਾਅਦ ਹੀ ਹੱਲ ਕਰਵਾਏ ਗਏ ਹਨ। ਇਸ ਮੌਕੇ ਥਾਣਾ ਸਿੱਧਵਾਂ ਬੇਟ ਮੁਖੀ ਕਰਮਜੀਤ ਸਿੰਘ, ਚੌਕੀ ਇੰਚਾਰਜ ਏ. ਐੱਸ. ਆਈ. ਦਲਜੀਤ ਸਿੰਘ, ਰਾਮ ਸਿੰਘ ਸੰਗਤਪੁਰਾ, ਪੱਤਰਕਾਰ ਰਣਜੀਤ ਸਿੰਘ ਰਾਣਾ ਪ੍ਰਧਾਨ ਪ੍ਰੈੱਸ ਕਲੱਬ ਪੰਜਾਬ, ਬਲਜਿੰਦਰ ਸਿੰਘ ਤੋਤਾ, ਕੁਲਵਿੰਦਰ ਸਿੰਘ ਸ਼ਨੀ, ਪੇਂਟਰ ਕੁਲਦੀਪ ਸਿੰਘ ਵਿਰਕ, ਪੱਤਰਕਾਰ ਬਲਜਿੰਦਰ ਸਿੰਘ ਵਿਰਕ, ਪੱਤਰਕਾਰ ਰਾਜ ਗਾਲਿਬ, ਮਾਤਾ ਜਸਵੰਤ ਕੌਰ, ਆਂਗਣਵਾੜੀ ਵਰਕਰ ਸਰਬਜੀਤ ਕੌਰ ਵਿਰਕ ਤੇ ਪਰਮਜੀਤ ਕੌਰ ਵਿਰਕ ਸਮੇਤ ਹੋਰ ਪਿੰਡ ਵਾਸੀ ਆਦਿ ਹਾਜ਼ਰ ਸਨ।

## ਬਲੌਜ਼ਮਜ਼ ਸਕੂਲ ’ਚ ਅਧਿਆਪਕਾਂ ਲਈ ਤਕਨੀਕੀ ਸਿੱਖਿਆ ਕੈਂਪ

**ਜਗਰਾਉਂ (ਸੰਜੀਵ ਅਰੋੜਾ)**-ਬਲੌਜ਼ਮਜ਼ ਕਾਨਵੈਂਟ ਸਕੂਲ ਦੇ ਅਧਿਆਪਕਾਂ ਲਈ ਤਕਨੀਕੀ ਸਿੱਖਿਆ ਕੈਂਪ ਲਾਇਆ ਗਿਆ, ਜਿਸ ਵਿੱਚ ਉਨ੍ਹਾਂ ਨੂੰ ਕੰਪਿਊਟਰ ਦੇ ਯੁੱਗ ਵਿੱਚ ਹੋਰ ਚੰਗੀ ਮੁਹਾਰਤ ਹਾਸਲ ਕਰਨ ਲਈ ਕਲਾਸਾਂ ਲਗਾਈਆਂ ਗਈਆਂ। ਵਿਦਿਆਰਥੀ ਵਰਗ ਲਈ ਤੇ ਆਪਣੀ ਉੱਨਤੀ ਲਈ ਇਹ ਸਿੱਖਿਆ ਜ਼ਰੂਰੀ ਹੈ। ਸਮੇਂ ਦੀ ਤੇਜ਼ ਰਫ਼ਤਾਰ ਨਾਲ ਅੱਗੇ ਵੱਧਣਾ ਤੇ ਵਧਾਉਣਾ ਸਾਡਾ ਫਰਜ਼ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ: ਅਮਰਜੀਤ ਕੌਰ ਨਾਜ਼ ਨੇ ਕਿਹਾ ਕਿ ਅੱਜ ਦੇ ਤੇਜ਼ ਰਫ਼ਤਾਰ ਯੁੱਗ ਵਿੱਚ ਹਰ ਕੰਮ ਕੰਪਿਊਟਰ ਨਾਲ ਸੰਭਵ ਹੋ ਰਿਹਾ ਹੈ। ਅਸੀਂ ਆਪਣੇ ਅਧਿਆਪਕਾਂ ਨੂੰ ਤਕਨੀਕੀ ਸਿੱਖਿਆ ਨਾਲ ਜੋੜ ਕੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕਰਦੇ ਹਾਂ। ਹਰ ਇੱਕ ਕੰਮ ਆਨ-ਲਾਈਨ ਹੋਣ ਦੀ ਵਜ੍ਹਾ ਕਰਕੇ ਹਰ ਵਿਅਕਤੀ ਨੂੰ ਇਸ ਦੀ ਜਾਣਕਾਰੀ ਜ਼ਰੂਰੀ ਹੈ। ਇਸ ਮੌਕੇ ਸਕੂਲ ਦੀ ਮੈਨੇਜਿੰਗ ਕਮੇਟੀ ਦੇ ਚੇਅਰਮੈਨ ਹਰਭਜਨ ਸਿੰਘ ਜੌਹਲ, ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ, ਅਜਮੇਰ ਸਿੰਘ ਰੱਤੀਆ ਤੇ ਸਤਵੀਰ ਸਿੰਘ ਸੇਖੋਂ ਹਾਜ਼ਰ ਸਨ।

## ਸਟਾਫ ਨਰਸਾਂ ਨੇ ਵਿਧਾਇਕ ਦੇਵ ਮਾਨ ਨੂੰ ਦਿੱਤਾ ਮੰਗ ਪੱਤਰ



**ਨਾਭਾ (ਵਰਿੰਦਰ ਵਰਮਾ)**-ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਦਫਤਰ ਵਿਖੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨਾਲ ਸਿਵਲ ਹਸਪਤਾਲ ਨਾਭਾ ਦੇ ਸਟਾਫ ਨਰਸਾਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਮੁਲਾਕਾਤ ਕੀਤੀ। ਉਨ੍ਹਾਂ ਆਪਣੀਆਂ ਸਮੱਸਿਆਵਾਂ ਬਾਰੇ ਵਿਧਾਇਕ ਦੇਵ ਮਾਨ ਨਾਲ ਗੱਲਬਾਤ ਕੀਤੀ। ਉਨ੍ਹਾਂ ਦੱਸਿਆ ਕਿ ਉਹ ਨਾਭਾ ਵਿਖੇ ਸਟਾਫ ਨਰਸ ਵਜੋਂ ਸੇਵਾਵਾ ਨਿਭਾਅ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸਿਵਲ ਹਸਪਤਾਲ ਨਾਭਾ ਵਿਖੇ ਪਿਛਲੇ ਕੁੱਝ ਮਹੀਨਿਆਂ ਤੋਂ ਸਟਾਫ ਨਰਸਿਜ਼ ਦੀ ਕਾਫੀ ਘਾਟ ਹੋ ਗਈ ਹੈ, ਜਿਸ ਕਰਕੇ ਇਕ ਸਟਾਫ ਨਰਸ 50-60 ਮਰੀਜ਼ ਦੋ ਵਾਰਡ ਵਿੱਚ ਅਟੈਂਡ ਕਰ ਰਹਿ ਹੈ। ਇੱਕੋ ਸਮੇਂ ਉਸ ਦੀ ਡਿਊਟੀ ਮੇਲ ਵਾਰਡ ਤੇ ਫੀਮੇਲ ਵਾਰਡ ’ਚ ਹੁੰਦੀ ਹੈ। ਐਮਰਜੈਂਸੀ ਵਿਭਾਗ ਵਿੱਚ ਇੱਕ ਸਟਾਫ ਨਰਸ 9-10 ਨਾਈਟ ਡਿਊਟੀਆਂ ਕਰ ਰਹੀ ਹਨ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਲੇਵਰ ਰੂਮ, ਗਾਇਨੀ ਵਾਰਡ, ਮੈਟਰਨਿਟ ਵਾਰਡ ਤੇ ਸਪੈਸ਼ਲ ਕਮਰਿਆਂ ਲਈ ਵੀ ਇੱਕ ਸਟਾਫ ਨਰਸ ਸਵੇਰੇ, ਸ਼ਾਮ ਤੇ ਰਾਤ ਦੀ ਡਿਊਟੀ ਕਰ ਰਹੀਆਂ ਹਨ, ਹੁਣ ਸਟਾਫ ਨਰਸਾਂ ਦੀ ਡਿਊਟੀ ਆਰਜ਼ੀ ਤੌਰ ’ਤੇ ਸਿਵਲ ਹਸਪਤਾਲ ਸਮਾਣਾ ਲਗਾ ਦਿੱਤੀ ਗਈ ਹੈ, ਜਿਸ ਕਰਕੇ ਸਾਰਿਆਂ ਨੂੰ ਕਾਫੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ। ਆਪਣੀ ਡਿਊਟੀ ਦੇ ਨਾਲ-ਨਾਲ ਘਰ ਪਰਿਵਾਰ ਸੰਭਾਲਣਾ ਮੁਸ਼ਕਲ ਹੋ ਗਿਆ ਹੈ। ਇਸ ਲਈ ਸਾਡੀ ਸਮੱਸਿਆ ਦਾ ਹੱਲ ਕੀਤਾ ਜਾਵੇ। ਮੰਗ ਪੱਤਰ ਲੈਣ ਉਪਰੰਤ ਵਿਧਾਇਕ ਦੇਵ ਮਾਨ ਨੇ ਸਾਰੇ ਨਰਸ ਸਟਾਫ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਮੁਸ਼ਕਲਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਧਿਆਨ ’ਚ ਲਿਆਂਦਾ ਜਾਵੇਗਾ ਅਤੇ ਬਹੁਤ ਜਲਦ ਤੋਂ ਜਲਦ ਇਸ ਸਮੱਸਿਆ ਦਾ ਹੱਲ ਕਰਵਾਇਆ ਜਾਵੇਗਾ ਤਾਂ ਕਿਸੇ ਸਟਾਫ ਨਰਸ ਨੂੰ ਕਿਸੇ ਪ੍ਰਕਾਰ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਹਰਦੀਪ ਕੌਰ, ਗੁਰਪ੍ਰੀਤ ਕੌਰ, ਹਰਦੀਪ ਕੌਰ, ਤਜਿੰਦਰ ਕੌਰ, ਰਤਿੰਦਰ ਕੌਰ, ਸੁਖਜੀਤ ਕੌਰ, ਮਨਦੀਪ ਕੌਰ, ਮਨਪ੍ਰੀਤ ਕੌਰ, ਸਿਮਰਨਜੀਤ ਕੌਰ, ਅਮਨਦੀਪ ਕੌਰ ਆਦਿ ਸਟਾਫ ਨਰਸ ਮੌਜੂਦ ਸਨ।

## ਨਗਰ ਕੌਂਸਲ ਦੇ ਸੀਨੀਅਰ ਵਾਈਸ ਪ੍ਰਧਾਨ ਦਾ ਸਨਮਾਨ



**ਜਗਰਾਉਂ (ਅਮਿਤ ਖੰਨਾ)**-ਨਗਰ ਕੌਂਸਲ ਜਗਰਾਉਂ ਦਾ ਸੀਨੀਅਰ ਮੀਤ ਪ੍ਰਧਾਨ ਚੁਣੇ ਜਾਣ ’ਤੇ ਅਮਰਜੀਤ ਮਾਲਵਾ ਦਾ ਗ੍ਰੀਨ ਪੰਜਾਬ ਮਿਸ਼ਨ ਟੀਮ ਜਗਰਾਉਂ ਵੱਲੋਂ ਸਨਮਾਨ ਕੀਤਾ ਗਿਆ। ਮੌਕੇ ਅਮਰਜੀਤ ਮਾਲਵਾ ਨੇ ਕਿਹਾ ਕਿ ਗ੍ਰੀਨ ਪੰਜਾਬ ਮਿਸ਼ਨ ਪੰਜਾਬ ਦੇ 33 ਪ੍ਰਤੀਸ਼ਤ ਹਿੱਸੇ ਨੂੰ ਹਰਿਆ ਭਰਿਆ ਕਰਨ ਦੇ ਟੀਚੇ ਨੂੰ ਪੂਰਾ ਕਰਨ ਵਿੱਚ ਉਹ ਆਪਣਾ ਭਰਪੂਰ ਸਹਿਯੋਗ ਦੇਣਗੇ। ਇਸ ਮੌਕੇ ਚੇਅਰਮੈਨ ਸਤਪਾਲ ਸਿੰਘ ਦੇਹੜਕਾ, ਸੀਨੀਅਰ ਵਾਈਸ ਪ੍ਰਧਾਨ ਕੰਚਨ ਗੁਪਤਾ, ਸੈਕਟਰੀ ਕੇਵਲ ਮਲਹੋਤਰਾ, ਮੁੱਖ ਬੁਲਾਰਾ ਕੈਪਟਨ ਨਰੇਸ਼ ਵਰਮਾ, ਵਾਇਸ ਪ੍ਰਧਾਨ ਹਰਨਰਾਇਣ ਸਿੰਘ ਤੇ ਵਾਇਸ ਪ੍ਰਧਾਨ ਪਰਮਿੰਦਰ ਸਿੰਘ ਨੇ ਅਮਰਜੀਤ ਮਾਲਵਾ ਨੂੰ ਸੀਨੀਅਰ ਵਾਈਸ ਪ੍ਰਧਾਨ ਨਗਰ ਕੌਂਸਲ ਜਗਰਾਉਂ ਚੁਣੇ ਜਾਣ ’ਤੇ ਵਧਾਈ ਦਿੱਤੀ।

## ਪਾਵਰਕਾਮ ਪੈਨਸ਼ਨਰਜ਼ 10 ਜੁਲਾਈ ਨੂੰ ਘੁਲਾਲ ਮੰਡਲ ’ਚ ਸਰਕਾਰ ਵਿਰੁੱਧ ਧਰਨਾ ਦੇਣਗੇ : ਸਿਕੰਦਰ ਸਿੰਘ



**ਸਮਰਾਲਾ (ਸੁਰਜੀਤ ਸਿੰਘ)**-ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਰਾਜ ਪਾਵਰਕਾਮ ਮੰਡਲ ਸਮਰਾਲਾ ਦੇ ਪਾਵਰਕਾਮ ਪੈਨਸ਼ਨਰਾਂ ਦੀ ਮਹੀਨਾਵਾਰ ਮੀਟਿੰਗ ਸਿਕੰਦਰ ਸਿੰਘ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ। ਸਭ ਤੋਂ ਪਹਿਲਾਂ ਵਿੱਛੜ ਗਏ ਮੈਂਬਰ, ਜਿਨ੍ਹਾਂ ਵਿੱਚ ਨਿਰਮਲ ਸਿੰਘ ਬਰਮਾ ਦੇ ਨੌਜਵਾਨ ਪੁੱਤਰ ਕੁਲਵਿੰਦਰ ਸਿੰਘ ਤੇ ਦਰਸ਼ਨ ਸਿੰਘ ਢੰਡਾ ਲਾਈਨਮੈਨ ਦੀ ਧਰਮ ਪਤਨੀ ਸੁਰਿੰਦਰ ਕੌਰ, ਜੋ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਦੀ ਆਤਮਾ ਦੀ ਸ਼ਾਂਤੀ ਲਈ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਦਿੱਤੀ ਗਈ।

ਇਸ ਮੀਟਿੰਗ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਸਕੱਤਰ ਇੰਜ. ਸੁਖਦਰਸ਼ਨ ਸਿੰਘ ਨੇ ਦੱਸਿਆ ਕਿ ਮੈਨੇਜਮੈਂਟ ਵੱਲੋਂ ਲੰਮੇ ਸਮੇਂ ਤੋਂ ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਟਾਲਾ ਵੱਟਿਆ ਜਾ ਰਿਹਾ ਤੇ ਸਮਝੌਤੇ ਕਰਕੇ ਵੀ ਲਾਗੂ ਨਹੀਂ ਕੀਤੇ ਜਾ ਰਹੇ। ਮੀਟਿੰਗ ਵਿੱਚ ਮੰਗ ਕੀਤੀ ਕਿ ਪੇ ਸਕੇਲ 01-01-2016 ਤੋਂ ਪਹਿਲਾਂ ਰਿਟਾਇਰ ਹੋਏ ਪੈਸ਼ਨਰਾਂ ਦੇ ਪੇ ਸਕੇਲ 2.59 ਪ੍ਰਤੀਸ਼ਤ ਰਾਹੀ ਸੋਧੇ ਜਾਣ, 23 ਸਾਲਾ ਸਕੇਲ ਦਿੱਤਾ ਜਾਵੇ, ਮੈਡੀਕਲ ਕੈਸ਼ਲੈੱਸ ਸਕੀਮ ਲਾਗੂ ਕੀਤੀ ਜਾਵੇ। ਮੈਡੀਕਲ ਭੱਤਾ ਘੱਟੋ ਘੱਟ 2500 ਰੁਪਏ ਕੀਤਾ ਜਾਵੇ। ਬਿਜਲੀ ਵਰਤੋਂ ਦੀ ਰਿਆਇਤ ਤੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦਾ ਬਕਾਇਆ ਜਲਦੀ ਜਾਰੀ ਕੀਤਾ ਜਾਵੇ। ਅਜਿਹਾ ਨਾ ਹੋਣ ਦੀ ਸੂਰਤ ਵਿੱਚ ਸਟੇਟ ਬਾਡੀ ਵੱਲੋਂ ਅਰੰਭੇ ਗਏ ਸੰਘਰਸ਼ ਅਨੁਸਾਰ 10 ਜੁਲਾਈ ਨੂੰ ਘੁਲਾਲ ਮੰਡਲ ਵਿਖੇ ਪਾਵਰਕਾਮ/ਸਰਕਾਰ ਵਿਰੁੱਧ ਵਿਸ਼ਾਲ ਧਰਨਾ ਤੇ ਰੋਸ ਮੁਜ਼ਾਹਰਾ ਕੀਤਾ ਜਾਵੇਗਾ ਅਤੇ 15 ਜੁਲਾਈ ਤੋਂ ਬਾਅਦ ਸਰਕਲ ਪੱਧਰ ਦਾ ਧਰਨਾ ਤੇ ਅਗਸਤ ਦੇ ਅਖੀਰ ਸਟੇਟ ਲੈਵਲ ਦਾ ਪਟਿਆਲਾ ਵਿਖੇ ਧਰਨਾ ਦਿੱਤਾ ਜਾਵੇਗਾ। ਇਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਉਪਰੋਕਤ ਮੰਗਾਂ ਦੇ ਸਬੰਧ ਵਿੱਚ ਪਾਵਰਕਾਮ ਮੰਡਲ ਸਮਰਾਲਾ ਪੈਨਸ਼ਨਰਜ਼ ਨੂੰ ਅਪੀਲ ਕੀਤੀ ਕਿ ਦੱਸੀਆਂ ਗਈਆਂ ਮਿਤੀਆਂ ’ਤੇ ਸਮੇਂ ਸਿਰ ਪਹੁੰਚਣਾ ਯਕੀਨੀ ਬਣਾਇਆ ਜਾਵੇ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਇੰਜ. ਪ੍ਰੇਮ ਸਿੰਘ ਸਾਬਕਾ ਐੱਸ.ਡੀ.ਓ., ਰਾਜਿੰਦਰਪਾਲ ਵਡੇਰਾ ਡਿਪਟੀ ਸੀ.ਏ.ਓ., ਜਗਤਾਰ ਸਿੰਘ ਪ੍ਰੈੱਸ ਸਕੱਤਰ, ਹਰਪਾਲ ਸਿੰਘ ਸਿਹਾਲਾ, ਭੁਪਿੰਦਰ ਸਿੰਘ ਚਹਿਲਾਂ, ਪ੍ਰੇਮ ਕੁਮਾਰ ਸਰਕਲ ਆਗੂ, ਸੁਰਜੀਤ ਵਿਸ਼ਾਦ, ਇੰਜ: ਦਰਸ਼ਨ ਸਿੰਘ ਖਜ਼ਾਨਚੀ, ਦਰਸ਼ਨ ਸਿੰਘ ਕੋਟਾਲਾ, ਕੁਲਵੰਤ ਸਿੰਘ ਜੱਗੀ, ਪ੍ਰੇਮ ਚੰਦ ਭਲਾ ਲੋਕ ਤੇ ਹੋਰਨਾਂ ਨੇ ਸੰਬੋਧਨ ਕੀਤਾ।

## ਸਰਕਾਰ ਦੇ ਕੰਮਾਂ ਤੋਂ ਖੁਸ਼ ਹੋ ਕੇ ਕਾਂਗਰਸੀ ਪਰਵਾਰ ‘ਆਪ’ ਨਾਲ ਜੁੜ ਰਹੇ : ਕਾਕਾ ਬਰਾੜ

**■ ਟਕਸਾਲੀ ਕਾਂਗਰਸੀ ਪਰਵਾਰ ਆਮ ਆਦਮੀ ਪਾਰਟੀ ’ਚ ਸ਼ਾਮਲ**


ਨਾਗਪਾਲ ਪਰਿਵਾਰ ਦਾ ਪਾਰਟੀ ’ਚ ਸਵਾਗਤ ਕਰਦੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੁਰਾਣੇ ਲੰਬੇ ਸਮੇਂ ਤੋਂ ਕਾਂਗਰਸ ਪਾਰਟੀ ਨਾਲ ਜੁੜਿਆ ਨਾਗਪਾਲ ਪਰਿਵਾਰ ਬੀਤੇ ਦਿਨੀਂ ਆਪਣੇ ਪਰਿਵਾਰਾਂ ਸਮੇਤ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਵਪਾਰ ਮੰਡਲ ਦੇ ਸ਼ਹਿਰੀ ਪ੍ਰਧਾਨ ਕੁਲਵਿੰਦਰ ਕੰਡਾ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ’ਚ ਸ਼ਾਮਲ ਹੋ ਗਿਆ, ਜਿਨ੍ਹਾਂ ਦਾ ਵਿਧਾਇਕ ਜਗਦੀਪ ਸਿੰਘ ‘ਕਾਕਾ ਬਰਾੜ’ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

ਇਸ ਮੌਕੇ ਬੋਲਦਿਆਂ ਵਿਧਾਇਕ ਜਗਦੀਪ ਸਿੰਘ ‘ਕਾਕਾ ਬਰਾੜ’ ਨੇ ਆਖਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕ ਪੱਖੀ ਕੀਤੇ ਜਾ ਰਹੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ’ਚ ਲੋਕ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਲਗਾਤਾਰ ਪੰਜਾਬ ਨੂੰ ਮੁੜ ਖੁਸ਼ਹਾਲ ਬਣਾਉਣ ਲਈ ਸਿਰਤੋੜ ਯਤਨ ਕੀਤੇ ਜਾ ਰਹੇ ਹਨ, ਜਿਸ ਦਾ ਨਤੀਜਾ ਬਹੁਤ ਹੀ ਵਧੀਆ ਆ ਰਿਹਾ ਹੈ। ਇਸੇ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਸ਼ਹਿਰ ਦਾ ਜ਼ਿੰਮੇਵਾਰ ਤੇ ਟਕਸਾਲੀ ਕਾਂਗਰਸੀ ਪਰਿਵਾਰ ਸੁਨੀਲ ਨਾਗਪਾਲ ਸੋਨੂੰ, ਸੋਨੀਆ, ਅਨਿਲ ਕੁਮਾਰ ਹੈਪੀ, ਸੀਮਾ ਰਾਣੀ, ਅਮਿਤ ਮੁਟਨੇਜਾ, ਡਾ. ਨਿੱਕਾ, ਪਰੈਟੀ ਨਾਗਪਾਲ, ਦਵਿੰਦਰ ਜੱਸਲ ਸਮੇਤ ਪਰਿਵਾਰ ਆਮ ਆਦਮੀ ਪਾਰਟੀ ’ਚ ਸ਼ਾਮਲ ਹੋਏ। ਪਾਰਟੀ ’ਚ ਸ਼ਾਮਲ ਹੋਏ ਪਰਿਵਾਰਾਂ ਨੇ ਵਿਧਾਇਕ ਜਗਦੀਪ ਸਿੰਘ ‘ਕਾਕਾ ਬਰਾੜ’ ਤੇ ਸਮੂਹ ਟੀਮ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦੁਆਇਆ ਕਿ ਉਹ ਪਾਰਟੀ ਦੀ ਚੜ੍ਹਦੀਕਲਾਂ ਲਈ ਦਿਨ-ਰਾਤ ਮਿਹਨਤ ਕਰਨਗੇ ਤੇ ਹੋਰਨਾਂ ਨੂੰ ਵੀ ਪਾਰਟੀ ਨਾਲ ਜੋੜਨਗੇ। ਇਸ ਮੌਕੇ ਸ਼ਹਿਰੀ ਪ੍ਰਧਾਨ ਸੁਮਨ ਕੁਮਾਰ ਤੋਤੀ, ਕੌਂਸਲਰ ਜਗਮੀਤ ਸਿੰਘ ਜੱਗਾ, ਸੁਮਿਤ ਗਰਗ, ਸਲਵਿੰਦਰ ਸ਼ਰਮਾ, ਨਿੱਕਾ ਆਦਿ ਹਾਜ਼ਰ ਸਨ।

## ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਫਿਜ਼ੀਓਥੈਰੇਪੀ ਕੈਂਪ



**ਜਗਰਾਉਂ (ਅਮਿਤ ਖੰਨਾ)**-ਭਾਰਤ ਵਿਕਾਸ ਪ੍ਰੀਸ਼ਦ ਜਗਰਾਉਂ ਵੱਲੋ ਸ੍ਰੀ ਰਾਮ ਮੰਦਿਰ ਪ੍ਰਤਾਪ ਨਗਰ ਜਗਰਾਉਂ ਵਿਖੇ ਫਿਜ਼ੀਓਥੈਰੇਪੀ ਕੈਂਪ ਲਾਇਆ ਗਿਆ। ਕੌਂਸਲ ਦੇ ਚੇਅਰਮੈਨ ਕੁਲਭੂਸ਼ਣ ਅਗਰਵਾਲ ਤੇ ਪ੍ਰਧਾਨ ਸੁਖਦੇਵ ਗਰਗ ਦੀ ਅਗਵਾਈ ਹੇਠ ਲਗਾਏ ਗਏ ਇਸ ਕੈਂਪ ਦਾ ਉਦਘਾਟਨ ਬੀ.ਬੀ.ਐੱਸ.ਬੀ. ਕਾਨਵੈਂਟ ਸਕੂਲ ਦੇ ਚੇਅਰਮੈਨ ਸਤੀਸ਼ ਕਾਲੜਾ ਨੇ ਕੀਤਾ। ਸਮਾਜ ਸੇਵੀ ਕੰਮਾਂ ਬਾਰੇ ਉਨ੍ਹਾਂ ਕਿਹਾ ਕਿ ਇਸ ਮਹਿੰਗਾਈ ਦੇ ਯੁਗ ਵਿੱਚ ਇਲਾਜ ਮਹਿੰਗਾ ਹੋਣ ਕਾਰਨ ਇਹ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਹੁੰਦਾ ਜਾ ਰਿਹਾ ਹੈ, ਇਸ ਲਈ ਸਮਾਜਿਕ ਸੰਸਥਾਵਾਂ ਲੋੜਵੰਦ ਲੋਕਾਂ ਦੀ ਮਦਦ ਕਰ ਰਹੀਆਂ ਹਨ। ਕੈਂਪ ਵਿੱਚ ਕੌਂਸਲ ਮੈਂਬਰ ਵਿਨੈ ਸ਼ਰਮਾ, ਸੰਜੂ ਚੋਪੜਾ, ਸੋਨੂੰ ਜੈਨ ਤੇ ਪ੍ਰੋਜੈਕਟ ਚੇਅਰਮੈਨ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ ਡਾ: ਰਜਤ ਖੰਨਾ ਦੀ ਟੀਮ ਨੇ 38 ਮਰੀਜ਼ਾਂ ਦਾ ਚੈੱਕਅੱਪ ਕੀਤਾ ਅਤੇ ਇਲਾਜ ਕੀਤਾ।

ਇਸ ਮੌਕੇ ਟੋਨੀ ਵਰਮਾ ਮੰਡਲ ਪ੍ਰਧਾਨ ਭਾਜਪਾ, ਰਵਿੰਦਰ ਸਿੰਘ ਵਰਮਾ, ਰੋਹਿਤ ਗੁਪਤਾ, ਰਾਮ ਕ੍ਰਿਸ਼ਨ ਗੁਪਤਾ, ਡਾ: ਭਾਰਤ ਭੂਸ਼ਣ ਸਿੰਗਲਾ, ਐਡਵੋਕੇਟ ਬਲਦੇਵ ਗੋਇਲ, ਗਗਨਦੀਪ ਸ਼ਰਮਾ, ਜਵਾਹਰ ਲਾਲ ਵਰਮਾ, ਰਾਜ ਵਰਮਾ, ਰਾਜਨ ਲੂੰਬਾ, ਸੰਜੀਵ ਚੋਪੜਾ, ਸ਼ਸ਼ੀ ਭੂਸ਼ਣ ਜੈਨ, ਸੋਨੂੰ ਜੈਨ, ਵਿਨੈ ਪੰਡਿਤ, ਸੈਂਟੀ ਚੋਪੜਾ, ਅਮਿਤ ਮਲਹੋਤਰਾ, ਰਾਮ ਰਾਜ, ਹਰੀਸ਼ ਚੋਪੜਾ, ਰਜਤ ਟੰਡਨ, ਪੰਡਿਤ ਸੁਨੀਲ ਤਿਵਾੜੀ, ਪ੍ਰਭਜੋਤ ਸਿੰਘ, ਹਿਮਾਂਸ਼ੂ ਜੈਨ, ਪ੍ਰਦੀਪ ਸਰਮਾ, ਹਰੀਓਮ ਵਰਮਾ, ਰਾਕੇਸ਼ ਸਿੰਗਲਾ ਆਦਿ ਹਾਜ਼ਰ ਸਨ।

## ਬਾਬਾ ਫ਼ਰੀਦ ਗਰੁੱਪ ਵੱਲੋਂ ਬੀ ਐੱਫ ਜੀ ਆਈ ਅਕੈਡਮਿਕ ਅਚੀਵਰਜ਼ ਐਵਾਰਡ ਸਮਾਰੋਹ

**■ 2500 ਤੋਂ ਵਧੇਰੇ ਹੋਣਹਾਰ ਵਿਦਿਆਰਥੀਆਂ ਨੂੰ ਕੀਤਾ ਸਨਮਾਨਤ**



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਉੱਤਰੀ ਭਾਰਤ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਬਾਬਾ ਫ਼ਰੀਦ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਸਿੱਖਿਆ ਤੇ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਲਈ ਹਮੇਸ਼ਾ ਵਿਲੱਖਣ ਉਪਰਾਲੇ ਕੀਤੇ ਹਨ। ਅਜਿਹੇ ਉਪਰਾਲਿਆਂ ਦੀ ਲੜੀ ’ਚ ਅਕਾਦਮਿਕ ਤੌਰ ’ਤੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਦੀ ਪ੍ਰੰਪਰਾ ਨੂੰ ਬਰਕਰਾਰ ਰੱਖਦਿਆਂ ਬੀ.ਐੱਫ.ਜੀ.ਆਈ. ਵੱਲੋਂ ਸੰਸਥਾ ਵਿਖੇ ‘ਬੀ.ਐੱਫ.ਜੀ.ਆਈ. ਅਕੈਡਮਿਕ ਅਚੀਵਰਜ਼ ਐਵਾਰਡ-2023’ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ, ਜਿਸ ਵਿੱਚ ਪੀ.ਐੱਸ.ਈ.ਬੀ. ਬੋਰਡ ਵੱਲੋਂ ਐਲਾਨੇ 10ਵੀਂ ਤੇ 12ਵੀਂ ਦੇ ਨਤੀਜੇ ’ਚ ਸ਼ਾਨਦਾਰ ਅੰਕ ਪ੍ਰਾਪਤ ਕਰਨ ਵਾਲੇ ਪੰਜਾਬ ਭਰ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਸਮਾਗਮ ਵਿੱਚ ਜਗਰੂਪ ਸਿੰਘ ਗਿੱਲ ਐੱਮ.ਐੱਲ.ਏ. (ਬਠਿੰਡਾ ਸ਼ਹਿਰੀ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜ਼ਿਕਰਯੋਗ ਹੈ ਕਿ ਇਸ ਐਵਾਰਡ ਸਮਾਗਮ ਵਿੱਚ ਸਮੁੱਚੇ ਪੰਜਾਬ ਦੇ 150 ਤੋਂ ਵਧੇਰੇ ਸਕੂਲਾਂ ਦੇ 2500 ਤੋਂ ਵੱਧ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਸਾਲ 2022-23 ਦੌਰਾਨ 10ਵੀਂ ਤੇ 12ਵੀਂ ਦੇ ਨਤੀਜਿਆਂ’ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਣ ਵਾਲੇ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਵੀ ਵਿਸ਼ੇਸ਼ ਤੌਰ ’ਤੇ ਸਨਮਾਨਤ ਕੀਤਾ।

ਬੀ.ਐੱਫ.ਜੀ.ਆਈ. ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਨੇ ਆਏ ਹੋਏ ਹੋਣਹਾਰ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ, ਪ੍ਰਿੰਸੀਪਲਾਂ ਤੇ ਅਧਿਆਪਕਾਂ ਦਾ ਸਵਾਗਤ ਕਰਦਿਆਂ ਆਪਣੇ ਵੱਡਮੁੱਲੇ ਵਿਚਾਰ ਸਾਂਝੇ ਕੀਤੇ। ਉਨ੍ਹਾ ਵਿਦਿਆਰਥੀਆਂ ਨੂੰ ਕੈਰੀਅਰ ਗਾਈਡੈਂਸ ਐਂਡ ਕਾਉਂਸਲਿੰਗ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਮੁੱਖ ਮਹਿਮਾਨ ਜਗਰੂਪ ਸਿੰਘ ਗਿੱਲ ਐੱਮ.ਐੱਲ.ਏ. (ਬਠਿੰਡਾ ਸ਼ਹਿਰੀ) ਨੇ ਆਪਣੇ ਸੰਬੋਧਨ ਦੌਰਾਨ ਬੀ.ਐੱਫ.ਜੀ.ਆਈ. ਦੇ ਇਸ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕੀਤੀ। ਉਨ੍ਹਾ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ ਕਰਨ ਨਾਲ ਉਹ ਹੋਰ ਵੀ ਵਧੀਆ ਨਤੀਜੇ ਹਾਸਲ ਕਰਨ ਲਈ ਉਤਸ਼ਾਹਤ ਹੁੰਦੇ ਹਨ। ਇਸ ਮੌਕੇ ਪੰਜਾਬ ਭਰ ਵਿੱਚੋਂ 12ਵੀਂ ਦੇ ਨਤੀਜੇ ’ਚ 13ਵਾਂ ਸਥਾਨ ਹਾਸਲ ਕਰਨ ਵਾਲੀ ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ ਦੀ 10+2 (ਆਰਟਸ) ਦੀ ਵਿਦਿਆਰਥਣ ਜਸਲੀਨ ਕੌਰ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬੀ.ਐੱਫ.ਜੀ.ਆਈ. ਦੇ ਡਿਪਟੀ ਡਾਇਰੈਕਟਰ (ਕੈਰੀਅਰ ਗਾਈਡੈਂਸ ਐਂਡ ਕਾਉਂਸਲਿੰਗ) ਸ੍ਰੀ ਬੀ. ਡੀ. ਸ਼ਰਮਾ ਦੀ ਅਗਵਾਈ ਹੇਠ ਆਏ ਹੋਏ ਵਿਦਿਆਰਥੀਆਂ ਨੂੰ ਸਹੀ ਕੈਰੀਅਰ ਦੀ ਚੋਣ ਕਰਨ ਬਾਰੇ ਜਾਗਰੂਕ ਕਰਦਿਆਂ ਵੱਡੀ ਗਿਣਤੀ ’ਚ ਵਿਦਿਆਰਥੀਆਂ ਦਾ ਮੁਫ਼ਤ ਐਪਟੀਚਿਊਡ ਟੈੱਸਟ ਲਿਆ ਗਿਆ ਤੇ ਉਨ੍ਹਾਂ ਨੂੰ ਕੈਰੀਅਰ ਬਾਰੇ ਗਾਈਡੈਂਸ ਦੇ ਕੇ ਉਨ੍ਹਾਂ ਦੀ ਕਾਉਂਸਲਿੰਗ ਵੀ ਕੀਤੀ ਗਈ। ਅੰਤ ਵਿੱਚ ਸੰਸਥਾ ਦੇ ਡਿਪਟੀ ਡਾਇਰੈਕਟਰ (ਸਹੂਲਤ ਪ੍ਰਬੰਧਨ) ਹਰਪਾਲ ਸਿੰਘ ਨੇ ਇਸ ਸਮਾਗਮ ਦੀ ਸਫਲਤਾ ਲਈ ਹਰ ਇੱਕ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਕੰਪਿਊਟਰ ਟੀਚਰਾਂ ਦਾ ਵਫਦ ਵਿੱਤ ਮੰਤਰੀ ਨੂੰ ਮਿਲਿਆ


ਵਿੱਤ ਮੰਤਰੀ ਹਰਪਾਲ ਚੀਮਾ ਤੇ ਕੁਲਦੀਪ ਧਾਲੀਵਾਲ ਨੂੰ ਮਿਲਦੇ ਕੰਪਿਊਟਰ ਟੀਚਰ ਆਗੂ।

**ਭੀਖੀ (ਧਰਮਵੀਰ ਸ਼ਰਮਾ)**-ਸਰਕਾਰ ਤੁਹਾਡੇ ਦੁਆਰ ਪ੍ਰੋਗਰਾਮ ਲੜੀ ਤਹਿਤ ਮਾਨਸਾ ਵਿਖੇ ਹੋਈ ਕੈਬਨਿਟ ਮੀਟਿੰਗ ਤੋਂ ਬਾਅਦ ਜ਼ਿਲ੍ਹਾ ਪ੍ਰਸ਼ਾਸਨ ਮਾਨਸਾ ਵੱਲੋਂ ਕੰਪਿਊਟਰ ਅਧਿਆਪਕ ਯੂਨੀਅਨ ਦੀ ਮੰਗ ’ਤੇ ਜ਼ਿਲ੍ਹਾ ਪ੍ਰਧਾਨ ਮਾਨਸਾ ਸੱਤ ਪ੍ਰਤਾਪ ਸਿੰਘ ਭੀਖੀ ਦੀ ਅਗਵਾਈ ਵਿਚਲੇ ਵਫਦ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨਾਲ ਮਿਲਾਇਆ ਗਿਆ। ਯੂਨੀਅਨ ਵੱਲੋਂ ਸਰਕਾਰ ਤੋਂ ਮੰਗ ਕੀਤੀ ਗਈ ਕਿ ਕੰਪਿਊਟਰ ਅਧਿਆਪਕਾਂ ਨੂੰ ਬਣਦੇ ਸਭ ਲਾਭ ਜੋ ਕਿ ਪਿਛਲੀਆਂ ਸਰਕਾਰਾਂ ਵੱਲੋਂ ਨਹੀਂ ਦਿੱਤੇ ਗਏ, ਦੇ ਕੇ ਸਿੱਖਿਆ ਵਿਭਾਗ ਵਿੱਚ ਮਰਜ ਕੀਤਾ ਜਾਵ, ਜਿਸ ’ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਹਾਂ-ਪੱਖੀ ਹੁੰਗਾਰਾ ਦਿੱਤਾ ਤੇ ਕਿਹਾ ਕਿ ਤੁਹਾਡੀ ਮੰਗ ਸਰਕਾਰ ਦੇ ਵਿਚਾਰ ਅਧੀਨ ਹੈ ਤੇ ਜਲਦ ਹੀ ਪੂਰੀ ਕੀਤੀ ਜਾਵੇਗੀ। ਵਫਦ ਵਿੱਚ ਗੁਰਪ੍ਰੀਤ ਸਿੰਘ ਸੀਨੀਅਰ ਮੀਤ ਪ੍ਰਧਾਨ ਮਾਨਸਾ, ਜਗਰਾਜ ਸਿੰਘ ਮੀਤ ਪ੍ਰਧਾਨ ਮਾਨਸਾ, ਸ਼ਸ਼ੀ ਕਾਠ ਜ਼ਿਲ੍ਹਾ ਕਮੇਟੀ ਮੈਂਬਰ ਸ਼ਾਮਲ ਸਨ।

# ਕਾਰਜਕਾਰੀ ਇੰਜੀਨੀਅਰ ਵਿਰੁੱਧ ਰੋਸ ਰੈਲੀ 16 ਨੂੰ



**ਹੁਸ਼ਿਆਰਪੁਰ, (ਬਲਵੀਰ ਸੈਣੀ)** ਪੀ.ਡਬਲਿਊ.ਡੀ. ਫੀਲਡ ਅਤੇ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਜੋਨ ਹੁਸ਼ਿਆਰਪੁਰ ਦੀ ਮੀਟਿੰਗ ਜੋਨ ਪ੍ਰਧਾਨ ਅਮਰਜੀਤ ਕੁਮਾਰ ਨੰਗਲ ਖਿਲਾੜੀਆਂ ਦੀ ਪ੍ਰਧਾਨਗੀ ਹੇਠ ਮੁਲਾਜ਼ਮ ਭਵਨ ਹੁਸ਼ਿਆਰਪੁਰ ਵਿਖੇ ਹੋਈ ਜਿਸ ਵਿੱਚ ਕਾਰਜਕਾਰੀ ਇੰਜੀਨੀਅਰ ਉਸਾਰੀ ਮੰਡਲ-2 ਲੋਕ ਨਿਰਮਾਣ ਵਿਭਾਗ ਭਵਨ ਤੇ ਮਾਰਗ ਹੁਸ਼ਿਆਰਪੁਰ ਵੱਲੋਂ ਮੁਲਾਜ਼ਮਾਂ ਦੀਆਂ ਕੀਤੀਆਂ ਨਾਜਾਇਜ਼ ਤੌਰ 'ਤੇ ਬਦਲੀਆਂ ਅਤੇ ਮੁਲਾਜ਼ਮ ਆਗੂਆ ਨਾਲ਼ ਕੀਤੇ ਦੁਰਵਿਹਾਰ ਕਾਰਨ ਮਿਤੀ 16 ਜੂਨ ਨੂੰ ਜੋਨ ਹੁਸ਼ਿਆਰਪੁਰ ਦੇ ਸੈਂਕੜੇ ਮੁਲਾਜ਼ਮਾਂ ਵੱਲੋਂ ਉਨ੍ਹਾਂ ਦੇ ਦਫ਼ਤਰ ਅੱਗੇ ਭਰਵੀਂ ਰੋਸ ਰੈਲੀ ਕਰਨ ਦਾ ਫੈਸਲਾ ਕੀਤਾ। ਸੂਬਾ ਪ੍ਰਧਾਨ ਮੱਖਣ ਸਿੰਘ ਵਾਹਿਦਪੁਰੀ ਅਤੇ ਜੋਨ ਦੇ ਜਨਰਲ ਸਕੱਤਰ ਸੁਖਦੇਵ ਸਿੰਘ ਜਾਜਾ ਨੇ ਕਿਹਾ ਕਿ ਜੇਕਰ ਮੁਲਾਜ਼ਮਾਂ ਦੀਆਂ ਕੀਤੀਆਂ ਬਦਲੀਆਂ ਨੂੰ ਰੱਦ ਕਰਕੇ ਰੈਲੀ ਦੀ ਮਿਤੀ ਤੋਂ ਪਹਿਲਾਂ-ਪਹਿਲਾਂ ਕਾਰਜਕਾਰੀ ਇੰਜੀਨੀਅਰ ਵੱਲੋਂ ਮੀਟਿੰਗ ਦਾ ਸਮਾਂ ਨਹੀਂ ਦਿੱਤਾ ਗਿਆ ਤਾਂ ਇਸ ਰੋਸ ਰੈਲੀ ਵਿੱਚ ਜੋਨ ਹੁਸ਼ਿਆਰਪੁਰ ਦੀਆਂ ਸਾਰੀਆਂ ਬ੍ਰਾਂਚਾਂ ਦੇ ਮੁਲਾਜ਼ਮ ਸ਼ਮੂਲੀਅਤ ਕਰਨਗੇ।

ਮੀਟਿੰਗ ਵਿੱਚ ਰਾਜੀਵ ਸ਼ਰਮਾ, ਸ਼ਾਮ ਲਾਲ, ਕੁਲਦੀਪ ਸਿੰਘ, ਤਰਸੇਮ ਲਾਲ, ਰਕੇਸ਼ ਕੁਮਾਰ ਮਹਿਲਾਂਵਾਲੀ, ਅਸ਼ੋਕ ਕੁਮਾਰ, ਬਲਵੰਤ ਸਿੰਘ, ਗੁਰਨਾਮ ਚੰਦ ਲਕਸੀਹ, ਟੇਕ ਚੰਦ ਈਸਾਪੁਰ, ਸੁਰਿੰਦਰ ਸਿੰਘ ਮੁੰਨਾ, ਜਗਦੀਸ਼ ਚੰਦ, ਗੁਰਨਾਮ ਸਿੰਘ ਹਾਜੀਪੁਰ, ਕੁਲਵਿੰਦਰ ਸਿੰਘ, ਸਤੀਸ਼ ਕੁਮਾਰ, ਵਿਪਨ ਕੁਮਾਰ, ਸ਼ਾਂਤੀ ਸਰੂਪ, ਭਾਗ ਮੱਲ, ਗੁਰਮੀਤ ਸਿੰਘ, ਅਵਤਾਰ ਸਿੰਘ, ਬ੍ਰਹਮ ਦੱਤ, ਰਾਮ ਲੁਭਾਇਆ, ਜਸਵੰਤ ਸਿੰਘ, ਮੋਹਨ ਲਾਲ, ਰਮੇਸ਼ ਸਿੰਘ, ਪ੍ਰਤੀਮ ਸਿੰਘ, ਗੋਪਾਲ ਕ੍ਰਿਸ਼ਨ ਆਦਿ ਆਗੂ ਵੀ ਸ਼ਾਮਲ ਸਨ।

# ਸੇਂਟ ਸੋਲਜਰ ਵਿਦਿਆਰਥੀਆਂ ਨੇ ਕੀਤੀ 'ਬੀਟ ਦਾ ਹੀਟ' ਪੂਲ ਪਾਰਟੀ

**ਜਲੰਧਰ (ਇਕਬਾਲ ਉੱਭੀ)**-ਵੱਧਦੀ ਗਰਮੀ ਤੋਂ ਨਰਸਰੀ ਵਿੰਗ ਦੇ ਵਿਦਿਆਰਥੀਆਂ ਨੂੰ ਰਾਹਤ ਦੇਣ ਲਈ ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਵਲੋਂ ਵਿਦਿਆਰਥੀਆਂ ਲਈ "ਬੀਟ ਦਾ ਹੀਟ" ਪੂਲ ਪਾਰਟੀ ਦਾ ਪ੍ਰਬੰਧ ਕੀਤਾ ਗਿਆ। ਜਿਸ ਵਿੱਚ ਨਰਸਰੀ, ਐਲ.ਕੇ.ਜੀ ਅਤੇ ਯੂ.ਦੇ.ਜ਼ੀ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸਦੇ ਇਲਾਵਾ ਵਿਦਿਆਰਥੀਆਂ ਲਈ ਪੂਲ ਪਾਰਟੀ ਨੂੰ ਇੰਜਾਏ ਕਰਦੇ ਹੋਏ ਗਰਮੀ ਦੇ ਫਲ ਜਿਵੇਂ ਅੰਬ, ਕੇਲੇ, ਤਰਬੂਜ ਵੀ ਖਾਧੇ। ਕੈਂਪ ਵਿੱਚ ਵਿਦਿਆਰਥੀਆਂ ਨੂੰ ਕਈ ਪ੍ਰਕਾਰ ਦੀ ਗੇਮਸ ਅਤੇ ਮਾਸਕ ਪਾਰਟੀ ਆਦਿ ਕਰਵਾਈਆਂ ਗਈਆਂ। ਇਸ ਮੌਕੇ 'ਤੇ ਵਿਦਿਆਰਥੀਆਂ ਨੂੰ ਗਰਮੀ ਦੇ ਮੌਸਮ ਵਿੱਚ ਜ਼ਿਆਦਾ ਤੋਂ ਜ਼ਿਆਦਾ ਫਲ ਖਾਣ, ਫਲਾਂ ਦੇ ਫਾਇਦੇ ਦੇ ਬਾਰੇ ਵਿੱਚ ਦੱਸਿਆ ਗਿਆ। ਵਾਇਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਕਿਹਾ ਕਿ ਇਸ ਨਾਲ ਵਿਦਿਆਰਥੀਆਂ ਦਾ ਮਾਨਸਿਕ ਅਤੇ ਸਰੀਰਿਕ ਵਿਕਾਸ ਦੋਨੋਂ ਹੁੰਦੇ ਹਨ। ਪੂਲ ਪਾਰਟੀ ਰਾਹੀਂ ਵਿਦਿਆਰਥੀਆਂ 'ਚ ਤੈਰਾਕੀ ਦੀ ਸਮਰੱਥਾ ਵੀ ਵਿਕਸਿਤ ਹੁੰਦੀ ਹੈ। ਵਿਦਿਆਰਥੀ ਤਣਾਅ ਅਤੇ ਬੋਰੀਅਤ ਤੋਂ ਵੀ ਦੂਰ ਰਹਿੰਦੇ ਹਨ।



# ਕਾਮਰੇਡ ਗਗਨ-ਸੁਰਜੀਤ ਦੀ 32ਵੀਂ ਬਰਸੀ ਨਕੋਦਰ ਵਿਖੇ ਮਨਾਈ



**ਸ਼ਾਹਕੋਟ (ਗਿਆਨ ਸੈਦਪੁਰੀ)**-ਕਾਮਰੇਡ ਵਰਿੰਦਰ ਕੁਮਾਰ ਗਗਨ , ਸੁਰਜੀਤ ਸਿੰਘ ਨਕੋਦਰ, ਸੁਰਜੀਤ ਕੈਮਵਾਲਾ, ਸੱਤਪਾਲ ਕੈਮਵਾਲਾ ਅਤੇ ਸਿਪਾਹੀ ਗਿਰਦਾਰੀ ਲਾਲ ਨੂੰ 32 ਸਾਲ ਪਹਿਲਾਂ ਖਾਲਿਸਤਾਨੀ ਦਹਿਸ਼ਤਗਰਦਾਂ ਨੇ ਗੋਲੀਆਂ ਮਾਰ ਕੇ ਸ਼ਹੀਦ ਕਰ ਦਿੱਤਾ ਸੀ ।ਉਨ੍ਹਾਂ ਦੀ ਬਰਸੀ ਹਰ ਸਾਲ ਸੀ ਪੀ ਆਈ ( ਐਮ ) ਅਤੇ ਸ਼ਹੀਦਾਂ ਦੇ ਪਰਵਾਰਾਂ ਦੇ ਸਹਿਯੋਗ ਨਾਲ ਨਕੋਦਰ ਸ਼ਹਿਰ ਵਿਖੇ ਮਨਾਈ ਜਾਂਦੀ ਹੈ। ਸ਼ਰਧਾਂਜਲੀ ਸਮਾਗਮ ਕਾਮਰੇਡ ਵਰਿੰਦਰ ਗਗਨ ਦੇ ਭਰਾ ਬਾਲ ਕ੍ਰਿਸ਼ਨ ਗਗਨ ਅਤੇ ਕਾਮਰੇਡ ਬਨਾਰਸੀ ਦਾਸ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਇਸ ਮੌਕੇ ਕਾਮਰੇਡ ਸੁਖਪ੍ਰੀਤ ਸਿੰਘ ਜੌਹਲ ਜ਼ਿਲ੍ਹਾ ਕਾਰਜਕਾਰੀ ਸਕੱਤਰ ਸੀ ਪੀ ਆਈ ( ਐਮ ), ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਜਨਰਲ ਸਕੱਤਰ ਬਲਜੀਤ ਸਿੰਘ ਗਰੇਵਾਲ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਮਾਸਟਰ ਪਸ਼ਸੋਤਮ ਬਿਲਗਾ, ਸੀ ਪੀ ਆਈ ਦੇ ਆਗੂ ਕਾਮਰੇਡ ਚਰਨਜੀਤ ਸਿੰਘ ਥੰਮੂਵਾਲ, ਕਾਮਰੇਡ ਜਸਕਰਨਜੀਤ ਸਿੰਘ ਕੰਗ ਸੀ ਆਈ ਟੀ ਯੂ ਆਗੂ , ਕਾਮਰੇਡ ਸੀਤਲ ਸਿੰਘ ਸੰਘਾ ਵਿੱਤ ਸਕੱਤਰ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ, ਕਾਮਰੇਡ ਕੇਵਲ ਸਿੰਘ ਦਾਨੇਵਾਲ ਕਿਸਾਨ ਆਗੂ, ਮਾਸਟਰ ਮੂਲ ਚੰਦ ਸਰਹਾਲੀ ਖੇਤ ਮਜ਼ਦੂਰ ਆਗੂ, ਸਤਨਾਮ ਸਿੰਘ ਬੜੈਚ ਸੂਬਾਈ ਕਿਸਾਨ ਆਗੂ, ਕਾਮਰੇਡ ਵਰਿੰਦਰਪਾਲ ਸਿੰਘ ਕਾਲਾ ਸ਼ਾਹਕੋਟ ਤਹਿਸੀਲ ਸਕੱਤਰ ਸੀ ਪੀ ਆਈ ( ਐਮ ), ਕਾਮਰੇਡ ਮਿਹਰ ਸਿੰਘ ਖੁਰਲਾਪੁਰ ਤਹਿਸੀਲ ਸਕੱਤਰ ਸੀ ਪੀ ਆਈ ( ਐਮ ) ਨਕੋਦਰ ਅਤੇ ਹੋਰ ਆਗੂਆਂ ਵੱਲੋਂ ਸ਼ਰਧਾਂਜਲੀ ਸਮਾਗਮ ਨੂੰ ਸੰਬੋਧਨ ਕੀਤਾ ਗਿਆ ਅਤੇ ਸ਼ਹੀਦ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਸਾਥੀਆਂ ਵੱਲੋਂ ਦੇਸ਼ ਦੀ ਏਕਤਾ, ਅਖੰਡਤਾ ਦੀ ਰਾਖੀ ਲਈ ਅਤੇ ਫਿਰਕੂ, ਫਾਸ਼ੀਵਾਦੀ ਸ਼ਕਤੀਆਂ ਵਿਰੁੱਧ ਸੰਘਰਸ਼ ਲਗਾਤਾਰ ਜਾਰੀ ਰੱਖਣ ਦਾ ਪ੍ਰਣ ਲਿਆ ਗਿਆ । ਕਾਮਰੇਡ ਬਲਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਦਰਿਆ ਸਤਲੁਜ ਦੇ ਨਾਲ ਲਗਦੀ ਜ਼ਮੀਨ 'ਤੇ ਗਰੀਬ ਕਿਸਾਨਾਂ ਮਜ਼ਦੂਰਾਂ ਵੱਲੋਂ ਖੇਤੀਯੋਗ ਅਬਾਦ ਕੀਤੀ ਜ਼ਮੀਨ ਦਾ ਉਜਾੜਾ ਨਹੀਂ ਹੋਣ ਦਿੱਤਾ ਜਾਵੇਗਾ ਸਗੋਂ ਮਾਲਕੀ ਹੱਕਾਂ ਲਈ ਸੰਘਰਸ਼ ਜਾਰੀ ਰਹੇਗਾ। 13 ਜੁਲਾਈ ਨੂੰ ਲੁਧਿਆਣਾ ਦੇ ਕਸਬਾ ਸਿੱਧਵਾਂ ਬੇਟ ਵਿਖੇ ਅਬਾਦਕਾਰਾਂ ਦੀ ਵਿਸ਼ਾਲ ਕਾਨਫਰੰਸ ਕਰਕੇ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਕਿਸਾਨ ਸਭਾ ਵੱਲੋਂ ਮੈਂਬਰਸ਼ਿਪ ਅਤੇ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਸਮਾਗਮ ਦੌਰਾਨ ਕਾਮਰੇਡ ਸੀਤਲ ਸਿੰਘ ਸੰਘਾ ਦੁਆਰਾ ਲਿਖੀ ਕਿਤਾਬ "ਚਿੰਤਕ ਲਹਿਰਾਂ" ਰਿਲੀਜ਼ ਕੀਤੀ ਗਈ ।

# ਰੰਗਕਰਮੀ ਮਨਜੀਤ ਔਲਖ ਗਦਰੀ ਬਾਬਾ ਜਵਾਲਾ ਸਿੰਘ ਠੱਠੀਆਂ ਪੁਰਸਕਾਰ ਨਾਲ ਸਨਮਾਨਤ



**ਜਲੰਧਰ (ਕੇਸਰ)**—ਇਪਸਾ ਆਸਟ੍ਰੇਲੀਆ ਅਤੇ ਸਾਹਿਤ ਕਲਾ ਕੇਂਦਰ ਜਲੰਧਰ ਵੱਲੋਂ ਸੱਤਵਾਂ ਗਦਰੀ ਬਾਬਾ ਜਵਾਲਾ ਸਿੰਘ ਠੱਠੀਆਂ ਯਾਦਗਾਰੀ ਪੁਰਸਕਾਰ ਲੋਕ ਪੱਖੀ ਰੰਗ ਕਰਮੀ ਅਤੇ ਬਹੁ-ਪੱਖੀ ਸ਼ਖ਼ਸੀਅਤ ਮਨਜੀਤ ਕੌਰ ਔਲਖ ਨੂੰ ਭੇਂਟ ਕੀਤਾ ਗਿਆ। ਸਥਾਨਕ ਦੇਸ਼ ਭਗਤ ਯਾਦਗਾਰ ਹਾਲ 'ਚ ਹੋਏ ਇਸ ਪ੍ਰਭਾਵਸ਼ਾਲੀ ਸਮਾਗਮ 'ਚ ਮਹਾਨ ਗਦਰੀ ਬਾਬਾ ਜਵਾਲਾ ਸਿੰਘ ਠੱਠੀਆਂ ਦੀ ਘਾਲਣਾ ਅਤੇ ਰੌਸ਼ਨ ਮਿਸਾਲ ਕਰਨੀ ਨੂੰ ਸਿਜਦਾ ਕਰਦਿਆਂ ਪਿੰਡ ਠੱਠੀਆਂ (ਅੰਮ੍ਰਿਤਸਰ) ਤੋਂ ਆਏ ਗਦਰੀ ਬਾਬਾ ਦੇ ਪਰਵਾਰ ਦੀਆਂ ਧੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਗਮ ਨੇ ਅਹਿਦ ਲਿਆ ਕਿ ਮੁਲਕ ਦੇ ਹਾਲਾਤ ਆਏ ਰੋਜ ਜੋ ਗੰਭੀਰ ਚੁਣੌਤੀਆਂ ਬਣਕੇ ਉੱਭਰ ਰਹੇ ਹਨ, ਜਿੱਥੇ ਕੌਮਾਂਤਰੀ ਪੱਧਰ ਦੀਆਂ ਤਮਗਾ ਜੇਤੂ ਪਹਿਲਵਾਨ ਖਿਡਾਰਨਾਂ ਨੂੰ ਇਨਸਾਫ ਦੇਣ ਦੀ ਬਜਾਏ ਜਲੀਲ ਅਤੇ ਅਪਮਾਨਿਤ ਕਰਨ ਉਹਨਾਂ ਦੀ ਆਬਰੂ ਨਾਲ ਖਿਲਵਾੜ ਕਰਨ ਵਾਲੇ ਭਾਜਪਾ ਸੰਸਦ ਬ੍ਰਿਜ ਭੂਸ਼ਣ ਸਰਨ ਨੂੰ ਉਲਟਾ ਹਕੂਮਤੀ ਥਾਪੜਾ ਦਿੱਤਾ ਜਾ ਰਿਹਾ ਹੈ। ਰੰਗ ਕਰਮੀ ਨਾਟਕਕਾਰ ਗੁਰਸ਼ਰਨ ਭਾਅ ਜੀ ਦੀ ਧੀ ਡਾ. ਨਵਸ਼ਰਨ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ ਅਜਿਹੇ ਮੌਕੇ ਰੰਗ ਕਰਮੀ ਮਨਜੀਤ ਔਲਖ ਦਾ ਸਨਮਾਨ ਕਰਨਾ ਆਪਣੇ ਆਪ ਵਿੱਚ ਸੰਕੇਤਕ ਪੈਗਾਮ ਹੈ ਕਿ ਗਦਰੀ ਦੇਸ਼ ਭਗਤਾਂ ਦੀਆਂ ਅਥਾਹ ਕੁਰਬਾਨੀਆਂ ਨੂੰ ਸਲਾਮ ਕਰਦਿਆਂ ਰੰਗ ਮੰਚ ਅਤੇ ਲੋਕਾਂ ਦੀ ਜੋਟੀ ਮਜ਼ਬੂਤ ਕਰਦਿਆਂ ਹੋਰ ਵੀ ਸਿਦਕ ਦਿਲੀ ਨਾਲ ਹੱਕ, ਸੱਚ ਅਤੇ ਇਨਸਾਫ ਦਾ ਪਰਚਮ ਬੁਲੰਦ ਕਰਨ ਦੀ ਲੋੜ ਹੈ। ਸਮਾਗਮ ਦਾ ਆਗਾਜ਼ ਸਾਹਿਤ ਕਲਾ ਕੇਂਦਰ ਦੇ ਸਰਪ੍ਰਸਤ ਸੀਤਲ ਸਿੰਘ ਸੰਘਾ ਵੱਲੋਂ ਸਾਹਿਤ ਅਤੇ ਕਲਾ ਦੀ ਗਲਵੱਕੜੀ ਮਜ਼ਬੂਤ ਕਰਨ ਦੇ ਬੋਲਾਂ ਨਾਲ ਹੋਇਆ। ਇਸ ਮੌਕੇ ਸੀਤਲ ਸਿੰਘ ਸੰਘਾ ਦੀ ਪੁਸਤਕ ਚਿੰਤਨ ਲਹਿਰਾਂ ਲੋਕ ਅਰਪਣ ਕੀਤੀ ਗਈ। ਬਾਲ ਕਲਾਕਾਰ ਅਮਰੀਨ ਖਹਿਰਾ ਦੀ ਭਾਵਪੂਰਤ ਕਵਿਤਾ ਨੇ ਸ਼ੁਰੂ 'ਚ ਹੀ ਸਮਾਗਮ ਦੇ ਉਦੇਸ਼ ਦੀ ਪੁਸ਼ਟੀ ਕਰ ਦਿੱਤੀ ਕਿ ਕਵਿਤਾ, ਰੰਗ ਮੰਚ, ਸਾਹਿਤ ਅਤੇ ਕਲਾ ਦੇ ਫੁੱਲ ਖਿੜਨ ਤੋਂ ਚੰਦਰੀਆਂ ਹਵਾਵਾਂ ਰੋਕ ਨਹੀਂ ਸਕਦੀਆਂ। ਪੰਜਾਬ ਲੋਕ ਸੱਭਿਆਚਾਰਕ ਮੰਚ ( ਪਲਸ ਮੰਚ ) ਦੇ ਪ੍ਰਧਾਨ ਅਮੋਲਕ ਸਿੰਘ ਨੇ ਮਨਜੀਤ ਔਲਖ ਦੇ ਜੀਵਨ ਦੇ ਸੁਖਾਂਤਕ ਅਤੇ ਦੁਖਾਂਤਕ ਸਫ਼ਰ ਵਿੱਚ ਲੋਕ ਰੰਗ ਮੰਚ ਪ੍ਰਤੀ ਸਮਰਪਣ ਦਾ ਖ਼ੂਬਸੂਰਤ ਅਤੇ ਪ੍ਰੇਰਨਾਦਾਇਕ ਰੇਖਾ ਚਿੱਤਰ ਪੇਸ਼ ਕੀਤਾ। ਉੱਘੇ ਲੇਖਕ ਅਤੇ ਪੱਤਰਕਾਰ ਕੁਲਦੀਪ ਸਿੰਘ ਬੇਦੀ ਨੇ ਕਿਹਾ ਕਿ ਚੰਗਾ ਸਾਹਿਤ ਵੀ ਕਈ ਵਾਰ ਪੁਸਤਕਾਂ ਵਿਚ ਬੰਦ ਹੋ ਕੇ ਰਹਿ ਜਾਂਦਾ ਹੈ ਪਰ ਔਲਖ ਪਰਵਾਰ ਨੇ ਰੰਗ ਮੰਚ ਦੀ ਵਿਧਾ ਰਾਹੀਂ ਲੋਕ ਮਨਾਂ ਉੱਪਰ ਸਮਾਜਿਕ ਫਿਕਰਾਂ ਦੀ ਦਸਤਕ ਦੇਣ ਦਾ ਕੰਮ ਕੀਤਾ ਹੈ। ਮਨਜੀਤ ਔਲਖ ਨੇ ਨਾਟਕ ਦੀ ਇੱਕ ਝਾਕੀ ਦੇ ਕੁਝ ਅੰਸ਼ ਨਾਟਕੀ ਅੰਦਾਜ ਵਿੱਚ ਪੇਸ਼ ਕਰਦਿਆਂ ਦਿੱਲੀ ਦੇ ਹੰਕਾਰੇ ਹਾਕਮਾਂ ਉੱਪਰ ਕਰਾਰੀ ਚੋਟ ਕੀਤੀ। ਸਮਾਗਮ ਦੇ ਦੂਜੇ ਸੈਸ਼ਨ ਕਵੀ ਦਰਬਾਰ 'ਚ ਪ੍ਰਵਾਸੀ ਲੇਖਕ ਅਤੇ ਨਾਮਵਰ ਕਵੀ ਗੁਰਬਖਸ਼ ਭੰਡਾਲ,ਪ੍ਰੋ ਕੁਲਵੰਤ ਔਜਲਾ, ਜਗਵਿੰਦਰ ਜੋਧਾ, ਸਵਿੰਦਰ ਸੰਧੂ, ਡਾ. ਦਵਿੰਦਰ ਬਿਮਰਾ ਨੇ ਕਵਿਤਾਵਾਂ ਦਾ ਰੰਗ ਪੇਸ਼ ਕੀਤਾ। ਇਸ ਸਮਾਗਮ ਮੌਕੇ ਦੇਸ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਕੁਲਵਿੰਦਰ ਕੌਰ ਬੁੱਟਰ, ਰਣਜੀਤ ਸਿੰਘ ਔਲਖ ਵਿਜੈ ਬੰਬੇਲੀ, ਸੁਰਿੰਦਰ ਕੁਮਾਰੀ ਕੋਛੜ, ਹਰਮੇਸ ਮਾਲੜੀ ,ਮਨੋਹਰ ਖਹਿਰਾ, ਨਰਿੰਦਰ ਪਾਲ ਕੰਗ, ਸੰਦੀਪ ਸਿੰਘ ਮਲਹੋਤਰਾ, ਜੀਤ ਸਿੰਘ ਚਾਵਲਾ , ਪ੍ਰਮੋਦ ਕਾਫਰ, ਲਫਜਾਂ ਦੀ ਦੁਨੀਆਂ ਵੈੱਬ ਟੀ ਵੀ ਤੋਂ ਜਸਬੀਰ ਸਿੰਘ ਸਿੱਧੂ, ਡਾ. ਕਰਨਬੀਰ ਸਿੰਘ ਵੀ ਹਾਜ਼ਰ ਸਨ। ਮੰਚ ਸੰਚਾਲਨ ਦੀ ਭੂਮਿਕਾ ਡਾ. ਗੋਪਾਲ ਸਿੰਘ ਬੁੱਟਰ ਨੇ ਬਾਖੂਬੀ ਅਦਾ ਕੀਤੀ।

# ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਸੰਘਰਸ਼ ਦਾ ਐਲਾਨ

**ਹੁਸ਼ਿਆਰਪੁਰ (ਬੀ ਐਸ ਸੈਣੀ)**- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (1406/22ਬੀ) ਚੰਡੀਗੜ੍ਹ ਨਾਲ ਸੰਬੰਧਤ ਹੱਕ ਸੱਚ ਦੀ ਲੜਾਈ ਲੜਨ ਵਾਲੀ ਇਕੋ-ਇਕ ਸਿਰਮੌਰ ਜਥੇਬੰਦੀ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਅਮਰੀਕ ਸਿੰਘ ਗੜ੍ਹਸ਼ੰਕਰ, ਸੂਬਾ ਜਨਰਲ ਸਕੱਤਰ ਜਸਵੀਰ ਸਿੰਘ ਸੀਰਾ, ਸੂਬਾਈ ਵਿੱਤ ਸੱਕਤਰ ਸ਼ਿਵ ਕੁਮਾਰ ਰੋਪੜ ਅਤੇ ਸੀਨੀਅਰ ਮੀਤ ਪ੍ਰਧਾਨ ਰਣਜੀਤ ਸਿੰਘ ਗੁਰਦਾਸਪੁਰ, ਚੇਅਰਮੈਨ ਵਿਰਸਾ ਸਿੰਘ ਅੰਮ੍ਰਿਤਸਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੰਗਲਾਤ ਵਿਭਾਗ ਵਿਚ ਪਿਛਲੇ ਲੰਮੇ ਸਮੇਂ ਤੋਂ ਕੰਮ ਕਰਦੇ ਕੱਚੇ ਕਾਮਿਆਂ ਨੂੰ ਪੰਜਾਬ ਵਿੱਚ ਰਾਜ ਕਰਨ ਵਾਲੀਆਂ ਮੌਕੇ ਦੀਆਂ ਸਰਕਾਰਾਂ ਜਿਵੇਂ ਅਕਾਲੀ ਭਾਜਪਾ ਤੇ ਕਾਂਗਰਸ ਸਰਕਾਰ ਨੇ ਸਿਰਫ ਲਾਰਿਆਂ ਵਿਚ ਹੀ ਰੱਖਿਆ ਹੈ। ਸੰਘਰਸ਼ਾਂ ਸਦਕਾ ਜੇਕਰ ਕੋਈ ਸਰਕਾਰ ਪੱਕਾ ਕਰਨ ਦੀ ਨੀਤੀ ਬਣਾਉਂਦੀ ਹੈ ਤਾਂ ਅਗਲੀ ਸਰਕਾਰ ਇਹ ਕਹਿ ਕੇ ਰੋਕ ਦਿੰਦੀ ਹੈ ਕਿ ਅਸੀਂ ਉਸ ਤੋਂ ਵਧੀਆ ਨੀਤੀ ਬਣਾਵਾਂਗੇ। ਜਸਵਿੰਦਰ ਸਿੰਘ ਸੌਜਾ, ਬਲਵੀਰ ਚੀਮਾ ਤਰਨ ਤਾਰਨ, ਸਤਿਨਾਮ ਸਿੰਘ ਸੰਗਰੂਰ, ਪਵਨ ਹੁਸ਼ਿਆਰਪੁਰ, ਸੱਤ ਨਰੈਣ ਮਾਨਸਾ ਅਤੇ ਸੁਖਦੇਵ ਸਿੰਘ ਜਲੰਧਰ ਨੇ ਕਿਹਾ ਕਿ ਪੰਜਾਬ ਵਿੱਚ ਨਵੀਂ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਲੋਕਾਂ ਨੂੰ ਬਹੁਤ ਉਮੀਦਾਂ ਸੀ ਪਰ ਆਮ ਆਦਮੀ ਕਹਾਉਣ ਵਾਲੇ ਮੁੱਖ ਮੰਤਰੀ ਵੀ ਅਕਾਲੀ ਕਾਂਗਰਸ ਦੀ ਨੀਤੀ ਅਪਣਾਉਣ ਲੱਗਿਆ ਹੋਇਆ ਹੈ। ਦਰਸ਼ਨ ਲੁਧਿਆਣਾ, ਰਵੀ ਕਾਂਤ ਰੋਪੜ, ਸ਼ੇਰ ਸਿੰਘ ਸਰਹਿੰਦ, ਕੇਵਲ ਗੜ੍ਹਸ਼ੰਕਰ, ਸੁਲੱਖਣ ਸਿੰਘ ਮੋਹਾਲੀ, ਜਸਵਿੰਦਰ ਸਿੰਘ ਸੰਗਰੂਰ ਅਤੇ ਛੱਤਬੀੜ ਚਿੜੀਆਂ ਤੋਂ ਛਿੰਦਰਪਾਲ ਸਿੰਘ ਨੇ ਕਿਹਾ ਕਿ ਵਣ ਮੰਤਰੀ ਲਾਲ ਚੰਦ ਕਟਾਰੂਚੱਕ ਨਾਲ ਜਥੇਬੰਦੀ ਦੀਆਂ ਅਨੇਕਾਂ ਮੀਟਿੰਗਾਂ ਜਿਵੇਂ ਮਿਤੀ 27 ਜੁਲਾਈ 2022 ਤੇ 13 ਫਰਵਰੀ 2023, 16 ਮਈ 2023 ਨੂੰ ਅਤੇ ਵਣ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਮਿਤੀ 7 ਸਤੰਬਰ 2022 ਤੇ 10 ਅਪਰੈਲ 2023 ਅਤੇ 3 ਮਈ 2023 ਅਤੇ ਹੋਰ ਬਹੁਤ ਮੀਟਿੰਗਾਂ ਹੋ ਚੁੱਕੀਆਂ ਹਨ ਪਰ ਮੰਤਰੀ ਵੱਲੋਂ ਅਤੇ ਵਣ ਅਧਿਕਾਰੀਆਂ ਵੱਲੋਂ ਮੰਗ ਪੱਤਰ ਵਿੱਚ ਦਰਜ ਮੰਗਾਂ ਨੂੰ ਮੀਟਿੰਗ ਵਿੱਚ ਮੰਨਿਆ ਜਾਂਦਾ ਹੈ ਪਰ ਲਾਗੂ ਨਹੀਂ ਕੀਤੀਆਂ ਜਾਂਦੀਆਂ। ਇਸ ਕਰਕੇ ਜਥੇਬੰਦੀ ਵਿਚ ਰੋਸ ਹੈ ਕਿ ਕੱਚੇ ਕਾਮਿਆਂ ਨੂੰ ਪੱਕਿਆਂ ਕਰਵਾਉਣ ਲਈ 17 ਜੂਨ ਨੂੰ ਵਣ ਮੰਤਰੀ ਦੇ ਹਲਕਾ ਭੋਆ ਜ਼ਿਲ੍ਹਾ ਪਠਾਨਕੋਟ 'ਚ ਰੋਸ ਰੈਲੀ ਕਰਨ ਉਪਰੰਤ ਹਲਕੇ 'ਚ ਝੰਡਾ ਮਾਰਚ ਕਰਨਗੇ ।ਜਸਪਾਲ ਹਰੀਕੇ, ਮਲਕੀਤ ਸਿੰਘ ਮੁਕਤਸਰ, ਅੰਮ੍ਰਿਤਪਾਲ ਸਿੰਘ ਬਠਿੰਡਾ, ਮਨਿੰਦਰ ਸਿੰਘ ਸਿਸਵਾਂ, ਲਛਮਣ ਸਿੰਘ, ਬਲਰਾਜ ਸਿੰਘ ਪਠਾਨਕੋਟ ਨੇ ਕਿਹਾ ਕਿ ਪੰਜਾਬ ਸਰਕਾਰ ਜਲਦੀ ਵੱਖ-ਵੱਖ ਵਿਭਾਗਾਂ ਵਿਚ ਕੰਮ ਕਰਦੇ ਕਾਮਿਆਂ ਨੂੰ ਪੱਕਾ ਕਰੇ ਤਾਂ ਕਿ ਕੱਚੇ ਕਾਮਿਆਂ ਦੇ ਪਰਵਾਰਾਂ ਦਾ ਵਧੀਆ ਪਾਲਣ ਪੋਸਣ ਕਰਨ ਸਕਨ।

## ਮੰਢਾਲੀ ਦੇ ਮੇਲੇ ਦੀਆਂ ਤਿਆਰੀਆਂ ਜ਼ੋਰਾਂ 'ਤੇ



**ਮੇਹਲੀ (ਗੁਰਨਾਮ)**-ਇੱਥੋਂ ਥੋੜ੍ਹੀ ਦੂਰ ਪਿੰਡ ਮੰਢਾਲੀ ਵਿਖੇ ਰੋਜ਼ਾ ਸ਼ਰੀਫ 'ਤੇ ਗੱਦੀਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਦੀ ਅਗਵਾਈ ਵਿੱਚ ਸੱਯਦ ਉਲ ਸ਼ੇਖ ਬਾਬਾ ਅਬਦੁੱਲੇ ਸ਼ਾਹ ਕਾਦਰੀ ਦੇ ਮੇਲੇ ਦੀਆਂ ਤਿਆਰੀਆਂ ਪੂਰੇ ਜ਼ੋਰਾਂ 'ਤੇ ਚੱਲ ਰਹੀਆਂ ਹਨ। ਸਾਈਂ ਨੇ ਦੱਸਿਆ ਕਿ ਬਾਬਾ ਜੀ ਦਾ ਮੇਲਾ 29 ਜੂਨ ਤੋਂ ਲੈ ਕੇ 30 ਜੁਲਾਈ ਤੱਕ ਦਿਨ ਰਾਤ ਚੱਲੇਗਾ, ਗੁਰੂ ਜੀ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਮੁਹੰਮਦ ਆਸ਼ਿਕ ਨੀਲਾ, ਸਰਬਣ ਸਿੰਘ, ਸਤਨਾਮ, ਪਰਸੋਵਾਲ, ਸਾਈਂ ਜੀ ਦਾ ਪੁੱਤਰ ਗੋਗਾ, ਹਨੀ, ਗੋਰਾ ਚੱਕ ਪ੍ਰੇਮਾ, ਪੱਪੀ ਅਨੀਕ, ਜੀਤਾ ਮਾਈਦਾਸ, ਲਵਲੀ ਪ੍ਰੇਮਪੁਰਾ, ਬੰਟੀ, ਮੀਰਾ ਸ਼ਰਮਾ ਸਰਪੰਚ, ਨੀਲਮ ਕੁਮਾਰ, ਕਮਲਜੀਤ ਸਾਬਕਾ ਸਰਪੰਚ, ਸੋਨੂੰ, ਧਰਮਿੰਦਰ ਆਦਿ ਹਾਜ਼ਰ ਸਨ।

## ਦਰਬਾਰ ਗੁੱਗਾ ਜ਼ਾਹਰਪੀਰ ਸਰਕਾਰ ਦਾ ਸਾਲਾਨਾ ਜੋੜ ਮੇਲਾ 22 ਨੂੰ

**ਆਦਮਪੁਰ ( ਪਰਮਜੀਤ ਸਿੰਘ)** ਦਰਬਾਰ ਗੁੱਗਾ ਜਾਹਰਪੀਰ ਸਰਕਾਰ, ਦਰਬਾਰ ਰਾਜੂ ਸ਼ਾਹ ਸਰਕਾਰ ਖੋਜਕੀ ਪੁਰ ਸਲਾਲਾ ਵਿਖੇ 22 ਜੂਨ ਨੂੰ ਸਾਲਾਨਾ ਜੋੜ ਮੇਲਾ ਕਰਵਾਇਆ ਜਾ ਰਿਹਾ। ਦਰਬਾਰ ਦੇ ਸੇਵਾਦਾਰ ਨਰਿੰਦਰ ਟੋਨੀ ਪੰਡੋਰੀ ਨਿੱਝਰਾਂ , ਅਜਮੇਰ ਸਿੰਘ ਵਿਰਦੀ ਖੋਜਕੀਪੁਰ , ਜੋਧ ਸਿੰਘ ਲੰਬੂ ਨੇ ਦੱਸਿਆ ਕਿ 21 ਜੂਨ ਸ਼ਾਮ ਨੂੰ 6 ਵਜੇ ਚਿਰਾਗੇ ਰੌਸ਼ਨ ਕੀਤੇ ਜਾਣਗੇ ਤੇ 22 ਜੂਨ 11 ਵਜੇ ਨਿਸ਼ਾਨ ਸਾਹਿਬ ਤੇ ਚਾਦਰ ਚੜ੍ਹਾਉਣ ਦੀ ਰਸਮ ਤੋਂ ਬਾਅਦ ਪੰਜਾਬ ਪ੍ਰਸਿੱਧ ਕਵਾਲ ਪਾਰਟੀਆ ਸਰਦਾਰ ਅਲੀ , ਕਵਾਲ ਇਕਰਾਰ ਭਾਰਤੀ , ਸ਼ੌਕਤ ਅਲੀ ਦੀਵਾਨਾ , ਇਨਾਅਤ ਅਲੀ ਸਰਕਾਰਾਂ ਦੇ ਦਰਬਾਰ ਵਿੱਚ ਹਾਜਰੀ ਲਗਾਉਣਗੇ ।

## ਪੱਤਰਕਾਰ ਦੀਪਕ ਵਰਮਾ ਨੂੰ ਸਦਮਾ, ਲੜਕੀ ਦਾ ਦੇਹਾਂਤ



**ਕਰਤਾਰਪੁਰ (ਹਰਮੇਸ਼ ਦੱਤ )**-ਕਰਤਾਰਪੁਰ ਪ੍ਰੈੱਸ ਕਲੱਬ ਦੇ ਪੈਟਰਨ ਦੈਨਿਕ ਜਾਗਰਣ ਦੇ ਪੱਤਰਕਾਰ ਦੀਪਕ ਵਰਮਾ (ਵਿੱਕੀ) ਦੀ ਲੜਕੀ ਜਾਨਵੀ ਉਮਰ (21 ਸਾਲ) ਦਾ ਅਚਾਨਕ 8 ਜੂਨ ਨੂੰ ਸਵੇਰੇ ਦੇਹਾਂਤ ਹੋ ਗਿਆ ਸੀ, ਜਿਸ ਦਾ ਸ਼ਿਵਪੁਰੀ ਕਰਤਾਰਪੁਰ ਵਿੱਚ ਸਸਕਾਰ ਕਰ ਦਿੱਤਾ ਗਿਆ। 11 ਜੂਨ ਐਤਵਾਰ ਨੂੰ ਸਵੇਰੇ ਰਸਮ ਚੌਥੇ ਤੋਂ ਬਾਅਦ ਰਸਮ ਉਠਾਲਾ ਦੁਪਹਿਰ 1 ਤੋਂ 2 ਵਜੇ ਤੱਕ ਗਊਸ਼ਾਲਾ ਕਰਤਾਰਪੁਰ ਵਿਖੇ ਹੋਵੇਗੀ।

## ਅਣਪਛਾਤੇ ਨੌਜਵਾਨ ਮਹਿਲਾ ਦੀਆਂ ਵਾਲੀਆਂ ਖੋਹ ਕੇ ਫਰਾਰ

**ਕਰਤਾਰਪੁਰ (ਹਰਮੇਸ਼ ਦੱਤ)**- ਪਰਮਜੀਤ ਕੌਰ ਪਤਨੀ ਗੋਪਾਲ ਰਾਏ ਸਾਬਕਾ ਕੌਂਸਲਰ ਆਰੀਆ ਨਗਰ ਕਰਤਾਰਪੁਰ ਨੇ ਦੱਸਿਆ ਕਿ ਬੀਤੇ ਦਿਨ ਉਹ ਬਾਰਾਂਦਰੀ ਬਜ਼ਾਰ ਤੋਂ ਸਮਾਨ ਖਰੀਦ ਕੇ ਘਰ ਪਰਤ ਰਹੀ ਸੀ ਕਿ ਜਦੋਂ ਉਹ ਆਰੀਆ ਨਗਰ ਸ੍ਰੀ ਗੁਰੂ ਰਵਿਦਾਸ ਮੰਦਰ ਨੇੜੇ ਉਥੇ ਲੱਗੇ ਸਪੀਡ ਬਰੇਕਰ 'ਤੇ ਪੁੱਜੀ ਤਾਂ ਗੱਡੀ ਹੌਲੀ ਹੋ ਗਈ। ਪਲਸਰ 'ਤੇ ਸਵਾਰ ਨੌਜਵਾਨ ਨੇ ਪਿੱਛੇ ਬੈਠੀ ਪਰਮਜੀਤ ਕੌਰ ਦੇ ਕੰਨ ਦੀਆਂ ਵਾਲੀਆਂ ਖਿੱਚ ਲਈਆਂ । ਇਸ ਖੋਹ ਦੀ ਘਟਨਾ ਦੀ ਸੂਚਨਾ ਕਰਤਾਰਪੁਰ ਪੁਲਸ ਨੂੰ ਦੇ ਦਿੱਤੀ ਗਈ । ਕਰਤਾਰਪੁਰ ਪੁਲਸ ਪ੍ਰਸ਼ਾਸਨ ਦੀ ਚੌਕਸੀ ਦੇ ਬਾਵਜੂਦ ਲੁੱਟ-ਖੋਹ ਦੀਆਂ ਘਟਨਾਵਾਂ ਰੁਕਣ ਦਾ ਨਾਂਅ ਨਹੀਂ ਲੈ ਰਹੀਆਂ।

## ਸੰਤ ਮਧੂਸੂਦਨ ਦਾਸ ਦੀ ਯਾਦ 'ਚ ਖਾਨਪੁਰ ਭਾਰਟਾ ਵਿਖੇ ਛਬੀਲ ਲਗਾਈ



**ਹੁਸ਼ਿਆਰਪੁਰ ( ਓ ਪੀ ਰਾਣਾ )** ਮਹਾਨ ਤਪੱਸਵੀ ਸੰਤ ਮਧੂਸੂਦਨ ਦਾਸ ਦੀ ਯਾਦ ਵਿਚ ਖਾਨਪੁਰ ਭਾਰਟਾ ਵਿਖੇ ਮੌਜੂਦਾ ਗੱਦੀਨਸ਼ੀਨ ਸੰਤ ਕ੍ਰਿਪਾਲ ਦਾਸ ਮੈਂਬਰ ਗੁਰੂ ਰਵਿਦਾਸ ਸਾਧੂ ਸੰਪਰਦਾਇਕ ਸੁਸਾਇਟੀ (ਰਜਿ.) ਪੰਜਾਬ ਦੀ ਰਹਿਨੁਮਾਈ ਹੇਠ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ । ਗੁਰੂ ਰਵਿਦਾਸ ਸਾਧੂ ਸੰਪਰਦਾਇਕ ਸੁਸਾਇਟੀ ਰਜਿ: ਪੰਜਾਬ ਦੇ ਵੱਖ ਵੱਖ ਡੇਰਿਆਂ ਤੋਂ ਆਏ ਸੰਤ ਮਹਾਪੁਰਸ਼ ਅਤੇ ਭਾਰੀ ਗਿਣਤੀ ਵਿਚ ਸੰਗਤਾਂ ਹਾਜਰ ਸਨ । ਇਸ ਮੌਕੇ ਸੰਤ ਸੰਤੋਖ ਦਾਸ , ਸੰਤ ਮਨਜੀਤ ਦਾਸ ਚਲੇਟ ਹਿਮਾਚਲ ਵੀ ਹਾਜਰ ਸਨ। ਸੰਤ ਮਧੂਸੂਦਨ ਦਾਸ ਜੀ ਇਕ ਪਰਉਪਕਾਰੀ, ਸੰਗਤ ਦਾ ਭਲਾ ਕਰਨ ਦਾ ਉਪਦੇਸ਼ ਦੇਣ ਵਾਲੇ ਮਹਾਨ ਤਪੱਸਵੀ ਸੰਤ ਸਨ। ਉਨਾਂ ਸੰਗਤਾਂ ਨੂੰ ਵਹਿਮਾਂ ਭਰਮਾਂ ਵਿਚ ਨਿਕਲ ਕੇ ਵਿੱਦਿਆ ਪੜਕੇ ਗਿਆਨਵਾਨ ਮਨੁੱਖ ਬਣਨ ਦਾ ਸੱਚਾ ਸੁੱਚਾ ਉਪਦੇਸ਼ ਦਿੱਤਾ।

## ਐਸ.ਸੀ. ਜਥੇਬੰਦੀਆਂ ਨੇ 12 ਨੂੰ ਪੰਜਾਬ ਬੰਦ ਦੀ ਕਾਲ ਦਾ ਕੀਤਾ ਸਮਰਥਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**--ਸਮੂਹ ਐਸ.ਸੀ. ਜੱਥੇਬੰਦੀਆਂ ਦੀ ਇੱਕ ਜ਼ਰੂਰੀ ਮੀਟਿੰਗ ਹੋਈ ਜਿਸ ਵਿੱਚ 12 ਜੂਨ ਨੂੰ ਪੰਜਾਬ ਬੰਦ ਦੀ ਕਾਲ ਦਾ ਸਮਰਥਨ ਕੀਤਾ ਗਿਆ ਅਤੇ ਜੰਮ ਕੇ ਪੰਜਾਬ ਸਰਕਾਰ ਖਿਲਾਫ ਨਾਰ੍ਹੇਬਾਜ਼ੀ ਕੀਤੀ ਗਈ ਅਤੇ ਉਨਾਂ ਕਿਹਾ ਕਿ ਅਸੀਂ ਰਿਜ਼ਰਵੇਸ਼ਨ ਚੋਰ ਫੜੋ ਪੱਕਾ ਮੋਰਚਾ ਜੋ ਕਿ ਮੋਹਾਲੀ ਵਿਖੇ ਲਗਾਇਆ ਹੈ, ਉਨਾਂ ਵਲੋਂ ਚੁੱਕਿਆ ਗਿਆ ਇਹ ਕਦਮ ਸ਼ਲਾਘਾਯੋਗ ਹੈ ਅਤੇ ਇਹ ਮੋਰਚਾ ਲਾਉਣ ਵਾਲਿਆਂ ਦੇ ਨਾਲ ਅਸੀਂ ਮੋਢੇ ਨਾਲ ਮੋਢਾ ਲਗਾ ਕੇ ਖੜੇ ਹਾਂ। ਸਮਾਜ ਦੇ ਆਗੂਆਂ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਵਲੋਂ ਜਾਅਲੀ ਐਸ.ਸੀ. ਸਰਟੀਫਿਕੇਟ ਬਣਾ ਕੇ ਰਾਖਵਾਂ ਕਰਨ ਦਾ ਗਲਤ ਇਸਤੇਮਾਲ ਕੀਤਾ ਅਤੇ ਐਸ.ਸੀ. ਸਮਾਜ ਦੇ ਲੋਕਾਂ ਦੇ ਹੱਕਾਂ ਤੇ ਡਾਕਾ ਮਾਰਿਆ ਹੈ ਸਰਕਾਰ ਉਨਾਂ ਖਿਲਾਫ ਬਨਦੀ ਕਾਰਵਾਈ ਕਰਨ ਤੋਂ ਗੁਰੇਜ਼ ਕਰ ਰਹੀ ਹੈ। ਜਿਸ ਨਾਲ ਐਸ.ਸੀ. ਸਮਾਜ ਦਾ ਬਹੁਤ ਜ਼ਿਆਦਾ ਸ਼ੋਸ਼ਣ ਹੋ ਰਿਹਾ ਹੈ। ਸਾਰੀਆਂ ਜੱਥੇਬੰਦੀਆਂ ਵਲੋਂ ਮੰਗ ਕੀਤੀ ਗਈ ਕਿ ਇਨਾਂ ਉਪਰ ਵੱਡੇ ਪੱਧਰ 'ਤੇ ਉਚ ਕਾਰਵਾਈ ਕਰਕੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਤੇ ਐਡਵੋਕੇਟ ਰਾਹੁਲ ਆਦੀਆ, ਜਤਿੰਦਰ ਹੰਸ ਜ਼ਿਲ੍ਹਾ ਪ੍ਰਧਾਨ ਸੈਂਟਰਲ ਵਾਲਮੀਕਿ ਸਭਾ, ਰਣਜੀਤ ਪਾਲ ਸ਼੍ਰੀ ਗੁਰੂ ਰਵੀਦਾਸ ਵਿਸ਼ਵ ਮਹਾਂਪੀਠ, ਵਿਸ਼ਾਲ ਆਦੀਆ ਪ੍ਰਧਾਨ ਭਗਵਾਨ ਵਾਲਮੀਕਿ ਯੁਵਾ ਦਲ, ਐਮ.ਸੀ. ਮੁਕੇਸ਼ ਕੁਮਾਰ ਮੱਲ ਭਗਤ ਨਗਰ, ਰਾਜਾ ਹੰਸ ਪ੍ਰਧਾਨ ਸਫਾਈ ਮਜ਼ਦੂਰ ਫੈਡਰੇਸ਼ਨ ਨਗਰ ਨਿਗਮ ਹੁਸ਼ਿਆਰਪੁਰ ਤੇ ਭਾਰੀ ਗਿਣਤੀ ਵਿੱਚ ਸਮਾਜ ਦੇ ਆਗੂ ਮੌਜੂਦ ਸਨ।

## ਆਤਮਾ ਕਿਸਾਨ ਹੱਟ 'ਤੇ ਉਪਭੋਗਤਾ ਵੱਧ ਤੋਂ ਵੱਧ ਲੈਣ ਫਾਇਦਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**--ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਖੇਤੀ ਭਵਨ ਦੇ ਬਾਹਰ ਕਿਸਾਨਾਂ ਵਲੋਂ ਆਪਣੇ ਉਤਪਾਦ ਸਿੱਧੇ ਤੌਰ 'ਤੇ ਉਪਭੋਗਤਾਵਾਂ ਤੱਕ ਪਹੁੰਚਾਉਣ ਅਤੇ ਸਵੈ ਮੰਡੀਕਰਣ ਨੂੰ ਉਤਸ਼ਾਹਤ ਕਰਨ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਸਹਿਯੋਗ ਨਾਲ ਆਤਮਾ ਕਿਸਾਨ ਹੱਟ ਖੋਲੀ ਗਈ ਹੈ। ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਗੁਰਦੇਵ ਸਿੰਘ ਨੇ ਦੱਸਿਆ ਕਿ ਇਸ ਆਤਮਾ ਕਿਸਾਨ ਹੱਟ ਤੇ ਜ਼ਿਲ੍ਹੇ ਦੇ ਵੱਖ-ਵੱਖ ਸਵੈ ਸਹਾਇਤਾ ਗਰੁੱਪ ਅਤੇ ਕਿਸਾਨਾਂ ਵਲੋਂ ਜੈਵਿਕ ਅਤੇ ਕੁਦਰਤੀ ਤੌਰ 'ਤੇ ਤਿਆਰ ਕੀਤੇ ਗਏ ਉਤਪਾਦ ਜਿਸ ਵਿੱਚ ਸ਼ਹਿਦ, ਆਚਾਰ, ਮੁਰੱਬੇ, ਚਟਨੀਆਂ, ਵੇਸਣ, ਹਲਦੀ, ਸਬਜ਼ੀਆਂ, ਦਾਲਾਂ ਆਦਿ ਵੇਚੇ ਜਾਂਦੇ ਹਨ। ਮੌਜੂਦਾ ਸਮੇਂ ਮਿਆਰੀ ਅਤੇ ਜ਼ਹਿਰ ਮੁਕਤ ਸਬਜ਼ੀਆਂ ਜਾਂ ਉਤਪਾਦਾਂ ਦੀ ਭਾਰੀ ਮੰਗ ਨੂੰ ਦੇਖਦਿਆਂ ਆਤਮਾ ਕਿਸਾਨ ਹੱਟ ਸ਼ਹਿਰ ਵਾਸੀਆਂ ਲਈ ਇੱਕ ਵਰਦਾਨ ਹੈ, ਜਿਸ ਤੋਂ ਗ੍ਰਾਹਕ ਸਿੱਧੇ ਲੋੜ ਅਨੁਸਾਰ ਕਿਸਾਨਾਂ ਵਲੋਂ ਤਿਆਰ ਕੀਤੇ ਉਤਪਾਦ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਵੀ ਆਪਣੇ ਉਤਪਾਦ ਦੀ ਪ੍ਰੋਸੈਸਿੰਗ ਕਰਕੇ ਸਵੈ ਮੰਡੀਕਰਨ ਦੀ ਰਾਹ ਅਪਨਾ ਕੇ ਵਧੇਰੇ ਮੁਨਾਫਾ ਕਮਾਉਣ ਦੀ ਅਪੀਲ ਕੀਤੀ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਵੀ ਆਤਮਾ ਕਿਸਾਨ ਹੱਟ 'ਤੇ ਉਪਲਬਧ ਉਤਪਾਦਾਂ ਦਾ ਵੱਧ ਤੋਂ ਵੱਧ ਫਾਇਦਾ ਲੈਣ ਬਾਰੇ ਕਿਹਾ।

## ਕੇ ਵੀ ਆਈ ਸੀ ਦੁਆਰਾ ਇੱਕ ਮਹੱਤਵਪੂਰਨ ਛਾਲ

**ਜਲੰਧਰ (ਨਵਾਂ ਜ਼ਮਾਨਾ ਸਰਵਿਸ)** ਖਾਦੀ ਅਤੇ ਗ੍ਰਾਮੀਣ ਉਦਯੋਗ ਕਮਿਸ਼ਨ (ਕੇਵੀਆਈਸੀ) ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ 'ਆਤਮ ਨਿਰਭਰ ਭਾਰਤ ਅਭਿਆਨ' ਨੂੰ ਨਵੀਆਂ ਉਚਾਈਆਂ 'ਤੇ ਲਿਜਾ ਕੇ ਦੁਨੀਆ ਦੇ ਸਾਹਮਣੇ ਇੱਕ ਮਜ਼ਬੂਤ ਭਾਰਤ ਦੀ ਖ਼ੁਸ਼ਹਾਲ ਤਸਵੀਰ ਪੇਸ਼ ਕੀਤੀ ਹੈ। ਆਜ਼ਾਦ ਭਾਰਤ ਦੇ ਇਤਿਹਾਸ ਵਿੱਚ ਪਹਿਲੀ ਵਾਰ ਖਾਦੀ ਅਤੇ ਗ੍ਰਾਮ ਉਦਯੋਗ ਕਮਿਸ਼ਨ ਦੇ ਉਤਪਾਦਾਂ ਦਾ ਟਰਨਓਵਰ 1.34 ਲੱਖ ਕਰੋੜ ਰੁਪਏ ਦੇ ਅੰਕੜੇ ਨੂੰ ਪਾਰ ਕਰ ਗਿਆ ਹੈ। ਪਿਛਲੇ 9 ਵਿੱਤੀ ਸਾਲਾਂ ਵਿੱਚ, ਪੇਂਡੂ ਖੇਤਰਾਂ ਵਿੱਚ ਕਾਰੀਗਰਾਂ ਦੁਆਰਾ ਬਣਾਏ ਸਵਦੇਸ਼ੀ ਖਾਦੀ ਉਤਪਾਦਾਂ ਦੀ ਵਿਕਰੀ ਵਿੱਚ 332% ਦਾ ਬੇਮਿਸਾਲ ਵਾਧਾ ਹੋਇਆ ਹੈ। ਜਦੋਂ ਕਿ ਵਿੱਤੀ ਸਾਲ 2013-14 ਵਿੱਚ ਖਾਦੀ ਅਤੇ ਗ੍ਰਾਮੀਣ ਉਦਯੋਗ ਉਤਪਾਦਾਂ ਦਾ ਕਾਰੋਬਾਰ 31,154 ਕਰੋੜ ਰੁਪਏ ਸੀ, ਇਹ ਵਿੱਤੀ ਸਾਲ 2022-23 ਵਿੱਚ ਵੱਧ ਕੇ 1,34,630 ਕਰੋੜ ਰੁਪਏ ਦੇ ਉੱਚ ਪੱਧਰ ਤੱਕ ਪਹੁੰਚ ਗਿਆ ਹੈ, ਜੋ ਕਿ ਹੁਣ ਤੱਕ ਦੀ ਸਭ ਤੋਂ ਵਧੀਆ ਪ੍ਰਾਪਤੀ ਹੈ। ਹੁਣ ਤੱਕ ਇਸੇ ਤਰ੍ਹਾਂ ਕੇਵੀਆਈਸੀ ਨੇ ਪੇਂਡੂ ਖੇਤਰਾਂ ਵਿੱਚ 9,54,899 ਨਵੀਆਂ ਨੌਕਰੀਆਂ ਪੈਦਾ ਕਰਕੇ ਇੱਕ ਨਵਾਂ ਮੀਲ ਪੱਥਰ ਕਾਇਮ ਕੀਤਾ ਹੈ।

# ਐਨ ਸੀ ਸੀ ਕੈਡਿਟਾਂ ਦਾ ਸਾਲਾਨਾ ਟ੍ਰੇਨਿੰਗ ਕੈਂਪ

**ਭਲਾਣ (ਹਰਭਜਨ ਢਿੱਲੋਂ)**- ਸਰਕਾਰ ਦੇ ਰੱਖਿਆ ਮੰਤਰਾਲੇ ਅਧੀਨ ਚਲ ਰਹੇ ਐਨ ਸੀ ਸੀ ਫਸਟ ਪੰਜਾਬ ਨੇਵਲ ਯੂਨਿਟ ਨਵਾਂ ਨੰਗਲ ਦੇ ਕਮਾਂਡਿੰਗ ਅਫਸਰ ਕੈਪਟਨ ਅਨਿਲ ਕੁਮਾਰ ਮਹਿਤਾ ਦੀ ਅਗਵਾਈ ਹੇਠ ਚੱਲ ਰਹੇ ਸਲਾਨਾ ਟ੍ਰੇਨਿੰਗ ਕੈਂਪ ਦੌਰਾਨ ਐਨ ਸੀ ਸੀ ਕੈਡਿਟਾਂ ਨੇ ਵੱਖ ਵੱਖ ਖੇਡਾਂ ਵਿੱਚ ਹਿੱਸਾ ਲਿਆ। ਜਾਣਕਾਰੀ ਦਿੰਦਿਆਂ ਕੈਂਪ ਦੇ ਮੀਡੀਆ ਪ੍ਰਭਾਰੀ ਐਨ ਸੀ ਸੀ ਅਫਸਰ ਸੋਹਨ ਸਿੰਘ ਚਾਹਲ ਨੇ ਕਿਹਾ ਕਿ ਕੈਂਪ ਵਿੱਚ 372 ਐਨ ਸੀ ਸੀ ਦੇ ਲੜਕੇ ਤੇ ਲੜਕੀਆਂ ਕੈਡਿਟਾਂ ਨੇ ਵਾਲੀਬਾਲ, ਖੋਹ-ਖੋਹ, ਰੱਸਾਕਸ਼ੀ ਦੇ ਮੁਕਾਬਲਿਆਂ ਵਿਚ ਭਾਗ ਲਿਆ। ਇਹ ਖੇਡਾਂ ਕੇਅਰਟੇਕਰ ਵਿਕਰਮਜੀਤ ਸਿੰਘ, ਅਮਰਜੀਤ ਸਿੰਘ, ਸਿਮਰਨਜੀਤ ਸਿੰਘ ਮਨਪ੍ਰੀਤ ਸਿੰਘ ਦੁਆਰਾ ਕਾਰਵਾਈਆਂ ਗਈਆਂ ਅਤੇ ਕੈਡਿਟਾਂ ਨੇ ਇਨ੍ਹਾਂ ਖੇਡਾਂ ਵਿੱਚ ਵੱਧ ਚੜ੍ਹ ਕੇ ਭਾਗ ਲਿਆ। ਇਸ ਮੌਕੇ ਕੈਂਪ ਤੇ ਪੈਟੀ ਅਫਸਰ ਰਮਨ ਚੌਧਰੀ, ਪੈਟੀ ਅਫਸਰ ਮਨਦੀਪ ਸਿੰਘ, ਪੈਟੀ ਅਫਸਰ ਸੁਮਿਤ, ਪੈਟੀ ਅਫਸਰ ਨਸੀਬ, ਐਨ ਸੀ ਸੀ ਅਫਸਰ ਸੁਗਨ ਪਾਲ ਸ਼ਰਮਾ, ਐਨ ਸੀ ਸੀ ਅਫਸਰ ਪ੍ਰੀਤਮ ਦਾਸ, ਰਾਕੇਸ਼ ਕੁਮਾਰ, ਮਨਦੀਪ ਸਿੰਘ, ਵੈਭਵ ਵਿਆਸ, ਹਰਦੀਪ ਕੌਰ ਅਤੇ ਸਿਮਰਨ ਸਿੰਘ, ਅਮਰਿੰਦਰ ਸਿੰਘ, ਦਵਿੰਦਰ ਦੱਤ, ਗੁਰਦੀਪ ਸਿੰਘ ਅਤੇ ਸੀਨੀਅਰ ਸਹਾਇਕ ਬਲਬੀਰ ਸਿੰਘ, ਗੁਰਦਿਆਲ ਅਤੇ ਹੋਰ ਅਧਿਕਾਰੀ ਮੌਜੂਦ ਸਨ।




# ਸੰਜੇ ਅਟਵਾਲ ਦੇ ਦਫਤਰ ਪਹੁੰਚੇ ਸੁਸ਼ੀਲ ਰਿੰਕੂ ਦਾ ਸ਼ਾਨਦਾਰ ਸਵਾਗਤ



**ਗੁਰਾਇਆ (ਬਿੰਦਰ ਸੁਮਨ)**-ਲੋਕ ਸਭਾ ਹਲਕਾ ਜਲੰਧਰ ਤੋਂ ਮੈਂਬਰ ਪਾਰਲੀਮੈਂਟ ਬਣਨ ਤੋ ਬਾਅਦ ਸ਼ੁਸੀਲ ਕੁਮਾਰ ਰਿੰਕੂ ਅਤੇ ਪ੍ਰਧਾਨ ਮਹਿਲਾ ਵਿੰਗ ਪੰਜਾਬ ਬੀਬੀ ਰਾਜਵਿੰਦਰ ਕੌਰ ਪਹਿਲੀ ਵਾਰ ਲੋਕਾਂ ਦਾ ਧੰਨਵਾਦ ਕਰਨ ਲਈ ਵਿਧਾਨ ਸਭਾ ਹਲਕਾ ਫਿਲੌਰ ਦੇ ਸ਼ਹਿਰ ਗੁਰਾਇਆ ਦੇ ਵਾਰਡ ਨੰਬਰ 'ਚ 7 ਸੰਜੇ ਅਟਵਾਲ ਦੇ ਦਫਤਰ ਪਹੁੰਚੇ ਜਿਥੇ ਪਾਰਟੀ ਵਰਕਰਾਂ ਨੇ ਫੁੱਲਾਂ ਦੇ ਹਾਰ ਪਾ ਕੇ ਉਨਾ ਦਾ ਭਰਵਾਂ ਸਵਾਗਤ ਕੀਤਾ। ਸ਼ੁਸੀਲ ਕੁਮਾਰ ਰਿੰਕੂ ਨੇ ਵਾਰਡ ਵਾਸੀਆਂ ਵਲੋਂ ਵੋਟਾਂ ਦੌਰਾਨ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਕੀਤਾ। ਇਸ ਮੌਕੇ ਬੀਬੀ ਰਾਜਵਿੰਦਰ ਕੌਰ ਥਿਆੜਾ ਨੇ ਮਹਿਲਾਵਾਂ ਦੀਆਂ ਸਮੱਸਿਆਵਾਂ ਨੂੰ ਸੁਣਿਆਂ ਅਤੇ ਪਹਿਲ ਦੇ ਅਧਾਰ 'ਤੇ ਹੱਲ ਕਰਨ ਦਾ ਭਰੋਸਾ ਦਿੱਤਾ। ਵਾਰਡ ਵਾਸੀਆਂ ਵਲੋਂ ਲੋਕ ਸਭਾ ਹਲਕਾ ਜਲੰਧਰ ਤੋ ਮੈਂਬਰ ਪਾਰਲੀਮੈਂਟ ਸ਼ੁਸੀਲ ਕੁਮਾਰ ਰਿੰਕੂ ਅਤੇ ਬੀਬੀ ਰਾਜਵਿੰਦਰ ਕੌਰ ਨੂੰ ਸਨਮਾਨਿਤ ਕੀਤਾ ਗਿਆ। ਮੁਸਲਿਮ ਭਾਈਚਾਰੇ ਅਤੇ ਇਸਾਈ ਭਾਈਚਾਰੇ ਵਲੋਂ ਵੀ ਆਪਣੀਆਂ ਸਮੱਸਿਆਵਾਂ ਨੂੰ ਐਮ ਪੀ ਸ਼ੁਸੀਲ ਕੁਮਾਰ ਰਿੰਕੂ ਦੇ ਧਿਆਨ ਵਿੱਚ ਲਿਆਂਦਾ ਗਿਆ। ਇਸ ਮੌਕੇ ਸੰਜੇ ਅਟਵਾਲ, ਗੁਰਵਿੰਦਰ ਸਿੰਘ ਨੌਰਾ, ਅਜਵਿੰਦਰ ਸਿੰਘ, ਸਾਬਕਾ ਬਲਾਕ ਸੰਮਤੀ ਮੈਂਬਰ ਬੂਟਾ ਸਿੰਘ ਢੇਸੀ, ਸੁਦੇਸ਼ ਕੁਮਾਰ ਬਿੱਲਾ, ਸੰਜੀਵ ਹੀਰ, ਜਸਵਿੰਦਰ ਪਾਠਕ, ਮਨਦੀਪ ਰਾਏ ਤੋਂ ਇਲਾਵਾ ਵੱਡੀ ਗਿਣਤੀ 'ਚ ਪਾਰਟੀ ਵਰਕਰ ਹਾਜ਼ਰ ਸਨ।

# ਗੁਰੂ ਹਰਿਰਾਇ ਸਾਹਿਬ ਅਕੈਡਮੀ ਕਾਹਲਵਾਂ 'ਚ ਅਧਿਆਪਕਾਂ ਤੇ ਮਾਪਿਆਂ ਦੀ ਹੋਈ ਪਹਿਲੇ ਸੈਸ਼ਨ ਦੀ ਮੀਟਿੰਗ



**ਕਾਲਾ ਸੰਘਿਆਂ (ਮਨਜੀਤ ਮਾਨ)** ਗੁਰੂ ਹਰਿ ਰਾਇ ਸਾਹਿਬ ਅਕੈਡਮੀ ਕਾਹਲਵਾਂ ਜ਼ਿਲ੍ਹਾ ਕਪੂਰਥਲਾ ਵਿਖੇ ਅਧਿਆਪਕਾਂ ਅਤੇ ਮਾਪਿਆਂ ਦੀ ਇਸ ਸੈਸ਼ਨ ਦੀ ਪਲੇਠੀ ਮਹੀਨਾਵਾਰ ਪ੍ਰੀਖਿਆ ਮੀਟਿੰਗ ਬਾਬਾ ਗੁਰਮੇਜ ਸਿੰਘ ਪ੍ਰਧਾਨ ਗੁਰਦੁਆਰਾ ਸ੍ਰੀ ਸੈਦਰਾਣਾ ਸਾਹਿਬ ਅਤੇ ਅਕੈਡਮੀ ਚੇਅਰਮੈਨ ਨਿਰਮਲ ਸਿੰਘ ਨੰਬਰਦਾਰ ,ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ ਦੀ ਦੇਖ ਰੇਖ ਹੇਠ ਹੋਈ। ਵਿਦਿਆਰਥੀਆਂ ਦੇ ਮਾਪਿਆਂ ਨੂੰ ਵਿਦਿਆਰਥੀਆਂ ਦੇ ਮਹੀਨਾਵਾਰ ਪ੍ਰੀਖਿਆ ਦੇ ਨਤੀਜੇ ਦਿਖਾਏ ਗਏ। ਉਹਨਾਂ ਮਾਪਿਆਂ ਨੂੰ ਵਿਦਿਆਰਥੀਆਂ ਦੇ ਵਧੀਆ ਨਤੀਜਿਆਂ ਦੀ ਵਧਾਈ ਦਿੰਦਿਆਂ ਕਿਹਾ ਕਿ ਅਸੀਂ ਆਸ ਕਰਦੇ ਹਾਂ ਕਿ ਸਾਡੇ ਕਾਬਿਲ ਅਧਿਆਪਕਾਂ ਦੀ ਅਣਥੱਕ ਮਿਹਨਤ ਸਦਕਾ ਵਿਦਿਆਰਥੀ ਭਵਿੱਖ ਵਿੱਚ ਆਪਣੇ ਮਾਪਿਆਂ ਅਤੇ ਅਕੈਡਮੀ ਦਾ ਨਾਂਅ ਰੌਸ਼ਨ ਕਰਨਗੇ। ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ ਵਲੋਂ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਵਿਦਿਆਰਥੀਆਂ ਲਈ ਵਿਸ਼ੇਸ਼ ਤੌਰ 'ਤੇ ਇਕ ਹਫਤੇ ਲਈ ਐਕਸਟ੍ਰਾ ਕਲਾਸ ਲਗਾਉਣ ਬਾਰੇ ਵੀ ਮਾਪਿਆਂ ਨੂੰ ਜਾਣਕਾਰੀ ਦਿੱਤੀ । ਇਸ ਲਈ ਵਿਦਿਆਰਥੀਆਂ ਨੂੰ ਕੋਈ ਵੀ ਵੱਖਰੀ ਫੀਸ ਨਹੀਂ ਦੇਣੀ ਪਵੇਗੀ। ਇਸ ਮੌਕੇ 'ਤੇ ਮੈਡਮ ਮਨਦੀਪ ਕੌਰ, ਮੈਡਮ ਨੇਹਾ ਸ਼ਰਮਾ, ਮੈਡਮ ਸੰਦੀਪ ਕੌਰ, ਮੈਡਮ ਸੰਗੀਤਾ ਸ਼ਰਮਾ,ਮੈਡਮ ਰਜਨੀ ਰਾਣੀ, ਮੈਡਮ ਈਸਾ, ਮੈਡਮ ਰਮਨਪ੍ਰੀਤ ਕੌਰ, ਮੈਡਮ ਰਜਨੀ, ਮੈਡਮ ਰਜਿੰਦਰ ਕੌਰ ਮੈਡਮ ਅਮਨ ਸ਼ਾਮਲ ਸਨ।

# ਪੰਜਾਬ ਪੈਨਸ਼ਨਰਜ਼ ਮਹਾਂ ਸੰਘ ਦੇ ਮੈਂਬਰਾਂ ਦੀ ਹੋਈ ਮੀਟਿੰਗ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੇਬੀ)** - ਪੰਜਾਬ ਪੈਨਸ਼ਨਰਜ਼ ਮਹਾਂ ਸੰਘ ਦੇ ਮੈਂਬਰਾਂ ਦੀ ਮੀਟਿੰਗ ਸੰਘ ਦੇ ਪ੍ਰਧਾਨ ਲੈਕਚਰਾਰ ਧਰਮ ਪਾਲ ਸੋਖਲ ਦੀ ਪ੍ਰਧਾਨਗੀ ਹੇਠ ਹੋਈ । ਸਭ ਤੋਂ ਪਹਿਲਾਂ ਮੈਂਬਰਾਂ ਨੇ ਉੜੀਸਾ ਵਿੱਚ ਹੋਏ ਰੇਲ ਹਾਦਸੇ ਦੌਰਾਨ ਮਾਰੇ ਗਏ ਯਾਤਰੀਆਂ ਅਤੇ ਸੰਘ ਦੇ ਮੈਂਬਰ ਰਾਮ ਸਿੰਘ ਹਵਾਰਾ ਦੀ ਮੌਤ 'ਤੇ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ । ਸੰਘ ਦੇ ਜਨਰਲ ਸਕੱਤਰ ਲੈਕਚਰਾਰ ਲਛਮਣ ਸਿੰਘ ਅਤੇ ਸਕੱਤਰ ਪਵਨ ਕੁਮਾਰ ਨੇ ਦੱਸਿਆ ਕਿ ਮੀਟਿੰਗ ਦੌਰਾਨ ਸੰਘ ਵੱਲੋਂ ਇਸ ਮਹੀਨੇ ਦੌਰਾਨ ਜਨਮੇ ਮੈਂਬਰਾਂ ਦਾ ਵਿਸ਼ੇਸ਼ ਸਨਮਾਨ ਕੀਤਾ । ਇਸ ਤੋਂ ਬਾਅਦ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਬਹੁਤਾਤ ਪੈਨਸ਼ਨਰਜ਼ 80 ਤੋਂ 100 ਸਾਲ ਦੇ ਵਿਚਕਾਰ ਆਪਣੀ ਜਿੰਦਗੀ ਬਤੀਤ ਕਰ ਰਹੇ ਹਨ ਜਿਸ 'ਤੇ ਉਨ੍ਹਾਂ ਦੀ ਉਮਰ ਦੇ ਮੱਦੇਨਜ਼ਰ 1 ਜਨਵਰੀ 2016 ਤੋਂ 30 ਜੂਨ 2021 ਤੱਕ ਦਾ ਵਧੀ ਹੋਈ ਪੈਨਸ਼ਨ ਦਾ ਬਕਾਇਆ ਇਕ ਕਿਸ਼ਤ ਵਿੱਚ ਦਿੱਤਾ ਜਾਵੇ । ਇਸ ਤੋਂ ਇਲਾਵਾ ਪੈਨਸ਼ਨ ਦੇ ਬਕਾਏ, 2015 ਤੋਂ ਡੀ ਏ ਦੀਆਂ ਕਿਸ਼ਤਾਂ ਜਾਰੀ ਕੀਤੀਆਂ ਜਾਣ, 1 ਜਨਵਰੀ 2016 ਤੋਂ 30 ਜੂਨ 2021 ਤੱਕ ਵਧੀ ਹੋਈ ਅਣਵਰਤੀ ਛੁੱਟੀ ਦਾ ਬਕਾਇਆ ਦੇਣਾ, ਸੈਨਿਕਾਂ ਦੀ ਤਰਜ ਤੇ ਮੈਡੀਕਲ ਕੈਸ਼ਲੈਸ ਸਕੀਮ ਲਾਗੂ ਕਰਨ ਸਮੇਤ ਹੋਰ ਰਹਿੰਦੀਆਂ ਮੰਗਾਂ ਤੁਰੰਤ ਲਾਗੂ ਕੀਤੀਆਂ ਜਾਣ । ਇਸ ਮੌਕੇ ਮਾਸਟਰ ਰਣਜੀਤ ਹਵਾਰਾ, ਬਾਰਾ ਸਿੰਘ ਕੰਗ, ਹਰਚੰਦ ਸਿੰਘ, ਸੁਰਿੰਦਰਜੀਤ ਵਰਮਾ, ਸੁਰਿੰਦਰ ਸਿੰਘ, ਸਾਬਕਾ ਅਧਿਕਾਰੀ ਭਾਗ ਸਿੰਘ ਮਕੜੌਨਾ, ਡਾ. ਬੁੱਧ ਸਿੰਘ ਅਤੇ ਪ੍ਰਿੰਸੀਪਲ ਪ੍ਰਿੰਸੀਪਲ ਮੋਹਣ ਸਿੰਘ ਆਦਿ ਹਾਜਰ ਸਨ ।

# ਸ਼ਹੀਦੀ ਪੁਰਬ ਨੂੰ ਸਮਰਪਤ ਵਿਸ਼ੇਸ਼ ਗੁਰਮਤਿ ਸਮਾਗਮ 25 ਨੂੰ



**ਟਾਂਡਾ ਉੜਮੁੜ, ( ਜਸਵਿੰਦਰ ਸੰਧੂ ,ਉਂਕਾਰ ਸਿੰਘ )**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਗੁਰਬਾਣੀ ਦੇ ਪ੍ਰਸਾਰ ਅਤੇ ਪ੍ਰਚਾਰ ਲਈ ਯਤਨਸ਼ੀਲ ਸੰਸਥਾ ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੋਸਾਇਟੀ ਟਾਂਡਾ ਉੜਮੁੜ ਦੀ ਇਟਿੰਗ ਸੁਸਾਇਟੀ ਦੇ ਗੁਰਦੁਆਰਾ ਸੰਤ ਪ੍ਰੇਮ ਸਿੰਘ ਨਗਰ ਸਥਿਤ ਦਫਤਰ ਵਿਖੇ ਹੋਈ। ਮੂਲ ਮੰਤਰ ਦੇ ਜਾਪ ਤੇ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਸ਼ੁਰੂ ਹੋਈ ਇਸ ਮੀਟਿੰਗ ਦੌਰਾਨ ਗੁਰਮਤਿ ਦੇ ਪ੍ਰਚਾਰ ਅਤੇ ਪ੍ਰਸਾਰ ਹਿਤ ਵਿਸਥਾਰ ਪੂਰਵਕ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੁਸਾਇਟੀ ਦੇ ਸਮੂਹ ਮੈਂਬਰਾਂ ਵੱਲੋਂ ਸ਼ਹੀਦਾਂ ਦੇ ਸਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਇੱਕ ਵਿਸ਼ੇਸ਼ ਗੁਰਮਤਿ ਸਮਾਗਮ 25 ਜੂਨ ਨੂੰ ਕਰਵਾਉਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਦੌਰਾਨ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਉਹੜਪੁਰ ਵਿਖੇ ਸੁਸਾਇਟੀ ਵੱਲੋਂ ਲਗਾਏ ਜਾਣ ਵਾਲੇ ਗੁਰਮਤਿ ਸਿਖਲਾਈ ਕੈਂਪ ਸਬੰਧੀ ਵਿਚਾਰਾਂ ਕੀਤੀਆਂ ਗਈਆਂ।

ਪ੍ਰਚਾਰ ਸਕੱਤਰ ਗਿਆਨੀ ਕੇਵਲ ਸਿੰਘ, ਪ੍ਰਧਾਨ ਰਵਿੰਦਰ ਸਿੰਘ ਰਵੀ ਅਤੇ ਕੌਂਸਲਰ ਲੱਖਵਿੰਦਰ ਸਿੰਘ ਮੁਲਤਾਨੀ ਨੇ ਕਿਹਾ ਇਸ ਸਮੇਂ ਦੀ ਮੁੱਖ ਲੋੜ ਹੈ ਕਿ ਨੌਜਵਾਨਾਂ ਅਤੇ ਬੱਚਿਆਂ ਨੂੰ ਪਿਆਰ ਤੇ ਸਤਿਕਾਰ ਨਾਲ ਪ੍ਰੇਰਨਾ ਦੇ ਕੇ ਗੁਰਬਾਣੀ ਨਾਲ ਜੋੜਿਆ ਜਾਵੇ ਕਿਉਂਕਿ ਅੱਜ ਦੀ ਨੌਜਵਾਨ ਪੀੜ੍ਹੀ ਪੱਛਮੀ ਸੱਭਿਆਚਾਰ ਦੇ ਪ੍ਰਭਾਵ ਹੇਠ ਆ ਕੇ ਜਿੱਥੇ ਗੁਰਬਾਣੀ ਤੋਂ ਦੂਰ ਹੋ ਰਹੀ ਹੈ ਉੱਥੇ ਹੀ ਨੈਤਿਕ ਕਦਰਾਂ ਕੀਮਤਾਂ ਤੋਂ ਵੀ ਵਾਂਝੇ ਹੋ ਰਹੀ ਹੈ ਜੋ ਕਿ ਆਉਣ ਵਾਲੇ ਸਮੇਂ ਲਈ ਚੰਗੀ ਗੱਲ ਨਹੀਂ ਹੈ। ਮੀਟਿੰਗ ਦੌਰਾਨ ਜਰਨਲ ਸਕੱਤਰ ਕ੍ਰਿਪਾਲ ਸਿੰਘ ਪੰਡੋਰੀ, ਸੈਕਟਰੀ ਭਾਈ ਜਸਵੀਰ ਸਿੰਘ ਦਸ਼ਮੇਸ਼ ਨਗਰ, ਖਜਾਨਚੀ ਪਿਆਰਾ ਸਿੰਘ, ਗੁਰਪ੍ਰੀਤ ਸਿੰਘ, ਗੁਰਸੰਦੀਪ ਸਿੰਘ, ਮੀਡੀਆ ਇੰਚਾਰਜ ਜਥੇਦਾਰ ਪਰਮਜੀਤ ਸਿੰਘ ਖਾਲਸਾ, ਜਸਵੀਰ ਸਿੰਘ ਸੋਨੂੰ ਆਦਿ ਵੀ ਹਾਜ਼ਰ ਸਨ।

# ਆਰ. ਸੇਟੀ ਵਿਖੇ 'ਫਾਸਟ ਫੂਡ ਸਟਾਲ ਉੱਦਮੀ' ਦਾ ਮੁਫ਼ਤ ਕੋਰਸ 17 ਤੋਂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਜ਼ਿਲ੍ਹਾ ਪ੍ਰੀਸ਼ਦ ਕੰਪਲੈਕਸ, ਸਿਵਲ ਲਾਈਨਜ਼, ਹੁਸ਼ਿਆਰਪੁਰ ਵਿਖੇ ਸਥਿਤ ਪੀ.ਐਨ.ਬੀ. ਆਰ. ਸੇਟੀ (ਪੇਂਡੂ ਸਵੈ ਰੋਜ਼ਗਾਰ ਟ੍ਰੇਨਿੰਗ ਸੰਸਥਾ) ਵਲੋਂ 17 ਜੂਨ ਤੋਂ 10 ਦਿਨਾਂ ਦਾ 'ਫਾਸਟ ਫੂਡ ਸਟਾਲ ਉੱਦਮੀ' ਦਾ ਮੁਫ਼ਤ ਕੋਰਸ ਸ਼ੁਰੂ ਕੀਤਾ ਜਾ ਰਿਹਾ ਹੈ। ਸੰਸਥਾ ਦੇ ਡਾਇਰੈਕਟਰ ਰਜਿੰਦਰ ਕੁਮਾਰ ਭਾਟੀਆ ਨੇ ਦੱਸਿਆ ਕਿ ਚਾਹਵਾਨ ਉਮੀਦਵਾਰ ਆਧਾਰ ਕਾਰਡ ਦੀ ਕਾਪੀ, 2 ਪਾਸਪੋਰਟ ਸਾਈਜ਼ ਫੋਟੋਆਂ, ਵਿਦਿਅਕ ਯੋਗਤਾ ਸਰਟੀਫਿਕੇਟਾਂ ਦੀਆਂ ਕਾਪੀਆਂ ਅਤੇ ਐਸ.ਸੀ / ਬੀ.ਪੀ.ਐਲ ਸਰਟੀਫਿਕੇਟ, ਜੇਕਰ ਕੋਈ ਹੋਵੇ ਤਾਂ 17 ਜੂਨ ਨੂੰ ਜਾਂ ਇਸ ਤੋਂ ਪਹਿਲਾਂ ਇੰਸਟੀਚਿਊਟ ਵਿਖੇ ਆ ਕੇ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਹ ਸਿਖਲਾਈ ਬਿਲਕੁਲ ਮੁਫ਼ਤ ਹੈ, ਸਗੋਂ ਇੰਸਟੀਚਿਊਟ ਵਿੱਚ ਬਿਨਾਂ ਕਿਸੇ ਫੀਸ ਦੇ ਦੁਪਹਿਰ ਦਾ ਖਾਣਾ ਅਤੇ ਚਾਹ ਦਿੱਤੀ ਜਾਂਦੀ ਹੈ। ਸਿਖਲਾਈ ਤੋਂ ਬਾਅਦ ਸਿਖਿਆਰਥੀਆਂ ਨੂੰ ਇਕ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ ਅਤੇ ਯੋਗ ਸਿਖਿਆਰਥੀਆਂ ਨੂੰ ਕਰਜ਼ੇ ਦੀ ਸਹੂਲਤ ਮੁਹੱਈਆ ਕਰਵਾਉਣ ਲਈ ਵੀ ਹਰ ਸੰਭਵ ਮਦਦ ਦਿੱਤੀ ਜਾਂਦੀ ਹੈ।

# ਵਿਧਾਇਕ ਰਾਜਾ ਵੱਲੋਂ ਪਿੰਡ ਰਾਵਾ ਦੇ ਵਿਕਾਸ ਕਾਰਜਾਂ ਲਈ ਚੈੱਕ ਭੇਟ




**ਟਾਂਡਾ ਉੜਮੁੜ, (ਜਸਵਿੰਦਰ ਸੰਧੂ ,ਉਂਕਾਰ ਸਿੰਘ )**- ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਿੱਚ ਜਿੱਥੇ ਸਮੁੱਚੇ ਪੰਜਾਬ ਦੇ ਵਿਕਾਸ ਕਾਰਜ ਹੋ ਰਹੇ ਹਨ ਉਥੇ ਹੀ ਹਲਕਾ ਉੜਮੁੜ ਟਾਂਡਾ ਤੇ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਪਿੰਡ ਰਾਵਾ ਦੇ ਵਿਕਾਸ ਕਾਰਜਾਂ ਲਈ 2.65 ਲੱਖ ਰੁਪਏ ਦਾ ਚੈੱਕ ਭੇਟ ਕਰਨ ਸਮੇਂ ਕੀਤਾ। ਰਾਜਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਸੂਝ-ਬੂਝ ਵਾਲੀ ਸਰਕਾਰ ਦੇ ਕਾਰਜਕਾਲ ਦੌਰਾਨ ਪੰਜਾਬ ਦੇ ਲੋਕਾਂ ਨੂੰ ਇਹ ਗੱਲ ਕਦੇ ਵੀ ਸੁਣਨ ਨੂੰ ਨਹੀਂ ਮਿਲੇਗੀ ਕਿ ਪੰਜਾਬ ਦਾ ਖਜਾਨਾ ਖਾਲੀ ਹੈ। ਉਹਨਾਂ ਹੋਰ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਰੋੜਾਂ ਰੁਪਏ ਦੀ ਲਾਗਤ ਨਾਲ ਪੰਜਾਬ ਵਿੱਚ ਵਿਕਾਸ ਕਾਰਜ ਹੋ ਰਹੇ ਹਨ ਜਿਸ ਦੀ ਮਿਸਾਲ ਬੀਤੇ ਕੱਲ੍ਹ ਪਿੰਡ ਕਲਿਆਣਪੁਰ 4 ਕਰੋੜ 22 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਗਏ 66 ਕੇ.ਵੀ ਬਿਜਲੀ ਘਰ ਤੋਂ ਮਿਲਦੀ ਹੈ ਜਿਸ ਦਾ ਉਦਘਾਟਨ ਪੰਜਾਬ ਦੇ ਲੋਕ ਨਿਰਮਾਣ ਤੇ ਬਿਜਲੀ ਮੰਤਰੀ ਹਰਭਜਨ ਸਿੰਘ ਈ. ਟੀ.ਓ ਨੇ ਕੀਤਾ। ਇਸ ਮੌਕੇ ਉਨ੍ਹਾਂ ਪਿੰਡ ਦੇ ਨੁਮਾਇੰਦਿਆਂ ਨੂੰ ਕਿਹਾ ਕਿ ਪਿੰਡਾਂ ਵਿੱਚ ਵਿਕਾਸ ਕਾਰਜ ਪਾਰਟੀਬਾਜੀ ਤੋਂ ਉਪਰ ਉਠ ਕੇ ਕੀਤੇ ਜਾਣੇ ਚਾਹੀਦੇ ਹਨ। ਇਸ ਮੌਕੇ ਸੇਵਾਦਾਰ ਜੋਗਿੰਦਰ ਸਿੰਘ,ਪ੍ਰਧਾਨ ਕੇਸ਼ਵ ਸਿੰਘ ਸੈਣੀ, ਸਾਬਕਾ ਸਰਪੰਚ ਗੁਰਮੀਤ ਸਿੰਘ ਰਲਹਨ , ਨੰਬਰਦਾਰ ਪਰਸ਼ੋਤਮ ਸਿੰਘ, ਰਣਜੀਤ ਸਿੰਘ ਰਾਣਾ, ਐਡਵੋਕੇਟ ਸੰਦੀਪ ਸਿੰਘ, ਦਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਜੀਤਪਾਲ ਸਿੰਘ, ਹਰਮਨ ਜੋਤ ,ਬੂਟਾ ਸਿੰਘ ,ਜਰਨੈਲ ਸਿੰਘ, ਕਮਲ ਬੜੈਚ, ਹਰਪ੍ਰੀਤ ਸਿੰਘ ,ਰੇਸ਼ਮ ਸਿੰਘ ,ਤਰਲੋਚਨ ਸਿੰਘ ,ਮਨਦੀਪ ਸਿੰਘ ਵਰਿੰਦਰ ਸਿੰਘ, ਬਲਵਿੰਦਰ ਸਿੰਘ ਆਦਿ ਵੀ ਹਾਜਰ ਸਨ।

# ਪੁਰਾਣੀ ਪੈਨਸ਼ਨ ਬਹਾਲ ਕਰਨ ਦੀ ਬਜਾਏ ਅਧਿਆਪਕਾਂ ਨੂੰ ਥਾਣੇ ਡੱਕਿਆ : ਡੀ ਟੀ ਐੱਫ

**ਜਲੰਧਰ (ਕੇਸਰ)**-ਚੋਣਾਂ ਮੌਕੇ ਪੁਰਾਣੀ ਪੈਨਸ਼ਨ ਬਹਾਲ ਕਰਨ ਦੀ ਕੀਤੇ ਵਾਅਦੇ ਨੂੰ ਪੂਰਾ ਕਰਨ ਦੀ ਬਜਾਏ ਆਪ ਸਰਕਾਰ ਹੁਣ ਅਧਿਆਪਕਾਂ ਉਪਰ ਤਸ਼ੱਦਦ ਕਰਕੇ ਉਨ੍ਹਾਂ ਨੂੰ ਥਾਣਿਆਂ ਅੰਦਰ ਡੱਕਣ ਦੇ ਰਾਹ ਪੈ ਗਈ ਹੈ। ਉਕਤ ਪ੍ਰਗਟਾਵਾ ਡੈਮੋਕ੍ਰੇਟਿਕ ਟੀਚਰਜ਼ ਫਰੰਟ (ਪੰਜਾਬ) ਜ਼ਿਲ੍ਹਾ ਜਲੰਧਰ ਨੇ ਪ੍ਰੈਸ ਬਿਆਨ ਵਿਚ ਕੀਤਾ। ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕੋਟਲੀ, ਮੀਤ ਪ੍ਰਧਾਨ ਪਵਿੱਤਰ ਸਿੰਘ ਕੈਲੇ, ਸਕੱਤਰ ਅਵਤਾਰ ਲਾਲ, ਜਥੇਬੰਦਕ ਸਕੱਤਰ ਸੁਖਵਿੰਦਰਪ੍ਰੀਤ ਸਿੰਘ, ਵਿੱਤ ਸਕੱਤਰ ਗੁਰਮੁਖ ਸਿੰਘ ਸਿੱਧੂ ਅਤੇ ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਅੱਜ ਮਾਨਸਾ ਵਿਖੇ ਪੰਜਾਬ ਕੈਬਨਿਟ ਦੀ ਮੀਟਿੰਗ ਹੋ ਰਹੀ ਸੀ। ਇਸੇ ਦੌਰਾਨ ਡੀ ਟੀ ਐਫ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਅਤੇ ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਦੇ ਸੂਬਾ ਕੋ-ਕਨਵੀਨਰ ਕਰਮਜੀਤ ਤਾਮਕੋਟ, ਹਰਫੂਲ ਬੋਹਾ, ਗੁਰਦੀਪ ਬਰਨਾਲਾ, ਸਿਕੰਦਰ ਰੜ, ਹਰਜੀਤ ਜੋਗਾ ਅਤੇ ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਦੇ ਜ਼ਿਲ੍ਹਾ ਆਗੂ ਹਰਜੀਤ ਜੋਗਾ ਸਮੇਤ 40 ਆਗੂ ਤੇ ਵਰਕਰ ਸਰਕਾਰ ਨੂੰ ਚੋਣਾਂ ਮੌਕੇ ਕੀਤਾ ਉਕਤ ਵਾਅਦਾ ਪੂਰਾ ਕਰਨ ਲਈ ਯਾਦ ਪੱਤਰ ਦੇਣ ਗਏ ਸਨ। ਇਸ ਮੌਕੇ ਸਰਕਾਰੀ ਇਸ਼ਾਰਿਆਂ 'ਤੇ ਮਾਨਸਾ ਪੁਲਸ ਵੱਲੋਂ ਸਰਕਾਰੀ ਅਤੇ 150 ਬੇਰੁਜ਼ਗਾਰ ਅਧਿਆਪਕਾਂ ਦੀ ਸਰਕਾਰੀ ਨੁਮਾਇੰਦਿਆਂ ਨਾਲ ਗੱਲਬਾਤ ਕਰਵਾਉਣ ਦੀ ਥਾਂ 'ਤੇ ਉਨ੍ਹਾਂ ਨੂੰ ਜ਼ਾਲਮਾਨਾ ਢੰਗ ਨਾਲ ਥਾਣੇ ਅੰਦਰ ਬੰਦ ਕਰ ਦਿੱਤਾ।

ਅਧਿਆਪਕ ਆਗੂਆਂ ਨੇ ਸਰਕਾਰ ਦੀ ਇਸ ਕਾਰਵਾਈ ਦੀ ਸਖਤ ਨਿਖੇਧੀ ਕਰਦਿਆਂ ਅਧਿਆਪਕਾਂ ਨੂੰ ਤੁਰੰਤ ਰਿਹਾਅ ਕਰਨ, ਕੱਚੇ ਅਧਿਆਪਕਾਂ ਨੂੰ ਪੱਕੇ ਕਰਨ, ਪੁਰਾਣੀ ਪੈਨਸ਼ਨ ਬਹਾਲ ਕਰਨ ਅਤੇ ਅਧਿਆਪਕਾਂ ਦੀਆਂ ਹੋਰ ਅਨੇਕਾਂ ਭਖਦੀਆਂ ਨੂੰ ਪੂਰਾ ਕਰਨ ਦੀ ਮੰਗ ਕੀਤੀ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਜਬਰ ਦਾ ਰਾਹ ਤਿਆਗ ਕੇ ਬਹੁਤ ਹੀ ਸੁਹਿਰਦਤਾ ਨਾਲ ਅਧਿਆਪਕਾਂ ਦੀਆਂ ਮੰਗਾਂ ਦਾ ਹੱਲ ਕੱਢ ਕੇ ਅਧਿਆਪਕਾਂ ਵਿਚ ਪਾਈ ਜਾ ਰਹੀ ਬੇਚੈਨੀ ਨੂੰ ਦੂਰ ਕਰਨ ਵੱਲ ਕਦਮ ਚੁੱਕੇ। ਅਜਿਹਾ ਕਰਨ ਨਾਲ ਸੂਬੇ ਅਤੇ ਸਿੱਖਿਆ ਵਿਭਾਗ ਦਾ ਭਲਾ ਹੋ ਸਕਦਾ ਹੈ।

# ਐੱਸ ਜੇ ਐੱਸ ਇਨੋਵੇਟਿਵ ਸਕੂਲ 'ਚ ਸਿਖਲਾਈ ਸੈਮੀਨਾਰ



**ਅੱਡਾ ਸਰਾਂ (ਕਾਜਲ)**- ਐੱਸ ਜੇ ਐੱਸ ਇਨੋਵੇਟਿਵ ਸਕੂਲ ਅੱਡਾ ਸਰਾਂ ਵਿਖੇ ਚੇਅਰਪਰਸਨ ਗੁਰਬਖਸ਼ ਕੌਰ ਧਾਲੀਵਾਲ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਅਧਿਆਪਕਾਂ ਦੀ ਸਿਖਲਾਈ ਲਈ ਇਕ ਸੈਮੀਨਾਰ ਕਰਵਾਇਆ ਗਿਆ । ਮੈਨੇਜਿੰਗ ਡਾਇਰੈਕਟਰ ਹਰਚਰਨ ਸਿੰਘ ਧਾਲੀਵਾਲ ਅਤੇ ਪ੍ਰਿੰਸੀਪਲ ਹਰਪ੍ਰੀਤ ਕੌਰ ਦੀ ਦੇਖ ਰੇਖ ਵਿਚ ਮਿਸ਼ਨ "ਆਧੁਨਿਕ ਵਿੱਦਿਆ ਅਤੇ ਅਧਿਆਪਕ ਨਿਪੁੰਨਤਾ" ਵਿਸ਼ੇ 'ਤੇ ਕਰਵਾਏ ਗਏ ਇਸ ਸੈਮੀਨਾਰ ਵਿਚ ਸਿੱਖਿਆ ਸ਼ਾਸਤਰੀ ਰਜਨੀ ਸ਼ਰਮਾ ਪ੍ਰਿੰਸੀਪਲ ਮਾਨਵ ਸਹਿਯੋਗ ਸਕੂਲ ਜਲੰਧਰ ਉਚੇਚੇ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਆਖਿਆ ਕਿ ਦੇਸ਼ ਦੀ ਤਰੱਕੀ ਵਿੱਚ ਅਧਿਆਪਕਾਂ ਦਾ ਅਹਿਮ ਯੋਗਦਾਨ ਹੈ। ਉਨ੍ਹਾ ਅਧਿਆਪਕਾਂ ਨੂੰ ਪੜ੍ਹਾਈ ਅਤੇ ਨੈਤਿਕ ਕਦਰਾਂ ਕੀਮਤਾਂ ਨਾਲ ਬੱਚੇ ਦਾ ਸਰਬਪੱਖੀ ਵਿਕਾਸ ਕਰਨ ਲਈ ਪ੍ਰੇਰਿਆ। ਉਨ੍ਹਾ ਦੁਨੀਆ ਭਰ ਦੇ ਵਿਕਾਸਸ਼ੀਲ ਦੇਸ਼ਾਂ ਦੀਆਂ ਸਿੱਖਿਆ ਨੀਤੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਅਧਿਆਪਕਾਂ ਨੂੰ ਬੱਚਿਆਂ ਨਾਲ ਸੰਜੀਦਗੀ ਭਰੇ ਮਾਹੌਲ ਵਿੱਚ ਵਿਚਰਨ ਲਈ ਆਖਿਆ। ਸੈਮੀਨਾਰ ਉਪਰੰਤ ਸੰਸਥਾ ਦੇ ਪ੍ਰਬੰਧਕਾਂ ਵੱਲੋਂ ਪ੍ਰਿੰਸੀਪਲ ਰਜਨੀ ਸ਼ਰਮਾ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਹਰਜਿੰਦਰ ਸਿੰਘ ਸਿੱਧੂ, ਅਰਵਿੰਦਰ ਸਿੰਘ ਧਾਲੀਵਾਲ, ਵਰਿੰਦਰ ਕੌਰ, ਰਾਜਵਿੰਦਰ ਕੌਰ, ਹਰਮਿੰਦਰ ਕੌਰ, ਰੇਨੂੰ ਬੱਗਾ, ਮਨਜੀਤ ਕੌਰ, ਪਰਵਿੰਦਰ ਕੌਰ ਆਦਿ ਸਟਾਫ ਹਾਜ਼ਰ ਸਨ।

12-June-PAGE-9.qxd 6/11/2023 9:20 PM Page 1



# ਵਿਦੇਸ਼ਾਂ 'ਚ ਔਰਤਾਂ ਦੇ ਸ਼ੋਸ਼ਣ ਨੂੰ ਰੋਕਣ ਲਈ ਜਲਦ ਲਾਗੂ ਹੋਵੇਗੀ ਨੀਤੀ : ਡਾ. ਬਲਜੀਤ ਕੌਰ



**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਪੰਜਾਬ ਸਰਕਾਰ ਵੱਲੋਂ ਵਿਦੇਸ਼ਾਂ ਵਿਚ ਬਿਹਤਰ ਜ਼ਿੰਦਗੀ ਦੀ ਦੌੜ ਵਿਚ ਸ਼ੁਰੂ ਵੀਆਂ ਔਰਤਾਂ ਦੇ ਸ਼ੋਸ਼ਣ ਨੂੰ ਰੋਕਣ ਸੰਬੰਧੀ ਨੀਤੀ ਨਿਰਮਾਣ ਵਾਸਤੇ ਅੱਜ ਆਪਣੀ ਤਰ੍ਹਾਂ ਦੀ ਪਹਿਲੀ ਵਿਚਾਰ ਚਰਚਾ ਸਮਾਜਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀ ਮੰਤਰੀ ਡਾ. ਬਲਜੀਤ ਕੌਰ ਦੀ ਅਗਵਾਈ ਹੇਠ ਜਲੰਧਰ ਵਿਖੇ ਹੋਈ। ਜਲੰਧਰ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ ਵਿਚਾਰ ਚਰਚਾ ਦੌਰਾਨ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ, ਵਿਧਾਇਕਾ ਇੰਦਰਜੀਤ ਕੌਰ ਮਾਨ, ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ, ਪੰਜਾਬ ਕੰਟੇਨਰ ਤੇ ਵੇਅਰ ਹਾਊਸਿੰਗ ਕਾਰਪੋਰੇਸ਼ਨ ਦੇ ਚੇਅਰਪਰਸਨ ਰਾਜਵਿੰਦਰ ਕੌਰ ਥਿਆੜਾ ਤੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚੋਂ ਵੱਡੀ ਗਿਣਤੀ ਵਿੱਚ ਔਰਤਾਂ ਨੇ ਸ਼ਿਰਕਤ ਕਰਕੇ ਉਨ੍ਹਾਂ ਨਾਲ ਹੋਏ ਦੁਖਾਂਤ ਬਾਰੇ ਕੈਬਨਿਟ ਮੰਤਰੀ ਨੂੰ ਜਾਣੂੰ ਕਰਵਾਇਆ। ਕੈਬਨਿਟ ਮੰਤਰੀ ਨੇ ਉਨ੍ਹਾਂ ਦਾ ਦੁੱਖ ਵੰਡਾਇਆ ਤੇ ਯਕੀਨ ਦਿਵਾਇਆ ਕਿ ਭਵਿੱਖ ਵਿਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਯਤਨਸ਼ੀਲ ਹੈ। ਵਿਚਾਰ ਚਰਚਾ ਦੌਰਾਨ ਕੁਝ ਔਰਤਾਂ ਵੱਲੋਂ ਦੱਸਿਆ ਗਿਆ ਕਿ ਏਜੰਟਾਂ ਵੱਲੋਂ ਉਨ੍ਹਾਂ ਨੂੰ ਨੌਕਰੀ ਦਾ ਝਾਂਸਾ ਦੇ ਕੇ ਖੁਸ਼ਹਾਲ ਜ਼ਿੰਦਗੀ ਦੇ ਸੁਪਨਾ ਦਿਖਾਇਆ ਤੇ ਬਾਹਰਲੇ ਦੇਸ਼ ਵਿਚ ਭੇਜ ਦਿੱਤਾ ਗਿਆ ਜਿਥੇ ਉਨ੍ਹਾਂ ਨੂੰ ਕਈ ਤਰ੍ਹਾਂ ਦੇ ਸ਼ੋਸ਼ਣ ਦਾ ਸ਼ਿਕਾਰ ਹੋਣਾ ਪਿਆ। ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਦੀਆਂ ਔਰਤਾਂ ਨਾਲ ਹੋ ਰਹੀਆਂ ਅਜਿਹੀਆਂ ਮੰਦਭਾਗੀ ਸ਼ੋਸ਼ਣ ਵਾਲੀਆਂ ਘਟਨਾਵਾਂ ਅਤੇ ਮਾੜੇ ਵਤੀਰੇ ਨੂੰ ਸੂਬਾ ਸਰਕਾਰ ਵੱਲੋਂ ਕਿਸੇ ਵੀ ਕੀਮਤ 'ਤੇ ਸਹਿਣ ਨਹੀਂ ਕੀਤਾ ਜਾਵੇਗਾ ਅਤੇ ਇਸ ਨੂੰ ਰੋਕਣ ਲਈ ਸਖਤ ਕਾਨੂੰਨੀ ਤਰਮੀਮਾਂ ਵੀ ਕੀਤੀਆਂ ਜਾਣਗੀਆਂ। ਉਨ੍ਹਾ ਕਿਹਾ ਕਿ ਵਿਚਾਰ ਵਟਾਂਦਰੇ ਦੌਰਾਨ ਸਭ ਤੋਂ ਵੱਡੀ ਸਮੱਸਿਆ ਏਜੰਟਾਂ ਰਾਹੀਂ ਕੀਤੀ ਜਾਂਦੀ ਧੋਖਾਧੜੀ ਦੀ ਸਾਹਮਣੇ ਆਈ ਹੈ, ਜਿਸ ਨੂੰ ਪੰਜਾਬ ਸਰਕਾਰ ਵੱਲੋਂ ਅਣਅਧਿਕਾਰਤ ਏਜੰਟਾਂ ਨੂੰ ਨੱਥ ਪਾ ਕੇ ਦੂਰ ਕੀਤਾ ਜਾਵੇਗਾ। ਉਨ੍ਹਾਂ ਔਰਤਾਂ ਦੇ ਸਸ਼ਕਤੀਕਰਨ ਦੀ ਗੱਲ 'ਤੇ ਖ਼ਾਸ ਜ਼ੋਰ ਦਿੰਦਿਆਂ ਕਿਹਾ ਕਿ ਪੰਜਾਬ ਅੰਦਰ ਚਲ ਰਹੇ 'ਸਖੀ ਵਨ ਸਟਾਪ ਸੈਂਟਰ' ਸਕੀਮ ਰਾਹੀਂ ਔਰਤਾਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਉਣ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਜਿਹੜੇ ਜ਼ਿਲ੍ਹਿਆਂ ਵਿਚ ਸਖੀ ਵਨ ਸਟਾਪ ਸੈਂਟਰ ਖੁੱਲ੍ਹ ਚੁੱਕੇ ਹਨ ਉੱਥੇ ਸ਼ੋਸ਼ਣ ਜਾਂ ਹਿੰਸਾ ਪੀੜਤ ਔਰਤਾਂ ਸਖੀ ਵਨ ਸਟਾਪ ਸੈਂਟਰ ਨਾਲ ਸੰਪਰਕ ਕਰਕੇ ਤੁਰੰਤ ਮੁਫ਼ਤ ਸਹਾਇਤਾ ਲੈ ਸਕਦੀਆਂ ਹਨ। ਇਸ ਮੌਕੇ ਕੈਬਨਿਟ ਮੰਤਰੀ ਬਲਕਾਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਲੰਧਰ ਵਿਖੇ ਪਹਿਲੇ ਵਰਕਿੰਗ ਵਿਮਨ ਹੋਸਟਲ ਦੀ ਉਸਾਰੀ ਤੇ ਨੀਤੀ ਨਿਰਮਾਣ ਲਈ ਖੁੱਲ੍ਹੀ ਵਿਚਾਰ ਚਰਚਾ ਬਹੁਤ ਸਾਰਥਕ ਕਦਮ ਹੈ। ਇਸ ਮੌਕੇ ਸਮਾਜਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਵਿਸ਼ੇਸ਼ ਸਕੱਤਰ ਵਿੰਮੀ ਭੁੱਲਰ, ਪੁਲਸ ਤੇ ਸਿਵਲ ਦੇ ਅਧਿਕਾਰੀ, ਗੈਰ ਸਰਕਾਰੀ ਸੰਗਠਨਾਂ ਦੇ ਨੁਮਾਇੰਦੇ, ਵਿਸ਼ਾ ਮਾਹਰ ਤੇ ਹੋਰ ਹਾਜ਼ਰ ਸਨ।

# ਪੱਗ ਉਤਾਰਨ ਤੇ ਦੁਰਵਿਹਾਰ ਕਰਨ 'ਤੇ ਡੀ ਜੀ ਐੱਮ ਖਿਲਾਫ ਮਾਮਲਾ ਦਰਜ



**ਕਰਤਾਰਪੁਰ (ਹਰਜੀਤ ਦੱਤ )**-ਹਮੀਰਾ ਫੈਕਟਰੀ ਦੇ ਫੈਕਟਰੀ ਯੂਨੀਅਨ ਦੇ ਪ੍ਰਧਾਨ ਜਗਜੀਤ ਸਿੰਘ ਵਾਲੀਆ ਦੀ ਮਿੱਲ ਦੇ ਡੀ.ਜੀ.ਐੱਮ ਅਨਿਲ ਰਾਜਪੂਤ ਨਾਲ ਹੋਈ ਬਹਿਸ ਤੋਂ ਬਾਅਦ ਮਹੌਲ ਤਣਾਅਪੂਰਨ ਹੋ ਗਿਆ। ਜਗਜੀਤ ਸਿੰਘ ਵਾਲੀਆ ਨੇ ਅਨਿਲ ਰਾਜਪੂਤ 'ਤੇ ਦੋਸ਼ ਲਾਉਂਦਿਆਂ ਦੱਸਿਆ ਕਿ ਇਸ ਨੇ ਮੇਰੀ ਪੱਗ ਉਤਾਰੀ ਹੈ ਤੇ ਮੇਰੇ ਨਾਲ ਦੁਰਵਿਹਾਰ ਕੀਤਾ ਹੈ। ਇਸ ਦੌਰਾਨ ਥਾਣਾ ਮੁਖੀ ਸੁਭਾਨਪੁਰ ਹਰਦੀਪ ਸਿੰਘ ਮਾਨ ਪੁਲਸ ਪਾਰਟੀ ਸਣੇ ਘਟਨਾ ਸਥਾਨ 'ਤੇ ਪੁੱਜੇ ਤੇ ਤਫ਼ਤੀਸ਼ ਤੋਂ ਬਾਅਦ ਉਕਤ ਫੈਕਟਰੀ ਦੇ ਡੀ ਜੀ ਐੱਮ ਅਨਿਲ ਰਾਜਪੂਤ ਤੇ ਸਾਥੀਆਂ ਖਿਲਾਫ ਮਾਮਲਾ ਦਰਜ ਕੀਤਾ। ਥਾਣਾ ਮੁਖੀ ਹਰਦੀਪ ਸਿੰਘ ਨੇ ਦੱਸਿਆ ਕਿ ਜਗਜੀਤ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਪਿੰਡ ਹਮੀਰਾ ਥਾਣਾ ਸੁਭਾਨਪੁਰ ਨੇ ਸ਼ਿਕਾਇਤ ਦਰਜ ਕਰਵਾਈ ਕਿ ਸਵੇਰੇ 10.30 ਵਜੇ ਮੈਂ ਆਪਣੀ ਜਗਤਜੀਤ ਇੰਡਸਟਰੀ ਹਮੀਰਾ ਦੇ ਜੀ.ਐੱਮ. ਅਨਿਲ ਰਾਜਪੂਤ ਅੱਗੇ ਇਹ ਬੇਨਤੀ ਕੀਤੀ ਕਿ ਮੇਰੇ ਪਿਤਾ ਹਰਭਜਨ ਸਿੰਘ ਬਜ਼ੁਰਗ ਸਥਿਤੀ ਵਿੱਚ ਹਨ ਅਤੇ ਅਕਸਰ ਹੀ ਬਿਮਾਰ ਰਹਿੰਦੇ ਹਨ ਅਤੇ ਮੇਰਾ ਛੋਟਾ ਭਰਾ ਦਲਜੀਤ ਸਿੰਘ ਜੋ ਆਪਣੀ ਸ਼ਿਫਟ ਵਿੱਚ ਸਵੇਰੇ 8.30 ਤੋਂ ਸ਼ਾਮ 5 ਵਜੇ ਤੱਕ ਡਿਊਟੀ ਕਰਦਾ ਹੈ, ਉਸ ਦੀ ਸ਼ਿਫਟ ਬਦਲੀ ਜਾਵੇ ਤਾਂ ਜੋ ਆਪਣੀ ਡਿਊਟੀ ਦੇ ਨਾਲ ਆਪਣੇ ਪਿਤਾ ਦੀ ਦੇਖਭਾਲ ਵੀ ਕਰ ਸਕੇ ਤਾਂ ਜੀ.ਐੱਮ. ਅਨਿਲ ਰਾਜਪੂਤ ਨੇ ਮੈਨੂੰ ਬਹੁਤ ਹੀ ਗੁੱਸੇ 'ਚ ਬੋਲ ਕੇ ਗਾਲ੍ਹ ਕੱਢੀ। ਜਦੋਂ ਮੈਂ ਉਸ ਵੱਲੋਂ ਕੱਢੀ ਗਾਲ੍ਹ ਦਾ ਵਿਰੋਧ ਕੀਤਾ ਤਾਂ ਅਨਿਲ ਰਾਜਪੂਤ ਨੇ ਕੁਰਸੀ ਤੋਂ ਉੱਠ ਕੇ ਪਹਿਲਾਂ ਮੈਨੂੰ ਧੱਕਾ ਮਾਰਿਆ ਅਤੇ ਨਾਲ ਹੀ ਮੇਰੇ ਮੂੰਹ 'ਤੇ ਚਪੇੜ ਮਾਰੀ। ਜਿਸ ਨਾਲ ਮੇਰੀ ਪੱਗ ਜ਼ਮੀਨ 'ਤੇ ਡਿੱਗ ਪਈ ਅਤੇ ਆਰ.ਪੀ.ਸੈਣੀ, ਸਕਿਊਰਟੀ ਅਫਸਰ ਜਗਤਜੀਤ ਇੰਡਸਟਰੀ ਨੂੰ ਕਿਹਾ ਕਿ ਮੇਰੀ ਪੱਗ ਅਤੇ ਸੰਦੀਪ ਕੁਮਾਰ ਦਾ ਮੋਬਾਇਲ ਫੋਨ ਵਾਪਸ ਕਰ ਦੇਵੋ, ਅਸੀਂ ਵਾਪਸ ਜਾਣਾ ਹੈ ਤਾਂ ਇਨ੍ਹਾਂ ਦੋਹਾਂ ਨੇ ਕਿਹਾ ਕਿ ਜੋ ਕਰਨਾ ਹੈ ਕਰ ਲਵੋ ਅਸੀਂ ਨਾ ਤੇ ਫੋਨ ਦੇਣਾ ਤੇ ਨਾ ਹੀ ਪੱਗ ਵਾਪਸ ਕਰਨੀ ਹੈ। ਪੁਲਸ ਨੇ ਸ਼ਿਕਾਇਤ ਦੇ ਅਧਾਰ 'ਤੇ ਉਕਤ ਫੈਕਟਰੀ ਦੇ ਜੀ.ਐੱਮ ਅਨਿਲ ਰਾਜਪੂਤ, ਸਿਕਉਰਿਟੀ ਅਫਸਰ ਆਰ.ਪੀ.ਸੈਣੀ ਤੇ ਦੋ ਤਿੰਨ ਨਾਮਲੂਮ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਉਧਰ ਜਦ ਇਸ ਮਾਮਲੇ 'ਚ ਜੀ.ਐੱਮ ਅਨਿਲ ਰਾਜਪੂਤ ਨਾਲ ਗੱਲਬਾਤ ਕੀਤੀ ਤਾਂ ਉਨ੍ਹਾ ਦੱਸਿਆ ਕਿ ਇਹ ਲੱਗੇ ਦੋਸ਼ ਬੇ-ਬੁਨਿਆਦ ਹਨ ਤੇ ਉਨ੍ਹਾ ਵੱਲੋਂ ਇਸ ਮਾਮਲੇ 'ਚ ਇੱਕ ਸ਼ਿਕਾਇਤ ਡੀ.ਜੀ.ਪੀ ਪੰਜਾਬ ਨੂੰ ਭੇਜ ਦਿੱਤੀ ਹੈ।

# ਪੰਜਾਬ ਸਰਕਾਰ ਐੱਸ ਜੀ ਪੀ ਸੀ ਚੋਣਾਂ ਦਾ ਐਲਾਨ ਤੁਰੰਤ ਕਰੇ : ਸਿੰਗੜੀਵਾਲਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ 2011 ਵਿਚ ਹੋਈਆਂ ਸਨ, ਉਸ ਦੀ ਮਿਆਦ 2016 ਵਿਚ ਖਤਮ ਹੋ ਚੁੱਕੀ ਹੈ ਪਰ ਅਕਾਲੀ ਦਲ ਬਾਦਲ ਨੇ ਕੇਂਦਰੀ ਹਕੂਮਤ ਨਾਲ ਮਿਲ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ 'ਤੇ ਕਾਬਜ਼ ਹੋ ਕੇ ਗੁਰੂ ਘਰਾਂ ਦੇ ਪ੍ਰਬੰਧ 'ਤੇ ਕਬਜ਼ਾ ਕੀਤਾ ਹੋਇਆ ਹੈ, ਜਿਸ ਦਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਲਗਾਤਾਰ ਵਿਰੋਧ ਕਰਦੇ ਹੋਏ ਪੰਜਾਬ ਸਰਕਾਰ ਤੋਂ ਚੋਣਾਂ ਤੁਰੰਤ ਕਰਵਾਉਣ ਦੀ ਮੰਗ ਕਰਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪ੍ਰੈਸ ਨੋਟ ਰਾਹੀਂ ਕੀਤਾ। ਉਨ੍ਹਾਂ ਕਿਹਾ ਕਿ ਜਦੋਂ ਹੁਣ ਚੀਫ ਕਮਿਸ਼ਨਰ ਗੁਰਦੁਆਰਾ ਚੋਣਾਂ ਜਸਟਿਸ ਐਸ ਐਸ ਸਾਰੋਂ ਵੱਲੋਂ ਪੰਜਾਬ ਸਰਕਾਰ, ਮੁੱਖ ਸਕੱਤਰ ਅਤੇ ਪੰਜਾਬ ਦੇ ਡਿਪਟੀ ਕਮਿਸ਼ਨਰ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਸ਼ਰਤਾਂ ਪੂਰੀਆਂ ਕਰਨ ਵਾਲੇ ਸਿੱਖਾਂ ਦੀਆਂ ਵੋਟਾਂ ਬਣਾਉਣ ਅਤੇ ਨਵੀਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਦੇ ਹੁਕਮ ਹੋ ਚੁੱਕੇ ਹਨ ਤਾਂ ਪੰਜਾਬ ਸਰਕਾਰ ਸਿੱਖ ਕੌਮ ਦੀ ਜਮਹੂਰੀਅਤ ਨੂੰ ਬਹਾਲ ਕਰਨ ਲਈ ਚੋਣਾਂ ਕਰਵਾਉਣ ਲਈ ਤੁਰੰਤ ਤਰੀਕ ਦਾ ਐਲਾਨ ਕਰੇ ਤੇ ਇਸ ਚੋਣ ਪ੍ਰਕਿਰਿਆ ਨੂੰ ਸਹੀ ਸਮੇਂ ਮੁਕੰਮਲ ਕਰਨ ਲਈ ਆਪਣੀਆਂ ਬਣਦੀਆਂ ਜ਼ਿੰਮੇਵਾਰੀਆਂ ਪੂਰੀਆਂ ਕਰੇ ਤਾਂ ਜੋ ਚੋਣਾਂ ਤੁਰੰਤ ਹੋ ਸਕਣ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਕਰਵਾਉਣ ਅਤੇ ਜਮਹੂਰੀਅਤ ਬਹਾਲ ਕਰਨ ਲਈ ਸਾਡੀ ਪਾਰਟੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਸਿਮਰਨਜੀਤ ਸਿੰਘ ਮਾਨ ਮੈਂਬਰ ਪਾਰਲੀਮੈਂਟ ਦੀ ਅਗਵਾਈ ਹੇਠ ਲਗਾਤਾਰ ਸੰਘਰਸ਼ ਕਰ ਰਹੀ ਹੈ। ਉਨ੍ਹਾ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਚੋਣਾਂ ਤੁਰੰਤ ਕਰਵਾਉਣ ਦਾ ਐਲਾਨ ਨਾ ਕੀਤਾ ਤਾਂ ਜ਼ੋਰਦਾਰ ਸੰਘਰਸ਼ ਕੀਤਾ ਜਾਵੇਗਾ ਅਤੇ ਸਰਕਾਰ ਨੂੰ ਚੋਣਾਂ ਕਰਵਾਉਣ ਲਈ ਮਜਬੂਰ ਕੀਤਾ ਜਾਵੇਗਾ।

## ਮੋਟਰਸਾਇਕਲ ਤੇ ਐਕਟਿਵਾ ਚੋਰ ਗ੍ਰਿਫਤਾਰ

**ਜਲੰਧਰ (ਇਕਬਾਲ ਸਿੰਘ ਉਭੀ)**-ਸਥਾਨਕ ਥਾਣਾ ਰਾਮਾਮੰਡੀ ਜਲੰਧਰ ਦੇ ਮੁਖੀ ਨਵਦੀਪ ਸਿੰਘ ਦੀ ਅਗਵਾਈ ਹੇਠ ਐਸਆਈ ਜਸਬੀਰ ਸਿੰਘ ਵੱਲੋਂ ਮੁੱਖਬਰ ਖਾਸ ਦੀ ਇਤਲਾਹ 'ਤੇ ਮੋਟਰਸਾਇਕਲ, ਐਕਟਿਵਾ ਚੋਰੀ ਕਰਨ ਵਾਲੇ ਗੁਰਦੀਪ ਕੁਮਾਰ ਪੁੱਤਰ ਹਰਬੰਸ ਲਾਲ ਵਾਸੀ ਜੌਹਲਾਂ ਜਲੰਧਰ, ਗੁਰਜਿੰਦਰ ਸਿੰਘ ਉਰਫ ਰੂਬੀ ਪੁੱਤਰ ਗੋਪਾਲ ਕ੍ਰਿਸ਼ਨ ਵਾਸੀ ਪਿੰਡ ਢਿੱਲਵਾਂ ਜਲੰਧਰ ਅਤੇ ਹਰਦੀਪ ਪੁੱਤਰ ਸਤਪਾਲ ਵਾਸੀ ਪਿੰਡ ਪਤਾਰਾ ਜਲੰਧਰ ਨੂੰ ਚੁਗਿੱਟੀ ਚੌਂਕ ਤੋਂ ਚੋਰੀ ਦੇ ਮੋਟਰਸਾਇਕਲ ਸਮੇਤ ਕਾਬੂ ਕੀਤਾ। ਜਿਨ੍ਹਾਂ ਕੋਲੋਂ ਚੋਰੀ ਸ਼ੁਦਾ 7 ਮੋਟਰਸਾਇਕਲ ਅਤੇ 2 ਐਕਟਿਵਾ ਬਰਾਮਦ ਕੀਤੇ ਗਏ ਹਨ। ਥਾਣਾ ਰਾਮਾਮੰਡੀ ਜਲੰਧਰ ਮਾਮਲਾ ਦਰਜ ਕੀਤਾ ਗਿਆ ਹੈ।

## ਚੜੂਨੀ ਤੇ ਸਾਥੀਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ : ਲਾਚੋਵਾਲ

**ਹੁਸ਼ਿਆਰਪੁਰ ( ਓ ਪੀ ਰਾਣਾ )** ਕਿਸਾਨੀ ਸੰਘਰਸ਼ ਦੌਰਾਨ ਵੱਡਾ ਰੋਲ ਅਦਾ ਕਰਨ ਵਾਲੇ ਕਿਸਾਨ ਆਗੂ ਗੁਰਨਾਮ ਸਿੰਘ ਚੜੂਨੀ ਅਤੇ ਸਾਥੀਆਂ ਦੀ ਹਰਿਆਣਾ ਸਰਕਾਰ ਵੱਲੋਂ ਫਸਲਾਂ ਦੇ ਐਮਐਸਪੀ ਦੀ ਗਾਰੰਟੀ ਲਈ ਚੱਲ ਰਹੇ ਸੰਘਰਸ਼ ਦੌਰਾਨ ਗ੍ਰਿਫਤਾਰੀ ਦੀ ਸਖਤ ਨਿੰਦਿਆ ਕਰਦੇ ਹੋਏ ਆਜਾਦ ਕਿਸਾਨ ਸੰਘਰਸ ਕਮੇਟੀ ਲਾਚੋਵਾਲ ਦੇ ਪ੍ਰਧਾਨ ਪ੍ਰਮਿੰਦਰ ਸਿੰਘ ਲਾਚੋਵਾਲ ਨੇ ਤੁਰੰਤ ਰਿਹਾਈ ਦੀ ਮੰਗ ਕੀਤੀ। ਉਨਾਂ ਨੇ ਇਸ ਸਮੇਂ ਕਿਹਾ ਕਿ ਕੇਂਦਰ ਸਰਕਾਰ ਨੇ ਤਿੰਨ ਖੇਤੀ ਕਾਲੇ ਕਾਨੂੰਨ ਵਾਪਸ ਲੈਣ ਸਮੇਂ ਫਸਲਾਂ ਤੇ ਐਮਐਸਪੀ ਦੀ ਗਾਰੰਟੀ ਤੇ ਕਿਸਾਨਾਂ ਤੇ ਹੋਏ ਦਰਜ ਕੇਸਾਂ ਨੂੰ ਵਾਪਸ ਲੈਣ ਸਮੇਤ ਹੋਰ ਮੰਗਾਂ ਪ੍ਰਵਾਨ ਕੀਤੀਆਂ ਸਨ ਪਰ ਸਰਕਾਰ ਆਪਣੇ ਵਾਅਦੇ ਤੋਂ ਭੱਜ ਚੁੱਕੀ ਹੈ ਜਿਸ ਦੇ ਵਿਰੋਧ ਵਿਚ ਕਿਸਾਨ ਆਪਣਾ ਪ੍ਰਦਰਸ਼ਨ ਕਰ ਰਹੇ ਸਨ, ਉਨ੍ਹਾਂ ਨੇ ਕਿਹਾ ਕਿ ਸੰਯੁਕਤ ਤੌਰ 'ਤੇ ਕਿਸਾਨ ਆਗੂ ਗੁਰਨਾਮ ਸਿੰਘ ਚੜੂਨੀ ਅਤੇ ਸਾਥੀਆਂ ਦੀ ਰਿਹਾਈ ਲਈ ਕਿਸੇ ਵੀ ਸੰਘਰਸ਼ ਤੋਂ ਪਿੱਛੇ ਨਹੀਂ ਹਟਿਆ ਜਾਵੇਗਾ ਅਤੇ ਹਰਿਆਣਾ ਸਰਕਾਰ ਦੀ ਕਿਸਾਨਾਂ ਉੱਤੇ ਇਸ ਜਾਲਮਾਨਾ ਕਾਰਵਾਈ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ ਤੇ ਕਿਸਾਨਾਂ ਦੀ ਰਿਹਾਈ ਕਰਵਾਈ ਜਾਵੇਗੀ।

## ਪੁਲਸ ਤੇ ਅਣਪਛਾਤੇ ਹੋਏ ਆਹਮੋ-ਸਾਹਮਣੇ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਪਵਿੱਤਰ ਸ਼ਹਿਰ ਸੁਲਤਾਨਪੁਰ ਲੋਧੀ ਵਿਖੇ ਉਸ ਸਮੇਂ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ ਜਦੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਰੋਡ 'ਤੇ ਸਿਵਲ ਹਸਪਤਾਲ ਦੇ ਬਾਹਰ ਪੁਲਿਸ ਅਤੇ ਕੁਝ ਅਣਪਛਾਤੇ ਵਿਅਕਤੀ ਆਹਮੋ-ਸਾਹਮਣੇ ਹੁੰਦੇ ਦੇਖੇ ਗਏ। ਇਸ ਦੌਰਾਨ ਪੁਲਸ ਵੱਲੋਂ ਨਸ਼ਾ ਤਸਕਰ ਦੀ ਗੱਡੀ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ ਪਰ ਉਹ ਮੌਕੇ ਤੋਂ ਫਰਾਰ ਹੋਣ ਵਿੱਚ ਕਾਮਯਾਬ ਹੋ ਜਾਂਦਾ ਹੈ। ਜਿਸ ਦੀ ਇੱਕ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ। ਮਿਲੀ ਜਾਣਕਾਰੀ ਅਨੁਸਾਰ ਉੱਥੇ ਮੌਜੂਦ ਲੋਕ ਇਸ ਦੀ ਵੀਡੀਓ ਬਣਾਉਣ ਦੀ ਕੋਸ਼ਿਸ਼ ਕਰਦੇ ਹਨ, ਜਦੋਂ ਕਿ ਇਸ ਮਾਮਲੇ ਸਬੰਧੀ ਇੱਕ ਸੀਸੀਟੀਵੀ ਫੁਟੇਜ ਵੀ ਕਾਫੀ ਵਾਇਰਲ ਹੋ ਰਹੀ ਹੈ। ਜਦੋਂ ਪੁਲਿਸ ਨਾਲ ਇਸ ਸਬੰਧੀ ਗੱਲ ਕੀਤੀ ਜਾਂਦੀ ਹੈ ਤਾਂ ਪੁਲਸ ਵੱਲੋਂ ਕੋਈ ਵੀ ਗੱਲ ਨਹੀਂ ਦੱਸੀ ਜਾ ਰਹੀ ਸਿਰਫ ਇਹਨਾਂ ਹੀ ਕਹਿਣਾ ਹੈ ਕਥਿਤ ਤੌਰ 'ਤੇ ਕਿ ਹੋ ਸਕਦਾ ਕਿ ਇਹ ਨਸ਼ਾ ਤਸਕਰ ਹਨ, ਉਨ੍ਹਾਂ ਨੂੰ ਫੜਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜਲਦ ਫੜ ਲਏ ਜਾਣਗੇ ਖਬਰ ਲਿਖਣ ਤੱਕ ਕੋਈ ਵੀ ਗ੍ਰਿਫਤਾਰੀ ਨਹੀਂ ਹੋਈ ਹੋਰ ਵੇਰਵਿਆਂ ਦੀ ਉਡੀਕ ਹੈ।

## ਮਾਈਨਿੰਗ ਕਾਰਨ ਕਈ ਪਿੰਡਾਂ 'ਚ ਟਿਊਬਵੈੱਲ ਹੋਏ ਖੁਸ਼ਕ

**ਰੋਪੜ ( ਬਿੰਦਰਾ)** ਸਤਲੁਜ ਦਰਿਆ ਵਿੱਚ ਹੋ ਰਹੀ ਨਜਾਇਜ਼ ਮਾਈਨਿੰਗ ਕਾਰਨ ਕਈ ਪਿੰਡਾਂ ਵਿੱਚ ਟਿਊਬਵੈੱਲ ਸੁੱਕ ਗਏ ਹਨ ਅਤੇ ਕਿਸਾਨਾਂ ਨੂੰ 4/4,5/5 ਲੱਖ ਖਰਚ ਕੇ ਨਵੇਂ ਟਿਊਬਵੈੱਲ ਲਗਾਉਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਸੰਗਤਪੁਰ, ਸੈਦਪੁਰ, ਭਟੋਆ, ਹੀਰਪੁਰ ਆਦਿ ਪਿੰਡਾਂ ਦੇ ਕਿਸਾਨ ਕਾਫੀ ਸਮੇਂ ਤੋਂ ਇਸ ਬਾਰੇ ਸ਼ਿਕਾਇਤਾਂ ਕਰ ਰਹੇ ਹਨ ਪਰ ਮਾਈਨਿੰਗ ਲਗਾਤਾਰ ਚੱਲ ਰਹੀ ਹੈ। ਪਿੰਡ ਹੀਰਪੁਰ ਦੇ ਵਸਨੀਕਾਂ ਦਾ ਕਹਿਣਾ ਹੈ ਕਿ ਇਸ ਪਿੰਡ ਦੇ 70 ਟਿਊਬਵੈੱਲ ਡਰਾਈ ਹੋ ਗਏ ਹਨ। ਕਿਸਾਨਾਂ ਦਾ ਕਹਿਣਾ ਹੈ ਕਿ ਸਤਲੁਜ ਦਰਿਆ ਵਿੱਚੋਂ ਏਨਾ ਜ਼ਿਆਦਾ ਰੇਤਾ ਕੱਢਿਆ ਜਾ ਰਿਹਾ ਹੈ ਕਿ ਕਈ ਥਾਈਂ 20/30 ਫੁੱਟ ਡੂੰਘੀ ਮਾਈਨਿੰਗ ਹੋ ਰਹੀ ਹੈ ਜਿਸ ਕਾਰਨ ਦਰਿਆ ਦਾ ਪਾਣੀ ਡੂੰਘਾ ਹੋ ਗਿਆ ਹੈ ਅਤੇ ਜ਼ਮੀਨ ਹੇਠਲਾ ਪਾਣੀ ਬਹੁਤ ਹੇਠਾਂ ਚਲਾ ਗਿਆ ਹੈ। ਟਿਊਬਵੈੱਲ ਖੁਸ਼ਕ ਹੋ ਗਏ ਹਨ। ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਵੱਲੋਂ ਇਸ ਸੰਬੰਧੀ ਉੱਚ ਅਧਿਕਾਰੀਆਂ ਨੂੰ ਇਸ ਬਾਰੇ ਪੇਂਡੂਆਂ ਦੀਆਂ ਵਧ ਰਹੀਆਂ ਸ਼ਿਕਾਇਤਾਂ ਵੱਲ ਧਿਆਨ ਦੇਣ ਲਈ ਕਿਹਾ ਗਿਆ ਸੀ ਪਰ ਕੋਈ ਐਕਸ਼ਨ ਨਾ ਹੋਣ ਕਾਰਨ ਮਾਈਨਿੰਗ ਚਲਦੀ ਰਹੀ ਅਤੇ ਹੁਣ ਟਿਊਬਵੈੱਲ ਖੁਸ਼ਕ ਹੋ ਗਏ ਹਨ। ਕਿਸਾਨਾਂ ਦੇ ਰੋਹ ਨੂੰ ਵੇਖਦੇ ਹੋਏ ਡਿਪਟੀ ਕਮਿਸ਼ਨਰ ਰੋਪੜ ਅਮਨਦੀਪ ਕੌਰ ਵੱਲੋਂ ਇਸ ਸੰਬੰਧੀ ਇਕ ਕਮੇਟੀ ਬਣਾਈ ਗਈ ਹੈ ਜੋ ਇਸ ਦੀ ਜਾਂਚ ਕਰੇਗੀ। ਐਸ ਡੀ ਐਮ ਸ੍ਰੀ ਅਨੰਦਪੁਰ ਸਾਹਿਬ ਮਨੀਸ਼ਾ ਰਾਣਾ ਇਸ ਕਮੇਟੀ ਦੇ ਮੁਖੀ ਹੋਣਗੇ। ਕਮੇਟੀ ਵਿੱਚ ਐਕਸੀਅਨ ਮਾਈਨਿੰਗ ਵਿਭਾਗ,ਡੀ ਐਸ ਪੀ ਸ੍ਰੀ ਅਨੰਦਪੁਰ ਸਾਹਿਬ, ਭੂਵਿਗਿਆਨੀ, ਐਕਸੀਅਨ ਹੈਡਵਰਕਸ ਰੋਪੜ, ਤਹਿਸੀਲਦਾਰ ਸ੍ਰੀ ਅਨੰਦਪੁਰ ਸਾਹਿਬ, ਨਾਇਬ ਤਹਿਸੀਲਦਾਰ ਨੂਰਪੁਰ ਬੇਦੀ ਆਦਿ ਸ਼ਾਮਲ ਹਨ। ਇਹ ਕਮੇਟੀ ਟਿਊਬਵੈੱਲ ਖੁਸ਼ਕ ਹੋਣ ਦੇ ਕਾਰਨਾਂ ਦਾ ਪਤਾ ਕਰੇਗੀ।

## ਕੁਲਜੀਤ ਸਿੰਘ ਸਰਹਾਲ ਵਤਨ ਪਰਤੇ

**ਬਹਿਰਾਮ (ਅਵਤਾਰ ਕਲੇਰ)** ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਹਲਕਾ ਬੰਗਾ ਦੇ ਇੰਚਾਰਜ ਕੁਲਜੀਤ ਸਿੰਘ ਸਰਹਾਲ ਅਮਰੀਕਾ ਦੇ ਦੌਰੇ ਤੋਂ ਵਾਪਸ ਵਤਨ ਪਰਤ ਆਏ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੱਸਿਆ ਕਿ ਅਮਰੀਕਾ ਦੇ ਕੈਲੀਫੋਰਨੀਆ ਵਿੱਚ ਵਸਦੇ ਪੰਜਾਬੀਆਂ ਨੂੰ ਮਿਲ ਕੇ ਬਹੁਤ ਖੁਸ਼ੀ ਹੋਈ। ਪੰਜਾਬੀ ਵੀਰਾਂ ਦੇ ਮਿਹਨਤ ਕਰ ਕੇ ਆਪਣਾ ਅਤੇ ਆਪਣੇ ਦੇਸ਼ ਦਾ ਬਹੁਤ ਨਾਂਅ ਉੱਚਾ ਕੀਤਾ। ਉਹਨਾਂ ਕਿਹਾ ਕਿ ਵਿਦੇਸ਼ਾਂ 'ਚ ਵਸਦੇ ਪੰਜਾਬੀ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਕਾਰਗੁਜਾਰੀ ਤੋਂ ਬਹੁਤ ਖੁਸ਼ ਹਨ ਅਤੇ ਆਸ ਕਰਦੇ ਹਨ ਕਿ ਭ੍ਰਿਸ਼ਟਾਚਾਰ ਮੁਕਤ ਸਰਕਾਰ ਆਉਣ ਨਾਲ ਪੰਜਾਬ ਹੋਰ ਤਰੱਕੀ ਕਰੇਗਾ।

## ਜ਼ਮੀਨਾਂ ਦੀ ਨਿਸ਼ਾਨਦੇਹੀ 'ਚ ਕਿਸਾਨਾਂ ਦੀ ਲੁੱਟ

**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)**- ਹਲਕਾ ਸੁਲਤਾਨਪੁਰ ਲੋਧੀ ਦੇ ਸੀਨੀਅਰ ਆਗੂ ਅਤੇ ਕਿਸਾਨ ਵਿੰਗ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਕਰਮਜੀਤ ਸਿੰਘ ਕੌੜਾ ਫੱਤੋਵਾਲ ਨੇ ਕਿਹਾ ਕਿ ਜ਼ਮੀਨਾਂ ਦੀ ਨਿਸ਼ਾਨਦੇਹੀ ਜੋ ਕਿਸਾਨਾਂ ਲਈ ਅਹਿਮ ਪ੍ਰੀਕ੍ਰਿਆ ਹੈ ਜਿਸ ਵਿਚ ਅੱਜ ਕੱਲ੍ਹ ਕਿਸਾਨਾਂ ਦੀ ਅੰਨੇਵਾਹ ਲੁੱਟ ਹੋ ਰਹੀ ਹੈ। ਉਨ੍ਹਾ ਕਿਹਾ ਕਿ ਸਾਡੇ ਕੋਲ ਇਸ ਤਰ੍ਹਾਂ ਦੀਆਂ ਅੱਜ ਕੱਲ੍ਹ ਬਹੁਤ ਸ਼ਿਕਾਇਤਾਂ ਆ ਰਹੀਆਂ ਹਨ। ਕਿਸਾਨਾਂ ਵੱਲੋਂ ਦੱਸਿਆ ਜਾ ਰਿਹਾ ਹੈ ਕੁਝ ਮਸ਼ੀਨ ਅਪਰੇਟਰਾਂ ਵੱਲੋਂ ਮਨਮਰਜ਼ੀ ਦੇ ਰੇਟ ਉਗਰਾਹੇ ਜਾ ਰਹੇ ਹਨ। ਜਿਸ ਨਾਲ ਆਮ ਜਨਤਾ ਦਾ ਆਰਥਕ ਸ਼ੋਸ਼ਣ ਹੋ ਰਿਹਾ ਹੈ। ਉਹਨਾਂ ਕਿਹਾ ਕਿ ਕਿਸਾਨਾਂ ਦੀ ਇਹ ਲੁੱਟ ਕਈ ਸਾਲਾਂ ਤੋਂ ਹੋ ਰਹੀ ਹੈ। ਉਨ੍ਹਾ ਕਿਹਾ ਕਿ ਹਰ ਤਹਿਸੀਲ ਵਿਚ ਮਸ਼ੀਨ ਹੋਣੀ ਚਾਹੀਦੀ ਹੈ, ਜਿੱਥੇ ਮਸ਼ੀਨ ਨਹੀਂ ਹੈ ਉੱਥੇ ਸਰਕਾਰ ਰੇਟ ਨਿਰਧਾਰਤ ਕਰੇ। ਪ੍ਰਾਈਵੇਟ ਮਸ਼ੀਨ ਆਪ੍ਰੇਟਰ ਕਿਸਾਨਾਂ ਤੋਂ ਮਨਮਰਜ਼ੀ ਦੇ ਰੇਟ ਲੈ ਰਹੇ ਹਨ ਜੋ ਸ਼ਰੇਆਮ ਧੱਕੇਸ਼ਾਹੀ ਹੈ। ਉਨ੍ਹਾ ਕਿਹਾ ਕਿ ਸਰਕਾਰ ਵੱਲੋਂ ਜੋ ਵੀ ਰੇਟ ਨਿਰਧਾਰਤ ਕੀਤੇ ਗਏ ਹਨ ਉਹ ਤਹਿਸੀਲ ਕੰਪਲੈਕਸ ਅਤੇ ਪਟਵਾਰਖਾਨੇ ਵਿੱਚ ਨੋਟਿਸ ਬੋਰਡ ਦੇ ਦਰਸਾਏ ਜਾਣ।

## ਸੜਕ ਹਾਦਸੇ 'ਚ ਵਿਅਕਤੀ ਦੀ ਮੌਤ

**ਅੱਡਾ ਸਰਾਂ , (ਕਾਜਲ)**- ਪਿੰਡ ਬਸੀ ਜਲਾਲ ਦੇਹਰੀਵਾਲ ਸੰਪਰਕ ਸੜਕ 'ਤੇ ਬੀਤੇ ਦਿਨੀਂ ਵਾਪਰੇ ਸੜਕ ਹਾਦਸੇ ਵਿਚ ਜ਼ਖਮੀ ਹੋਏ ਸਕੂਟਰੀ ਸਵਾਰ ਵਿਅਕਤੀ ਦੀ ਇਲਾਜ ਦੌਰਾਨ ਮੌਤ ਹੋ ਗਈ। ਟਾਂਡਾ ਪੁਲਸ ਨੇ ਇਸ ਹਾਦਸੇ ਵਿਚ ਮੌਤ ਦਾ ਸ਼ਿਕਾਰ ਹੋਏ ਸੰਤੋਖ ਸਿੰਘ ਪੁੱਤਰ ਤਰਸੇਮ ਸਿੰਘ ਵਾਸੀ ਦੇਹਰੀਵਾਲ ਦੇ ਭਰਾ ਮਹਿੰਦਰ ਸਿੰਘ ਦੇ ਬਿਆਨ ਦੇ ਅਧਾਰ 'ਤੇ ਹਾਦਸੇ ਲਈ ਜ਼ਿੰਮੇਵਾਰ ਅਣਪਛਾਤੇ ਵਾਹਨ ਚਾਲਕ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਬਿਆਨ ਵਿਚ ਮਹਿੰਦਰ ਸਿੰਘ ਦੱਸਿਆ ਕਿ ਜਦੋਂ ਉਸ ਦਾ ਭਰਾ ਟਾਂਡਾ ਤੋਂ ਆਪਣੀ ਸਕੂਟਰੀ 'ਤੇ ਘਰ ਜਾ ਰਿਹਾ ਸੀ ਤਾਂ ਬਸੀ ਰੋਡ 'ਤੇ ਸਥਿਤ ਪੋਲਟਰੀ ਫਾਰਮ ਨੇੜੇ ਉਸ ਵਿਚ ਕਿਸੇ ਅਣਪਛਾਤੇ ਵਾਹਨ ਨੇ ਟੱਕਰ ਮਾਰ ਦਿੱਤੀ, ਜਿਸ ਕਾਰਨ ਉਹ ਗੰਭੀਰ ਰੂਪ ਵਿਚ ਜ਼ਖਮੀ ਹੋ ਗਿਆ। ਉਸ ਨੂੰ ਟਾਂਡਾ ਦੇ ਸਰਕਾਰੀ ਹਸਪਤਾਲ ਵਿਚ ਮੁਢਲੀ ਮੈਡੀਕਲ ਮਦਦ ਦੇਣ ਤੋਂ ਬਾਅਦ ਹੁਸ਼ਿਆਰਪੁਰ ਰੈਫਰ ਕੀਤਾ ਗਿਆ, ਜਿੱਥੋਂ ਉਸ ਨੂੰ ਪੀ.ਜੀ.ਆਈ.ਚੰਡੀਗੜ੍ਹ ਲਿਜਾਂਦੇ ਸਮੇ ਉਸ ਦੀ ਮੌਤ ਹੋ ਗਈ। ਪੁਲਸ ਨੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਕਾਲਾ ਸੰਘਿਆਂ 'ਚ ਪੈਨਸ਼ਨਰ ਐਸੋਸੀਏਸ਼ਨ ਸ਼ਹਿਰੀ ਮੰਡਲ ਦੀ ਮੀਟਿੰਗ

**ਕਾਲਾ ਸੰਘਿਆਂ (ਮਨਜੀਤ ਮਾਨ)**-ਪੈਨਸ਼ਨਰ ਐਸੋਸੀਏਸ਼ਨ ਰਜਿ: ਜਥੇਬੰਦੀ ਦੇ ਸਿਟੀ ਡਵੀਜ਼ਨ ਕਪੂਰਥਲਾ ਦੇ ਅਹੁਦੇਦਾਰਾਂ ਦੀ ਮਹੀਨਾਵਾਰ ਮੀਟਿੰਗ ਸਥਾਨਕ ਕਸਬੇ ਦੇ ਦੀਵਾਨ ਖਾਨਾ ਹਾਲ ਵਿਖੇ ਸ਼ਹਿਰੀ ਮੰਡਲ ਪ੍ਰਧਾਨ ਰੇਸ਼ਮ ਲਾਲ ਅਤੇ ਸਕੱਤਰ ਬਲਦੇਵ ਰਾਜ ਦੀ ਅਗਵਾਈ ਹੇਠ ਹੋਈ। ਇਸ ਮੌਕੇ ਜਥੇਬੰਦੀ ਦੀਆਂ ਮੰਗਾਂ ਨੂੰ ਲੈ ਕੇ ਆਗੂਆਂ ਵੱਲੋਂ ਸੂਬਾਈ ਕਮੇਟੀ ਵੱਲੋਂ ਦਿੱਤੇ ਸੰਘਰਸ਼ਾਂ ਦੇ ਪ੍ਰੋਗਰਾਮਾਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਨਾ ਮੰਨਣ 'ਤੇ ਆਲੋਚਨਾ ਕੀਤੀ ਗਈ। ਪ੍ਰਧਾਨ ਰੇਸ਼ਮ ਲਾਲ, ਸਕੱਤਰ ਬਲਦੇਵ ਰਾਜ, ਗੁਰਬਚਨ ਚੰਦ ਸਮੇਤ ਹੋਰ ਆਗੂਆਂ ਨੇ ਸੰਬੋਧਨ ਕਰਦਿਆਂ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਨੈਸ਼ਨਲ ਸਕੀਮ ਸ਼ੁਰੂ ਕਰੇ, ਪੀ ਪੀ ਓ ਜਾਰੀ ਕਰੇ, ਸੇਵਾ ਮੁਕਤ ਮੁਲਾਜ਼ਮਾਂ ਨੂੰ ਯੂਨਿਟਾਂ 'ਤੇ ਰਿਆਇਤਾਂ ਨਾ ਦੇਣ ਦੀ ਨਿਖੇਧੀ ਕੀਤੀ ਤੇ ਕਿਹਾ ਕਿ ਸਰਕਾਰ ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ, 23 ਸਾਲਾ ਇੰਕਰੀਮੈਂਟ, ਕੈਸ਼ਲੈਸ ਇਲਾਜ ਸਕੀਮ, ਡੀ ਏ ਕਿਸ਼ਤਾਂ ਸਮੇਤ ਮੰਗਾਂ ਤੁਰੰਤ ਮੰਨੇ। ਆਗੂਆਂ ਕਿਹਾ ਕਿ ਸਰਕਾਰ ਸੇਵਾ ਮੁਕਤ ਮੁਲਾਜ਼ਮਾਂ ਦਾ ਮੈਡੀਕਲ ਭੱਤਾ ਦੋ ਹਜ਼ਾਰ ਰੁਪਏ ਕਰੇ ਅਤੇ ਮੁਲਾਜ਼ਮਾਂ ਲਈ ਨਿੱਜੀ ਹਸਪਤਾਲਾਂ ਵਿੱਚ ਕੈਸ਼ਲੈਸ ਇਲਾਜ ਦੀ ਸਹੂਲਤ ਦੁਬਾਰਾ ਸ਼ੁਰੂ ਕਰੇ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਮੰਗਾਂ ਨੂੰ ਮੰਨਣ ਵਿੱਚ ਟਾਲਮਟੋਲ ਕਰੇਗੀ ਤਾਂ ਸੂਬਾਈ ਕਮੇਟੀ ਦੇ ਨਿਰਦੇਸ਼ਾਂ ਅਨੁਸਾਰ ਜਥੇਬੰਦੀ ਵੱਲੋਂ ਮੈਂਬਰਾਂ ਨੂੰ ਲਾਮਬੰਦ ਕੀਤਾ ਜਾਵੇਗਾ। ਇਸ ਮੌਕੇ ਆਗੂਆਂ ਨੇ ਕੇਂਦਰ ਸਰਕਾਰ ਵੱਲੋਂ ਬਿਜਲੀ ਬਿੱਲ ਸੋਧ 2022 ਦੇ ਲਿਆਂਦੇ ਜਾਣ ਦੀ ਨਿਖੇਧੀ ਕੀਤੀ।

ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਇਹ ਬਿੱਲ ਵੱਡੇ ਵੱਡੇ ਧਨਾਢ ਲੋਕਾਂ ਨੂੰ ਫਾਇਦਾ ਪਹੁੰਚਾਉਣ ਦੇ ਮੰਤਵ ਨਾਲ ਲਿਆਂਦਾ ਜਾ ਰਿਹਾ ਹੈ। ਬਿਜਲੀ ਸੋਧ ਬਿੱਲ ਨੂੰ ਆਮ ਲੋਕ ਅਤੇ ਸਾਡੀ ਜਥੇਬੰਦੀ ਹਰਗਿਜ਼ ਬਰਦਾਸ਼ਤ ਨਹੀਂ ਕਰੇਗੀ ਤੇ ਇਸ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਸਰਕਲ ਕਮੇਟੀ ਮੈਂਬਰ ਅਮਰਦੀਪ ਤ੍ਰਿਖਾ ਸੇਵਾ ਮੁਕਤ ਐਸ ਡੀ ਓ, ਬ੍ਰਿਜ ਮੋਹਨ, ਸੁਦਰਸ਼ਨ ਕੁਮਾਰ, ਕੈਲਾਸ਼ ਚੰਦਰ, ਨਵਲੇਕ ਕੁਮਾਰ, ਜਸਪਾਲ, ਅਵਤਾਰ ਸਿੰਘ ਸੇਵਾ ਮੁਕਤ ਜੇ ਈ, ਭਜਨ ਸਿੰਘ, ਰਵਿੰਦਰ ਕੌਰ, ਉਰਮਿਲਾ ਸਰਮਾ, ਕਿਰਨਾ ਦੇਵੀ, ਸ਼ਾਂਤੀ ਦੇਵੀ, ਸੁਰਿੰਦਰ ਕੌਰ ਆਦਿ ਮੈਂਬਰ ਹਾਜ਼ਰ ਸਨ।

# ਬਡਿੰਗ ਕ੍ਰਿਕਟ ਟੂਰਨਾਮੈਂਟ ਦਾ ਇਨਾਮ ਵੰਡ ਸਮਾਰੋਹ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਦੀਦ ਨੇ ਦੀਦਾਰ ਸੰਸਥਾ ਵੱਲੋਂ ਤੰਦਰੁਸਤ ਭਾਰਤ ਦੇ ਅੰਤਰਗਤ ਕਰਵਾਏ ਪੰਜ ਦਿਨਾ ਬਡਿੰਗ ਕ੍ਰਿਕਟਰਸ ਲੀਗ 2023 ਨਾਮਕ ਕ੍ਰਿਕਟ ਟੂਰਨਾਮੈਂਟ ਦਾ ਅੱਜ ਇਨਾਮ ਵੰਡ ਸਮਾਰੋਹ ਹੋਇਆ। ਸੰਸਥਾ ਦੇ ਪ੍ਰਧਾਨ ਮਨਿੰਦਰਪਾਲ ਸਿੰਘ ਨੇ ਦੱਸਿਆ ਇਹ ਟੂਰਨਾਮੈਂਟ ਗਰਮੀ ਦੀਆਂ ਛੁੱਟੀਆਂ ਵਿਚ ਸਵੇਰੇ ਸਵਖਤੇ ਉੱਠ ਮਿਲ ਕੇ ਖੇਡਣ ਅਤੇ ਬੱਚਿਆਂ ਨੂੰ ਮੋਬਾਇਲ ਤੋਂ ਦੂਰ ਰੱਖਣ ਦੇ ਮੰਤਵ ਨਾਲ ਉਲੀਕਿਆ ਗਿਆ, ਜਿਸ ਰਾਹੀਂ ਆਪਸੀ ਪਿਆਰ, ਜ਼ਿੰਮੇਵਾਰੀ ਅਤੇ ਖੇਡ ਭਾਵਨਾ ਨੂੰ ਜਾਣਨ ਅਤੇ ਪਹਿਚਾਨਣ ਦਾ ਸਬਕ ਮਿਲਿਆ। ਇਸ ਸਮਾਰੋਹ ਵਿੱਚ ਉਘੇ ਪੰਜਾਬੀ ਕਲਾਕਾਰ ਨਰਿੰਦਰ ਪਾਲ ਸਿੰਘ ਨੀਨਾ ਨੇ ਜੇਤੂ ਖਿਡਾਰੀਆਂ ਨੂੰ ਇਨਾਮ ਤਕਸੀਮ ਕੀਤੇ ਅਤੇ ਸੰਸਥਾ ਦੇ ਇਸ ਹੰਭਲੇ ਅਤੇ ਢੰਗ ਦੀ ਸ਼ਲਾਘਾ ਕੀਤੀ। ਇਸ ਟੂਰਨਾਮੈਂਟ ਦਾ ਫਾਈਨਲ ਸਾਦਿਕ ਅਹਿਮਦ ਦੀ ਬਲੇਜਿੰਗ ਬੁਲਜ਼ ਅਤੇ ਸੁਪਰ ਸਟਰਾਈਕਰਸ ਵਿਚਕਾਰ ਖੇਡਿਆ ਗਿਆ, ਜਿਸ ਵਿੱਚ ਸੁਪਰ ਸਟ੍ਰਾਈਕਰਸ ਜੇਤੂ ਰਹੀ। ਹਿਮਾਂਸ਼ੂ ਸ਼ਰਮਾ ਨੂੰ ਸਰਵੋਤਮ ਬੱਲੇਬਾਜ਼, ਵਿਵੇਕ ਨੂੰ ਸਰਵੋਤਮ ਗੇਂਦਬਾਜ਼ ਅਤੇ ਅਭਿਸ਼ੇਕ ਸ਼ਰਮਾ ਨੂੰ ਸਰਵੋਤਮ ਆਲ ਰਾਊਂਡਰ ਐਲਾਨਿਆ ਗਿਆ। ਇਸ ਟੂਰਨਾਮੈਂਟ ਦੇ ਸਫਲ ਆਯੋਜਨ ਲਈ ਹਰਲੀਨ ਸਿੰਘ ਲਾਂਬਾ, ਗੁਰਦਿੱਤ ਸਿੰਘ, ਹਰਪ੍ਰੀਤ ਸਿੰਘ, ਦੁਪਿੰਦਰ ਸਿੰਘ, ਗੁਰਨਾਮ ਸਿੰਘ ਨੇ ਆਪਣਾ ਬਣਦਾ ਯੋਗਦਾਨ ਪਾਇਆ।

# ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ ਦਸ ਕੈਡਿਟ ਭਾਰਤੀ ਫੌਜ 'ਚ ਹੋਏ ਸ਼ਾਮਲ

**ਐੱਸ ਏ ਐੱਸ (ਗੁਰਜੀਤ ਬਿੱਲਾ)**- ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਲਈ ਅੱਜ ਦਾ ਇੱਕ ਹੋਰ ਸੁਨਹਿਰੀ ਦਿਨ ਸੀ, ਜਦੋਂ ਇੰਸਟੀਚਿਊਟ ਦੇ 10 ਕੈਡਿਟਾਂ ਨੂੰ ਦੇਹਰਾਦੂਨ ਵਿਖੇ ਇੰਡੀਅਨ ਮਿਲਟਰੀ ਅਕੈਡਮੀ ਦੀ ਪਾਸਿੰਗ ਆਊਟ ਪਰੇਡ ਵਿੱਚ ਭਾਰਤੀ ਫੌਜ ਵਿੱਚ ਅਫਸਰ ਵਜੋਂ ਨਿਯੁਕਤ ਕੀਤਾ ਗਿਆ ਹੈ। ਪਰੇਡ ਦਾ ਨਿਰੀਖਣ ਜਨਰਲ ਮਨੋਜ ਪਾਂਡੇ, ਪੀ.ਵੀ.ਐਸ.ਐਮ., ਏ.ਵੀ.ਐਸ.ਐਮ., ਵੀ.ਐਸ.ਐਮ., ਏ.ਡੀ.ਸੀ., ਸੈਨਾ ਮੁਖੀ ਨੇ ਕੀਤਾ।



ਪੰਜਾਬ ਸਰਕਾਰ ਵੱਲੋਂ ਸਥਾਪਤ ਮਹਾਰਾਜਾ ਰਣਜੀਤ ਸਿੰਘ ਏ.ਐਫ.ਪੀ.ਆਈ, ਪਿਛਲੇ 11 ਸਾਲਾਂ ਤੋਂ ਭਾਰਤੀ ਰੱਖਿਆ ਸੇਵਾਵਾਂ ਲਈ ਲਗਾਤਾਰ ਅਧਿਕਾਰੀ ਪੈਦਾ ਕਰ ਰਹੀ ਹੈ। ਇਹ ਸੰਸਥਾ 52% ਤੋਂ ਵੱਧ ਦੀ ਸਫਲਤਾ ਦਰ ਦੇ ਨਾਲ ਦੇਸ਼ ਵਿੱਚ ਆਪਣੀ ਕਿਸਮ ਵਿੱਚ ਸਭ ਤੋਂ ਸਫਲ ਹੈ। ਸ਼ਨੀਵਾਰ ਨੂੰ 10 ਕਮਿਸਨਡ ਹੋਣ ਦੇ ਨਾਲ, ਇੰਸਟੀਚਿਊਟ ਨੇ ਆਪਣੇ 136 ਸਾਬਕਾ ਵਿਦਿਆਰਥੀਆਂ ਨੂੰ ਭਾਰਤੀ ਹਥਿਆਰਬੰਦ ਸੈਨਾਵਾਂ ਦੇ ਤਿੰਨ ਵਿੰਗਾਂ ਵਿੱਚ ਅਫਸਰਾਂ ਵਜੋਂ ਨਿਯੁਕਤ ਕੀਤਾ ਹੈ। ਮੇਜਰ ਜਨਰਲ ਅਜੈ ਐਚ ਚੌਹਾਨ, ਵੀ.ਐਸ.ਐਮ, ਡਾਇਰੈਕਟਰ ਮਹਾਰਾਜਾ ਰਣਜੀਤ ਸਿੰਘ ਏ.ਐਫ.ਪੀ.ਆਈ, ਜੋ ਕਿ ਆਪਣੇ ਕੈਡਿਟਾਂ ਨੂੰ ਅਫਸਰ ਬਣਦੇ ਦੇਖਣ ਲਈ ਮੌਜੂਦ ਸਨ, ਉਨ੍ਹਾ ਨੇ ਕੈਡਿਟਾਂ ਨੂੰ ਅਫਸਰ ਬਣਨ ਤੇ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਸੱਚੇ ਪ੍ਰਤੀਨਿਧ ਬਣਨ ਦਾ ਸੱਦਾ ਦਿੱਤਾ।

# ਸਰੀਰ ਨੂੰ ਤੰਦਰੁਸਤ ਰੱਖਣ ਲਈ ਯੋਗਾ ਤੇ ਰਵਾਇਤੀ ਭੋਜਨ ਖਾਣਾ ਬਹੁਤ ਜ਼ਰੂਰੀ : ਸਮਾਣਾ



**ਮੋਹਾਲੀ (ਗੁਰਜੀਤ ਬਿੱਲਾ)**-ਜਿਥੇ ਵੱਖ ਵੱਖ ਪਿੰਡਾਂ ਦਾ ਸ਼ਹਿਰੀਕਰਨ ਹੋ ਰਿਹਾ ਹੈ, ਉਸ ਦੇ ਨਾਲ ਅਜੋਕੇ ਯੁੱਗ ਵਿੱਚ ਮਨੁੱਖੀ ਲੋੜਾਂ ਅਤੇ ਅਪਣੇ ਸਰੀਰ ਨੂੰ ਤੰਦਰੁਸਤ ਰੱਖਣ ਲਈ ਵੱਖ ਵੱਖ ਸੁਵਿਧਾਵਾਂ ਦਾ ਵੀ ਵਿਸਥਾਰ ਹੋ ਰਿਹਾ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਮੋਹਾਲੀ ਹਲਕੇ ਤੋਂ ਵਿਧਾਇਕ ਕੁਲਵੰਤ ਸਿੰਘ ਦੇ ਸਪੁੱਤਰ ਸਰਬਜੀਤ ਸਿੰਘ ਸਮਾਣਾ ਕੌਂਸਲਰ ਮੋਹਾਲੀ ਨੇ ਅੱਜ ਏਅਰਪੋਰਟ ਰੋਡ 'ਤੇ ਤਾਜ ਪਲਾਜ਼ਾ ਦੇ ਸਾਹਮਣੇ ਸੰਜੋਗ ਯੋਗਾ ਅਤੇ ਡਾਇਟ ਕੈਫੇ ਦਾ ਉਦਘਾਟਨ ਕਰਨ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਸਮਾਣਾ ਨੇ ਕਿਹਾ ਕਿ ਅੱਜ ਸਾਡੇ ਪੰਜਾਬ ਦੇ ਵਿਦਿਆਰਥੀ ਮੁਢਲੀ ਪੜ੍ਹਾਈ ਕਰਨ ਉਪਰੰਤ ਵਿਦੇਸ਼ਾਂ ਨੂੰ ਜਾਣਾ ਪਸੰਦ ਕਰਦੇ ਹਨ। ਸਾਡੇ ਦੇਸ਼ ਵਿੱਚ ਅਜਿਹੇ ਕਈ ਧੰਦੇ ਹਨ ਜੋ ਵਪਾਰ ਦੇ ਨਾਲ ਨਾਲ ਮਨੁੱਖਤਾ ਦੀ ਸੇਵਾ ਵੀ ਕਰਦੇ ਹਨ। ਉਨ੍ਹਾ ਕਿਹਾ ਕਿ ਅਜ ਸਮੇਂ ਦੀ ਲੋੜ ਹੈ ਕਿ ਪੰਜਾਬ ਦੇ ਲੋਕ ਜੰਕ ਫੂਡ ਦੀ ਬਜਾਏ ਅਪਨਾ ਰਵਾਇਤੀ ਭੋਜਨ ਖਾਣ 'ਤੇ ਜ਼ੋਰ ਦੇਣ। ਉਨ੍ਹਾ ਕੈਫੇ ਦੀ ਇੰਚਾਰਜ ਡਾ. ਜਸਕਿਰਨ ਕੌਰ ਅਤੇ ਅੰਕੁਰ ਚੌਹਾਨ ਨੂੰ ਕੈਫੇ ਖੋਲ੍ਹਣ 'ਤੇ ਵਧਾਈ ਦਿੱਤੀ ਤੇ ਕਿਹਾ ਕਿ ਉਨ੍ਹਾਂ ਨੇ ਉਚ ਸਿੱਖਿਆ ਪ੍ਰਾਪਤ ਕਰਕੇ ਅਪਣੇ ਦੇਸ਼ ਵਿੱਚ ਅਪਣੇ ਲੋਕਾਂ ਦੀ ਸੇਵਾ ਨੂੰ ਪਹਿਲ ਦਿੰਦੇ ਹੋਏ ਕੈਫੇ ਚਲਾਉਣ ਦਾ ਉਪਰਾਲਾ ਕੀਤਾ ਹੈ। ਇਸ ਮੌਕੇ ਡਾ. ਜਸਕਿਰਨ ਕੌਰ ਨੇ ਕਿਹਾ ਕਿ ਉਨ੍ਹਾ ਦੇ ਪਿਤਾ ਸੇਵਾ ਸਿੰਘ ਇਕ ਸਮਾਜ ਸੇਵੀ ਹਨ ਜਿਨ੍ਹਾਂ ਦੀ ਦਿਲੀ ਇੱਛਾ ਸੀ ਕਿ ਉਹ ਵਿਦੇਸ਼ ਵਿੱਚ ਜਾਣ ਦੀ ਬਜਾਏ ਆਪਣੇ ਦੇਸ਼ ਵਿੱਚ ਹੀ ਰਹਿ ਕੇ ਅਪਣਾ ਕਾਰੋਬਾਰ ਕਰਨ। ਉਨ੍ਹਾ ਕਿਹਾ ਕਿ ਯੋਗਾ ਦੀਆਂ ਦੋ ਕਲਾਸ ਚਲਾ ਰਹੇ ਹਨ। ਇਹ ਕਲਾਸਾਂ ਸਵੇਰੇ 6 ਵਜੇ ਤੋਂ 11 ਵਜੇ ਅਤੇ ਸ਼ਾਮ 5 ਵਜੇ ਤੋਂ 8 ਵਜੇ ਚਲਾਉਂਦੇ ਹਨ। ਬਾਕੀ ਸਮੇਂ ਉਹ ਲੋਕਾਂ ਨੂੰ ਬਿਮਾਰੀਆਂ ਤੋਂ ਛੁਟਕਾਰਾ ਪਾਉਣ ਲਈ ਖਾਣ ਪੀਣ ਦੇ ਡਾਇਟ ਚਾਰਟ ਦੇਣ ਦਾ ਕੰਮ ਕਰਦੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ, ਸੇਵਾ ਸਿੰਘ ਦਾਊਂ, ਗੁਰਨੈਬ ਸਿੰਘ ਛੱਜੂਮਾਜਰਾ, ਪੁਨੀਤ ਕੁਮਾਰ, ਵਿਦਿਆ ਸਾਗਰ ਅਤੇ ਗੁਵਿੰਦਰ ਸਿੰਘ ਆਦਿ ਹਾਜ਼ਰ ਸਨ।

# ਕਾਰਜਕਾਰੀ ਇੰਜੀਨੀਅਰ ਵਿਰੁੱਧ ਰੋਸ ਰੈਲੀ 16 ਨੂੰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੀ.ਡਬਲਿਊ.ਡੀ. ਫੀਲਡ ਅਤੇ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਜ਼ੋਨ ਹੁਸ਼ਿਆਰਪੁਰ ਦੀ ਮੀਟਿੰਗ ਜ਼ੋਨ ਪ੍ਰਧਾਨ ਅਮਰਜੀਤ ਕੁਮਾਰ ਨੰਗਲ ਖਿਲਾੜੀਆਂ ਦੀ ਪ੍ਰਧਾਨਗੀ ਹੇਠ ਮੁਲਾਜ਼ਮ ਭਵਨ ਹੁਸ਼ਿਆਰਪੁਰ ਵਿਖੇ ਹੋਈ ਜਿਸ ਵਿੱਚ ਕਾਰਜਕਾਰੀ ਇੰਜੀਨੀਅਰ ਉਸਾਰੀ ਮੰਡਲ-2 ਲੋਕ ਨਿਰਮਾਣ ਵਿਭਾਗ ਭਵਨ ਤੇ ਮਾਰਗ ਹੁਸ਼ਿਆਰਪੁਰ ਵੱਲੋਂ ਮੁਲਾਜ਼ਮਾਂ ਦੀਆਂ ਕੀਤੀਆਂ ਨਜਾਇਜ਼ ਤੌਰ 'ਤੇ ਬਦਲੀਆਂ ਅਤੇ ਮੁਲਾਜ਼ਮ ਆਗੂਆਂ ਨਾਲ ਕੀਤੇ ਦੁਰਵਿਹਾਰ ਕਾਰਨ 16 ਜੂਨ ਨੂੰ ਜ਼ੋਨ ਹੁਸ਼ਿਆਰਪੁਰ ਦੇ ਸੈਂਕੜੇ ਮੁਲਾਜ਼ਮਾਂ ਵੱਲੋਂ ਉਨ੍ਹਾਂ ਦੇ ਦਫ਼ਤਰ ਅੱਗੇ ਭਰਵੀਂ ਰੋਸ ਰੈਲੀ ਕਰਨ ਦਾ ਫੈਸਲਾ ਕੀਤਾ। ਸੂਬਾ ਪ੍ਰਧਾਨ ਮੱਖਣ ਸਿੰਘ ਵਾਹਿਦਪੁਰੀ ਅਤੇ ਜ਼ੋਨ ਦੇ ਜਨਰਲ ਸਕੱਤਰ ਸੁਖਦੇਵ ਸਿੰਘ ਜਾਜਾ ਨੇ ਕਿਹਾ ਕਿ ਜੇਕਰ ਮੁਲਾਜ਼ਮਾਂ ਦੀਆਂ ਕੀਤੀਆਂ ਬਦਲੀਆਂ ਨੂੰ ਰੱਦ ਕਰਕੇ ਰੈਲੀ ਦੀ ਮਿਤੀ ਤੋਂ ਪਹਿਲਾਂ-ਪਹਿਲਾਂ ਕਾਰਜਕਾਰੀ ਇੰਜੀਨੀਅਰ ਵੱਲੋਂ ਮੀਟਿੰਗ ਦਾ ਸਮਾਂ ਨਹੀਂ ਦਿੱਤਾ ਗਿਆ ਤਾਂ ਇਸ ਰੋਸ ਰੈਲੀ ਵਿੱਚ ਜ਼ੋਨ ਹੁਸ਼ਿਆਰਪੁਰ ਦੀਆਂ ਸਾਰੀਆਂ ਬ੍ਰਾਂਚਾਂ ਦੇ ਮੁਲਾਜ਼ਮ ਸ਼ਮੂਲੀਅਤ ਕਰਨਗੇ। ਅੱਜ ਦੀ ਮੀਟਿੰਗ ਵਿੱਚ ਰਾਜੀਵ ਸ਼ਰਮਾ, ਸ਼ਾਮ ਲਾਲ, ਕੁਲਦੀਪ ਸਿੰਘ, ਤਰਸੇਮ ਲਾਲ, ਰਕੇਸ਼ ਕੁਮਾਰ ਮਹਿਲਾਂਵਾਲੀ, ਅਸ਼ੋਕ ਕੁਮਾਰ, ਬਲਵੰਤ ਸਿੰਘ, ਗੁਰਨਾਮ ਚੰਦ ਲਕਸੀਹ, ਟੇਕ ਚੰਦ ਈਸਾਪੁਰ, ਸੁਰਿੰਦਰ ਸਿੰਘ ਮੁੰਨਾ, ਜਗਦੀਸ਼ ਚੰਦ, ਗੁਰਨਾਮ ਸਿੰਘ ਹਾਜੀਪੁਰ, ਕੁਲਵਿੰਦਰ ਸਿੰਘ, ਸਤੀਸ਼ ਕੁਮਾਰ, ਵਿਪਨ ਕੁਮਾਰ, ਸ਼ਾਂਤੀ ਸਰੂਪ, ਭਾਗ ਮੱਲ, ਗੁਰਮੀਤ ਸਿੰਘ, ਅਵਤਾਰ ਸਿੰਘ, ਬ੍ਰਹਮ ਦੱਤ, ਰਾਮ ਲੁਭਾਇਆ, ਜਸਵੰਤ ਸਿੰਘ, ਮੋਹਨ ਲਾਲ, ਰਮੇਸ਼ ਸਿੰਘ, ਪ੍ਰੀਤਮ ਸਿੰਘ, ਗੋਪਾਲ ਕ੍ਰਿਸ਼ਨ ਆਦਿ ਆਗੂ ਵੀ ਸ਼ਾਮਲ ਸਨ।

# ਬਾਬਾ ਵਿਸ਼ਵਕਰਮਾ ਆਟੋ ਮਕੈਨਿਕ ਯੂਨੀਅਨ ਵੱਲੋਂ ਐੱਸ ਐੱਚ ਓ ਸਨਮਾਨਤ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਬਾਬਾ ਵਿਸ਼ਵਕਰਮਾ ਆਟੋ ਮਕੈਨਿਕ ਯੂਨੀਅਨ ਟਾਂਡਾ ਵੱਲੋਂ ਥਾਣਾ ਟਾਂਡਾ ਦੇ ਮੁਖੀ ਇੰਸਪੈਕਟਰ ਉਂਕਾਰ ਸਿੰਘ ਬਰਾੜ ਨੂੰ ਸਨਮਾਨਤ ਕੀਤਾ ਗਿਆ। ਯੂਨੀਅਨ ਦੇ ਪ੍ਰਧਾਨ ਓਂਕਾਰ ਸਿੰਘ ਰਾਜਾ ਦੀ ਅਗਵਾਈ ਵਿਚ ਦੇ ਸਮੂਹ ਮੈਂਬਰਾਂ ਨੇ ਬਰਾੜ ਨੂੰ ਸਨਮਾਨਤ ਕਰਦਿਆ ਕਿਹਾ ਕਿ ਉਨ੍ਹਾਂ ਦੀ ਵਧੀਆ ਕਾਰਗੁਜਾਰੀ ਸਦਕਾ ਇਲਾਕੇ ਵਿਚ ਅਪਰਾਧਿਕ ਘਟਨਾਵਾਂ 'ਤੇ ਰੋਕ ਲੱਗੀ ਹੈ, ਜਿਸ ਕਾਰਨ ਸ਼ਹਿਰ ਵਾਸੀ ਹੁਣ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰ ਰਹੇ ਹਨ। ਉਹਨਾਂ ਆਸ ਕੀਤੀ ਕਿ ਆਉਣ ਵਾਲੇ ਸਮੇਂ ਵਿਚ ਵੀ ਇਸੇ ਤਰ੍ਹਾਂ ਹੀ ਸਥਿਤੀ ਸ਼ਾਂਤੀ ਪੂਰਵਕ ਰਹੇ। ਐਸ.ਐਚ.ਓ ਨੇ ਯੂਨੀਅਨ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਜ਼ਿਲ੍ਹਾ ਪੁਲਸ ਦਾ ਇਲਾਕੇ 'ਚੋਂ ਅਪਰਾਧੀ ਅਨਸਰਾਂ ਨੂੰ ਕਾਬੂ ਕਰਨ ਦੇ ਨਾਲ-ਨਾਲ ਨਸ਼ਿਆਂ ਦਾ ਖਾਤਮਾ ਕਰਨਾ ਵੀ ਮੁੱਖ ਨਿਸ਼ਾਨਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਣਜੀਤ ਗਣਪਤੀ, ਪਰਵੀਨ ਕੋਹਲੀ, ਰਾਜੀਵ ਸਰਮਾ, ਏ.ਕੇ ਜੈਨ, ਰਾਮਪਾਲ ਬੈਂਸ, ਹੰਕਾਰ ਸਿੰਘ ,ਰਾਣਾ ਬਘੇਲ ਸਿੰਘ ਆਦਿ ਵੀ ਹਾਜਰ ਸਨ।

# ਸਿੱਖ ਇਤਿਹਾਸ ਪ੍ਰਤੀ ਪਾਏ ਸ਼ੰਕਿਆਂ ਨੂੰ ਦੂਰ ਕਰੇਗੀ ਕਿਤਾਬ 'ਪ੍ਰਤੀਗਾਮੀ ਸ਼ੰਕਿਆਂ ਤੋਂ ਸਿਰਜਣਾਤਮਕ ਪ੍ਰਸ਼ਨ ਵੱਲ'



**ਮੋਹਾਲੀ, (ਗੁਰਜੀਤ ਬਿੱਲਾ)**- ਸਿੱਖ ਇਤਿਹਾਸ ਜਾਂ ਧਰਮ ਗ੍ਰੰਥ ਸੰਬੰਧੀ ਕਈ ਬੁੱਧੀਜੀਵੀਆਂ ਵੱਲੋਂ ਪਿਛਲੇ ਕਈ ਦਹਾਕਿਆਂ ਤੋਂ ਉਠਾਏ ਜਾਂਦੇ ਸਵਾਲਾਂ ਨਾਲ ਨਜਿੱਠਦੀ ਹੋਈ ਕਿਤਾਬ 'ਪ੍ਰਤੀਗਾਮੀ ਸ਼ੰਕਿਆਂ ਤੋਂ ਸਿਰਜਣਾਤਮਕ ਪ੍ਰਸ਼ਨ ਵੱਲ' ਗੁਰਪ੍ਰੀਤ ਸਿੰਘ ਜੀਪੀ ਦਾ ਇੱਕ ਨਿਵੇਕਲਾ ਉਪਰਾਲਾ ਹੈ। ਉਨ੍ਹਾ ਇਹ ਕਿਤਾਬ ਪੰਜਾਬੀ ਦੇ ਨਾਲ-ਨਾਲ ਹਿੰਦੀ ਵਿੱਚ ਵੀ ਪ੍ਰਕਾਸ਼ਿਤ ਕਰਵਾਈ ਹੈ, ਜਿਸ ਦਾ ਸਿਰਲੇਖ ਪ੍ਰਤੀਗਾਮੀ ਸੰਦੇਹ ਸੇ ਸਿਰਜਣਾਤਮਕ ਪ੍ਰਸ਼ਨ ਕੀ ਓਰ ਹੈ। ਲੇਖਕ ਨੇ ਅਨੇਕਾਂ ਹੀ ਮਹੱਤਵਪੂਰਨ ਸੰਵੇਦਨਸ਼ੀਲ ਸਵਾਲਾਂ ਨਾਲ ਨਜਿੱਠਣ ਦੀ ਹਿੰਮਤ ਕੀਤੀ ਹੈ, ਜਿਹੜੇ ਇਨਸਾਨ ਦੇ ਦਿਮਾਗ ਨੂੰ ਭਟਕਾਉਣ ਦਾ ਕੰਮ ਕਰਦੇ ਹਨ। ਆਪਣੇ ਇਸ ਯਤਨ ਸੰਬੰਧੀ ਬੋਲਦਿਆਂ ਜੀਪੀ ਨੇ ਕਿਹਾ ਕਿ ਕਿਸਾਨ ਅੰਦੋਲਨ ਦੌਰਾਨ ਉਨ੍ਹਾਂ ਨੂੰ ਅਹਿਸਾਸ ਹੋਇਆ ਕਿ ਬੇਸ਼ੱਕ ਹਿੰਦੀ ਭਾਸ਼ਾਈ ਲੋਕ ਸਿੱਖੀ ਵੱਲ ਆਕਰਸ਼ਤ ਹੋ ਰਹੇ ਹਨ, ਪਰ ਹਿੰਦੀ ਵਿੱਚ ਬਹੁਤ ਘੱਟ ਚੰਗੀਆਂ ਕਿਤਾਬਾਂ ਲਿਖੀਆਂ ਗਈਆਂ ਹਨ ਜੋ ਉਨ੍ਹਾਂ ਨੂੰ ਸਿੱਖ ਇਤਿਹਾਸ ਸਿੱਖਣ ਵਿੱਚ ਮਦਦ ਕਰ ਸਕਣ। ਉਨ੍ਹਾ ਕਿਹਾ ਕਿ ਕਿਤਾਬ ਦਾ ਸਿਰਲੇਖ ਹੀ ਦੱਸਦਾ ਹੈ ਕਿ ਇਹ ਕਿਤਾਬ ਸਿੱਖ ਇਤਿਹਾਸ ਜਾਂ ਧਰਮ ਗ੍ਰੰਥ ਪ੍ਰਤੀ ਪਾਏ ਜਾਂਦੇ ਸ਼ੰਕਿਆਂ ਦਾ ਜਵਾਬ ਦਿੰਦੀ ਹੈ। ਉਨ੍ਹਾ ਕਿਹਾ ਕਿ ਅਨੇਕਾਂ ਅਜਿਹੇ ਸਵਾਲ ਹਨ ਜਿਹੜੇ ਨਾ ਤਾਂ ਸਿਧਾਂਤਕ ਪੱਧਰ 'ਤੇ ਖਰੇ ਹਨ ਅਤੇ ਨਾ ਹੀ ਇਤਿਹਾਸ ਦੀ ਸਹੀ ਸਮਝ ਵਿੱਚੋਂ ਆਏ ਹਨ। ਉਨ੍ਹਾ ਕਿਹਾ ਕਿ ਅਜਿਹੇ ਸਵਾਲ ਅਧੂਰੇ ਗਿਆਨ ਅਤੇ ਹੰਕਾਰ ਦੀ ਉਪਜ ਹਨ ਜਾਂ ਸਿੱਖੀ ਪ੍ਰਤੀ ਈਰਖਾ ਦੇ ਕਾਰਨ ਹਨ। ਉਨ੍ਹਾਂ ਦੱਸਿਆ ਕਿ ਕਿਤਾਬ ਵਿੱਚ ਚਾਰ ਤਰੀਕਿਆਂ ਨਾਲ ਦਲੀਲ ਦਿੱਤੀ ਗਈ ਹੈ: ਸਿਧਾਂਤਕ ਪੱਖ, ਸਮਾਜਕ ਅਤੇ ਸੱਭਿਆਚਾਰਕ ਪੱਖ, ਇਤਿਹਾਸ ਪੱਖ ਅਤੇ ਉਨ੍ਹਾਂ ਖੁਦ ਦਾ ਪੱਖ। ਉਨ੍ਹਾ ਦੱਸਿਆ ਕਿ ਖੁਦ ਦੇ ਪੱਖ ਵਿੱਚ ਉਨ੍ਹਾ ਪ੍ਰੋਫੈਸਰ ਰੌਣਕੀ ਰਾਮ ਅਤੇ ਡਾ. ਧਰਮਵੀਰ ਦੀਆਂ ਲਿਖਤਾਂ ਦਾ ਅਲੋਚਨਾਤਮਕ ਵਿਸ਼ਲੇਸ਼ਣ ਕਰਨ ਦੇ ਨਾਲ ਨਾਲ ਬਾਬੂ ਮੰਗੂ ਰਾਮ ਮਾਂਗੇਵਾਲੀਆ ਵਰਗੇ ਹੋਰ ਦਲਿਤ ਚਿੰਤਕਾਂ ਦੇ ਕਾਰਜ ਖੇਤਰ ਨੂੰ ਵੀ ਛੋਹਿਆ ਹੈ। ਉਨ੍ਹਾ ਦੱਸਿਆ ਕਿ ਇਹ ਪੁਸਤਕ ਦਲਿਤ ਲੇਖਣੀ ਦਾ ਗੁਰਬਾਣੀ ਦੀ ਕਸੌਟੀ ਦੇ ਅਧਾਰ 'ਤੇ ਵਿਸ਼ਲੇਸ਼ਣ ਕਰਦੀ ਹੈ ਅਤੇ ਦਲਿਤ ਚਿੰਤਨ ਲਈ ਨਵੇਂ ਰਾਹ ਖੋਲ੍ਹਦੀ ਹੈ। ਉਨ੍ਹਾ ਦੱਸਿਆ ਕਿ ਇਸ ਕਿਤਾਬ ਦੇ ਹਿੰਦੀ ਐਡੀਸ਼ਨ ਦੀ ਪਹਿਲੀ ਕਾਪੀ 1 ਮਈ ਨੂੰ ਬਹਿਰੀਨ ਵਿਖੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਭੇਟ ਕੀਤੀ ਗਈ ਸੀ, ਇਹ ਕਿਤਾਬ ਐਮਾਜ਼ੋਨ, ਫਲਿਪਕਾਰਟ ਅਤੇ ਵਾਇਟ ਫਲਕਾਂ ਪਬਲਿਸ਼ਰ ਦੀ ਵੈਬਸਾਈਟ ਤੋਂ ਖਰੀਦੀ ਜਾ ਸਕਦੀ ਹੈ। ਇਹ ਕਿਤਾਬ ਲੇਖਕ ਦੀਆਂ ਕਿਤਾਬਾਂ ਦੀ ਦੂਜੀ ਲੜੀ ਹੈ। ਇਸ ਤੋਂ ਪਹਿਲਾਂ 2019 ਵਿੱਚ ਸਿੱਖ ਦੀ ਇਕੋ ਵੈਰੀ ਬ੍ਰਾਹਮਣਵਾਦ ਪੰਜਾਬੀ ਅਤੇ ਅੰਗਰੇਜ਼ੀ ਵਿੱਚ ਪ੍ਰਕਾਸ਼ਤ ਹੋਈ ਸੀ।

# ਡਾ: ਵਰੁਣ ਜੋਸ਼ੀ ਨੇ ਸਰਵ ਸੇਵਾ ਸਦਨ ਦੀ ਉਸਾਰੀ ਅਧੀਨ ਇਮਾਰਤ ਦਾ ਕੀਤਾ ਨਿਰੀਖਣ



**ਫਗਵਾੜਾ (ਜਸਵਿੰਦਰ ਢੱਡਾ)**- ਜ਼ਿਲ੍ਹਾ ਪਲੇਸਮੈਂਟ ਅਫਸਰ ਡਾ: ਵਰੁਣ ਜੋਸ਼ੀ ਨੇ ਸਥਾਨਕ ਬਸੰਤ ਨਗਰ ਵਿਖੇ ਸਰਵ ਨੌਜਵਾਨ ਸਭਾ (ਰਜਿ.) ਫਗਵਾੜਾ ਵੱਲੋਂ ਬਣਾਏ ਜਾ ਰਹੇ ਸਰਵ ਸੇਵਾ ਸਦਨ ਦੀ ਉਸਾਰੀ ਅਧੀਨ ਇਮਾਰਤ ਦਾ ਨਿਰੀਖਣ ਕੀਤਾ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਉਨ੍ਹਾਂ ਨੂੰ ਦੱਸਿਆ ਕਿ ਜਲਦੀ ਹੀ ਇਮਾਰਤ ਦਾ ਲੈਂਟਰ ਪਾਉਣ ਦਾ ਕੰਮ ਮੁਕੰਮਲ ਕਰ ਲਿਆ ਜਾਵੇਗਾ। ਇਸ ਤੋਂ ਬਾਅਦ ਡਾ: ਜੋਸ਼ੀ ਸਭਾ ਵੱਲੋਂ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਸਥਾਨਕ ਸਕੀਮ ਨੰਬਰ 3, ਹੁਸ਼ਿਆਰਪੁਰ ਰੋਡ, ਫਗਵਾੜਾ ਵਿਖੇ ਚਲਾਏ ਜਾ ਰਹੇ ਵੋਕੇਸ਼ਨਲ ਸੈਂਟਰ ਵਿਖੇ ਪਹੁੰਚੇ ਅਤੇ ਸਭਾ ਦੇ ਸਮੂਹ ਮੈਂਬਰਾਂ ਨੂੰ ਐਨ. ਮਿਆਜ਼ੋ ਵਰਲਡ ਵਾਈਡ ਕੰਪਨੀ ਦੇ ਸਹਿਯੋਗ ਨਾਲ ਸਵੈ-ਰੁਜ਼ਗਾਰ ਸੇਵਾ ਸ਼ੁਰੂ ਕਰਨ ਲਈ ਵਧਾਈ ਦਿੱਤੀ। ਉਨ੍ਹਾਂ ਕੇਂਦਰ ਵਿੱਚ ਸਿਖਲਾਈ ਪ੍ਰਾਪਤ ਕਰ ਰਹੀਆਂ ਮਹਿਲਾਵਾਂ ਨੂੰ ਸਰਕਾਰ ਦੀਆਂ ਸਵੈ-ਰੁਜ਼ਗਾਰ ਸਬੰਧੀ ਸਕੀਮਾਂ ਬਾਰੇ ਜਾਣੂ ਕਰਵਾਇਆ ਅਤੇ ਇਹ ਵੀ ਭਰੋਸਾ ਦਿੱਤਾ ਕਿ ਸਭਾ ਨੂੰ ਸਿਖਲਾਈ ਭਾਗੀਦਾਰ ਬਣਾ ਕੇ ਸਿਖਲਾਈ ਕੋਰਸ ਪੂਰਾ ਕਰਨ 'ਤੇ ਸਰਕਾਰੀ ਸਰਟੀਫਿਕੇਟ ਨਾਲ ਨਵਾਜਿਆ ਜਾਵੇਗਾ, ਜਿਸ ਦੀ ਪ੍ਰਕਿਰਿਆ ਚੱਲ ਰਹੀ ਹੈ। ਉਨ੍ਹਾਂ ਸਮੂਹ ਔਰਤਾਂ ਨੂੰ ਉਤਸ਼ਾਹਿਤ ਕਰਦਿਆਂ ਕਿਹਾ ਕਿ ਛੋਟੇ ਕਾਰੋਬਾਰ ਹੀ ਵੱਡੇ ਤੋਂ ਵੱਡੇ ਵਪਾਰ ਦੀ ਨੀਂਹ ਹੁੰਦੇ ਹਨ। ਸਭਾ ਦੀ ਤਰਫੋਂ ਡਾ: ਵਰੁਣ ਜੋਸ਼ੀ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਸਭਾ ਦੇ ਮੀਤ ਪ੍ਰਧਾਨ ਰਵਿੰਦਰ ਸਿੰਘ ਰਾਏ, ਨਰਿੰਦਰ ਸਿੰਘ ਸੈਣੀ, ਸਾਹਿਬਜੀਤ ਸਾਬੀ, ਮਨਦੀਪ ਬਾਸੀ, ਅਨੂਪ ਦੁੱਗਲ, ਰਾਕੇਸ਼ ਕੋਛੜ, ਤਨੂ, ਮੋਨਿਕਾ, ਪੂਜਾ ਮੇਹਮੀ, ਮਨਪ੍ਰੀਤ, ਪੂਨਮ, ਅਮਨਜੋਤ, ਸਿਮਰਨ, ਨਿਕਿਤਾ, ਦਾਮੀਨੀ, ਖੁਸ਼ਪ੍ਰੀਤ, ਈਸ਼ਾ, ਮਾਨਸੀ, ਨੀਲਮ, ਬਲਜਿੰਦਰ, ਜੋਵਨਪ੍ਰੀਤ, ਅੰਜਲੀ, ਨੀਲੂ, ਪ੍ਰਿੰਯਕਾ, ਪਰਮਜੀਤ, ਰੀਮਾ, ਪ੍ਰੀਤੀ, ਗੁਰਲੀਨ, ਮਨਜੀਤ, ਆਂਚਲ, ਪ੍ਰਿਆ, ਸੁਮਨ, ਅਮਨਪ੍ਰੀਤ ਆਦਿ ਹਾਜ਼ਰ ਸਨ।

# ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬਰੇਰੀ ਦਾ ਉਦਘਾਟਨ ਤੇ ਵਿਚਾਰ-ਗੋਸ਼ਟੀ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ )** ਬੀਬੀ ਅਮਰ ਕੌਰ ਯਾਦਗਾਰੀ ਭਵਨ ਖੱਟਕੜ ਕਲਾਂ ਵਿਖੇ ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬਰੇਰੀ ਦਾ ਉਦਘਾਟਨ ਕੀਤਾ ਗਿਆ ਅਤੇ 'ਜੁਰਮ ਕੀ ਹੈ' ਪੁਸਤਕ ਉੱਤੇ ਵਿਚਾਰ ਗੋਸ਼ਟੀ ਕਰਵਾਈ ਗਈ। ਲਾਇਬਰੇਰੀ ਦਾ ਉਦਘਾਟਨ ਕਰਨ ਉਪਰੰਤ ਪ੍ਰੋਫੈਸਰ ਸੁਰਜੀਤ ਜੱਜ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਉਸਾਰੂ ਸਾਹਿਤ ਅਤੇ ਇਸਨੂੰ ਵੱਧ ਤੋਂ ਵੱਧ ਪਾਠਕਾਂ ਤੱਕ ਪਹੁੰਚਾਉਣ ਦੀ ਲੋੜ ਬੜੀ ਸ਼ਿੱਦਤ ਨਾਲ ਮਹਿਸੂਸ ਕੀਤੀ ਜਾ ਰਹੀ ਜਾ ਰਹੀ ਹੈ ਤਾਂ ਕਿ ਸਮਾਜ ਵਿੱਚ ਹਾਂ ਪੱਖੀ ਵਿਚਾਰਾਂ ਦਾ ਪ੍ਰਵਾਹ ਅੱਗੇ ਵੱਧ ਸਕੇ। ਪ੍ਰੋਗਰਾਮ ਦੇ ਅਗਲੇ ਸੈਸ਼ਨ ਵਿੱਚ ਪੰਜਾਬੀ ਸਾਹਿਤ ਸਭਾ ਖੱਟਕੜ ਕਲਾਂ (ਬੰਗਾ) ਵੱਲੋਂ ਬੀ.ਅਨੁਰਾਧਾ ਦੀ 'ਜੁਰਮ ਕੀ ਹੈ' ਪੁਸਤਕ ਉੱਤੇ ਗੋਸ਼ਟੀ ਕਰਵਾਈ ਗਈ। ਇਸ ਪੁਸਤਕ ਦਾ ਪੰਜਾਬੀ ਅਨੁਵਾਦ ਲੇਖਕ ਬੂਟਾ ਸਿੰਘ ਮਹਿਮੂਦ ਪੁਰ ਨੇ ਕੀਤਾ ਹੈ। ਗੋਸ਼ਟੀ ਦੇ ਸੈਸ਼ਨ ਦੀ ਪ੍ਰਧਾਨਗੀ ਪ੍ਰੋਫੈਸਰ ਸੁਰਜੀਤ ਜੱਜ, ਪ੍ਰਿੰਸੀਪਲ ਤਰਸੇਮ ਸਿੰਘ ਭਿੰਡਰ ਅਤੇ ਬੀਬੀ ਗੁਰਬਖਸ਼ ਕੌਰ ਸੰਘਾ ਨੇ ਕੀਤੀ। ਇਸ ਮੌਕੇ ਵਿਚਾਰ ਪੇਸ਼ ਕਰਦਿਆਂ ਪ੍ਰੋਫੈਸਰ ਸੁਰਜੀਤ ਜੱਜ ਨੇ ਕਿਹਾ ਕਿ ਇਹ ਪੁਸਤਕ ਜੇਹਲਾਂ ਅੰਦਰ ਕੈਦ ਕੱਟ ਰਹੇ ਖਾਸਕਰ ਔਰਤਾਂ ਦੇ ਦੁੱਖਾਂ ਦਰਦਾਂ ,ਜੇਹਲਾਂ ਅੰਦਰ ਔਰਤ ਕੈਦੀਆਂ ਦੇ ਬੇਕਸੂਰ ਬੱਚਿਆਂ ਦੇ ਵਿਕਾਸ ਦੀਆਂ ਲੋੜਾਂ ਉੱਤੇ ਪ੍ਰਸ਼ਨ ਚਿੰਨ੍ਹ ਲਾਉਂਦੀ ਹੈ। ਪੁਸਤਕ ਸਪੱਸ਼ਟ ਕਰਦੀ ਹੈ ਕਿ ਕਿਸ ਤਰ੍ਹਾਂ ਔਰਤ ਕੈਦੀਆਂ ਦੀ ਜ਼ਿੰਦਗੀ ਅਨੰਤ ਉਡੀਕ ਵਿੱਚ ਬੀਤ ਰਹੀ ਹੈ। ਪੁਸਤਕ ਦੇ ਅਨੁਵਾਦਕ ਬੂਟਾ ਸਿੰਘ ਨੇ ਕਿਹਾ ਕਿ ਇਸ ਪੁਸਤਕ ਦੀਆਂ 17 ਕਹਾਣੀਆਂ ਹਨ ਜਿਹਨਾਂ ਨੂੰ ਪੜ੍ਹਕੇ ਪਤਾ ਲੱਗਦਾ ਹੈ ਕਿ ਆਦਿਵਾਸੀ ਔਰਤਾਂ ਨੂੰ ਕਿਸ ਤਰ੍ਹਾਂ ਇਸ ਰਾਜਸੀ - ਆਰਥਿਕ-ਸਮਾਜਿਕ ਢਾਂਚੇ ਨੇ ਜੇਹਲ ਦੀ ਚਾਰ ਦੀਵਾਰੀ ਅੰਦਰ ਪਹੁੰਚਾਇਆ। ਇਹ ਕਹਾਣੀਆਂ ਇਹਨਾਂ ਔਰਤਾਂ ਦੇ ਦਰਦ ਦੀਆਂ ਪਰਤਾਂ- ਦਰ -ਪਰਤਾਂ ਖੋਹਲਦੀਆਂ ਹਨ। ਜੇਹਲਾਂ ਦੇ ਨਾਕਸ ਅਤੇ ਭ੍ਰਿਸ਼ਟ ਪ੍ਰਬੰਧਾਂ ਨੂੰ ਸਾਹਮਣੇ ਲਿਆਉਂਦੀਆਂ ਹਨ। ਹੈਰਾਨੀ ਦੀ ਗੱਲ ਸਾਹਮਣੇ ਆਉਂਦੀ ਹੈ ਕਿ ਆਪਣੀਆਂ ਮਾਵਾਂ ਨਾਲ ਜੇਹਲਾਂ ਵਿੱਚ ਬੰਦ ਬੇਕਸੂਰ ਬੱਚਿਆਂ ਦੇ ਭਵਿੱਖ ਬਾਰੇ ਸਰਕਾਰਾਂ ਕੁੱਝ ਵੀ ਨਹੀਂ ਸੋਚ ਰਹੀਆਂ। ਸਰਕਾਰਾਂ ਨੇ ਇਸ ਬਹੁਤ ਹੀ ਅਹਿਮ ਪੱਖ ਨੂੰ ਅੱਖੋਂ ਪਰੋਖੇ ਕਰ ਰੱਖਿਆ ਹੈ। ਇਸ ਮੌਕੇ ਇਸਤਰੀ ਜਾਗ੍ਰਿਤੀ ਮੰਚ ਦੇ ਸੂਬਾ ਪ੍ਰਧਾਨ ਗੁਰਬਖਸ਼ ਕੌਰ ਸੰਘਾ, ਮੋਹਣ ਬੀਕਾ ਅਤੇ ਹਰਬੰਸ ਹੀਉਂ ਨੇ ਵੀ ਵਿਚਾਰ ਪੇਸ਼ ਕੀਤੇ। ਇਸ ਮੌਕੇ ਕੁਲਵਿੰਦਰ ਕੁੱਲਾ,ਸ਼ਿੰਗਾਰਾ ਲੰਗੇਰੀ, ਤਰਸੇਮ ਸਾਕੀ,ਧਰਮਿੰਦਰ ਮਸਾਣੀ, ਜਸਵੰਤ ਖੱਟਕੜ, ਜਸਬੀਰ ਦੀਪ, ਦੀਪ ਕਲੇਰ, ਮੁਨੀਸ਼ ਚੰਦਿਆਣਵੀ,ਤਲਵਿੰਦਰ ਸ਼ੇਰਗਿੱਲ ਅਤੇ ਗੁਰਦੀਪ ਸੈਣੀ ਨੇ ਕਵਿਤਾਵਾਂ ਪੇਸ਼ ਕੀਤੀਆਂ। ਇਸ ਮੌਕੇ ਕਹਾਣੀਕਾਰ ਅਜਮੇਰ ਸਿੱਧੂ, ਦਲਜੀਤ ਸੁੱਜੋਂ, ਰੂਬੀ ਰਾਇਪੁਰੀ ਅਤੇ ਗੁਰਲੀਨ ਕੌਰ ਵੀ ਮੌਜੂਦ ਸਨ।

# ਜਾਲ੍ਹੀ ਸਰਟੀਫਿਕੇਟ ਬਣਾ ਕੇ ਅਨੁਸੂਚਿਤ ਜਾਤੀ ਲੋਕਾਂ ਦੇ ਸੰਵਿਧਾਨਕ ਹੱਕਾਂ 'ਤੇ ਮਾਰਿਆ ਡਾਕਾ : ਬੀ ਟੀ ਐੱਫ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਬੇਗਮਪੁਰਾ ਟਾਇਗਰ ਫੋਰਸ ਦੀ ਇੱਕ ਮੀਟਿੰਗ ਫੋਰਸ ਦੇ ਮੁੱਖ ਦਫਤਰ ਭਗਤ ਨਗਰ ਨੇੜੇ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਫੋਰਸ ਦੇ ਨੇਕੂ ਅਜਨੋਹਾ ਸੀਨੀਅਰ ਮੀਤ ਪ੍ਰਧਾਨ ਦੋਆਬਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਫੋਰਸ ਦੇ ਕੌਮੀ ਚੇਅਰਮੈਨ ਤਰਸੇਮ ਦੀਵਾਨਾ ,ਪੰਜਾਬ ਪ੍ਰਧਾਨ ਵੀਰਪਾਲ ਠਰੋਲੀ ਅਤੇ ਜ਼ਿਲ੍ਹਾ ਪ੍ਰਧਾਨ ਨੇ ਸ਼ਿਰਕਤ ਕੀਤੀ। ਇਸ ਮੌਕੇ ਆਗੂਆਂ ਨੇ ਕਿਹਾ ਕਿ ਇਨਸਾਫ਼ ਖ਼ਾਤਰ ਰਿਜ਼ਰਵੇਸ਼ਨ ਚੋਰ ਫੜੋ ਪੱਕਾ ਮੋਰਚਾ ਜੋ ਮੋਹਾਲੀ ਵਿੱਚ ਲਗਾਇਆ ਗਿਆ ਹੈ, ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਲਈ ਸ਼ਲਾਘਾਯੋਗ ਕਦਮ ਹੈ। ਉਨ੍ਹਾਂ ਕਿਹਾ ਕਿ ਬੇਗਮਪੁਰਾ ਟਾਇਗਰ ਫੋਰਸ ਐਸ ਸੀ ਸਮਾਜ ਦੇ ਹੱਕਾਂ 'ਤੇ ਡਾਕਾ ਮਾਰਨ ਵਾਲੇ ਲੁਟੇਰਿਆਂ ਨੂੰ ਸਬਕ ਸਿਖਾਉਣ ਲਈ "ਰਿਜ਼ਰਵੇਸ਼ਨ ਚੋਰ ਫੜੋ ਪੱਕਾ ਮੋਰਚਾ" ਲਾਉਣ ਵਾਲਿਆਂ ਦੇ ਨਾਲ ਮੋਢੇ ਦੇ ਨਾਲ ਮੋਢਾ ਲਾ ਕੇ ਖੜ੍ਹੀ ਹੈ ਅਤੇ ਬੇਗਮਪੁਰਾ ਟਾਇਗਰ ਫੋਰਸ 12 ਜੂਨ ਨੂੰ ਪੰਜਾਬ ਬੰਦ ਦੇ ਸੱਦੇ ਦਾ ਪੂਰਨ ਤੌਰ 'ਤੇ ਸਮਰਥਨ ਕਰਦੀ ਹੈ। ਉਨ੍ਹਾਂ ਕਿਹਾ ਕਿ ਅਨੁਸੂਚਿਤ ਜਾਤੀ ਦੇ ਜਾਅਲੀ ਸਰਟੀਫਿਕੇਟ ਮਾਮਲਾ ਬਹੁਤ ਹੀ ਗੰਭੀਰ ਮਾਮਲਾ ਹੈ ਜਿਸ ਨਾਲ ਪੰਜਾਬ ਹੀ ਨਹੀਂ, ਦੇਸ਼ਾਂ ਵਿਦੇਸ਼ਾਂ ਵਿਚ ਰਹਿ ਰਹੇ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਵੱਡਾ ਧੋਖਾ ਹੋਇਆ ਹੈ। ਉਨ੍ਹਾਂ ਕਿਹਾ ਕਿ ਉੱਚ ਜਾਤੀ ਦੇ ਧਨਾਢ ਲੋਕਾਂ ਨੇ ਜਾਅਲੀ ਜਾਤੀ ਸਰਟੀਫਿਕੇਟ ਬਣਾ ਕੇ ਅਨੁਸੂਚਿਤ ਜਾਤੀ ਦੇ ਗਰੀਬ ਲੋਕਾਂ ਦੇ ਸੰਵਿਧਾਨਕ ਹੱਕਾਂ 'ਤੇ ਡਾਕਾ ਮਾਰਿਆ ਹੈ, ਜਿਸ ਨਾਲ ਸਮਾਜ ਦੇ ਲੱਖਾਂ ਲੋਕ ਨੌਕਰੀਆਂ ਤੋਂ ਵਾਂਝੇ ਰਹਿ ਗਏ ਹਨ। ਇਸੇ ਕਰਕੇ ਆਦਿਵਾਸੀ ਸਮਾਜ ਵਿਚ ਗਰੀਬੀ, ਬੇਰੁਜ਼ਗਾਰੀ ਵਿਚ ਅਥਾਹ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਇਸ ਮਾਮਲੇ ਦੀ ਸੀ ਬੀ ਆਈ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਜਾਅਲੀ ਅਨੁਸੂਚਿਤ ਜਾਤੀ ਸਰਟੀਫਿਕੇਟ ਬਣਵਾ ਕੇ ਸਰਕਾਰੀ ਨੌਕਰੀਆਂ ਪ੍ਰਾਪਤ ਕਰਕੇ ਸੇਵਾ ਮੁਕਤ ਹੋਏ ਜਾਂ ਵੱਡੀਆਂ ਪੋਸਟਾਂ ਉਤੇ ਅੱਜ ਵੀ ਕੰਮ ਕਰ ਰਹੇ ਲੋਕਾਂ ਖਿਲਾਫ ਤੁਰੰਤ ਸਖਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੀ ਜਾਅਲੀ ਸਰਟੀਫਿਕੇਟਾਂ ਤੇ ਨੌਕਰੀਆਂ ਕਰਨ ਵਾਲਿਆਂ ਖਿਲਾਫ਼ ਸਖਤ ਕਾਰਵਾਈ ਕਰੇ ਪ੍ਰੰਤੂ ਪੰਜਾਬ ਸਰਕਾਰ ਇਸ ਸੰਬੰਧੀ ਚੁੱਪ ਕਰਕੇ ਬੈਠੀ ਹੋਈ ਹੈ। ਉਨ੍ਹਾਂ ਕਿਹਾ ਕਿ ਜਾਅਲੀ ਅਨੁਸੂਚਿਤ ਜਾਤੀ ਸਰਟੀਫਿਕੇਟ ਬਣਵਾ ਕੇ ਸਰਕਾਰੀ ਨੌਕਰੀਆਂ ਪ੍ਰਾਪਤ ਕਰਨ ਵਾਲਿਆਂ ਤੋਂ ਨੌਕਰੀ ਦੌਰਾਨ ਪ੍ਰਾਪਤ ਕੀਤੀ ਸਾਰੀ ਤਨਖਾਹ ਅਤੇ ਬਣਾਈਆਂ ਜਾਇਦਾਦਾਂ ਵੀ ਕੁਰਕ ਕੀਤੀਆਂ ਜਾਣ ਅਤੇ ਐਸ ਸੀ ਸਰਟੀਫਿਕੇਟ ਤਸਦੀਕ ਕਰਨ ਵਾਲੇ ਸਰਪੰਚਾਂ, ਲੰਬੜਦਾਰਾਂ ਤੇ ਹੋਰ ਲੋਕਾਂ ਖਿਲਾਫ ਬਣਦੀ ਕਾਰਵਾਈ ਕਰਕੇ ਜੇਲ੍ਹਾਂ ਵਿਚ ਡੱਕਿਆ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਡੀਆ ਇੰਚਾਰਜ ਚੰਦਰ ਪਾਲ ਹੈਪੀ, ਅਸ਼ੋਕ ਕੁਮਾਰ ਕਟੋਚ ਬੜੀ ਬਸੀ, ਅਮਨਦੀਪ, ਸਤੀਸ਼ ਕੁਮਾਰ ਸ਼ੇਰਗੜ੍ਹ, ਚਰਨਜੀਤ ਸਿੰਘ, ਰਾਮ ਜੀ, ਦਵਿੰਦਰ ਕੁਮਾਰ, ਰਾਜੀਵ ਸੈਣੀ, ਪੰਮਾ ਡਾਡਾ, ਗੋਗਾ ਮਾਂਝੀ, ਰਾਜ ਕੁਮਾਰ ਬੱਧਣ, ਅਵਤਾਰ ਡਿੰਪੀ, ਅਵਿਨਾਸ਼ ਸਿੰਘ, ਅਮਨਦੀਪ ਸਿੰਘ, ਚਰਨਜੀਤ ਸਿੰਘ, ਭੁਪਿੰਦਰ ਕੁਮਾਰ ਬੱਧਣ, ਅਮਨ ਬਾਗਪੁਰ, ਹੈਪੀ ਸਤੋਰ, ਦੀਪੂ ਨਲੋਈਆ, ਬਿੰਦਰੀ ਸਲਵਾੜਾ, ਰਿੰਕੂ ਬਸੀ ਖਵਾਜੂ, ਗੋਰਾ ਮਾਝੀ, ਇੰਦਰਪਾਲ ਸਿੰਘ, ਕਮਲਜੀਤ ਸਿੰਘ, ਗਿਆਨ ਚੰਦ, ਮੁਸਾਫਰ ਸਿੰਘ, ਸ਼ੇਰਾ ਸਿੰਘ, ਮਨੀਸ਼ ਕੁਮਾਰ, ਦਵਿੰਦਰ ਕੁਮਾਰ, ਨਰੇਸ਼ ਕੁਮਾਰ ਸ਼ਹਿਰੀ ਪ੍ਰਧਾਨ, ਬਾਲੀ , ਗੁਰਪ੍ਰੀਤ ਗੋਪਾ, ਰਵੀ ਸਮੇਤ ਫੋਰਸ ਦੇ ਹੋਰ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

# ਐੱਨ ਆਰ ਆਈ ਔਰਤ ਵੱਲੋਂ 'ਆਪ' ਵਿਧਾਇਕਾ 'ਤੇ ਕੋਠੀ ਉੱਪਰ ਕਬਜ਼ਾ ਕਰਨ ਦੇ ਦੋਸ਼

**ਜਗਰਾਓਂ (ਅਮਿਤ ਖੰਨਾ)**-ਹਲਕਾ ਜਗਰਾਓਂ ਦੇ ਵਿਧਾਇਕਾ ਸਰਬਜੀਤ ਕੌਰ ਮਾਣੂੰਕੇ 'ਤੇ ਇੱਕ ਐੱਨ ਆਰ ਆਈ ਔਰਤ ਨੇ ਉਸ ਦੀ ਕੋਠੀ 'ਤੇ ਕਬਜ਼ਾ ਕਰਨ ਦੇ ਦੋਸ਼ ਲਗਾਉਂਦਿਆਂ ਜਗਰਾਓਂ ਪੁਲਸ ਨੂੰ ਕਾਰਵਾਈ ਲਈ ਸ਼ਿਕਾਇਤ ਦਰਜ ਕਰਵਾਈ ਹੈ। ਇਸ ਮਾਮਲੇ ਵਿੱਚ ਜਗਰਾਓਂ ਪੁਲਸ ਵੱਲੋਂ ਜਿੱਥੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ, ਉਥੇ ਹੀ ਸਰਬਜੀਤ ਕੌਰ ਮਾਣੂੰਕੇ ਨੇ ਐੱਨ ਆਰ ਆਈ ਔਰਤ ਵੱਲੋਂ ਲਗਾਏ ਦੋਸ਼ਾਂ ਦਾ ਖੰਡਨ ਕੀਤਾ ਹੈ। ਮੋਗਾ ਜ਼ਿਲ੍ਹੇ ਦੇ ਪਿੰਡ ਲੋਪੋ ਦੀ ਰਹਿਣ ਵਾਲੀ ਐੱਨ ਆਰ ਆਈ ਔਰਤ ਅਮਰਜੀਤ ਕੌਰ ਨੇ ਐੱਸ ਐੱਸ ਪੀ ਜਗਰਾਓਂ ਨੂੰ ਦਿੱਤੀ ਸ਼ਿਕਾਇਤ ਵਿੱਚ ਦੋਸ਼ ਲਗਾਇਆ ਕਿ ਉਸ ਦੀ ਬੰਦ ਪਈ ਕੋਠੀ ਦੇ ਜਿੰਦਰੇ ਤੋੜ ਕੇ ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਵੱਲੋਂ ਕਬਜ਼ਾ ਕੀਤਾ ਗਿਆ। ਉਨ੍ਹਾਂ ਨੇ ਕੋਠੀ ਵਿੱਚ ਪਿਆ ਸਾਰਾ ਸਾਮਾਨ ਵੀ ਖੁਰਦ-ਬੁਰਦ ਕਰ ਦਿੱਤਾ ਤੇ ਕੋਠੀ ਮੁਰੰਮਤ ਕਰਵਾ ਕੇ ਉਸ ਵਿੱਚ ਆਪਣਾ ਰੈਣ-ਬਸੇਰਾ ਕਾਇਮ ਕਰ ਲਿਆ। ਇਸ ਸੰਬੰਧੀ ਪਰਿਵਾਰ ਨੇ ਡੀਜੀਪੀ ਪੰਜਾਬ, ਕਮਿਸ਼ਨਰ ਲੁਧਿਆਣਾ, ਐੱਨ ਆਰ ਆਈ ਮੰਤਰੀ ਕੁਲਦੀਪ ਧਾਲੀਵਾਲ, ਸਪੀਕਰ ਕੁਲਤਾਰ ਸੰਧਵਾਂ ਆਦਿ ਨੂੰ ਈ-ਮੇਲ ਰਾਹੀਂ ਸ਼ਿਕਾਇਤ ਵੀ ਕੀਤੀ ਸੀ, ਪਰ ਕੋਈ ਕਾਰਵਾਈ ਨਹੀਂ ਹੋਈ। ਇਸ ਮਾਮਲੇ ਵਿੱਚ ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਦਾ ਕਹਿਣਾ ਹੈ ਕਿ ਇਹ ਕੋਠੀ ਬਾਕਾਇਦਾ ਕਿਰਾਏ 'ਤੇ ਲਈ ਹੈ।

ਹੁਣ ਜਦੋਂ ਐੱਨ ਆਰ ਆਈ ਅਮਰਜੀਤ ਕੌਰ ਵੱਲੋਂ ਇਸ 'ਤੇ ਮਾਲਕਾਨਾ ਹੱਕ ਜਤਾਇਆ ਗਿਆ ਤਾਂ ਸਾਹਮਣੇ ਆਇਆ ਹੈ ਕਿ ਜਿਹੜੇ 2 ਵਿਅਕਤੀ ਇਸ ਕੋਠੀ 'ਤੇ ਮਾਲਕਾਨਾ ਹੱਕ ਜਤਾ ਰਹੇ ਹਨ, ਉਨ੍ਹਾਂ ਨੇ ਖੁਦ ਐੱਸ ਐੱਸ ਪੀ ਜਗਰਾਓਂ ਨੂੰ ਇਸ ਮਾਮਲੇ ਵਿੱਚ ਸ਼ਿਕਾਇਤ ਦੇ ਕੇ ਜਾਂਚ ਕਰਨ ਲਈ ਕਿਹਾ ਹੈ। ਉਹ ਮੀਡੀਆ ਸਾਹਮਣੇ ਵੀ ਇਹੀ ਕਹਿਣਾ ਚਾਹੁੰਦੇ ਹਨ ਕਿ ਇਨ੍ਹਾਂ ਦੋਵੇਂ ਮਾਲਕਾਂ ਵਿੱਚੋਂ ਜੇ ਐੱਨ ਆਰ ਆਈ ਔਰਤ ਮਾਲਕ ਹੋਵੇ ਤਾਂ ਉਹ ਜਦੋਂ ਕਹਿਣਗੇ, ਉਨ੍ਹਾਂ ਨੂੰ ਚਾਬੀਆਂ ਸੌਂਪ ਦੇਣਗੇ। ਐੱਸ ਐੱਸ ਪੀ ਨਵਨੀਤ ਸਿੰਘ ਬੈਂਸ ਨੇ ਕਿਹਾ ਕਿ ਐੱਨ ਆਰ ਆਈ ਔਰਤ ਵੱਲੋਂ ਮਿਲੀ ਸ਼ਿਕਾਇਤ ਦੀ ਜਾਂਚ ਕਰਨ ਲਈ ਐੱਸ ਪੀ ਡੀ ਨੂੰ ਨਿਰਦੇਸ਼ ਦਿੱਤੇ ਗਏ ਹਨ।

## ਦੋ ਧਿਰਾਂ ਦੇ ਰੌਲੇ 'ਚ ਮੈਨੂੰ ਬਦਨਾਮ ਕੀਤਾ ਜਾ ਰਿਹੈ : ਮਾਣੂੰਕੇ



**ਜਗਰਾਓਂ (ਨਛੱਤਰ ਸੰਧੂ)**-ਸ਼ਹਿਰ ਜਗਰਾਓਂ ਦੇ ਹੀਰਾ ਬਾਗ ਵਿੱਚ ਮੈਂ ਇੱਕ ਕੋਠੀ ਥੋੜ੍ਹੀ ਦੇਰ ਪਹਿਲਾਂ ਹੀ ਕਿਰਾਏ ਉਪਰ ਲਈ ਹੈ ਅਤੇ ਕੁੱਝ ਸਿਆਸੀ ਵਿਰੋਧੀ ਮੇਰੇ ਉਪਰ ਕੋਠੀ ਦੱਬਣ ਦੇ ਝੂਠੇ ਦੋਸ਼ ਲਗਾ ਕੇ ਮੇਰੇ ਅਕਸ ਨੂੰ ਖਰਾਬ ਕਰਨ ਦੇ ਯਤਨ ਕਰ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਅਮਰਜੀਤ ਕੌਰ ਨਾਮ ਦੀ ਇੱਕ ਐੱਨ.ਆਰ.ਆਈ. ਔਰਤ ਵੱਲੋਂ ਉਸ ਦੀ ਕੋਠੀ ਦੱਬਣ ਦੇ ਲਗਾਏ ਜਾ ਰਹੇ ਝੂਠੇ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਇੱਕ ਪ੍ਰੈੱਸ ਬਿਆਨ ਰਾਹੀਂ ਕੀਤਾ। ਉਨ੍ਹਾਂ ਆਖਿਆ ਕਿ ਮੈਂ ਆਪਣੇ ਪਰਿਵਾਰ ਸਮੇਤ 2016 ਤੋਂ ਜਗਰਾਉਂ ਵਿੱਚ ਪਹਿਲਾਂ ਲੁਧਿਆਣਾ ਜੀ.ਟੀ. ਰੋਡ ਉਪਰ 'ਰਾਇਲ ਵਿਲ੍ਹਾ' 'ਚ ਕਿਰਾਏ ਦੇ ਮਕਾਨ ਵਿੱਚ ਰਹਿੰਦੀ ਰਹੀ ਹਾਂ ਤੇ ਉਸ ਤੋਂ ਬਾਅਦ ਲੋਕਾਂ ਦੀ ਨੇੜੇ ਦੀ ਸਹੂਲਤ ਨੂੰ ਵੇਖਦੇ ਹੋਏ ਜਗਰਾਉਂ ਦੇ ਕੱਚਾ ਮਲਕ ਰੋਡ ਉਪਰ ਸਥਿਤ ਮੁਹੱਲਾ ਗੋਲਡਨ ਬਾਗ 'ਚ ਕਿਰਾਏ ਦੇ ਮਕਾਨ ਵਿੱਚ ਅਸੀਂ ਆਪਣੀ ਰਿਹਾਇਸ਼ ਕਰ ਲਈ ਸੀ, ਪ੍ਰੰਤੂ ਗੋਲਡਨ ਬਾਗ ਵਾਲੇ ਮਕਾਨ ਦੇ ਮਾਲਕਾਂ ਨੂੰ ਮਕਾਨ ਦੀ ਜ਼ਰੂਰਤ ਹੋਣ ਕਾਰਨ ਅਸੀਂ ਮੁਹੱਲਾ ਗੋਲਡਨ ਬਾਗ ਵਾਲਾ ਮਕਾਨ ਮਹੀਨਾਂ ਹੀ ਪਹਿਲਾਂ ਛੱਡ ਦਿੱਤਾ ਸੀ, ਜਿਸ 'ਚ ਅਸੀਂ ਲਗਭਗ ਸੱਤ ਸਾਲ ਕਿਰਾਏ ਉਪਰ ਰਹੇ ਹਾਂ। ਜੇਕਰ ਕਬਜ਼ਾ ਕਰਨਾ ਹੁੰਦਾ ਤਾਂ ਪਹਿਲਾਂ ਵਾਲੇ ਕਿਰਾਏ ਦੇ ਮਕਾਨਾਂ ਉਪਰ ਕਿਉਂ ਨਾ ਕੀਤਾ, ਜਦੋਂਕਿ ਪਹਿਲੇ ਦੋਵਾਂ ਮਕਾਨਾਂ ਦੇ ਮਾਲਕ ਵੀ ਐੱਨ.ਆਰ.ਆਈ. ਹੀ ਸਨ। ਬੀਬੀ ਮਾਣੂੰਕੇ ਨੇ ਆਖਿਆ ਕਿ ਅਮਰਜੀਤ ਕੌਰ ਨਾਮ ਦੀ ਇੱਕ ਔਰਤ ਨੇ ਵਿਰੋਧੀ ਸਿਆਸੀ ਆਗੂਆਂ ਦੀ ਸ਼ਹਿ 'ਤੇ ਉਨ੍ਹਾਂ ਉਪਰ ਕੋਠੀ ਦੱਬਣ ਦੇ ਝੂਠੇ ਦੋਸ਼ ਲਗਾਉਣੇ ਸ਼ੁਰੂ ਕਰ ਦਿੱਤੇ ਗਏ ਹਨ। ਉਨ੍ਹਾ ਦੱਸਿਆ ਕਿ ਜਦੋਂ ਇਸ ਬਾਰੇ ਉਨ੍ਹਾਂ ਨੂੰ ਪਤਾ ਲੱਗਿਆ ਤਾਂ ਉਨ੍ਹਾਂ ਨੇ ਖੁਦ ਐੱਸ.ਐੱਸ.ਪੀ. ਜਗਰਾਉਂ ਨੂੰ ਸ਼ਿਕਾਇਤ ਕੀਤੀ ਕਿ ਉਨ੍ਹਾਂ ਦੇ ਧਿਆਨ 'ਚ ਆਇਆ ਹੈ ਕਿ ਉਹ ਜਿਸ ਕੋਠੀ 'ਚ ਹੁਣ ਕਿਰਾਏ ਉਪਰ ਰਹਿ ਰਹੇ ਹਨ, ਉਸ ਕੋਠੀ ਦੀ ਮਾਲਕੀ ਸ਼ੱਕ ਦੇ ਦਾਇਰੇ ਵਿੱਚ ਹੈ। ਇਸ ਲਈ ਦੋਵਾਂ ਧਿਰਾਂ ਦੀ ਮਾਲਕੀ ਦੀ ਜਾਂਚ-ਪੜਤਾਲ ਕੀਤੀ ਜਾਵੇ ਤੇ ਜਿਹੜਾ ਵੀ ਕੋਠੀ ਦਾ ਮਾਲਕ ਹੈ, ਉਹ ਉਸ ਨੂੰ ਕਿਰਾਇਆ ਦੇ ਦੇਣਗੇ ਤੇ ਕੋਠੀ ਦੀ ਚਾਬੀ ਵੀ ਸੌਂਪ ਦੇਣਗੇ, ਪ੍ਰੰਤੂ ਅਮਰਜੀਤ ਕੌਰ ਨਾਮ ਦੀ ਔਰਤ ਵੱਲੋਂ ਲਗਾਏ ਜਾ ਰਹੇ ਦੋਸ਼ ਸਰਾਸਰ ਝੂਠੇ ਅਤੇ ਬੇਬੁਨਿਆਦ ਹਨ ਅਤੇ ਦੋ ਧਿਰਾਂ ਦੇ ਰੌਲੇ 'ਚ ਮੈਨੂੰ ਬਦਨਾਮ ਕੀਤਾ ਜਾ ਰਿਹੈ।

# ਰਿਜ਼ਰਵੇਸ਼ਨ ਚੋਰ ਫੜੋ ਮੋਰਚਾ ਨਾਲ ਮੀਟਿੰਗ ਦਾ ਸਮਾਂ ਦੇ ਕੇ ਭੱਜਿਆ ਮੁੱਖ ਮੰਤਰੀ


ਸਰਕਾਰ ਖਿਲਾਫ ਨਾਅਰੇਬਾਜ਼ੀ ਕਰਦੇ ਵਾਲਮੀਕਿ/ਮਜ਼ਬੀ ਸਿੱਖ ਮਹਾਂਸਭਾ ਦੇ ਮੈਂਬਰ ਤੇ ਆਗੂ।

**ਮੋਗਾ (ਅਮਰਜੀਤ ਬੱਬਰੀ)**-ਵਾਲਮੀਕਿ/ਮਜ਼ਬੀ ਸਿੱਖ ਮਹਾਂਸਭਾ ਵੱਲੋਂ ਪ੍ਰਧਾਨ ਬਲਜਿੰਦਰ ਧਾਲੀਵਾਲ, ਜਰਨਲ ਸਕੱਤਰ ਇੰਦਰਪਾਲ ਸਿੰਘ, ਚੇਅਰਮੈਨ ਬਚਿੱਤਰ ਸਿੰਘ, ਉੱਪ ਚੇਅਰਮੈਨ ਸ. ਜਗਤਾਰ ਸਿੰਘ ਮਖੂ, ਜਸਵੀਰ ਸਿੰਘ ਘਲੋਟੀ ਸੂਬਾ ਪ੍ਰਧਾਨ ਪੀ ਟੀ ਆਈ ਯੂਨੀਅਨ ਦੀ ਸਾਂਝੀ ਅਗਵਾਈ ਹੇਠ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਦੇ ਨੁਮਾਇੰਦੇ ਵੱਲੋਂ ਇਕ ਜੂਨ ਨੂੰ ਰਿਜ਼ਰਵੇਸ਼ਨ ਚੋਰ ਫੜੋ ਮੋਰਚਾ ਨੂੰ ਮੋਹਾਲੀ ਵਿਖੇ ਰੋਸ ਪ੍ਰਦਰਸ਼ਨ ਤੋਂ ਬਾਅਦ 09 ਜੂਨ ਨੂੰ ਮੁੱਖ ਮੰਤਰੀ ਪੰਜਾਬ ਨਾਲ ਜਾਲ੍ਹੀ ਅਨੁਸੂਚਿਤ ਜਾਤੀ ਦਾ ਸਰਟੀਫਿਕੇਟ ਬਣਾ ਕੇ ਨੌਕਰੀ 'ਤੇ ਲੱਗੇ ਲੋਕਾਂ ਦੇ ਮਸਲੇ ਦੇ ਹੱਲ ਸੰਬੰਧੀ ਤੇ ਜਾਅਲਸਾਜ਼ੀ ਕਰਕੇ ਸਰਕਾਰੀ ਨੌਕਰੀ 'ਤੇ ਲੱਗੇ ਲੋਕਾਂ ਖਿਲਾਫ਼ ਕਾਨੂੰਨੀ ਕਾਰਵਾਈ ਕਰਨ ਸੰਬੰਧੀ ਮੀਟਿੰਗ ਦਾ ਸਮਾਂ ਦਿੱਤਾ ਸੀ, ਪਰ ਜਦੋਂ ਦਿੱਤੇ ਗਏ ਸਮੇਂ ਅਨੁਸਾਰ ਰਿਜ਼ਰਵੇਸ਼ਨ ਚੋਰ ਫੜੋ ਮੋਰਚਾ ਦੇ ਆਗੂ ਪ੍ਰੋਫੈਸਰ ਹਰਨੇਕ ਸਿੰਘ, ਲਖਵੀਰ ਸਿੰਘ ਬੌਬੀ, ਅਵਤਾਰ ਸਿੰਘ ਸਹੋਤਾ, ਬੀਬੀ ਹਰਪਾਲ ਕੌਰ, ਕਿਰਨਜੀਤ ਸਿੰਘ ਗਹਿਰੀ, ਸਰਬਜੀਤ ਸਿੰਘ ਪ੍ਰਿੰਸੀਪਲ, ਜੱਸੀ ਤੱਲ੍ਹਣ, ਡਾਕਟਰ ਦਵਿੰਦਰ ਗੁਗਲਾਨੀ ਤੇ ਭੁਪਿੰਦਰ ਸਿੰਘ ਭਗਵਾਨ ਵਾਲਮੀਕਿ ਆਸ਼ਰਮ ਦੀ ਸਾਂਝੀ ਅਗਵਾਈ 'ਚ ਹੋਰ ਮੈਂਬਰਾਂ ਸਮੇਤ ਮੁੱਖ ਮੰਤਰੀ ਪੰਜਾਬ ਨੂੰ ਉਨ੍ਹਾਂ ਦੇ ਦਫਤਰ ਚੰਡੀਗੜ੍ਹ ਪਹੁੰਚੇ ਤਾਂ ਮੁੱਖ ਮੰਤਰੀ ਪੰਜਾਬ ਉੱਥੇ ਨਹੀਂ ਸੀ ਤੇ ਉਨ੍ਹਾਂ ਦੇ ਦਫਤਰੀ ਅਮਲੇ ਵੱਲੋਂ ਕਿਸੇ ਜੂਨੀਅਰ ਅਫਸਰ ਨਾਲ ਮੀਟਿੰਗ ਕਰਨ ਦੀ ਪੇਸ਼ਕਸ਼ ਕੀਤੀ, ਜੋ ਮੋਰਚੇ ਨੇ ਨਕਾਰ ਦਿੱਤੀ ਤੇ ਮੋਰਚੇ ਵੱਲੋਂ ਮੁੱਖ ਮੰਤਰੀ ਪੰਜਾਬ ਵੱਲੋਂ ਮੀਟਿੰਗ ਦਾ ਸਮਾਂ ਦੇ ਕੇ ਭੱਜਣ ਦੀ ਕਾਰਵਾਈ 'ਤੇ ਰੋਸ ਜ਼ਾਹਰ ਕੀਤਾ ਤੇ ਮੁੱਖ ਮੰਤਰੀ ਪੰਜਾਬ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਅਤੇ ਦੋਸ਼ ਲਗਾਇਆ ਕਿ ਮੁੱਖ ਮੰਤਰੀ ਪੰਜਾਬ ਇਸ ਮਸਲੇ ਨੂੰ ਸੁਲਝਾਉਣਾ ਨਹੀਂ ਚਹੁੰਦੇ। ਮੁੱਖ ਮੰਤਰੀ ਪੰਜਾਬ ਦੇ ਇਸ ਰਵੱਈਏ ਨਾਲ ਪੰਜਾਬ ਦੇ ਅਨੁਸੂਚਿਤ ਜਾਤੀ ਦੇ ਲੋਕਾਂ 'ਚ ਰੋਸ ਦੀ ਲਹਿਰ ਪਾਈ ਜਾ ਰਹੀ ਹੈ। ਜਾਲ੍ਹੀ ਅਨੁਸੂਚਿਤ ਜਾਤੀ ਦਾ ਸਰਟੀਫਿਕੇਟ ਬਣਾ ਕੇ ਨੌਕਰੀ 'ਤੇ ਲੱਗੇ ਲੋਕਾਂ ਖਿਲਾਫ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ ਬਹੁਤ ਹੀ ਢਿੱਲੀ ਚੱਲ ਰਹੀ ਹੈ, ਮੁੱਖ ਮੰਤਰੀ ਪੰਜਾਬ ਵੱਲੋਂ ਅਜੇ ਤੱਕ ਰਿਜ਼ਰਵੇਸ਼ਨ ਚੋਰ ਫੜੋ ਮੋਰਚਾ ਦੀਆਂ ਜਾਇਜ਼ ਮੰਗਾਂ ਨੂੰ ਹੱਲ ਕਰਨ ਵਾਸਤੇ ਕੋਈ ਉਪਰਾਲਾ ਵੀ ਨਹੀਂ ਕੀਤਾ ਜਾ ਰਿਹਾ ਹੈ। ਇਸ ਮੌਕੇ ਆਗੂਆਂ ਨੇ ਦੱਸਿਆ ਕਿ ਫੇਸ ਵਨ ਡਾਇਰੈਕਟਰ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਭਲਾਈ ਵਿਭਾਗ ਦਫਤਰ ਸਾਹਮਣੇ ਮੋਹਾਲੀ ਵਿਖੇ 'ਰਿਜ਼ਰਵੇਸ਼ਨ ਚੋਰ ਫੜੋ ਮੋਰਚਾ' ਦਾ ਪੱਕਾ ਧਰਨਾ ਪ੍ਰੋਫੈਸਰ ਹਰਨੇਕ ਸਿੰਘ, ਲਖਵੀਰ ਸਿੰਘ ਬੌਬੀ ਦੀ ਸਾਂਝੀ ਅਗਵਾਈ ਵਿੱਚ ਲਗਾਤਾਰ 20 ਅਪ੍ਰੈਲ ਤੋਂ ਚੱਲ ਰਿਹਾ ਹੈ, ਪਰ ਪੰਜਾਬ ਸਰਕਾਰ ਇਸ ਪ੍ਰਤੀ ਸੰਜੀਦਾ ਨਹੀਂ ਹੈ। ਇਸ ਸਮੇਂ ਹੋਰਨਾਂ ਤੋਂ ਇਲਾਵਾ ਲਖਵੀਰ ਸਿੰਘ ਕੁੱਕੂ, ਅਮਨਦੀਪ ਸਿੰਘ ਨੰਬਰਦਾਰ, ਸੁਖਦੀਪ ਸਿੰਘ ਝੰਡੇਆਣਾ ਸ਼ਰਕੀ ਪ੍ਰੈੱਸ ਸਕੱਤਰ, ਸੁਰਜੀਤ ਸਿੰਘ ਦੋਸਾਂਝ, ਅਵਤਾਰ ਸਿੰਘ ਸਮਾਲਸਰ, ਗੁਰਦੀਪ ਸਿੰਘ ਆਦਿ ਹਾਜ਼ਰ ਸਨ।

## ਕਾਤਰਾਂ

### ਡਾਕਟਰ ਦਾ ਕਤਲ ਕਰਕੇ ਲੁਟੇਰਿਆਂ ਘਰ 'ਚੋਂ ਨਕਦੀ ਲੁੱਟੀ



**ਮਲੋਟ (ਗੁਰਮੀਤ ਸਿੰਘ ਮੱਕੜ)**-ਸ਼ਹਿਰ ਨੇੜਲੇ ਪਿੰਡ ਬੁਰਜ ਸਿੱਧਵਾਂ ਵਿਖੇ ਬੀਤੀ ਰਾਤ ਲੁੱਟ ਦੀ ਵਾਰਦਾਤ ਨੂੰ ਅੰਜਾਮ ਦੇਣ ਤਿੰਨ ਲੁਟੇਰੇ ਡਾ. ਸੁਖਵਿੰਦਰ ਸਿੰਘ ਦੇ ਘਰ ਆਏ, ਜਿਨ੍ਹਾਂ ਨੇ ਡਾ. ਸੁਖਵਿੰਦਰ ਸਿੰਘ ਦਾ ਰਾੜ੍ਹ ਮਾਰ ਕੇ ਕਤਲ ਕਰ ਦਿੱਤਾ ਅਤੇ ਉਸ ਤੋਂ ਬਾਅਦ ਘਰ ਵਿੱਚ ਪਏ ਪੈਸੇ ਆਦਿ ਲੈ ਕੇ ਫ਼ਰਾਰ ਹੋ ਗਏ। ਘਰ ਵਿੱਚ ਡਾ. ਸੁਖਵਿੰਦਰ ਸਿੰਘ ਤੇ ਉਨ੍ਹਾਂ ਦੀ ਪਤਨੀ ਸਨ, ਜਦਕਿ ਬੱਚੇ ਬਾਹਰ ਹਨ। ਪੁਲਸ ਨੇ ਘਰ 'ਚ ਲੱਗੇ ਸੀ.ਸੀ.ਟੀ.ਵੀ. ਕੈਮਰੇ ਆਪਣੇ ਕਬਜ਼ੇ ਵਿੱਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

### ਹਰਦੀਪ ਸਿੰਘ ਪਟਵਾਰ ਯੂਨੀਅਨ ਦੇ ਪ੍ਰਧਾਨ ਬਣੇ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਮਾਲ ਵਿਭਾਗ ਅਧੀਨ ਕੰਮ ਕਰਦੇ ਪਟਵਾਰੀਆਂ ਦੀ ਜਥੇਬੰਦੀ ਦੀ ਰੈਵੀਨਿਊ ਪਟਵਾਰ ਯੂਨੀਅਨ ਤਹਿਸੀਲ ਪਾਤੜਾਂ ਦੀ ਮੀਟਿੰਗ ਹੋਈ, ਜਿਸ ਦੌਰਾਨ ਪਟਵਾਰੀਆਂ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਸਬੰਧੀ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਉਪਰੰਤ ਜਥੇਬੰਦੀ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ, ਜਿਸ ਦੌਰਾਨ ਪ੍ਰਧਾਨ ਹਰਦੀਪ ਸਿੰਘ ਤੇ ਜਨਰਲ ਸਕੱਤਰ ਜਸਕਰਨ ਸਿੰਘ ਨੂੰ ਚੁਣਿਆ ਗਿਆ। ਨਵ-ਨਿਯੁਕਤ ਪ੍ਰਧਾਨ ਹਰਦੀਪ ਸਿੰਘ ਨੇ ਕਿਹਾ ਕਿ ਉਹ ਜਥੇਬੰਦੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਦੀਪ ਰਵੀਸ, ਗੁਰਚਰਨ ਸਿੰਘ, ਬਲਵਿੰਦਰ ਸਿੰਘ, ਦਵਿੰਦਰ ਸਿੰਘ ਕਾਨੂੰਗੋ, ਰਮਨ ਕਾਨੂੰਗੋ, ਨਰਿੰਦਰ ਸਿੰਘ ਥਿੰਦ, ਗੁਰਮੁੱਖ ਸਿੰਘ, ਪ੍ਰਿੰਸ ਕੁਮਾਰ, ਰੋਬਿਨ ਕੁਮਾਰ ਕਿਰਨਦੀਪ ਤੇ ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

### ਓਮ ਪ੍ਰਕਾਸ਼ ਬੰਸੀਵਾਲ ਦੇ ਦਿਹਾਂਤ 'ਤੇ ਦੁੱਖ ਦਾ ਪ੍ਰਗਟਾਵਾ



**ਮੱਖੂ (ਰਛਪਾਲ ਸਿੰਘ ਸੰਧੂ)**-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ, ਭਾਜਪਾ ਮੰਡਲ ਜ਼ੀਰਾ ਦੇ ਸਰਪ੍ਰਸਤ ਓਮ ਪ੍ਰਕਾਸ਼ ਬੰਸੀਵਾਲ ਦੇ ਦਿਹਾਂਤ ਨਾਲ ਭਾਜਪਾ ਦੇ ਆਗੂਆਂ ਤੇ ਵਰਕਰਾਂ 'ਚ ਗਹਿਰੇ ਸੋਗ ਦੀ ਲਹਿਰ ਦੌੜ ਗਈ ਹੈ। ਓਮ ਪ੍ਰਕਾਸ਼ ਬੰਸੀਵਾਲ ਦੇ ਅਚਨਚੇਤ ਦਿਹਾਂਤ 'ਤੇ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਜ਼ੀਰਾ, ਜ਼ਿਲ੍ਹਾ ਸਕੱਤਰ ਡਾ. ਰਜੀਵ ਅਹੂਜਾ, ਕਾਰਜਕਾਰਨੀ ਮੈਂਬਰ ਰਜੀਵ ਕਪੂਰ, ਮੰਡਲ ਮੱਖੂ ਦੇ ਪ੍ਰਧਾਨ ਜਥੇ ਕਾਰਜ ਸਿੰਘ ਆਹਲਾਂ, ਸੋਸ਼ਲ ਮੀਡੀਆ ਦੇ ਜ਼ਿਲ੍ਹਾ ਇੰਚਾਰਜ ਸੰਦੀਪ ਸਚਦੇਵਾ, ਡਾ. ਰਜੀਵ ਅਹੂਜਾ ਸਾਬਕਾ ਐੱਮ ਸੀ, ਬਾਜ ਸਿੰਘ ਬੁੱਲੋਕੇ, ਭਾਜਪਾ ਮੰਡਲ ਮੱਖੂ ਦੇ ਮੀਤ ਪ੍ਰਧਾਨ ਗੁਰਚਰਨ ਸਿੰਘ, ਗੁਰਦੇਵ ਸਿੰਘ ਜਨਰਲ ਸਕੱਤਰ, ਰਣਜੀਤ ਸਿੰਘ ਜਨਰਲ ਸਕੱਤਰ, ਸੈਕਟਰੀ ਰਮਨ ਸ਼ਰਮਾ, ਅਮਿਤ ਅਰੋੜਾ, ਕਾਰਜਕਾਰੀ ਮੈਂਬਰ ਸੱਤਪਾਲ ਦੂਆ, ਰਿੰਪਲ ਨਾਰੰਗ, ਚਰਨਜੀਤ ਸਿੰਘ ਪੀਰ ਮੁਹੰਮਦ, ਰਣਜੀਤ ਸਿੰਘ ਸੋਨੂੰ ਅਮੀਰਸ਼ਾਹ, ਜਤਿਨ ਸ਼ਰਮਾ ਆਦਿ ਵੱਲੋਂ ਓਮ ਪ੍ਰਕਾਸ਼ ਬੰਸੀਵਾਲ ਦੇ ਪਰਿਵਾਰ ਵਾਲਿਆਂ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

### ਕਿਸਾਨਾਂ ਨੂੰ 21 ਜੂਨ ਤੋਂ ਪਹਿਲਾਂ ਝੋਨਾ ਨਾ ਲਗਾਉਣ ਦੀ ਅਪੀਲ

**ਬਰੇਟਾ (ਗੋਬਿੰਦ ਸ਼ਰਮਾ)**-ਮੁੱਖ ਖੇਤੀਬਾੜੀ ਅਫਸਰ ਡਾ. ਸਤਪਾਲ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਪ੍ਰੀਵੈਂਸ਼ਨ ਆਫ ਸਬ-ਸੁਆਇਲ ਵਾਟਰ ਐਕਟ, 2009 ਤਹਿਤ ਨੋਟੀਫਿਕੇਸ਼ਨ ਜਾਰੀ ਕਰਦਿਆਂ ਜ਼ਿਲ੍ਹੇ ਵਿੱਚ ਝੋਨੇ ਦੀ ਲੁਆਈ ਲਈ 21 ਜੂਨ 2023 ਨਿਰਧਾਰਤ ਕੀਤੀ ਗਈ ਹੈ। ਉਨ੍ਹਾ ਕਿਸਾਨਾਂ ਨੂੰ ਅਪੀਲ ਕੀਤੀ ਕਿ ਕੋਈ ਵੀ ਕਿਸਾਨ ਨਿਰਧਾਰਤ ਮਿਤੀ ਤੋਂ ਪਹਿਲਾਂ ਝੋਨਾ ਨਾ ਲਾਵੇ। ਉਨ੍ਹਾ ਦੱਸਿਆ ਕਿ 21 ਜੂਨ 2023 ਤੋਂ ਕਿਸਾਨਾਂ ਨੂੰ ਝੋਨਾ ਲਗਾਉਣ ਲਈ 8 ਘੰਟੇ ਬਿਜਲੀ ਸਪਲਾਈ ਦਿੱਤੀ ਜਾਵੇਗੀ ਤੇ ਕਿਸਾਨਾਂ ਨੂੰ ਝੋਨਾ ਲਗਾਉਣ ਵਿੱਚ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾ ਦੱਸਿਆ ਕਿ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਸਰਕਾਰ ਵੱਲੋਂ ਜ਼ਮੀਨੀ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾ ਕਿਸਾਨਾਂ ਨੂੰ ਅਪੀਲ ਕੀਤੀ ਕਿ ਆਪਣੇ ਫਰਜ਼ ਨੂੰ ਪਛਾਣਦੇ ਹੋਏ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ 'ਚ ਸਾਥ ਦੇਣ ਦੀ ਲੋੜ ਹੈ, ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਪਾਣੀ ਨੂੰ ਬਚਾਇਆ ਜਾ ਸਕੇ।

### ਅੰਮ੍ਰਿਤਪਾਲ ਸਿੰਘ ਸ਼੍ਰੋਮਣੀ ਅਕਾਲੀ ਦਲ (ਅ) ਦੇ ਜਨਰਲ ਸਕੱਤਰ ਨਿਯੁਕਤ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਕਿਉਂਕਿ ਸ਼ਹੀਦ ਭਾਈ ਰਛਪਾਲ ਸਿੰਘ ਛੰਦੜਾ ਨੇ ਸਿੱਖ ਕੌਮ ਦੀ ਅਜ਼ਾਦੀ ਦੇ ਚੱਲ ਰਹੇ ਸੰਘਰਸ਼ ਵਿਚ ਅਤੇ ਕੌਮੀ ਲਹਿਰ ਸਮੇਂ ਬਹੁਤ ਨਿੱਘਾ ਯੋਗਦਾਨ ਪਾਉਂਦੇ ਹੋਏ ਸ਼ਹੀਦੀ ਪ੍ਰਾਪਤ ਕੀਤੀ ਹੈ । ਉਨ੍ਹਾਂ ਦੀ ਸ਼ਹਾਦਤ ਨੂੰ ਮੁੱਖ ਰੱਖਦੇ ਹੋਏ ਤੇ ਅੰਮ੍ਰਿਤਪਾਲ ਸਿੰਘ ਛੰਦੜਾ ਦੀਆਂ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਕੌਮੀ ਜੁਝਾਰੂ ਜਥੇਬੰਦੀ ਦਾ ਬਤੌਰ ਜਨਰਲ ਸਕੱਤਰ ਦੇ ਅਹੁਦੇ 'ਤੇ ਨਿਯੁਕਤ ਕੀਤਾ ਜਾਂਦਾ ਹੈ। ਪਾਰਟੀ ਉਮੀਦ ਕਰਦੀ ਹੈ ਕਿ ਉਹ ਆਪਣੀਆਂ ਜ਼ਿੰਮੇਵਾਰੀਆਂ ਨੂੰ ਤਨਦੇਹੀ, ਸੰਜੀਦਗੀ ਤੇ ਦ੍ਰਿੜ੍ਹਤਾ ਨਾਲ ਨਿਭਾਉਂਦੇ ਹੋਏ ਕੌਮੀ ਮੰਜ਼ਿਲ ਦੀ ਪ੍ਰਾਪਤੀ ਲਈ ਜਮਹੂਰੀਅਤ ਢੰਗ ਨਾਲ ਚੱਲ ਰਹੇ ਸੰਘਰਸ਼ ਵਿਚ ਆਪਣਾ ਯੋਗਦਾਨ ਪਾਉਂਦੇ ਰਹਿਣਗੇ।" ਇਹ ਵਿਚਾਰ ਇਥੇ ਪਾਰਟੀ ਮੁੱਖ ਦਫਤਰ ਤੋਂ ਸਿਮਰਨਜੀਤ ਸਿੰਘ ਮਾਨ ਐਮ ਪੀ ਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਦਸਤਖਤਾਂ ਤੇ ਮਿਲੇ ਹੁਕਮਾਂ ਰਾਹੀ ਪ੍ਰੈਸ ਨੂੰ ਜਾਰੀ ਕਰਦੇ ਹੋਏ ਇਸ ਨਿਯੁਕਤੀ ਦੀ ਜਾਣਕਾਰੀ ਦਿੰਦੇ ਹੋਏ ਪ੍ਰਗਟ ਕੀਤੇ।

### ਸਟਾਰ ਕ੍ਰਿਕਟ ਕਲੱਬ ਵੱਲੋਂ ਮਹਾਂਕੁੰਭ ਕੈਪਟਨ ਲੀਗ ਮੁਕਾਬਲਾ 14 ਨੂੰ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਮਾਜ ਸੇਵਾ ਦੇ ਖੇਤਰ ਵਿਚ ਬਹੁਤ ਹੀ ਥੋੜ੍ਹੇ ਸਮੇਂ ਵਿਚ ਆਪਣਾ ਨਾਂਅ ਬਣਾ ਚੁੱਕੀ ਸਟਾਰ ਕ੍ਰਿਕਟ ਕਲੱਬ ਵੱਲੋਂ ਦੂਸਰਾ ਮਹਾਂਕੁੰਭ ਕੈਪਟਨ ਲੀਗ ਦਾ ਮੁਕਾਬਲਾ 14 ਜੂਨ ਨੂੰ ਤੀਰਥ ਸਟੇਡੀਅਮ ਰੋਡੇ ਰੋਡ ਬਾਘਾ ਪੁਰਾਣਾ ਵਿਖੇ ਕਰਵਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦੇ ਹੋਏ ਕਲੱਬ ਪ੍ਰਧਾਨ ਅਤੇ ਸਮਾਜ ਸੇਵੀ ਰਾਹੁਲ ਗਰਗ ਨੇ ਦੱਸਿਆ ਕਿ ਸਾਡੇ ਕਲੱਬ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਕਰਨਾ ਹੈ, ਜੋ ਕਿ ਸਿਰਫ਼ ਖੇਡਾਂ ਰਾਹੀਂ ਹੀ ਸੰਭਵ ਹੈ। ਉਨ੍ਹਾ ਦੱਸਿਆ ਕਿ ਇਸ ਲੀਗ ਵਿਚ 16 ਕਪਤਾਨਾਂ ਦੀ ਅਗਵਾਈ ਵਿਚ ਮੈਚ ਖੇਡੇ ਜਾਣਗੇ, ਜਿਸ ਦਾ ਉਦਘਾਟਨ ਆਈਲੈਟਸ ਅਤੇ ਇਮੀਗ੍ਰੇਸ਼ਨ ਸੰਸਥਾ ਦੇ ਐਮ ਡੀ ਨਵਜੋਤ ਸਿੰਘ ਬਰਾੜ ਆਪਣੇ ਕਰ ਕਮਲਾ ਨਾਲ ਕਰਨਗੇ। ਰਾਹੁਲ ਨੇ ਇਹ ਵੀ ਦੱਸਿਆ ਕਿ ਇਸ ਲੀਗ ਵਿਚ 16 ਕਪਤਾਨਾਂ ਜਿਨ੍ਹਾਂ ਵਿਚ ਰਾਹੁਲ ਗਰਗ, ਪੰਕਜ ਬਾਂਸਲ ਇੰਗਲਿਸ਼ ਸਟੂਡੀਓ ਵਾਲੇ, ਜੱਗੂ ਸ਼ਰਮਾ, ਵਿਕੁਲ ਭਾਟੀਆ, ਵਨੀਤ ਗਰਗ ਟੋਨੀ, ਅਮਨ ਅਰੋੜਾ, ਚੰਦਰ ਬਾਂਸਲ, ਪੰਕਜ ਕਰਿਆਨਾ ਸਟੋਰ, ਰਿੰਕੂ ਮੰਗਲਾ, ਰਵੀ ਬਰਾੜ, ਸੁੱਖੀ ਸ਼ਰਮਾ, ਮੁਕੇਸ਼ ਭੰਡਾਰੀ, ਕਨੂੰ ਲੂੰਬਾ, ਜੰਗੀ ਚੰਨੂੰਵਾਲਾ, ਵਿੱਕੀ ਚੰਨੂੰਵਾਲਾ ਆਦਿ ਸ਼ਾਮਲ ਹਨ।

# ਸਵਾਮੀ ਵਿਵੇਕਾਨੰਦ ਕਾਲਜ ਵੱਲੋਂ ਗੁਰੂ ਨਾਨਕ ਇੰਸਟੀਚਿਊਟ ਆਫ ਗਲੋਬਲ ਸਟੱਡੀਜ਼ ਕੈਨੇਡਾ ਨਾਲ ਸਮਝੌਤਾ



**ਰਾਜਪੁਰਾ (ਰਮੇਸ਼ ਕਟਾਰੀਆ)**-ਬੀਤੇ ਦਿਨੀਂ ਸਵਾਮੀ ਵਿਵੇਕਾਨੰਦ ਗਰੁੱਪ ਆਫ ਕਾਲਜ ਬਨੂੰੜ ਨੇ ਗੁਰੂ ਨਾਨਕ ਇੰਸਟੀਚਿਊਟ ਆਫ ਗਲੋਬਲ ਸਟੱਡੀਜ਼ ਕੈਨੇਡਾ ਨਾਲ ਇੱਕ ਸਮਝੌਤਾ ਕੀਤਾ। ਇਸ ਦੌਰਾਨ ਸਵਾਮੀ ਵਿਵੇਕਾਨੰਦ ਗਰੁੱਪ ਦੇ ਚੇਅਰਮੈਨ ਸ੍ਰੀ ਅਸ਼ਵਨੀ ਕੁਮਾਰ ਗਰਗ, ਪ੍ਰੈਜ਼ੀਡੈਂਟ ਸ੍ਰੀ ਅਸ਼ੋਕ ਗਰਗ, ਸ. ਗਿਆਨ ਸਿੰਘ ਸੰਧੂ ਪ੍ਰੈਜ਼ੀਡੈਂਟ ਤੇ ਸੀ. ਈ. ਓ. (ਗੁਰੂ ਨਾਨਕ ਇੰਸਟੀਚਿਊਟ ਆਫ ਗਲੋਬਲ ਸਟੱਡੀਜ਼, ਕੈਨੇਡਾ) ਅਤੇ ਡਾ. ਜਤਿੰਦਰ ਸਿੰਘ ਬੱਲ (ਡਾਇਰੈਕਟਰ ਓਪਰੇਸ਼ਨਜ਼) ਹਾਜ਼ਰ ਸਨ। ਸਵਾਮੀ ਵਿਵੇਕਾਨੰਦ ਗਰੁੱਪ ਦੇ ਚੇਅਰਮੈਨ ਸ੍ਰੀ ਅਸ਼ਵਨੀ ਗਰਗ ਤੇ ਪ੍ਰੈਜ਼ੀਡੈਂਟ ਸ੍ਰੀ ਅਸ਼ੋਕ ਗਰਗ ਨੇ ਦੱਸਿਆ ਕਿ ਗੁਰੂ ਨਾਨਕ ਇੰਸਟੀਚਿਊਟ ਆਫ ਗਲੋਬਲ ਸਟੱਡੀਜ਼ ਕੈਨੇਡਾ ਜੋਂ ਕਿ ਬਿਨਾਂ ਕਿਸੇ ਸਵਾਰਥ ਦੇ ਕੰਮ ਕਰ ਰਹੀ ਹੈ ਅਤੇ ਇਸ ਨੂੰ ਕੈਨੇਡਾ ਵਿੱਚ ਰਹਿੰਦੇ ਸਿੱਖ ਧਰਮ ਦੇ ਮੋਹਰੀ ਪਤਵੰਤਿਆਂ ਦੁਆਰਾ ਚਲਾਇਆ ਜਾ ਰਿਹਾ ਹੈ ਅਤੇ ਅਸੀਂ ਇਨ੍ਹਾਂ ਨਾਲ ਜੁੜ ਕੇ ਬਹੁਤ ਮਾਣ ਮਹਿਸੂਸ ਕਰ ਰਹੇ ਹਾਂ। ਇਸ ਨਾਲ ਅਸੀਂ ਪੜ੍ਹਾਈ ਤੇ ਖੋਜ ਵਿਸ਼ੇ ਦੀ ਜਾਣਕਾਰੀ ਆਪਸ ਵਿੱਚ ਸਾਂਝੀ ਕਰ ਸਕਦੇ ਹਾਂ, ਜਿਸ ਵਿੱਚ ਬੱਚੇ ਤੇ ਅਧਿਆਪਕ ਭਾਗ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਦੋਵਾਂ ਵਿਚਕਾਰ ਹੋਏ ਸਮਝੌਤੇ ਤਹਿਤ ਭਾਰਤ ਦੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਵਿਦੇਸ਼ਾਂ ਵਿੱਚ ਪੜ੍ਹਾਈ ਤੇ ਖੋਜ ਵਿਸ਼ੇ 'ਤੇ ਜਾਣਕਾਰੀ ਹਾਸਲ ਕਰਨ ਦੇ ਮੌਕੇ ਵੀ ਮਿਲਣਗੇ। ਉਨ੍ਹਾਂ ਕਿਹਾ ਕਿ ਉਹ ਹੋਰਨਾਂ ਦੇਸ਼ਾਂ ਨਾਲ ਵੀ ਅਜਿਹੇ ਕਰਾਰ ਕਰਨਗੇ ਤਾਂ ਜੋ ਸਵਾਮੀ ਵਿਵੇਕਾਨੰਦ ਦੇ ਵਿਦਿਆਰਥੀਆਂ ਨੂੰ ਵਿਦੇਸ਼ਾਂ ਵਿੱਚ ਪੜ੍ਹਨ ਤੇ ਰੀਸਰਚ ਦੇ ਮੌਕੇ ਮਿਲ ਸਕਣ। ਇਸ ਦੇ ਨਾਲ ਨਾਲ ਦੋਨਾਂ ਮੁਲਖਾਂ 'ਚ ਵਿਦਿਆਰਥੀਆਂ ਤੇ ਸਟਾਫ ਮੈਂਬਰਾਂ ਦੇ ਅਦਾਨ ਪ੍ਰਦਾਨ ਪ੍ਰੋਗਰਾਮ ਅਧੀਨ ਸਮਝੌਤਾ ਹੋਇਆ।

# ਆਦੇਸ਼ ਕਾਲਜ ਆਫ ਫਿਜ਼ੀਓਥੈਰੇਪੀ ਨੇ ਮੁਫਤ ਮੈਡੀਕਲ ਕੈਂਪ ਲਾਇਆ

## ਨਵ-ਨਿਯੁਕਤ ਚੇਅਰਮੈਨ ਲੁਬਾਣਿਆਂਵਾਲੀ ਨੇ ਕੀਤਾ ਉਦਘਾਟਨ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਥਾਨਕ ਆਦੇਸ਼ ਹਸਪਤਾਲ ਤੇ ਕਾਲਜ ਆਫ਼ ਫਿਜੀਓਥੈਰੇਪੀ ਵੱਲੋਂ ਬਾਬਾ ਨਾਮਦੇਵ ਭਵਨ ਵਿਖੇ ਮੁਫ਼ਤ ਫਿਜੀਓਥੈਰੇਪੀ ਕੈਂਪ ਲਗਾਇਆ ਗਿਆ। ਕਾਲਜ ਦੀ ਡਾਇਰੈਕਟਰ ਮਿਸ ਜਸਬੀਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਲਗਾਏ ਗਏ ਇਸ ਕੈਂਪ ਦੌਰਾਨ ਫਿਜੀਓਥੈਰੇਪੀ ਵਿਭਾਗ ਦੇ ਮੁਖੀ ਡਾ. ਕਵਲ ਬੀਰ ਸਿੰਘ ਰੰਧਾਵਾ ਦੀ ਅਗਵਾਈ ਹੇਠ ਡਾ. ਮਨਪ੍ਰੀਤ ਕੌਰ, ਡਾ. ਰਿਜੁਲ, ਤਾਹਿਰ, ਸੁਖਵਿੰਦਰ ਸਿੰਘ, ਕਮਲਪ੍ਰੀਤ ਸਿੰਘ, ਜਸਪ੍ਰੀਤ ਸਿੰਘ, ਲਵਪ੍ਰੀਤ ਸਿੰਘ ਤੇ ਪੂਜਾ 'ਤੇ ਆਧਾਰਤ ਟੀਮ ਨੇ ਕੈਂਪ ਦੌਰਾਨ 75 ਲੋੜਵੰਦ ਮਰੀਜ਼ਾਂ ਦਾ ਚੈੱਕਅੱਪ ਕਰਕੇ ਉਨ੍ਹਾਂ ਦੀ ਥੈਰੇਪੀ ਕੀਤੀ। ਸਥਾਨਕ ਟਾਂਕ ਕਸ਼ੱਤਰੀ ਸਭਾ, ਅਲਾਇੰਸ ਕਲੱਬ ਤੇ ਮੁਕਤਸਰ ਵਿਕਾਸ ਮਿਸ਼ਨ ਦੇ ਸਹਿਯੋਗ ਨਾਲ ਲਗਾਏ ਗਏ ਇਸ ਕੈਂਪ ਦਾ ਉਦਘਾਟਨ ਮਾਰਕਿਟ ਕਮੇਟੀ ਸ੍ਰੀ ਮੁਕਤਸਰ ਸਾਹਿਬ ਦੇ ਨਵ-ਨਿਯੁਕਤ ਚੇਅਰਮੈਨ ਸੁਰਜੀਤ ਸਿੰਘ ਲੁਬਾਣਿਆਂਵਾਲੀ ਨੇ ਕੀਤਾ।

ਇਸ ਮੌਕੇ ਟੀਮ ਇਨਸਾਫ ਦੇ ਪੰਜਾਬ ਪ੍ਰਧਾਨ ਜਗਮੀਤ ਸਿੰਘ ਜੱਗਾ, ਇੰਦਰਜੀਤ ਕੌਰ ਐੱਮ.ਸੀ., ਰੁਪਿੰਦਰ ਬੱਤਰਾ ਐੱਮ.ਸੀ., ਤਹਿਜੀਨ, ਜੈ ਚੰਦ ਭੰਡਾਰੀ ਤੇ ਲਾਡੀ ਬੱਤਰਾ ਆਦਿ ਮੌਜੂਦ ਸਨ। ਸਮੂਹ ਸਹਿਯੋਗੀ ਸੰਸਥਾਵਾਂ ਵੱਲੋਂ ਸ. ਲੁਬਾਣਿਆਂਵਾਲੀ ਨੂੰ ਗੁਲਦਸਤਾ ਭੇਟ ਕਰਕੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਕੈਂਪ ਦੀ ਰਸਮੀ ਸ਼ੁਰੂਆਤ ਕਰਨ ਤੋਂ ਪਹਿਲਾਂ ਚੇਅਰਮੈਨ ਲੁਬਾਣਿਆਂਵਾਲੀ ਸਮੇਤ ਸਮੂਹ ਸੱਜਣਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਵਿੱਤਰ ਚਰਨਾਂ ਵਿੱਚ ਅਰਦਾਸ ਕਰਕੇ ਅਸ਼ੀਰਵਾਦ ਲਿਆ ਗਿਆ। ਇਸ ਮੌਕੇ ਭਵਨ ਦੀ ਪ੍ਰਬੰਧਕੀ ਕਮੇਟੀ ਵੱਲੋਂ ਚੇਅਰਮੈਨ ਤੇ ਹੋਰਨਾਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਭੇਟ ਕੀਤੇ ਗਏ।

ਕੈਂਪ ਦੌਰਾਨ ਟਾਂਕ ਕਸ਼ਤਰੀ ਸਭਾ ਤੇ ਸੀਨੀਅਰ ਆਗੂ ਨਿਰੰਜਣ ਸਿੰਘ ਰੱਖਰਾ ਨੇ ਚੇਅਰਮੈਨ ਸਮੇਤ ਡਾਕਟਰਾਂ ਦੀ ਸਮੁੱਚੀ ਟੀਮ ਤੇ ਹੋਰਨਾਂ ਨੂੰ ਜੀ ਆਇਆਂ ਕਿਹਾ। ਮੁਕਤਸਰ ਵਿਕਾਸ ਮਿਸ਼ਨ ਦੇ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਨੇ ਆਈ ਸੰਗਤ ਦਾ ਧੰਨਵਾਦ ਕੀਤਾ। ਇਸ ਮੌਕੇ ਟਾਂਕ ਕਸ਼ਤਰੀ ਸਭਾ ਦੇ ਪ੍ਰਧਾਨ ਨੱਥਾ ਸਿੰਘ ਤੱਗੜ ਸਮੇਤ ਦਰਸ਼ਨ ਸਿੰਘ ਮੱਲਣ ਕੈਸ਼ੀਅਰ, ਮਾਸਟਰ ਸੁਖਦਰਸ਼ਨ ਸਿੰਘ ਸੈਕਟਰੀ, ਗੁਰਜੀਤ ਸਿੰਘ ਪੱਪਾ, ਨੱਥਾ ਸਿੰਘ ਢਿੱਲੋਂ, ਰਜਿੰਦਰ ਸਿੰਘ ਭਾਰਤੀ, ਸਰਬਜੀਤ ਸਿੰਘ ਰੱਖਰਾ, ਜਸਬੀਰ ਸਿੰਘ ਖਾਲਸਾ, ਸਤਪਾਲ ਸਿੰਘ ਰੱਖਰਾ, ਤਰਸੇਮ ਸਿੰਘ ਤੱਗੜ, ਪਵਨਦੀਪ ਕੌਰ ਬੇਦੀ ਤੇ ਰਛਪਾਲ ਸਿੰਘ ਬਾਵਾ ਆਦਿ ਮੌਜੂਦ ਸਨ।

# ਭਗਵੰਤ ਮਾਨ ਸਰਕਾਰ ਪੈਨਸ਼ਨਰਾਂ ਨੂੰ ਕੇਂਦਰ ਵਾਂਗ 42 ਪ੍ਰਤੀਸ਼ਤ ਮਹਿੰਗਾਈ ਰਾਹਤ ਜਾਰੀ ਕਰੇ : ਪ੍ਰੇਮ ਸਾਗਰ

**ਸਮਰਾਲਾ (ਸੁਰਜੀਤ ਸਿੰਘ)**-ਕੇਂਦਰ ਸਰਕਾਰ ਆਪਣੇ ਕਰਮਚਾਰੀਆਂ ਤੇ ਪੈਨਸ਼ਰਾਂ ਨੂੰ 42 ਪ੍ਰਤੀਸ਼ਤ ਦਰ ਨਾਲ ਮਹਿੰਗਾਈ ਭੱਤਾ ਤੇ ਮਹਿੰਗਾਈ ਰਾਹਤ 1 ਜਨਵਰੀ 2022 ਤੋਂ 34 ਪ੍ਰਤੀਸ਼ਤ, 1 ਜੁਲਾਈ 2022 ਤੋਂ 38 ਪ੍ਰਤੀਸ਼ਤ ਤੇ 01 ਜਨਵਰੀ 2023 ਤੋਂ 42 ਪ੍ਰਤੀਸ਼ਤ ਦੇ ਰਹੀ ਹੈ, ਜਦੋਂਕਿ ਪੰਜਾਬ ਸਰਕਾਰ ਅਜੇ 34 ਪ੍ਰਤੀਸ਼ਤ ਦਰ ਨਾਲ ਹੀ ਮਹਿੰਗਾਈ ਰਾਹਤ ਦੇ ਕੇ ਬੁੱਤਾ ਸਾਰ ਰਹੀ ਹੈ, ਜਿਸ ਕਾਰਨ ਪੰਜਾਬ ਭਰ ਦੇ ਪੈਨਸ਼ਨਰਾਂ ਤੇ ਮੁਲਾਜ਼ਮਾਂ ਵਿੱਚ ਗੁੱਸੇ ਤੇ ਬੇਚੈਨੀ ਦੀ ਲਹਿਰ ਦੌੜ ਗਈ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪ੍ਰੇਮ ਸਾਗਰ ਸ਼ਰਮਾ ਪ੍ਰਧਾਨ ਪੰਜਾਬ ਰਾਜ ਪੈਸ਼ਨਰਜ਼ ਮਹਾਂ ਸੰਘ (ਸੰਘਰਸ਼ੀ), ਪ੍ਰਧਾਨ ਪੰਜਾਬ ਪੈਨਸ਼ਰਜ਼ ਕਲਿਆਣ ਸੰਗਠਨ ਅਤੇ ਸੰਸਥਾਪਕ ਤੇ ਨਿਰਮਾਤਾ ਪੰਜਾਬ ਗੌਰਮਿੰਟ ਪੈਸ਼ਨਰਜ਼ ਜੁਆਇੰਟ ਫਰੰਟ ਦੁਆਰਾ ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦੇ ਹੋਏ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪੈਨਸ਼ਨਰਾਂ ਲਈ 2.59 ਨਾ ਦੇ ਕੇ ਤਾਂ ਮੁਲਾਜ਼ਮਾਂ ਤੇ ਪੈਨਸ਼ਰਾਂ ਵਿਚਕਾਰ ਵਿਤਕਰਾ ਕੀਤਾ ਹੈ ਅਤੇ ਮਹਿੰਗਾਈ ਰਾਹਤ ਨਾ ਦੇ ਕੇ ਤਾਂ ਮਹਿੰਗਾਈ ਦੇ ਜ਼ਮਾਨੇ ਵਿੱਚ ਕਚੂਮਰ ਕੱਢ ਦਿੱਤਾ ਹੈ। ਅੱਜ ਦੇ ਸਮੇਂ ਵਿੱਚ ਭ੍ਰਿਸ਼ਟਾਚਾਰ ਵਿਰੋਧੀ ਮਾਨ ਸਰਕਾਰ ਦਾ ਖਜ਼ਾਨਾ ਹੁਣ ਭਰਪੂਰ ਹੈ। ਬਹਾਨੇਬਾਜ਼ੀ ਛੱਡ ਕੇ ਤੁਰੰਤ 42 ਪ੍ਰਤੀਸ਼ਤ ਮਹਿੰਗਾਈ ਰਾਹਤ ਦਾ ਨੋਟੀਫਿਕੇਸ਼ਨ ਜਾਰੀ ਕਰਕੇ ਇਨਸਾਫ਼ ਦਿੱਤਾ ਜਾਵੇ। ਜੇਕਰ ਭਗਵੰਤ ਮਾਨ ਸਰਕਾਰ ਨੇ ਤੁਰੰਤ ਹੁਕਮ ਜਾਰੀ ਨਾ ਕੀਤੇ ਤਾਂ ਪੈਨਸ਼ਨਰਾਂ ਨੂੰ ਸੜਕਾਂ 'ਤੇ ਉੱਤਰ ਕੇ ਮੁਜ਼ਾਹਰੇ, ਧਰਨੇ, ਭੁੱਖ ਹੜਤਾਲਾਂ ਕਰਨ ਲਈ ਮਜਬੂਰ ਹੋਣਾ ਪਵੇਗਾ। ਉਨ੍ਹਾਂ ਮੰਗ ਕੀਤੀ ਕਿ ਮੈਡੀਕਲ ਪ੍ਰਤੀ ਪੂਰਤੀ ਬਿੱਲਾਂ ਦੀ ਅਦਾਇਗੀ ਤੁਰੰਤ ਕੀਤੀ ਜਾਇਆ ਕਰੇ।

# ਡਾ. ਗੁਰਨਿੰਦਰ ਸਿੰਘ ਨੂੰ ਸ਼ਰਧਾਂਜਲੀਆਂ ਭੇਟ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਮਾਲਵਾ ਹਸਪਤਾਲ ਮਹਿਲ ਕਲਾਂ ਦੇ ਸੰਸਥਾਪਕ ਮਾਹਰ ਡਾਕਟਰ ਗੁਰਨਿੰਦਰ ਸਿੰਘ ਨਮਿੱਤ ਅੰਤਿਮ ਅਰਦਾਸ ਉਪਰੰਤ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਪਾਤਸ਼ਾਹੀ ਛੇਵੀਂ ਮਹਿਲ ਕਲਾਂ (ਬਰਨਾਲਾ) ਵਿਖੇ ਹੋਇਆ। ਇਸ ਮੌਕੇ ਭਾਈ ਜਗਸੀਰ ਸਿੰਘ ਖ਼ਾਲਸਾ ਦੇ ਜਥੇ ਨੇ ਵੈਰਾਗਮਈ ਕੀਰਤਨ ਕੀਤਾ। ਇਸ ਉਪਰੰਤ ਸੀਨੀਅਰ ਪੱਤਰਕਾਰ ਸੁਖਦੇਵ ਸਲੇਮਪੁਰੀ, ਹਰਚਰਨ ਸਿੰਘ ਚੰਨਾ, ਸਮਾਜ ਸੇਵੀ ਮੰਗਤ ਸਿੰਘ ਸਿੱਧੂ ਨੇ ਕਿਹਾ ਕਿ ਡਾ. ਗੁਰਨਿੰਦਰ ਸਿੰਘ ਨੇ ਆਪਣੇ ਜੀਵਨ ਦੌਰਾਨ ਅਨੇਕਾਂ ਲੋੜਵੰਦਾਂ ਦੀ ਮਦਦ ਕੀਤੀ ਤੇ ਸੈਂਕੜੇ ਜਾਨਾਂ ਨੂੰ ਬਚਾਇਆ। ਮਾਲਵਾ ਹਸਪਤਾਲ ਸ਼ੁਰੂ ਕਰਨ ਤੋਂ ਬਾਅਦ ਥੋੜ੍ਹੇ ਸਮੇਂ 'ਚ ਹੀ ਉਨ੍ਹਾ ਆਪਣੀ ਲਿਆਕਤ ਅਤੇ ਹੁਨਰ ਦੇ ਸਦਕਾ ਆਪਣੀ ਵਿਲੱਖਣ ਪਹਿਚਾਣ ਕਾਇਮ ਕੀਤੀ। ਇਲਾਕੇ 'ਚ ਉਨ੍ਹਾਂ ਦੀ ਹਰਮਨਪਿਆਰਤਾ ਦੀ ਗਵਾਹੀ ਅੱਜ ਦਾ ਵਿਸ਼ਾਲ ਇਕੱਠ ਭਰਦਾ ਹੈ। ਕੈਮਿਸਟ ਐਸੋਸੀਏਸ਼ਨ ਦੇ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਅਣਖੀ ਨੇ ਸਾਰਿਆਂ ਦਾ ਧੰਨਵਾਦ ਕੀਤਾ। ਪ੍ਰਧਾਨ ਸ਼ੇਰ ਸਿੰਘ ਖ਼ਾਲਸਾ ਵੱਲੋਂ ਡਾ. ਗੁਰਨਿੰਦਰ ਸਿੰਘ ਦੀ ਮਾਤਾ ਜਸਵੰਤ ਕੌਰ, ਪਤਨੀ ਡਾਕਟਰ ਗੁਰਵਿੰਦਰ ਕੌਰ, ਪੁੱਤਰ ਰਿਜ਼ਵਨ ਸਿੰਘ ਫੂਲਕਾ ਨੂੰ ਸਿਰੋਪਾਓ ਭੇਟ ਕੀਤੇ ਗਏ।

ਮਾਲਵਾ ਹਸਪਤਾਲ ਮਹਿਲ ਕਲਾਂ ਤਰਫ਼ੋਂ ਡਾ. ਗੁਰਨਿੰਦਰ ਸਿੰਘ ਦੀ ਯਾਦ 'ਚ ਸਹਾਇਤਾ ਰਾਸ਼ੀ ਦਾਨ ਵਜੋਂ ਦਿੱਤੀ ਗਈ।

ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਸ਼੍ਰੋਮਣੀ ਗਾਇਕ ਸੁਰਿੰਦਰ ਛਿੰਦਾ, ਭਾਈ ਗੁਰਜੰਟ ਸਿੰਘ ਕੱਟੂ, ਰੂਬਲ ਗਿੱਲ ਕੈਨੇਡਾ, ਚੇਅਰਮੈਨ ਅਵਤਾਰ ਸਿੰਘ ਅਣਖੀ, ਰਿੰਕਾ ਕੁਤਬਾ ਬਾਹਮਣੀਆਂ, ਹਰਵਿੰਦਰ ਕੁਮਾਰ ਜਿੰਦਲ, ਪ੍ਰਧਾਨ ਗਗਨਦੀਪ ਸਿੰਘ ਸਰਾਂ, ਸੀ.ਏ. ਸੰਜੀਵ ਸ਼ਰਮਾ, ਸੰਦੀਪ ਕੁਮਾਰ ਕੌੜਾ, ਗੁਰਦੀਪ ਸਿੰਘ ਸੋਢਾ, ਭਾਕਿਯੂ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਨਿਰਭੈ ਸਿੰਘ ਗਿਆਨੀ, ਸੁਖਵਿੰਦਰ ਸਿੰਘ ਧੂਰਕੋਟ, ਅਜਮੇਰ ਸਿੰਘ ਭੱਠਲ, ਬਲਜਿੰਦਰ ਪ੍ਰਭੂ, ਗੁਰਬਿੰਦਰ ਸਿੰਘ ਜਗਦੇ ਆਦਿ ਹਾਜ਼ਰ ਸਨ।

# ਐੱਸ ਡੀ ਐੱਮ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ

**ਜਗਰਾਉਂ (ਸੰਜੀਵ ਅਰੋੜਾ)**-ਨਵੇਂ ਆਏ ਐਸ ਡੀ ਐਮ ਮਨਜੀਤ ਕੌਰ ਨੇ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗ ਕਰਕੇ ਚੱਲ ਰਹੀਆਂ ਗਤੀਵਿਧੀਆਂ ਸਬੰਧੀ ਜਾਣਕਾਰੀ ਪ੍ਰਾਪਤ ਕੀਤਾ। ਇਸ ਮੌਕੇ ਮਨਜੀਤ ਕੌਰ ਦੇ ਦਫ਼ਤਰੀ ਕੰਮਾਂ ਨੂੰ ਵਧੀਆ ਤੇ ਪਾਰਦਰਸ਼ੀ ਢੰਗ ਨਾਲ ਚਲਾਉਣ ਅਤੇ ਆਪਣੇ ਦਫ਼ਤਰਾਂ ਦੇ ਅਧੀਨ ਕੰਮ ਕਰਦੇ ਕ੍ਰਮਚਾਰੀਆਂ ਨੂੰ ਸਮੇਂ ਸਿਰ ਦਫ਼ਤਰ ਵਿੱਚ ਹਾਜ਼ਰ ਹੋਣ ਦੀ ਹਦਾਇਤ ਕੀਤੀ। ਉਨ੍ਹਾਂ ਸਬ ਡਵੀਜ਼ਨ ਅਧੀਨ ਚੱਲ ਰਹੇ ਵਿਕਾਸ ਕੰਮਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਤੇ ਇਨ੍ਹਾਂ ਕੰਮਾਂ ਨੂੰ ਸਮੇਂ ਸਿਰ ਪੂਰਾ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਦਫ਼ਤਰਾਂ ਵਿਚ ਆਏ ਲੋਕਾਂ ਨੂੰ ਜੇਕਰ ਕੋਈ ਪ੍ਰੇਸ਼ਾਨੀ ਹੈ ਤਾਂ ਉਸ ਵੱਲ ਨਿੱਜੀ ਧਿਆਨ ਦੇ ਕੇ ਉਨ੍ਹਾਂ ਦੀ ਪ੍ਰੇਸ਼ਾਨੀ ਦਾ ਹੱਲ ਕਰਨਾ ਚਾਹੀਦਾ ਹੈ। ਉਨ੍ਹਾਂ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਸਮੱਸਿਆ ਹੈ ਤਾਂ ਉਹ ਮੈਨੂੰ ਦਫ਼ਤਰ ਵਿੱਚ ਕਿਸੇ ਵੀ ਸਮੇਂ ਮਿਲ ਸਕਦੇ ਹਨ। ਇਸ ਮੌਕੇ ਤਹਿਸੀਲਦਾਰ ਮਨਮੋਹਨ ਕੌਸ਼ਿਕ, ਡੀ.ਐਸ.ਪੀ. ਦੀਪਕਰਨ ਸਿੰਘ, ਲੋਕ ਭਲਾਈ ਅਫ਼ਸਰ ਕੁਲਵੰਤ ਸਿੰਘ, ਜਨਰਲ ਮੈਨੇਜਰ ਸੁਖਜੀਤ ਸਿੰਘ, ਐਸ.ਡੀ.ਓ. ਲੋਕ ਨਿਰਮਾਣ ਵਿਭਾਗ ਸਹਿਜਪ੍ਰੀਤ ਸਿੰਘ ਮਾਂਗਟ, ਕੁਲਵਿੰਦਰ ਕੌਰ ਜੋਸ਼ੀ, ਸਤਜੀਤ ਸਿੰਘ ਐਸ.ਡੀ.ਓ. ਪੰਚਾਇਤੀ ਰਾਜ, ਜਸਵਿੰਦਰ ਸਿੰਘ ਡੀ.ਐਫ਼.ਐਸ.ਓ, ਇਕਬਾਲ ਸਿੰਘ ਗਿੱਲ ਐਸ. ਡੀ. ਈ., ਡਾ. ਪੁਨੀਤ ਸਿੱਧੂ ਐਸ.ਐਮ.ਓ, ਡਾ. ਵਰੁਣ ਸੱਗੜ ਐਸ.ਐਮ.ਓ ਹਠੂਰ, ਜਸਮੀਤ ਸਿੰਘ ਸੈਕਟਰੀ, ਸੁਭਾਸ਼ ਕੁਮਾਰ ਸੈਕਟਰੀ, ਅਜੀਤ ਸਿੰਘ ਜੰਗਲਾਤ ਅਫ਼ਸਰ ਤੇ ਜਤਿਨ ਸਿੰਗਲਾ ਐਸ.ਡੀ.ਓ. ਮੰਡੀ ਬੋਰਡ ਹਾਜ਼ਰ ਸਨ।

# ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਮੁਫਤ ਕਾਨੂੰਨੀ ਮਦਦ ਦੇਣ ਦਾ ਵਿਧਾਇਕ ਦੇਵ ਮਾਨ ਨੇ ਕੀਤਾ ਸਵਾਗਤ



**ਨਾਭਾ (ਵਰਿੰਦਰ ਵਰਮਾ)**-ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਵਿਧਾਇਕ ਗੁਰਦੇਵ ਸਿੰਘ ਦੇਵਮਾਨ ਨੇ ਕੈਨੇਡਾ 'ਚ ਦੇਸ਼ ਨਿਕਾਲੇ ਦਾ ਸਾਹਮਣਾ ਕਰ ਰਹੇ ਤਕਰੀਬਨ 700 ਪੰਜਾਬੀ ਵਿਦਿਆਰਥੀਆਂ ਨੂੰ ਪੰਜਾਬ ਸਰਕਾਰ ਵੱਲੋਂ ਮੁਫਤ ਕਾਨੂੰਨੀ ਸਹਾਇਤਾ ਦੇਣ ਦਾ ਸਵਾਗਤ ਕੀਤਾ ਹੈ। ਵਿਧਾਇਕ ਦੇਵ ਮਾਨ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਤੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਬੀਤੇ ਦਿਨੀਂ ਹੀ ਉਹ ਕੈਨੇਡਾ ਤੋਂ ਵਾਪਸ ਪਰਤੇ ਹਨ ਤੇ ਉਥੇ ਪੀੜਤ ਵਿਦਿਆਰਥੀਆਂ ਨੇ ਉਨ੍ਹਾਂ ਨਾਲ ਵੀ ਮੁਲਾਕਾਤ ਕੀਤੀ ਸੀ। ਵਿਧਾਇਕ ਦੇਵਮਾਨ ਨੇ ਕਿਹਾ ਕਿ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿਵਾਇਆ ਸੀ। ਵਿਧਾਇਕ ਦੇਵ ਮਾਨ ਨੇ ਦੱਸਿਆ ਕਿ ਪੰਜਾਬ ਦੇ ਐੱਨ. ਆਰ. ਆਈ. ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਹੈ ਕਿ ਬੀਤੇ ਦਿਨੀਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਵਿਦਿਆਰਥੀ ਨੂੰ ਮੁਫ਼ਤ ਕਾਨੂੰਨੀ ਮਦਦ ਦੇਣ ਦਾ ਐਲਾਨ ਕੀਤਾ ਗਿਆ ਹੈ। ਵਿਧਾਇਕ ਗੁਰਦੇਵ ਸਿੰਘ ਦੇਵਮਾਨ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਇਨ੍ਹਾਂ ਵਿਦਿਆਰਥੀਆਂ ਨਾਲ ਧੋਖਾਧੜੀ ਕਰਨ ਵਾਲੇ ਏਜੰਟਾਂ ਖਿਲਾਫ ਤੁਰੰਤ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਇਸ ਮੌਕੇ ਉਨ੍ਹਾ ਨਾਲ ਤੇਜਿੰਦਰ ਸਿੰਘ ਖਹਿਰਾ, ਡਾ. ਸੁਖਵਿੰਦਰ ਸਿੰਘ ਫਤਿਹਪੁਰ, ਨਿਰਭੈ ਸਿੰਘ ਘੁੰਡਰ ਪ੍ਰਧਾਨ ਟਰੱਕ ਯੂਨੀਅਨ ਭਾਦਸੋਂ ਤੇ ਜਸਵੀਰ ਸਿੰਘ ਵਜੀਦਪੁਰ ਮੌਜੂਦ ਸਨ।

# ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਨਵੇਂ ਬਲਾਕ ਦੀ ਉਸਾਰੀ ਲਈ 9.72 ਕਰੋੜ ਜਾਰੀ : ਸੇਖੋਂ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਜ਼ਿਲ੍ਹਾ ਵਾਸੀਆਂ ਦੀ ਸਹੂਲਤ ਤੇ ਵੱਖ ਵੱਖ ਵਿਭਾਗਾਂ ਦੀ ਮੰਗ 'ਤੇ ਲੋਕਾਂ ਨੂੰ ਸਾਰੇ ਵਿਭਾਗਾਂ ਦੀਆਂ ਸੇਵਾਵਾਂ ਇੱਕ ਇਮਾਰਤ ਵਿਚ ਦੇਣ ਦੇ ਮਨੋਰਥ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਫਰੀਦਕੋਟ ਵਿਖੇ 9.72 ਕਰੋੜ ਦੀ ਰਾਸ਼ੀ ਨਾਲ ਇੱਕ ਹੋਰ ਨਵੇਂ ਬਲਾਕ ਦੀ ਉਸਾਰੀ ਕੀਤੀ ਜਾਵੇਗੀ ਤਾਂ ਜੋ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਬਾਹਰ ਰਹਿ ਗਏ ਜ਼ਿਲੇ ਦੇ ਵੱਖ ਵੱਖ ਥਾਵਾਂ 'ਤੇ ਸਥਾਪਤ ਵਿਭਾਗਾਂ ਦੇ ਦਫਤਰ ਇਸ ਬਿਲਡਿੰਗ ਵਿਚ ਲਿਆਂਦੇ ਜਾ ਸਕਨ। ਇਹ ਜਾਣਕਾਰੀ ਫਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਦਿੱਤੀ। ਵਿਧਾਇਕ ਸੇਖੋਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਾਰੇ ਦਫਤਰ ਪ੍ਰਾਈਵੇਟ ਬਿਲਡਿੰਗਾਂ ਵਿੱਚੋਂ ਕੱਢ ਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਕਰਨ ਦੇ ਫੈਸਲੇ ਮਗਰੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਥਾਂ ਦੀ ਕਮੀ ਹੋਣ ਕਾਰਨ ਕਈ ਵਿਭਾਗਾਂ ਦੇ ਦਫਤਰ ਜ਼ਿਲਾ ਪ੍ਰਬੰਧਕੀ ਕੰਪਲੈਕਸ ਤੋਂ ਬਾਹਰ ਰਹਿ ਗਏ ਸਨ। ਇਸ ਕਰਕੇ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਅਤੇ ਵਿਭਾਗਾਂ ਦੀ ਮੰਗ ਅਨੁਸਾਰ ਉਨ੍ਹਾਂ ਨੇ ਵਿਧਾਨ ਸਭਾ ਵਿੱਚ ਮੁੱਦਾ ਉਠਾਇਆ। ਉਨ੍ਹਾਂ ਕਿਹਾ ਕਿ ਇਹ ਬਲਾਕ ਉਦੋਂ ਦਾ ਪੈਡਿੰਗ ਚੱਲਿਆ ਆ ਰਿਹਾ ਸੀ ਜਦੋਂ ਦਾ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਬਣਿਆ ਹੈ। ਉਨ੍ਹਾ ਪ੍ਰਵਾਨਗੀ ਦੇਣ ਲਈ ਭਗਵੰਤ ਮਾਨ, ਮੁੱਖ ਮੰਤਰੀ ਪੰਜਾਬ ਦਾ ਧੰਨਵਾਦ ਕੀਤਾ। ਉਨ੍ਹਾ ਕਿਹਾ ਕਿ ਇਸ ਬਲਾਕ ਦੇ ਬਣਨ ਨਾਲ ਲੋਕਾਂ ਨੂੰ ਇਕ ਥਾਂ ਤੋਂ ਸਾਰੇ ਵਿਭਾਗਾਂ ਦੀਆਂ ਸੇਵਾਵਾਂ ਮਿਲਣਗੀਆਂ ਤੇ ਉਨ੍ਹਾਂ ਦੇ ਸਮੇਂ ਦੀ ਬੱਚਤ ਹੋਵੇਗੀ।

# ਪਬਲਿਕ ਸਕੂਲ ਹਾਮਝੇੜੀ 'ਚ ਸਮਰ ਕੈਂਪ ਲਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਪਬਲਿਕ ਸੀਨੀਅਰ ਸੈਕੰਡਰੀ ਸਕੂਲ (ਟਰੱਸਟ) ਹਾਮਝੇੜੀ ਵਿਖੇ ਵਿਦਿਆਰਥੀਆਂ ਨੂੰ ਸਕੂਲ ਵਿੱਚ ਕੀਤੀਆਂ ਗਈਆਂ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਸਮਰ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਦੌਰਾਨ ਵਿਦਿਆਰਥੀਆਂ ਦੇ ਸਰੀਰਕ ਤੇ ਮਾਨਸਿਕ ਵਿਕਾਸ ਨੂੰ ਮੁੱਖ ਰੱਖਦਿਆਂ ਸਰਗਰਮੀਆਂ ਕਰਵਾਈਆਂ ਗਈਆਂ। ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਗੁਰਨਾਮ ਸਿੰਘ ਜੱਜ ਨੇ ਦੱਸਿਆ ਕਿ ਦੋ ਦਿਨ ਚੱਲੇ ਇਸ ਕੈਂਪ ਵਿੱਚ ਆਧੁਨਿਕ ਸਮੇਂ ਮੁਤਾਬਕ ਜਿੱਥੇ ਨਵੇਂ-ਨਵੇਂ ਵਿਚਾਰਾਂ ਦਾ ਅਦਾਨ ਪ੍ਰਦਾਨ ਕੀਤਾ ਗਿਆ, ਉਥੇ ਵਿਦਿਆਰਥੀਆਂ ਦੇ ਸਰੀਰਕ ਤੇ ਮਾਨਸਿਕ ਵਿਕਾਸ ਲਈ ਪ੍ਰਫੁਲਿਤ ਕਰਨ ਲਈ ਨਵੀਆਂ ਨਵੀਆਂ ਪ੍ਰੇਰਨਾਦਾਇਕ ਖੇਡਾਂ, ਯੋਗਾ, ਅੰਗਰੇਜ਼ੀ ਸ਼ਬਦ ਅੰਤਾਕਸ਼ਰੀ, ਵਿਗਿਆਨ ਨਾਲ ਸਬੰਧਤ ਗਤੀਵਿਧੀਆਂ ਤੋਂ ਇਲਾਵਾ ਹੋਰ ਵੱਖ-ਵੱਖ ਸਰਗਰਮੀਆਂ ਕਰਵਾਈਆਂ ਤਾਂ ਕਿ ਵਿਦਿਆਰਥੀਆਂ ਵਿੱਚ ਮੁਕਾਬਲੇ ਦੀ ਭਾਵਨਾ ਪੈਦਾ ਕੀਤੀ ਜਾ ਸਕੇ।

ਉਨ੍ਹਾਂ ਦੱਸਿਆ ਕਿ ਸਕੂਲ ਪਿਛਲੇ ਲੰਬੇ ਸਮੇਂ ਤੋਂ ਇਲਾਕੇ ਵਿੱਚ ਸਮਾਜ ਸੇਵੀ ਸੰਸਥਾ ਦੇ ਤੌਰ 'ਤੇ ਕੰਮ ਕਰਦਾ ਰਿਹਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਾਈਸ ਪ੍ਰਿੰਸੀਪਲ ਸਤਵਿੰਦਰ ਸਿੰਘ ਚਾਹਲ, ਬਲਕਾਰ ਸਿੰਘ, ਅਜੀਤ ਸਿੰਘ, ਰਾਜਵਿੰਦਰ ਕੌਰ ਤੇ ਕਾਂਤਾ ਰਾਣੀ ਆਦਿ ਹਾਜ਼ਰ ਸਨ।

# ਮੁਕਤਸਰ-ਫਿਰੋਜ਼ਪੁਰ ਰੋਡ ਦੀ ਖਸਤਾ ਹਾਲਤ ਵਿਰੁੱਧ ਕਿਰਤੀ ਕਿਸਾਨ ਯੂਨੀਅਨ ਵੱਲੋਂ ਧਰਨਾ ਤੇ ਜਾਮ ਭਲਕੇ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**

ਪਿਛਲੇ 20 ਸਾਲਾਂ ਤੋਂ ਬੁਰੀ ਤਰ੍ਹਾਂ ਟੁੱਟੀ ਪਈ ਮੁਕਤਸਰ ਫਿਰੋਜ਼ਪੁਰ ਨੈਸ਼ਨਲ ਹਾਈਵੇ ਰੋਡ, ਜੋ ਚਾਰ ਜ਼ਿਲ੍ਹਿਆਂ ਦੀਆਂ ਹੱਦਾਂ ਨੂੰ ਜੋੜਦੀ ਹੈ, ਇਸ ਸੜਕ ਰਾਸਤੇ ਰਾਹੀਂ ਸਫਰ ਕਰਨ ਵਾਲੇ ਲੋਕਾਂ ਨੂੰ ਵੱਡੀਆਂ ਮੁਸੀਬਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਹੁਣ ਤੱਕ ਕਈ ਕੀਮਤੀ ਜਾਨਾਂ ਹਾਦਸਿਆਂ ਦਾ ਸ਼ਿਕਾਰ ਹੋ ਚੁੱਕੀਆਂ ਹਨ, ਪਰ ਸਰਕਾਰ ਘੂਕ ਸੁੱਤੀ ਪਈ ਹੈ, ਲੋਕਾਂ ਦੀਆਂ ਮੁਸ਼ਕਲਾਂ ਨਾਲ ਉਨ੍ਹਾਂ ਦਾ ਕੋਈ ਵਾਹ ਵਾਸਤਾ ਨਜ਼ਰ ਨਹੀਂ ਆਉਂਦਾ। ਕਿਰਤੀ ਕਿਸਾਨ ਯੂਨੀਅਨ ਵੱਲੋਂ ਸੜਕ ਨੂੰ ਜਲਦ ਚਾਲੂ ਕਰਾਉਣ ਲਈ ਭਗਵੰਤ ਮਾਨ ਦੀ ਸਰਕਾਰ ਨੂੰ ਜਗਾਉਣ ਵਾਸਤੇ 13 ਜੂਨ ਨੂੰ ਪਿੰਡ ਭੰਗੇਵਾਲਾ ਕੋਲ ਵਿਸ਼ਾਲ ਧਰਨਾ ਦਿੱਤਾ ਜਾਵੇਗਾ ਤੇ ਰੋਡ ਨੂੰ ਜਾਮ ਕੀਤਾ ਜਾਵੇਗਾ। ਇਸ ਸਬੰਧੀ ਸੂਬਾ ਕਮੇਟੀ ਮੈਂਬਰ ਤੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ ਦੀ ਅਗਵਾਈ ਹੇਠ ਭਾਈ ਮਹਾ ਸਿੰਘ ਹਾਲ ਵਿਖੇ ਤਿਆਰੀ ਮੀਟਿੰਗ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਸਕੱਤਰ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ, ਜ਼ਿਲ੍ਹਾ ਮੀਤ ਪ੍ਰਧਾਨ ਨਿਰਮਲ ਸਿੰਘ ਗੋਨਿਆਣਾ ਨੇ ਕਿਹਾ ਕਿ ਪਿਛਲੇ ਦਿਨੀਂ ਕਿਰਤੀ ਕਿਸਾਨ ਯੂਨੀਅਨ ਵੱਲੋਂ ਫਿਰੋਜ਼ਪੁਰ-ਮੁਕਤਸਰ ਸਾਹਿਬ ਰੋਡ ਨੂੰ ਬਣਵਾਉਣ ਲਈ ਭੰਗੇਵਾਲਾ ਬੱਸ ਅੱਡੇ 'ਤੇ 4 ਘੰਟੇ ਲਈ ਸੰਕੇਤਕ ਧਰਨਾ ਦਿੱਤਾ ਗਿਆ ਸੀ, ਪਰ ਇੱਥੋਂ ਦੇ ਕਿਸੇ ਰਾਜਨੀਤਕ ਨੁਮਾਇੰਦੇ ਤੇ ਪ੍ਰਸ਼ਾਸਨ ਅਧਿਕਾਰੀਆਂ ਦੇ ਕੰਨ 'ਤੇ ਜੂੰ ਤੱਕ ਨਹੀਂ ਸਰਕੀ। ਇਸ ਲਈ ਜਥੇਬੰਦੀ ਨੂੰ ਮੁੜ ਸੜਕ ਜਾਮ ਕਰਨ ਦਾ ਫ਼ੈਸਲਾ ਲੈਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਚੋਣਾਂ ਤੋਂ ਪਹਿਲਾਂ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਸਾਡੀ ਸਰਕਾਰ ਬਨਣ 'ਤੇ ਲੋਕਾਂ ਨੂੰ ਧਰਨਿਆਂ ਦੀ ਲੋੜ ਨਹੀਂ ਪਵੇਗੀ, ਹਰ ਸਮੱਸਿਆ ਨੂੰ ਮਿਲ ਬੈਠ ਕੇ ਹੱਲ ਕੀਤਾ ਜਾਵੇਗਾ, ਪਰ ਅੱਜ ਲੋਕਾਂ ਨੂੰ ਆਪਣੀਆਂ ਹੱਕੀ ਮੰਗਾਂ ਮਸਲੇ ਹੱਲ ਕਰਾਉਣ ਲਈ ਧਰਨੇ ਲਗਾਉਣ ਤੋਂ ਸਿਵਾਏ ਕੋਈ ਹੱਲ ਨਜ਼ਰ ਨਹੀਂ ਆ ਰਿਹਾ। ਉਨ੍ਹਾਂ ਕਿਹਾ ਕਿ ਸੜਕ ਨੇੜਲੇ ਇਲਾਕਾ ਨਿਵਾਸੀ ਵਾਰ-ਵਾਰ ਇਹ ਮਸਲਾ ਰਾਜਨੀਤਕ ਨੁਮਾਇੰਦਿਆਂ ਤੇ ਅਧਿਕਾਰੀਆਂ ਦੇ ਧਿਆਨ ਵਿੱਚ ਲਿਆ ਚੁੱਕੇ ਹਨ, ਪਰ ਲਾਰਿਆਂ ਤੋਂ ਬਿਨਾਂ ਉਨ੍ਹਾਂ ਦੇ ਪਿੜ ਪੱਲੇ ਕੁਝ ਨਹੀਂ ਪਿਆ। ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਬੀਬੀ ਬਲਜੀਤ ਕੌਰ ਨੇ ਸਹੁੰ ਚੁੱਕਣ ਤੋਂ ਬਾਅਦ ਐਲਾਨ ਕੀਤਾ ਸੀ ਕਿ ਇਹ ਸੜਕ ਬਹੁਤ ਜਲਦੀ ਬਣ ਜਾਵੇਗੀ, ਪਰ ਸਾਲ ਤੋਂ ਵੱਧ ਸਮਾਂ ਬੀਤ ਜਾਣ ਤੋਂ ਬਾਅਦ ਵੀ ਪਰਨਾਲਾ ਉੱਥੇ ਦਾ ਉੱਥੇ ਖੜ੍ਹਾ ਹੈ। ਸੜਕ 'ਤੇ ਪਏ ਵੱਡੇ ਵੱਡੇ ਖੱਡਿਆਂ ਕਰਕੇ ਕਰੋੜਾਂ ਦੀ ਕੀਮਤੀ ਮਸ਼ੀਨਰੀ ਖਰਾਬ ਹੋ ਰਹੀ ਹੈ। ਇਸ ਸੜਕ 'ਤੇ ਬਿਮਾਰ ਮੁਸਾਫ਼ਰਾਂ ਲਈ ਸਫ਼ਰ ਕਰਨਾ ਤਾਂ ਹੋਰ ਵੀ ਬੇਹੱਦ ਤਕਲੀਫਦੇਹ ਹੈ। ਆਗੂਆਂ ਨੇ ਇਲਾਕਾ ਨਿਵਾਸੀਆਂ ਤੇ ਹਰ ਰੋਜ਼ ਇਸ ਸੜਕ ਰਾਹੀਂ ਸਫ਼ਰ ਕਰਨ ਵਾਲੇ ਲੋਕਾਂ ਨੂੰ ਅਪੀਲ ਕੀਤੀ ਕਿ 13 ਜੂਨ ਨੂੰ ਪਿੰਡ ਭੰਗੇਵਾਲਾ ਬੱਸ ਸਟੈਂਡ 'ਤੇ ਲਗਾਏ ਜਾ ਰਹੇ ਵਿਸ਼ਾਲ ਧਰਨੇ ਵਿੱਚ ਵੱਧ ਤੋਂ ਵੱਧ ਗਿਣਤੀ 'ਚ ਸ਼ਮੂਲੀਅਤ ਕੀਤੀ ਜਾਵੇ ਤਾਂ ਜੋ ਸੜਕ ਬਣਾਉਣ ਦਾ ਕੰਮ ਜਲਦ ਸ਼ੁਰੂ ਕਰਵਾਇਆ ਜਾਵੇ। ਅੰਤ ਵਿੱਚ ਇੱਕ ਮਤੇ ਰਾਹੀਂ ਹਰਿਆਣਾ ਪੁਲਸ ਵੱਲੋਂ ਕਿਸਾਨਾਂ 'ਤੇ ਕੀਤੇ ਗਏ ਭਾਰੀ ਲਾਠੀਚਾਰਜ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕੀਤੀ ਗਈ। ਇਸ ਮੌਕੇ ਬਲਵਿੰਦਰ ਸਿੰਘ ਕੋਟਲੀ ਸੰਘਰ, ਸੁਖਪਾਲ ਸਿੰਘ ਰਾਮਗੜ੍ਹ ਚੂੰਘਾਂ, ਜਸਪਾਲ ਸਿੰਘ ਚੱਕ ਬਾਜਾ ਮਡਾਹੜ, ਭੋਲਾ ਲੰਡੇ ਰੋਡੇ, ਫੌਜੀ ਬਲਜੀਤ ਸਿੰਘ ਝਬੇਲਵਾਲੀ, ਜਥੇਦਾਰ ਤੇਜ ਸਿੰਘ ਝਬੇਲਵਾਲੀ, ਪਾਲ ਸਿੰਘ ਗੋਨੇਆਣਾ, ਚਰਨ ਸਿੰਘ ਗੋਨੇਆਣਾ, ਸੁਖਵਿੰਦਰ ਸਿੰਘ, ਨਰਵੀਰ ਸਿੰਘ, ਪ੍ਰਦੀਪ ਕੌਰ ਚੱਕ ਗਾਂਧਾ ਸਿੰਘ ਵਾਲਾ, ਦਵਿੰਦਰ ਸਿੰਘ ਲੁਬਾਣਿਆਂ ਵਾਲੀ ਤੇ ਹੋਰ ਸਾਥੀ ਹਾਜ਼ਰ ਸਨ।

# ਭਾਜਪਾ ਪੰਜਾਬ ਅੰਦਰ 2024 'ਚ ਇੱਕ ਮਜ਼ਬੂਤ ਧਿਰ ਬਣ ਕੇ ਉਭਰੇਗੀ : ਅਸ਼ਵਨੀ ਸ਼ਰਮਾ

**ਦੋਰਾਹਾ (ਹਰਮਿੰਦਰ ਸੇਠ)**

ਪੰਜਾਬ ਵਿਚ ਭਾਜਪਾ ਦੀ ਸਰਕਾਰ ਬਣਦੇ ਹੀ ਜਿੱਥੇ ਗਰੀਬਾਂ, ਮਜ਼ਦੂਰਾਂ, ਪੈਨਸ਼ਨਰਾਂ, ਮੁਲਾਜ਼ਮਾਂ ਤੇ ਬੇਰੁਜ਼ਗਾਰ ਨੌਜਵਾਨਾਂ ਲਈ ਸਪੈਸ਼ਲ ਪ੍ਰੋਗਰਾਮ ਚਲਾ ਕੇ ਉਨ੍ਹਾਂ ਦੀਆਂ ਸਾਰੀਆਂ ਮੰਗਾਂ ਨੂੰ ਪੂਰਾ ਕੀਤਾ ਜਾਵੇਗਾ, ਉੱਥੇ ਪੰਜਾਬ 'ਚ ਸਾਰੇ ਵਰਗਾਂ ਦੇ ਨਾਲ-ਨਾਲ ਇੰਡਸਟਰੀ ਨੂੰ ਪ੍ਰਫੁੱਲਿਤ ਕਰਨ ਲਈ ਸਸਤੀ ਅਤੇ 24 ਘੰਟੇ ਬਿਜਲੀ ਦੀ ਸਪਲਾਈ ਨੂੰ ਯਕੀਨੀ ਬਣਾਇਆ ਜਾਵੇਗਾ। ਇਹ ਵਿਚਾਰ ਭਾਜਪਾ ਦੇ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਦੋਰਾਹਾ ਵਿਖੇ ਭਾਜਪਾ ਦੇ ਪੁਰਾਣੇ ਵਰਕਰ ਸਾਬਕਾ ਜ਼ਿਲ੍ਹਾ ਜਨਰਲ ਸਕੱਤਰ ਪ੍ਰਿੰਸੀਪਲ ਜਤਿੰਦਰ ਸ਼ਰਮਾ ਦੇ ਗ੍ਰਹਿ ਵਿਖੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਾਂਝੇ ਕੀਤੇ। ਇਸ ਮੌਕੇ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਭਾਜਪਾ ਦੇ ਵਰਕਰਾਂ ਨਾਲ 2024 ਵਿੱਚ ਆ ਰਹੀਆਂ ਲੋਕ ਸਭਾ ਚੋਣਾਂ ਬਾਰੇ ਵਿਚਾਰ ਵਟਾਂਦਰਾ ਵੀ ਕੀਤਾ। ਉਨ੍ਹਾ ਕਿਹਾ ਕਿ ਭਾਜਪਾ ਪੰਜਾਬ ਅੰਦਰ 2024 'ਚ ਲੋਕ ਸਭਾ ਦੀਆਂ 13 ਦੀਆਂ 13 ਸੀਟਾਂ ਭਾਰੀ ਬਹੁਮਤ ਨਾਲ ਜਿੱਤ ਕੇ ਇਤਿਹਾਸ ਸਿਰਜੇਗੀ ਤੇ ਪੰਜਾਬ 'ਚ ਇੱਕ ਮਜ਼ਬੂਤ ਧਿਰ ਬਣ ਕੇ ਉਭਰੇਗੀ। ਉਨ੍ਹਾ ਨਾਲ ਭਾਜਪਾ ਦੇ ਸੂਬਾ ਜਨਰਲ ਸਕੱਤਰ ਬਿਕਰਮਜੀਤ ਸਿੰਘ ਚੀਮਾ, ਭਾਜਪਾ ਆਗੂ ਪ੍ਰੋ. ਭੁਪਿੰਦਰ ਸਿੰਘ ਚੀਮਾ, ਸੀਨੀਅਰ ਭਾਜਪਾ ਆਗੂ ਡਾਕਟਰ ਅਸ਼ੀਸ਼ ਕੁਮਾਰ ਸੂਦ, ਜ਼ਿਲ੍ਹਾ ਸਕੱਤਰ ਨਰੇਸ਼ ਕੁਮਾਰ ਆਨੰਦ, ਮੰਡਲ ਪ੍ਰਧਾਨ ਜਗਤਾਰ ਸਿੰਘ ਕੂਕਾ ਕੱਦੋਂ ਵਿਸ਼ੇਸ਼ ਤੌਰ 'ਤੇ ਪੁੱਜੇ। ਪ੍ਰਿੰਸੀਪਲ ਜਤਿੰਦਰ ਸ਼ਰਮਾ, ਡਾਕਟਰ ਅਸ਼ੀਸ਼ ਕੁਮਾਰ ਸੂਦ ਨੇ ਕਿਹਾ ਕਿ ਮੌਜੂਦਾ ਸਮੇਂ 'ਚ ਪੰਜਾਬ ਸਰਕਾਰ ਤੋਂ ਦੁਖੀ ਹੋ ਕੇ ਪੰਜਾਬ ਵਾਸੀ ਭਾਜਪਾ 'ਚ ਆਪਣਾ ਭਵਿੱਖ ਦੇਖ ਰਹੇ ਹਨ। ਸ਼ਹਿਰਾਂ ਦੇ ਨਾਲ-ਨਾਲ ਪਿੰਡਾਂ 'ਚ ਵੀ ਲੋਕਾਂ ਦਾ ਰੁਝਾਨ ਭਾਜਪਾ ਵੱਲ ਵਧ ਰਿਹਾ ਹੈ। ਮੈਡਮ ਨੀਰਜ ਸ਼ਰਮਾ, ਰਜਤ ਸ਼ਰਮਾ ਅਤੇ ਭਾਜਪਾ ਵਰਕਰਾਂ ਵੱਲੋਂ ਅਸ਼ਵਨੀ ਸ਼ਰਮਾ ਨੂੰ ਫੁੱਲਾਂ ਦੇ ਬੁੱਕੇ ਦੇ ਕੇ ਉਨ੍ਹਾ ਦਾ ਸਨਮਾਨ ਵੀ ਕੀਤਾ ਗਿਆ।

12-June-PAGE-11-Majha-23.qxd 6/11/2023 9:19 PM Page 1



# ਜ਼ਹਿਰੀਲਾ ਚਾਰਾ ਖਾਣ ਨਾਲ 6 ਪਸ਼ੂਆਂ ਦੀ ਮੌਤ, ਲੱਖਾਂ ਦਾ ਨੁਕਸਾਨ



**ਭਿੱਖੀਵਿੰਡ/ ਖਾਲੜਾ (ਲਖਵਿੰਦਰ ਸਿੰਘ ਗੋਲਣ/ ਰਣਬੀਰ ਸਿੰਘ ਗੋਲਣ)**–ਹਲਕਾ ਖੇਮਕਰਨ ਅਧੀਨ ਪੈਂਦੇ ਪਿੰਡ ਘਰਿਆਲਾ ਵਿਖੇ ਜ਼ਹਿਰੀਲਾ ਚਾਰਾ ਖਾਣ ਨਾਲ ਗਰੀਬ ਕਿਸਾਨ ਦੇ 6 ਦੁਧਾਰੂ ਪਸ਼ੂਆਂ ਦੀ ਮੌਤ ਹੋ ਜਾਣ ਦੀ ਦੁਖਦਾਈ ਘਟਨਾ ਸਾਹਮਣੇ ਆਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੀੜਤ ਕਿਸਾਨ ਗੁਰਦਿਆਲ ਸਿੰਘ ਨੇ ਦੱਸਿਆ ਕਿ ਉਹ ਕੱਲ ਸਵੇਰੇ ਖੇਤਾਂ 'ਚੋਂ ਵੱਢ ਕੇ ਲਿਆਂਦਾ ਚਾਰਾ ਆਪਣੇ ਪਸ਼ੂਆਂ ਨੂੰ ਪਾ ਕੇ ਘਰ ਵਾਪਸ ਆ ਗਿਆ। ਥੋੜ੍ਹੀ ਦੇਰ ਬਾਅਦ ਜਦੋਂ ਉਹ ਦੁਬਾਰਾ ਪਸ਼ੂਆਂ ਕੋਲ ਗਿਆ ਤਾਂ ਉਸਦੇ ਦੁਧਾਰੂ ਪਸ਼ੂ ਤੜਫ ਰਹੇ ਸਨ, ਜਿਸ ਤੋਂ ਤੁਰੰਤ ਬਾਅਦ ਉਸਨੇ ਇੱਕ ਪ੍ਰਾਈਵੇਟ ਵੈਟਰਨਰੀ ਡਾਕਟਰ ਨੂੰ ਬੁਲਾਇਆ। ਪੀੜਤ ਕਿਸਾਨ ਦਾ ਕਹਿਣਾ ਸੀ ਕਿ ਵੈਟਰਨਰੀ ਡਾਕਟਰ ਨੇ ਪਸ਼ੂਆਂ ਦੀ ਜਾਂਚ ਕਰਨ ਮਗਰੋਂ ਦੱਸਿਆ ਕਿ ਚਾਰੇ 'ਚ ਮੌਜੂਦ ਕੋਈ ਜ਼ਹਿਰੀਲੀ ਚੀਜ਼ ਨਿਗਲਣ ਨਾਲ ਪਸ਼ੂ ਤੜਫ ਰਹੇ ਹਨ। ਇਸਦੇ ਨਾਲ ਹੀ ਡਾਕਟਰ ਨੇ ਦੱਸਿਆ ਕਿ ਹੁਣ ਪਸ਼ੂਆਂ ਦੀ ਜਾਨ ਬਚਾਉਣਾ ਸੰਭਵ ਨਹੀਂ ਹੈ, ਜਿਸ ਤੋਂ ਥੋੜ੍ਹੀ ਦੇਰ ਬਾਅਦ ਉਸ ਦੇ ਪਸ਼ੂ ਤੜਫ-ਤੜਫ ਕੇ ਮਰਨੇ ਸ਼ੁਰੂ ਹੋ ਗਏ। ਗਰੀਬ ਕਿਸਾਨ ਨੇ ਦੱਸਿਆ ਕਿ ਉਹ ਇਨ੍ਹਾਂ ਪਸ਼ੂਆਂ ਦਾ ਦੁੱਧ ਵੇਚ ਕੇ ਘਰ ਦਾ ਗੁਜ਼ਾਰਾ ਕਰਦਾ ਸੀ। ਇਸ ਮੌਕੇ ਪੀੜਤ ਕਿਸਾਨ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਉਸਨੂੰ ਮੁਆਵਜ਼ਾ ਦਿੱਤਾ ਜਾਵੇ ਤਾਂ ਜੋ ਉਹ ਕਰਜ਼ੇ ਹੇਠਾਂ ਦੱਬਣੋਂ ਬਚ ਸਕੇ। ਉੱਧਰ ਪੀੜਤ ਕਿਸਾਨ ਗੁਰਦਿਆਲ ਸਿੰਘ ਦੇ ਘਰ ਇਕੱਤਰ ਹੋਏ ਪਿੰਡ ਘਰਿਆਲਾ ਦੇ ਲੋਕਾਂ ਨੇ ਸਮਾਜ ਸੇਵੀ ਸੱਜਣਾਂ ਅਤੇ ਐੱਨਆਰਆਈ ਵੀਰਾਂ ਨੂੰ ਅਪੀਲ ਕੀਤੀ ਹੈ ਕਿ ਗਰੀਬ ਕਿਸਾਨ ਗੁਰਦਿਆਲ ਸਿੰਘ ਦੀ ਸਹਾਇਤਾ ਕੀਤੀ ਜਾਵੇ। ਵਰਣਨਯੋਗ ਹੈ ਕਿ ਦਾਨੀ ਸੱਜਣ ਉਪਰੋਕਤ ਗਰੀਬ ਕਿਸਾਨ ਦੀ ਮਦਦ ਕਰਨ ਲਈ ਉਨ੍ਹਾਂ ਦੇ ਮੋਬਾਇਲ ਨੰਬਰ 9914203290 'ਤੇ ਸੰਪਰਕ ਕਰ ਸਕਦੇ ਹਨ।

# ਬੱਚਿਆਂ ਨੇ ਸਕੂਲ 'ਚ ਮੈਂਗੋ ਤੇ ਯੈਲੋ ਡੇ ਮਨਾਇਆ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**–ਡੇਰਾ ਬਾਬਾ ਨਾਨਕ ਦੇ ਨਜ਼ਦੀਕ ਪੈਂਦੇ ਸੁਖਮਨੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਚਾਕਾਂਵਾਲੀ ਵਿਖੇ ਨਰਸਰੀ ਤੋਂ ਦੂਸਰੀ ਜਮਾਤ ਦੇ ਵਿਦਿਆਰਥੀਆਂ ਵੱਲੋਂ ਯੈਲੋ ਡੇ ਅਤੇ ਮੈਂਗੋ ਡੇ ਮਨਾਇਆਂ ਗਿਆ। ਇਸ ਮੌਕੇ ਛੋਟੇ-ਛੋਟੇ ਬੱਚਿਆਂ ਨੇ ਯੈਲੋ ਡਰੈੱਸ ਪਾ ਕੇ ਕਵਿਤਾਵਾਂ ਤੇ ਡਾਂਸ ਕੀਤਾ ਅਤੇ ਮੈਂਗੋ ਪਾਰਟੀ ਕੀਤੀ। ਇਸ ਮੌਕੇ ਕੇ. ਜੀ. ਸੈਕਸ਼ਨ ਨੂੰ ਸੂਰਜ ਮੁੱਖੀ ਦੇ ਫੁੱਲਾ ਅਤੇ ਪੀਲੇ ਗੁਬਾਰਿਆਂ ਨਾਲ ਸਜਾਇਆਂ ਗਿਆ। ਇਹ ਦਿਨ ਬੱਚਿਆਂ ਨੂੰ ਰੰਗਾਂ ਦੀ ਪਹਿਚਾਣ ਕਰਾਉਣ ਲਈ ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਮੈਡਮ ਰਜਨੀ ਬਾਲਾ, ਮਨਦੀਪ ਕੌਰ, ਪਲਕ, ਰਜਨੀ, ਪਰਮਜੀਤ, ਕਾਂਜਲ, ਜਤਿੰਦਰ ਕੌਰ ਆਦਿ ਹਾਜ਼ਰ ਸਨ।

# ਜਾਇਜ਼ ਮੰਗਾਂ ਨੂੰ ਲੈ ਕੇ ਪੈਨਸ਼ਨਰ ਗੁਰੂ ਨਾਨਕ ਪਾਰਕ ਵਿਖੇ ਕਰਨਗੇ ਰੋਸ ਰੈਲੀ



**ਗੁਰਦਾਸਪੁਰ (ਜਨਕ ਮਹਾਜਨ)**–ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਗੁਰਦਾਸਪੁਰ ਦੀ ਜ਼ਿਲ੍ਹਾ ਪੱਧਰੀ ਇਕੱਤਰਤਾ ਸ਼ਹੀਦ ਬਲਜੀਤ ਸਿੰਘ ਯਾਦਗਾਰੀ ਹਾਲ ਗੁਰਦਾਸਪੁਰ ਵਿਖੇ ਜਵੰਦ ਸਿੰਘ ਜ਼ਿਲ੍ਹਾ ਪ੍ਰਧਾਨ ਅਤੇ ਅਜੀਤ ਸਿੰਘ ਕਾਹਲੋਂ ਜੀਟੀਯੂ ਦੇ ਸਾਬਕਾ ਆਗੂਆਂ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ। ਇਸ ਇਕੱਤਰਤਾ ਦੌਰਾਨ ਪੈਨਸ਼ਨਰਜ਼ ਜੁਆਇੰਟ ਫਰੰਟ ਪੰਜਾਬ ਵੱਲੋਂ ਅੱਕ ਕੇ ਲਏ ਗਏ ਫੈਸਲੇ ਅਨੁਸਾਰ ਪੰਜਾਬ ਸਰਕਾਰ ਦੇ ਮੈਂ ਨਾ ਮਾਨੂੰ ਵਰਗੇ ਰਵਈਏ ਖਿਲਾਫ 14 ਜੂਨ ਨੂੰ ਪੰਜਾਬ ਦੇ ਸਾਰੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਰੈਲੀਆਂ ਕਰਕੇ ਡੀਸੀ ਸਾਹਿਬਾਨ ਰਾਹੀਂ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜੇ ਜਾਣ ਦਾ ਪ੍ਰੋਗਰਾਮ ਹੈ। ਇਸ ਪ੍ਰੋਗਰਾਮ ਦੀ ਕੜੀ ਵਿੱਚ 14 ਜੂਨ ਦਿਨ ਬੁੱਧਵਾਰ ਨੂੰ ਜ਼ਿਲ੍ਹਾ ਗੁਰਦਾਸਪੁਰ ਦੇ ਗੁਰੂਨਾਨਕ ਪਾਰਕ ਵਿਖੇ ਸਵੇਰੇ ਠੀਕ 11-00 ਵਜੇ ਰੈਲੀ ਕੀਤੀ ਜਾਵੇਗੀ ਅਤੇ ਮਗਰੋਂ ਡੀ ਸੀ ਸਾਹਿਬ ਨੂੰ ਮੰਗ ਪੱਤਰ ਦਿੱਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਵੰਦ ਸਿੰਘ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਸਮੂਹ ਪੈਨਸ਼ਨਰ ਸਾਥੀਆਂ ਨੂੰ ਉੱਪਰ ਦੱਸੇ ਪ੍ਰੋਗਰਾਮ ਅਨੁਸਾਰ ਇਸ ਰੈਲੀ ਨੂੰ ਸਫਲ ਬਣਾਉਣ ਹਿੱਤ ਇਸ ਵਿੱਚ ਹੁੰਮ-ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ ਗਈ। ਇਸ ਮੌਕੇ ਜਿਹੜੇ ਹੋਰ ਬੁਲਾਰਿਆਂ ਨੇ ਸੰਬੋਧਨ ਕਰਦਿਆਂ 2.59 ਦੇ ਗੁਣਾਂਕ, ਪੇ-ਕਮਿਸ਼ਨ ਦਾ 1/1/16 ਤੋਂ ਬਣਦਾ ਬਕਾਇਆ ਫੌਰੀ ਤੌਰ 'ਤੇ ਦੇਣ, ਡੀਏ ਦੀਆਂ ਰਹਿੰਦੀਆਂ ਕਿਸ਼ਤਾਂ ਦੇਣ, ਕੈਸ਼ਲੈੱਸ ਹੈਲਥ ਬੀਮਾ ਸਕੀਮ ਆਦਿ ਲਾਗੂ ਕਰਨ, ਏਡਿਡ ਸਕੂਲਾਂ ਦੀ ਪੇ-ਕਮਿਸ਼ਨ ਦੀ ਰਿਪੋਰਟ ਜਾਰੀ ਕਰਨ ਦੀਆਂ ਮੰਗਾਂ ਉਭਾਰੀਆਂ। ਉਨ੍ਹਾਂ ਵਿੱਚ ਅਜੀਤ ਸਿੰਘ ਕਾਹਲੋਂ, ਮੱਖਣ ਕੁਹਾੜ, ਜੋਗਿੰਦਰ ਪਾਲ ਸੈਣੀ, ਸਵਿੰਦਰ ਸਿੰਘ ਔਲਖ, ਅਬਿਨਾਸ ਸਿੰਘ, ਰੂਪ ਚੰਦ ਸ਼ਰਮਾ, ਸਾਧੂ ਰਾਮ ਅਤੇ ਮੰਗਤ ਚੰਚਲ ਦੇ ਨਾਂ ਸ਼ਾਮਲ ਹਨ। ਜ਼ਿਲ੍ਹਾ ਵਿੱਤ ਸਕੱਤਰ ਸੁਰੇਸ਼ ਸ਼ਰਮਾ ਨੇ ਵਿਸ਼ੇਸ਼ ਜਾਣਕਾਰੀਆਂ ਜਿਵੇਂ ਫੈਮਿਲੀ ਪੈਨਸ਼ਨ ਲਗਵਾਉਣ ਵੇਲੇ ਹੁਣ ਕੋਈ ਐਫੀਡੈਵਿਟ ਨਹੀਂ ਦੇਣਾ ਪਵੇਗਾ, ਇਸ ਤੋਂ ਇਲਾਵਾ ਅੱਖਾਂ ਦੇ ਲੈਨਜ਼, ਗੋਡੇ ਬਦਲਣ ਅਤੇ ਚੂਲਾ ਬਦਲਣ ਦੇ ਕਲੇਮਾਂ ਦੇ ਵਧੇ ਹੋਏ ਰੇਟਾਂ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਅਮਰਜੀਤ ਸੈਣੀ, ਦੌਲਤ ਸਿੰਘ, ਅਵਤਾਰ ਸਿੰਘ, ਰਘਬੀਰ ਸਿੰਘ ਚਾਹਲ, ਜੋਗਿੰਦਰ ਸਿੰਘ ਡਾਲੀਆ, ਪ੍ਰੇਮ ਨਾਥ, ਕਪੂਰ ਸਿੰਘ ਘੁੰਮਣ, ਸਾਈਂ ਦਾਸ, ਸੇਵਾ ਸਿੰਘ, ਦਰਬਾਰੀ ਲਾਲ, ਜਗਜੀਤ ਸਿੰਘ ਅਤੇ ਮਹਿੰਦਰ ਸਿੰਘ ਵੀ ਇਕੱਤਰਤਾ ਵਿੱਚ ਹਾਜ਼ਰ ਹੋਏ।

# ਰਸੂਲਪੁਰ 'ਚ ਬੱਚਿਆਂ ਦਾ ਦੂਸਰਾ ਹਫਤਾਵਾਰੀ ਗੁਰਮਤਿ ਸਮਰ ਕੈਂਪ ਆਯੋਜਿਤ

## ਮੈਡਲ, ਧਾਰਮਿਕ ਪੁਸਤਕਾਂ ਤੇ ਸਨਮਾਨ ਪੱਤਰ ਦੇ ਕੇ ਬੱਚਿਆਂ ਨੂੰ ਕੀਤਾ ਸਨਮਾਨਿਤ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**–ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਤਬੀਰ ਸਿੰਘ ਓਐੱਸਡੀ ਪ੍ਰਧਾਨ ਸ਼੍ਰੋਮਣੀ ਕਮੇਟੀ ਤੇ ਬਲਵਿੰਦਰ ਸਿੰਘ ਕਾਹਲਵਾਂ ਸਕੱਤਰ ਧਰਮ ਪ੍ਰਚਾਰ ਕਮੇਟੀ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਪਿੰਡ ਰਸੂਲਪੁਰ ਵਿਖੇ ਹਫਤਾਵਾਰੀ ਗੁਰਮਤਿ ਸਮਰ ਕੈਂਪ ਲਗਾਇਆ ਗਿਆ। ਇਸ ਗੁਰਮਤਿ ਸਮਰ ਕੈਂਪ ਵਿੱਚ ਭਾਈ ਬਲਬੀਰ ਸਿੰਘ ਸੇਖਵਾਂ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਭਾਈ ਸਿਮਰਨਜੀਤ ਸਿੰਘ ਕੋਟ ਟੋਡਰ ਮੱਲ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਭਾਈ ਲਾਲ ਸਿੰਘ ਕਵੀਸ਼ਰ, ਭਾਈ ਗੁਰਪਿੰਦਰ ਸਿੰਘ, ਭਾਈ ਜਗਜੀਤ ਸਿੰਘ, ਭਾਈ ਖੁਸ਼ਵੰਤ ਸਿੰਘ ਅਤੇ ਭਾਈ ਸਿਮਰਨਜੀਤ ਸਿੰਘ ਵੱਲੋਂ ਗੁਰਦੁਆਰਾ ਸਾਹਿਬ ਪਿੰਡ ਰਸੂਲਪੁਰ ਵਿਖੇ 40 ਬੱਚਿਆਂ ਨੂੰ ਸੱਤ ਦਿਨ ਇਕੱਤਰ ਕਰਕੇ ਸਿੱਖ ਧਰਮ ਦੀ ਮੁੱਢਲੀ ਸਿੱਖਿਆ, ਗੁਰਬਾਣੀ, ਸਿੱਖ ਇਤਿਹਾਸ ਅਤੇ ਰਹਿਤ ਮਰਿਯਾਦਾ ਦੀ ਸਿੱਖਿਆ ਦਿੱਤੀ। ਕੈਂਪ ਦੀ ਸੰਪੂਰਨਤਾ ਮੌਕੇ ਜਥੇਦਾਰ ਗੋਰਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਬੱਚਿਆਂ ਨੂੰ ਸੱਤ ਦਿਨ ਦੌਰਾਨ ਦਿੱਤੀ ਗਈ ਧਾਰਮਿਕ ਸਿੱਖਿਆ ਬਾਰੇ ਬੱਚਿਆਂ ਦੇ ਮਾਪਿਆਂ, ਸੰਗਤਾਂ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨਗਰ ਦੇ ਮੋਹਤਬਰਾਂ ਦੀ ਹਾਜ਼ਰੀ ਵਿੱਚ ਦਸ ਗੁਰੂ ਸਾਹਿਬਾਨ, ਪੰਜ ਪਿਆਰੇ ਸਾਹਿਬਾਨ, ਚਾਰ ਸਾਹਿਬਜ਼ਾਦਿਆਂ, ਪੰਜ ਤਖਤ ਸਾਹਿਬ, ਪੰਜ ਕਕਾਰ ਸਮੇਤ ਗੁਰੂ ਸਾਹਿਬਾਨ ਦੇ ਜੀਵਨ ਅਤੇ ਸਿੱਖ ਇਤਿਹਾਸ ਦੇ ਨਾਲ ਸਬੰਧਤ ਸਵਾਲ ਪੁੱਛੇ ਗਏ ਜਿਨ੍ਹਾਂ ਦੇ ਬੱਚਿਆਂ ਵੱਲੋਂ ਸਟੇਜ ਤੇ ਆ ਕੇ ਬਾਖੂਬੀ ਜਵਾਬ ਸੁਣਾਏ ਗਏ। ਜਥੇਦਾਰ ਗੋਰਾ ਨੇ ਗੁਰਮਤਿ ਸਮਰ ਕੈਂਪ ਵਿੱਚ ਭਾਗ ਲੈਣ ਵਾਲੇ 40 ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ, ਗ੍ਰੰਥੀ ਸਿੰਘਾਂ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨਗਰ ਦੇ ਮੋਹਤਬਰਾਂ ਦਾ ਸਹਿਯੋਗ ਦੇਣ ਲਈ ਤਹਿ ਦਿਲੋਂ ਧੰਨਵਾਦ ਕੀਤਾ।

ਅੰਤ ਵਿੱਚ ਜਥੇਦਾਰ ਗੋਰਾ ਨੇ ਗੁਰਮਤਿ ਸਮਰ ਕੈਂਪ ਵਿੱਚ ਭਾਗ ਲੈਣ ਬੱਚਿਆਂ ਨੂੰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭੇਜੇ ਗਏ ਮੈਡਲ, ਧਾਰਮਿਕ ਪੁਸਤਕਾਂ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ। ਇਸ ਦੌਰਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਜਥੇਦਾਰ ਗੋਰਾ ਵੱਲੋਂ ਕੀਤੇ ਜਾ ਰਹੇ ਸਿੱਖੀ ਦੇ ਪ੍ਰਚਾਰ ਪ੍ਰਸਾਰ ਦੀ ਭਰਪੂਰ ਸ਼ਲਾਘਾ ਕੀਤੀ।

# ਪੈਟਰੋਲ/ਡੀਜ਼ਲ ਦੀਆਂ ਕੀਮਤਾਂ 'ਚ ਵਾਧਾ ਜਨਤਾ ਨਾਲ ਇਕ ਹੋਰ ਧੱਕਾ: ਬੱਖਤਪੁਰਾ

**ਬਟਾਲਾ (ਤਰਲੋਕ ਬੱਗਾ)**–ਸੀਪੀਆਈਐੱਮ ਐਲ ਲਿਬਰੇਸ਼ਨ ਨੇ ਵਪਾਰਕ ਬਿਜਲੀ ਦਰਾਂ ਵਿਚ ਕੀਤੇ 80 ਪੈਸੇ ਪ੍ਰਤੀ ਯੂਨਿਟ ਵਾਧੇ ਤੋਂ ਬਾਅਦ ਪਟਰੋਲ ਅਤੇ ਡੀਜ਼ਲ ਦੀਆਂ ਵੈਟ ਦਰਾਂ ਵਿਚ ਕ੍ਰਮਵਾਰ 92 ਅਤੇ 90 ਪੈਸੇ ਦੇ ਕੀਤੇ ਗਏ ਵਾਧੇ ਨੂੰ ਕਿਸਾਨਾਂ ਅਤੇ ਆਮ ਜਨਤਾ ਨਾਲ ਕੀਤਾ ਇਕ ਹੋਰ ਧੱਕਾ ਦੱਸਿਆ। ਇਸ ਸਬੰਧੀ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਕਿਹਾ ਕਿ ਇਹ ਵਾਧੇ ਕਰਕੇ ਮਾਨ ਸਰਕਾਰ ਨੇ 600 ਯੂਨਿਟ ਫ੍ਰੀ ਬਿਜਲੀ ਦਾ ਹਿਸਾਬ ਕਿਤਾਬ ਬਰਾਬਰ ਕਰ ਲਿਆ ਹੈ। ਸਰਕਾਰ ਦੇ ਇਸ ਕਦਮ ਨਾਲ ਪਟਰੋਲ ਪੰਪ ਮਾਲਕਾਂ ਦੇ ਕਾਰੋਬਾਰ ਵਿੱਚ ਵੀ ਗਿਰਾਵਟ ਆਵੇਗੀ ਕਿਉਂਕਿ ਗੁਵਾਂਢੀ ਰਾਜਾ ਵਿਚ ਡੀਜ਼ਲ/ਪਟਰੋਲ ਸਸਤਾ ਹੋਣ ਕਾਰਣ ਬਲੈਕ ਵਿਚ ਵਾਧਾ ਹੋਵੇਗਾ। ਸਰਕਾਰ ਬਾਲਗ ਔਰਤਾਂ ਨੂੰ 1000 ਰੁਪਏ ਸਹਾਇਤਾ ਦੇਣ, ਬੁਢਾਪਾ ਅਤੇ ਵਿਧਵਾ ਪੈਨਸ਼ਨ 2500 ਰੁਪਏ ਕਰਨ ਸਮੇਤ ਜਨਤਾ ਦੇ ਵੱਖ-ਵੱਖ ਵਰਗਾਂ ਨਾਲ ਕੀਤੀਆਂ ਗਰੰਟੀਆ ਪੂਰੀਆਂ ਕਰਨ ਦੀ ਬਜਾਏ ਜਨਤਾ ਤੇ ਨਵੇਂ ਟੈਕਸਾਂ ਦਾ ਬੋਝ ਪਾ ਰਹੀ ਹੈ ਜਦੋਂਕਿ ਸਰਕਾਰ ਸਰਕਾਰੀ ਪੈਸੇ ਨਾਲ ਆਪਣੀ ਫੋਕੀ ਸ਼ੋਹਰਤ ਲਈ ਕਰੋੜਾਂ ਰੁਪਏ ਇਸ਼ਤਿਹਾਰਬਾਜ਼ੀ ਉਪਰ ਖਰਚ ਕਰ ਰਹੀ ਹੈ। ਬੱਖਤਪੁਰਾ ਨੇ ਕਿਹਾ ਕਿ ਕੀ ਮਾਨ ਸਰਕਾਰ ਦੱਸ ਸਕਦੀ ਹੈ ਕਿ ਸਰਕਾਰ ਨੇ ਪਹਿਲਾਂ ਜਲੰਧਰ ਅਤੇ ਹੁਣ ਮਾਨਸਾ ਵਿੱਚ ਕੈਬਨਿਟ ਦੀ ਮੀਟਿੰਗ ਕਰਕੇ ਪੰਜਾਬ ਅਤੇ ਲੋਕਾਂ ਦਾ ਕੀ ਭੱਲਾ ਕੀਤਾ ਹੈ? ਉਨ੍ਹਾਂ ਕਿਹਾ ਕਿ ਸਰਕਾਰ ਨੂੰ ਰਾਜਨੀਤਕ ਡਰਾਮੇਬਾਜ਼ੀ ਕਰਨ ਦੀ ਥਾਂ ਲਗਾਤਾਰ ਵਿਗੜ ਰਹੀ ਅਮਨ-ਕਾਨੂੰਨ ਦੀ ਹਾਲਤ ਸੁਧਾਰਨ ਅਤੇ ਚਿੱਟੇ ਨਾਲ ਨੌਜਵਾਨਾਂ ਦੀਆ ਹੋ ਰਹੀਆਂ ਲਗਾਤਾਰ ਮੌਤਾਂ ਨੂੰ ਰੋਕਣ ਲਈ ਪੁਲਿਸ ਅਫਸਰਸ਼ਾਹੀ 'ਤੇ ਸ਼ਿਕੰਜਾ ਕੱਸਿਆ ਜਾਣਾਂ ਚਾਹੀਦਾ ਹੈ ਪਰ ਸਰਕਾਰ ਇਸ ਤਰ੍ਹਾਂ ਕਰਨ ਦੀ ਬਜਾਏ ਪਹਿਲੀਆਂ ਸਰਕਾਰਾਂ ਦੀ ਤਰਜ਼ ਉਪਰ ਪੁਲਸ ਦੀ ਵਰਤੋਂ ਆਪਣੇ ਵਿਰੋਧੀਆਂ ਖਿਲਾਫ ਕਰ ਰਹੀ ਹੈ। ਬੱਖਤਪੁਰਾ ਨੇ ਕਿਹਾ ਕਿ ਸਰਕਾਰ ਡੀਜ਼ਲ/ਪਟਰੋਲ ਦੀਆਂ ਕੀਮਤਾਂ ਵਿੱਚ ਕੀਤੇ ਵਾਧੇ ਨੂੰ ਵਾਪਸ ਲਵੇ ਨਹੀਂ ਤਾਂ ਜਨਤਾ ਸੜਕਾਂ 'ਤੇ ਆਉਣ ਲਈ ਮਜਬੂਰ ਹੋਵੇਗੀ।

# ਭਾਸ਼ਾ ਵਿਭਾਗ ਪੰਜਾਬ ਵੱਲੋਂ ਪ੍ਰਸਿੱਧ ਸ਼ਾਇਰ ਸੁਲੱਖਣ ਸਰਹੱਦੀ ਸਨਮਾਨਿਤ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**–ਪੰਜਾਬ ਸਰਕਾਰ ਵਲੋਂ ਭਾਸ਼ਾ ਵਿਭਾਗ ਪੰਜਾਬ ਰਾਹੀਂ ਭਾਸ਼ਾਵਾਂ ਦੇ ਵਿਕਾਸ ਦੇ 75ਵੇਂ ਸਾਲ ਦੇ ਉਪਲਕਸ਼ ਵਿੱਚ ਪੰਜਾਬੋਂ ਬਾਹਰ ਦੇਸ਼ ਦੇ ਦੂਸਰੇ ਸੂਬਿਆਂ ਵਿੱਚ ਵੱਸਦੇ ਪੰਜਾਬੀਆਂ ਨੂੰ ਆਪਣੀ ਬੋਲੀ, ਵਿਰਸੇ ਅਤੇ ਸੱਭਿਆਚਾਰ ਨਾਲ ਜੋੜਨ ਲਈ ਪੰਜਾਬ ਤੋਂ ਬਾਹਰ ਸਾਹਿਤਕ ਅਤੇ ਸੱਭਿਆਚਾਰਕ ਸਮਾਗਮਾਂ ਦੀ ਲੜੀ ਤਹਿਤ ਇਸ ਵਾਰ 31ਵਾਂ ਦੋ ਰੋਜ਼ਾ ਸਾਹਿਤਕ ਅਤੇ ਸੱਭਿਆਚਰਕ ਸਮਾਗਮ ਹਿਮਾਚਲ ਪ੍ਰਦੇਸ ਵਿਖੇ ਸੈਂਟਰ ਯੂਨੀਵਰਸਿਟੀ ਧਰਮਸ਼ਾਲਾ (ਸੈਮੀਨਾਰ ਹਾਲ ਸਰਕਾਰੀ ਡਿਗਰੀ ਕਾਲਜ) ਵਿੱਚ ਕਰਵਾਇਆ ਗਿਆ। ਇਸ ਮੌਕੇ ਸ਼੍ਰੋਮਣੀ ਪੰਜਾਬੀ ਕਵੀ ਦਰਸ਼ਨ ਬੁੱਟਰ ਦੀ ਪ੍ਰਧਾਨਗੀ ਹੇਠ ਹੋਏ ਪੰਜਾਬ ਪੱਧਰੀ ਕਵੀ ਦਰਬਾਰ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੇ ਸੰਸਾਰ ਪ੍ਰਸਿੱਧ ਸ਼ਾਇਰ ਸੁਲੱਖਣ ਸਰਹੱਦੀ ਨੂੰ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਣ ਦਾ ਮਾਣ ਮਿਲਿਆ, ਜਦਕਿ ਸ਼੍ਰੋਮਣੀ ਪੰਜਾਬੀ ਕਵੀ ਸੁਰਜੀਤ ਜੱਜ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਸਮਾਗਮ ਵਿੱਚ ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਡਾ: ਵੀਰਪਾਲ ਕੌਰ, ਸਹਾਇਕ ਡਾਇਰੈਕਟਰ ਡਾ: ਹਰਪ੍ਰੀਤ ਕੌਰ, ਡਿਪਟੀ ਡਾਇਰੈਕਟਰ ਡਾ: ਸਤਨਾਮ ਸਿੰਘ, ਡਾ: ਸੰਤੋਖ ਸਿੰਘ ਸੁੱਖੀ, ਡਾ: ਮਨਿੰਦਰ ਸਿੰਘ ਆਦਿ ਸਮੇਤ ਭਾਸ਼ਾ ਵਿਭਾਗ ਪੰਜਾਬ ਦੀਆਂ ਹੋਰ ਵੀ ਪ੍ਰਮੁੱਖ ਸ਼ਖਸੀਅਤਾਂ ਤੋਂ ਇਲਾਵਾ ਪੰਜਾਬ ਭਰ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਬੁਲਾਏ ਗਏ ਚੋਣਵੇਂ ਕਵੀਆਂ ਨੇ ਸ਼ਮੂਲੀਅਤ ਕੀਤੀ ਅਤੇ ਰਚਨਾਵਾਂ ਪੇਸ਼ ਕੀਤੀਆਂ। ਸਮਾਗਮ ਦੌਰਾਨ ਜ਼ਿਲ੍ਹਾ ਗੁਰਦਾਸਪੁਰ/ਅੰਮ੍ਰਿਤਸਰ ਦੇ ਭਾਸ਼ਾ ਅਫਸਰ ਡਾ: ਪਰਮਜੀਤ ਸਿੰਘ ਕਲਸੀ ਵਲੋਂ ਮੰਚ ਸੰਚਾਲਨ ਦੀ ਭੂਮਿਕਾ ਨਿਭਾਈ ਗਈ। ਇਸ ਮੌਕੇ ਭਾਸ਼ਾ ਵਿਭਾਗ ਪੰਜਾਬ ਵਲੋਂ ਮੁੱਖ ਮਹਿਮਾਨ ਸੁਲੱਖਣ ਸਰਹੱਦੀ, ਦਰਸ਼ਨ ਬੁੱਟਰ, ਸੁਰਜੀਤ ਜੱਜ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਸਬੰਧੀ ਜ਼ਿਲ੍ਹਾ ਭਾਸ਼ਾ ਅਫਸਰ ਗੁਰਦਾਸਪੁਰ ਡਾ: ਕਲਸੀ ਨੇ ਦੱਸਿਆ ਕਿ ਸਮਾਗਮਾਂ ਦੌਰਾਨ ਭਾਸ਼ਾ ਸੈਮੀਨਾਰ ਵਿੱਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਚੇਅਰਮੈਨ ਤੇ ਭਾਸ਼ਾ ਵਿਗਿਆਨੀ ਡਾ: ਸਰਬਜੀਤ ਸਿੰਘ ਨੇ ਵਿਦਵਤਾ ਭਰਪੂਰ ਜਾਣਕਾਰੀ ਦਿੰਦਿਆਂ ਕਿਹਾ ਕਿ ਹਿਮਾਚਲ ਪ੍ਰਦੇਸ ਵਿੱਚਲੇ ਜਿਸ ਸਥਾਨ 'ਤੇ ਅਸੀਂ ਇਹ ਸਮਾਗਮ ਕਰ ਹਾਂ ਇਹ ਵੀ ਪੰਜਾਬ ਅਤੇ ਪੰਜਾਬੀ ਦਾ ਹੀ ਇਕ ਹਿੱਸਾ ਸੀ। ਦੂਜੇ ਦਿਨ ਸ਼ਾਮ ਨੂੰ ਦੇ ਆਖਰੀ ਪੜਾਅ ਵਿੱਚ ਪ੍ਰਸਿੱਧ ਸੂਫ਼ੀ ਗਾਇਕ ਕੰਵਰ ਗਰੇਵਾਲ ਨੇ ਆਪਣੇ ਫਨ ਦਾ ਮੁਜ਼ਾਹਰਾ ਕਰਦਿਆਂ ਹਾਜ਼ਰੀਨ ਨੂੰ ਮੰਤਰ ਮੁਗਧ ਕੀਤਾ। ਇਨ੍ਹਾਂ ਸਮਾਗਮਾਂ ਵਿੱਚ ਪੰਜਾਬ ਤੋਂ ਇਲਾਵਾ ਹਿਮਾਚਲ ਪ੍ਰਦੇਸ਼ ਦੇ ਲੋਕ ਵੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।

# ਜੌੜੀਆਂ ਕਲਾਂ 'ਚ ਸ਼ਰਧਾਲੂ ਸੰਗਤਾਂ ਨੇ ਛਬੀਲ ਤੇ ਲੰਗਰ ਲਗਾਇਆ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** ਡੇਰਾ ਬਾਬਾ ਨਾਨਕ ਤੋਂ ਫਤਿਹਗੜ ਚੂੜੀਆਂ ਰੋਡ 'ਤੇ ਪੈਂਦੇ ਚੌਕ ਜੌੜੀਆਂ ਕਲਾਂ ਨੇੜੇ ਰਾਧਾ ਸੁਆਮੀ ਸਤਿਸੰਗ ਘਰ (ਬਿਆਸ) ਮਿੰਟੇ ਦੀ ਚੱਕੀ ਤੇ ਹਰ ਸਾਲ ਦੀ ਤਰ੍ਹਾਂ ਨਜ਼ਦੀਕੀ ਪਿੰਡ ਜੌੜੀਆਂ ਕਲਾਂ ਦੀਆਂ ਸੰਗਤਾਂ ਵੱਲੋਂ ਸ੍ਰੀ ਗੁਰੂ ਅਰਜੁਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਡੇ-ਮਿੱਠੇ ਜਲ ਦੀ ਛਬੀਲ ਅਤੇ ਲੰਗਰ ਲਗਾਇਆ ਗਿਆ। ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪਿੰਡ ਜੌੜੀਆਂ ਕਲਾਂ ਦੇ ਮੈਂਬਰ ਪੰਚਾਇਤ ਕੁਲਦੀਪ ਸਿੰਘ ਬਾਜਵਾ ਤੇ ਮੱਖਣ ਸਿੰਘ ਸੈਕਟਰੀ ਨੇ ਦੱਸਿਆ ਕਿ ਅੱਜ ਸਮੂਹ ਪਿੰਡ ਜੌੜੀਆਂ ਕਲਾਂ ਦੀਆਂ ਸੰਗਤਾਂ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅਤੇ ਵਧ ਰਹੀ ਗਰਮੀ ਨੂੰ ਦੇਖਦਿਆਂ ਇਸ ਰਸਤੇ ਤੋਂ ਗੁਜ਼ਰਨ ਵਾਲੀਆਂ ਸੰਗਤਾਂ ਲਈ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਕਾ ਲੰਗਰ ਲਗਾਇਆ, ਜਿਸ ਨੂੰ ਆਉਣ ਜਾਣ ਵਾਲੀ ਵਾਲੀਆਂ ਸੰਗਤਾਂ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੀਆਂ ਬੜੇ ਪਿਆਰ ਨਾਲ ਛਕ ਰਹੀਆਂ ਹਨ। ਇਸ ਮੌਕੇ ਪੂਰਨ ਸਿੰਘ, ਬਾਬਾ ਗੁਰਦਿਆਲ ਸਿੰਘ, ਕੁਲਦੀਪ ਸਿੰਘ ਮੈਬਰ, ਮੱਖਣ ਸਿੰਘ ਸੈਕਟਰੀ, ਬਾਬਾ ਸੁੱਚਾ ਸਿੰਘ, ਪਰਮਿੰਦਰ ਸਿੰਘ, ਹਰਜੀਤ ਸਿੰਘ, ਸਵਰਨ ਸਿੰਘ, ਮੁਖਤਾਰ ਸਿੰਘ, ਬਲਜੀਤ ਸਿੰਘ, ਜਸਨ ਬਾਜਵਾ, ਜੋਗਿੰਦਰ ਸਿੰਘ, ਰਾਜਨ ਬਾਜਵਾ, ਸਾਹਿਲ ਬਾਜਵਾ, ਜਗਮਿੰਦਰ ਬਾਜਵਾ, ਕਰਨ ਬਾਜਵਾ, ਗਗਨ ਬਾਜਵਾ, ਹਰਮਨ ਸਿੰਘ, ਤੇਜਬੀਰ ਸਿੰਘ, ਸਹਰੂਪ ਸਿੰਘ, ਬਲਜਿੰਦਰ ਅਰਸ਼ ਅਤੇ ਸਰਵਣ ਸਿੰਘ ਆਦਿ ਹਾਜ਼ਰ ਸਨ।

# ਸਰਬੱਤ ਦੇ ਭਲੇ ਲਈ ਸੁਖਮਨੀ ਸਾਹਿਬ ਪਾਠ ਦੇ ਭੋਗ ਪਾਏ



**ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)**–ਅੱਡਾ ਝਬਾਲ ਵਿਖੇ ਤਰਨਤਰਨ ਰੋਡ ਸਥਿਤ ਘੋਨਾ ਮਾਰਕੀਟ ਵਿੱਚ ਸਮੂਹ ਦੁਕਾਨਦਾਰਾਂ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਸੁਖਨੀ ਸਾਹਿਬ ਪਾਠ ਦੇ ਭੋਗ ਪਵਾਏ ਗਏ। ਉਪਰੰਤ ਕੀਰਤਨੀ ਜਥੇ ਭਾਈ ਗੁਰਵੇਲ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਵਲੋਂ ਕੀਰਤਨ ਨਾਲ ਸੰਗਤਾਂ ਨੂੰ ਗੁਰੂ ਘਰ ਨਾਲ ਜੋੜਿਆ ਗਿਆ। ਇਸ ਮੌਕੇ ਗੁਰੂ ਘਰ ਦੇ ਲੰਗਰ ਅਟੁੱਟ ਵਰਤਾਏ ਗਏ। ਵਿਸ਼ੇਸ਼ ਤੌਰ ਤੇ ਹਾਜ਼ਰੀ ਭਰਨ ਲਈ ਪਹੁੰਚੇ ਅੱਡਾ ਝਬਾਲ ਦੇ ਸਰਪੰਚ ਅਵਨ ਕੁਮਾਰ ਸੋਨੂੰ ਚੀਮਾ ਨੂੰ ਗਲੀ ਬਣਾਉਣ ਵਿੱਚ ਦਿੱਤੇ ਉਨ੍ਹਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ ਤੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਤੇ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਦੀ ਤਸਵੀਰ ਭੇਟ ਕਰਕੇ ਸਨਮਾਨਿਤ ਕੀਤਾ। ਸਰਪੰਚ ਸੋਨੂੰ ਚੀਮਾ ਵਲੋਂ ਵੀ ਸਮੂਹ ਦੁਕਾਨਦਾਰਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਅੱਡਾ ਝਬਾਲ ਦੇ ਸਰਪੰਚ ਸੋਨੂੰ ਚੀਮਾ, ਸੁਰਿੰਦਰ ਸਿੰਘ ਧੁੰਨਾ, ਨਰਿੰਦਰ ਸਿੰਘ ਘੋਨਾ ਝਬਾਲ, ਸਿਮਰਨ ਧੁੰਨਾ, ਬਲਜਿੰਦਰ ਸਿੰਘ ਸੋਨੂੰ, ਸੁਰਜੀਤ ਸਿੰਘ ਸੋਹਲ, ਗਿਆਨ ਸਿੰਘ ਟੈਲੀਫੋਨ ਵਾਲੇ, ਤਾਰਾ ਚੰਦ, ਸੁਰਿੰਦਰ ਸਿੰਘ ਸ਼ਿੰਦਾ, ਜੱਗੂ ਨੂਰਦੀ, ਵਿੱਕੀ ਫੋਟੋ ਸਟੂਡੀਓ, ਮਨਦੀਪ ਸਿੰਘ, ਹਰਦੀਪ ਸਿੰਘ, ਮਨਜਿੰਦਰ ਸਿੰਘ ਲਹਿਰੀ, ਜਸਪਿੰਦਰ ਸਿੰਘ, ਜਗਮੋਹਨ ਸਿੰਘ ਬੈਟਰੀਆਂ ਵਾਲਾ, ਲਾਲੀ ਨੰਦਾ, ਰਿਕੂ ਅੱਡਾ ਝਬਾਲ, ਲੱਖਾ ਸਿੰਘ, ਹੈਪੀ ਅਮਨ ਅਰੋੜਾ, ਜੈ ਟੇਲਰ, ਮਾਸਟਰ ਹਜੂਰਾ ਸਿੰਘ ਸੋਹਲ, ਸਾਗਰ ਸ਼ਰਮਾ, ਸਾਹਬ ਸਿੰਘ ਝਬਾਲ, ਅਮਰ ਕੇਵਲ ਵਾਲਾ, ਗੁਰਜਿੰਦਰ ਸਿੰਘ ਗਿੰਦਾ, ਬਲਜੀਤ ਸਿੰਘ ਸੋਢੀ, ਕੰਵਲਜੀਤ ਸਿੰਘ ਟੋਨੀ, ਬਿਕਰਮਜੀਤ ਸਿੰਘ ਬਿੱਕਰ, ਗੁਰਸੇਵਕ ਸਿੰਘ, ਰਾਜਨ ਮਸੀਹ, ਸਿਮਰਨਜੀਤ ਸਿੰਘ ਚੀਮਾ, ਸਿਮਰਨ ਧੁੰਨਾ, ਖਾਲਸਾ ਮਸ਼ੀਨਾਂ ਵਾਲਾ ਅਤੇ ਮੰਗਾ ਸਿੰਘ ਆਦਿ ਹਾਜ਼ਰ ਸਨ।

# ਵਿਦੇਸ਼ਾਂ 'ਚ ਵਸਦੇ ਪੰਜਾਬੀ ਸਾਹਿਤਕਾਰਾਂ/ਕਲਮਕਾਰਾਂ ਨੂੰ ਡਾਇਰੈਕਟਰੀ ਲਈ ਵੇਰਵੇ ਭੇਜਣ ਦੀ ਅਪੀਲ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**–ਵਿਦੇਸ਼ਾਂ ਵਿੱਚ ਰਹਿੰਦੇ ਸਾਹਿਤਕਾਰਾਂ (ਕਲਮਕਾਰਾਂ) ਜੋ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਕਾਰਜਸ਼ੀਲ ਹਨ, ਉਨ੍ਹਾਂ ਮਾਂ ਬੋਲੀ ਪਿਆਰਿਆਂ ਲਈ ਇਕ ਡਾਇਰੈਕਟਰੀ ਪ੍ਰਕਾਸ਼ਿਤ ਕੀਤੀ ਜਾਵੇਗੀ। ਪ੍ਰੈੱਸ ਨੂੰ ਜਾਰੀ ਇੱਕ ਸਾਂਝੇ ਬਿਆਨ ਵਿੱਚ ਡਾ. ਜਸਬੀਰ ਸਿੰਘ ਸਰਨਾ ਅਤੇ ਡਾ. ਚਰਨਜੀਤ ਸਿੰਘ ਗੁਮਟਾਲਾ ਨੇ ਕਿਹਾ ਕਿ ਭਾਰਤ ਨੂੰ ਛੱਡ ਕੇ ਅਮਰੀਕਾ, ਕੈਨੇਡਾ, ਇੰਗਲੈਂਡ, ਪਾਕਿਸਤਾਨ, ਯੂਰਪ ਆਦਿ ਦੇਸਾਂ ਦੇ ਪੰਜਾਬੀ ਲੇਖਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਇਕ ਮਹੀਨੇ ਦੇ ਅੰਦਰ-ਅੰਦਰ ਆਪਣੇ ਬਾਰੇ ਜਾਣਕਾਰੀ ਭੇਜਣ ਦੀ ਖੇਚਲ ਕਰਨ। ਲੋੜੀਂਦੇ ਵੇਰਵੇ ਇਸ ਪ੍ਰਕਾਰ ਹਨ : ਨਾਮ, ਜਨਮ ਮਿਤੀ, ਜਨਮ ਸਥਾਨ, ਮਾਤਾ ਪਿਤਾ ਦਾ ਨਾਂ, ਕਿੱਤਾ, ਪੁਸ਼ਤਾਨੀ ਪਿੰਡ ਅਤੇ ਦੇਸ਼, ਛੱਪੀਆਂ ਪੁਸਤਕਾਂ ਦੇ ਨਾਂ ਅਤੇ ਛੱਪਣ ਦਾ ਵਰ੍ਹਾ, ਇਨਾਮ/ਸਨਮਾਨ, ਪੂਰਾ ਪਤਾ, ਇੱਕ ਰੰਗਦਾਰ ਫੋਟੋ, ਮੋਬਾਇਲ ਫੋਨ ਨੰਬਰ, ਈ-ਮੇਲ। ਇਹ ਜਾਣਕਾਰੀ ਡਾ. ਜਸਬੀਰ ਸਿੰਘ ਸਰਨਾ, ਵਟਸ ਐਪ ਨੰਬਰ 919906566604 ਈ-ਮੇਲ jbsingh.801@gmail.com ਜਾਂ ਡਾ. ਚਰਨਜੀਤ ਸਿੰਘ ਗੁਮਟਾਲਾ ਨੂੰ ਵਟਸ ਐਪ 919417533060 ਜਾਂ ਈ-ਮੇਲ jbsingh.801@gmail.com ਰਾਹੀਂ ਭੇਜਣ ਦੀ ਖੇਚਲ ਕੀਤੀ ਜਾਵੇ। ਇਸ ਤੋਂ ਪਹਿਲਾਂ ਉਨ੍ਹਾਂ ਵੱਲੋਂ ਅਦਬਨਾਮਾ ਖਾਲਸਾ ਕਾਲਜ ਅੰਮ੍ਰਿਤਸਰ ਦੇ ਦੋ ਐਡੀਸ਼ਨ ਪ੍ਰਕਾਸ਼ਿਤ ਹੋ ਚੁੱਕੇ ਹਨ।

# ਮਾਤਾ ਜਗੀਰ ਕੌਰ ਦੀ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ



**ਚੋਹਲਾ ਸਾਹਿਬ (ਰਮਨ ਚੱਢਾ)**–ਬਿਜਲੀ ਬੋਰਡ ਦੇ ਸਾਬਕਾ ਜੇਈ ਸੁਖਵੰਤ ਸਿੰਘ ਦੇ ਮਾਤਾ ਜਗੀਰ ਕੌਰ ਪਤਨੀ ਸਵਰਗਵਾਸੀ ਮੇਲਾ ਸਿੰਘ ਕੁਝ ਦਿਨ ਪਹਿਲਾਂ ਸੰਖੇਪ ਬਿਮਾਰੀ ਪਿੱਛੋਂ ਪਰਮਾਤਮਾ ਵਲੋਂ ਬਖਸ਼ੇ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਪਰਲੋਕ ਸਿਧਾਰ ਗਏ ਸਨ ਜਿਨ੍ਹਾਂ ਦੀ ਰੂਹ ਦੀ ਸ਼ਾਂਤੀ ਵਾਸਤੇ ਉਨ੍ਹਾਂ ਦੇ ਗ੍ਰਹਿ ਚੋਹਲਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਪੰਜਵੀਂ ਪਾਤਸ਼ਾਹੀ ਚੋਹਲਾ ਸਾਹਿਬ ਦੇ ਦੀਵਾਨ ਹਾਲ ਵਿਖੇ ਰੱਖੇ ਗਏ ਜਿਸ ਵਿੱਚ ਰਿਸ਼ਤੇਦਾਰ, ਸਾਕ ਸਬੰਧੀਆਂ ਅਤੇ ਇਲਾਕੇ ਦੇ ਮੋਹਤਬਰਾਂ ਵਿਚੋਂ ਸਤਨਾਮ ਸਿੰਘ ਚੋਹਲਾ ਸਾਹਿਬ, ਇੰਦਰਜੀਤ ਸਿੰਘ ਕਰਮੂੰਵਾਲ, ਸਰਪੰਚ ਬਲਵੀਰ ਸਿੰਘ ਸ਼ਾਹ, ਅਜਮੇਰ ਸਿੰਘ ਘੜਕਾ ਸੰਧੂ ਲੈਬ, ਪ੍ਰੈੱਸ ਕਲੱਬ ਪ੍ਰਧਾਨ ਮਨਜੀਤ ਸਿੰਘ ਸੰਧੂ, ਪ੍ਰਿੰਸੀਪਲ ਮਦਨ ਪਠਾਨੀਆਂ, ਪ੍ਰਿੰਸੀਪਲ ਅਵਤਾਰ ਸਿੰਘ ਲੋਹਕਾ ਮਾਸਟਰ ਨਵਤੇਜ ਸਿੰਘ, ਗੁਰਪ੍ਰੀਤ ਸਿੰਘ ਮਨਰਾਜ ਸਿੰਘ ਆਦਿ ਨੇ ਮਾਤਾ ਜੀ ਦੀ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਵਿਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਕੀਤੀ। ਦੁੱਖਦਾਈ ਸਮੇਂ ਪਰਿਵਾਰ ਨਾਲ ਦੁੱਖ ਵੰਡਾਵਣ ਪਹੁੰਚੀ ਹਰ ਸ਼ਖਸੀਅਤ ਦਾ ਪਰਿਵਾਰ ਵੱਲੋਂ ਪ੍ਰਿੰਸੀਪਲ ਨਿਰਭੈ ਸਿੰਘ ਸੰਧੂ ਨੇ ਧੰਨਵਾਦ ਕੀਤਾ।

# ਡਾ. ਪਸਰੀਚਾ ਨੇ ਹੋਣਹਾਰ ਸਿੱਖ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**–ਵਿਸ਼ੇਸ਼ ਪ੍ਰੋਗਰਾਮ ਵਿੱਚ ਤਖਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਦੇ ਪ੍ਰਸ਼ਾਸਕ ਡਾ. ਪਰਵਿੰਦਰ ਸਿੰਘ ਪਸਰੀਚਾ ਵੱਲੋਂ 10ਵੀਂ ਤੇ 12ਵੀਂ ਕਲਾਸ ਵਿੱਚ ਅੱਵਲ ਆਉਣ ਵਾਲੇ ਸਿੱਖ ਵਿਦਿਆਰਥੀਆ ਨੂੰ ਸਨਮਾਨਤ ਕੀਤਾ ਗਿਆ। ਇਸ ਸਮਾਗਮ ਵਿੱਚ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਦੇ 10ਵੀਂ ਤੇ 12ਵੀਂ ਕਲਾਸ ਵਿਚੋਂ ਚੰਗੇ ਨੰਬਰ ਪ੍ਰਾਪਤ ਕਰਨ ਵਾਲੇ ਸਿੱਖ ਵਿਦਿਆਰਥੀਆਂ ਲਈ ਕੈਰੀਅਰ ਗਾਈਡੈਂਸ ਪ੍ਰੋਗਰਾਮ ਦਾ ਵੀ ਆਯੋਜਨ ਕੀਤਾ ਗਿਆ।

ਇਸ ਸਮੇਂ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਡਾ. ਪਸਰੀਚਾ ਨੇ ਕਿਹਾ ਕਿ ਜ਼ਿੰਦਗੀ ਵਿੱਚ ਸਮੇਂ ਦੀ ਕਦਰ ਕਰਨੀ ਚਾਹੀਦੀ ਹੈ, ਸਮਾਂ ਬਹੁਤ ਮਹੱਤਵਪੂਰਨ ਹੈ, ਜੋ ਮਿਹਨਤ ਨਹੀ ਕਰੇਗਾ ਉਹ ਅੱਗੇ ਜਾ ਕੇ ਪਛਤਾਏਗਾ। ਉਨ੍ਹਾਂ ਕਿਹਾ ਕਿ ਉਹਨਾਂ ਵੱਲੋਂ ਹਜ਼ੂਰ ਸਾਹਿਬ ਨਾਂਦੇੜ ਦੇ ਨੌਜਵਾਨ ਹੋਣਹਾਰ ਬੱਚਿਆਂ ਨੂੰ ਪੜ੍ਹਾਈ ਵਾਲੇ ਪਾਸੇ ਲਾਉਣ ਲਈ ਸਾਲਾਨਾ ਸਕਾਲਰਸ਼ਿਪ ਦਾ ਪ੍ਰਬੰਧ ਕੀਤਾ ਹੈ ਤਾਂ ਜੋ ਆਰਥਿਕ ਪੱਖੋਂ ਕਮਜ਼ੋਰ ਵਿਦਿਆਰਥੀਆਂ ਦੀ ਮਦਦ ਕੀਤੀ ਜਾ ਸਕੇ।

ਉਨ੍ਹਾਂ ਇਹ ਵੀ ਦੱਸਿਆ ਕਿ ਪਹਿਲੀ ਕਲਾਸ ਤੋਂ ਲੈ ਕੇ ਗਰੇਜੂਏਸ਼ਨ, ਪੋਸਟ ਗ੍ਰੈਜੂਏਸ਼ਨ, ਐਮ. ਬੀ. ਏ. ਐਮ.ਬੀ.ਬੀ.ਐਸ., ਇੰਜੀਨੀਅਰ ਆਦਿ ਵਰਗੀਆਂ ਮਹੱਤਵਪੂਰਨ ਡਿਗਰੀਆਂ ਦੇ ਵਿਦਿਆਰਥੀਆਂ ਨੂੰ ਤਖ਼ਤ ਸਾਹਿਬ ਵਲੋਂ ਅਲੱਗ ਅਲੱਗ ਕੈਟਾਗਰੀ ਅਧੀਨ ਸਕਾਲਰਸ਼ਿਪ ਦਿਤੀ ਜਾ ਰਹੀ ਹੈ ।

ਪੜ੍ਹਾਈ ਨੂੰ ਮੁਖ ਮਿਸ਼ਨ ਬਣਾਉਣ ਲਈ 'ਉਠ ਕਲਮ ਉਠਾ' ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਹੈ ਜਿਸ ਤਹਿਤ ਅਠਵੀਂ, ਨੌਵੀਂ ਤੇ ਦਸਵੀਂ ਕਲਾਸ ਦੇ ਬੱਚਿਆ ਨੂੰ ਗਣਿਤ, ਸਾਇੰਸ, ਅੰਗਰੇਜ਼ੀ ਆਦਿ ਪ੍ਰਮੁੱਖ ਵਿਸ਼ਿਆਂ ਦੀ ਬਿਨਾਂ ਫੀਸ ਕੋਚਿੰਗ ਮੁਹੱਈਆ ਕਰਵਾ ਰਹੇ ਹਾਂ।

12 ਵੀਂ ਕਲਾਸ ਤੋਂ ਉਪਰ ਦੇ ਵਿਦਿਆਰਥੀਆਂ ਲਈ ਵਿਸ਼ੇਸ਼ ਅਲੱਗ ਅਲੱਗ ਕੰਪਿਊਟਰ ਜਿਵੇਂ ਕਿ ਐਮ. ਐਸ. ਸੀ. ਆਈ. ਟੀ. ਟੈਲੀਕੋਡ, ਇਨਫਰਮੇਸ਼ਨ ਟੈਕਨੋਲਜੀ, ਸਰਟੀਫਿਕੇਟ ਇਨ ਸਾਫਟ ਸਕਿਲਜ਼, ਡੀ.ਟੀ.ਪੀ. ਵੈਬ ਡਿਜਾਇਨਗ, ਸੀ ਪਲੱਸ ਪ੍ਰੋਗਰਾਮ, ਮੋਬਾਈਲ ਐਪਸ ਡਿਵੈਲਪਮੈਂਟ ਆਦਿ ਕੋਰਸਿਸ ਦੀ ਪੜ੍ਹਾਈ ਮੁਫਤ ਕਰਾਈ ਜਾ ਰਹੀ ਹੈ ਤਾਂ ਕਿ ਬੱਚੇ ਇਹ ਕੋਰਸ ਕਰਕੇ ਆਪਣੇ ਰੋਜ਼ਗਾਰ ਤੇ ਲੱਗ ਕੇ ਗੁਜ਼ਾਰਾ ਕਰ ਸਕਣ। ਹਾਜ਼ਰ ਵਿਦਿਆਰਥੀਆਂ ਨੂੰ ਜਿਲਾ ਪ੍ਰੀਸ਼ਦ ਨਾਂਦੇੜ ਦੇ ਪ੍ਰਸਿੱਧ ਕੈਰੀਅਰ ਗਾਈਡ ਬਾਲਾ ਪ੍ਰਸਾਦ ਕਸਵੇ ਨੇ ਵੀ ਸੰਬੋਧਨ ਕੀਤਾ ਅਤੇ ਬੱਚਿਆਂ ਨੂੰ 10ਵੀਂ 12ਵੀਂ ਕਲਾਸ ਤੋਂ ਬਾਅਦ ਅਲੱਗ ਅਲੱਗ ਕੋਰਸਾਂ ਦੀ ਜਾਣਕਾਰੀ ਦਿੱਤੀ।

ਇਸ ਸਮੇਂ ਠਾਨ ਸਿੰਘ ਬੁੰਗਈ ਸੁਪਰਡੈਂਟ, ਨਾਰਾਇਣ ਸਿੰਘ ਨੰਬਰਦਾਰ ਓ.ਐਸ.ਡੀ. ਬਰਨ ਸਿੰਘ ਸੋਢੀ ਜਾਇੰਟ ਸੁਪਰਡੈਂਟ, ਆਰ. ਡੀ. ਕੱਲ੍ਹ ਡਿਪਟੀ ਸੁਪਰਡੈਂਟ, ਹਰਜੀਤ ਸਿੰਘ ਕਤੇਵਾਲੇ ਸਹਾਇਕ ਸੁਪਰਡੈਂਟ ਰਵਿੰਦਰ ਸਿੰਘ ਕਪੂਰ ਸਹਾਇਕ, ਸੁਪਰਡੈਂਟ, ਜੈਮਲ ਸਿੰਘ ਢਿੱਲੋਂ ਸਹਾਇਕ ਸੁਪਰਡੈਂਟ, ਬਲਵਿੰਦਰ ਸਿੰਘ ਫੌਜੀ ਸਹਾਇਕ ਸੁਪਰਡੈਂਟ ਗੁਰਬਚਨ ਸਿੰਘ ਪ੍ਰਿੰਸੀਪਲ ਆਈ. ਟੀ. ਆਈ, ਚਾਂਦ ਸਿੰਘ ਹੈੱਡਮਾਸਟਰ ਖਾਲਸਾ ਹਾਈ ਸਕੂਲ, ਬੀਬੀ ਅਨਿਲ ਕੌਰ ਖਾਲਸਾ ਪ੍ਰਿੰ. ਸੱਚਖੰਡ ਪਬਲਿਕ ਸਕੂਲ ਆਦਿ ਤੋਂ ਇਲਾਵਾ ਵਿਦਿਆਰਥੀਆਂ ਦੇ ਪਰਿਵਾਰਕ ਮੈਂਬਰ ਮੌਜੂਦ ਸਨ।

# ਡੀਜ਼ਲ/ਪੈਟਰੋਲ ਦੀਆਂ ਕੀਮਤਾਂ 'ਚ ਵਾਧਾ ਗਰੀਬਾਂ 'ਤੇ ਹੋਰ ਬੋਝ: ਪੰਨੂੰ, ਗਿੱਲ

**ਪੱਟੀ (ਬਲਦੇਵ ਸਿੰਘ ਕਿਰਤੋਵਾਲ/ਸ਼ਮਸ਼ੇਰ ਸਿੰਘ ਯੋਧਾ)**–ਸਰਕਾਰ ਵੱਲੋਂ ਮਹਿੰਗਾਈ ਘੱਟ ਕਰਨ ਦੀ ਬਜਾਏ ਡੀਜ਼ਲ ਤੇ ਪੈਟਰੋਲ ਦੀਆਂ ਕੀਮਤਾਂ ਵਿਚ ਕੀਤੇ ਭਾਰੀ ਵਾਧੇ ਨਾਲ ਆਮ ਜਨਤਾ ਤੇ ਮਹਿੰਗਾਈ ਦੀ ਮਾਰ ਪਵੇਗੀ। ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਕੰਵਲਪ੍ਰੀਤ ਸਿੰਘ ਪੰਨੂੰ ਅਤੇ ਜਰਨਲ ਸਕੱਤਰ ਹਰਵਿੰਦਰ ਸਿੰਘ ਗਿੱਲ ਨੇ ਇਕ ਸਾਂਝੇ ਬਿਆਨ ਰਾਹੀਂ ਭਗਵੰਤ ਸਿੰਘ ਮਾਨ ਦੀ ਪੰਜਾਬ ਸਰਕਾਰ ਵੱਲੋਂ ਡੀਜ਼ਲ ਅਤੇ ਪੈਟਰੋਲ ਦੀਆਂ ਕੀਮਤਾਂ ਵਿਚ ਕੀਤੇ ਵਾਧੇ ਨੂੰ ਕਿਸਾਨ ਅਤੇ ਆਮ ਲੋਕਾਂ ਨਾਲ ਕੀਤਾ ਗਿਆ ਖਿਲਵਾੜ ਦੱਸਿਆ ਹੈ। ਇਸ ਨਾਲ ਕਿਸਾਨਾਂ ਉੱਪਰ ਭਾਰੀ ਬੋਝ ਪਵੇਗਾ। ਜਿਹੜਾ ਝੋਨੇ ਦੇ ਭਾਅ ਵਿੱਚ ਨਿਗੂਣਾ ਵਾਧਾ ਕੇਂਦਰ ਦੀ ਸਰਕਾਰ ਨੇ ਕੀਤਾ ਹੈ ਮਾਨ ਸਰਕਾਰ ਡੀਜ਼ਲ ਦੇ ਵਧਾਏ ਰੇਟ ਰਾਹੀਂ ਕਿਸਾਨਾਂ ਦੀ ਜੇਬ ਵਿਚੋਂ ਉਹ ਪੈਸੇ ਕੱਢਵਾ ਲਵੇਗੀ। ਡੀਜ਼ਲ ਤੇ ਪੈਟਰੋਲ ਦੀਆਂ ਕੀਮਤਾਂ ਵਿੱਚ ਵਾਧੇ ਨਾਲ ਢੋਆ-ਢੁਆਈ ਮਹਿੰਗੀ ਹੋਵੇਗੀ। ਇਸ ਨਾਲ ਹਰ ਚੀਜ਼ ਵਸਤ ਮਹਿੰਗੀ ਹੋਵੇਗੀ। ਆਮ ਲੋਕਾਂ ਅਤੇ ਗਰੀਬਾਂ ਉਪਰ ਇਸਦਾ ਭਾਰ ਪਵੇਗਾ। ਕਿਸਾਨ ਆਗੂਆਂ ਨੇ ਕਿਹਾ ਕਿ ਅੰਤਰਰਾਸ਼ਟਰੀ ਬਾਜ਼ਾਰ ਵਿਚ ਕੱਚੇ ਤੇਲ ਦੀਆਂ ਕੀਮਤਾਂ ਵਿਚ ਕਮੀ ਆਈ ਹੈ। ਉਸ ਮੁਤਾਬਕ ਡੀਜ਼ਲ/ਪੈਟਰੋਲ ਦੀਆਂ ਕੀਮਤਾਂ ਵਿਚ ਕਮੀ ਆਉਣੀ ਚਾਹੀਦੀ ਸੀ ਪਰ ਸਰਕਾਰਾਂ ਕੰਪਨੀਆਂ ਨੂੰ ਮੁਨਾਫੇ ਦੇ ਰਹੀਆਂ ਹਨ। ਸਰਕਾਰ ਨੂੰ ਕੀਮਤਾਂ ਵਿਚ ਕੀਤਾ ਵਾਧਾ ਵਾਪਸ ਲੈਣਾ ਚਾਹੀਦਾ ਹੈ। ਲੋਕਾਂ ਵਿਚ ਸਰਕਾਰ ਦੇ ਇਸ ਫੈਸਲੇ ਨੂੰ ਲੈ ਕੇ ਭਾਰੀ ਰੋਸ ਹੈ।

# ਖ਼ਾਲਸਾ ਮੈਨੇਜਮੈਂਟ ਦੇ ਵਿੱਦਿਅਕ ਅਦਾਰਿਆਂ ਨੇ ਮਨਾਇਆ ਵਾਤਾਵਰਣ ਦਿਵਸ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**–ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਅਧੀਨ ਚਲ ਰਹੇ ਵਿੱਦਿਅਕ ਅਦਾਰਿਆਂ ਸ੍ਰੀ ਗੁਰੂ ਤੇਗ ਬਹਾਦਰ ਕਾਲਜ ਫਾਰ ਵੂਮੈਨ ਦੇ ਪ੍ਰਿੰਸੀਪਲ ਨਾਨਕ ਸਿੰਘ, ਖਾਲਸਾ ਕਾਲਜ ਫਾਰ ਵੂਮੈਨ ਦੇ ਰੋਟਰੈਕਟ ਕਲੱਬ ਨੇ ਇੰਡੀਅਨ ਚੈਂਬਰ ਆਫ ਇੰਟਰਨੈਸ਼ਨਲ ਬਿਜ਼ਨਸ ਦੇ ਸਹਿਯੋਗ ਨਾਲ ਪ੍ਰਿੰਸੀਪਲ ਡਾ. ਸੁਰਿੰਦਰ ਕੌਰ ਅਤੇ ਖਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੀ ਪ੍ਰਿੰਸੀਪਲ ਪੁਨੀਤ ਕੌਰ ਨਾਗਪਾਲ ਨੇ ਵਿਸ਼ਵ ਵਾਤਾਵਰਣ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਦੌਰਾਨ ਅਦਾਰਿਆਂ 'ਚ ਰੁੱਖ ਲਗਾਉਣ ਦੀ ਗਤੀਵਿਧੀ ਦਾ ਆਯੋਜਨ ਕਰ ਕੇ ਸ਼ੁੱਧ ਵਾਤਾਵਰਣ ਪ੍ਰਤੀ ਜਾਗਰੂਕ ਕੀਤਾ.

ਇਸ ਸਬੰਧੀ ਸ੍ਰੀ ਗੁਰੂ ਤੇਗ ਬਹਾਦਰ ਕਾਲਜ ਵੂਮੈਨ ਵਿਖੇ ਪ੍ਰਿੰ: ਸ: ਨਾਨਕ ਸਿੰਘ ਨੇ ਵਾਤਾਵਰਣ ਦੇ ਵੱਖ ਵੱਖ ਪਹਿਲੂਆਂ ਪਾਣੀ ਬਚਾਓ, ਰੁੱਖ ਲਗਾਓ, ਰਹਿੰਦ ਖੂੰਹਦ ਨੂੰ ਘਟਾਓ ਅਤੇ ਸਿਹਤਮੰਦ ਜੀਵਨ ਜਿਊਣ ਦੀ ਕਲਾ ਅਪਨਾਓ ਆਦਿ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਪ੍ਰਦੂਸ਼ਣ ਕੁਦਰਤ ਨੂੰ ਚੁਣੌਤੀ ਦੇ ਰਿਹਾ ਹੈ। ਜੇਕਰ ਮਨੁੱਖਤਾ ਨੂੰ ਜਿਊਂਦਾ ਰੱਖਣਾ ਹੈ ਤਾਂ ਮਨੁੱਖਤਾ ਅਤੇ ਕੁਦਰਤ ਦਰਮਿਆਨ ਸੰਤੁਲਨ ਬਣਾਉਣ ਬਹੁਤ ਹੀ ਜ਼ਰੂਰੀ ਹੈ। ਇਸ ਮੌਕੇ ਵਿਦਿਆਰਥਣਾਂ ਨੇ ਵਾਤਾਵਰਣ ਪ੍ਰਤੀ ਜਾਗਰੂਕ ਲਈ ਵਿਸ਼ੇਸ਼ ਪੇਸ਼ਕਾਰੀ ਵੀ ਦਿੱਤੀ।

ਖਾਲਸਾ ਕਾਲਜ ਫਾਰ ਵੂਮੈਨ ਵਿਖੇ ਇੰਡੀਅਨ ਚੈਂਬਰ ਆਫ਼ ਇੰਟਰਨੈਸ਼ਨਲ ਬਿਜ਼ਨਸ ਦੇ ਉੱਤਰੀ ਖੇਤਰ ਦੇ ਮੀਤ ਪ੍ਰਧਾਨ ਸ: ਪੁਨੀਤ ਸਿੰਘ ਛਤਵਾਲ ਸਮੇਤ ਗ੍ਰੀਸ ਅੰਬੈਸੀ ਤੋਂ ਅੰਤਰਰਾਸ਼ਟਰੀ ਪ੍ਰਤੀਨਿਧੀ ਯੇਰਾਸਿਮੋ ਲਾਜ਼ਾਰਿਸ ਨੇ ਪ੍ਰਿੰ: ਡਾ: ਸੁਰਿੰਦਰ ਕੌਰ ਨੂੰ ਸਨਮਾਨਿਤ ਕੀਤਾ ਅਤੇ ਕਾਲਜ ਕੈਂਪਸ 'ਚ ਰੁੱਖ ਲਗਾਏ। ਇਸ ਮੌਕੇ ਹਰ ਘਰ ਸਿਹਤਮੰਦ ਪ੍ਰੋਗਰਾਮ ਦੇ ਸਬੰਧ 'ਚ ਆਜ਼ਾਦੀ ਕਾ ਅੰਮ੍ਰਿਤ ਮਹੋਤਸਵ, ਸੱਭਿਆਚਾਰਕ ਮੰਤਰਾਲੇ, 94.3 ਮਾਈ ਐਫ. ਐਮ. ਦੁਆਰਾ ਸ਼ੁਰੂ ਕੀਤੀ ਗਈ ਮੁਹਿੰਮ ਸਦਕਾ ਪ੍ਰਿੰ: ਡਾ. ਸੁਰਿੰਦਰ ਕੌਰ ਨੇ ਸ਼ਹਿਰ ਵਾਸੀਆਂ ਨੂੰ ਪੱਤਰ ਰਾਹੀਂ ਸਿਹਤਮੰਦ ਖੁਰਾਕ ਅਤੇ ਸਹੀ ਜੀਵਨ ਸ਼ੈਲੀ ਨੂੰ ਜ਼ਿੰਦਗੀ ਦਾ ਲਾਜ਼ਮੀ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਰਵਿੰਦਰ ਕੌਰ, ਮਨਬੀਰ ਕੌਰ, ਡਾ. ਚੰਚਲ ਬਾਲਾ ਅਤੇ ਡਾ. ਜਸਵਿੰਦਰ ਸਿੰਘ ਵੀ ਹਾਜ਼ਰ ਸਨ। ਖਾਲਸਾ ਕਾਲਜ ਗਰਲਜ਼ ਸੀ: ਸੈਕੰ: ਸਕੂਲ ਵਿਖੇ ਨਾਗਪਾਲ ਦੀ ਅਗਵਾਈ ਹੇਠ ਵਿਗਿਆਨ ਵਿਭਾਗ ਵੱਲੋਂ ਵਾਤਾਵਰਣ ਪ੍ਰਤੀ ਵਿਦਿਆਰਥਣਾਂ ਨੂੰ ਜਾਗਰੂਕ ਕਰਨ ਲਈ ਕੁਇੱਜ਼ ਮੁਕਾਬਲਾ ਕਰਵਾਇਆ ਗਿਆ.ਜਿਸ 'ਚ ਵਿਦਿਆਰਥਣਾਂ ਨੇ ਬੜੇ ਹੀ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਇਸ ਉਪਰੰਤ ਪ੍ਰਿੰ: ਨਾਗਪਾਲ ਨੇ ਜੇਤੂ ਟੀਮਾਂ ਨੂੰ ਇਨਾਮ ਵੀ ਦਿੱਤੇ. ਇਸ ਮੌਕੇ ਪ੍ਰਿੰ: ਨਾਗਪਾਲ ਨੇ ਵਿਦਿਆਰਥਣਾਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ, ਪਲਾਸਿਟਕ ਦੀ ਵਰਤੋਂ ਘੱਟ ਕਰਨ ਲਈ ਪ੍ਰੇਰਿਤ ਕੀਤਾ ਤਾਂ ਜੋ ਵਾਤਾਵਰਣ ਨੂੰ ਹਰਿਆ ਭਰਿਆ ਬਣਾਇਆ ਜਾ ਸਕੇ।

# ਪੁਲਸ ਪ੍ਰਸ਼ਾਸਨ ਤੇ ਕਿਸਾਨਾਂ ਵਿਚਕਾਰ ਹੋਈ ਖਿੱਚ-ਧੂਹ ਦੀ ਉਗਰਾਹਾਂ ਜੱਥੇਬੰਦੀ ਵੱਲੋਂ ਨਿਖੇਧੀ



**ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)**–ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਤਰਨ ਤਾਰਨ ਦੇ ਖਜ਼ਾਨਚੀ ਹਰਦੀਪ ਸਿੰਘ ਜੌੜਾ ਅਤੇ ਤਰਸੇਮ ਸਿੰਘ ਕੁਹਾੜਕਾ ਤੇ ਜਥੇਦਾਰ ਸੰਤੋਖ ਸਿੰਘ ਪੱਟੀ ਨੇ ਦੱਸਿਆ ਕਿ ਮਾਨਸਾ ਵਿੱਚ ਪੰਜਾਬ ਸਰਕਾਰ ਵੱਲੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਆਗੂਆਂ ਨਾਲ ਧੱਕਾ ਕੀਤਾ ਗਿਆ ਉਸਦੀ ਜ਼ੋਰਦਾਰ ਸ਼ਬਦਾਂ ਵਿਚ ਨਿਖੇਧੀ ਕੀਤੀ ਗਈ। ਜੋ ਫਸਲਾ ਦੇ ਖਰਾਬੇ ਜਿਵੇਂ ਪਹਿਲਾਂ ਨਰਮੇ ਦੀ ਫਸਲ ਅਤੇ ਹੁਣ ਕਣਕ ਦੀ ਫਸਲ ਅਤੇ ਘਰਾਂ ਦੇ ਨੁਕਸਾਨ ਦਾ ਮੁਆਵਜ਼ਾ ਨਾ ਦੇਣ ਕਾਰਨ ਪੰਜਾਬ ਸਰਕਾਰ ਦੀ ਕੈਬਨਿਟ ਦੀ ਮਾਨਸਾ 'ਚ ਹੋ ਰਹੀ ਮੀਟਿੰਗ ਦਾ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਵਿਰੋਧ ਕਰਨ ਦਾ ਐਲਾਨ ਕੀਤਾ ਸੀ।

ਵਿਰੋਧ ਦੇ ਐਲਾਨ ਤੋਂ ਬਆਦ ਮੁੱਖ ਮੰਤਰੀ ਵੱਲੋਂ ਡੀ ਸੀ ਤੇ ਐੱਸਐੱਸਪੀ ਮਾਨਸਾ ਰਾਹੀਂ ਸੂਬਾ ਆਗੂਆਂ ਨੂੰ ਮੀਟਿੰਗ ਦਾ ਸੱਦਾ ਭੇਜਿਆ ਗਿਆ ਸੀ ਪਰ ਸੂਬਾ ਕਮੇਟੀ ਨੂੰ ਮਾਨਸਾ ਬੁਲਾ ਕੇ ਵਾਰ-ਵਾਰ ਲਾਰਾ ਲਾਉਣ ਤੋਂ ਬਾਅਦ ਮੁੱਖ ਮੰਤਰੀ ਮੀਟਿੰਗ ਤੋਂ ਮੁੱਕਰ ਗਿਆ ਅਤੇ ਸੂਬੇ ਦੇ ਆਗੂਆਂ ਅਤੇ ਕਾਰਕੁੰਨਾਂ ਨਾਲ ਪੁਲਿਸ ਪ੍ਰਸ਼ਾਸਨ ਵੱਲੋਂ ਖਿੱਚ-ਧੂਹ ਕੀਤੀ ਗਈ ਕਿਸਾਨ ਆਗੂਆਂ ਨੇ ਦੱਸਿਆ ਕਿ ਆਪਣੇ ਆਪ ਨੂੰ ਆਮ ਆਦਮੀ ਦੀ ਸਰਕਾਰ ਅਖਵਾਉਣ ਵਾਲੀ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਸਤਾ ਦੇ ਨਸ਼ੇ 'ਚ ਚੂਰ ਹੋ ਚੁੱਕੀ ਹੈ। ਸੂਬੇ 'ਚ ਬਦਲਾਅ ਲਿਆਉਣ ਦਾ ਲਾਰਾ ਲਾ ਕੇ ਸੱਤਾ 'ਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਪਿਛਲੀਆਂ ਸਰਕਾਰਾਂ ਦੀ ਤਰਾਂ ਹੋਛੇ ਹੱਥ ਕੰਡਿਆਂ ਤੇ ਉਤਰ ਆਈ ਹੈ। ਉਨ੍ਹਾਂ ਕਿਹਾ ਕਿ ਮਾਨਸਾ ਪੁਲਸ ਵਲੋਂ ਕਿਸਾਨ ਆਗੂਆਂ ਨਾਲ ਕੀਤੀ ਗਈ ਧੱਕਾ-ਮੁੱਕੀ ਪੰਜਾਬ ਸਰਕਾਰ ਨੂੰ ਬਹੁਤ ਮਹਿੰਗੀ ਪਵੇਗੀ ਜਿਸ ਦਾ ਖਮਿਆਜ਼ਾ ਆਮ ਆਦਮੀ ਸਰਕਾਰ ਨੂੰ ਹਰ ਹਾਲਤ ਵਿੱਚ ਭੁਗਤਣਾ ਪਵੇਗਾ।

# ਪੰਜਾਬ ਸਰਕਾਰ ਦੀਆਂ ਜਨ ਭਲਾਈ ਨੀਤੀਆਂ ਸਦਕਾ ਰਵਾਇਤੀ ਪਾਰਟੀਆਂ ਦੇ ਵਰਕਰ ਹੋ ਰਹੇ ਆਪ 'ਚ ਸ਼ਾਮਲ: ਕਟਾਰੂਚੱਕ



**ਪਠਾਨਕੋਟ (ਦਵਿੰਦਰ ਸਿੰਘ)**–ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਕੀਤੇ ਜਾ ਰਹੇ ਜਨ ਭਲਾਈ ਕੰਮਾਂ ਨੂੰ ਵੇਖਦਿਆਂ ਭਾਰੀ ਸੰਖਿਆ ਵਿੱਚ ਵੱਖ-ਵੱਖ ਪਾਰਟੀਆਂ ਤੋਂ ਲੋਕ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਅਤੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਪੰਜਾਬ ਨੇ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਬਨੀ ਲੋਧੀ ਵਿਖੇ ਬਣਾਏ ਕਮਿਊਨਿਟੀ ਹਾਲ ਦਾ ਉਦਘਾਟਨ ਕਰਨ ਮਗਰੋਂ ਕੀਤਾ। ਜ਼ਿਕਰਯੋਗ ਹੈ ਕਿ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਬਨੀ ਲੋਧੀ ਵਿਖੇ ਕਰੀਬ 30 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਕਮਿਊਨਿਟੀ ਹਾਲ ਦੇ ਉਦਘਾਟਨ ਸਮਾਰੋਹ ਵਿੱਚ ਕਟਾਰੂਚੱਕ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਇਸ ਮੌਕੇ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਦੀ ਦੂਰਅੰਦੇਸ਼ੀ ਦੇ ਚਲਦਿਆਂ ਹੁਣ ਵੱਖ-ਵੱਖ ਜ਼ਿਲਿਆਂ ਵਿੱਚ ਜਾ ਕੇ ਕੈਬਨਿਟ ਦੀਆਂ ਮੀਟਿੰਗਾਂ ਕੀਤੀਆਂ ਜਾਂਦੀਆਂ ਹਨ ਅਤੇ ਇੱਕ ਹੀ ਸਥਾਨ 'ਤੇ ਪੂਰਾ ਮੰਤਰੀ ਮੰਡਲ ਅਤੇ ਵੱਖ-ਵੱਖ ਵਿਭਾਗਾਂ ਦੇ ਉੱਚ ਅਧਿਕਾਰੀ ਵੀ ਮੌਜੂਦ ਹੁੰਦੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਦਿਨ ਮਾਨਸਾ ਵਿਖੇ ਕੀਤੀ ਕੈਬਨਿਟ ਦੀ ਮੀਟਿੰਗ ਵਿੱਚ ਮੁੱਖ ਮੰਤਰੀ ਪੰਜਾਬ ਵੱਲੋਂ ਵੱਡਾ ਇਤਿਹਾਸਿਕ ਫੈਸਲਾ ਲਿਆ ਗਿਆ ਅਤੇ ਕਰੀਬ 14200 ਕਰਮਚਾਰੀਆਂ ਨੂੰ ਜੋ ਠੇਕੇ 'ਤੇ ਕੰਮ ਕਰ ਰਹੇ ਸਨ ਉਨ੍ਹਾ ਨੂੰ ਰੈਗੂਲਰ ਕਰਨ ਦਾ ਫੈਸਲਾ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਵੱਲੋਂ ਜੋ ਵੀ ਜਨਤਾ ਲਾਲ ਬਾਅਦਾ ਕੀਤਾ ਜਾਂਦਾ ਹੈ ਉਨ੍ਹਾਂ ਵਾਅਦਿਆਂ ਨੂੰ ਪੂਰਾ ਵੀ ਕੀਤਾ ਜਾ ਰਿਹਾ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਰਜਿੰਦਰ ਭਿੱਲਾ ਸਰਪੰਚ ਪਿੰਡ ਬਨੀ ਲੋਧੀ, ਕੁਲਦੀਪ ਸਿੰਘ ਬਲਾਕ ਪ੍ਰਧਾਨ, ਖੁਸ਼ਬੀਰ ਕਾਟਲ ਕੋਆਰਡੀਨੇਟਰ, ਤਰਸੇਮ ਤਾਰਾਗੜ੍ਹ ਸਮਿਤੀ ਮੈਂਬਰ, ਸੋਹਣ ਲਾਲ, ਠਾਕੁਰ ਡਿੰਪਲ ਸਰਪੰਚ ਕਥਲੋਰ, ਬਲਜਿੰਦਰ ਕੌਰ , ਸੈਲੀ ਸਰਮਾ, ਸੁਨੀਲ ਭੋਆ, ਸਿਵ ਨਰੋਟ, ਸੰਦੀਪ ਸਰਨਾ, ਭੁਪਿੰਦਰ ਸਿੰਘ, ਵਿਜੈ ਕੁਮਾਰ ਕਟਾਰੂਚੱਕ ਜਿਲ੍ਹਾ ਮੀਡਿਆ ਕੋਆਰਡੀਨੇਟਰ ਅਤੇ ਹੋਰ ਪਾਰਟੀ ਕਾਰਜਕਰਤਾ ਵੀ ਹਾਜ਼ਰ ਸਨ। ਇਸ ਮੌਕੇ ਵੱਖ ਵੱਖ ਪਿੰਡਾਂ ਦੀਆਂ ਪੰਚਾਇਤਾਂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਈਆ। ਪਿੰਡ ਬਨੀ ਲੋਧੀ ਦੇ ਸਰਪੰਚ ਰਜਿੰਦਰ ਭਿੱਲਾ ਦੀ ਰਹਿਨੁਮਾਈ ਹੇਠ ਹਰਬੰਸ ਲਾਲ ਮੈਂਬਰ ਪੰਚਾਇਤ, ਬ੍ਰਹਮਰਤਨ ਮੈਂਬਰ ਪੰਚਾਇਤ, ਵਿਜੈ ਸਿੰਘ ਮੈਂਬਰ ਪੰਚਾਇਤ, ਸੁਰਿੰਦਰ ਕੁਮਾਰ ਮੈਂਬਰ ਪੰਚਾਇਤ, ਸੁਨੀਤਾ ਦੇਵੀ ਮੈਂਬਰ ਪੰਚਾਇਤ, ਜਗਦੀਸ਼ ਲਾਲ ਮੈਂਬਰ ਪੰਚਾਇਤ ਅਤੇ ਪਿੰਡ ਐਮਾਂ ਮੁਗਲਾਂ ਦੀ ਪੂਰੀ ਪੰਚਾਇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਈ। ਕੈਬਨਿਟ ਮੰਤਰੀ ਕਟਾਰੂਚੱਕ ਨੇ ਪਾਰਟੀ ਵਿੱਚ ਸ਼ਾਮਲ ਹੋਏ ਕਾਰਜਕਰਤਾਵਾਂ ਦਾ ਫੁੱਲਾਂ ਦੇ ਹਾਰ ਪਾ ਕੇ ਸਵਾਗਤ ਕੀਤਾ ਅਤੇ ਭਰੋਸਾ ਦਿਲਾਇਆ ਕਿ ਆਮ ਆਦਮੀ ਪਾਰਟੀ ਵਿੱਚ ਉਨ੍ਹਾਂ ਨੂੰ ਪੂਰਾ ਬਣਦਾ ਮਾਣ ਸਨਮਾਨ ਦਿੱਤਾ ਜਾਵੇਗਾ।

# ਹੈਰੋਇਨ, ਪਿਸਤੌਲ, ਡਰੱਗ ਮਨੀ ਤੇ ਬਲੈਰੋ ਸਮੇਤ ਇੱਕ ਗ੍ਰਿਫਤਾਰ, ਤਿੰਨ ਫਰਾਰ



**ਭਿੱਖੀਵਿੰਡ/ ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**–ਥਾਣਾ ਖੇਮਕਰਨ ਦੀ ਪੁਲਸ ਨੇ ਇੱਕ ਨੌਜਵਾਨ ਨੂੰ 200 ਗ੍ਰਾਮ ਹੈਰੋਇਨ, ਨਜਾਇਜ਼ ਪਿਸਤੌਲ, 1 ਲੱਖ 75 ਹਜ਼ਾਰ ਦੀ ਡਰੱਗ ਮਨੀ ਸਮੇਤ ਬਲੈਰੋ ਗੱਡੀ ਇੱਕ ਨੂੰ ਗ੍ਰਿਫਤਾਰ ਕਰਨ ਦਾ ਦਾਅਵਾ ਕੀਤਾ ਹੈ, ਜਦਕਿ ਤਿੰਨ ਨੌਜਵਾਨ ਮੌਕੇ ਤੋਂ ਫਰਾਰ ਦੱਸੇ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਖੇਮਕਰਨ ਦੇ ਮੁਖੀ ਐੱਸਐੱਚਓ ਗੁਰਚਰਨ ਸਿੰਘ ਨੇ ਦੱਸਿਆ ਕਿ ਮੁਖਬਰ ਖਾਸ ਦੀ ਇਤਲਾਹ 'ਤੇ ਸਮੇਤ ਪੁਲਸ ਪਾਰਟੀ ਖੇਮਕਰਨ ਏਰੀਏ ਵਿੱਚੋਂ 200 ਗ੍ਰਾਮ ਹੈਰੋਇਨ, ਨਜਾਇਜ਼ ਪਿਸਤੌਲ, 1 ਲੱਖ 75 ਹਜ਼ਾਰ ਦੀ ਡਰੱਗ ਮਨੀ ਤੇ ਬਲੈਰੋ ਗੱਡੀ ਸਮੇਤ ਅਮ੍ਰਿਤਪਾਲ ਸਿੰਘ ਪੁੱਤਰ ਨਿਰਵੈਲ ਸਿੰਘ ਵਾਸੀ ਭੂਰਾ ਕੋਹਨਾ ਨੂੰ ਗ੍ਰਿਫਤਾਰ ਕਰ ਲਿਆ ਹੈ ਜਦਕਿ ਉਸਦੇ ਤਿੰਨ ਸਾਥੀ ਜਗਦੀਪ ਸਿੰਘ ਉਰਫ ਜੱਗੂ ਪੁੱਤਰ ਦਿਲਬਾਗ ਸਿੰਘ ਵਾਸੀ ਮਹਿੰਦੀਪੁਰ, ਦਿਲਜੀਤ ਸਿੰਘ ਪੁੱਤਰ ਪ੍ਰਗਟ ਸਿੰਘ ਵਾਸੀ ਭੂਰਾ ਕੋਹਨਾ ਤੇ ਸਿਕੰਦਰ ਸਿੰਘ ਪੁੱਤਰ ਦਲਜਿੰਦਰ ਸਿੰਘ ਵਾਸੀ ਰੱਤੋਕੇ ਮੌਕੇ ਤੋਂ ਭੱਜਣ 'ਚ ਕਾਮਯਾਬ ਹੋ ਗਏ ਹਨ ਜਿਨ੍ਹਾਂ ਦੀ ਭਾਲ ਲਈ ਪੁਲਸ ਵੱਲੋਂ ਛਾਪੇਮਾਰੀ ਕੀਤੀ ਜਾ ਰਹੀ ਹੈ। ਥਾਣਾ ਮੁਖੀ ਨੇ ਦੱਸਿਆ ਕਿ ਉਕਤ ਮਾਮਲੇ 'ਚ ਗ੍ਰਿਫਤਾਰ ਕੀਤੇ ਨੌਜਵਾਨ ਤੇ ਉਸਦੇ ਤਿੰਨ ਫਰਾਰ ਹੋਏ ਸਾਥੀਆਂ ਖਿਲਾਫ ਥਾਣਾ ਖੇਮਕਰਨ ਦੀ ਪੁਲਸ ਨੇ ਐਨਡੀਪੀਐਸ ਤੇ ਆਰਮ ਐਕਟ ਅਧੀਨ ਮਾਮਲਾ ਦਰਜ ਕਰ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਸਿੱਖਿਆ ਪ੍ਰੋਵਾਈਡਰ ਅਧਿਆਪਕਾਂ ਵੱਲੋਂ ਸੰਗਰੂਰ 'ਚ 13 ਨੂੰ ਰੈਲੀ



**ਮਹਿਤਪੁਰ (ਰਾਜਾ)** ਸਿੱਖਿਆ ਪ੍ਰੋਵਾਇਡਰ ਅਧਿਆਪਕ ਲੱਗਭਗ 14-15 ਸਾਲਾਂ ਤੋਂ ਸਰਕਾਰੀ ਸਕੂਲਾਂ 'ਚ ਕੱਚੇ ਅਧਿਆਪਕਾਂ ਦੇ ਤੌਰ 'ਤੇ ਆਪਣੀਆਂ ਸੇਵਾਵਾਂ ਨਿਭਾਅ ਰਹੇ ਸਨ, ਸੋ ਪੰਜਾਬ ਸਰਕਾਰ ਨੇ ਨੇਸ਼ਨ ਬਿਲਡਰ ਟੀਚਰ ਪਾਲਸੀ 2022 ਅਨੁਸਾਰ 8736 ਕੱਚੇ ਅਧਿਆਪਕਾਂ ਨੂੰ ਪੱਕੇ ਕੀਤਾ ਗਿਆ ਹੈ।

ਕੱਚੇ ਅਧਿਆਪਕਾਂ ਨੂੰ ਪੱਕੇ ਕਰਨ ਦਾ ਬਹੁਤ ਢੰਡੋਰਾ ਪਿੱਟਿਆ ਜਾ ਰਿਹਾ ਹੈ ਜਦੋਂ ਕਿ ਲਗਭਗ ਇਕ ਸਾਲ ਬੀਤ ਜਾਣ ਤੇ ਵੀ ਅਜੇ ਤੱਕ ਕੱਚੇ ਅਧਿਆਪਕਾਂ ਨੂੰ ਰੈਗੂਲਰ ਆਰਡਰ ਨਹੀ ਮਿਲੇ। ਜਲੰਧਰ ਜ਼ਿਮਨੀ ਚੋਣਾਂ ਤੋਂ ਪਹਿਲਾਂ ਮੁੱਖ ਮੰਤਰੀ ਅਤੇ ਸਿੱਖਿਆ ਮੰਤਰੀ ਨੇ ਵਾਅਦਾ ਕੀਤਾ ਸੀ ਕਿ ਵੋਟਾਂ ਤੋਂ ਤੁਰੰਤ 8-10 ਦਿਨਾਂ ਦੇ ਅੰਦਰ-ਅੰਦਰ 8736 ਕੱਚੇ ਅਧਿਆਪਕਾਂ ਨੂੰ ਰੈਗੂਲਰ ਆਰਡਰ ਮਿਲ ਜਾਣਗੇ, ਪਰ ਇਸਦੇ ਉਲਟ ਅਜੇ ਤੱਕ ਕੱਚੇ ਅਧਿਆਪਕਾਂ ਨੂੰ ਆਰਡਰ ਨਹੀਂ ਦਿੱਤੇ ਜਾ ਰਹੇ। ਇਸ ਮੌਕੇ ਪੰਜਾਬ ਸਰਕਾਰ ਵੱਲੋਂ ਦਸ ਸਾਲਾ ਪਾਲਿਸੀ ਜੋ ਕਿ ਲੱਗਭਗ ਕੰਪਲੀਟ ਕਰ ਲਈ ਗਈ ਉਹ ਪਾਲਿਸੀ ਤਹਿਤ ਅਸੀਂ ਰੈਗੂਲਰ ਆਰਡਰ ਮੰਗ ਰਹੇ ਹਾਂ। ਪਰੰਤੂ ਸਰਕਾਰ ਲਗਾਤਾਰ ਡੰਗ ਟਪਾਊ ਵਤੀਰੇ ਤੋਂ ਤੰਗ ਪ੍ਰੇਸ਼ਾਨ ਹੋ ਕੇ ਸੂਬਾ ਪ੍ਰਧਾਨ ਮਨਪ੍ਰੀਤ ਸਿੰਘ ਮੋਗਾ ਦੀ ਅਗਵਾਈ 'ਚ ਪੰਜਾਬ ਪੱਧਰੀ ਜ਼ੂਮ ਮੀਟਿੰਗ ਕਰਕੇ ਇਹ ਫੈਸਲਾ ਲਿਆ ਗਿਆ ਕਿ ਜੇਕਰ ਦਸ ਸਾਲਾ ਪਾਲਿਸੀ ਲਾਗੂ ਕਰਕੇ ਪੂਰੇ ਸਕੇਲ ਨਾਲ 10 ਜੂਨ ਤੱਕ ਆਰਡਰ ਨਹੀਂ ਦਿੱਤੇ ਜਾਂਦੇ ਤਾਂ ਬਹੁਤ ਵੱਡੇ ਇਕੱਠ ਨਾਲ 13 ਜੂਨ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਪੰਜਾਬ ਅਤੇ ਵਿੱਤ ਮੰਤਰੀ ਦੇ ਹਲਕੇ 'ਚ ਵਾਅਦਾ ਖਿਲਾਫੀ ਖਿਲਾਫ ਧਾਵਾ ਬੋਲਣਗੇ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸਿੱਖਿਆ ਪ੍ਰੋਵਾਈਡਰ ਅਧਿਆਪਕ ਯੂਨੀਅਨ ਜਿਲ੍ਹਾ ਜਲੰਧਰ ਦੇ ਪ੍ਰਧਾਨ ਤਰਲੋਕ ਸਿੰਘ ਨੇ ਪੱਤਰਕਾਰਾਂ ਨਾਲ ਸਾਝਾ ਕੀਤਾ। ਇਸ ਸਮੇਂ ਅਮਨ ਵਰਮਾ, ਨਿਰਮਲ ਸਿੰਘ, ਮਨੋਜ ਕੁਮਾਰ, ਵੀਨੂੰ ਭੰਡਾਰੀ, ਜਸਪ੍ਰੀਤ ਬਾਜਵਾ, ਨੇਹਾ ਅਗਰਵਾਲ, ਕਮਲਪ੍ਰੀਤ ਕੌਰ, ਸੀਮਾ ਮਸੀਹ, ਕਿਰਨ, ਜਸਵੀਰ ਕੌਰ, ਸੁਖਰਾਜ ਖਾਤੂਨ ਅਤੇ ਰੀਨਾ ਰਾਣੀ ਆਦਿ ਸਿੱਖਿਆ ਪ੍ਰੋਵਾਈਡਰ ਅਧਿਆਪਕ ਹਾਜ਼ਰ ਸਨ।

## ਪਿੰਡ ਦਿਹਾਣਾ 'ਚ ਸਾਲਾਨਾ ਜੋੜ ਮੇਲਾ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਦਿਹਾਣਾ ਵਿਖੇ ਦਰਬਾਰ ਪੀਰ ਬਾਬਾ ਗੋਦੜ ਸ਼ਾਹ ਜੀ, ਪੀਰ ਬਾਬਾ ਬੂਟੇ ਸ਼ਾਹ ਜੀ ਦੀ ਮਜ਼ਾਰ 'ਤੇ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸਾਲਾਨਾ ਜੋੜ ਮੇਲਾ ਕਰਵਾਇਆ ਗਿਆ। ਇਸ ਮੌਕੇ ਸੇਵਾਦਾਰ ਪ੍ਰਸ਼ੋਤਮ ਲਾਲ, ਰਿੰਕੂ ਕੁਮਾਰ ਨੇ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਚਿਰਾਗ, ਚਾਦਰ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਗਈ। ਪ੍ਰਵੀਨ ਸੁਲਤਾਨਾ ਐਂਡ ਨਕਾਲ ਪਾਰਟੀ ਨਵਾਂਸ਼ਹਿਰ, ਬਲਵਿੰਦਰ ਹੁਸ਼ਿਆਰਪੁਰੀ, ਰਵੀਨਾ ਮਾਨ-ਸੰਗੀਤਾ ਮਾਨ ਐਂਡ ਪਾਰਟੀ, ਹੈਪੀ ਮੰਨਣਹਾਣਾ ਕਵਾਲ ਪਾਰਟੀ, ਮੁਖਤਿਆਰ ਝੰਮਟ ਆਦਿ ਨੇ ਪੀਰਾਂ ਦੀ ਮਹਿਫਲ ਸਜਾਈ। ਇਸ ਮੌਕੇ ਮੁੱਖ ਮਹਿਮਾਨ ਡਾ. ਰਾਜ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਵਿਸ਼ੇਸ਼ ਤੌਰ 'ਤੇ ਪੁੱਜ ਕੇ ਦਰਬਾਰ ਦੀ ਹਾਜ਼ਰੀ ਭਰੀ। ਇਸ ਮੌਕੇ ਬਾਬਾ ਗਿਆਨ ਸ਼ਾਹ ਬਹਿਰਾਮ, ਬੀਬੀ ਸੁਰਿੰਦਰ ਕੌਰ ਬਹਿਰਾਮ, ਬਾਬਾ ਸੋਨੂੰ ਸ਼ਾਹ ਬੱਡਲਾ, ਬਾਬਾ ਘਨੱਈਆ ਦਾਸ ਦਿਹਾਣਾ, ਬਾਬਾ ਬਲਵੀਰ ਸਿੰਘ ਭਾਮ, ਸਾਈਂ ਜੀਤੀ ਸ਼ਾਹ ਗੁਲਾਮ ਭਾਮ, ਬਾਬਾ ਸਤਨਾਮ ਸਿੰਘ ਅਜਨੋਹਾ, ਬਾਬਾ ਕਸ਼ਮੀਰ ਸਿੰਘ ਦਿਹਾਣਾ, ਬਾਬਾ ਕੁਲਵਿੰਦਰ ਸਿੰਘ ਕਾਲਾ ਦਿਹਾਣਾ ਆਦਿ ਨੇ ਦਰਬਾਰ ਦੀ ਹਾਜ਼ਰੀ ਭਰੀ। ਇਸ ਮੌਕੇ ਪ੍ਰਬੰਧਕਾਂ ਵੱਲੋਂ ਸਹਿਯੋਗੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਛਬੀਲ, ਚਾਹ ਪਕੌੜੇ ਅਤੇ ਦਾਤਾ ਜੀ ਦੇ ਲੰਗਰ ਅਟੁੱਟ ਵਰਤਾਏ ਗਏ।



# ਐੱਲ ਪੀ ਯੂ 'ਚ 65ਵਾਂ ਸਾਲਾਨਾ ਨਾਸਾ ਸੰਮੇਲਨ





**ਜਲੰਧਰ (ਸ਼ੈਲੀ ਐਲਬਰਟ)** ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ 65ਵੇਂ ਸਾਲਾਨਾ ਨੈਸ਼ਨਲ ਐਸੋਸੀਏਸ਼ਨ ਆਫ ਸਟੂਡੈਂਟਸ ਆਫ ਆਰਕੀਟੈਕਚਰ ਕਨਵੈਨਸ਼ਨ ਦੀ ਮੇਜ਼ਬਾਨੀ ਕਰ ਰਹੀ ਹੈ, ਜਿਸ ਦਾ ਉਦਘਾਟਨ ਕਾਊਂਸਲ ਆਫ ਆਰਕੀਟੈਕਟਸ ਦੇ ਚੇਅਰਮੈਨ ਪ੍ਰੋ. ਅਭੈ ਵਿਨਾਇਕ ਪੁਰੋਹਿਤ ਨੇ ਕੀਤਾ। ਇਹ ਇਵੈਂਟ 30 ਤੋਂ ਵੱਧ ਸੈਮੀਨਾਰਾਂ, 100+ ਚੋਟੀ ਦੇ ਆਰਕੀਟੈਕਟਾਂ ਦੁਆਰਾ 60 ਵਰਕਸ਼ਾਪਾਂ ਦਾ ਗਵਾਹ ਹੋਵੇਗਾ, ਜੋ ਦੁਨੀਆ ਭਰ ਦੇ 4,500 ਉਭਰਦੇ ਆਰਕੀਟੈਕਟਾਂ ਨੂੰ ਸਿੱਖਣ ਅਤੇ ਅੱਗੇ ਵਧਣ ਦਾ ਮੌਕਾ ਦੇਵੇਗਾ। ਪ੍ਰੋ. ਪੁਰੋਹਿਤ ਨੇ ਆਰਕੀਟੈਕਚਰ ਭਾਈਚਾਰੇ ਨੂੰ ਦਰਪੇਸ਼ ਚੁਣੌਤੀਆਂ ਬਾਰੇ ਗੱਲ ਕੀਤੀ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਨੂੰ ਮੌਕਿਆਂ ਵਜੋਂ ਦੇਖਣ ਲਈ ਉਤਸ਼ਾਹਤ ਕੀਤਾ। ਪੁਰੋਹਿਤ ਨੇ ਨਾਸਾ ਦੇ ਮੈਂਬਰਾਂ ਨੂੰ ਪੂਰੇ ਆਰਕੀਟੈਕਚਰਲ ਯੋਗਦਾਨ ਦੇ ਨਾਲ ਸਮਾਜ ਤੱਕ ਪਹੁੰਚਣ ਲਈ ਸੀਓਏ ਲਈ ਸੱਦਾ ਦਿੱਤਾ ਅਤੇ ਨਾਸਾ ਨੂੰ ਇਸ ਦੀ ਸਫਲਤਾ ਲਈ ਵਧਾਈ ਦਿੱਤੀ। ਐਲ ਪੀ ਯੂ ਦੇ ਚਾਂਸਲਰ ਡਾ ਅਸ਼ੋਕ ਕੁਮਾਰ ਮਿੱਤਲ ਨੇ ਕੈਂਪਸ 'ਚ ਇੰਨੇ ਸਾਰੇ ਆਰਕੀਟੈਕਚਰਲ ਵਿਦਿਆਰਥੀਆਂ ਨੂੰ ਦੇਖ ਕੇ ਆਪਣਾ ਉਤਸਾਹ ਪ੍ਰਗਟ ਕੀਤਾ ਅਤੇ ਦੇਸ਼ 'ਚ ਨਾਸਾ ਦੇ ਸਾਰੇ ਛੇ ਜ਼ੋਨਾਂ ਦੀ ਊਰਜਾ ਦੀ ਪ੍ਰਸ਼ੰਸਾ ਕੀਤੀ। ਐਮੀਰਾਤੀ ਉੱਦਮੀ ਡਾਕਟਰ ਬੂ ਅਬਦੁੱਲਾ ਅਤੇ ਮੈਡ੍ਰਿਡ ਤੋਂ ਆਰਕੀਟੈਕਟ ਸ੍ਰੀਮਤੀ ਸਾਰਾ ਸਰਵੇਰਾ ਸਮੇਤ ਹੋਰ ਸਨਮਾਨਿਤ ਮਹਿਮਾਨਾਂ ਨੇ ਵੀ ਆਰਕੀਟੈਕਚਰ ਅਤੇ ਸਥਿਰਤਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਡਾ: ਬੂ ਅਬਦੁੱਲਾ, ਇਮੀਰਾਤੀ ਉਦਯੋਗਪਤੀ ਅਤੇ ਬੂ ਅਬਦੁੱਲਾ ਗਰੁੱਪ ਦੇ ਚੇਅਰਮੈਨ ਨੇ ਪਹਿਲੀ ਵਾਰ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਅਤੇ ਪੰਜਾਬ ਦਾ ਦੌਰਾ ਕਰਨ 'ਤੇ ਆਪਣੀ ਬੇਹੱਦ ਖੁਸ਼ੀ ਅਤੇ ਸਨਮਾਨ ਪ੍ਰਗਟ ਕੀਤਾ। ਪ੍ਰੋ-ਚਾਂਸਲਰ ਸ੍ਰੀਮਤੀ ਰਸ਼ਮੀ ਮਿੱਤਲ, ਵਾਈਸ ਚਾਂਸਲਰ ਡਾ. ਪ੍ਰੀਤੀ ਬਜਾਜ, ਚੀਫ ਆਰਕੀਟੈਕਟ ਅਤੇ ਅਤੇ ਨਾਸਾ ਦੇ ਉੱਚ ਅਹੁਦੇਦਾਰਾਂ ਸਮੇਤ ਮਾਣਯੋਗ ਸਖਸ਼ੀਅਤਾਂ ਮੌਜੂਦ ਸਨ।

# ਵਾਈ ਐੱਫ ਸੀ ਦੇ ਖਿਡਾਰੀਆਂ ਨੇ ਆਲ ਇੰਡੀਆ 'ਵਰਸਿਟੀ ਫੁੱਟਬਾਲ ਚੈਂਪੀਅਨਸ਼ਿਪ ਜਿੱਤੀ



**ਗੁਰਾਇਆ (ਬਿੰਦਰ ਸੁਮਨ)** ਵਾਈ ਐਫ ਸੀ ਰੁੜਕਾ ਕਲਾਂ ਲੰਬੇ ਸਮੇਂ ਤੋਂ ਨੌਜਵਾਨਾਂ ਅਤੇ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਕੰਮ ਕਰ ਰਿਹਾ ਹੈ। ਇਸ ਦੇ ਨਾਲ ਹੀ ਇਹ ਪਿੰਡ ਦੀ ਭਲਾਈ ਲਈ ਕੰਮ ਕਰਦਾ ਹੈ। ਕਲੱਬ ਦਾ ਨਾਂਅ ਬਦਲ ਦਿੱਤਾ ਗਿਆ ਹੈ। ਕਲੱਬ ਵੱਲੋਂ ਇਲਾਕੇ ਦੇ ਵੱਖ-ਵੱਖ 40 ਸੈਂਟਰਾਂ ਤੋਂ 5000 ਦੇ ਕਰੀਬ ਲੜਕੇ-ਲੜਕੀਆਂ ਨੂੰ ਵਿਸ਼ੇਸ਼ ਤੌਰ 'ਤੇ ਫੁੱਟਬਾਲ, ਕਬੱਡੀ, ਕੁਸ਼ਤੀ, ਕ੍ਰਿਕਟ ਆਦਿ ਦੇ ਕੋਚ ਸਿਖਲਾਈ ਦਿੰਦੇ ਹਨ। ਖੇਲੋ ਇੰਡੀਆ ਨੇ ਪਿਛਲੇ ਸਾਲ ਇੱਕ ਆਲ-ਇੰਡੀਆ ਇੰਟਰਯੂਨੀਵਰਸਿਟੀ ਲੀਗ ਦਾ ਆਯੋਜਨ ਕੀਤਾ ਸੀ, ਜਿਸ 'ਚ ਕਾਰਤਿਕ, ਸਨਮਨਦੀਪ ਸਿੰਘ, ਕਰਨਵੀਰ ਸਿੰਘ ਅਤੇ ਆਕਾਸ਼ ਬਾਬੂ ਨੇ ਕਾਂਸੇ ਦਾ ਤਗਮਾ ਜਿੱਤਿਆ, ਜਦਕਿ ਪੂਜਾ, ਰਮਨੀਕ ਅਤੇ ਬੰਦਨਾ ਨੇ ਚਾਂਦੀ ਦਾ ਤਗਮਾ ਜਿੱਤਿਆ ਸੀ। ਇਸ ਲੀਗ 'ਚ ਖੇਲੋ ਇੰਡੀਆ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਸਮੇਤ 8 ਟੀਮਾਂ ਨੂੰ ਕੁਆਲੀਫਾਈ ਕੀਤਾ ਸੀ। ਇਨ੍ਹਾਂ 8 ਟੀਮਾਂ ਦੀ ਆਲ ਇੰਡੀਆ ਯੂਨੀਵਰਸਿਟੀ ਲੀਗ ਦਾ ਆਯੋਜਨ ਪਿਛਲੇ ਦਿਨੀਂ ਲਖਨਊ 'ਚ ਕਰਵਾਇਆਂ ਗਿਆ ਸੀ। ਇਸ ਲੀਗ 'ਚ ਵਾਈ ਐਫ ਸੀ ਰੁੜਕਾ ਕਲਾਂ ਦੇ 6 ਖਿਡਾਰੀ ਜਿਨ੍ਹਾਂ 'ਚ 4 ਲੜਕੇ ਅਤੇ 2 ਲੜਕੀਆਂ ਨੇ ਆਲ ਇੰਡੀਆ ਇੰਟਰ ਯੂਨੀਵਰਸਿਟੀ ਲੀਗ ਜਿੱਤੀ। ਵਾਈ ਐਫ ਸੀ ਦੇ ਇਹ ਖਿਡਾਰੀ ਕਾਰਤਿਕ, ਸਨਮਦੀਪ ਸਿੰਘ, ਕਰਨਵੀਰ ਸਿੰਘ, ਅਤੇ ਆਕਾਸ਼ ਬਾਬੂ ਅਤੇ ਬੰਦਨਾ ਅਤੇ ਰਮਨੀਕ ਕੌਰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ 'ਚ ਪੜ੍ਹ ਰਹੇ ਹਨ।

ਆਪਣੀ ਪੜ੍ਹਾਈ ਦੇ ਨਾਲ-ਨਾਲ ਆਪਣੀ ਫੁੱਟਬਾਲ ਦੀ ਯੋਗਤਾ ਨੂੰ ਸਾਬਤ ਕਰਦੇ ਹੋਏ। ਆਲ ਇੰਡੀਆ ਯੂਨੀਵਰਸਿਟੀ ਫੁੱਟਬਾਲ ਚੈਂਪੀਅਨਸ਼ਿਪ 'ਚ ਭਾਗ ਲੈਂਦਿਆਂ ਖਿਡਾਰੀਆਂ ਕਾਰਤਿਕ, ਸਮਨਦੀਪ ਸਿੰਘ, ਕਰਨਵੀਰ ਸਿੰਘ, ਆਕਾਸ਼ ਬਾਬੂ, ਰਮਨੀਕ ਕੌਰ ਅਤੇ ਬੰਦਨਾ ਨੇ ਕਾਂਸੇ ਦਾ ਤਗਮਾ ਜਿੱਤਿਆ।

ਇਸ ਮੌਕੇ ਕਲੱਬ ਦੇ ਪ੍ਰਧਾਨ ਗੁਰਮੰਗਲ ਦਾਸ ਸੋਨੀ ਨੇ ਬੱਚਿਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚਾਂ ਨੂੰ ਵਧਾਈ ਦਿੱਤੀ।

ਵਾਈ ਐਫ ਸੀ ਰੁੜਕਾ ਕਲਾਂ ਨੂੰ ਆਪਣੇ ਬੱਚਿਆਂ 'ਤੇ ਮਾਣ ਹੈ। ਅਤੇ ਉਨ੍ਹਾਂ ਸਾਰੇ ਖਿਡਾਰੀਆਂ ਨੂੰ ਭਵਿੱਖ 'ਚ ਆਪਣੇ ਕਲੱਬ ਅਤੇ ਕੋਚਾਂ ਦਾ ਨਾਂਅ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਵਾਈ ਐਫ ਸੀ ਦੇ ਕਈ ਖਿਡਾਰੀ ਅੱਜ ਵੀ ਵੱਖ-ਵੱਖ ਕਲੱਬਾਂ ਨਾਲ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਖੇਡਦੇ ਹਨ।

## ਖਾਲਸਾ ਕਾਲਜ 'ਚ ਨਵੇਂ ਸੈਸ਼ਨ ਸੰਬੰਧੀ ਵਿਦਿਆਰਥੀਆਂ ਲਈ ਰਜਿਸਟ੍ਰੇਸ਼ਨ ਤੇ ਦਾਖਲਾ ਸੈੱਲ ਕੀਤਾ ਸਥਾਪਤ

**ਮਾਹਿਲਪੁਰ, (ਸਫਰੀ)** ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰ, ਸਰਪ੍ਰਸਤ ਡਾ. ਜੰਗ ਬਹਾਦਰ ਸਿੰਘ, ਮੈਨੇਜਰ ਇੰਦਰਜੀਤ ਸਿੰਘ ਭਾਰਟਾ ਅਤੇ ਜਨਰਲ ਸਕੱਤਰ ਪ੍ਰੋ. ਅਪਿੰਦਰ ਸਿੰਘ ਮਾਹਿਲਪੁਰੀ ਦੀ ਅਗਵਾਈ ਹੇਠ ਚੱਲ ਰਹੇ ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ 'ਚ ਸੈਸ਼ਨ 2023-24 ਲਈ ਵੱਖ-ਵੱਖ ਕੋਰਸਾਂ 'ਚ ਵਿਦਿਆਰਥੀਆਂ ਦੀ ਰਜਿਸਟਰੇਸ਼ਨ ਅਤੇ ਦਾਖਲਿਆਂ ਦੀ ਪ੍ਰਕਿਰਿਆ ਸ਼ੁਰੂ ਹੋ ਗਈ ਹੈ। ਇਸ ਸੰਬੰਧੀ ਕਾਲਜ 'ਚ ਵਿਦਿਆਰਥੀਆਂ ਦੀ ਸਹੂਲਤ ਲਈ ਦਾਖਲਾ ਅਤੇ ਕਾਊਂਸਲਿੰਗ ਸੈੱਲ ਸਥਾਪਿਤ ਕੀਤਾ ਗਿਆ ਹੈ ਜਿੱਥੇ ਪੁੱਜ ਕੇ ਵਿਦਿਆਰਥੀ ਆਪਣੇ ਕਰੀਅਰ ਦੀ ਚੋਣ ਅਨੁਸਾਰ ਸਬੰਧਤ ਕੋਰਸ 'ਚ ਦਾਖਲ ਹੋਣ ਦੀ ਯੋਗਤਾ, ਫੀਸ ਅਤੇ ਹੋਰ ਨਿਯਮਾਂ ਸੰਬੰਧੀ ਜਾਣਕਾਰੀ ਪ੍ਰਾਪਤ ਕਰਨ ਲਈ ਆ ਰਹੇ ਹਨ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਦੱਸਿਆ ਕਿ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਨਿਯਮਾਂ ਤਹਿਤ ਕਾਲਜ 'ਚ ਨਵੇਂ ਸੈਸ਼ਨ ਦੇ ਦਾਖਲਿਆਂ ਸੰਬੰਧੀ ਵਿਦਿਆਰਥੀਆਂ ਦੀ ਰਜਿਸਟਰੇਸ਼ਨ ਸ਼ੁਰੂ ਹੋ ਗਈ ਹੈ ਅਤੇ ਵਿਦਿਆਰਥੀ ਕਾਲਜ 'ਚ ਸਥਿਤ ਦਾਖਲਾ ਅਤੇ ਕਾਊਂਸਲਿੰਗ ਸੈੱਲ 'ਚ ਪੁੱਜ ਕੇ ਨਵੇ ਸੈਸ਼ਨ 'ਚ ਦਾਖਲੇ ਸੰਬੰਧੀ ਜਾਣਕਾਰੀ ਹਾਸਲ ਕਰ ਸਕਦੇ ਹਨ। ਉਨਾਂ ਦੱਸਿਆ ਕਿ ਕਾਲਜ 'ਚ ਹੋਣਹਾਰ ਅਤੇ ਲੋੜਵੰਦ ਵਿਦਿਆਰਥੀਆਂ ਲਈ ਵੱਖ ਵੱਖ ਵਜ਼ੀਫ਼ਾ ਰਾਸ਼ੀ ਸਕੀਮਾਂ ਚੱਲ ਰਹੀਆਂ ਹਨ ਤਾਂ ਜੋ ਉਚੇਰੀ ਸਿੱਖਿਆ ਦੇ ਚਾਹਵਾਨ ਵਿਦਿਆਰਥੀ ਆਪਣੀ ਪੜ੍ਹਾਈ ਨਿਰਵਿਘਨ ਜਾਰੀ ਰੱਖ ਸਕਣ। ਇਸ ਮੌਕੇ ਸਟਾਫ ਮੈਂਬਰਾਂ 'ਚ ਡਾ. ਰਾਜ ਕੁਮਾਰ, ਡਾ. ਵਰਿੰਦਰ, ਡਾ. ਪ੍ਰਭਜੋਤ ਕੌਰ, ਪ੍ਰੋ. ਸੁਚੇਤਾ, ਪਰਮਜੀਤ ਕੌਰ ਆਦਿ ਹਾਜ਼ਰ ਸਨ।



## ਬਾਬਾ ਸ਼ਾਹ ਕਮਾਲ ਦਾ ਸਾਲਾਨਾ ਉਰਸ 14 ਤੋਂ

**ਆਦਮਪੁਰ (ਪਰਮਜੀਤ ਸਿੰਘ)**- ਬਾਬਾ ਸ਼ਾਹ ਕਮਾਲ ਦਾ ਦੋ ਦਿਵਸ ਸਾਲਾਨਾ ਉਰਸ ਗੱਦੀਨਸ਼ੀਨ ਬੀਬੀ ਸਰੀਫਾ ਦੀ ਦੇਖ-ਰੇਖ 'ਚ ਆਦਮਪੁਰ ਦੇ ਪਿੰਡ ਹਰੀਪੁਰ 'ਚ 14-15 ਜੂਨ ਨੂੰ ਨਗਰ ਨਿਵਾਸੀਆਂ, ਸਥਾਨਕ ਨਿਵਾਸੀਆਂ ਅਤੇ ਸ਼ਰਧਾਲੂਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਉਰਸ ਦੇ ਪ੍ਰਬੰਧਕ ਗੁਰਨਾਮ ਸਿੰਘ, ਜਸਵੀਰ ਸਿੰਘ, ਬੀਬੀ ਅਮਰਜੀਤ ਕੌਰ, ਬਲਜੀਤ ਸਿੰਘ, ਅਵਤਾਰ ਸਿੰਘ ਦਿਓਲ, ਸਰਪੰਚ ਜਸਵਿੰਦਰ ਸਿੰਘ ਨੇ ਦੱਸਿਆ ਕਿ 12 ਜੂਨ ਨੂੰ ਦੁਪਹਿਰ 2 ਵਜੇ ਬੈਲਗੱਡੀਆਂ ਦੀਆਂ ਦੌੜਾਂ ਕਰਵਾਈਆਂ ਜਾਣਗੀਆਂ 14 ਜੂਨ ਨੂੰ ਸ਼ਾਮ 6 ਵਜੇ ਬੀਬੀ ਸਰੀਫਾ, ਮਹਾਂਪੁਰਸ਼ ਅਤੇ ਸੰਗਤ ਚਿਰਾਗ ਰੌਸ਼ਨ ਕੀਤੇ ਜਾਣਗੇ ਅਤੇ ਉਸ ਤੋਂ ਬਾਅਦ ਦੇਰ ਰਾਤ ਤੱਕ ਮਹਿਫਲ ਸਜਾਈ ਜਾਵੇਗੀ, ਜਿਸ 'ਚ ਯੂ ਪੀ ਅਤੇ ਪੰਜਾਬ ਦੇ ਕੱਵਾਲ ਦਰਬਾਰ 'ਚ ਹਾਜ਼ਰੀ ਲਗਵਾਉਣਗੇ। 15 ਜੂਨ ਦੀ ਸਵੇਰ ਝੰਡਾ ਅਤੇ ਚਾਦਰ ਦੀ ਰਸਮ ਕੀਤੀ ਜਾਵੇਗੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਜਾਵੇਗੀ। ਇਸ ਤੋਂ ਬਾਅਦ ਪੰਜਾਬ ਦੇ ਕਲਾਕਾਰ ਸੂਫੀ ਸੰਗੀਤ ਦੇ ਜਰੀਏ ਮਹਿਫਲ ਸਜਾਉਣਗੇ ਦੋ ਦਿਵਸ ਉਰਸ ਦੇ ਦੌਰਾਨ ਸੰਗਤਾਂ ਵਿੱਚ ਪੀਰਾਂ ਦਾ ਅਟੁੱਟ ਲੰਗਰ ਵਰਤਾਇਆ ਜਾਵੇਗਾ।

## ਕਾਲਾ ਸੰਘਿਆਂ ਦੇ ਸ਼ਮਸ਼ਾਨਘਾਟ ਤੋਂ ਅਣਪਛਾਤੀ ਲਾਸ਼ ਮਿਲੀ

**ਕਾਲਾ ਸੰਘਿਆਂ (ਮਨਜੀਤ ਮਾਨ)**-ਕਸਬਾ ਕਾਲਾ ਸੰਘਿਆਂ ਜ਼ਿਲ੍ਹਾ ਕਪੂਰਥਲਾ ਵਿਖੇ ਵਿਅਕਤੀ ਦੀ ਅਣਪਛਾਤੀ ਲਾਸ਼ ਮਿਲਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪੁਲਸ ਚੌਕੀ ਇੰਚਾਰਜ ਸਬ ਇੰਸਪੈਕਟਰ ਰਣਜੀਤ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਕਾਲਾ ਸੰਘਿਆਂ ਤੋਂ ਸੁਲਤਾਨਪੁਰ ਲੋਧੀ ਰੋਡ 'ਤੇ ਸਥਿਤ ਸ਼ਮਸ਼ਾਨਘਾਟ ਵਿਖੇ ਇਕ ਬਜ਼ੁਰਗ ਵਿਅਕਤੀ ਦੀ ਲਾਸ਼ ਪਈ ਹੈ। ਪੁਲਸ ਨੇ ਮੌਕੇ 'ਤੇ ਜਾ ਕੇ ਵੇਖਿਆ ਤਾਂ ਕਰੀਬ 55 ਕੁ ਸਾਲਾ ਸਰਦਾਰ ਵਿਅਕਤੀ ਦੀ ਲਾਸ਼ ਜਿਸ ਦੇ ਪਾਏ ਹੋਏ ਕੱਪੜਿਆਂ ਦੀ ਤਲਾਸ਼ੀ ਲੈਣ 'ਤੇ ਕੋਈ ਵੀ ਸ਼ਨਾਖਤੀ ਪਛਾਣ ਪੱਤਰ ਨਹੀਂ ਮਿਲਿਆ। ਚੌਕੀ ਇੰਚਾਰਜ ਨੇ ਕਿਹਾ ਕਿ ਵਿਅਕਤੀ ਦੀ ਮੌਤ ਕਰੀਬ ਇਕ ਦੋ ਦਿਨ ਪਹਿਲਾਂ ਜ਼ਿਆਦਾ ਗਰਮੀ ਹੋਣ ਕਾਰਨ ਹੋਈ ਲਗਦੀ ਹੈ। ਉਨ੍ਹਾ ਕਿਹਾ ਕਿ ਲਾਸ਼ ਕਬਜ਼ੇ ਵਿੱਚ ਲੈ ਕੇ ਸ਼ਨਾਖਤ ਲਈ 72 ਘੰਟਿਆਂ ਲਈ ਸਰਕਾਰੀ ਹਸਪਤਾਲ ਕਪੂਰਥਲਾ ਵਿਖੇ ਮੋਰਚਰੀ ਵਿੱਚ ਰੱਖੀ ਗਈ ਹੈ ।

## ਰੱਤੂ ਜਠੇਰਿਆਂ ਦੇ ਸਾਲਾਨਾ ਜੋੜ ਮੇਲੇ ਦਾ ਪੋਸਟਰ ਰਿਲੀਜ਼



**ਬਹਿਰਾਮ (ਅਵਤਾਰ ਕਲੇਰ)** ਧੰਨ -ਧੰਨ ਬਾਬਾ ਡੋਗਰ ਪੀਰ, ਬਾਬਾ ਜਾਹਰ ਪੀਰ, ਬਾਬਾ ਸੇਲਬਰਾਹ ਦੇ ਅਸਥਾਨ ਰੱਤੂ ਜਠੇਰੇ ਪਿੰਡ ਝੰਡੇਰ ਕਲਾਂ-ਝੰਡੇਰ ਖੁਰਦ ਵਿਖੇ ਸਾਲਾਨਾ ਜੋੜ ਮੇਲਾ 18 ਜੂਨ ਦਿਨ ਐਤਵਾਰ ਨੂੰ ਸਮੂਹ ਸੰਗਤਾਂ, ਰੱਤੂ ਜਠੇਰੇ ਪ੍ਰਬੰਧਕ ਕਮੇਟੀ, ਰੱਤੂ ਜਠੇਰੇ ਐਕਸ਼ਨ ਕਮੇਟੀ ਪੰਜਾਬ ਝੰਡੇਰ ਕਲਾਂ-ਝੰਡੇਰ ਖੁਰਦ ਗ੍ਰਾਮ ਪੰਚਾਇਤਾਂ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਮਨਾਇਆ ਜਾਵੇਗਾ। ਜੋੜ ਮੇਲੇ ਦਾ ਪੋਸਟਰ ਜਾਰੀ ਕਰਦਿਆ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮੇਜਰ ਰਾਮ ਰੱਤੂ ਨੇ ਦੱਸਿਆ ਕਿ ਅਸਥਾਨ ਦੀਆਂ ਸਾਰੀਆ ਧਾਰਮਿਕ ਰਸਮਾਂ ਕਰਨ ਉਪਰੰਤ ਨਿਰੋਲ ਧਾਰਮਿਕ ਸਟੇਜ ਸਜਾਈ ਜਾਵੇਗੀ ਜਿਸ 'ਚ ਨਾਮਵਰ ਕਲਾਕਾਰ ਬਲਰਾਜ ਬਿਲਗਾ ਆਪਣੇ ਗੀਤਾਂ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਬਾਬਾ ਜੀ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਪ੍ਰਧਾਨ ਮੇਜਰ ਰਾਮ ਰੱਤੂ, ਸਾਬਕਾ ਸੰਮਤੀ ਮੈਂਬਰ ਇਰਵਨ ਕੁਮਾਰ, ਰਤਨ ਰਾਮ ਨੰਗਲ ਫਤਿਹ ਖਾਂ, ਊਧੋ ਰਾਮ ਝੰਡੇਰ ਕਲਾਂ, ਮਹਿੰਦਰ ਰਾਮ, ਰਾਮ ਲੁਭਾਇਆ ਸੋਤਰਾ, ਵਿਜੈ ਕੁਮਾਰ, ਹਰਮਿੰਦਰ ਸਿੰਘ, ਅਜਮੇਰ ਸਿੰਘ, ਮਨਪ੍ਰੀਤ ਸਿੰਘ, ਕੁਲਦੀਪ ਰਾਮ, ਲਖਵਿੰਦਰ ਲੱਖਾ ਆਦਿ ਸੰਗਤਾਂ ਹਾਜ਼ਰ ਸਨ।

# ਡਾ. ਬਲਜੀਤ ਕੌਰ ਨੇ ਵਰਕਿੰਗ ਵਿਮਨ ਹੋਸਟਲ ਦਾ ਰੱਖਿਆ ਨੀਂਹ ਪੱਥਰ



**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਪੰਜਾਬ ਦੇ ਸਮਾਜਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਮੰਤਰੀ ਡਾ. ਬਲਜੀਤ ਕੌਰ ਵੱਲੋਂ ਕੰਮਕਾਜੀ ਔਰਤਾਂ ਨੂੰ ਸੁਰੱਖਿਅਤ ਅਤੇ ਸੁਵਿਧਾਜਨਕ ਰਿਹਾਇਸ਼ ਮੁਹੱਈਆ ਕਰਨ ਦੇ ਮਕਸਦ ਨਾਲ ਜਲੰਧਰ ਦੇ ਗਾਂਧੀ ਵਨੀਤਾ ਆਸ਼ਰਮ ਵਿਚ ਆਪਣੀ ਤਰ੍ਹਾਂ ਦੇ ਪਹਿਲੇ ਹੋਸਟਲ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਹੋਸਟਲ ਵਿਚ 100 ਮਹਿਲਾਵਾਂ ਦੀ ਰਿਹਾਇਸ਼ ਦੀ ਸਹੂਲਤ ਦੇ ਨਾਲ-ਨਾਲ ਛੋਟੇ ਬੱਚਿਆਂ ਦੀ ਸਾਂਭ ਸੰਭਾਲ ਲਈ ਕਰੈਚ ਦਾ ਵੀ ਪ੍ਰਬੰਧ ਹੋਵੇਗਾ। ਆਸ਼ਰਮ ਵਿਚ ਨੀਂਹ ਪੱਥਰ ਰੱਖਣ ਮੌਕੇ ਡਾ. ਬਲਜੀਤ ਕੌਰ ਨੇ ਦੱਸਿਆ ਕਿ ਵਿਭਾਗ ਵੱਲੋਂ ਔਰਤਾਂ ਦੇ ਸਸ਼ਕਤੀਕਰਨ ਲਈ ਅਨੇਕ ਸਕੀਮਾਂ ਲਾਗੂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚੋਂ ਵਰਕਿੰਗ ਵਿਮਨ ਹੋਸਟਲ ਸਕੀਮ ਇਕ ਹੈ। ਇਸ ਯੋਜਨਾ ਤਹਿਤ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਸ਼ਹਿਰਾਂ ਵਿਚ ਵਰਕਿੰਗ ਵਿਮਨ ਹੋਸਟਲ ਸਥਾਪਤ ਕਰਨ ਦੀ ਯੋਜਨਾਬੰਦੀ ਹੈ, ਜਿਸ ਦੀ ਸ਼ੁਰੂਆਤ ਅੱਜ ਜਲੰਧਰ ਤੋਂ ਕੀਤੀ ਗਈ ਹੈ। ਇਨ੍ਹਾਂ ਹੋਸਟਲਾਂ ਵਿਚ ਜਿੱਥੇ 100 ਕੰਮਕਾਜੀ ਮਹਿਲਾਵਾਂ ਦੇ ਠਹਿਰਨ ਦਾ ਪ੍ਰਬੰਧ ਹੋਵੇਗਾ ਉੱਥੇ ਹੀ ਇਨ੍ਹਾਂ ਹੋਸਟਲਾਂ ਵਿਚ ਕਰੈਚ ਵੀ ਖੋਲ੍ਹੇ ਜਾਣਗੇ ਤਾਂ ਜੋ ਔਰਤਾਂ ਆਪਣੇ ਛੋਟੇ ਬੱਚਿਆਂ ਨੂੰ ਕਰੈਚ ਵਿਚ ਛੱਡ ਬੇਫਿਕਰ ਹੋ ਆਪਣੀ ਨੌਕਰੀ 'ਤੇ ਜਾ ਕੇ ਸੇਵਾ ਨਿਭਾ ਸਕਣ। ਹੋਸਟਲ ਦੀ ਸਹੂਲਤ ਕੰਮਕਾਜੀ ਔਰਤਾਂ, ਜੋ ਇਕੱਲੀਆਂ, ਵਿਧਵਾ, ਤਲਾਕਸ਼ੁਦਾ, ਵਿਆਹੀਆਂ ਆਦਿ ਲੈ ਸਕਦੀਆਂ ਹਨ ਬਸ਼ਰਤੇ ਕਿ ਉਨ੍ਹਾਂ ਦਾ ਪਤੀ ਜਾਂ ਨਜ਼ਦੀਕੀ ਪਰਵਾਰ ਉਸੇ ਸ਼ਹਿਰ/ਖੇਤਰ ਵਿੱਚ ਨਾ ਰਹਿੰਦਾ ਹੋਵੇ। ਇਸ ਤੋਂ ਇਲਾਵਾ ਸਮਾਜ ਦੇ ਪਛੜੇ ਵਰਗਾਂ ਦੀਆਂ ਔਰਤਾਂ ਅਤੇ ਅਪਾਹਜਾਂ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾਵੇਗੀ। ਉਨ੍ਹਾ ਕਿਹਾ ਕਿ ਬਹੁਤ ਸਾਰੀਆਂ ਔਰਤਾਂ ਇਸ ਕਰਕੇ ਘਰ ਤੋਂ ਬਾਹਰ ਦੂਜੇ ਸ਼ਹਿਰਾਂ ਵਿਚ ਨੌਕਰੀ ਨਹੀਂ ਕਰ ਸਕਦੀਆਂ ਕਿਉਂਕਿ ਉਨ੍ਹਾਂ ਨੂੰ ਸੁਰੱਖਿਅਤ ਅਤੇ ਸੁਵਿਧਾਜਨਕ ਰਿਹਾਇਸ਼ ਨਹੀਂ ਮਿਲਦੀ, ਜਿਸ ਨਾਲ ਔਰਤਾਂ ਦੇ ਆਰਥਕ ਤੌਰ 'ਤੇ ਮਜ਼ਬੂਤ ਹੋਣ ਵਿਚ ਅੜਿੱਕਾ ਬਣਦਾ ਹੈ। ਉਨ੍ਹਾ ਦੱਸਿਆ ਕਿ ਜੇਕਰ ਕੰਮਕਾਜੀ ਔਰਤਾਂ ਨੂੰ ਅਜਿਹੇ ਹੋਸਟਲਾਂ ਦੀ ਸਹੂਲਤ ਮਿਲੇਗੀ, ਉਹ ਘਰ ਤੋਂ ਬਾਹਰ ਵੱਡੇ ਸ਼ਹਿਰਾਂ ਵਿਚ ਕੰਮ ਕਰਨ ਜਾਂ ਨੌਕਰੀ ਕਰਨ ਤੋਂ ਉਨ੍ਹਾਂ ਨੂੰ ਝਿਜਕ ਨਹੀਂ ਹੋਵੇਗੀ ਜਿਸ ਨਾਲ ਔਰਤਾਂ ਦੇ ਵਿਕਾਸ ਦੇ ਨਾਲ-ਨਾਲ ਪੰਜਾਬ ਦਾ ਵੀ ਵਿਕਾਸ ਹੋਵੇਗਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਮੇਜਰ ਅਮਿਤ ਮਹਾਜਨ, ਵਿਭਾਗ ਦੇ ਡਿਪਟੀ ਡਾਇਰੈਕਟਰ ਰੁਪਿੰਦਰ ਕੌਰ, ਐਸ.ਡੀ.ਐਮ. ਬਲਬੀਰ ਰਾਜ ਸਿੰਘ, ਉੱਚ ਅਧਿਕਾਰੀ ਅਮਰਜੀਤ ਸਿੰਘ ਭੁੱਲਰ, ਜ਼ਿਲਾ ਪ੍ਰੋਗਰਾਮ ਅਫਸਰ ਮਨਜਿੰਦਰ ਸਿੰਘ ਤੇ ਹੋਰ ਹਾਜ਼ਰ ਸਨ ।

# ਸੀ ਟੀ ਵਰਲਡ ਸਕੂਲ 'ਚ ਸੱਤ ਦਿਨਾ ਸਮਰ ਕੈਂਪ



**ਜਲੰਧਰ ( ਸ਼ੈਲੀ ਐਲਬਰਟ)**- ਸੀ ਟੀ ਵਰਲਡ ਸਕੂਲ ਵਿਖੇ 2 ਜੂਨ ਤੋਂ 9 ਜੂਨ ਤੱਕ 7 ਦਿਨਾ ਸਮਰ ਕੈਂਪ ਦਾ ਆਯੋਜਿਤ ਕੀਤਾ ਗਿਆ। ਲਗਭਗ 100 ਬੱਚਿਆਂ ਨੇ ਕਲਾ, ਸ਼ਿਲਪਕਾਰੀ, ਡਾਂਸ, ਯੋਗਾ, ਸਾਇੰਸ ਅਤੇ ਇਨਫਾਰਮੇਸ਼ਨ ਤਕਨਾਲੋਜੀ ਆਪਣੀ ਰਚਨਾਤਮਕਤਾ ਦਾ ਪ੍ਰਗਟਾਵਾ ਕੀਤਾ। ਪੂਲ ਪਾਰਟੀ ਤੋਂ ਲੈ ਕੇ ਰੋਬੋਟਿਕਸ ਤੱਕ ਬੱਚਿਆਂ ਨੇ ਇਹ 7 ਦਿਨਾ ਸਮਰ ਕੈਂਪ ਦਾ ਮਜ਼ਾ ਲਿਆ। ਇਸ ਕੈਂਪ ਵਿੱਚ ਖਾਸ ਤੌਰ 'ਤੇ ਪਰਿੰਦੇ ਅਕੈਡਮੀ ਦੇ ਰਾਜਨ ਸਿਆਲ ਨੇ ਬੱਚਿਆਂ ਨੂੰ ਡਾਂਸ ਸਿਖਾਇਆ। ਇਸ ਦੌਰਾਨ ਸੀਟੀ ਗਰੁੱਪ ਦੇ ਹੁਨਰਮੰਦ ਸੈੱਫਾਂ ਦੁਆਰਾ ਅੱਗ ਬਿਨਾਂ ਵਰਤੇ ਖਾਣਾ ਬਣਾਉਣ ਅਤੇ ਆਈ ਟੀ ਮਾਹਰਾਂ ਦੁਆਰਾ ਰੋਬੋਟਿਕਸ ਬਾਰੇ ਜਾਣਕਾਰੀ ਵੀ ਦਿੱਤੀ। ਇਸ ਕੈਂਪ ਦਾ ਮੁੱਖ ਮੰਤਵ ਬੱਚਿਆਂ ਦੇ ਹੁਨਰ ਨੂੰ ਪਛਾਣਨਾਂ ਅਤੇ ਉਨ੍ਹਾਂ ਨੂੰ ਨਿਖਾਰਨਾ ਸੀ। ਉਨ੍ਹਾਂ ਨੂੰ ਇਸੇ ਮੰਤਵ ਨਾਲ ਸੁਰੱਖਿਅਤ ਅਤੇ ਸਿਹਤਮੰਦ ਵਾਤਾਵਰਣ ਪ੍ਰਦਾਨ ਕੀਤਾ ਗਿਆ। ਪ੍ਰਿੰਸੀਪਲ ਮਧੂ ਸ਼ਰਮਾ ਅਤੇ ਸੀ ਟੀ ਵਰਲਡ ਸਕੂਲ ਦੀ ਵਾਈਸ ਪ੍ਰੈਜ਼ੀਡੈਂਟ ਨਮਿਤਾ ਮਲਹੋਤਰਾ ਦੁਆਰਾ ਇਸ ਸਮਰ ਕੈਂਪ ਦਾ ਉਦਘਾਟਨ ਕੀਤਾ ਗਿਆ। ਮਧੂ ਸ਼ਰਮਾ ਨੇ ਮਾਪਿਆਂ ਨੂੰ ਆਪਣੇ ਬੱਚਿਆਂ ਦੀ ਸਿਰਜਣਾਤਮਕਤਾ ਨੂੰ ਪਛਾਨਣ, ਪਾਲਣ ਪੋਸਣ ਅਤੇ ਕਦਰ ਕਰਨ ਦੀ ਅਪੀਲ ਕੀਤੀ। ਵਿਦਿਆਰਥੀਆਂ ਨੂੰ ਉਨ੍ਹਾਂ ਦੀ ਭਾਗੀਦਾਰੀ ਸਰਟੀਫਿਕੇਟ ਵੀ ਦਿੱਤੇ ਗਏ। ਸੀ ਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ, ਸੀ ਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਅਤੇ ਸੀ ਟੀ ਗਰੁੱਪ ਦੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਵਿਦਿਆਰਥੀਆਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

## ਸਰਕਾਰ ਨੇ ਸਮਰਥਨ ਮੁੱਲ 'ਚ ਵਾਧਾ ਕਰਕੇ ਦੇਸ਼ ਦੇ ਕਿਸਾਨਾਂ ਨੂੰ ਦਿੱਤਾ ਵੱਡਾ ਤੋਹਫਾ : ਪਵਾਰ

**ਫਿਲੌਰ (ਨਿਰਮਲ)**- ਕੇਂਦਰ ਸਰਕਾਰ ਵਲੋਂ ਸਾਉਣੀ ਦੀਆਂ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਵਾਧਾ ਕਰਕੇ ਦੇਸ਼ ਭਰ ਦੇ ਕਿਸਾਨਾਂ ਨੂੰ ਵੱਡਾ ਤੋਹਫਾ ਦਿੱਤਾ ਹੈ। ਸਰਕਾਰ ਤਹਿ ਕੀਤੇ ਰੇਟ 'ਤੇ ਸਾਉਣੀ ਦੀਆਂ ਫਸਲਾਂ ਖਰੀਦੇਗੀ। ਰਣਜੀਤ ਸਿੰਘ ਪਵਾਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਹੋਈ ਆਰਥਿਕ ਮਾਮਲਿਆਂ ਬਾਰੇ ਕੈਬਨਿਟ ਕਮੇਟੀ ਦੀ ਮੀਟਿੰਗ 'ਚ ਸਾਉਣੀ ਦੀਆਂ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਵਾਧਾ ਕਰਨ ਦੇ ਪ੍ਰਸਤਾਵ ਨੂੰ ਪ੍ਰਵਾਨਗੀ ਦਿੱਤੀ ਗਈ ਅਤੇ ਉਨ੍ਹਾਂ ਕਿਹਾ ਕਿ ਪਿਛਲੇ 9 ਸਾਲਾਂ ਤੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਜਪਾ ਸਰਕਾਰ ਕਿਸਾਨਾਂ ਦੇ ਹਿੱਤ 'ਚ ਕੰਮ ਕਰ ਰਹੀ ਹੈ। ਅਸੀਂ ਲਾਗਤ ਤੋਂ 50 ਫੀਸਦੀ ਵੱਧ ਐਮ ਐਸ ਪੀ ਦੇਣਾ ਸ਼ੁਰੂ ਕੀਤਾ ਸੀ, ਜੋ ਅੱਜ ਵੀ ਜਾਰੀ ਹੈ। ਰਣਜੀਤ ਸਿੰਘ ਪਵਾਰ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵਿੱਚ ਸਾਉਣੀ ਦੀਆਂ 14 ਫਸਲਾਂ ਸਮੇਤ 17 ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ 'ਚ ਵਾਧਾ ਕੀਤਾ ਹੈ ਫਸਲੀ ਸਾਲ 2022-23 ਲਈ ਝੋਨੇ ਦਾ ਘੱਟੋ-ਘੱਟ ਸਮਰਥਨ ਮੁੱਲ 'ਚ 100 ਰੁਪਏ ਦਾ ਵਾਧਾ ਕੀਤਾ ਗਿਆ ਹੈ। ਉਹਨਾ ਕਿਹਾ ਕਿ ਪਿਛਲੇ 9 ਸਾਲਾਂ ਵਿੱਚ ਪ੍ਰਧਾਨ ਮੰਤਰੀ ਦੀ 'ਬੀਜ ਸੇ ਬਜ਼ਾਰ ਤੱਕ' ਦੇ ਸੁਪਨੇ 'ਤੇ ਆਧਾਰਿਤ ਅਗਵਾਈ ਹੇਠ ਭਾਰਤੀ ਖੇਤੀ ਨੇ ਨਵੀਂ ਗਤੀ ਹਾਸਲ ਕੀਤੀ ਹੈ।

## ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਦੁੱਧ ਦੀਆਂ ਡੇਅਰੀਆਂ ਦੀ ਜਾਂਚ



**ਖਰੜ (ਹਰਨਾਮ ਸਿੰਘ ਡੱਲਾ)**-ਲੋਕਾਂ ਨੂੰ ਖਾਣ-ਪੀਣ ਦੀਆਂ ਮਿਆਰੀ ਤੇ ਸ਼ੁੱਧ ਚੀਜ਼ਾਂ ਉਪਲਬਧ ਕਰਾਉਣ ਦੇ ਉਦੇਸ਼ ਨਾਲ ਜ਼ਿਲ੍ਹਾ ਸਿਹਤ ਵਿਭਾਗ ਦੀਆਂ ਦੋ ਫ਼ੂਡ ਸੇਫਟੀ ਟੀਮਾਂ ਨੇ ਅੱਜ ਸਵੇਰੇ ਖਰੜ ਏਰੀਏ ਵਿਚ ਦੁੱਧ ਦੀਆਂ ਡੇਅਰੀਆਂ ਵਿਚ ਦਸਤਕ ਦਿੱਤੀ ਤੇ ਦੁੱਧ ਤੇ ਪਨੀਰ ਦੇ ਮਿਆਰ ਦੀ ਪਰਖ ਕੀਤੀ। ਜ਼ਿਲ੍ਹਾ ਸਿਹਤ ਅਫ਼ਸਰ ਡਾ. ਸੁਭਾਸ਼ ਕੁਮਾਰ ਨੇ ਦੱਸਿਆ ਕਿ ਟੀਮਾਂ ਨੇ ਏਰੀਏ ਦੀਆਂ 20 ਪ੍ਰਮੁੱਖ ਡੇਅਰੀਆਂ ਵਿਚ ਫੇਰੀ ਪਾਈ ਅਤੇ ਵੱਖ-ਵੱਖ ਥਾਈਂ ਦੁੱਧ ਤੇ ਪਨੀਰ ਦੇ 12 ਸੈਂਪਲ ਲਏ ਲਏ ਗਏ। ਸੈਂਪਲ ਜਾਂਚ ਲਈ ਖਰੜ ਦੀ ਲੈਬ ਵਿਚ ਭੇਜ ਦਿੱਤੇ ਗਏ। ਡੀ.ਐਚ.ਓ. ਨੇ ਕਾਰੋਬਾਰੀਆਂ ਨੂੰ ਸਖ਼ਤ ਸ਼ਬਦਾਂ ਵਿਚ ਹਦਾਇਤ ਕੀਤੀ ਗਈ ਕਿ ਮਿਲਾਵਟੀ ਤੇ ਬੇਮਿਆਰੀ ਦੁੱਧ ਤੇ ਪਨੀਰ ਦੀ ਵਿਕਰੀ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ "ਫ਼ੂਡ ਸੇਫ਼ਟੀ ਸਟੈਂਡਰਡਜ਼ ਐਂਡ ਰੈਗੂਲੇਸ਼ਨ ਐਕਟ" ਤਹਿਤ ਮਿਲਾਵਟੀ ਤੇ ਬੇਮਿਆਰੀ ਦੁੱਧ ਅਤੇ ਦੁੱਧ ਤੋਂ ਬਣੀਆਂ ਵਸਤਾਂ ਕਿਸੇ ਵੀ ਹਾਲਤ ਵਿਚ ਵੇਚੀਆਂ ਨਹੀਂ ਜਾ ਸਕਦੀਆਂ। ਇਸ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਨੂੰ ਜੁਰਮਾਨਾ ਲਾਉਣ ਤੋਂ ਇਲਾਵਾ ਉਸ ਦਾ ਵਿਕਰੀ ਲਾਇਸੰਸ ਵੀ ਰੱਦ ਕੀਤਾ ਜਾ ਸਕਦਾ ਹੈ। ਉਨ੍ਹਾ ਵੱਖ ਵੱਖ ਫ਼ੂਡ ਐਸੋਸੀਏਸ਼ਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਸ਼ੁੱਧ ਚੀਜ਼ਾਂ ਦੀ ਬਨਾਵਟ ਅਤੇ ਵਿਕਰੀ ਯਕੀਨੀ ਬਣਾਉਣ। ਉਨ੍ਹਾ ਕਿਹਾ ਕਿ ਜਾਂਚ ਦਾ ਮੰਤਵ ਕਿਸੇ ਨੂੰ ਤੰਗ-ਪ੍ਰੇਸ਼ਾਨ ਕਰਨਾ ਨਹੀਂ ਸਗੋਂ ਮਿਆਰੀ ਚੀਜ਼ਾਂ ਦੀ ਵਿਕਰੀ ਯਕੀਨੀ ਕਰਨਾ ਹੈ। ਉਨ੍ਹਾ ਕਿਹਾ ਦੁਕਾਨਦਾਰ ਸਾਫ਼-ਸਫ਼ਾਈ ਵੱਲ ਵੀ ਵਿਸ਼ੇਸ਼ ਧਿਆਨ ਦੇਣ। ਉਨ੍ਹਾਂ ਲੋਕਾ ਨੂੰ ਵੀ ਭੋਜਨ ਪਦਾਰਥਾਂ ਦੀ ਗੁਣਵੱਤਾ ਪ੍ਰਤੀ ਕਿਸੇ ਕਿਸਮ ਦਾ ਸਮਝੌਤਾ ਨਾ ਕਰਨ ਦੀ ਅਪੀਲ ਕੀਤੀ। ਇਸ ਮੌਕੇ ਫ਼ੂਡ ਸੇਫਟੀ ਅਫ਼ਸਰ ਰਵੀਨੰਦਨ ਗੋਇਲ ਤੇ ਲਵਪ੍ਰੀਤ ਸਿੰਘ ਵੀ ਮੌਜੂਦ ਸਨ।

## ਧੋਖਾਧੜੀ ਨਾਲ ਲਾਟਰੀ ਦਾ ਕੰਮ ਕਰਨ ਵਾਲਾ ਕਾਬੂ

**ਫਿਲੌਰ (ਨਿਰਮਲ)**- ਡੀ ਐਸ ਪੀ ਫਿਲੌਰ ਜਗਦੀਸ਼ ਰਾਜ ਅਤੇ ਥਾਣਾ ਮੁਖੀ ਫਿਲੌਰ ਇੰਸਪੈਕਟਰ ਹਰਜਿੰਦਰ ਸਿੰਘ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਬ ਇੰਸਪੈਕਟਰ ਪਰਮਜੀਤ ਸਿੰਘ ਵੱਲੋਂ ਧੋਖਾਧੜੀ ਨਾਲ ਲਾਟਰੀ ਦਾ ਧੰਦਾ ਕਰਨ ਵਾਲੇ ਇੱਕ ਵਿਅਕਤੀ ਭਜਨ ਸਿੰਘ ਪੁੱਤਰ ਬਨੀ ਰਾਮ ਵਾਸੀ ਅਕਲਪੁਰ ਰੋਡ ਥਾਣਾ ਫਿਲੌਰ ਨੂੰ ਗ੍ਰਿਫਤਾਰ ਕਰਕੇ ਇਸ ਪਾਸੋਂ 5200 ਰੁਪਏ ਅਤੇ ਇੱਕ ਮੋਬਾਇਲ ਫੋਨ ਅਤੇ ਪਰਚੀਆ/ਡਾਇਰੀਆਂ ਬਰਾਮਦ ਕਰਕੇ ਮੁਕੱਦਮਾ ਨੰਬਰ 155 ਜੁਰਮ 294ਏ,420 ਆਈ ਪੀ ਸੀ, 7(3) ਲਾਟਰੀ ਐਕਟ 1998 ਤਹਿਤ ਕੇਸ ਥਾਣਾ ਫਿਲੌਰ ਵਿਖੇ ਦਰਜ ਕੀਤਾ ਗਿਆ। ਜੋ ਮੁੱਢਲੀ ਪੁੱਛਗਿੱਛ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਕਾਫੀ ਸਮੇਂ ਤੋਂ ਆਮ ਲੋਕਾਂ ਨੂੰ ਧੋਖਾਧੜੀ ਨਾਲ ਲਾਟਰੀ ਦਾ ਲਾਲਚ ਦੇ ਕੇ ਲਾਟਰੀ ਦਾ ਨਜਾਇਜ਼ ਧੰਦਾ ਕਰ ਰਿਹਾ ਸੀ। ਇਸ ਦਾ ਪੁਲਸ ਰਿਮਾਂਡ ਹਾਸਲ ਕਰਕੇ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ।

## ਦਰਬਾਰ ਬਾਬਾ ਖਾਕੀ ਸ਼ਾਹ ਦੇ ਸਾਲਾਨਾ ਮੇਲੇ ਦਾ ਪੋਸਟਰ ਜਾਰੀ



**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**-ਦਰਬਾਰ ਬਾਬਾ ਖਾਕੀ ਸ਼ਾਹ ਪਿੰਡ ਟਿੱਬੀਆਂ ਵਿਖੇ ਦਾਤਾ ਦਾ ਸਾਲਾਨਾ ਮੇਲਾ ਕਰਵਾਉਣ ਦੇ ਸੰਬੰਧ ਦਰਬਾਰ ਦੇ ਗੱਦੀ ਨਸ਼ੀਨ ਸਾਈਂ ਅਮਰੀਕ ਸ਼ਾਹ ਦੀ ਦੇਖ-ਰੇਖ ਹੇਠ ਦਰਬਾਰ ਨਾਲ ਜੁੜੀਆਂ ਸੰਗਤਾਂ ਦੀ ਇੱਕ ਵਿਸ਼ੇਸ਼ ਇਕੱਤਰਤਾ ਹੋਈ। ਜਿਸ 'ਚ ਸੰਤ ਰਤਨ ਪ੍ਰਕਾਸ਼, ਬੀਬੀ ਰਾਮ ਪ੍ਰੀਤ, ਬੀਬੀ ਸਮਿਤਰ ਕੌਰ, ਲੰਬੜਦਾਰ ਪ੍ਰਵੀਨ ਸੋਨੀ, ਪੰਡਤ ਵਿਜੈ ਕੁਮਾਰ, ਸੰਦੀਪ ਕੌਰ, ਅਸ਼ਵਨੀ ਖੰਨਾ, ਬਾਮਦੇਵ ਸ਼ਰਮਾ, ਜਗਦੇਵ ਸਿੰਘ, ਮੀਨਾ ਕੁਮਾਰੀ, ਪਰਮਜੀਤ, ਰਘਵੀਰ ਸਿੰਘ ਪੱਪੂ, ਰਤਨ ਚੰਦ, ਹਰਸ਼, ਮਨੀਸ਼, ਦੀਦਾਰ ਸਿੰਘ, ਹਰਪ੍ਰੀਤ, ਮਨਦੀਪ ਕੁਮਾਰ ਲੱਕੀ ਆਦਿ ਹਾਜ਼ਰ ਹੋਏ। ਸਾਈਂ ਅਮਰੀਕ ਸ਼ਾਹ ਨੇ ਦੱਸਿਆ ਕਿ 20 ਜੂਨ ਨੂੰ ਮਹਿੰਦੀ ਦੀ ਰਸਮ ਹੋਵੇਗੀ। 21 ਜੂਨ ਨੂੰ ਚਿਰਾਗ-ਏ ਰੌਸ਼ਨ, ਕਵਾਲ ਤੇ ਨਕਾਲ ਪ੍ਰੋਗਰਾਮ ਪੇਸ਼ ਕਰਨਗੇ। 22 ਜੂਨ ਨੂੰ ਪਹੁੰਚ ਰਹੇ ਕਲਾਕਾਰਾਂ ਹਰਸ ਪੰਢੇਰ, ਸਰਦਾਰ ਅਲੀ, ਮਨੀ ਲੌਂਗੀਆ, ਸਾਰਥੀ, ਨਿੰਜਾ, ਰਣਜੀਤ ਬਾਵਾ, ਜੈਜ ਕੌਰ- ਨਵਾਬ ਦੋਗਾਣਾ ਜੋੜੀ ਆਪਣਾ ਪ੍ਰੋਗਰਾਮ ਪੇਸ਼ ਕਰਨਗੇ। 23 ਜੂਨ ਨੂੰ ਚਾਦਰ ਦੀ ਰਸਮ ਅਦਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਾਂਈ ਹਰੀ ਰਾਮ, ਬੀਬੀ ਨਸੀਬ ਕੌਰ ਗੱਦੀ ਨਸ਼ੀਨ ਦਰਬਾਰ ਜੀਜੂ ਸ਼ਾਹ, ਸ਼ੀਲਾ ਸਾਬਰੀ ਦਾ ਵਿਸ਼ੇਸ਼ ਅਸ਼ੀਰਵਾਦ ਪ੍ਰਾਪਤ ਹੈ। ਸਮਾਗਮ 'ਚ ਸਾਈਂ ਉਮਰੇ ਸ਼ਾਹ ਮੰਢਾਲੀ ਸਰੀਫ, ਬਾਬਾ ਰਵਿੰਦਰ ਦਾਸ, ਬਾਬਾ ਸੰਤੋਖ ਦਾਸ ਸਮੇਤ ਸੰਤ-ਮਹਾਂਪੁਰਸ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਇਸ ਮੌਕੇ ਡਾਕਟਰ ਜਸਵੰਤ ਸਿੰਘ ਥਿੰਦਾਂ ਐਸ. ਐਮ. ਓ. ਮਾਹਿਲਪੁਰ ਦੀ ਯੋਗ ਅਗਵਾਈ ਹੇਠ ਮੁਫਤ ਮੈਡੀਕਲ ਕੈਂਪ ਲਗਾਇਆ ਜਾਵੇਗਾ। ਇਸ ਤੋਂ ਇਲਾਵਾ 22 ਤਰੀਕ ਨੂੰ ਖੂਨਦਾਨ ਕੈਂਪ ਵੀ ਲੱਗੇਗਾ।

## ਗੁਰਦੁਆਰਾ ਸ੍ਰੀ ਬੇਰ ਸਾਹਿਬ ਬਾਹਰੋਂ ਮੋਟਰਸਾਈਕਲ ਚੋਰੀ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਸੁਲਤਾਨਪੁਰ ਲੋਧੀ ਅਤੇ ਆਸ ਪਾਸ ਦੇ ਇਲਾਕੇ 'ਚ ਰੋਜ਼ਾਨਾ ਹੋ ਰਹੀਆਂ ਚੋਰੀਆਂ ਤੋਂ ਲੋਕ ਡਾਢੇ ਪ੍ਰੇਸ਼ਾਨ ਹਨ ਅਤੇ ਇੰਜ ਜਾਪਦਾ ਹੈ ਜਿਵੇਂ ਚੋਰ ਚੁਸਤ ਹਨ ਤੇ ਪੁਲਸ ਸੁਸਤ ਹੁੰਦੀ ਜਾ ਰਹੀ ਹੈ। ਚੋਰਾਂ ਦਾ ਜਿਆਦਾਤਰ ਧਿਆਨ ਗੁਰਦੁਆਰਾ ਸਾਹਿਬ ਅਤੇ ਹੋਰ ਧਾਰਮਿਕ ਸਥਾਨਾਂ ਦੇ ਬਾਹਰੋਂ ਮੋਟਰਸਾਈਕਲ ਆਦਿ ਚੋਰੀ ਕਰਨ ਵੱਲ ਰਹਿੰਦਾ ਹੈ। ਭਾਵੇਂ ਪੁਲਸ ਵੱਲੋਂ ਇਸ ਸੰਬੰਧ 'ਚ ਕੁਝ ਇੱਕ ਚੋਰਾਂ ਨੂੰ ਫੜ ਕੇ ਕੇਸ ਦਰਜ ਕਰਕੇ ਜੇਲ੍ਹ ਵੀ ਭੇਜਿਆ ਗਿਆ ਹੈ, ਪ੍ਰੰਤੂ ਕਈ ਹੋਰ ਚੋਰ ਵੀ ਬੇਖੌਫ਼ ਹੋ ਕੇ ਅਜਿਹੀਆਂ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ। ਜਿਸ ਕਰਕੇ ਇਲਾਕੇ ਦੇ ਲੋਕਾਂ 'ਚ ਡਰ ਤੇ ਸਹਿਮ ਦਾ ਮਾਹੌਲ ਹੈ। ਇਸੇ ਤਰ੍ਹਾਂ ਦੀ ਇਕ ਵਾਰਦਾਤ ਬੀਤੇ ਸ਼ਾਮ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਬਾਹਰ ਹੋਈ। ਗੁਰਦੁਆਰਾ ਸ੍ਰੀ ਬੇਰ ਬਾਹਰੋਂ ਮੋਟਰਸਾਈਕਲ ਚੋਰੀ ਹੋ ਗਿਆ। ਚੋਰੀ ਕਰਨ ਵਾਲੇ ਦੋ ਨੌਜਵਾਨਾਂ ਦੀਆਂ ਫੋਟੋਆਂ ਗੁਰਦੁਆਰਾ ਸਾਹਿਬ ਦੇ ਸੀ ਸੀ ਟੀ ਵੀ ਕੈਮਰੇ 'ਚ ਵੀ ਕੈਦ ਹਨ, ਜਿਸ ਸੰਬੰਧ ਵਿਚ ਗੁਰਦੁਆਰਾ ਸਾਹਿਬ ਦੇ ਮੈਨੇਜਰ ਭਾਈ ਜਰਨੈਲ ਸਿੰਘ ਬੂਲੇ ਨੇ ਵੀ ਆਪਣੇ ਤੌਰ 'ਤੇ ਇਸ ਦੀ ਪੜਤਾਲ ਸ਼ੁਰੂ ਕੀਤੀ ਹੈ। ਇਸ ਵਿੱਚ ਸਾਹਮਣੇ ਆਇਆ ਹੈ ਕਿ ਦਰਸ਼ਨੀ ਡਿਉੜੀ ਦੇ ਨੇੜੇ ਚੋਰ ਪਹਿਲਾਂ ਜੋੜਾ ਘਰ ਦੇ ਸਾਹਮਣੇ ਸੀਟ ਤੇ ਕਾਫੀ ਦੇਰ ਤੱਕ ਬੈਠ ਕੇ ਗੱਲਬਾਤ ਕਰਦੇ ਰਹੇ ਉਪਰੰਤ ਆਪਣੇ ਵੱਲੋਂ ਖੜਾ ਕੀਤਾ ਮੋਟਰਸਾਈਕਲ ਤੇ ਬੈਠ ਗਏ ਅਤੇ ਨੇੜੇ ਖੜ੍ਹੇ ਸਪਲੈਂਡਰ ਮੋਟਰਸਾਈਕਲ ਪੀਬੀ 08 ਈਬੀ 2501 ਨੂੰ ਬੜੇ ਆਰਾਮ ਨਾਲ ਲੈ ਕੇ ਫ਼ਰਾਰ ਹੋ ਜਾਂਦੇ ਹਨ। ਚੋਰੀ ਦੀ ਘਟਨਾ ਤੋਂ ਪਹਿਲਾਂ ਚੋਰ ਬੇਖੌਫ ਹੋ ਕੇ ਘੁੰਮਦੇ ਰਹੇ ਤੇ ਉਹਨਾਂ ਦੇ ਚਿਹਰਿਆਂ ਤੇ ਕੋਈ ਪ੍ਰੇਸ਼ਾਨੀ ਨਜਰ ਨਹੀਂ ਸੀ ਆ ਰਹੀ।

ਇਲਾਕੇ 'ਚ ਹੋ ਰਹੀਆਂ ਦਿਨ ਬ ਦਿਨ ਚੋਰੀ ਦੀਆਂ ਵਾਰਦਾਤਾਂ ਕਾਰਨ ਆਮ ਲੋਕਾਂ ਵਿਚ ਡਰ ਤੇ ਸਹਿਮ ਦਾ ਮਾਹੌਲ ਪਾਇਆ ਜਾ ਰਿਹਾ ਹੈ ਕੁਝ ਲੋਕ ਖੁਦ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਬੀਤੇ ਕੱਲ੍ਹ ਵੀ ਪੁਲਸ ਦੀ ਨਾਕਾਮੀ ਕਾਰਨ ਸਕਾਰਪੀਓ ਗੱਡੀ ਸਵਾਰ ਅਣਪਛਾਤੇ ਵਿਅਕਤੀ ਪੁਲਸ ਨੂੰ ਚਕਮਾ ਦੇ ਕੇ ਫਰਾਰ ਹੋਣ 'ਚ ਸਫਲ ਹੋ ਗਏ ਜਿਸ ਨਾਲ ਵੀ ਪੁਲਸ ਦੀ ਛਵੀ ਲੋਕਾਂ 'ਚ ਖਰਾਬ ਹੋਈ। ਪਾਵਨ ਨਗਰੀ ਸੁਲਤਾਨਪੁਰ ਲੋਧੀ ਵਿਚ ਪੁਲਸ ਦੀ ਮਾੜੀ ਕਾਰਗੁਜ਼ਾਰੀ ਕਾਰਨ ਅਪਰਾਧ ਦੀਆਂ ਘਟਨਾਵਾਂ ਵਿੱਚ ਦਿਨ ਬ ਦਿਨ ਵਾਧਾ ਹੋ ਰਿਹਾ ਹੈ।

# ਆਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਕਰਵਾਇਆ ਦੁਬਈ ਸੰਮੇਲਨ ਸਫਲ ਰਿਹਾ



**ਸੁਲਤਾਨਪੁਰ ਲੋਧੀ, (ਹਨੀ)** ਆਪਣਾ ਪੰਜਾਬ ਫਾਊਂਡੇਸ਼ਨ ਜੋ ਕਿ ਸਿਹਤ, ਸਿੱਖਿਆ ਅਤੇ ਵਾਤਾਵਰਣ ਦੀ ਸੰਭਾਲ ਲਈ ਕੰਮ ਕਰ ਰਹੀ ਹੈ, ਵੱਲੋਂ ਫਾਊਂਡੇਸ਼ਨ ਦੇ ਫਾਊਂਡਰ ਡਾ. ਜਗਜੀਤ ਸਿੰਘ ਧੂਰੀ ਦੀ ਸਰਪ੍ਰਸਤੀ ਹੇਠ ਕਰਵਾਇਆ ਸੰਮੇਲਨ ਸਫਲ ਰਿਹਾ। ਜਿਸ 'ਚ ਭਾਰਤ ਤੋਂ ਇਲਾਵਾ ਕੈਨੇਡਾ, ਆਸਟਰੇਲੀਆ, ਯੂ.ਐਸ.ਏ., ਡੁਬਈ ਅਤੇ ਹੋਰ ਵੱਖ ਵੱਖ ਦੇਸ਼ਾਂ ਤੋਂ ਡੈਲੀਗੇਟ ਸ਼ਾਮਲ ਹੋਏ। ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ ਇਸ ਸੰਮੇਲਨ 'ਚ ਸਹਿਯੋਗੀ ਰਹੀ। ਇਹ ਸੰਮੇਲਨ 21ਵੀਂ ਸਦੀ 'ਚ ਦਿੱਤੀ ਜਾਣ ਵਾਲੀ ਸਿੱਖਿਆ ਦੇ ਵਿਸ਼ੇ ਨੂੰ ਲੈ ਕੇ ਵੱਖ ਵੱਖ ਸਪੀਕਰਾਂ ਨੇ ਸੰਬੋਧਨ ਕੀਤਾ। ਇਸ ਮੌਕੇ ਸ਼ੇਖ ਸੁਲਤਾਨ ਬਿਨ ਨਾਸਿਰ ਬਿਨ ਹੁਮੈਦ ਰਾਸ਼ੀਦ ਅਲਨੁਆਮੀ, ਇਨਵੈਸਟਮੈਂਟ, ਐਲ ਐਲ ਸੀ ਡੁਬਈ, ਜਤਿੰਦਰ ਵੈਦਿਯਾ, ਪ੍ਰਧਾਨ, ਇੰਡੀਅਨ ਪਿਊਪਲਜ਼ ਫੋਰਮ, ਯੂ.ਏ.ਈ., ਸੁਰਿੰਦਰ ਸਿੰਘ ਕੰਧਾਰੀ, ਚੇਅਰਮੈਨ, ਗੁਰੂ ਨਾਨਕ ਦਰਬਾਰ, ਗੁਰਦੁਆਰਾ ਅਤੇ ਚੇਅਰਮੈਨ ਐਲਡੋਬੋਵੀ ਗਰੁੱਪ ਵਿਸ਼ੇਸ਼ ਮਹਿਮਾਨ ਵੱਜੋਂ ਸ਼ਾਮਲ ਹੋਏ। ਡਾ. ਜਗਜੀਤ ਸਿੰਘ ਧੂਰੀ ਨੇ ਇਸ ਸੰਮੇਲਨ ਦੇ ਕੀ ਨੋਟਸ ਦੇ ਸਪੀਕਰ ਵਜੋਂ ਰੋਲ ਨਿਭਾਇਆ ਅਤੇ ਉਹਨਾਂ ਵੱਲੋਂ ਇੱਕ ਭਵਿੱਖ ਲਈ ਐਜੂਕੇਸ਼ਨਲ ਰੋਡ ਮੈਪ ਦਾ ਜ਼ਿਕਰ ਕੀਤਾ ਗਿਆ, ਜਿਸ ਵਿੱਚ ਸੰਸਥਾਵਾਂ ਨੂੰ ਆਊਟ ਕਮ ਬੇਸਿਸ ਐਜੂਕੇਸ਼ਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਐਨ.ਆਈ.ਡੀ. ਫਾਊਂਡੇਸ਼ਨ ਦੇ ਚੀਫ ਪੈਟਰਨ ਸਤਨਾਮ ਸਿੰਘ ਸੰਧੂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਅਤੇ ਐਨ.ਆਈ.ਡੀ. ਫਾਊਂਡੇਸ਼ਨ ਵੱਲੋਂ 29 ਐਡੂਪਨਿਓਰਜ਼ ਨੂੰ ਉਹਨਾਂ ਦੇ ਸਿੱਖਿਆ ਜਗਤ ਵਿੱਚ ਨਿਭਾਈਆਂ ਜਾ ਰਹੀਆਂ ਸੇਵਾਵਾਂ ਬਦਲੇ ਗਲੋਬਲ ਪ੍ਰੈਸਟੀਜ਼ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਅਤੇ 53 ਐਡੂਪਨਿਓਰਜ਼ ਅਤੇ ਐਜੂਕੇਟਰਸ ਨੂੰ ਸਿੱਖਿਆ ਸੰਮੇਲਨ ਵਿੱਚ ਉਚੇਚੇ ਤੌਰ 'ਤੇ ਭਾਗ ਲੈਂਦੇ ਹੋਏ ਸੰਮੇਲਨ ਵਿੱਚ ਆਪਣਾ ਯੋਗਦਾਨ ਪਾਉਣ ਬਦਲੇ ਐਵਾਰਡ ਆਫ ਆਨਰ ਨਾਲ ਸਨਮਾਨਿਤ ਕੀਤਾ ਗਿਆ । ਫਾਊਂਡੇਸ਼ਨ ਦੇ ਡਾਇਰੈਕਟਰਜ਼ ਨੂੰ ਇਸ ਸੰਮੇਲਨ ਨੂੰ ਕਰਵਾਉਣ ਵਿੱਚ ਸਹਾਇਤਾ ਵਜੋਂ 6 ਗ੍ਰੈਟੀਫਿਕੇਸ਼ਨ ਐਵਾਰਡ ਦਿੱਤੇ ਗਏ। ਇਸ ਦੌਰਾਨ ਅਕਾਲ ਗਰੁੱਪ ਆਫ ਇੰਸਟੀਚਿਊਟ ਦੇ ਡਾਇਰੈਕਟਰ ਸੁਖਦੇਵ ਸਿੰਘ ਜੱਜ ਨੂੰ ਉਨ੍ਹਾਂ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਸੇਵਾਵਾਂ ਲਈ ਗਲੋਬਲ ਪ੍ਰੈਸਟੀਜ਼ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਸਿੱਖਿਆ ਸੰਮੇਲਨ ਦੌਰਾਨ ਤਿਆਰ ਕੀਤੇ ਗਏ ਐਜੂਕੇਸ਼ਨਲ ਰੋਡ ਮੈਪ ਨੂੰ ਪੰਜਾਬ ਦੀਆਂ ਸੰਸਥਾਵਾਂ 'ਚ ਲਾਗੂ ਕੀਤਾ ਜਾਵੇਗਾ। ਅਕਾਲ ਗਰੁੱਪ ਆਫ ਇੰਸਟੀਚਿਊਟ ਸੁਲਤਾਨਪੁਰ ਲੋਧੀ ਨੂੰ ਇਹ ਐਵਾਰਡ ਮਿਲਣ 'ਤੇ ਪ੍ਰਿੰਸੀਪਲ ਮੋਨਾ ਘਈ, ਪ੍ਰਿੰਸੀਪਲ ਗਗਨਦੀਪ ਕੌਰ, ਪ੍ਰਿੰਸੀਪਲ ਅਮਨਪ੍ਰੀਤ ਕੌਰ, ਪ੍ਰਿੰਸੀਪਲ ਮਧੂ ਸ਼ਰਮਾ ਸਮੇਤ ਸਮੁੱਚੇ ਸਟਾਫ਼ ਮੈਂਬਰਾਂ ਵੱਲੋਂ ਖੁਸ਼ੀ ਪ੍ਰਗਟਾਈ ਜਾ ਰਹੀ ਹੈ ।

## ਪਾੜ੍ਹਿਆਂ ਨੇ 'ਪਲਾਸਟਿਕ ਨੂੰ ਨਾਹ' ਦਾ ਦਿੱਤਾ ਨਾਅਰਾ



**ਜਲੰਧਰ (ਇਕਬਾਲ ਸਿੰਘ)** 'ਸਵੱਛ ਭਾਰਤ ਮਿਸ਼ਨ-ਅਰਬਨ 2' ਦੇ ਤਹਿਤ ਸ਼ੁਰੂ ਕੀਤੀ ਗਈ ਮੁਹਿੰਮ 'ਮੇਰੀ ਲਾਈਫ, ਮੇਰਾ ਸਵੱਛ ਸ਼ਹਿਰ' ਦੇ ਮੱਦੇਨਜ਼ਰ ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਵਿਖੇ ਆਰਆਰਆਰ (ਰਿਡਿਊਸ, ਰੀਯੂਜ਼, ਰੀ-ਸਾਈਕਲ) ਸੈਂਟਰ ਖੋਲ੍ਹਿਆ ਗਿਆ। ਸਕੂਲ ਡਾਇਰੈਕਟਰ ਸ਼੍ਰੀਮਤੀ ਉਰਮਿਲ ਸੂਦ ਨੇ ਦੱਸਿਆ ਕਿ ਇਹ ਮੁਹਿੰਮ 20 ਜੂਨ ਤੋਂ ਸ਼ੁਰੂ ਹੋ ਕੇ 5 ਜੁਲਾਈ ਤਕ ਚੱਲੇਗੀ। ਹੁਣ ਤਕ ਦੇਸ਼ ਭਰ 'ਚ ਲਗਭਗ 13,000 ਆਰ ਆਰ ਆਰ ਸੈਂਟਰ ਖੋਲੇ ਜਾ ਚੁੱਕੇ ਹਨ ਤੇ 17 ਲੱਖ ਤੋਂ ਵੱਧ ਲੋਕਾਂ ਨੇ ਸਵੈ-ਇੱਛਾ ਨਾਲ ਆਪਣੀਆਂ ਅਣਵਰਤੀਆਂ ਚੀਜ਼ਾਂ ਜਿਵੇਂ ਪੁਰਾਣੀਆਂ ਕਿਤਾਬਾਂ, ਖਿਡੌਣੇ, ਕੱਪੜੇ, ਬੋਤਲਾਂ, ਟਿਫਨ, ਘਰੇਲੂ ਬਰਤਨ ਅਤੇ ਅਜਿਹਾ ਹੋਰ ਬਹੁਤ ਸਾਰਾ ਸਾਮਾਨ ਜਿਸ ਨੂੰ ਮੁੜ ਵਰਤਿਆ ਜਾਂ ਰੀ-ਸਾਈਕਲ ਕੀਤਾ ਜਾ ਸਕੇ ਦਾਨ ਕਰ ਚੁੱਕੇ ਹਨ। ਇਸ ਇਕੱਠੇ ਕੀਤੇ ਸਾਮਾਨ ਨੂੰ ਲੋੜਵੰਦਾਂ ਤਕ ਪਹੁੰਚਾਇਆ ਜਾਵੇਗਾ। ਇਸ ਮੌਕੇ ਡਾਇਰੈਕਟਰ ਸ਼੍ਰੀਮਤੀ ਸੂਦ ਨੇ ਦੱਸਿਆ ਕਿ ਮੁਹਿੰਮ ਦਾ ਉਦੇਸ਼ ਵਾਤਾਵਰਨ ਨੂੰ ਕੂੜੇ ਖਾਸ ਕਰ ਕੇ ਪਲਾਸਟਿਕ ਦੇ ਦੁਸ਼ਪ੍ਰਭਾਵਾਂ ਤੋਂ ਬਚਾਉਣਾ ਹੈ। ਵਿਦਿਆਰਥੀਆਂ ਨੇ 'ਪਲਾਸਟਿਕ ਨੂੰ ਨਾਹ' ਦੇ ਨਾਲ-ਨਾਲ ਵਾਤਾਵਰਨ ਸੁਰੱਖਿਆ ਦਾ ਸੰਦੇਸ਼ ਦਿੰਦੇ ਹੋਏ ਆਪਣਾ ਬਹੁਤ ਸਾਰਾ ਸਾਮਾਨ ਸਵੈ-ਇੱਛਾ ਨਾਲ ਸੈਂਟਰ 'ਚ ਜਮ੍ਹਾਂ ਕਰਵਾਇਆ। ਡਾਇਰੈਕਟਰ ਸ਼੍ਰੀਮਤੀ ਸੂਦ ਨੇ ਦੱਸਿਆ ਕਿ ਆਰ ਆਰ ਆਰ ਸੈਂਟਰ 'ਚ ਕੋਈ ਵਿਅਕਤੀ ਕੋਈ ਵੀ ਸਾਮਾਨ ਜਿਸ ਨੂੰ ਵਰਤਿਆ ਜਾ ਸਕੇ ਜਾਂ ਰੀ-ਸਾਈਕਲ ਕੀਤਾ ਜਾ ਸਕੇ 5 ਜੁਲਾਈ ਤਕ ਜਮ੍ਹਾਂ ਕਰਵਾ ਸਕਦਾ ਹੈ। ਉਨ੍ਹਾਂ ਸਮੂਹ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਸਾਮਾਨ ਜਮ੍ਹਾਂ ਕਰਵਾਉਣ ਤੇ ਵਾਤਾਵਰਨ ਦੀ ਸੰਭਾਲ 'ਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।